ਸੋਮਵਾਰ, 19 ਜਨਵਰੀ, 2026

6 ਮਾਘ { ਨਾਨਕਸ਼ਾਹੀ 557 / ਬਿਕਰਮੀ 2082

ਜਿਲਦ/VOL. : 74

ਅੰਕ/NO. : 230

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • MONDAY, 19 JANUARY, 2026

ਜਲੰਧਰ

‘ਨਵਾਂ ਜ਼ਮਾਨਾ’ ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ  Regd. No : L-4/Pb-JL-0023/2024-26, (R.N.I.)-00068/57  E-mail : nawanzamana@gmail.com  www.nawanzamana.in  ਸਫ਼ੇ : 12


# ਗ੍ਰੀਨਲੈਂਡੀਏ ਟਰੰਪ ਖਿਲਾਫ ਸੜਕਾਂ ’ਤੇ ਉੱਤਰੇ





**ਨੁਉਕ** : ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਗ੍ਰੀਨਲੈਂਡ ਉੱਤੇ ਕਬਜ਼ਾ ਕਰਨ ਲਈ ਕੀਤੀ ਜਾ ਰਹੀ ਬਿਆਨਬਾਜ਼ੀ ਦਰਮਿਆਨ ਉੱਥੋਂ ਦੇ ਹਜ਼ਾਰਾਂ ਲੋਕਾਂ ਨੇ ਸਨਿੱਚਰਵਾਰ ਮੁਜ਼ਾਹਰਾ ਕਰਕੇ ਨਾਅਰੇ ਲਾਏ ਕਿ ਗ੍ਰੀਨਲੈਂਡ ਵਿਕਾਊ ਨਹੀਂ ਹੈ। ਮੁਜ਼ਾਹਰਾਕਾਰੀ ਬਰਫੀਲੀਆਂ ਸੜਕਾਂ ’ਤੇ ਤੁਰ ਕੇ ਗ੍ਰੀਨਲੈਂਡ ਦੀ ਰਾਜਧਾਨੀ ਨੁਉਕ ਵਿੱਚ ਅਮਰੀਕੀ ਕੌਂਸਲਖਾਨੇ ਤੱਕ ਪੁੱਜੇ। ਹੁਣ ਤੱਕ ਦੇ ਸਭ ਤੋਂ ਵੱਡੇ ਮੁਜ਼ਾਹਰੇ ਵਿੱਚ ਗ੍ਰੀਨਲੈਂਡ ਦੀ ਇੱਕ-ਚੁਥਾਈ ਆਬਾਦੀ ਨੇ ਹਿੱਸਾ ਲਿਆ।

ਇਸੇ ਦੌਰਾਨ ਟਰੰਪ ਨੇ ਕਿਹਾ ਹੈ ਕਿ ਗ੍ਰੀਨਲੈਂਡ ’ਤੇ ਉਸ ਦੇ ਕਬਜ਼ੇ ਦਾ ਵਿਰੋਧ ਕਰ ਰਹੇ 8 ਯੂਰਪੀ ਦੇਸ਼ਾਂ ’ਤੇ ਪਹਿਲੀ ਫਰਵਰੀ ਤੋਂ 10 ਫੀਸਦੀ ਹੋਰ ਟੈਰਿਫ ਲੱਗੇਗਾ। ਇਸ ਨਾਲ ਵੀ ਗ੍ਰੀਨਲੈਂਡ ਦੇ ਲੋਕਾਂ ਵਿੱਚ ਟਰੰਪ ਖਿਲਾਫ ਗੁੱਸਾ ਵਧਿਆ ਹੈ। ਟਰੰਪ ਨੇ ਜਿਨ੍ਹਾਂ ਯੂਰਪੀ ਦੇਸ਼ਾਂ ’ਤੇ ਟੈਰਿਫ ਵਧਾਉਣ ਦੀ ਗੱਲ ਕਹੀ ਹੈ, ਉਨ੍ਹਾਂ ਵਿੱਚ ਡੈਨਮਾਰਕ, ਨਾਰਵੇ, ਸਵੀਡਨ, ਫਰਾਂਸ, ਜਰਮਨੀ, ਬਰਤਾਨੀਆ, ਹਾਲੈਂਡ ਤੇ ਫਿਨਲੈਂਡ ਸ਼ਾਮਲ ਹਨ।

ਦੂਜੇ ਪਾਸੇ ਯੂਰਪੀ ਯੂਨੀਅਨ ਦੀ ਸੰਸਦ ਅਮਰੀਕਾ ਨਾਲ ਹੋਏ ਵਪਾਰ ਸਮਝੌਤੇ ਦੀ ਮਨਜ਼ੂਰੀ ਰੋਕਣ ਦੀ ਤਿਆਰੀ ਵਿੱਚ ਹੈ। ਯੂਰਪੀਅਨ ਪੀਪਲਜ਼ ਪਾਰਟੀ ਦੇ ਪ੍ਰਧਾਨ ਮੈਨਫਰੈੱਡ ਵੇਬਰ ਨੇ ਕਿਹਾ ਕਿ ਟਰੰਪ ਦੀਆਂ ਗ੍ਰੀਨਲੈਂਡ ਬਾਰੇ ਧਮਕੀਆਂ ਕਾਰਨ ਸਮਝੌਤੇ ਨੂੰ ਮਨਜ਼ੂਰੀ ਦੇਣਾ ਸੰਭਵ ਨਹੀਂ। ਇਸੇ ਦੌਰਾਨ ਯੂਰਪੀ ਦੇਸ਼ ਗ੍ਰੀਨਲੈਂਡ ਦੀ ਹਮਾਇਤ ਵਿੱਚ ਉੱਥੇ ਫੌਜੀ ਭੇਜ ਰਹੇ ਹਨ। ਯੂਰਪੀ ਯੂਨੀਅਨ ਦੀ ਵਿਦੇਸ਼ ਨੀਤੀ ਦੀ ਮੁਖੀ ਕਾਜ਼ਾ ਕਲਾਸ ਨੇ ਕਿਹਾ ਕਿ ਟਰੰਪ ਦੀਆਂ ਧਮਕੀਆਂ ਦਾ ਚੀਨ ਤੇ ਰੂਸ ਨੂੰ ਫਾਇਦਾ ਹੋਵੇਗਾ, ਕਿਉਂਕਿ ਧਮਕੀਆਂ ਅਮਰੀਕਾ ਤੇ ਉਸ ਦੇ ਸਹਿਯੋਗੀਆਂ ਵਿਚਾਲੇ ਪਾਟਕ ਪਾਉਣਗੀਆਂ। ਉਨ੍ਹਾ ਕਿਹਾ ਕਿ ਜੇ ਗ੍ਰੀਨਲੈਂਡ ਦੀ ਸੁਰੱਖਿਆ ਨੂੰ ਖਤਰਾ ਹੈ ਤਾਂ ਨਾਟੋ ਮੈਂਬਰ ਆਪਸ ਵਿੱਚ ਸੁਲਝਾ ਸਕਦੇ ਹਨ। ਟੈਰਿਫ ਯੂਰਪ ਤੇ ਅਮਰੀਕਾ ਦੋਵਾਂ ਨੂੰ ਗਰੀਬ ਬਣਾਉਣਗੇ।

# ਕੈਨੇਡਾ ਦਾ ਚੀਨ ਨਾਲ ਵਧੀਆ ਵਪਾਰਕ ਸੌਦਾ



**ਵੈਨਕੂਵਰ** : ਵਪਾਰਕ ਸਮਝੌਤਿਆਂ ’ਤੇ ਨਿਕਲੇ ਕੈਨੇਡਾ ਦੇ ਪ੍ਰਧਾਨ ਮੰਤਰੀ ਮਾਰਕ ਕਾਰਨੀ ਨੂੰ ਚੀਨ ਤੋਂ ਵੱਡਾ ਹੁੰਗਾਰਾ ਮਿਲਿਆ ਹੈ। ਚੀਨ ਦੇ ਰਾਸ਼ਟਰਪਤੀ ਸ਼ੀ ਜਿੰਨਪਿੰਗ ਨਾਲ ਖੁੱਲ੍ਹੀ ਮੁਲਕਾਤ ਮੌਕੇ ਦੋਹਾਂ ਦੇਸ਼ਾਂ ਦੇ ਮੁਖੀਆਂ ਨੇ ਵਪਾਰਕ ਸਮਝੌਤਾ ਸਹੀਬੰਦ ਕੀਤਾ ਹੈ, ਜਿਸ ਤਹਿਤ ਕੈਨੇਡਾ ਨੇ ਚੀਨ ਤੋਂ ਆਉਂਦੀਆਂ ਬਿਜਲਈ ਕਾਰਾਂ ਉੱਤੇ ਟੈਰਿਫ 100 ਫੀਸਦ ਤੋਂ ਘਟਾ ਕੇ 6 ਫੀਸਦ ਕਰ ਦਿੱਤਾ ਹੈ।

ਚੀਨ ਨੇ ਕੈਨੇਡਾ ਤੋਂ ਦਰਾਮਦ ਵਸਤਾ ਉੱਤੇ ਟੈਰਿਫ 84 ਫੀਸਦ ਤੋਂ ਘਟਾ ਕੇ 15 ਫੀਸਦ ਕਰ ਦਿੱਤਾ ਹੈ। ਕੈਨੇਡਾ ਇਸ ਸਾਲ ਚੀਨ ਤੋਂ 49900 ਕਾਰਾਂ ਦਰਾਮਦ ਕਰੇਗਾ ਤੇ ਅਗਲੇ ਸਾਲਾਂ ਦੌਰਾਨ ਅੰਕੜਾ 70 ਹਜ਼ਾਰ ਸਾਲਾਨਾ ਤੱਕ ਪਹੁੰਚ ਜਾਏਗਾ। ਟੈਰਿਫ ਛੋਟ ਕਾਰਣ ਚੀਨ ਤੋਂ ਆ ਕੇ ਕੈਨੇਡਾ ਵਿੱਚ 60-62 ਹਜ਼ਾਰ ਡਾਲਰ ਵਿੱਚ ਵਿਕਣ ਵਾਲੀ ਬਿਜਲਈ ਕਾਰ ਹੁਣ 35-36 ਹਜ਼ਾਰ ਡਾਲਰ ਵਿੱਚ ਮਿਲ ਸਕੇਗੀ। ਇਸੇ ਤਰ੍ਹਾਂ ਕੈਨੇਡਾ ਤੋਂ ਕਲੋਨਾ ਤੇਲ, ਉੱਚ ਮਿਆਰੀ ਲੱਕੜ, ਸਮੁੰਦਰੀ ਖਾਦ ਪਦਾਰਥ ਤੇ ਕੈਨੇਡਾ ਦੇ ਕਈ ਹੋਰ ਉਤਪਾਦ ਹੁਣ ਚੀਨ ਨੂੰ ਭੇਜੇ ਜਾਣਗੇ। ਇੱਥੋਂ ਦੇ ਅਰਥ ਸ਼ਾਸਤਰੀਆਂ ਦਾ ਮੰਨਣਾ ਹੈ ਕਿ ਚੀਨ ਨਾਲ ਹੋਏ ਸਮਝੌਤੇ ਨੇ ਕੈਨੇਡਾ ਲਈ ਬਰਾਮਦ ਦੇ ਦਰ ਖੋਲ੍ਹ ਦਿੱਤੇ ਹਨ। ਇਸ ਸਮਝੌਤੇ ਤੋਂ ਖੁਸ਼ ਪ੍ਰਧਾਨ ਮੰਤਰੀ ਮਾਰਕ ਕਾਰਨੀ ਨੇ ਕਈ ਹੋਰ ਦੇਸ਼ਾਂ ਦੀ ਯਾਤਰਾ ਦਾ ਪ੍ਰੋਗਰਾਮ ਉਲੀਕ ਲਿਆ ਹੈ। ਚੀਨ ਦੇ ਰਾਸ਼ਟਰਪਤੀ ਨੇ ਐਲਾਨ ਕੀਤਾ ਹੈ ਕਿ ਕੈਨੇਡੀਆਈ ਲੋਕਾਂ ਨੂੰ ਚੀਨ ਆਉਣ ਲਈ ਹੁਣ ਵੀਜ਼ੇ ਦੀ ਲੋੜ ਨਹੀਂ ਹੋਏਗੀ।

ਅਮਰੀਕਾ ਦੇ ਦਬਾਅ ਹੇਠ ਕੈਨੇਡਾ ਵੱਲੋਂ ਚੀਨ ਦੀਆਂ ਦਰਾਮਦੀ ਵਸਤਾਂ ’ਤੇ 84 ਫੀਸਦ ਟੈਰਿਫ ਲਾਉਣ ਨਾਲ ਕੈਨੇਡਾ-ਚੀਨ ਵਪਾਰ ਇੱਕ ਤਰ੍ਹਾਂ ਬੰਦ ਸੀ, ਜਿਸ ਕਾਰਨ ਕੈਨੇਡੀਆਈ ਆਰਥਿਕਤਾ ਡਾਵਾਂਡੋਲ ਹੋ ਗਈ ਸੀ। ਸਮਝੌਤੇ ਨੇ ਕੈਨੇਡਾ ਦੇ ਉਤਪਾਦਕਾਂ ਦੇ ਚਿਹਰੇ ਖਿੜਾ ਦਿੱਤੇ ਹਨ। ਇਨ੍ਹਾਂ ਸਮਝੌਤਿਆਂ ਨਾਲ ਕੈਨੇਡਾ ਨੂੰ ਅਮਰੀਕਾ ਦੇ ਮੂੰਹ ਵੱਲ ਨਹੀਂ ਤੱਕਣਾ ਪਏਗਾ। ਸੰਭਵ ਹੈ ਕਿ ਸਮਝੌਤੇ ਤੋਂ ਚਿੜ੍ਹ ਕੇ ਅਮਰੀਕੀ ਰਾਸ਼ਟਰਪਤੀ ਕੈਨੇਡੀਆਈ ਵਸਤਾਂ ’ਤੇ ਟੈਰਿਫ ਹੋਰ ਵਧਾ ਦੇਣ।

ਦੂਜੇ ਪਾਸੇ, ਕੈਨੇਡਾ ਦੇ ਬਿਜਲਈ ਕਾਰ ਉਤਪਾਦਨ ਨੂੰ ਥੋੜ੍ਹਾ ਝਟਕਾ ਲੱਗੇਗਾ, ਘਰੇਲੂ ਉਤਪਾਦਨ ਕੁਝ ਘਟੇਗਾ ਤੇ ਉਨ੍ਹਾਂ ਲਈ ਕੀਮਤ ਮੁਕਾਬਲਾ ਵੀ ਖੜ੍ਹਾ ਹੋ ਜਾਏਗਾ, ਪਰ ਖਪਤਕਾਰ ਮਾਮਲਿਆਂ ਦੇ ਮਾਹਰ ਇਸ ਖਦਸ਼ੇ ਨੂੰ ਸਿਰੇ ਤੋਂ ਨਕਾਰਦੇ ਹਨ।

ਉਨ੍ਹਾਂ ਦਾ ਮੰਨਣਾ ਹੈ ਕਿ ਮੁਕਾਬਲੇਬਾਜ਼ੀ ਵਿੱਚ ਬਿਜਲਈ ਕਾਰਾਂ ਦੀ ਚੀਨ ਤੋਂ ਆਉਣ ਵਾਲੀਆਂ ਅੱਧਾ ਲੱਖ ਕਾਰਾਂ ਤੋਂ ਮੰਗ ਕਿਤੇ ਜ਼ਿਆਦਾ ਵਧੇਗੀ। ਪ੍ਰਧਾਨ ਮੰਤਰੀ ਦਫਤਰ ਦੇ ਸੂਤਰਾਂ ਅਨੁਸਾਰ ਚੀਨ ਨਾਲ ਚੰਗੇ ਸੰਬੰਧ ਕੈਨੇਡਾ ਦੀ ਆਰਥਿਕਤਾ ’ਚ ਵੱਡਾ ਯੋਗਦਾਨ ਪਾਉਣਗੇ।

# ਡਰਾਉਣ-ਧਮਕਾਉਣ ਦਾ ਯੁੱਗ ਖਤਮ : ਮਾਨ



**ਮਜੀਠਾ** : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਤਵਾਰ ਇੱਥੇ ਮਜੀਠਾ ਵਿਖੇ ਸੂਬਾ ਪੱਧਰੀ ਸਮਾਗਮ ਦੌਰਾਨ 23 ਪੇਂਡੂ ਲਿੰਕ ਸੜਕਾਂ ਦਾ ਨੀਂਹ ਪੱਥਰ ਰੱਖਦਿਆਂ ਐਲਾਨ ਕੀਤਾ ਕਿ ਪੰਜਾਬ ਵਿੱਚ ਖੌਫ਼ ਦਾ ਦੌਰ ‘ਪਰਚੀ ਦਾ ਦੌਰ’ (ਜਬਰੀ ਵਸੂਲੀ) ਅਤੇ ਅਕਾਲੀਆਂ ਦੀ ਧੱਕੇਸ਼ਾਹੀ ਦਾ ਦੌਰ ਖਤਮ ਹੋ ਗਿਆ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਦੇ ਲੋਕਾਂ ਨੇ ਡਰਾਉਣ-ਧਮਕਾਉਣ ਵਾਲੀ ਸਿਆਸਤ ਨੂੰ ਪੂਰੀ ਤਰ੍ਹਾਂ ਨਾਕਾਰ ਦਿੱਤਾ ਹੈ ਅਤੇ ਵਿਕਾਸ, ਜਵਾਬਦੇਹੀ ਤੇ ਲੋਕ ਭਲਾਈ ’ਤੇ ਕੇਂਦਰਤ ਮਾਡਲ ਨੂੰ ਅਪਣਾਇਆ ਹੈ।

ਮੁੱਖ ਮੰਤਰੀ ਨੇ ਚੇਤਾਵਨੀ ਦਿੱਤੀ ਕਿ ਅਕਾਲੀਆਂ ਦੀ ਸੱਤਾ ਵਿੱਚ ਵਾਪਸੀ ਦਾ ਭਾਵ ਬੇਅਦਬੀਆਂ ਅਤੇ ਨਿਰਦੋਸ਼ ਲੋਕਾਂ ’ਤੇ ਗੋਲੀਬਾਰੀ ਵੱਲ ਵਾਪਸੀ ਹੋਵੇਗਾ। ਉਨ੍ਹਾ ਜ਼ੋਰ ਦੇ ਕੇ ਕਿਹਾ ਕਿ ਧਾਰਮਿਕ ਸੰਸਥਾਵਾਂ ਨੂੰ ਗੁਰੂ ਸਾਹਿਬ ਦੀ ਸੇਵਾ ਕਰਨੀ ਚਾਹੀਦੀ ਹੈ, ਨਾ ਕਿ ਕਿਸੇ ਸਿਆਸੀ ਪਰਵਾਰਾਂ ਦਾ ਪੱਖ ਪੂਰਨਾ ਚਾਹੀਦਾ ਹੈ।ਉਹਨਾ ਕਿਹਾ ਕਿ ਮੁਫ਼ਤ ਬਿਜਲੀ, ਸੜਕਾਂ ਦਾ ਨਵੀਨੀਕਰਨ ਅਤੇ ਲੋਕ ਪੱਖੀ ਪ੍ਰਸ਼ਾਸਨ ਨੇ ਸੌੜੀ ਰਾਜਨੀਤੀ ਦੀ ਥਾਂ ਲੈ ਲਈ ਹੈ, ਜਿਸ ਨਾਲ ਮਜੀਠਾ ਵਿੱਚ 11.32 ਕਰੋੜ ਰੁਪਏ ਦੀ ਲਾਗਤ ਵਾਲੇ ਪ੍ਰੋਜੈਕਟਾਂ ਨਾਲ ਵਿਕਾਸ ਦੇ ਇੱਕ ਨਵੇਂ ਅਧਿਆਇ ਦੀ ਸ਼ੁਰੂਆਤ ਹੋਈ ਹੈ।

ਮਜੀਠਾ ਵਿੱਚ 23 ਨਵੀਆਂ ਪੇਂਡੂ ਲਿੰਕ ਸੜਕਾਂ ਦਾ ਨੀਂਹ ਪੱਥਰ ਰੱਖਣ ਉਪਰੰਤ ਇਕੱਠ ਨੂੰ ਸੰਬੋਧਨ ਕਰਦਿਆਂ ਮਾਨ ਨੇ ਕਿਹਾ—ਪਹਿਲਾਂ ਇਹ ਇਲਾਕਾ ਲਗਾਤਾਰ ਡਰ ਹੇਠ ਰਹਿੰਦਾ ਸੀ। ਇਸ ਖੇਤਰ ਦੇ ਖੁਦ ਨੂੰ ‘ਜਰਨੈਲ’ ਦੱਸਣ ਵਾਲੇ ਵਿਅਕਤੀ ਨੇ ਆਮ ਲੋਕਾਂ ਵਿਰੁੱਧ ਝੂਠੇ ਕੇਸਾਂ ਨੂੰ ਹਥਿਆਰ ਵਜੋਂ ਵਰਤਿਆ। ਕਾਂਗਰਸ ਅਤੇ ਅਕਾਲੀ, ਦੋਵਾਂ ਸਰਕਾਰਾਂ ਦੀ ਆਪਸੀ ਮਿਲੀਭੁਗਤ ਨਾਲ ਦਹਿਸ਼ਤ ਭਰੇ ਰਾਜ ਦੀ ਸ਼ੁਰੂਆਤ ਹੋਈ ਅਤੇ ਲੋਕ ਸਰਕਾਰ ਖਿਲਾਫ ਬੋਲਣ ਤੋਂ ਡਰਦੇ ਸਨ। ਉਨ੍ਹਾ ਕਿਹਾ ਕਿ ਇਹ ਡਰ ਹੁਣ ਪੂਰੀ ਤਰ੍ਹਾਂ ਖਤਮ ਹੋ ਗਿਆ ਹੈ, ਕਿਉਂਕਿ ਹੁਣ ਲੋਕਾਂ ਦਾ ਰਾਜ ਹੈ ਅਤੇ ਉਨ੍ਹਾ ਅਜਿਹੀ ਸੌੜੀ ਰਾਜਨੀਤੀ ਨੂੰ ਨਿਰਣਾਇਕ ਤੌਰ ’ਤੇ ਸੂਬੇ ਵਿੱਚੋਂ ਬਾਹਰ ਦਾ ਰਸਤਾ ਦਿਖਾਇਆ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਲੋਕਾਂ ਨੇ ਮਜੀਠੀਆ ਅਤੇ ਬਾਦਲ ਪਰਵਾਰਾਂ ਵੱਲੋਂ ਚਲਾਈ ਜਾ ਰਹੀ ਡਰਾਉਣ-ਧਮਕਾਉਣ ਵਾਲੀ ਰਾਜਨੀਤੀ ਨੂੰ ਦਰਕਿਨਾਰ ਕਰਕੇ ਇਕ ਨਵਾਂ ਰਾਹ ਚੁਣਿਆ ਹੈ। ਉਨ੍ਹਾ ਕਿਹਾ—ਇਹੀ ਮਜੀਠਾ ਇਲਾਕਾ ਕਦੇ ਉਨ੍ਹਾਂ ਲੋਕਾਂ ਦੇ ਕਬਜ਼ੇ ਵਿੱਚ ਸੀ, ਜਿਨ੍ਹਾਂ 1919 ਵਿੱਚ ਜਲ੍ਹਿਆਂਵਾਲਾ ਬਾਗ ਕਤਲੇਆਮ ਵਾਲੇ ਦਿਨ ਜਨਰਲ ਡਾਇਰ ਨੂੰ ਰਾਤ ਦੇ ਖਾਣੇ ’ਤੇ ਬੁਲਾਇਆ ਸੀ। ਅਜਿਹੇ ਵਿਸ਼ਵਾਸਘਾਤ ਭਰੇ ਗੁਨਾਹਾਂ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਪੰਜਾਬ ਦੇ ਲੋਕ ਉਨ੍ਹਾਂ ਲੋਕਾਂ ਨੂੰ ਕਦੇ ਮੁਆਫ਼ ਨਹੀਂ ਕਰਨਗੇ, ਜਿਨ੍ਹਾਂ ਦੇ ਹੱਥ ਮਾਸੂਮ ਲੋਕਾਂ ਦੇ ਖ਼ੂਨ ਨਾਲ ਰੰਗੇ ਹੋਏ ਸਨ।

ਮਾਨ ਨੇ ਚੇਤਾਵਨੀ ਦਿੱਤੀ ਕਿ ਅਕਾਲੀ ਦਲ ਨੂੰ ਸੱਤਾ ਵਿੱਚ ਵਾਪਸ ਲਿਆਉਣ ਦਾ ਭਾਵ ਪੰਜਾਬ ਨੂੰ ਹਨੇਰ ਯੁੱਗ ਵਿੱਚ ਵਾਪਸ ਧੱਕਣਾ ਹੋਵੇਗਾ। ਉਨ੍ਹਾ ਕਿਹਾ, “ਇਸ ਦਾ ਭਾਵ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਦੁਬਾਰਾ ‘ਬੇਅਦਬੀ’, ਨਿਰਦੋਸ਼ ਪ੍ਰਦਰਸ਼ਨਕਾਰੀਆਂ ’ਤੇ ਗੋਲੀਬਾਰੀ ਅਤੇ ਆਮ ਲੋਕਾਂ ਵਿਰੁੱਧ ਅੱਤਿਆਚਾਰ ਵੱਲ ਵਧਣ ਦੇ ਬਰਾਬਰ ਹੋਵੇਗਾ।”

ਉਨ੍ਹਾ ਕਿਹਾ ਕਿ ਅਕਾਲੀਆਂ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮਾੜੇ ਕੰਮਾਂ ਕਾਰਨ ਹੀ ਸੂਬਾ ਸਰਕਾਰ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਲਾਪਤਾ ਹੋਏ 328 ਸਰੂਪਾਂ ਦੀ ਜਾਂਚ ਲਈ ਵਿਸ਼ੇਸ਼ ਜਾਂਚ ਟੀਮ ‘ਸਿਟ’ ਦਾ ਗਠਨ ਕਰਨ ਲਈ ਮਜਬੂਰ ਹੋਣਾ ਪਿਆ। ਉਨ੍ਹਾ ਕਿਹਾ ਕਿ ਸਾਡਾ ਇੱਕੋ-ਇੱਕ ਉਦੇਸ਼ ਗੁੰਮ ਹੋਏ ਸਰੂਪਾਂ ਦਾ ਪਤਾ ਲਾਉਣਾ ਹੈ। ਸਾਡਾ ਧਾਰਮਕ ਸੰਸਥਾਵਾਂ ਵਿੱਚ ਦਖਲ ਦੇਣ ਦਾ ਕੋਈ ਇਰਾਦਾ ਨਹੀਂ। ਮਾਨ ਨੇ ਕਿਹਾ ਕਿ ਇਹ ਮੰਦਭਾਗਾ ਹੈ ਕਿ ਆਪਣੀਆਂ ਮੁੱਢਲੀਆਂ ਜ਼ਿੰਮੇਵਾਰੀਆਂ ’ਤੇ ਧਿਆਨ ਕੇਂਦਰਤ ਕਰਨ ਦੀ ਬਜਾਏ ਐੱਸ ਜੀ ਪੀ ਸੀ ਮੁਖੀ ਸਿਆਸੀ ਰੈਲੀਆਂ ਦੇ ਪ੍ਰਬੰਧ ਕਰਨ ਵਿੱਚ ਰੁਝੇ ਹੋਏ ਸਨ। ਉਨ੍ਹਾ ਕਿਹਾ—ਆਪਣੇ ਆਪ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸੱਚੇ ਸਿਪਾਹੀ ਕਹਿਣ ਦੀ ਬਜਾਏ, ਉਹ ਮਾਣ ਨਾਲ ਆਪਣੇ ਆਪ ਨੂੰ ਸੁਖਬੀਰ ਸਿੰਘ ਬਾਦਲ ਦਾ ਸਿਪਾਹੀ ਕਹਿੰਦੇ ਹਨ। ਅਜਿਹੇ ਵਿਅਕਤੀ ਤੋਂ ਭਲੇ ਦੀ ਕੀ ਉਮੀਦ ਕੀਤੀ ਜਾ ਸਕਦੀ ਹੈ, ਜੋ ਕਿਸੇ ਅਜਿਹੇ • ਬਾਕੀ ਸਫਾ 2 ’ਤੇ

## ਕਰਾਚੀ ਦੇ ਮਾਲ ’ਚ ਅੱਗ



**ਕਰਾਚੀ** : ਇਥੇ ਜਿਨਾਹ ਰੋਡ ’ਤੇ ਸਥਿਤ ਗੁਲ ਪਲਾਜ਼ਾ ਸ਼ਾਪਿੰਗ ਮਾਲ ਵਿੱਚ ਸਨਿੱਚਰਵਾਰ ਰਾਤ ਕਰੀਬ 10:45 ਵਜੇ ਅੱਗ ਲੱਗਣ ਕਾਰਨ ਇੱਕ ਫਾਇਰ ਫਾਈਟਰ ਸਮੇਤ 6 ਲੋਕਾਂ ਦੀ ਮੌਤ ਹੋ ਗਈ ਅਤੇ ਕਈ ਲੋਕ ਫਸੇ ਹੋਏ ਸਨ। ਲਗਭਗ 20 ਲੋਕਾਂ ਨੂੰ ਹਸਪਤਾਲ ਭੇਜਿਆ ਗਿਆ ਹੈ।

## ਜਾਖੜ ਠੀਕ-ਠਾਕ

**ਚੰਡੀਗੜ੍ਹ** : ਸਾਹ ਲੈਣ ’ਚ ਤਕਲੀਫ ਤੇ ਛਾਤੀ ਵਿੱਚ ਦਰਦ ਦੀ ਸ਼ਿਕਾਇਤ ਕਾਰਨ ਭਾਜਪਾ ਪੰਜਾਬ ਦੇ ਪ੍ਰਧਾਨ ਸੁਨੀਲ ਜਾਖੜ ਨੂੰ ਐਤਵਾਰ ਸਵੇਰੇ ਫੋਰਟਿਸ ਹਸਪਤਾਲ ਮੁਹਾਲੀ ਲਿਜਾਇਆ ਗਿਆ। ਲੋੜੀਂਦੇ ਟੈਸਟਾਂ ਤੋਂ ਬਾਅਦ ਸਾਰੀਆਂ ਰਿਪੋਰਟਾਂ ਠੀਕ ਪਾਈਆਂ ਗਈਆਂ ਅਤੇ ਉਹ ਘਰ ਵਾਪਸ ਆ ਗਏ।

## ਧਮਕੀ ਤੋਂ ਬਾਅਦ ਹੰਗਾਮੀ ਉਤਾਰਾ

**ਲਖਨਊ** : ਦਿੱਲੀ ਤੋਂ ਬਾਗਡੋਗਰਾ (ਪੱਛਮੀ ਬੰਗਾਲ) ਜਾ ਰਹੇ ਇੰਡੀਗੋ ਏਅਰਲਾਈਨਜ਼ ਦੇ ਜਹਾਜ਼ ਨੂੰ ਬੰਬ ਦੀ ਧਮਕੀ ਤੋਂ ਬਾਅਦ ਐਤਵਾਰ ਸਵੇਰੇ ਲਖਨਊ ਹਵਾਈ ਅੱਡੇ ’ਤੇ ਐਮਰਜੈਂਸੀ ਲੈਂਡਿੰਗ ਕਰਨੀ ਪਈ। ਉਸ ਵਿੱਚ ਦੋ ਪਾਇਲਟ ਤੇ ਪੰਜ ਚਾਲਕ ਦਲ ਦੇ ਮੈਂਬਰਾਂ ਤੋਂ ਇਲਾਵਾ ਅੱਠ ਬੱਚਿਆਂ ਸਮੇਤ 222 ਯਾਤਰੀ ਸਵਾਰ ਸਨ। ਜਾਂਚ ਦੌਰਾਨ ਇੱਕ ਟਿਸ਼ੂ ਪੇਪਰ ’ਤੇ ਇੱਕ ਹੱਥ ਲਿਖਤ ਨੋਟ ਮਿਲਿਆ, ਜਿਸ ’ਤੇ ‘ਪਲੇਨ ਮੇਂ ਬਮ’ ਸ਼ਬਦ ਲਿਖੇ ਹੋਏ ਸਨ।

## 10 ਗੈਂਗਸਟਰ ਫੜੇ

**ਚੰਡੀਗੜ੍ਹ** : ਲੁਧਿਆਣਾ ਕਮਿਸ਼ਨਰੇਟ ਪੁਲਸ ਨੇ ਗੈਂਗਸਟਰ ਗੋਲਡੀ ਬਰਾੜ ਨਾਲ ਜੁੜੇ ਜਬਰੀ ਵਸੂਲੀ ਮਡਿਊਲ ਨੂੰ ਬੇਨਕਾਬ ਕਰਦਿਆਂ ਇਸ ਦੇ 10 ਗੈਂਗਸਟਰਾਂ ਨੂੰ ਗ੍ਰਿਫਤਾਰ ਕਰਕੇ ਦੋ ਆਸਟਰੀਅਨ ਗਲੌਕ ਪਿਸਤੌਲ ਤੇ 10 ਹੋਰ ਆਧੁਨਿਕ ਹਥਿਆਰ ਬਰਾਮਦ ਕੀਤੇ ਹਨ। ਡੀ ਜੀ ਪੀ ਗੌਰਵ ਯਾਦਵ ਨੇ ਦੱਸਿਆ ਕਿ ਤਿੰਨ ਹਫਤਿਆਂ ਦੇ ਅਪ੍ਰੇਸ਼ਨ ਤੋਂ ਬਾਅਦ ਗ੍ਰਿਫਤਾਰੀਆਂ ਕੀਤੀਆਂ ਗਈਆਂ ਹਨ।

# ਸੇਬਾਂ ਦੇ ਸੀਜ਼ਨ ਨੇ ਆਤਮਘਾਤੀ ਬਣਨ ਤੋਂ ਬਚਾਅ ਲਿਆ

**ਨਵੀਂ ਦਿੱਲੀ** : ਲਾਲ ਕਿਲ੍ਹੇ ਦੇ ਨੇੜੇ ਹੋਏ ਹਾਲੀਆ ਕਾਰ ਧਮਾਕੇ ਤੋਂ ਬਾਅਦ ਫੜੇ ਗਏ ‘ਵ੍ਹਾਈਟ ਕਾਲਰ’ ਅੱਤਵਾਦੀ ਮਡਿਊਲ ਦੀ ਜਾਂਚ ਤੋਂ ਪਤਾ ਲੱਗਾ ਹੈ ਕਿ ਇਸ ਦੇ ਮਾਸਟਰਮਾਈਂਡ ਡਾਕਟਰ ਉਮਰ ਉਨ ਨਬੀ ਨੇ ਇੱਕ-ਦੂਜੇ ਆਤਮਘਾਤੀ ਹਮਲਾਵਰ ਨੂੰ ਭਰਤੀ ਕਰਨ ਦੀ ਕੋਸ਼ਿਸ਼ ਕੀਤੀ ਸੀ, ਪਰ ਉਹ ਨੌਜਵਾਨ ਸੇਬ ਤੋੜਨ ਦੇ ਸੀਜ਼ਨ ਦੌਰਾਨ ਆਪਣੇ ਪਰਵਾਰ ਦੀ ਮਦਦ ਕਰਨ ਦੀ ਲੋੜ ਦਾ ਹਵਾਲਾ ਦੇ ਕੇ ਅੱਤਵਾਦੀ ਸਾਜ਼ਿਸ਼ ਤੋਂ ਪਿੱਛੇ ਹਟ ਗਿਆ।

ਸ੍ਰੀਨਗਰ ਪੁਲਸ ਤੇ ਕੌਮੀ ਜਾਂਚ ਏਜੰਸੀ ਨੇ ਨਬੀ ਦੁਆਰਾ ਚਲਾਏ ਜਾ ਰਹੇ ਇੱਕ ਸਮਾਂਤਰ ਅੱਤਵਾਦੀ ਮਡਿਊਲ ਦਾ ਪਰਦਾ ਫਾਸ਼ ਕੀਤਾ ਹੈ। ਨਬੀ ਹੀ ਉਹ ਵਿਅਕਤੀ ਸੀ, ਜੋ 10 ਨਵੰਬਰ ਨੂੰ ਇਤਿਹਾਸਕ ਲਾਲ ਕਿਲ੍ਹੇ ਦੇ ਬਾਹਰ ਧਮਾਕਾਖੇਜ ਸਮੱਗਰੀ ਨਾਲ ਲੱਦੀ ਗੱਡੀ ਚਲਾ ਰਿਹਾ ਸੀ, ਜਿਸ ਦੇ ਫਟਣ ਨਾਲ 12 ਤੋਂ ਵੱਧ ਲੋਕਾਂ ਦੀ ਮੌਤ ਹੋ ਗਈ ਸੀ।

ਗ੍ਰਿਫਤਾਰ ਸ਼ੱਕੀਆਂ ਦੀ ਪੁੱਛਗਿੱਛ ਨੇ ਡਾਕਟਰ ਤੋਂ ਅੱਤਵਾਦੀ ਬਣੇ ਨਬੀ ਵੱਲੋਂ ਵਰਤੀਆਂ ਗਈਆਂ ਭਰਤੀ ਤਕਨੀਕਾਂ ਦਾ ਖੁਲਾਸਾ ਕੀਤਾ, ਜਿਸ ਨਾਲ ਐੱਨ ਆਈ ਏ ਨੇ ਸ਼ੋਪੀਆਂ ਦੇ ਨਿਵਾਸੀ ਯਾਸਿਰ ਅਹਿਮਦ ਡਾਰ ਨੂੰ ਕਾਬੂ ਕੀਤਾ। ਅਧਿਕਾਰੀਆਂ ਨੇ ਦੱਸਿਆ ਕਿ ਨਬੀ ਨੇ ਡਾਰ ਨੂੰ ਆਤਮਘਾਤੀ ਹਮਲਾਵਰ ਵਜੋਂ ਸਫਲਤਾਪੂਰਵਕ ਕੱਟੜਪੰਥੀ ਬਣਾ ਲਿਆ ਸੀ, ਪਰ ਪਿਛਲੇ ਸਾਲ ਅਗਸਤ ਵਿੱਚ ਇੱਕ ਮੀਟਿੰਗ ਦੌਰਾਨ ਉਸ ਨੇ ਸੇਬ ਤੋੜਨ ਦੇ ਸੀਜ਼ਨ ਅਤੇ ਘਰ ਦੀ ਮੁਰੰਮਤ ਦਾ ਹਵਾਲਾ ਦੇ ਕੇ ਆਖਰੀ ਸਮੇਂ ’ਤੇ ਹੱਥ ਪਿੱਛੇ ਖਿੱਚ ਲਏ।

ਡਾਰ ਨੇ ਕਬੂਲ ਕੀਤਾ ਕਿ ਨਬੀ ਦੇ ਇੱਕ ਪੇਸ਼ੇਵਰ ਡਾਕਟਰ ਹੋਣ ਕਾਰਨ ਉਸ ਦਾ ਪ੍ਰਭਾਵ ਬਹੁਤ ਜ਼ਿਆਦਾ ਸੀ ਅਤੇ ਉਸ ਦੀਆਂ ਅੱਤਵਾਦੀ ਗੱਲਾਂ ਭਰਤੀ ਹੋਣ ਵਾਲਿਆਂ ਨੂੰ ਵਧੇਰੇ ‘ਭਰੋਸੇਯੋਗ’ ਲੱਗਦੀਆਂ ਸਨ। ਜਾਂਚ ਦੌਰਾਨ ਪੁਲਸ ਨੇ ਇੱਕ ਦੋਸ਼ੀ ਦੇ ਫੋਨ ਤੋਂ ਇੱਕ ਵਾਇਸ ਨੋਟ ਵੀ ਬਰਾਮਦ ਕੀਤਾ ਹੈ, ਜਿਸ ਵਿੱਚ ਉਹ ਜੇਹਾਦ ਲਈ ’ਬਾਇਤ’ (ਵਫ਼ਾਦਾਰੀ ਦੀ ਸਹੁੰ) ਲੈ ਰਿਹਾ ਹੈ। ਇਸ ਮਡਿਊਲ ਦਾ ਇੱਕ ਹੋਰ ਮੈਂਬਰ ਜਸੀਰ ਉਰਫ਼ • ਬਾਕੀ ਸਫਾ 2 ’ਤੇ

## ਤਲਬੀਰ ਗਿੱਲ ਮਜੀਠਾ ਤੋਂ ਹੋਣਗੇ ‘ਆਪ’ ਉਮੀਦਵਾਰ



**ਮਜੀਠਾ** : ਤਲਬੀਰ ਸਿੰਘ ਗਿੱਲ ਵਿਧਾਨ ਸਭਾ ਚੋਣਾਂ ਲਈ ਹਲਕਾ ਮਜੀਠਾ ਤੋਂ ‘ਆਪ’ ਦੇ ਉਮੀਦਵਾਰ ਹੋਣਗੇ। ਮੁੱਖ ਮੰਤਰੀ ਭਗਵੰਤ ਮਾਨ ਨੇ ਐਤਵਾਰ ਮਜੀਠਾ ’ਚ ਸਮਾਗਮਾਂ ਦੌਰਾਨ ਇਹ ਐਲਾਨ ਕੀਤਾ। ਆਮ ਆਦਮੀ ਪਾਰਟੀ ਨੇ ਜੁਲਾਈ 2025 ’ਚ ਤਲਬੀਰ ਸਿੰਘ ਗਿੱਲ ਨੂੰ ਹਲਕਾ ਮਜੀਠਾ ਦਾ ਇੰਚਾਰਜ ਲਗਾਇਆ ਸੀ। ਗਿੱਲ ਸਾਬਕਾ ਅਕਾਲੀ ਵਿਧਾਇਕ ਬਿਕਰਮ ਸਿੰਘ ਮਜੀਠੀਆ ਦੇ ਕਰੀਬੀ ਰਹੇ ਹਨ ਅਤੇ ਉਨ੍ਹਾ ਅੰਮ੍ਰਿਤਸਰ ਦੱਖਣੀ ਤੋਂ ਸਾਲ 2022 ’ਚ ਚੋਣ ਲੜੀ ਸੀ। ਗਿੱਲ ਨੇ 4 ਮਾਰਚ 2024 ਨੂੰ ਭਗਵੰਤ ਮਾਨ ਦੀ ਅਗਵਾਈ ’ਚ ‘ਆਪ’ ਦਾ ਪੱਲਾ ਫੜ ਲਿਆ ਸੀ। ਆਮ ਆਦਮੀ ਪਾਰਟੀ ਨੇ ਮਜੀਠਾ ’ਚ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਚੋਣਾਂ ’ਚ ਵੱਡੀ ਜਿੱਤ ਹਾਸਲ ਕੀਤੀ ਸੀ।

# ਕਸ਼ਮੀਰ ’ਚ ਵਧਦੀ ਠੰਢ ਦਰਮਿਆਨ ਮੀਂਹ ਦੀ ਪੇਸ਼ੀਨਗੋਈ



**ਸ੍ਰੀਨਗਰ** : ਕਸ਼ਮੀਰ ਵਿੱਚ ਵਧ ਰਹੀ ਠੰਢ ਦਰਮਿਆਨ ਮੌਸਮ ਵਿਭਾਗ ਨੇ ਅਗਲੇ ਕੁਝ ਦਿਨਾਂ ਵਿੱਚ ਖਾਸ ਕਰਕੇ ਵਾਦੀ ਦੇ ਉੱਚੇ ਇਲਾਕਿਆਂ ਵਿੱਚ ਮੀਂਹ ਪੈਣ ਦੀ ਪੇਸ਼ੀਨਗੋਈ ਕੀਤੀ ਹੈ। ਅਧਿਕਾਰੀਆਂ ਨੇ ਕਿਹਾ ਕਿ ਸ੍ਰੀਨਗਰ ਵਿੱਚ ਘੱਟੋ-ਘੱਟ ਤਾਪਮਾਨ ਮਨਫ਼ੀ 4.7 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ ਹੈ, ਜਦੋਂ ਕਿ ਕੇਂਦਰੀ ਕਸ਼ਮੀਰ ਦੇ ਗੰਦਰਬਲ ਜ਼ਿਲ੍ਹੇ ਦੇ ਸੋਨਮਰਗ ਵਿੱਚ, ਜਿੱਥੇ ਸ਼ੁੱਕਰਵਾਰ ਨੂੰ ਦਰਮਿਆਨੀ ਬਰਫ਼ਬਾਰੀ ਹੋਈ, ਦਾ ਘੱਟੋ-ਘੱਟ ਤਾਪਮਾਨ ਮਨਫ਼ੀ 8.9 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ।

ਦੱਖਣੀ ਕਸ਼ਮੀਰ ਦੇ ਸ਼ੋਪੀਆਂ ਵਿੱਚ ਮਨਫ਼ੀ 6.7 ਡਿਗਰੀ ਦਰਜ ਕੀਤਾ ਗਿਆ, ਜਦੋਂ ਕਿ ਪਹਿਲਗਾਮ ਵਿੱਚ ਮਨਫ਼ੀ 6 ਡਿਗਰੀ ਸੈਲਸੀਅਸ ਰਿਹਾ। ਉੱਤਰੀ ਕਸ਼ਮੀਰ ਦੇ ਗੁਲਮਰਗ ਟੂਰਿਸਟ ਰਿਜ਼ਾਰਟ ਵਿੱਚ ਮਨਫ਼ੀ 5.6 ਡਿਗਰੀ ਦਰਜ ਕੀਤਾ ਗਿਆ। ਵਾਦੀ ਦੇ ਦਾਖਲਾ ਦੁਆਰ ਕਾਜ਼ੀਗੁੰਡ ਵਿੱਚ ਘੱਟੋ-ਘੱਟ ਤਾਪਮਾਨ ਮਨਫ਼ੀ 4.8 ਡਿਗਰੀ ਦਰਜ ਕੀਤਾ ਗਿਆ।

ਕਸ਼ਮੀਰ ਵਾਦੀ ਇਸ ਵੇਲੇ ‘ਚਿੱਲਾ-ਏ-ਕਲਾਂ’ ਦੇ ਵਿਚਕਾਰ ਹੈ, ਜੋ ਕਿ 40 ਦਿਨਾਂ ਦਾ ਸਭ ਤੋਂ ਸਖ਼ਤ ਸਰਦੀਆਂ ਦਾ ਸਮਾਂ ਹੈ, ਜਿਸ ਦੌਰਾਨ ਰਾਤ ਦਾ ਤਾਪਮਾਨ ਅਕਸਰ ਜਮਾਊ ਦਰਜੇ ਤੋਂ ਕਈ ਡਿਗਰੀ ਹੇਠਾਂ ਚਲਾ ਜਾਂਦਾ ਹੈ ਅਤੇ ਬਰਫ਼ਬਾਰੀ ਦੀ ਸੰਭਾਵਨਾ ਸਭ ਤੋਂ ਵੱਧ ਹੁੰਦੀ ਹੈ। ‘ਚਿੱਲਾ-ਏ-ਕਲਾਂ’, ਜੋ ਕਿ 21 ਦਸੰਬਰ ਨੂੰ ਸ਼ੁਰੂ ਹੋਇਆ ਸੀ, 30 ਜਨਵਰੀ ਨੂੰ ਖਤਮ ਹੋਵੇਗਾ, ਉਸ ਤੋਂ ਬਾਅਦ ‘ਚਿੱਲਾ-ਏ-ਖੁਰਦ’ ਅਤੇ ’ਚਿੱਲਾ-ਏ-ਬੱਚਾ’ ਹੋਵੇਗਾ।

ਮੌਸਮ ਵਿਭਾਗ ਨੇ ਕਿਹਾ ਕਿ 25 ਜਨਵਰੀ ਤੱਕ ਹਲਕੀ ਤੋਂ ਦਰਮਿਆਨੀ ਬਾਰਿਸ਼ ਜਾਂ ਬਰਫ਼ਬਾਰੀ ਹੋਣ ਦੀ ਸੰਭਾਵਨਾ ਹੈ। ਚੇਨਾਬ ਵਾਦੀ ਦੇ ਕੁਝ ਜ਼ਿਲ੍ਹਿਆਂ, ਪੀਰ-ਪੰਜਾਲ ਰੇਂਜ ਅਤੇ ਦੱਖਣੀ ਕਸ਼ਮੀਰ ਦੇ ਜ਼ਿਲ੍ਹਿਆਂ ਵਿੱਚ 23 ਤੋਂ 24 ਜਨਵਰੀ ਤੱਕ ਭਾਰੀ ਬਾਰਿਸ਼ ਜਾਂ ਬਰਫ਼ਬਾਰੀ ਹੋ ਸਕਦੀ ਹੈ।

## ਡਾ. ਸੁੱਖੀ ਨੇ ਡੇਰੇ ਖਾਤਰ ਚੇਅਰਮੈਨੀ ਛੱਡੀ



**ਬੰਗਾ (ਅਵਤਾਰ ਕਲੇਰ)**-ਹਲਕਾ ਬੰਗਾ ਤੋਂ ਵਿਧਾਇਕ ਡਾ. ਸੁਖਵਿੰਦਰ ਕੁਮਾਰ ਸੁੱਖੀ ਨੇ ਐਤਵਾਰ ਪੰਜਾਬ ਸਟੇਟ ਵੇਅਰ ਹਾਊਸਿੰਗ ਕਾਰਪੋਰੇਸ਼ਨ ਦੀ ਚੇਅਰਮੈਨੀ ਤੋਂ ਅਸਤੀਫਾ ਦੇ ਦਿੱਤਾ। ਉਨ੍ਹਾ ਕੈਬਨਿਟ ਰੈਂਕ ਵੀ ਛੱਡ ਦਿੱਤਾ। ਕਰੀਬ ਇੱਕ ਸਾਲ ਪਹਿਲਾਂ ‘ਆਪ’ ਸਰਕਾਰ ਨੇ ਡਾ. ਸੁੱਖੀ ਨੂੰ ਕੈਬਨਿਟ ਰੈਂਕ ਦੇ ਨਾਲ ਚੇਅਰਮੈਨੀ ਨਾਲ ਨਿਵਾਜਿਆ ਸੀ। ਡਾ. ਸੁੱਖੀ ਨੇ 2022 ’ਚ ਸ਼੍ਰੋਮਣੀ ਅਕਾਲੀ ਦਲ ਦੀ ਟਿਕਟ ’ਤੇ ਹਲਕਾ ਬੰਗਾ ਤੋਂ ਜਿੱਤ ਹਾਸਲ ਕੀਤੀ ਸੀ ਅਤੇ ਕੁਝ ਸਮਾਂ ਪਹਿਲਾਂ ਆਮ ਆਦਮੀ ਪਾਰਟੀ ’ਚ ਸ਼ਾਮਲ ਹੋ ਗਏ ਸਨ। ਡਾ. ਸੁੱਖੀ ਨੇ ਅਹੁਦੇ ਛੱਡਦਿਆਂ ਕਿਹਾ ਕਿ ਉਨ੍ਹਾ ਲਈ ਧੰਨ-ਧੰਨ ਸ੍ਰੀ ਨਾਭ ਕੰਵਲ ਰਾਜਾ ਸਾਹਿਬ ਦਾ ਸਤਿਕਾਰ ਸਭ ਤੋਂ ਵੱਡਾ ਹੈ ਅਤੇ ਇਸ ਸਤਿਕਾਰ ਵਜੋਂ ਹੀ ਉਨ੍ਹਾ ਚੇਅਰਮੈਨੀ ਅਤੇ ਕੈਬਨਿਟ ਰੈਂਕ ਛੱਡਿਆ ਹੈ। ਉਨ੍ਹਾ ਕਿਹਾ ਕਿ ਉਹ ਬਚਪਨ ਤੋਂ ਹੀ ਰਸੋਖਾਨਾ ਸ੍ਰੀ ਨਾਭ ਕੰਵਲ ਰਾਜਾ ਸਾਹਿਬ ਦੇ ਧਾਰਮਿਕ ਸਥਾਨ ’ਤੇ ਆਉਂਦੇ ਰਹੇ ਹਨ। ਉਹ ਆਮ ਆਦਮੀ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਨੂੰ ਜ਼ਰੂਰ ਇਹ ਦੱਸਣਗੇ ਕਿ ਇਸ ਧਾਰਮਕ ਸਥਾਨ ’ਤੇ ਸ੍ਰੀ ਅਖੰਡ ਪਾਠ ਸਾਹਿਬ ਦੀ ਕੋਈ ਮਰਿਆਦਾ ਭੰਗ ਨਹੀਂ ਹੁੰਦੀ। ਮੁੱਖ ਮੰਤਰੀ ਭਗਵੰਤ ਮਾਨ ਨੇ ਮਾਘੀ ਕਾਨਫਰੰਸ ’ਤੇ ਪੰਜਾਬ ਪੁਲਸ ਦੀ ਵਿਸ਼ੇਸ਼ ਜਾਂਚ ਟੀਮ ਦੇ ਹਵਾਲੇ ਨਾਲ ਕਿਹਾ ਸੀ ਕਿ ਬੰਗਾ ਦੇ ਇਸ ਧਾਰਮਕ ਸਥਾਨ ਤੋਂ ਸ੍ਰੀ ਗੁਰੂ ਗਰੰਥ ਸਾਹਿਬ ਦੇ ਸਰੂਪ ਮਿਲੇ ਹਨ, ਜਿਨ੍ਹਾਂ ’ਚੋਂ ਬਹੁਤੇ ਸਰੂਪਾਂ ਦਾ ਕੋਈ ਰਿਕਾਰਡ ਨਹੀਂ ਮਿਲ ਰਿਹਾ।

## ਕਿਸ਼ਤਵਾੜ ’ਚ ਦਹਿਸ਼ਤਗਰਦਾਂ ਨਾਲ ਮੁਕਾਬਲਾ



**ਜੰਮੂ** : ਕਿਸ਼ਤਵਾੜ ਜ਼ਿਲ੍ਹੇ ਦੇ ਉੱਪਰਲੇ ਜੰਗਲੀ ਇਲਾਕੇ ਵਿੱਚ ਐਤਵਾਰ ਸੁਰੱਖਿਆ ਬਲਾਂ ਤੇ ਦਹਿਸ਼ਤਗਰਦਾਂ ਵਿਚਕਾਰ ਮੁਕਾਬਲਾ ਸ਼ੁਰੂ ਹੋ ਗਿਆ। ਅਧਿਕਾਰੀਆਂ ਨੇ ਦੱਸਿਆ ਕਿ ਘੇਰਾਬੰਦੀ ਨੂੰ ਮਜ਼ਬੂਤ ਕਰਨ ਤੇ ਦਹਿਸ਼ਤਗਰਦਾਂ ਨੂੰ ਖਤਮ ਕਰਨ ਲਈ ਵਾਧੂ ਫੋਰਸਾਂ ਨੂੰ ਮੌਕੇ ’ਤੇ ਭੇਜਿਆ ਗਿਆ ਹੈ। ਇਹ ਗੋਲੀਬਾਰੀ ਦੁਪਹਿਰ ਦੇ ਕਰੀਬ ਛਾਤਰੂ ਬੈਲਟ ਵਿੱਚ ਮੰਡਰਾਲ-ਸਿੰਘੂਰਾ ਨੇੜੇ ਸੋਨਾਰ ਪਿੰਡ ਵਿੱਚ ਇੱਕ ਸਾਂਝੀ ਘੇਰਾਬੰਦੀ ਅਤੇ ਤਲਾਸ਼ੀ ਮੁਹਿੰਮ ਦੌਰਾਨ ਸ਼ੁਰੂ ਹੋਈ। ਅਧਿਕਾਰੀਆਂ ਅਨੁਸਾਰ ਤਲਾਸ਼ੀ ਟੀਮਾਂ ਵਿੱਚੋਂ ਇੱਕ ਦਾ ਸਾਹਮਣਾ ਦੋ ਤੋਂ ਤਿੰਨ ਵਿਦੇਸ਼ੀ ਦਹਿਸ਼ਤਗਰਦਾਂ ਦੇ ਸਮੂਹ ਨਾਲ ਹੋਇਆ, ਜਿਨ੍ਹਾਂ ਦਾ ਸੰਬੰਧ ਪਾਕਿਸਤਾਨ ਸਥਿਤ ਜੈਸ਼-ਏ-ਮੁਹੰਮਦ ਨਾਲ ਹੈ। ਇਨ੍ਹਾਂ ਦਹਿਸ਼ਤਗਰਦਾਂ ਨੇ ਘੇਰਾਬੰਦੀ ਤੋੜਨ ਦੀ ਕੋਸ਼ਿਸ਼ ਵਿੱਚ ਅੰਨ੍ਹੇਵਾਹ ਗੋਲੀਬਾਰੀ ਕੀਤੀ ਅਤੇ ਗ੍ਰਨੇਡ ਵੀ ਸੁੱਟੇ।

## ਅੱਜ-ਨਾਮਾ

ਬਣ ਗਿਆ ਮੂਡ ਤਾਂ ਕਹਿਣ ਟਰੰਪ ਲੱਗਾ,
ਹੋਰ ਇੱਕ ਦੇਸ਼ ਵੱਲ ਫੌਜ ਚੜ੍ਹਾਈ ਜਾਊ।
ਨਵਾਂ ਅਮਰੀਕਾ ਦਾ ਇਹ ਵੀ ਰਾਜ ਹੋਸੀ,
ਆਜ਼ਾਦ ਮੁਲਕ ਦੀ ਹੋਂਦ ਮਿਟਾਈ ਜਾਊ।
ਓਧਰ ਗਾਜ਼ਾ ਲਈ ਤਾਜ਼ਾ ਐਲਾਨ ਕੀਤਾ,
ਓਥੋਂ ਦੀ ਨਵੀਂ ਉਸਾਰੀ ਕਰਵਾਈ ਜਾਊ।
ਨਵਾਂ ਬੋਰਡ ਬਣਾਇਆ ਇਸ ਕੰਮ ਪਿੱਛੇ,
ਉਹਦੇ ਰਾਹੀਂ ਸਭ ਖੇਡ ਚਲਵਾਈ ਜਾਊ।
ਮੁਖੀ ਇਸਰਾਈਲ ਦੇ ਓਧਰੋਂ ਆਖਦਾ ਈ,
ਇਕੱਲਾ ਇੰਜ ਅਮਰੀਕਾ ਨਾ ਕਰ ਸਕਦਾ।
ਕੋਈ ਵੀ ਧੱਕਾ ਅਮਰੀਕਾ ਜੇ ਕਰਨ ਲੱਗਾ,
ਏਹਨੂੰ ਕਦੇ ਇਸਰਾਈਲ ਨਾ ਜਰ ਸਕਦਾ।

-ਤੀਸ ਮਾਰ ਖਾਂ

# ਥਾਣਿਆਂ ਤੇ ਹੋਰ ਸਰਕਾਰੀ ਥਾਵਾਂ ’ਤੇ ਪਿਆ ਕਬਾੜ ਚੁੱਕਣ ਦੇ ਨਿਰਦੇਸ਼





**ਚੰਡੀਗੜ੍ਹ (ਗੁਰਜੀਤ ਬਿੱਲਾ)**

ਪੰਜਾਬ ਸਰਕਾਰ ਨੇ ਸਥਾਨਕ ਸਰਕਾਰਾਂ ਮੰਤਰੀ ਸੰਜੀਵ ਅਰੋੜਾ ਦੀ ਅਗਵਾਈ ਹੇਠ ਪੁਲਸ ਥਾਣਿਆਂ ਅਤੇ ਸ਼ਹਿਰ ਦੀ ਹਦੂਦ ਅੰਦਰ ਪੈਂਦੀਆਂ ਹੋਰ ਸਰਕਾਰੀ ਜ਼ਮੀਨਾਂ ਵਿਖੇ ਮੌਜੂਦ ਸਾਰੇ ਸਕ੍ਰੈਪਡ, ਛੱਡੇ ਹੋਏ, ਲਾਵਾਰਿਸ ਅਤੇ ਜ਼ਬਤ ਕੀਤੇ ਵਾਹਨਾਂ ਨੂੰ ਯੋਜਨਾਬੱਧ ਢੰਗ ਨਾਲ ਹਟਾਉਣ ਅਤੇ ਸ਼ਹਿਰੀ ਖੇਤਰਾਂ ਤੋਂ ਬਾਹਰ ਨਿਰਧਾਰਤ ਯਾਰਡਾਂ ਵਿੱਚ ਤਬਦੀਲ ਕਰਨ ਲਈ ਵਿਆਪਕ ਨਿਰਦੇਸ਼ ਜਾਰੀ ਕੀਤੇ ਹਨ।ਇਹ ਫੈਸਲਾਕੁੰਨ ਕਦਮ ਸਰਕਾਰ ਦੇ ਵਿਆਪਕ ਸ਼ਹਿਰੀ ਸ਼ਾਸਨ ਸੁਧਾਰਾਂ ਦਾ ਹਿੱਸਾ ਹੈ, ਜਿਸ ਦਾ ਉਦੇਸ਼ ਲੋਕਾਂ ਦੀ ਸੁਰੱਖਿਆ, ਸੈਨੀਟੇਸ਼ਨ, ਟਰੈਫਿਕ ਪ੍ਰਬੰਧਨ ਅਤੇ ਜਨਤਕ ਬੁਨਿਆਦੀ ਢਾਂਚੇ ਦੀ ਸੁਚੱਜੀ ਵਰਤੋਂ ਨੂੰ ਹੋਰ ਬਿਹਤਰ ਬਣਾਉਣਾ ਹੈ।

ਮੰਤਰੀ ਨੇ ਦੱਸਿਆ ਕਿ ਪੁਲਸ ਥਾਣਿਆਂ, ਟ੍ਰੈਫਿਕ ਪੁਲਸ ਯਾਰਡਾਂ, ਨਗਰ ਪਾਲਿਕਾ ਦੀਆਂ ਜ਼ਮੀਨਾਂ ਅਤੇ ਸ਼ਹਿਰ ਦੀਆਂ ਸੜਕਾਂ ਦੇ ਨਾਲੋ-ਨਾਲ ਲੰਮੇ ਸਮੇਂ ਤੋਂ ਖੜ੍ਹੇ ਅਜਿਹੇ ਸਾਰੇ ਵਾਹਨਾਂ ਨੂੰ 30 ਦਿਨਾਂ ਦੇ ਅੰਦਰ ਸ਼ਹਿਰ ਦੀ ਹਦੂਦ ਤੋਂ ਬਾਹਰ ਸਥਿਤ ਵਾਹਨ ਯਾਰਡਾਂ ਵਿੱਚ ਪਹੁੰਚਾ ਦਿੱਤਾ ਜਾਵੇਗਾ।ਪੁਲਸ ਵਿਭਾਗ, ਨਗਰ ਨਿਗਮਾਂ, ਟ੍ਰੈਫਿਕ ਪੁਲਸ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਸਾਂਝੀਆਂ ਟੀਮਾਂ ਨੂੰ ਤੁਰੰਤ ਸਰਵੇਖਣ ਕਰਨ, ਵਿਸਤ੍ਰਿਤ ਸੂਚੀ ਤਿਆਰ ਕਰਨ ਅਤੇ ਇਸ ਹੁਕਮ ਦੀ ਸਮਾਂਬੱਧ ਢੰਗ ਨਾਲ ਪਾਲਣਾ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਗਏ ਹਨ।

ਸੰਜੀਵ ਅਰੋੜਾ ਨੇ ਕਿਹਾ ਕਿ ਸ਼ਹਿਰ ਦੀ ਹਦੂਦ ਅੰਦਰ ਵੱਡੀ ਗਿਣਤੀ ਵਿੱਚ ਖੜ੍ਹੇ ਕੰਡਮ ਅਤੇ ਜ਼ਬਤ ਕੀਤੇ ਵਾਹਨਾਂ ਦੀ ਮੌਜੂਦਗੀ ਨਾਲ ਕਈ ਨਾਗਰਿਕ ਅਤੇ ਪ੍ਰਸ਼ਾਸਕੀ ਚੁਣੌਤੀਆਂ ਪੈਦਾ ਹੁੰਦੀਆਂ ਹਨ। ਪੁਰਾਣੇ ਵਾਹਨਾਂ ਦੇ ਧੂੰਏਂ ਤੋਂ, ਬਿਜਲਈ ਨੁਕਸ ਅਤੇ ਜਲਣਸ਼ੀਲ ਪਦਾਰਥਾਂ ਕਾਰਨ ਸੰਘਣੀ ਆਬਾਦੀ ਵਾਲੇ ਸ਼ਹਿਰੀ ਖੇਤਰਾਂ ਵਿੱਚ ਕਈ ਗੰਭੀਰ ਵਾਤਾਵਰਣ ਦਿੱਕਤਾਂ ਪੈਦਾ ਹੁੰਦੀਆਂ ਹਨ। ਲਾਵਾਰਿਸ ਜਾਂ ਚਿਰਾਂ ਤੋਂ ਛੱਡੇ ਹੋਏ ਇਨ੍ਹਾਂ ਵਾਹਨਾਂ ਵਿੱਚ ਪਾਣੀ ਇਕੱਠਾ ਹੋ ਜਾਂਦਾ ਹੈ, ਜੋ ਮੱਛਰਾਂ ਅਤੇ ਚੂਹਿਆਂ ਲਈ ਪ੍ਰਜਨਨ ਸਥਾਨ ਬਣ ਜਾਂਦੇ ਹਨ ਅਤੇ ਜਿਸ ਨਾਲ ਡੇਂਗੂ, ਮਲੇਰੀਆ ਅਤੇ ਹੋਰ ਬਿਮਾਰੀਆਂ ਦਾ ਖ਼ਤਰਾ ਵਧ ਜਾਂਦਾ ਹੈ।ਥਾਣਿਆਂ ਦੇ ਅਹਾਤੇ ਕਾਰਜਸ਼ੀਲ ਲੋੜਾਂ, ਐਮਰਜੈਂਸੀ ਵਾਹਨਾਂ ਅਤੇ ਜਨਤਕ ਸੇਵਾ ਪ੍ਰਦਾਨ ਕਰਨ ਲਈ ਹੁੰਦੇ ਹਨ, ਲੰਬੇ ਸਮੇਂ ਲਈ ਵਾਹਨ ਡੰਪਿੰਗ ਲਈ ਨਹੀਂ।

ਸੜਕਾਂ ਦੇ ਨਾਲ-ਨਾਲ ਅਤੇ ਜਨਤਕ ਥਾਵਾਂ ’ਤੇ ਖੜ੍ਹੇ ਵਾਹਨ ਆਵਾਜਾਈ ਵਿੱਚ ਵਿਘਨ ਪਾਉਂਦੇ ਹਨ ਅਤੇ ਸ਼ਹਿਰ ਦੀ ਸਫ਼ਾਈ ਅਤੇ ਦਿੱਖ ਨੂੰ ਢਾਹ ਲਾਉਂਦੇ ਹਨ। ਖ਼ਸਤਾ ਹਾਲਤ ਵਾਲੇ ਜਾਂ ਪੁਰਾਣੇ ਵਾਹਨਾਂ ਚੋਂ ਤੇਲ, ਰਸਾਇਣ ਅਤੇ ਭਾਰੀ ਧਾਤਾਂ ਲੀਕ ਹੁੰਦੀਆਂ ਹਨ, ਜਿਸ ਨਾਲ ਮਿੱਟੀ ਅਤੇ ਜ਼ਮੀਨਦੋਜ਼ ਪਾਣੀ ਪਲੀਤ ਹੁੰਦਾ ਹੈ।

ਉਹਨਾ ਸਪੱਸ਼ਟ ਕੀਤਾ ਕਿ ਇਹ ਕਾਰਵਾਈ ਮੌਜੂਦਾ ਕਾਨੂੰਨੀ ਪ੍ਰਬੰਧਾਂ : ਮੋਟਰ ਵਾਹਨ ਐਕਟ, 1988 ਲੋਕਾਂ ਵੱਲੋਂ ਛੱਡੇ ਹੋਏ ਅਤੇ ਲਾਵਾਰਿਸ ਵਾਹਨਾਂ ਨੂੰ ਹਟਾਉਣ ਅਤੇ ਕੇਂਦਰੀ ਮੋਟਰ ਵਾਹਨ ਨਿਯਮ, 1989 ਖ਼ਸਤਾ ਹਾਲਤ ਵਾਲੇ ਵਾਹਨਾਂ ਦੀ ਰਜਿਸਟ੍ਰੇਸ਼ਨ ਰੱਦ ਕਰਨ ਅਤੇ ਡਿਸਪੋਜ਼ ਕਰਨ ਦੀ ਤਰਜ਼ ’ਤੇ ਕੀਤੀ ਜਾ ਰਹੀ ਹੈ। ਇਸ ਦੇ ਨਾਲ ਹੀ ਕਾਰਵਾਈ ਠੋਸ ਰਹਿੰਦ-ਖੂੰਹਦ ਪ੍ਰਬੰਧਨ ਨਿਯਮ, 2016 ਵਾਹਨਾਂ ਸਮੇਤ ਨਾਨ-ਬਾਇਓਡੀਗ੍ਰੇਡੇਬਲ ਵੇਸਟ ਦੇ ਸੁਰੱਖਿਅਤ ਪ੍ਰਬੰਧਨ ਅਤੇ ਨਿਪਟਾਰੇ ਦੇ ਅਧੀਨ ਵੀ ਹੈ।

ਸਾਰੇ ਤਬਦੀਲ ਕੀਤੇ ਵਾਹਨਾਂ ਨੂੰ ਪ੍ਰਦੂਸ਼ਣ ਨਿਯੰਤਰਣ ਅਤੇ ਵਾਤਾਵਰਣ ਨਿਯਮਾਂ ਦੀ ਸਖ਼ਤ ਪਾਲਣਾ ਕਰਦਿਆਂ ਸਿਰਫ ਅਧਿਕਾਰਤ ਵਾਹਨ ਸਕ੍ਰੈਪ ਯਾਰਡਾਂ ਅਤੇ ਰੀਸਾਈਕਲਿੰਗ ਸਹੂਲਤਾਂ ਵਿੱਚ ਭੇਜਿਆ ਜਾਵੇਗਾ। ਸਾਰੇ ਪਛਾਣੇ ਗਏ ਵਾਹਨਾਂ ਨੂੰ ਟੈਗ ਲਗਾਏ ਜਾਣਗੇ ਅਤੇ ਉਨ੍ਹਾਂ ਦੀ ਫੋਟੋ ਖਿੱਚੀ ਜਾਵੇਗੀ। ਵਾਹਨਾਂ ’ਤੇ ਨੋਟਿਸ ਲਗਾਏ ਜਾਣਗੇ। ਜੇਕਰ ਮਾਲਕੀ ਦਾ ਪਤਾ ਲਗਾਇਆ ਜਾ ਸਕਦਾ ਹੋਵੇਗਾ ਤਾਂ ਮਾਲਕਾਂ ਨੂੰ ਸੂਚਿਤ ਕੀਤਾ ਜਾਵੇਗਾ ਅਤੇ ਕਾਨੂੰਨ ਅਨੁਸਾਰ ਆਪਣੇ ਵਾਹਨਾਂ ਦਾ ਦਾਅਵਾ ਕਰਨ • ਬਾਕੀ ਸਫਾ 2 ’ਤੇ

# ਪੰਜਾਬ ਸਰਕਾਰ ਵੱਲੋਂ ਔਰਤਾਂ ਦੇ ਸਸ਼ਕਤੀਕਰਨ ਲਈ ਲਗਾਤਾਰ ਉਪਰਾਲੇ : ਸੰਧਵਾਂ

### ਪੰਜਾਬ ਸਖੀ ਸ਼ਕਤੀ ਮੇਲੇ 'ਚ ਮੁੱਖ ਮਹਿਮਾਨ ਵਜੋਂ ਕੀਤੀ ਸ਼ਿਰਕਤ

**ਕੋਟਕਪੂਰਾ (ਗ਼ਮ ਲਾਲ ਚਾਵਲਾ)**-ਪੰਜਾਬ ਸਰਕਾਰ ਦੇ ਯਤਨਾਂ ਸਦਕਾ ਜ਼ਿਲ੍ਹਾ ਪ੍ਰਸ਼ਾਸਨ ਫ਼ਰੀਦਕੋਟ ਵੱਲੋਂ ਪੰਜਾਬ ਸਖੀ ਸ਼ਕਤੀ ਮੇਲੇ ਦਾ ਆਯੋਜਨ ਡਾ. ਹਰੀ ਸਿੰਘ ਸੇਵਕ ਸਕੂਲ ਆਫ਼ ਐਮੀਨੈਂਸ ਕੋਟਕਪੂਰਾ ਵਿਖੇ ਕੀਤਾ ਗਿਆ, ਜਿਸ ਵਿੱਚ ਸਪੀਕਰ ਪੰਜਾਬ ਵਿਧਾਨ ਸਭਾ ਸ. ਕੁਲਤਾਰ ਸਿੰਘ ਸੰਧਵਾਂ ਨੇ ਸ਼ਮ੍ਹਾ ਰੌਸ਼ਨ ਕਰਕੇ ਸਮਾਗਮ ਦੀ ਸ਼ੁਰੂਆਤ ਕੀਤੀ।ਇਸ ਮੌਕੇ ਡਿਪਟੀ ਕਮਿਸ਼ਨਰ ਮੈਡਮ ਪੂਨਮਦੀਪ ਕੌਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਸਪੀਕਰ ਸੰਧਵਾਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਸ ਸਮਾਗਮ ਲਈ ਬਹੁਤ ਵਧੀਆ ਪ੍ਰਬੰਧ ਕੀਤੇ ਗਏ ਹਨ।ਉਨ੍ਹਾਂ ਕਿਹਾ ਕਿ ਮੇਲੇ ਵਿੱਚ ਹੱਥ ਕਲਾਕਾਰੀ, ਖਾਧ ਪਦਾਰਥ, ਘਰੇਲੂ ਵਸਤੂਆਂ ਦੀਆਂ ਵਸਤਾਂ, ਹੱਥ ਨਾਲ ਬਣੇ ਸਮਾਨ ਸਮੇਤ ਕਈ ਕਿਸਮ ਦੀ ਉੱਚ ਗੁਣਵੱਤਾ ਵਾਲੀ ਸਮਗਰੀ ਦੀਆਂ ਸਟਾਲਾਂ ਲਗਾਈਆਂ ਗਈਆਂ ਸਨ।ਉਨ੍ਹਾਂ ਕਿਹਾ ਕਿ ਜਿਹੜੀਆਂ ਔਰਤਾਂ ਪਿੰਡਾਂ ਵਿੱਚ ਘਰਾਂ ਵਿੱਚ ਬੈਠ ਕੇ ਹੱਥ ਕਲਾਕਾਰੀ ਦਾ ਕੰਮ ਕਰਦੀਆਂ ਹਨ, ਉਨ੍ਹਾਂ ਲਈ ਇਹ ਮੇਲਾ ਆਪਣਾ ਹੁਨਰ ਦਿਖਾਉਣ ਲਈ ਬਹੁਤ ਵਧੀਆ ਮੌਕਾ ਹੈ।ਉਨ੍ਹਾਂ ਕਿਹਾ ਕਿ ਇਸ ਮੇਲੇ ਵਿੱਚ ਲੋਕਾਂ ਦਾ ਭਾਰੀ ਇਕੱਠ ਤੇ ਉਤਸ਼ਾਹ ਦੇਖਣ ਨੂੰ ਮਿਲਿਆ।ਔਰਤਾਂ ਦੇ ਸਸ਼ਕਤੀਕਰਨ ਲਈ ਪੰਜਾਬ ਸਰਕਾਰ ਵੱਲੋਂ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਉਨ੍ਹਾਂ ਦੇ ਨਾਲ ਆਰਥਿਕ ਤੌਰ 'ਤੇ ਵੀ ਖੜੀ ਹੈ।ਇਸ ਮੌਕੇ ਨਟਰਾਜ ਰੰਗ ਮੰਚ ਕੋਟਕਪੂਰਾ ਵੱਲੋਂ ਰੰਗ ਹਰਜੀਤ ਦੀ ਅਗਵਾਈ ਹੇਠ ਨਸ਼ਿਆਂ ਵਿਰੁੱਧ ਨਾਟਕ ਬੰਬੀਹਾ ਬੋਲੇ ਖੇਡਿਆ ਗਿਆ।ਜਸਵੰਤ ਸਿੰਘ ਖੇਤੀਬਾੜੀ ਅਫ਼ਸਰ ਨੇ ਸੱਭਿਆਚਾਰਕ ਤੇ ਪਰਿਵਾਰਕ ਗੀਤਾਂ ਰਾਹੀਂ ਚੰਗਾ ਰੰਗ ਬੰਨ੍ਹਿਆ।ਇਸ ਮੌਕੇ ਸਕੂਲੀ ਵਿਦਿਆਰਥੀਆਂ ਵੱਲੋਂ ਪੰਜਾਬ ਦੇ ਸੱਭਿਆਚਾਰ ਦੀਆਂ ਵੱਖ ਵੱਖ ਵੰਨਗੀਆਂ ਪੇਸ਼ ਕੀਤੀਆਂ।ਮੰਚ ਸੰਚਾਲਨ ਦੀ ਭੂਮਿਕਾ ਜ਼ਿਲ੍ਹਾ ਗਾਈਡੈਂਸ ਐਂਡ ਕੌਂਸਲਰ ਜਸਬੀਰ ਸਿੰਘ ਜੱਸੀ ਵੱਲੋਂ ਨਿਭਾਈ ਗਈ।

## ਵਿਵੇਕਾਨੰਦ ਵਰਲਡ ਸਕੂਲ 'ਚ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਗੁਰੂ ਸਾਹਿਬ ਜੀ ਦੀਆਂ ਅਪਾਰ ਬਖ਼ਸ਼ਿਸ਼ਾਂ ਪ੍ਰਾਪਤ ਕਰਨ ਤੇ ਸ਼ੁਕਰਾਨਾ ਅਦਾ ਕਰਨ ਦੇ ਉਦੇਸ਼ ਨਾਲ ਵਿਵੇਕਾਨੰਦ ਵਰਲਡ ਸਕੂਲ ਵਿੱਚ ਹਰ ਸਾਲ ਦੀ ਤਰ੍ਹਾਂ ਇਸ ਵਰ੍ਹੇ ਵੀ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਵਿੱਤਰ ਪਾਠ ਦਾ ਆਯੋਜਨ ਬਹੁਤ ਹੀ ਸ਼ਰਧਾ, ਅਨੁਸ਼ਾਸਨ ਤੇ ਭਗਤੀ ਭਾਵ ਨਾਲ ਕੀਤਾ ਗਿਆ। ਸਮਾਗਮ ਦੀ ਸ਼ੁਰੂਆਤ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਵਿੱਤਰ ਪਾਠ ਨਾਲ ਹੋਈ। ਇਸ ਉਪਰੰਤ ਵਿਦਿਆਰਥੀਆਂ ਅਨੰਤਲੀਨ ਕੌਰ, ਸਨ੍ਹਾ, ਦਕਸ਼ਪ੍ਰੀਤ ਸਿੰਘ, ਹਿਮਾਨੀ, ਪ੍ਰਭਸੀਰਤ ਕੌਰ ਤੇ ਨਵਕ੍ਰਿਤ ਕੌਰ ਵੱਲੋਂ ਪੇਸ਼ ਕੀਤਾ ਮਧੁਰ ਕੀਰਤਨ ਸੰਗਤ ਲਈ ਆਤਮਿਕ ਅਨੰਦ ਦਾ ਸਰੋਤ ਬਣਿਆ। ਕੀਰਤਨ ਦੌਰਾਨ ਵਿਦਿਆਰਥੀਆਂ, ਅਧਿਆਪਕਾਂ ਤੇ ਮਹਿਮਾਨਾਂ ਨੇ ਪ੍ਰਭੂ ਸਿਮਰਨ ਰਾਹੀਂ ਮਨ ਦੀ ਸ਼ਾਂਤੀ ਤੇ ਆਤਮਿਕ ਤ੍ਰਿਪਤੀ ਦਾ ਅਨੁਭਵ ਕੀਤਾ। ਇਸ ਪਾਵਨ ਮੌਕੇ ਸੰਤ ਬਾਬਾ ਗੁਰਨਾਮ ਸਿੰਘ ਮੁਖੀ ਡਰੋਲੀ ਭਾਈ ਕਾਰ ਸੇਵਾ ਵਾਲਿਆਂ ਦੀ ਵਿਸ਼ੇਸ਼ ਹਾਜ਼ਰੀ ਰਹੀ। ਇਸ ਦੇ ਨਾਲ ਸਕੂਲ ਦੇ ਮੁੱਖ ਸਰਪ੍ਰਸਤ ਪ੍ਰਭਾ ਭਾਸਕਰ, ਚੇਅਰਮੈਨ ਡਾ. ਗੌਰਵ ਸਾਗਰ ਭਾਸਕਰ, ਡਾਇਰੈਕਟਰ ਡਾ. ਐੱਸ ਐੱਨ ਰੁਦਰਾ, ਡੀਐੱਸਪੀ (ਦਿਹਾਤੀ) ਕਰਨ ਸ਼ਰਮਾ, ਸਮੀਰ ਮਿੱਤਲ, ਸੈਕਟਰੀ ਡੇਲੀ ਭਾਸਕਰ, ਸੰਸਨਾ ਮਿੱਤਲ, ਭਾਜਪਾ ਆਗੂ ਅਨੁਮੀਤ ਹੀਰਾ ਸੋਢੀ, ਨਗਰ ਕੌਂਸਲ ਪ੍ਰਧਾਨ ਰਿੰਕੂ ਗਰੋਵਰ, ਯੂਥ ਅਕਾਲੀ ਦਲ ਦੇ ਪ੍ਰਧਾਨ ਸੁਰਿੰਦਰ ਸਿੰਘ (ਬੱਬੂ), ਕਾਂਗਰਸੀ ਆਗੂ ਗੁਰਭੇਜ ਟਿੱਬੀ ਸਮੇਤ ਕਈ ਸਮਾਜਿਕ, ਰਾਜਨੀਤਕ ਆਗੂ ਹਾਜ਼ਰ ਸਨ। ਇਸ ਮੌਕੇ ਗੁਰੂ ਕਾ ਲੰਗਰ ਵਰਤਾਇਆ ਗਿਆ।

## ਮੰਗਵਾਲ ਬਹੁਮੰਤਵੀ ਸਹਿਕਾਰੀ ਸਭਾ ਵੱਲੋਂ ਕੰਬਲ ਵੰਡ ਸਮਾਰੋਹ



**ਸੰਗਰੂਰ (ਪ੍ਰਵੀਨ ਸਿੰਘ)**-ਮੰਗਵਾਲ ਬਹੁਮੰਤਵੀ ਸਹਿਕਾਰੀ ਖੇਤੀਬਾੜੀ ਸਰਵਿਸ ਸਭਾ ਵੱਲੋਂ ਪ੍ਰਭਾਵਸ਼ਾਲੀ ਸਮਾਗਮ ਵਿੱਚ ਸਭਾ ਦੇ ਪ੍ਰਧਾਨ ਸ. ਜਗਦੀਪ ਸਿੰਘ ਐਡਵੋਕੇਟ ਤੇ ਸਮੂਹ ਪ੍ਰਬੰਧਕ ਕਮੇਟੀ ਮੈਂਬਰਾਂ ਦੇ ਉੱਦਮ ਤੇ ਪ੍ਰੇਰਣਾ ਸਦਕਾ ਇਫਕੋ ਵੱਲੋਂ 80 ਦੇ ਕਰੀਬ ਲੋੜਵੰਦ ਵਿਅਕਤੀਆਂ ਨੂੰ ਕੰਬਲ ਵੰਡੇ ਗਏ।ਇਸ ਸਮਾਗਮ ਦੇ ਮੁੱਖ ਮਹਿਮਾਨ ਡਾ. ਕਰਨਬੀਰ ਸਿੰਘ ਰੰਧਾਵਾ ਡਿਪਟੀ ਰਜਿਸਟਰਾਰ ਸਹਿਕਾਰੀ ਸਭਾਵਾਂ ਸੰਗਰੂਰ ਸਨ।ਪ੍ਰਧਾਨਗੀ ਸ੍ਰੀ ਦਿਨੇਸ਼ ਜਿੰਦਲ ਇੰਚਾਰਜ ਇਫਕੋ ਸੰਗਰੂਰ ਨੇ ਕੀਤੀ, ਜਦਕਿ ਸ੍ਰੀਮਤੀ ਸਪਿੰਦਰ ਕੌਰ ਇੰਸਪੈਕਟਰ ਸਹਿਕਾਰੀ ਸਭਾਵਾਂ ਵਿਸ਼ੇਸ਼ ਮਹਿਮਾਨ ਅਤੇ ਮਾਲਵਿੰਦਰ ਸਿੰਘ ਸੁਪਰਡੈਂਟ ਦਫਤਰ ਡਿਪਟੀ ਰਜਿਸਟਰਾਰ ਸਹਿਕਾਰੀ ਸਭਾਵਾਂ ਸੰਗਰੂਰ ਸਨਮਾਨਤ ਮਹਿਮਾਨ ਦੇ ਤੌਰ 'ਤੇ ਸ਼ਾਮਿਲ ਹੋਏ।ਸ੍ਰ. ਜਗਦੀਪ ਸਿੰਘ ਐਡਵੋਕੇਟ ਪ੍ਰਧਾਨ ਸਭਾ ਨੇ ਮਹਿਮਾਨਾਂ ਨੂੰ ਜੀ ਆਇਆਂ ਕਹਿੰਦੇ ਹੋਏ ਸਭਾ ਦੀ ਕਾਰਗੁਜ਼ਾਰੀ ਬਾਰੇ ਚਾਨਣਾ ਪਾਇਆ।ਉਨ੍ਹਾਂ ਦੱਸਿਆ ਕਿ ਸਭਾ ਬੜੇ ਗੰਭੀਰ ਸੰਕਟਾਂ ਵਿੱਚੋਂ ਨਿੱਕਲ ਕੇ ਇਸ ਮੁਕਾਮ 'ਤੇ ਪਹੁੰਚੀ ਹੈ।ਉਨ੍ਹਾਂ ਆਪਣੀ ਸਮੁੱਚੀ ਟੀਮ ਦੇ ਸਹਿਯੋਗ ਦੀ ਪ੍ਰਸ਼ੰਸਾ ਕਰਦੇ ਹੋਏ ਇਫਕੋ ਦੇ ਅਧਿਕਾਰੀਆਂ ਤੇ ਸਹਿਕਾਰਤਾ ਵਿਭਾਗ ਦਾ ਧੰਨਵਾਦ ਕੀਤਾ। ਸ. ਕਰਨਬੀਰ ਸਿੰਘ ਰੰਧਾਵਾ ਡਿਪਟੀ ਰਜਿਸਟਰਾਰ ਨੇ ਕਿਹਾ ਕਿ ਅੱਜ ਦਾ ਸਮਾਗਮ ਬੜਾ ਪ੍ਰਭਾਵਸ਼ਾਲੀ ਹੈ।ਮਹਿਕਮੇ ਵੱਲੋਂ ਹਰ ਤਰ੍ਹਾਂ ਦਾ ਸਹਿਯੋਗ ਦੇ ਕੇ ਸਭਾ ਨੂੰ ਸੰਕਟ ਵਿੱਚੋਂ ਕੱਢਿਆ ਤੇ ਉਨ੍ਹਾਂ ਨੇ ਵਿਸ਼ਵਾਸ ਦਿਵਾਇਆ ਕਿ ਭਵਿੱਖ ਵਿੱਚ ਵੀ ਸਭਾ ਨੂੰ ਹਰ ਤਰ੍ਹਾਂ ਦਾ ਸਹਿਯੋਗ ਦਿੱਤਾ ਜਾਵੇਗਾ।ਪ੍ਰਧਾਨਗੀ ਭਾਸ਼ਣ ਵਿੱਚ ਇਫਕੋ ਦੇ ਇੰਚਾਰਜ ਸ੍ਰੀ ਦਿਨੇਸ਼ ਜਿੰਦਲ ਨੇ ਇਫਕੋ ਦੀਆਂ ਗਤੀਵਿਧੀਆਂ ਦੱਸਦੇ ਹੋਏ ਕਿਸਾਨਾਂ ਨੂੰ ਹਰ ਤਰ੍ਹਾਂ ਦੀਆਂ ਸਹੂਲਤਾਂ ਦੇਣ ਦੀ ਵਚਨਬੱਧਤਾ ਦੁਹਰਾਈ।ਇਸ ਸਮਾਗਮ ਵਿੱਚ ਜਗਰਾਜ ਸਿੰਘ ਮੀਤ ਪ੍ਰਧਾਨ, ਅੰਗਰੇਜ ਸਿੰਘ, ਅਵਤਾਰ ਸਿੰਘ, ਗੁਰਮੀਤ ਸਿੰਘ, ਜਰਨੈਲ ਸਿੰਘ, ਜਸਪਾਲ ਸਿੰਘ, ਸ੍ਰੀਮਤੀ ਸੁਨੀਤਾ ਸਾਰੇ ਕਮੇਟੀ ਮੈਂਬਰਾਨ ਤੇ ਪਿੰਡ ਦੇ ਪਤਵੰਤੇ ਸੱਜਣ, ਜਿਨ੍ਹਾਂ ਵਿੱਚ ਗੁਰਦੀਪ ਸਿੰਘ ਮਿੰਟਾ, ਹਰਜਿੰਦਰ ਸਿੰਘ ਸਨੀ, ਗੋਬਿੰਦਰ ਸਿੰਘ, ਗੁਰਚਰਨ ਸਿੰਘ, ਰਾਹੁਲ ਸ਼ਰਮਾ, ਸਰਬਜੀਤ ਸਿੰਘ, ਨਿਹਾਲ ਸਿੰਘ ਮਾਨ, ਡਾ. ਭਗਵੰਤ ਸਿੰਘ, ਗੁਰਨਾਮ ਸਿੰਘ, ਕਰਨੈਲ ਸਿੰਘ ਆਦਿ ਹਾਜ਼ਰ ਸਨ।

## ਸੀਤਲਾ ਮਾਤਾ ਮੰਦਰ ਦਾ ਸਾਲਾਨਾ ਸਮਾਰੋਹ ਸੰਪੰਨ



**ਸਮਾਣਾ (ਇਕਬਾਲ ਸਿੰਘ ਬੱਲ)**-ਸਥਾਨਕ ਤਹਿਸੀਲ ਕੰਪਲੈਕਸ ਨੇੜੇ ਪ੍ਰਾਚੀਨ ਸੀਤਲਾ ਮਾਤਾ ਮੰਦਿਰ ਦੇ ਸਾਲਾਨਾ ਮੂਰਤੀ ਸਥਾਪਨਾ ਦਿਵਸ ਨੂੰ ਸਮਰਪਤ ਸਮਾਰੋਹ ਕਰਵਾਇਆ ਗਿਆ, ਜਿਸ ਦੀ ਸ਼ੁਰੂਆਤ ਮੰਦਿਰ ਕਮੇਟੀ ਵੱਲੋਂ ਹਵਨ ਯੱਗ ਕਰਨ ਉਪਰੰਤ ਕੇਕ ਕੱਟ ਕੇ ਕੀਤੀ ਗਈ।ਮੰਦਿਰ ਕਮੇਟੀ ਦੇ ਚੇਅਰਮੈਨ ਨਰੇਸ਼ ਬਾਂਸਲ (ਨੂਰੀ) ਤੇ ਪ੍ਰਧਾਨ ਬੇਅੰਤ ਵਰਮਾ ਨੇ ਦੱਸਿਆ ਕਿ ਦਿੱਲੀ ਤੋਂ ਆਏ ਸ਼ਰਧਾਲੂ ਵੱਲੋਂ ਸੀਤਲਾ ਮਾਤਾ ਜੀ ਨੂੰ 56 ਤਰ੍ਹਾਂ ਦਾ ਭੋਗ ਲਗਾ ਕੇ ਸੰਗਤਾਂ 'ਚ ਵਰਤਾ ਕੇ ਅਸ਼ੀਰਵਾਦ ਪ੍ਰਾਪਤ ਕੀਤਾ ਗਿਆ।ਇਸ ਮੌਕੇ ਕਮੇਟੀ ਵੱਲੋਂ ਮਾਤਾ ਦਾ ਅਤੁੱਟ ਭੰਡਾਰਾ ਲਗਾਇਆ ਗਿਆ।ਇਸ ਮੌਕੇ ਸੰਸਥਾ ਦੇ ਸੈਕਟਰੀ ਅਸ਼ੋਕ ਸਿੰਗਲਾ, ਮਨਜੀਤ ਸਿੰਘ ਜੇ. ਈ., ਕੌਂਸਲਰ ਸੰਦੀਪ ਲੂੰਬਾ, ਸੇਖਰ ਸ਼ਰਮਾ, ਵੀਭੂ ਬਾਂਸਲ, ਵੇਦ ਬਾਂਸਲ, ਸ਼ਿਵ ਨਰਾਇਨ ਗਰਗ ਤੋਂ ਇਲਾਵਾ ਹੋਰ ਵੀ ਕਮੇਟੀ ਮੈਂਬਰ ਹਾਜ਼ਰ ਸਨ।

## ਪੁਲਸ ਵੱਲੋਂ ਅਪ੍ਰੇਸ਼ਨ 'ਕਾਸੋ' ਤਹਿਤ ਵੱਖ-ਵੱਖ ਥਾਵਾਂ 'ਤੇ ਛਾਪੇਮਾਰੀ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਦੇ ਉਦੇਸ਼ ਨਾਲ ਸੂਬਾ ਸਰਕਾਰ ਤੇ ਜ਼ਿਲ੍ਹਾ ਪੁਲਸ ਮੁਖੀ ਸੰਗਰੂਰ ਸ੍ਰੀ ਸਰਤਾਜ ਸਿੰਘ ਚਹਿਲ ਦੇ ਦਿਸ਼ਾ-ਨਿਰਦੇਸ਼ਾਂ ਹੇਠ ਧੂਰੀ ਪੁਲਸ ਵੱਲੋਂ ਆਪ੍ਰੇਸ਼ਨ 'ਕਾਸੋ' ਚਲਾਇਆ ਗਿਆ।ਇਸ ਕਾਰਵਾਈ ਦੀ ਅਗਵਾਈ ਡੀ.ਐੱਸ.ਪੀ. ਧੂਰੀ ਗੁਰਪ੍ਰੀਤ ਸਿੰਘ ਨੇ ਕੀਤੀ।ਅਪ੍ਰੇਸ਼ਨ ਦੌਰਾਨ ਪੁਲਸ ਨੇ ਸ਼ਹਿਰ ਦੇ ਉਨ੍ਹਾਂ ਇਲਾਕਿਆਂ ਨੂੰ ਨਿਸ਼ਾਨਾ ਬਣਾਇਆ, ਜੋ ਨਸ਼ਿਆਂ ਦੀ ਵਿਕਰੀ ਲਈ ਸੰਵੇਦਨਸ਼ੀਲ ਮੰਨੇ ਜਾਂਦੇ ਹਨ।ਇਸ ਮੁਹਿੰਮ ਵਿੱਚ ਥਾਣਾ ਸਿਟੀ ਧੂਰੀ ਤੇ ਥਾਣਾ ਸਦਰ ਧੂਰੀ ਦੀ ਪੁਲਸ ਨੇ ਸਾਂਝੇ ਤੌਰ 'ਤੇ ਹਿੱਸਾ ਲਿਆ।ਐੱਸ.ਐੱਚ.ਓ. ਸਦਰ ਇੰਸਪੈਕਟਰ ਕਰਨਵੀਰ ਸੰਧੂ ਤੇ ਰੀਡਰ ਰਾਜ ਕੁਮਾਰ ਸਮੇਤ ਵੱਡੀ ਗਿਣਤੀ ਵਿੱਚ ਪੁਲਸ ਮੁਲਾਜ਼ਮਾਂ ਨੇ ਪੂਰੇ ਇਲਾਕੇ ਨੂੰ ਸੀਲ ਕਰਕੇ ਸ਼ੱਕੀ ਘਰਾਂ ਦੀ ਬਾਰੀਕੀ ਨਾਲ ਤਲਾਸ਼ੀ ਲਈ।ਮੀਡੀਆ ਨੂੰ ਜਾਣਕਾਰੀ ਦਿੰਦਿਆਂ ਡੀ.ਐੱਸ.ਪੀ. ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਤਲਾਸ਼ੀ ਦੌਰਾਨ ਚਾਰ ਸ਼ੱਕੀ ਵਿਅਕਤੀਆਂ ਨੂੰ ਹਿਰਾਸਤ ਵਿੱਚ ਲਿਆ ਗਿਆ ਹੈ, ਜਿਨ੍ਹਾਂ ਕੋਲੋਂ ਗੰਭੀਰਤਾ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਬਿਨਾਂ ਦਸਤਾਵੇਜ਼ਾਂ ਤੇ ਸ਼ੱਕੀ ਹਾਲਤ ਵਿੱਚ ਮਿਲੇ ਦੋਪਹੀਆ ਅਤੇ ਚਾਰਪਹੀਆ ਵਾਹਨਾਂ ਨੂੰ ਪੁਲਸ ਨੇ ਆਪਣੇ ਕਬਜ਼ੇ ਵਿੱਚ ਲਿਆ ਹੈ।ਉਨ੍ਹਾਂ ਕਿਹਾ ਕਿ ਮਾੜੇ ਅਨਸਰ ਜਾਂ ਤਾਂ ਨਸ਼ੇ ਦਾ ਕਾਲਾ ਕਾਰੋਬਾਰ ਛੱਡ ਦੇਣ ਜਾਂ ਫਿਰ ਧੂਰੀ ਛੱਡ ਕੇ ਚਲੇ ਜਾਣ, ਕਿਉਂਕਿ ਨਸ਼ਾ ਤਸੱਕਰਾਂ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ।ਉਨ੍ਹਾ ਕਿਹਾ ਕਿ ਨਸ਼ਾ ਤਸੱਕਰਾਂ ਦੀ ਥਾਂ ਸਿਰਫ਼ ਜੇਲ੍ਹ 'ਚ ਹੈ।



ਨਿਹਾਲ ਸਿੰਘ ਵਾਲਾ ਦੇ ਮੇਨ ਚੌਕ ਵਿੱਚ ਹਰ ਸਮੇਂ ਟ੍ਰੈਫ਼ਿਕ ਦੀ ਵੱਡੀ ਸਮੱਸਿਆ ਕਾਰਨ ਕਿਸੇ ਟਾਇਮ ਵੱਡੇ ਹਾਦਸੇ ਦਾ ਰੂਪ ਧਾਰਨ ਕਰ ਸਕਦੀ ਹੈ, ਪਰ ਟ੍ਰੈਫ਼ਿਕ ਪ੍ਰਸ਼ਾਸਨ ਖਾਮੋਸ਼ ਹੈ। (ਫ਼ੋਟੋ ਤੇ ਵੇਰਵਾ : ਲਵਲੀ ਕੁਮਾਰ)

# ਪ੍ਰਿੰਸੀਪਲ ਸੈਕਟਰੀ (ਲੇਬਰ) ਦੇ ਫੈਸਲਿਆਂ ਖ਼ਿਲਾਫ਼ ਕੰਸਟਰੱਕਸ਼ਨ ਵਰਕਰਜ਼ ਐਂਡ ਲੇਬਰ ਯੂਨੀਅਨ ਵੱਲੋਂ ਸੰਘਰਸ਼ ਦਾ ਐਲਾਨ

- ਪ੍ਰਿੰਸੀਪਲ ਸੈਕਟਰੀ ਬੋਰਡ ਦੀ ਮੀਟਿੰਗ ਤੋਂ ਬਿਨਾਂ ਆਪ-ਹੁਦਰੇ ਫ਼ੈਸਲੇ ਲੈਣੇ ਤੁਰੰਤ ਬੰਦ ਕਰੇ : ਸੁਖਦੇਵ ਸ਼ਰਮਾ, ਜੈਪਾਲ
- ਯੂਨੀਅਨ ਨੇ 21 ਜਨਵਰੀ ਨੂੰ ਮੋਗਾ ਵਿਖੇ ਸੱਦੀ ਸੂਬਾ ਪੱਧਰੀ ਹੰਗਾਮੀ ਮੀਟਿੰਗ



**ਜਲਾਲਾਬਾਦ (ਜੀਤ ਕੁਮਾਰ)**-ਪੰਜਾਬ ਲੇਬਰ ਵਿਭਾਗ ਦੇ ਪ੍ਰਿੰਸੀਪਲ ਸੈਕਟਰੀ ਦੇ ਬਿਲਡਿੰਗ ਐਂਡ ਅਦਰ ਕੰਸਟਰੱਕਸ਼ਨ ਵੈੱਲਫੇਅਰ ਬੋਰਡ ਦੇ ਸੈਕਟਰੀ ਵੱਲੋਂ ਬੋਰਡ ਦੇ ਮੈਂਬਰਾਂ ਨਾਲ ਮੀਟਿੰਗ ਕਰਨ ਤੋਂ ਬਿਨਾਂ ਕਿਰਤੀਆਂ ਦੀ ਭਲਾਈ ਦੀ ਬਜਾਏ ਉਨ੍ਹਾਂ ਖ਼ਿਲਾਫ਼ ਆਪ ਹੁਦਰੇ ਲਏ ਜਾ ਰਹੇ ਫੈਸਲਿਆਂ ਦਾ ਕੰਸਟਰੱਕਸ਼ਨ ਵਰਕਰਜ਼ ਐਂਡ ਲੇਬਰ ਯੂਨੀਅਨ ਏਟਕ ਪੰਜਾਬ (ਰਜਿ.) ਨੇ ਸਖ਼ਤ ਨੋਟਿਸ ਲੈਂਦਿਆਂ ਪੰਜਾਬ ਦੇ ਲੇਬਰ ਡਿਪਾਰਟਮੈਂਟ ਦੇ ਪ੍ਰਿੰਸੀਪਲ ਸਕੱਤਰ ਖ਼ਿਲਾਫ਼ ਸੂਬਾ ਪੱਧਰੀ ਸੰਘਰਸ਼ ਵਿੱਢਣ ਦਾ ਐਲਾਨ ਕੀਤਾ ਹੈ। ਯੂਨੀਅਨ ਦੇ ਸੂਬਾ ਜਨਰਲ ਸਕੱਤਰ ਸਾਥੀ ਸੁਖਦੇਵ ਸ਼ਰਮਾ, ਸੂਬਾ ਪ੍ਰਧਾਨ ਸਾਥੀ ਜੈਪਾਲ ਸਿੰਘ, ਮੀਤ ਸਕੱਤਰ ਐਡਵੋਕੇਟ ਪਰਮਜੀਤ ਢਾਬਾਂ, ਸੁਬਾਈ ਮੀਤ ਪ੍ਰਧਾਨ ਭਰਪੂਰ ਸਿੰਘ ਬੂਲਾਪੁਰ, ਖ਼ਜ਼ਾਨਚੀ ਪ੍ਰਦੀਪ ਚੀਮਾ ਤੇ ਸੂਬਾ ਕਮੇਟੀ ਮੈਂਬਰ ਜੰਮੂ ਰਾਮ ਬਨਵਾਲਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਹੈ ਕਿ ਲੇਬਰ ਡਿਪਾਰਟਮੈਂਟ ਦੇ ਪ੍ਰਿੰਸੀਪਲ ਸੈਕਟਰੀ ਵੱਲੋਂ ਬੋਰਡ ਵਿੱਚ ਨਿਯੁਕਤ ਕੀਤੇ ਹੋਏ ਨੁਮਾਇੰਦਿਆਂ ਨਾਲ ਮੀਟਿੰਗ ਕਰਨ ਤੋਂ ਬਿਨਾਂ ਆਪਣੀ ਮਰਜ਼ੀ ਨਾਲ ਨਵੇਂ ਨਿਯਮ ਬਣਾ ਕੇ ਆਪ ਹੁਦਰਾ ਸ਼ਾਹੀ ਫ਼ਰਮਾਨ ਜਾਰੀ ਕਰਦਿਆਂ ਫੈਸਲੇ ਲਏ ਜਾ ਰਹੇ ਹਨ, ਜੋ ਕਿ ਕਿਸੇ ਵੀ ਤਰ੍ਹਾਂ ਕਿਰਤੀਆਂ ਦੇ ਹੱਕ ਵਿੱਚ ਭੁਗਤਦੇ ਨਜ਼ਰ ਨਹੀਂ ਆ ਰਹੇ, ਜਿਸ ਦਾ ਉਨ੍ਹਾਂ ਦੀ ਯੂਨੀਅਨ ਵੱਲੋਂ ਡੱਟ ਕੇ ਵਿਰੋਧ ਹੀ ਨਹੀਂ ਕੀਤਾ ਜਾਵੇਗਾ, ਸਗੋਂ ਸੂਬਾ ਪੱਧਰੀ ਪ੍ਰਿੰਸੀਪਲ ਸੈਕਟਰੀ ਖਿਲਾਫ ਸੰਘਰਸ਼ ਵਿੱਢਣ ਦਾ ਸਖਤ ਫੈਸਲਾ ਲਿਆ ਜਾਵੇਗਾ।

ਆਗੂਆਂ ਨੇ ਦੱਸਿਆ ਕਿ ਕਿਰਤ ਵਿਭਾਗ ਵੱਲੋਂ ਐਕਸ ਗਰੇਸ਼ੀਅਆ ਸਕੀਮ ਨੂੰ ਮਨਜ਼ੂਰੀ ਨਾ ਦੇਣਾ, ਐੱਲਟੀਸੀ ਨੂੰ ਲਗਭਗ ਖ਼ਤਮ ਕਰਨ ਕਿਨਾਰੇ ਲੈ ਕੇ ਆਉਣਾ, ਸਰਕਾਰੀ ਦੇ ਬਕਾਇਆ ਰਕਮ ਨੂੰ ਸਿਰਫ ਬੀਮਾ ਨਾਲ ਜੋੜ ਕੇ ਕਿਰਤੀਆਂ ਨੂੰ ਨਜਾਇਜ਼ ਤੌਰ 'ਤੇ ਤੰਗ ਪ੍ਰੇਸ਼ਾਨ ਕਰਨਾ, ਦੇਸ਼ ਨੂੰ ਉਸਾਰਨ ਵਿੱਚ ਜ਼ਿੰਦਗੀ ਭਰ ਆਪਣੀਆਂ ਸੇਵਾਵਾਂ ਦੇਣ ਵਾਲੇ ਕਿਰਤੀਆਂ ਨੂੰ ਪੈਨਸ਼ਨ ਦੇਣ ਲਈ ਵੱਖ-ਵੱਖ ਸਮਾਂ ਸੀਮਾਵਾਂ ਵਿੱਚ ਵੰਡ ਕੇ ਪੈਨਸ਼ਨ ਨੂੰ ਘਟਾ ਕੇ ਦੇਣ ਦਾ ਫੈਸਲਾ ਕਰਨਾ ਕਿਰਤੀਆਂ ਤੇ ਵੱਡਾ ਆਰਥਿਕ ਹਮਲਾ ਹੈ, ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਯੂਨੀਅਨ ਦੇ ਜਨਰਲ ਸਕੱਤਰ ਸਾਥੀ ਸੁਖਦੇਵ ਸ਼ਰਮਾ ਨੇ ਪ੍ਰੈੱਸ ਬਿਆਨ 'ਚ ਅੱਗੇ ਦੱਸਿਆ ਕਿ ਕਿਰਤ ਵਿਭਾਗ ਦੇ ਮੁੱਖ ਸਕੱਤਰ ਵੱਲੋਂ ਆਪਣੇ ਫੈਸਲਿਆਂ ਰਾਹੀਂ ਕਿਰਤੀਆਂ ਦੀ ਭਲਾਈ 'ਤੇ ਡਾਕਾ ਮਾਰਿਆ ਜਾ ਰਿਹਾ ਹੈ ਤੇ ਉਨ੍ਹਾਂ ਨੂੰ ਨਜਾਇਜ਼ ਤੌਰ ਤੇ ਖੱਜਲ ਖੁਆਰ ਕੀਤਾ ਜਾ ਰਿਹਾ ਹੈ, ਜਿਸ ਖਿਲਾਫ਼ ਯੂਨੀਅਨ ਵੱਲੋਂ 21 ਜਨਵਰੀ ਨੂੰ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਬੱਸ ਸਟੈਂਡ ਮੋਗਾ ਵਿਖੇ ਸੂਬਾ ਪੱਧਰੀ ਇੱਕ ਹੰਗਾਮੀ ਮੀਟਿੰਗ ਕੀਤੀ ਜਾ ਰਹੀ ਹੈ, ਜਿਸ ਵਿੱਚ ਇਨ੍ਹਾਂ ਕਿਰਤੀ ਵਿਰੋਧੀ ਫੈਸਲਿਆਂ ਖ਼ਿਲਾਫ਼ ਸੂਬਾ ਪੱਧਰੀ ਸੰਘਰਸ਼ ਵਿੱਢਣ ਦਾ ਐਲਾਨ ਕੀਤਾ ਜਾਵੇਗਾ।

## ਗਰਗ ਪਰਵਾਰ ਨੇ ਸਫ਼ਾਈ ਸੇਵਕਾਂ ਨੂੰ ਗਰਮ ਜੈਕਟਾਂ ਤੇ ਕੋਟ ਦਿੱਤੇ



**ਅਜੀਤਵਾਲ (ਲਵਲੀ ਮਾਛੀਕੇ)**-ਸਰਦੀਆਂ ਦੇ ਮੌਸਮ ਨੂੰ ਧਿਆਨ ਵਿੱਚ ਰੱਖਦਿਆਂ ਸਵਰਗਵਾਸੀ ਮਾਤਾ ਮਥਰਾ ਦੇਵੀ ਗਰਗ ਜੀ ਦੀ ਤੀਜੀ ਬਰਸੀ 'ਤੇ ਸਮੂਹ ਗਰਗ ਪਰਵਾਰ ਨੇ ਅਨੇਕ ਕਾਰਜ ਕਰਦਿਆਂ ਸ਼ਹਿਰ ਦੇ ਸਫ਼ਾਈ ਸੇਵਕਾਂ ਨੂੰ ਗਰਮ ਜੈਕਟਾਂ ਤੇ ਕੋਟ ਦਿੱਤੇ। ਇਸ ਮੌਕੇ ਸੇਠ ਹੇਮਰਾਜ ਗਰਗ, ਉਨ੍ਹਾਂ ਦੇ ਸਪੁੱਤਰ ਰਜਿੰਦਰ ਗਰਗ, ਪ੍ਰਦੀਪ ਗਰਗ, ਪੋਤਰੇ ਪਿਊਸ਼ ਗਰਗ, ਕਰਨ ਗਰਗ ਦੇ ਸਮੂਹ ਪਰਵਾਰ ਵੱਲੋਂ ਇਹ ਅਨੇਕ ਕਾਰਜਾਂ ਦੀ ਸੇਵਾ ਕੀਤੀ ਗਈ। ਇਸ ਮੌਕੇ ਸਫ਼ਾਈ ਸੇਵਕਾਂ ਲਈ ਚਾਹ ਸਮੋਸੇ ਤੇ ਬਰਫ਼ੀ ਦਾ ਲੰਗਰ ਵੀ ਲਗਾਇਆ। ਇਸ ਮੌਕੇ ਨਗਰ ਕੌਂਸਲ ਦੇ ਪ੍ਰਧਾਨ ਜਗਦੀਪ ਸਿੰਘ ਗਟਰਾ, ਸਾਬਕਾ ਪ੍ਰਧਾਨ ਇੰਦਰਜੀਤ ਗਰਗ ਜੌਲੀ, ਰੂਪ ਲਾਲ ਮਿੱਤਲ, ਪਵਨ ਗੋਇਲ ਬੰਟੀ, ਕਮਲ ਮੰਗਲਾਂ, ਬਰਿੰਦਰ ਬਾਂਸਲ, ਸੋਨੂੰ ਮੰਗਲਾਂ, ਰਾਜੂ ਜੌੜਾਂ, ਰਾਮ ਲਾਲ ਜੈਨ, ਦਵਿੰਦਰ ਮਿੱਤਲ ਦੁਰਗਾ ਵਾਲੇ, ਗੋਪਾ ਐੱਮ ਸੀ ਤੋਂ ਇਲਾਵਾ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

## ਡਾ. ਰਘੁਬੀਰ ਸੂਰੀ ਨੂੰ ਅੰਤਮ ਅਰਦਾਸ ਮੌਕੇ ਨਿੱਘੀਆਂ ਸ਼ਰਧਾਂਜਲੀਆਂ



**ਸਰਹਿੰਦ ਮੰਡੀ (ਪ੍ਰਮੋਦ ਭਾਰਦਵਾਜ)**-ਮਰਹੂਮ ਡਾ. ਰਘੁਬੀਰ ਸੂਰੀ ਦੀ ਭੋਗ ਰਸਮ ਬਹੁਤ ਹੀ ਗੰਭੀਰ, ਆਧਿਆਤਮਕ ਤੇ ਭਾਵਪੂਰਨ ਮਾਹੌਲ ਵਿੱਚ ਸੰਪੰਨ ਹੋਈ।ਸਰਹਿੰਦ ਤੇ ਆਲੇ-ਦੁਆਲੇ ਦੇ ਇਲਾਕਿਆਂ ਤੋਂ ਹਜ਼ਾਰਾਂ ਦੀ ਗਿਣਤੀ ਵਿੱਚ ਲੋਕਾਂ ਨੇ ਇਕੱਠੇ ਹੋ ਕੇ ਵਿੱਛੜੀ ਆਤਮਾ ਦੀ ਸ਼ਾਂਤੀ ਲਈ ਅਰਦਾਸ ਕੀਤੀ ਤੇ ਸੇਵਾ, ਅਨੁਸ਼ਾਸਨ, ਰਾਸ਼ਟਰ ਨਿਰਮਾਣ ਤੇ ਕਰੁਣਾ ਨਾਲ ਭਰਪੂਰ ਜੀਵਨ ਨੂੰ ਸ਼ਰਧਾਂਜਲੀ ਭੇਟ ਕੀਤੀ।ਵੱਡੀ ਗਿਣਤੀ ਵਿੱਚ ਪਹੁੰਚੀ ਜਨਤਾ ਡਾ. ਸੂਰੀ ਦੇ ਸਮਾਜ ਉੱਤੇ ਪਏ ਡੂੰਘੇ ਪ੍ਰਭਾਵ ਨੂੰ ਦਰਸਾਉਂਦੀ ਹੈ।ਉਹ ਇੱਕ ਸਮਾਜ ਸੁਧਾਰਕ, ਵਿਦਿਆਵਾਨ, ਪ੍ਰਸਿੱਧ ਆਯੁਰਵੇਦਿਕ ਚਿਕਿਤਸਕ, ਉਦਯੋਗਪਤੀ ਤੇ ਸਮਰਪਤ ਰਾਸ਼ਟਰਭਗਤ ਵਜੋਂ ਜਾਣੇ ਜਾਂਦੇ ਸਨ।ਪਰਿਵਾਰਕ ਮੈਂਬਰਾਂ, ਸੰਬੰਧੀਆਂ, ਸ਼ੁਭਚਿੰਤਕਾਂ ਤੇ ਪ੍ਰਸ਼ੰਸਕਾਂ ਨੇ ਵੱਡੀ ਗਿਣਤੀ ਵਿੱਚ ਸ਼ਾਮਲ ਹੋ ਕੇ ਉਨ੍ਹਾਂ ਦੇ ਅਸਾਧਾਰਨ ਜੀਵਨ ਤੇ ਕੰਮਾਂ ਨੂੰ ਯਾਦ ਕੀਤਾ।ਇਸ ਮੌਕੇ ਕੇਂਦਰੀ ਟੂਰਿਜ਼ਮ ਮੰਤਰੀ ਗਜੇਂਦਰ ਸਿੰਘ ਸ਼ੇਖਾਵਤ, ਸਵਾਮੀ ਸ੍ਰੀ ਗਿਆਨਾਨੰਦ ਮਹਾਰਾਜ, ਵਿਦਿਆ ਭਾਰਤੀ ਸਮੇਤ ਕਈ ਸੰਸਥਾਵਾਂ ਤੇ ਪ੍ਰਮੁੱਖ ਵਿਅਕਤੀਆਂ ਵੱਲੋਂ ਸ਼ੋਕ ਸੁਨੇਹੇ ਪ੍ਰਾਪਤ ਹੋਏ। ਇਸ ਮੌਕੇ ਉਨ੍ਹਾਂ ਦੇ ਪੁੱਤਰ ਡਾ. ਹਿਤੇਂਦਰ ਸੂਰੀ ਨੇ ਆਪਣੇ ਪਿਤਾ ਦੀ ਸੇਵਾ, ਸੰਸਕਾਰ ਤੇ ਰਾਸ਼ਟਰ ਸਮਰਪਣ ਦੀ ਵਿਰਾਸਤ ਨੂੰ ਅੱਗੇ ਵਧਾਉਣ ਦਾ ਸੰਕਲਪ ਦੁਹਰਾਇਆ।ਭੋਗ ਰਸਮ ਵਿੱਚ ਤਰੁਣ ਚੁੱਗ, ਅਸ਼ਵਨੀ ਸ਼ਰਮਾ, ਵਿਧਾਇਕ ਲਖਬੀਰ ਰਾਏ, ਦੀਦਾਰ ਸਿੰਘ ਭੱਟੀ, ਪ੍ਰਦੀਪ ਗਰਗ, ਕੁਲਜੀਤ ਸਿੰਘ ਨਾਗਰਾ, ਬਾਬਾ ਪਰਮਜੀਤ ਜੀ (ਹੰਸਾਲੀ ਵਾਲੇ), ਪੰਡਿਤ ਪੰਕਜ ਜੀ, ਜੰਮੂ ਤੋਂ ਸਵਾਮੀ ਜੀ, ਸੰਤ ਧਰਮ ਆਰਾਧਨਾ ਨੰਦ ਜੀ (ਨੰਗਲੀ ਆਸ਼੍ਰਮ), ਸ੍ਰੀ ਸ੍ਰੀ 108 ਮਹੰਤ ਸਵਾਮੀ ਸ੍ਰੀ ਨਰਿੰਦਰ ਦਾਸ ਜੀ ਮਹਾਰਾਜ, ਡਾ. ਸੰਜੀਵ ਕੁਮਾਰ, ਅਚਿੰਦਰ ਪਾਲ ਗੋਇਲ, ਡਾ. ਹਰਬੰਸ ਲਾਲ (ਸਾਬਕਾ ਮੰਤਰੀ) ਸਮੇਤ ਕਈ ਸਮਾਜਿਕ, ਧਾਰਮਿਕ ਤੇ ਰਾਜਨੀਤਕ ਹਸਤੀਆਂ ਮੌਜੂਦ ਰਹੀਆਂ।

## ਕੈਪਟਨ ਸੰਦੀਪ ਸੰਧੂ ਵੱਲੋਂ ਮਨਰੇਗਾ ਬਚਾਉ ਰੈਲੀ ਸੰਬੰਧੀ ਮੀਟਿੰਗ



**ਜਗਰਾਉਂ (ਨਛੱਤਰ ਸੰਧੂ)**-ਹਲਕਾ ਦਾਖਾ ਦੇ ਕਾਂਗਰਸ ਪਾਰਟੀ ਦੇ ਦਫ਼ਤਰ ਵਿੱਚ ਹਲਕਾ ਇੰਚਾਰਜ ਕੈਪਟਨ ਸੰਦੀਪ ਸਿੰਘ ਸੰਧੂ ਦੀ ਅਗਵਾਈ ਹੇਠ ਹਲਕਾ ਦਾਖਾ ਵਿੱਚ 27 ਜਨਵਰੀ ਨੂੰ ਹੋਣ ਵਾਲੀ ਮਨਰੇਗਾ ਬਚਾਓ ਸੰਗਰਾਮ ਰੈਲੀ ਦੀਆਂ ਤਿਆਰੀਆਂ ਸਬੰਧੀ ਕਾਂਗਰਸ ਪਾਰਟੀ ਦੇ ਅਹੁਦੇਦਾਰ ਤੇ ਵਰਕਰ ਸਾਹਿਬਾਨਾਂ ਨਾਲ ਮੀਟਿੰਗ ਕੀਤੀ ਗਈ ਅਤੇ ਪਿੰਡ ਪੱਧਰ 'ਤੇ ਮਨਰੇਗਾ ਵਰਕਰਾਂ ਨਾਲ ਮੁਲਾਕਤ ਕਰਕੇ ਉਨ੍ਹਾਂ ਨੂੰ ਇਸ ਰੈਲੀ ਵਿੱਚ ਸ਼ਾਮਲ ਹੋਣ ਲਈ ਪ੍ਰੇਰਿਤ ਕਰਨ ਲਈ ਕਿਹਾ।

ਇਸ ਮੌਕੇ ਬਲਾਕ ਪ੍ਰਧਾਨ ਪਰੇਮ ਸਿੰਘ ਸੇਖੋਂ, ਬਲਾਕ ਪ੍ਰਧਾਨ ਸੁਖਵਿੰਦਰ ਸਿੰਘ ਗੋਲੂ, ਬਲਾਕ ਪ੍ਰਧਾਨ ਗੁਰਮੀਤ ਸਿੰਘ ਮਿੰਟੂ, ਸੀਨੀਅਰ ਕਾਂਗਰਸੀ ਆਗੂ ਮਨਪ੍ਰੀਤ ਸਿੰਘ ਈਸੇਵਾਲ, ਬਲਾਕ ਸੰਮਤੀ ਮੈਂਬਰ ਲਖਵਿੰਦਰ ਸਿੰਘ ਘਮਣੇਵਾਲ, ਅਮਰਦੀਪ ਸਿੰਘ ਰੂਬੀ, ਕੁਲਦੀਪ ਸਿੰਘ ਬੱਦੋਵਾਲ, ਸੁਖਮਿੰਦਰ ਸਿੰਘ ਟੋਨੀ, ਜੱਗਾ ਸਵੱਦੀ ਕਲਾਂ, ਹਰਕੇਵਲ ਸਿੰਘ ਕੈਲਪੁਰ, ਮਲਕੀਤ ਸਿੰਘ ਕੈਲਪੁਰ, ਯੂਥ ਪ੍ਰਧਾਨ ਤਨਵੀਰ ਜੋਧਾਂ, ਪਰਵਿੰਦਰ ਮੁੱਲਾਂਪੁਰ, ਸਰਪੰਚ ਪਲਵਿੰਦਰ ਸਿੰਘ, ਹਰਮਿੰਦਰ ਸਿੰਘ ਸਹੌਲੀ, ਹਰਿੰਦਰ ਸਿੰਘ ਰਕਬਾ ਤੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

## ਪੁਲਸ ਵੱਲੋਂ ਕੇਂਦਰੀ ਮਾਡਰਨ ਜੇਲ੍ਹ 'ਚ ਅਚਨਚੇਤ ਛਾਪੇਮਾਰੀ

**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**



ਪੰਜਾਬ ਦੀਆਂ ਜੇਲ੍ਹਾਂ ਵਿੱਚੋਂ ਨਸ਼ੀਲੇ ਪਦਾਰਥਾਂ ਤੇ ਗੈਰ-ਕਾਨੂੰਨੀ ਗਤੀਵਿਧੀਆਂ ਨੂੰ ਨੱਥ ਪਾਉਣ ਲਈ ਵਿੱਢੀ ਮੁਹਿੰਮ ਤਹਿਤ ਫਰੀਦਕੋਟ ਪੁਲਸ ਵੱਲੋਂ ਸਥਾਨਕ ਕੇਂਦਰੀ ਮਾਡਰਨ ਜੇਲ੍ਹ ਵਿੱਚ ਵੱਡੇ ਪੱਧਰ 'ਤੇ ਸਰਚ ਆਪ੍ਰੇਸ਼ਨ ਚਲਾਇਆ ਗਿਆ।ਐੱਸ.ਐੱਸ.ਪੀ. ਫਰੀਦਕੋਟ ਡਾ. ਪ੍ਰਗਿਆ ਜੈਨ ਦੀ ਅਗਵਾਈ ਹੇਠ ਲਗਭਗ 100 ਪੁਲਸ ਮੁਲਾਜ਼ਮਾਂ ਦੀਆਂ ਵੱਖ-ਵੱਖ ਟੀਮਾਂ ਨੇ ਜੇਲ੍ਹ ਪ੍ਰਸ਼ਾਸਨ ਦੇ ਸਹਿਯੋਗ ਨਾਲ ਜੇਲ੍ਹ ਦੇ ਹਰ ਹਿੱਸੇ ਦੀ ਬਾਰੀਕੀ ਨਾਲ ਜਾਂਚ ਕੀਤੀ।ਇਹ ਸਰਚ ਆਪ੍ਰੇਸ਼ਨ ਐੱਸ.ਪੀ. (ਐੱਨ.ਡੀ.ਪੀ.ਐੱਸ.) ਰਮਨਦੀਪ ਸਿੰਘ ਦੀ ਸਿੱਧੀ ਨਿਗਰਾਨੀ ਹੇਠ ਹੋਇਆ, ਜਿਸ ਵਿੱਚ ਡੀ.ਐੱਸ.ਪੀ. (ਸਬ-ਡਵੀਜ਼ਨ) ਤਰਲੋਚਨ ਸਿੰਘ ਤੇ ਹੋਰ ਉੱਚ ਅਧਿਕਾਰੀ ਸ਼ਾਮਲ ਸਨ। ਪੁਲਸ ਟੀਮਾਂ ਨੇ ਕੈਦੀਆਂ ਦੀਆਂ ਬੈਰਕਾਂ, ਜੇਲ੍ਹ ਕੰਟੀਨ, ਬਾਥਰੂਮ, ਚਾਰਦੀਵਾਰੀ ਤੇ ਨਿਗਰਾਨੀ ਕੈਮਰਿਆਂ ਦੀ ਸਥਿਤੀ ਨੂੰ ਜਾਂਚਿਆ।ਇਸ ਦੌਰਾਨ ਮਹਿਲਾ ਪੁਲਸ ਮੁਲਾਜ਼ਮਾਂ ਨੇ ਮਹਿਲਾ ਬੈਰਕਾਂ ਦੀ ਤਲਾਸ਼ੀ ਲਈ, ਜਿੱਥੇ ਕੈਦੀਆਂ ਦੀ ਨਿੱਜਤਾ ਦਾ ਪੂਰਾ ਖਿਆਲ ਰੱਖਿਆ ਗਿਆ।ਐੱਸ.ਐੱਸ.ਪੀ. ਡਾ. ਪ੍ਰਗਿਆ ਜੈਨ ਨੇ ਦੱਸਿਆ ਕਿ ਇਹ ਚੈਕਿੰਗ ਪੂਰੀ ਤਰ੍ਹਾਂ ਗੁਪਤ ਰੱਖੀ ਗਈ ਸੀ ਤਾਂ ਜੋ ਕੋਈ ਵੀ ਸ਼ਰਾਰਤੀ ਅਨਸਰ ਚੌਕਸ ਨਾ ਹੋ ਸਕੇ।ਉਨ੍ਹਾਂ ਸਪੱਸ਼ਟ ਕੀਤਾ ਕਿ ਆਉਣ ਵਾਲੇ ਦਿਨਾਂ ਵਿੱਚ ਵੀ ਅਜਿਹੀਆਂ ਅਚਨਚੇਤ ਜਾਂਚਾਂ ਜਾਰੀ ਰਹਿਣਗੀਆਂ।

# ਨਗਰ ਕੌਂਸਲ ਚੋਣਾਂ : ਉਮੀਦਵਾਰਾਂ ਤੋਂ ਪਹਿਲਾਂ ਵੋਟਰਾਂ ਵੱਲੋਂ ਮੈਨੀਫੈਸਟੋ ਜਾਰੀ

- ਸੁਚੇਤ ਨਾਗਰਿਕਾਂ ਵੱਲੋਂ ਵਿਲੱਖਣ ਪਹਿਲ



**ਨਾਭਾ (ਵਰਿੰਦਰ ਵਰਮਾ)**

ਨਾਭਾ ਨਗਰ ਕੌਂਸਲ ਚੋਣਾਂ ਨੂੰ ਲੈ ਕੇ ਜਿੱਥੇ ਉਮੀਦਵਾਰਾਂ ਵੱਲੋਂ ਆਪਣਾ ਪ੍ਰਚਾਰ ਸ਼ੁਰੂ ਕਰ ਦਿੱਤਾ ਗਿਆ ਹੈ, ਉਥੇ ਹੀ ਸ਼ਹਿਰ ਦੇ ਜਾਗਰੂਕ ਨਾਗਰਿਕਾਂ ਵੱਲੋਂ ਇੱਕ ਵਿਲੱਖਣ ਪਹਿਲ ਕਦਮੀ ਕਰਦੇ ਹੋਏ ਵੋਟਰ ਘੋਸ਼ਣਾ ਪੱਤਰ ਜਾਰੀ ਕੀਤਾ ਗਿਆ ਹੈ।ਸ਼ਹਿਰ ਦੇ ਸੰਵਾਦ ਗਰੁੱਪ ਵੱਲੋਂ ਲੋਕਾਂ ਨਾਲ ਗੱਲਬਾਤ ਕਰਕੇ ਇੱਕ 10 ਪੁਆਇੰਟ ਦਾ ਮੈਨੀਫੈਸਟੋ ਜਾਰੀ ਕੀਤਾ ਗਿਆ ਹੈ, ਜਿਸ ਵਿੱਚ ਉਹ ਉਮੀਦਵਾਰ ਦੀ ਪਰਖ ਕਿਨ੍ਹਾਂ ਗੱਲਾਂ ਦੇ ਅਧਾਰ 'ਤੇ ਕਰਨਗੇ, ਇਹ ਲਿਖਿਆ ਗਿਆ ਹੈ। ਇਸ ਘੋਸ਼ਣਾ ਪੱਤਰ ਵਿੱਚ ਉਸ ਉਮੀਦਵਾਰ ਨੂੰ ਤਰਜੀਹ ਦੇਣ ਦੀ ਗੱਲ ਕਹੀ ਗਈ, ਜਿਹੜਾ ਨਗਰ ਕੌਂਸਲਾਂ ਵਿੱਚ ਲੋਕ ਭਾਗੀਦਾਰੀ ਲਈ ਬਣੇ ਕਾਨੂੰਨ ਪੰਜਾਬ ਪਬਲਿਕ ਪਾਰਟੀਸੀਪੇਸ਼ਨ ਐਕਟ 2013 ਬਾਰੇ ਜਾਣਦਾ ਹੋਵੇ ਤੇ ਉਸ ਨੂੰ ਲਾਗੂ ਕਰਨ ਲਈ ਯਤਨਸ਼ੀਲ ਹੋਵੇ।ਇਸ ਤੋਂ ਇਲਾਵਾ ਚੋਣ ਪ੍ਰਚਾਰ ਵਿੱਚ ਉਮੀਦਵਾਰ ਇੱਕ ਲੱਖ ਤੋਂ ਵੱਧ ਨਾ ਖਰਚੇ, ਬਲਕਿ ਲੋਕ ਸਮੱਸਿਆਵਾਂ ਦੇ ਹੱਲ ਲਈ ਆਪਣਾ ਪਲਾਨ ਸਾਂਝਾ ਕਰੇ, ਉਸ ਉਮੀਦਵਾਰ ਨੂੰ ਤਰਜੀਹ ਦੇਣ ਦੀ ਗੱਲ ਹੈ।ਸ਼ਰਾਬ ਜਾਂ ਨਸ਼ਾ ਵੰਡਣ ਵਾਲੇ ਨੂੰ ਬਿਲਕੁਲ ਵੋਟ ਪਾਉਣ ਤੋਂ ਇਨਕਾਰ ਹੈ ਤੇ ਇਸ ਤੋਂ ਇਲਾਵਾ ਚੋਣਾਂ ਵਿੱਚ ਜ਼ੋਰ ਜ਼ਬਰਦਸਤੀ ਦੇ ਇਸਤੇਮਾਲ ਨੂੰ ਵੋਟਰ ਨਾਲ ਧੱਕਾ ਦੱਸਿਆ ਗਿਆ ਹੈ।ਵਿਕਾਸ ਕਾਰਜਾਂ ਤੇ ਕੌਂਸਲ ਪ੍ਰਧਾਨ ਦੀ ਚੋਣ ਨੂੰ ਲੈ ਕੇ ਪਾਰਦਰਸ਼ਿਤਾ ਤੇ ਜਵਾਬਦੇਹੀ ਰੱਖਣ ਵਾਲੇ ਉਮੀਦਵਾਰ ਤੇ ਕੌਂਸਲ ਦੀ ਹਰ ਮੀਟਿੰਗ ਤੋਂ ਪਹਿਲਾਂ ਤੇ ਬਾਅਦ ਵਿੱਚ ਲੋਕਾਂ ਨਾਲ ਸਾਰੀ ਜਾਣਕਾਰੀ ਸਾਂਝੀ ਕਰਨ ਵਾਲੇ ਉਮੀਦਵਾਰ ਨੂੰ ਤਰਜੀਹ ਦੇਣ ਦੀ ਘੋਸ਼ਣਾ ਕਰਦਾ ਇਹ ਵੋਟਰ ਘੋਸ਼ਣਾ ਪੱਤਰ ਸਥਾਨਕ ਲਾਈਨਜ਼ ਕਲੱਬ ਵਿਖੇ ਰਿਲੀਜ਼ ਕੀਤਾ ਗਿਆ।

ਇਸ ਮੌਕੇ ਸੰਵਾਦ ਗਰੁੱਪ ਮੈਂਬਰਾਂ ਨੇ ਦੱਸਿਆ ਕਿ ਮੈਨੀਫੈਸਟੋ ਰਿਲੀਜ਼ ਮੌਕੇ ਸੀ ਏ ਭੀਮ ਗੋਇਲ, ਹਰੀਸ਼ ਧੀਮਾਨ, ਪ੍ਰੋਫੈਸਰ ਐੱਸ ਐੱਸ ਸੇਠੀ, ਵਿਜਿਆ ਸੇਠੀ, ਪੂਨਮ ਮਝੈਲ, ਐੱਸ ਐੱਸ ਬੇਦੀ, ਪ੍ਰਿੰਸੀਪਲ ਸ਼ੀਰੂ ਬੇਦੀ, ਹਰਪ੍ਰੀਤ ਕਪੂਰ, ਜੈਸਮੀਨ ਭਾਰਦਵਾਜ, ਚਰਨਜੀਤ ਸਿੰਘ, ਵਕੀਲ ਗੀਤਇਕਬਾਲ ਸਿੰਘ ਮਝੈਲ, ਸਨੀ ਰਹੇਜਾ, ਧੀਰਜ ਕੁਮਾਰ, ਰਿਟਾਇਰਡ ਅਧਿਕਾਰੀ ਮੋਹਨ ਸਿੰਘ, ਨਿਰਮਲ ਸਿੰਘ, ਵਿਜੇ ਰਹੇਜਾ, ਸਮਾਜ ਸੇਵੀ ਨੀਰੂ ਗੋਇਲ, ਵਿਕਾਸ ਮਿੱਤਲ, ਨਵਦੀਪ ਵਰਮਾ, ਡਾ. ਅਮਰਜੀਤ ਸਿੰਘ ਸਾਹਨੀ, ਡਾ. ਸੰਜੇ ਗੋਇਲ, ਵਪਾਰੀ ਗੁਰਮੀਤ ਸਿੰਘ, ਤੇਜਿੰਦਰ ਕੁਮਾਰ ਤੇ ਸ਼ਹਿਰ ਦੀਆਂ ਹੋਰ ਸਨਮਾਨਤ ਸ਼ਖ਼ਸੀਅਤਾਂ ਮੌਜੂਦ ਸਨ।

# ਸਫਾ 1 ਦੇ ਬਾਕੀ...

### ਡਰਾਉਣ-ਧਮਕਾਉਣ ...

ਵਿਅਕਤੀ ਦੀ ਸੇਵਾ ਕਰਨ 'ਤੇ ਮਾਣ ਕਰਦਾ ਹੈ, ਜਿਸ ਨੇ ਆਪਣੀਆਂ ਹਰਕਤਾਂ ਨਾਲ ਪੰਜਾਬ ਨੂੰ ਬਰਬਾਦ ਕਰ ਦਿੱਤਾ ਹੋਵੇ।ਮੁੱਖ ਮੰਤਰੀ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਦਾ ਜ਼ਿਕਰ ਕਰਦਿਆਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਸਾਡੇ ਸਾਰਿਆਂ ਤੋਂ ਉਪਰ ਹਨ। ਇਸੇ ਲਈ ਮੈਂ ਭਾਰਤ ਦੇ ਰਾਸ਼ਟਰਪਤੀ ਦੇ ਸਮਾਗਮ ਵਿੱਚ ਸ਼ਾਮਲ ਹੋਣ ਦੀ ਬਜਾਏ ਤਖ਼ਤ ਸਾਹਿਬ ਅੱਗੇ ਪੇਸ਼ ਹੋਇਆ। ਉਨ੍ਹਾ ਕਿਹਾ ਕਿ ਉਨ੍ਹਾ ਦੀ ਸਰਕਾਰ ਦੇ ਉਲਟ ਅਕਾਲੀਆਂ ਨੇ ਵਾਰ-ਵਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਨੂੰ ਢਾਹ ਲਾਈ। ਜਥੇਦਾਰਾਂ ਨੂੰ ਆਪਣੀ ਮਰਜ਼ੀ ਨਾਲ ਨਿਯੁਕਤ ਕੀਤਾ ਅਤੇ ਅਹੁਦੇ ਤੋਂ ਹਟਾਇਆ ਗਿਆ, ਜਿਸ ਨਾਲ ਇਨ੍ਹਾਂ ਸੰਸਥਾਵਾਂ ਦੀ ਪਵਿੱਤਰਤਾ ਨੂੰ ਭਾਰੀ ਸੱਟ ਵੱਜੀ। ਉਨ੍ਹਾ ਇਹ ਵੀ ਟਿੱਪਣੀ ਕੀਤੀ ਕਿ ਕਾਂਗਰਸੀ ਆਗੂ ਲਗਾਤਾਰ ਹਾਰਾਂ ਦਾ ਸਾਹਮਣਾ ਕਰਨ ਤੋਂ ਬਾਅਦ ਆਪਣਾ ਸਿਆਸੀ ਸੰਤੁਲਨ ਗੁਆ ਚੁੱਕੇ ਹਨ।

ਕਾਂਗਰਸ ਆਗੂ ਰਾਹੁਲ ਗਾਂਧੀ 'ਤੇ ਨਿਸ਼ਾਨਾ ਸਾਧਦੇ ਹੋਏ ਮੁੱਖ ਮੰਤਰੀ ਨੇ ਕਿਹਾ—ਕੁਝ ਆਗੂ ਗਰੀਬ ਵਿਅਕਤੀ ਦੇ ਘਰ ਇੱਕ ਰਾਤ ਰਹਿਣਾ ਇੱਕ ਨਵੀਂ ਗੱਲ ਸਮਝਦੇ ਹਨ। ਮੈਂ ਖੁਦ ਇੱਕ ਆਮ ਆਦਮੀ ਹਾਂ ਅਤੇ ਮੈਂ ਆਮ ਲੋਕਾਂ ਦੇ ਰੋਜ਼ਾਨਾ ਦੇ ਸੰਘਰਸ਼ਾਂ ਨੂੰ ਚੰਗੀ ਤਰ੍ਹਾਂ ਸਮਝਦਾ ਹਾਂ। ਉਨ੍ਹਾ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਸਮਰਪਤ ਹਾਲ ਹੀ ਵਿੱਚ ਹੋਏ ਸਮਾਗਮਾਂ ਦਾ ਹਵਾਲਾ ਦਿੰਦਿਆਂ ਕਿਹਾ ਕਿ ਸੂਬਾ ਸਰਕਾਰ ਪੰਜਾਬ ਦੀ ਮਹਾਨ ਵਿਰਾਸਤ ਨੂੰ ਸੰਭਾਲਣ ਲਈ ਵਚਨਬੱਧ ਹੈ। ਉਨ੍ਹਾ ਕਿਹਾ ਕਿ ਸੂਬੇ ਦੇ ਅਮੀਰ ਵਿਰਸੇ ਤੋਂ ਵਿਦਿਆਰਥੀਆਂ ਨੂੰ ਜਾਣੂੰ ਕਰਵਾਉਣ ਲਈ ਅਜਿਹੀਆਂ ਹੋਰ ਪਹਿਲਕਦਮੀਆਂ ਕੀਤੀਆਂ ਜਾਣਗੀਆਂ।

ਉਨ੍ਹਾ ਕਿਹਾ—ਸਰਹੱਦੀ ਪੱਟੀ ਦੇ ਕਿਸਾਨਾਂ ਲਈ ਇੱਕ ਵੱਡੀ ਰਾਹਤ ਵਜੋਂ ਕੇਂਦਰ ਸਰਕਾਰ ਨੇ ਸਰਹੱਦੀ ਵਾੜ ਨੂੰ ਕੌਮਾਂਤਰੀ ਸਰਹੱਦ ਦੇ ਨੇੜੇ ਤਬਦੀਲ ਕਰਨ ਲਈ ਸਿਧਾਂਤਕ ਤੌਰ 'ਤੇ ਪ੍ਰਵਾਨਗੀ ਦੇ ਦਿੱਤੀ ਹੈ। ਇਸ ਨਾਲ ਕਿਸਾਨ ਵਾੜ ਤੋਂ ਪਰ੍ਹੇ ਹਜ਼ਾਰਾਂ ਏਕੜ ਜ਼ਮੀਨ 'ਤੇ ਬੇਰੋਕ ਖੇਤੀ ਕਰ ਸਕਣਗੇ। ਉਨ੍ਹਾ ਇਹ ਮੁੱਦਾ ਕੇਂਦਰੀ ਗ੍ਰਹਿ ਮੰਤਰੀ ਕੋਲ ਉਠਾਉਂਦਿਆਂ ਕਿਸਾਨਾਂ ਨੂੰ ਦਰਪੇਸ਼ ਰੋਜ਼ਾਨਾ ਮੁਸ਼ਕਲਾਂ ਵੱਲ ਧਿਆਨ ਦਵਾਇਆ, ਜਿਨ੍ਹਾਂ ਨੂੰ 532 ਕਿਲੋਮੀਟਰ ਲੰਮੀ ਭਾਰਤ-ਪਾਕਿਸਤਾਨ ਸਰਹੱਦ 'ਤੇ ਆਪਣੇ ਖੇਤਾਂ ਤੱਕ ਜਾਣ ਲਈ ਬੀ ਐੱਸ ਐੱਫ ਦੀ ਸੁਰੱਖਿਆ ਹੇਠ ਵਾੜ ਪਾਰ ਕਰਨ ਲਈ ਮਜਬੂਰ ਹੋਣਾ ਪੈਂਦਾ ਸੀ।ਇਸ ਤੋਂ ਪਹਿਲਾਂ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ ਟੀ ਓ. ਨੇ ਮੁੱਖ ਮੰਤਰੀ ਅਤੇ ਹੋਰ ਪਤਵੰਤਿਆਂ ਦਾ ਸਵਾਗਤ ਕੀਤਾ। ਇਸ ਮੌਕੇ ਵਿਧਾਇਕ ਸਰਵਣ ਸਿੰਘ ਧੁੰਨ, ਸੀਨੀਅਰ ਆਪ ਆਗੂ ਤਲਬੀਰ ਸਿੰਘ ਗਿੱਲ ਅਤੇ ਹੋਰ ਆਗੂ ਮੌਜੂਦ ਸਨ।

### ਸੇਬਾਂ ਦੇ ਸੀਜ਼ਨ ਨੇ ...

ਦਾਨਿਸ਼ ਵੀ ਫੜਿਆ ਗਿਆ ਸੀ, ਜਿਸ ਨੂੰ ਨਬੀ ਨੇ ਆਤਮਘਾਤੀ ਹਮਲਾਵਰ ਬਣਨ ਲਈ ਬ੍ਰੇਨਵਾਸ਼ ਕੀਤਾ ਸੀ, ਪਰ ਉਹ ਆਪਣੀ ਮਾੜੀ ਆਰਥਕ ਹਾਲਤ ਅਤੇ ਇਸ ਵਿਸ਼ਵਾਸ ਕਾਰਨ ਪਿੱਛੇ ਹਟ ਗਿਆ ਕਿ ਇਸਲਾਮ ਵਿੱਚ ਖ਼ੁਦਕੁਸ਼ੀ ਮਨ੍ਹਾ ਹੈ। ਅਧਿਕਾਰੀਆਂ ਅਨੁਸਾਰ ਨਬੀ 6 ਦਸੰਬਰ ਨੂੰ ਬਾਬਰੀ ਮਸਜਿਦ ਦੀ ਬਰਸੀ ਮੌਕੇ ਦਿੱਲੀ ਜਾਂ ਕਿਸੇ ਧਾਰਮਕ ਸਥਾਨ 'ਤੇ ਵੱਡਾ ਧਮਾਕਾ ਕਰਨ ਦੀ ਯੋਜਨਾ ਬਣਾ ਰਿਹਾ ਸੀ। ਇਹ ਸਾਰਾ ਨੈੱਟਵਰਕ ਉਦੋਂ ਬੇਨਕਾਬ ਹੋਇਆ, ਜਦੋਂ 19 ਅਕਤੂਬਰ 2025 ਨੂੰ ਸ੍ਰੀਨਗਰ ਦੇ ਨੌਗਾਮ ਵਿੱਚ ਜੈਸ਼-ਏ-ਮੁਹੰਮਦ ਦੇ ਪੋਸਟਰ ਦਿਖਾਈ ਦਿੱਤੇ, ਜਿਸ ਤੋਂ ਬਾਅਦ ਹੋਈ ਬਾਰੀਕੀ ਨਾਲ ਜਾਂਚ ਨੇ ਕਸ਼ਮੀਰ, ਹਰਿਆਣਾ ਅਤੇ ਯੂ ਪੀ ਵਿੱਚ ਫੈਲੇ ਇਸ ਖਤਰਨਾਕ ਅੱਤਵਾਦੀ ਨੈੱਟਵਰਕ ਦਾ ਅੰਤ ਕਰ ਦਿੱਤਾ।

### ਥਾਣਿਆਂ ਤੇ ਹੋਰ...

ਦਾ ਮੌਕਾ ਦਿੱਤਾ ਜਾਵੇਗਾ। ਜ਼ਬਤ ਕੀਤੇ ਵਾਹਨਾਂ ਨੂੰ ਸਾਰੇ ਲਾਜ਼ਮੀ ਕਾਨੂੰਨੀ ਦਸਤਾਵੇਜ਼ ਪੂਰੇ ਕਰਨ ਤੋਂ ਬਾਅਦ ਹੀ ਤਬਦੀਲ ਕੀਤਾ ਜਾਵੇਗਾ, ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਕਿਸੇ ਵੀ ਰੂਪ ਵਿੱਚ ਨਿਆਂਇਕ ਪ੍ਰਕਿਰਿਆਵਾਂ ਪ੍ਰਭਾਵਤ ਨਾ ਹੋਣ।ਅਰੋੜਾ ਨੇ ਲੋਕਾਂ ਨੂੰ ਇਸ ਸ਼ਹਿਰ ਵਿਆਪੀ ਸਫਾਈ ਅਤੇ ਸੁਰੱਖਿਆ ਮੁਹਿੰਮ ਵਿੱਚ ਸਹਿਯੋਗ ਕਰਨ ਦੀ ਅਪੀਲ ਕੀਤੀ। ਵਾਹਨ ਮਾਲਕਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਸੰਬੰਧਤ ਪੁਲਸ ਥਾਣਿਆਂ ਅਤੇ ਨਗਰ ਨਿਗਮ ਅਧਿਕਾਰੀਆਂ ਨਾਲ ਆਪਣੇ ਪੱਧਰ 'ਤੇ ਗੱਲਬਾਤ ਕਰਕੇ ਉਨ੍ਹਾਂ ਵੱਲੋਂ ਛੱਡੇ ਗਏ ਵਾਹਨਾਂ ਦੀ ਸਥਿਤੀ ਦਾ ਪਤਾ ਲਗਾਉਣ।ਮੰਤਰੀ ਨੇ ਕਿਹਾ, 'ਇਹ ਪਹਿਲ ਸੁਰੱਖਿਅਤ, ਸਾਫ਼-ਸੁਥਰੇ ਅਤੇ ਬਿਹਤਰ ਢੰਗ ਨਾਲ ਸੰਗਠਿਤ ਸ਼ਹਿਰਾਂ ਪ੍ਰਤੀ ਸਾਡੀ ਸਰਕਾਰ ਦੀ ਦ੍ਰਿੜ੍ਹ ਵਚਨਬੱਧਤਾ ਨੂੰ ਦਰਸਾਉਂਦੀ ਹੈ। ਸ਼ਹਿਰੀ ਜ਼ਮੀਨ ਇੱਕ ਕੀਮਤੀ ਜਨਤਕ ਸਰੋਤ ਹੈ ਅਤੇ ਇਸ ਦੀ ਵਰਤੋਂ ਜਨਤਕ ਭਲਾਈ ਲਈ ਕੁਸ਼ਲਤਾ ਨਾਲ ਕੀਤੀ ਜਾਣੀ ਚਾਹੀਦੀ ਹੈ।'

## ਜੁਲਕਾ 'ਚ ਸੈਂਕੜੇ ਲੋਕ ਕਾਂਗਰਸ ਛੱਡ 'ਆਪ' 'ਚ ਸ਼ਾਮਲ



**ਪਟਿਆਲਾ (ਰਜਿੰਦਰ ਸਿੰਘ ਥਿੰਦ)**-ਹਲਕਾ ਇੰਚਾਰਜ ਸਨੌਰ ਤੇ ਚੇਅਰਮੈਨ ਪੀਆਰਟੀਸੀ ਰਣਜੋਧ ਸਿੰਘ ਹਡਾਣਾ ਵੱਲੋਂ ਹਲਕਾ ਸਨੌਰ ਦੇ ਪਿੰਡ ਜੁਲਕਾ ਵਿੱਚ ਇੱਕ ਪ੍ਰਭਾਵਸ਼ਾਲੀ ਲੋਕ-ਸੰਪਰਕ ਮੀਟਿੰਗ ਕੀਤੀ ਗਈ, ਜਿਸ ਵਿੱਚ ਇਲਾਕੇ ਦੇ ਸੈਂਕੜੇ ਨੌਜਵਾਨਾਂ ਤੇ ਬਜ਼ੁਰਗਾਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ।ਇਸ ਮੀਟਿੰਗ ਦੌਰਾਨ ਪੰਜਾਬ ਦੇ ਮਾਨਯੋਗ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਲੋਕ-ਹਤੈਸ਼ੀ ਨੀਤੀਆਂ ਤੇ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸਕਾਰੀ ਕੰਮਾਂ 'ਤੇ ਭਰੋਸਾ ਜਤਾਉਂਦੇ ਹੋਏ ਕਈ ਪਰਿਵਾਰਾਂ ਨੇ ਕਾਂਗਰਸ ਪਾਰਟੀ ਨੂੰ ਛੱਡ ਕੇ ਆਮ ਆਦਮੀ ਪਾਰਟੀ ਦਾ ਪੱਲਾ ਫੜਿਆ।ਇਸ ਮੌਕੇ ਰਣਜੋਧ ਸਿੰਘ ਹਡਾਣਾ ਨੇ ਨਵੇਂ ਸ਼ਾਮਲ ਹੋਏ ਮੈਂਬਰਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਪਾਰਟੀ ਹਮੇਸ਼ਾ ਹੀ ਆਮ ਲੋਕਾਂ ਦੀ ਆਵਾਜ਼ ਬਣ ਕੇ ਕੰਮ ਕਰਦੀ ਆਈ ਹੈ।ਉਨ੍ਹਾਂ ਭਰੋਸਾ ਦਿਵਾਇਆ ਕਿ ਹਲਕਾ ਸਨੌਰ ਦੀ ਤਰੱਕੀ ਲਈ ਸਾਰਿਆਂ ਨੂੰ ਨਾਲ ਲੈ ਕੇ ਇਤਿਹਾਸਕ ਵਿਕਾਸਕਾਰੀ ਕੰਮ ਕੀਤੇ ਜਾਣਗੇ।ਉਨ੍ਹਾਂ ਕਿਹਾ ਕਿ ਲੋਕਾਂ ਦਾ ਇਹ ਭਰੋਸਾ ਪਾਰਟੀ ਲਈ ਵੱਡੀ ਜ਼ਿੰਮੇਵਾਰੀ ਹੈ, ਜਿਸ 'ਤੇ ਉਹ ਖਰੇ ਉਤਰਣਗੇ।ਆਮ ਆਦਮੀ ਪਾਰਟੀ 'ਚ ਸ਼ਾਮਲ ਹੋਣ ਵਾਲਿਆਂ ਵਿੱਚ ਜਸਵਿੰਦਰ ਤੇ ਉਸ ਦਾ ਪਰਿਵਾਰ, ਸੁਨੀਤਾ ਪਤਨੀ ਰਿਕੂ, ਸੋਨੀਆ ਰਾਣੀ ਪਤਨੀ ਹੈਪੀ ਸਿੰਘ, ਮੀਨਾਕਸ਼ੀ ਦੇਵੀ ਪਤਨੀ ਮੋਨੀ, ਅਵੈ ਕੁਮਾਰ, ਧਰਮ ਸਿੰਘ, ਕੁਲਦੀਪ ਸਿੰਘ ਸਪੁੱਤਰ ਧਰਮ ਸਿੰਘ, ਦਵਿੰਦਰ ਸਿੰਘ ਸਪੁੱਤਰ ਧਰਮਾ, ਲਖਵਿੰਦਰ ਸਿੰਘ, ਬੂਟਾ ਸਿੰਘ ਸਪੁੱਤਰ ਜੈਪਾਲ, ਕਰਮ ਸਿੰਘ ਸਪੁੱਤਰ ਜਗੀਰ ਸਿੰਘ, ਗੋਜ਼ੇ, ਪ੍ਰਿਥੀ ਸਿੰਘ, ਬਲਵਿੰਦਰ ਸਿੰਘ, ਗੁਰਮੀਤ ਸਿੰਘ, ਗੁਰਪਾਲ ਸਿੰਘ ਦੁੱਧੀ ਮਾਜਰਾ, ਪ੍ਰੀਤਮ ਸਿੰਘ, ਅਮਰੀਕ ਸਿੰਘ, ਬੂਟਾ ਸਿੰਘ ਜੁਲਕਾ, ਨਰੇਸ਼ ਕੁਮਾਰ, ਸੋਨੂੰ, ਅਮਰ ਸਿੰਘ ਸਾਬਕਾ ਸਰਪੰਚ, ਟੋਨੀ, ਹੈਪੀ, ਅਜੈ ਮਸੀਹ ਹਾਜੀਪੁਰ, ਗੁਰਪ੍ਰੀਤ ਸਿੰਘ ਦੁਧਣ ਸਾਧਾ, ਪਰਵਿੰਦਰ ਸਿੰਘ, ਸ਼ਮਸ਼ੇਰ ਸਿੰਘ, ਸ਼ੇਰ ਸਿੰਘ, ਜਗਤ ਰਾਜਪੂਤ ਸਮੇਤ ਲਬੂ, ਅਰਜਨ ਤੇ ਹੋਰ ਕਈ ਵਿਸ਼ੇਸ਼ ਰੂਪ ਵਿੱਚ ਅੱਗੇ ਰਹੇ।

## ਰੇਲਵੇ ਫਾਟਕ ਸੀ-62 'ਤੇ ਖਿਲਰੇ ਪੱਥਰਾਂ ਨੇ ਸ਼ਹਿਰ ਵਾਸੀਆਂ ਦੀ ਵਧਾਈ ਮੁਸੀਬਤ

### ਧੂਰੀ ਵਿਕਾਸ ਮੰਚ ਵੱਲੋਂ ਤੁਰੰਤ ਸੁਧਾਰ ਦੀ ਮੰਗ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਧੂਰੀ ਰੇਲਵੇ ਸਟੇਸ਼ਨ ਦੇ ਨਵੀਨੀਕਰਨ ਤੇ ਪਟੜੀਆਂ ਵਿਛਾਉਣ ਦੇ ਕੰਮ ਕਾਰਨ ਸ਼ਹਿਰ ਵਾਸੀਆਂ ਨੂੰ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਧੂਰੀ ਵਿਕਾਸ ਮੰਚ (ਰਜਿ.) ਨੇ ਇਸ ਸਬੰਧੀ ਰੇਲਵੇ ਵਿਭਾਗ ਦੇ ਉੱਚ ਅਧਿਕਾਰੀਆਂ ਨੂੰ ਪੱਤਰ ਲਿਖ ਕੇ ਫਾਟਕ ਨੰਬਰ ਸੀ-62 ਦੀ ਜਾਨਲੇਵਾ ਹਾਲਤ ਵੱਲ ਤੁਰੰਤ ਧਿਆਨ ਦੇਣ ਦੀ ਅਪੀਲ ਕੀਤੀ ਹੈ।ਮੰਚ ਦੇ ਨੁਮਾਇੰਦਿਆਂ ਨੇ ਦੱਸਿਆ ਕਿ ਸਟੇਸ਼ਨ 'ਤੇ ਚੱਲ ਰਹੇ ਕੰਮ ਕਾਰਨ ਮੁੱਖ 'ਡਬਲ ਫਾਟਕ' ਬੰਦ ਕਰ ਦਿੱਤੇ ਗਏ ਹਨ, ਜਿਸ ਕਾਰਨ ਪੂਰੇ ਸ਼ਹਿਰ ਦੀ ਆਵਾਜਾਈ ਦਾ ਬੋਝ ਹੁਣ ਫਾਟਕ ਨੰਬਰ ਸੀ-62 'ਤੇ ਆ ਗਿਆ ਹੈ।ਇਹ ਰਸਤਾ ਸ਼ਹਿਰ ਦੇ ਦਿਲ ਵਿੱਚੋਂ ਲੰਘਦਾ ਹੈ, ਪਰ ਇਸ ਦੀ ਮੌਜੂਦਾ ਹਾਲਤ ਸੁਰੱਖਿਅਤ ਨਹੀਂ ਹੈ।ਸ਼ਿਕਾਇਤ ਮੁਤਾਬਕ ਫਾਟਕ ਦੇ ਵਿਚਕਾਰ ਰੇਲਵੇ ਵਿਭਾਗ ਵੱਲੋਂ ਪੱਥਰ ਖਿਲਾਰੇ ਗਏ ਹਨ। ਉੱਚੀ-ਨੀਵੀਂ ਸੜ੍ਹਾ ਕਾਰਨ ਦੋ-ਪਹੀਆ ਵਾਹਨ ਤੇ ਸਾਈਕਲ ਸਵਾਰ ਲਗਾਤਾਰ ਡਿੱਗ ਕੇ ਜ਼ਖ਼ਮੀ ਹੋ ਰਹੇ ਹਨ।ਧੂਰੀ ਵਿਕਾਸ ਮੰਚ ਨੇ ਰੇਲਵੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਲੋਕਾਂ ਦੀ ਸੁਰੱਖਿਆ ਨੂੰ ਮੁੱਖ ਰੱਖਦਿਆਂ ਇਸ ਫਾਟਕ ਉੱਪਰ ਤੁਰੰਤ ਕੰਕਰੀਟ ਜਾਂ ਲੁੱਕ ਦੀ ਅਸਥਾਈ ਸੜਕ ਬਣਾਈ ਜਾਵੇ।ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਜਲਦ ਕੋਈ ਠੋਸ ਕਦਮ ਨਾ ਚੁੱਕਿਆ ਗਿਆ ਤਾਂ ਕੋਈ ਵੱਡਾ ਹਾਦਸਾ ਵਾਪਰ ਸਕਦਾ ਹੈ, ਜਿਸ ਦੀ ਜ਼ਿੰਮੇਵਾਰੀ ਰੇਲਵੇ ਵਿਭਾਗ ਦੀ ਹੋਵੇਗੀ।

## ਲਹਿਰਾ ਪ੍ਰੈੱਸ ਕਲੱਬ ਦਾ ਗਠਨ



**ਲਹਿਰਾਗਾਗਾ (ਪਵਨ ਸ਼ਰਮਾ)**-ਲਹਿਰਾਗਾਗਾ ਤੋਂ ਵੱਖ ਵੱਖ ਅਖ਼ਬਾਰਾਂ ਲਈ ਕੰਮ ਕਰਦੇ ਪੱਤਰਕਾਰਾਂ ਨੇ ਆਪਣੇ ਹਿੱਤਾਂ ਦੀ ਰਾਖੀ ਲਈ ਇੱਕ ਪਲੇਟ ਫਾਰਮ 'ਤੇ ਇਕੱਠੇ ਹੁੰਦਿਆਂ 'ਲਹਿਰਾ ਪ੍ਰੈੱਸ ਕਲੱਬ' ਦਾ ਗਠਨ ਕੀਤਾ।ਇਸ ਸਬੰਧੀ ਰੱਖੀ ਗਈ ਅਹਿਮ ਬੈਠਕ ਵਿੱਚ ਵੱਖ ਵੱਖ ਅਖ਼ਬਾਰਾਂ ਦੇ ਪੱਤਰਕਾਰਾਂ ਨੇ ਸ਼ਿਰਕਤ ਕਰਦਿਆਂ ਪੱਤਰਕਾਰਾਂ ਦੀ ਬਿਹਤਰੀ, ਸੁਰੱਖਿਆ ਤੇ ਫ਼ੀਲਡ 'ਚ ਆਉਣ ਵਾਲੀਆਂ ਸਮੱਸਿਆਵਾਂ 'ਤੇ ਗੰਭੀਰਤਾ ਪੂਰਵਕ ਵਿਚਾਰ ਵਟਾਂਦਰਾ ਕੀਤਾ ਅਤੇ ਆਪਣੇ ਨਿੱਜੀ ਹਿੱਤਾਂ ਤੋਂ ਉੱਪਰ ਉੱਠ ਕੇ ਪੱਤਰਕਾਰਿਤਾ ਵਜੋਂ ਇੱਕ ਪਲੇਟਫਾਰਮ 'ਤੇ ਇਕੱਠਾ ਹੋਣ ਦਾ ਪ੍ਰਣ ਲਿਆ।ਇਸ ਉਪਰੰਤ 'ਲਹਿਰਾ ਪ੍ਰੈੱਸ ਕਲੱਬ' ਦੇ ਸਮੂਹ ਅਹੁਦੇਦਾਰਾਂ ਦੀ ਸਰਬਸੰਮਤੀ ਨਾਲ ਚੋਣ ਕੀਤੀ ਗਈ, ਜਿਸ ਵਿੱਚ ਅਸ਼ੋਕ ਗਰਗ ਕਲੱਬ ਦੇ ਪ੍ਰਧਾਨ, ਸ਼ੰਭੂ ਗੋਇਲ ਚੇਅਰਮੈਨ, ਪ੍ਰਵੀਨ ਖੋਖਰ ਸਰਪ੍ਰਸਤ, ਜਤਿੰਦਰ ਸਿੰਘ ਜਲੂਰ ਸੀਨੀਅਰ ਮੀਤ ਪ੍ਰਧਾਨ, ਨਰੇਸ਼ ਗਰਗ ਮੁੱਖ ਸਲਾਹਕਾਰ, ਵਿਜੇ ਗੋਇਲ ਖਜ਼ਾਨਚੀ, ਰਮੇਸ਼ਵਰ ਸ਼ਰਮਾ ਜਰਨਲ ਸਕੱਤਰ, ਭੀਮ ਸੈਨ ਪ੍ਰੈੱਸ ਸਕੱਤਰ ਚੁਣੇ ਗਏ। ਇਸ ਤੋਂ ਇਲਾਵਾ ਸੁਭਾਸ਼ ਜਿੰਦਲ, ਗੁਰਦੀਪ ਸਿੰਘ ਕੋਟੜਾ, ਮਦਨ ਸ਼ਰਮਾ, ਰਮਨ ਬਾਂਸਲ, ਪਵਨ ਸ਼ਰਮਾ, ਖੁਸ਼ਵਿੰਦਰ ਸ਼ਰਮਾ ਬਤੌਰ ਮੈਂਬਰ ਚੁਣੇ ਗਏ।ਚੋਣ ਉਪਰੰਤ ਸਮੂਹ ਅਹੁਦੇਦਾਰਾਂ ਨੇ ਕਲੱਬ ਵੱਲੋਂ ਸੌਂਪੀ ਗਈ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣ ਦਾ ਵਾਅਦਾ ਕਰਦਿਆਂ ਕਿਹਾ ਕਿ ਉਹ ਪੱਤਰਕਾਰਾਂ ਦੇ ਹਿੱਤਾਂ ਲਈ ਸੌਂਪੀ ਗਈ ਜ਼ਿੰਮੇਵਾਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ।

## ਲਾਲਾ ਕਸਤੂਰੀ ਲਾਲ ਵਿੱਦਿਆ ਮੰਦਰ 'ਚ ਸੰਸਕ੍ਰਿਤ ਗਿਆਨ ਪ੍ਰੀਖਿਆ ਦਾ ਸਫ਼ਲ ਆਯੋਜਨ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਲਾਲਾ ਕਸਤੂਰੀ ਲਾਲ ਸਰਵਹਿੱਤਕਾਰੀ ਸੀਨੀਅਰ ਸੈਕੰਡਰੀ ਵਿੱਦਿਆ ਮੰਦਰ ਵਿੱਚ ਵਿਦਿਆਰਥੀਆਂ ਦੇ ਬੌਧਿਕ ਤੇ ਸੱਭਿਆਚਾਰਕ ਵਿਕਾਸ ਨੂੰ ਧਿਆਨ ਵਿੱਚ ਰੱਖਦੇ ਹੋਏ ਸੰਸਕ੍ਰਿਤ ਗਿਆਨ ਪ੍ਰੀਖਿਆ ਦਾ ਸਫ਼ਲ ਆਯੋਜਨ ਕੀਤਾ ਗਿਆ।ਇਹ ਪ੍ਰੀਖਿਆ ਪ੍ਰਿੰਸੀਪਲ ਸੰਜੀਵ ਸ਼ਰਮਾ ਦੇ ਕੁਸ਼ਲ ਮਾਰਗਦਰਸ਼ਨ ਹੇਠ ਸੰਪੰਨ ਹੋਈ।ਇਸ ਪ੍ਰੀਖਿਆ ਵਿੱਚ ਤੀਜੀ ਤੋਂ ਬਾਰਵੀਂ ਜਮਾਤ ਤੱਕ ਦੇ ਸਾਰੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ।ਪ੍ਰੀਖਿਆ ਤੋਂ ਪਹਿਲਾਂ ਸੰਸਕ੍ਰਿਤੀ ਗਿਆਨ ਪ੍ਰੀਖਿਆ ਦੇ ਇੰਚਾਰਜ ਦੀਦੀ ਬੀਨਾ ਜਿੰਦਲ ਨੇ ਵਿਦਿਆਰਥੀਆਂ ਨੂੰ ਪ੍ਰਸ਼ਨ-ਪੱਤਰ ਨਾਲ ਸਬੰਧਤ ਜ਼ਰੂਰੀ ਜਾਣਕਾਰੀ ਦਿੱਤੀ, ਜਿਸ ਨਾਲ ਬੱਚਿਆਂ ਨੇ ਪ੍ਰੀਖਿਆ ਨੂੰ ਆਤਮਵਿਸ਼ਵਾਸ ਨਾਲ ਦਿੱਤਾ।ਪ੍ਰੀਖਿਆ ਦੌਰਾਨ ਹਰੇਕ ਕਲਾਸ ਵਿੱਚ ਕਲਾਸ ਇੰਚਾਰਜ ਅਧਿਆਪਕਾਂ ਦੀ ਮੌਜੂਦਗੀ ਯਕੀਨੀ ਬਣਾਈ ਗਈ, ਜਿਸ ਨਾਲ ਅਨੁਸ਼ਾਸਨ ਤੇ ਵਿਵਸਥਾ ਬਣੀ ਰਹੀ।ਇਸ ਮੌਕੇ ਪ੍ਰਿੰਸੀਪਲ ਸੰਜੀਵ ਸ਼ਰਮਾ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਸੰਸਕ੍ਰਿਤ ਤੇ ਗਿਆਨਵਰਧਕ ਪ੍ਰੀਖਿਆਵਾਂ ਬੱਚਿਆਂ ਵਿੱਚ ਭਾਰਤੀ ਸੱਭਿਆਚਾਰ, ਨੈਤਿਕ ਕਦਰਾਂ-ਕੀਮਤਾਂ ਤੇ ਬੌਧਿਕ ਸਮਰੱਥਾ ਦੇ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ।ਉਨ੍ਹਾਂ ਸਾਰੇ ਅਧਿਆਪਕਾਂ ਦੇ ਸਹਿਯੋਗ ਦੀ ਸ਼ਲਾਘਾ ਕੀਤੀ ਤੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਅਜਿਹੇ ਆਯੋਜਨਾਂ ਵਿੱਚ ਵੱਧ-ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਤ ਕੀਤਾ।ਸਕੂਲ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਪ੍ਰੇਮ ਪ੍ਰਕਾਸ਼ ਤੇ ਮੈਨੇਜਰ ਗੁਰਪ੍ਰੀਤ ਸਿੰਘ ਨੇ ਇਸ ਸਫ਼ਲ ਆਯੋਜਨ ਲਈ ਸਾਰੇ ਅਧਿਆਪਕਾਂ, ਵਿਦਿਆਰਥੀਆਂ ਤੇ ਆਯੋਜਨ ਨਾਲ ਜੁੜੇ ਸਾਰੇ ਮੈਂਬਰਾਂ ਨੂੰ ਵਧਾਈ ਦਿੱਤੀ।



ਪਿਛਲੇ ਸਾਲ ਸੜਕ ਹਾਦਸੇ ਵਿੱਚ ਮਾਰੇ ਗਏ 7 ਬੱਚਿਆਂ ਦੇ ਮਾਪਿਆਂ ਵੱਲੋਂ ਸਮਾਣਾ ਦੇ ਸਿਵਲ ਹਸਪਤਾਲ ਵਿੱਚ ਸਿਹਤ ਸੇਵਾਵਾਂ ਵਧਾਉਣ ਲਈ ਸਿਹਤ ਮੰਤਰੀ ਡਾ: ਬਲਬੀਰ ਸਿੰਘ ਨੂੰ ਮੰਗ ਪੱਤਰ ਦਿੰਦੇ ਹੋਏ ਸਚਿਨ ਲੂੰਬਾ ਤੇ ਹੋਰ। (ਫ਼ੋਟੋ ਤੇ ਵੇਰਵਾ : ਇਕਬਾਲ ਸਿੰਘ ਬੱਲ ਸਮਾਣਾ)

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਨਗਰ ਸੁਧਾਰ ਟਰੱਸਟ ਗੁਰਦਾਸਪੁਰ ਨੇ ਲਾਈ ਵਿਕਾਸ ਕੰਮਾਂ ਦੀ ਝੜੀ : ਚੇਅਰਮੈਨ ਰਾਜੀਵ ਸ਼ਰਮਾ



**ਗੁਰਦਾਸਪੁਰ, (ਜਨਕ ਮਹਾਜਨ)-** ਨਗਰ ਸੁਧਾਰ ਟਰੱਸਟ ਗੁਰਦਾਸਪੁਰ ਵੱਲੋਂ ਸ਼ਹਿਰ ਅੰਦਰ ਵਿਕਾਸ ਸਬੰਧੀ ਕਈ ਉਪਰਾਲੇ ਕੀਤੇ ਜਾ ਰਹੇ ਹਨ ਜਿਸ ਸਦਕਾ ਟਰੱਸਟ ਅਧੀਨ ਆਉਂਦੀਆਂ ਕਾਲੋਨੀਆਂ ਦੀ ਦਿੱਖ ਪਹਿਲਾਂ ਨਾਲੋਂ ਕਾਫੀ ਬਦਲ ਚੁੱਕੀ ਹੈ। ਨਗਰ ਸੁਧਾਰ ਟਰੱਸਟ ਗੁਰਦਾਸਪੁਰ ਦੁਆਰਾ ਕਰਵਾਏ ਗਏ ਕੰਮਾਂ ਦਾ ਵੇਰਵਾ ਦਿੰਦਿਆਂ ਚੇਅਰਮੈਨ ਰਾਜੀਵ ਸ਼ਰਮਾ ਨੇ ਦੱਸਿਆ ਕਿ ਸਕੀਮਾਂ ਅੰਦਰ ਕਈ ਨਵੇਂ ਅਤੇ ਅਧੂਰੇ ਉਸਾਰੀ ਦੇ ਪ੍ਰੋਜੈਕਟ ਮੁਕੰਮਲ ਕੀਤੇ ਜਾ ਰਹੇ ਹਨ। ਟਰੱਸਟ ਵਲੋਂ ਬਟਾਲਾ ਰੋਡ ਦੀ ਸਕੀਮ ਨੰਬਰ-1 ਵਿਖੇ ਟਰੱਸਟ ਦਾ ਦਫਤਰ ਬਣਾਇਆ ਜਾ ਰਿਹਾ ਹੈ, ਗੀਤਾ ਭਵਨ ਮੰਦਰ ਦੇ ਪਿਛਲੇ ਪਾਸੇ ਖਾਲੀ ਪਈ ਜਗ੍ਹਾ ਨੂੰ ਸਾਫ ਕਰਵਾ ਕੇ ਉਥੇ ਲੰਗਰ ਹਾਲ ਬਣਾਇਆ ਜਾ ਰਿਹਾ ਹੈ। ਨਵੇਂ ਬਣੇ ਬੱਸ ਅੱਡੇ 'ਤੇ 20×80 ਫੁੱਟ ਦਾ ਇੱਕ ਸ਼ੈੱਡ ਸਵਾਰੀਆਂ ਦੀ ਸਹੂਲਤ ਵਾਸਤੇ, ਬੱਸ ਅੱਡੇ ਦੀ ਇਮਾਰਤ 'ਤੇ ਗੁਬੰਦ, ਪਾਣੀ ਵਾਸਤੇ ਬੋਰ, ਛੱਤ 'ਤੇ ਟਾਈਲਾਂ ਲਗਾਈਆਂ ਗਈਆਂ, ਬੱਸ ਅੱਡੇ ਦੇ ਬਾਹਰ ਬਾਬਾ ਬੰਦਾ ਸਿੰਘ ਬਹਾਦਰ ਸਮਾਰਕ ਮੁਕੰਮਲ ਹੈ ਜਿਸ ਦਾ ਉਦਘਾਟਨ ਜਲਦੀ ਹੀ ਕੀਤਾ ਜਾਵੇਗਾ। ਉਨ੍ਹਾਂ ਇਹ ਵੀ ਦੱਸਿਆ ਕਿ ਨਵੇਂ ਬੱਸ ਅੱਡੇ ਨੇੜੇ ਪਾਰਕ ਦੀ ਕਮਰਸ਼ੀਅਲ ਸਾਈਟ 'ਤੇ 80 ਫੁੱਟ ਚੌੜੀ ਤੇ 900 ਫੁੱਟ ਲੰਬੀ ਸੜਕ ਬਣ ਕੇ ਤਿਆਰ ਹੈ ਅਤੇ ਇਸ ਵਿੱਚ ਫੁੱਟਪਾਥ ਦਾ ਕੰਮ ਚੱਲ ਰਿਹਾ ਹੈ। ਉਨ੍ਹਾਂ ਦੱਸਿਆ ਕਿ ਨੈਸ਼ਨਲ ਹਾਈਵੇ ਤੋਂ ਸਕੀਮ ਨੰਬਰ-7 ਵਿੱਚ ਦਾਖਲ ਹੁੰਦੇ ਹੀ ਲਗਭਗ ਸਾਢੇ ਤਿੰਨ ਏਕੜ ਜ਼ਮੀਨ ਵਿੱਚ ਪਾਰਕਿੰਗ ਬਣ ਰਹੀ ਹੈ ਜਿਸ ਵਿਚ ਸੀਮੈਂਟ ਦੀਆਂ ਸੜਕਾਂ ਬਣਾਈਆਂ ਜਾਣਗੀਆਂ ਅਤੇ ਲਾਈਟਾਂ ਵੀ ਲਗਾਈਆਂ ਜਾਣਗੀਆਂ। ਹਿੰਦੂ ਯੁਵਕ ਸਭਾ ਰਾਮ ਲੀਲਾ ਨਾਟਕ ਕਲੱਬ ਦੀ ਮੰਗ ਨੂੰ ਮੁੱਖ ਰੱਖਦੇ ਹੋਏ ਮੰਦਰ ਦੇ ਹੀ ਪਿਛਲੇ ਪਾਸੇ ਰਾਮਲੀਲਾ ਗਰਾਊਂਡ ਵਿਖੇ ਸਟੇਜ ਅਤੇ ਦੋ ਕਮਰੇ ਦੇ ਨਾਲ-ਨਾਲ ਚਾਰਦੀਵਾਰੀ ਵੀ ਕਰਵਾਈ ਜਾਵੇਗੀ। ਸਕੀਮ ਨੰਬਰ-7 ਵਿਖੇ ਸ਼ਹੀਦਾਂ ਦੀ ਯਾਦ ਵਿਚ ਬਣਾਇਆ ਪਾਰਕ ਵੀ ਬਣਾਇਆ ਗਿਆ ਹੈ। ਇਸ ਤੋਂ ਇਲਾਵਾ ਰੇਨ ਵਾਟਰ ਹਾਰਵੈਸਟਿੰਗ ਦਾ ਕੰਮ ਵੀ ਚੱਲ ਰਿਹਾ ਹੈ ਅਤੇ ਖਾਲੀ ਛੁੱਪੀ ਜਗ੍ਹਾ 'ਤੇ ਕਰੀਬ 5 ਫੁੱਟ ਮਿੱਟੀ ਭਰੀ ਗਈ ਹੈ। ਉਨ੍ਹਾਂ ਦੱਸਿਆ ਕਿ ਤਿੱਬੜੀ ਰੋਡ ਸਥਿਤ ਗੁਰਦੁਆਰਾ ਸ੍ਰੀ ਬਾਬਾ ਟਹਿਲ ਸਾਹਿਬ ਜੀ ਦੇ ਪਿਛਲੇ ਪਾਸੇ ਬਣੀ ਕਾਲੋਨੀ ਵਿਖੇ ਗਲੀਆਂ ਵਿਚ ਇੰਟਰਲਾਕ ਟਾਈਲਾਂ ਲਗਾਉਣ, ਸਕੀਮ ਨੰਬਰ-5 ਵਿਚ ਸੜਕਾਂ ਦੀ ਮੁਰੰਮਤ, ਸੀਵਰੇਜ ਦੇ ਕੰਮ ਜਲਦੀ ਹੀ ਨੇਪਰੇ ਚਾੜ੍ਹ ਦਿੱਤੇ ਜਾਣਗੇ। ਇਸ ਤੋਂ ਇਲਾਵਾ ਸ਼ਹਿਜ਼ਾਦਾ ਨੰਗਲ ਵਿਖੇ ਸੀਵਰੇਜ ਦੀਆਂ ਪਾਈਪਾਂ ਪਾਈਆਂ ਜਾਣੀਆਂ ਹਨ, ਰਾਮ ਸ਼ਰਨਮ ਆਸ਼ਰਮ ਦੀ ਗਲੀ ਨੰਬਰ-5 ਵਿਚ ਅਤੇ ਪਿੰਡ ਬਾਬੋਵਾਲ ਵਿਖੇ ਗਲੀਆਂ ਚ ਇੰਟਰਲਾਕ ਟਾਈਲਾਂ ਲਗਾਉਣ ਦੇ ਨਾਲ-ਨਾਲ ਸਕੀਮ ਨੰਬਰ-1 ਵਿਚ ਪਾਰਕਾਂ ਦੇ ਵਿਕਾਸ ਦਾ ਕੰਮ, ਬਟਾਲਾ ਰੋਡ ਸਥਿਤ ਗੋਬਿੰਦ ਨਗਰ ਦੀ ਬੈਕ ਸਾਈਡ ਇਨਕਮ ਟੈਕਸ ਦਫਤਰ ਵਿਖੇ ਗਲੀਆਂ ਵਿਚ ਇੰਟਰਲਾਕ ਟਾਈਲਾਂ ਵੀ ਜਲਦ ਲਗਾ ਦਿੱਤੀਆਂ ਜਾਣਗੀਆਂ। ਇਸ ਮੌਕੇ ਉਨ੍ਹਾਂ ਦੇ ਨਾਲ ਮਨੋਜ ਸ਼ਰਮਾ ਕਾਰਜਸਾਧਕ ਅਫਸਰ, ਅਨੁਰਾਗ ਸ਼ਰਮਾ ਜੇ.ਈ., ਸੁਰਿੰਦਰ ਸਿੰਘ ਹੈਡ ਡਰਾਫਟਮੈਨ, ਰਾਜ ਕੁਮਾਰ ਸੀਨੀਅਰ ਕਲਰਕ ਆਦਿ ਹਾਜ਼ਰ ਸਨ।

# ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਭੋਜਰਾਜ 'ਚ 21 ਮੈਂਬਰੀ ਕਮੇਟੀ ਦਾ ਗਠਨ

## ਸੁਖਦੇਵ ਸਿੰਘ ਚਾਹਲ ਪ੍ਰਧਾਨ ਅਤੇ ਮਲਕੀਤ ਸਿੰਘ ਸਕੱਤਰ ਬਣੇ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)-** ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ੋਨ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਧਾਰੀਵਾਲ ਦੇ ਪ੍ਰਧਾਨ ਹਰਚਰਨ ਸਿੰਘ ਧਾਰੀਵਾਲ ਕਲਾਂ, ਸਕੱਤਰ ਸਤਨਾਮ ਸਿੰਘ ਖਾਨਮੱਲਕ ਤੇ ਕੋਰ ਕਮੇਟੀ ਦੇ ਮੈਂਬਰ ਮੇਜਰ ਸਿੰਘ ਬਲਦੇਵ ਸਿੰਘ, ਗੁਰਦੀਪ ਸਿੰਘ, ਕਸਮੀਰ ਸਿੰਘ, ਪ੍ਰਗਟ ਸਿੰਘ, ਅਮਰੀਕ ਸਿੰਘ ਤੇ ਹੇਮ ਸਿੰਘ ਦੀ ਅਗਵਾਈ ਵਿੱਚ ਪਿੰਡ ਭੋਜਰਾਜ ਵਿਖੇ ਮੀਟਿੰਗ ਹੋਈ। ਮੀਟਿੰਗ ਦੌਰਾਨ ਕਿਸਾਨ ਮਜ਼ਦੂਰ ਆਗੂਆਂ ਨੇ ਵੱਖ ਵੱਖ ਮੁੱਦਿਆਂ 'ਤੇ ਵਿਚਾਰਾਂ ਕਰਦਿਆਂ ਬਿਜਲੀ ਸੋਧ ਬਿੱਲ-2025, ਜੀ ਰਾਮ ਜੀ ਐਕਟ, ਬੀਜ ਸੋਧ ਬਿੱਲ ਆਦਿ ਲੋਕ ਮਾਰੂ ਕਾਲੇ ਕਾਨੂੰਨਾਂ ਨੂੰ ਮੁੱਢ ਤੋਂ ਰੱਦ ਕਰਦਿਆਂ ਕਿਹਾ ਚਿਤਾਵਨੀ ਦਿੱਤੀ ਹੈ ਕਿ ਜੇ ਸਰਕਾਰ ਨੇ ਇਹ ਕਾਲੇ ਰੱਦ ਨਾ ਕੀਤੇ ਤਾਂ ਆਉਣ ਸੰਘਰਸ਼ ਹੋਰ ਤੇਜ਼ ਕਰਾਂਗੇ। ਉਨ੍ਹਾਂ ਨੇ ਹੱਕ, ਸੱਚ, ਨਸ਼ਲਾਂ, ਫਸਲਾਂ, ਸਮਾਜ ਤੇ ਪੰਜਾਬ ਨੂੰ ਬਚਾਉਣ ਲਈ ਲੋਕਾਂ ਨੂੰ ਜੱਥੇਬੰਦਕ ਹੋਣ ਦਾ ਸੱਦਾ ਦਿੱਤਾ। ਇਸ ਮੌਕੇ ਪਿੰਡ ਭੋਜਰਾਜ ਵਿੱਚ ਜਥੇਬੰਦੀ ਦੀ ਨਵੀਂ ਕਮੇਟੀ ਦਾ ਗਠਨ ਕੀਤਾ ਗਿਆ ਜਿਸ ਵਿੱਚ ਸਰਬਸੰਮਤੀ ਨਾਲ ਪਿੰਡ ਭੋਜਰਾਜ ਇਕਾਈ ਦੇ ਪ੍ਰਧਾਨ ਸੁਖਦੇਵ ਸਿੰਘ ਚਾਹਲ, ਸਕੱਤਰ ਮਲਕੀਤ ਸਿੰਘ, ਖਜ਼ਾਨਚੀ ਪਲਵਿੰਦਰ ਸਿੰਘ, ਪ੍ਰੈਸ ਸਕੱਤਰ ਮਨਜਿੰਦਰ ਸਿੰਘ, ਸੀਨੀਅਰ ਮੀਤ ਪ੍ਰਧਾਨ ਸਲਵਿੰਦਰ, ਮੀਤ ਪ੍ਰਧਾਨ ਹਰਪ੍ਰੀਤ ਸਿੰਘ, ਸਲਾਹਕਾਰ ਗੁਰਮੁੱਖ ਸਿੰਘ, ਜੱਥੇਬੰਧਕ ਸਕੱਤਰ ਭਜਨ ਲਾਲ, ਪ੍ਰਚਾਰ ਸਕੱਤਰ ਲੱਕੀ ਕੁਮਾਰ, ਲੰਗਰ ਇੰਚਾਰਜ ਸੁਰਜੀਤ ਸਿੰਘ, ਸਹਾਇਕ ਖਜ਼ਾਨਚੀ ਪਲਵਿੰਦਰ ਸਿੰਘ ਨੋਨੀ, ਸਹਾਇਕ ਪ੍ਰੈਸ ਸਕੱਤਰ ਸਾਹਿਬ ਸਿੰਘ, ਸਹਾਇਕ ਸਲਾਹਕਾਰ ਗੁਰਪ੍ਰੀਤ ਸਿੰਘ, ਸਹਾਇਕ ਜੱਥੇਬੰਦਕ ਸਤਨਾਮ, ਸਹਾਇਕ ਪ੍ਰਚਾਰ ਸਕੱਤਰ ਮਨਿੰਦਰ ਸਿੰਘ, ਸਹਾਇਕ ਸਕੱਤਰ ਅਜੀਤ ਲਾਲ, ਸਹਾਇਕ ਲੰਗਰ ਇੰਚਾਰਜ ਅਮਨਦੀਪ ਸਿੰਘ ਚੁਣੇ ਗਏ। ਇਨ੍ਹਾਂ ਤੋਂ ਇਲਾਵਾ ਵਲੰਟੀਅਰ ਅਕਾਸ਼ਦੀਪ ਸਿੰਘ, ਗੁਰਮੀਤ ਸਿੰਘ, ਮੱਖਣ ਸਿੰਘ, ਕਿਰਨਜੀਤ ਸਿੰਘ ਆਦਿ ਨੇ ਵੀ ਆਪੋ ਆਪਣੀ ਡਿਊਟੀ ਸੰਭਾਲੀ। ਚੁਣੀ ਟੀਮ ਨੇ ਜੱਥੇਬੰਦੀ ਦੇ ਅਸੂਲਾਂ 'ਤੇ ਪਹਿਰਾ ਦੇਣ ਅਤੇ ਜਥੇਬੰਦੀ ਦੇ ਹਰ ਸੰਘਰਸ਼ ਵਿੱਚ ਪੂਰਨ ਸਹਿਯੋਗ ਦੇਣ ਦਾ ਵਿਸ਼ਵਾਸ ਦਿੱਤਾ।

# ਪੈਦਲ ਜਾ ਰਹੇ ਵਿਅਕਤੀ ਨੂੰ ਗੱਡੀ ਨੇ ਟੱਕਰ ਮਾਰੀ, ਮਾਮਲਾ ਦਰਜ

**ਗੁਰਦਾਸਪੁਰ, (ਜਨਕ ਮਹਾਜਨ)-** ਥਾਣਾ ਦੋਰਾਂਗਲਾ ਪੁਲਸ ਨੇ ਪੈਦਲ ਜਾ ਰਹੇ ਇਕ ਵਿਅਕਤੀ ਨੂੰ ਟੱਕਰ ਮਾਰਨ ਵਾਲੇ ਗੱਡੀ ਚਾਲਕ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਮਹਿੰਦਰ ਸਿੰਘ ਪੁੱਤਰ ਕਰਨੈਲ ਸਿੰਘ ਵਾਸੀ ਤਾਜਪੁਰ ਨੇ ਦੱਸਿਆ ਕਿ ਮਿਤੀ 13 ਜਨਵਰੀ ਨੂੰ ਮੈਂ ਆਪਣੇ ਪਿਤਾ ਕਰਨੈਲ ਸਿੰਘ ਨਾਲ ਆਪਣੇ ਖੇਤਾਂ ਵਿੱਚ ਗੇੜਾ ਮਾਰ ਕੇ ਪੈਦਲ ਆ ਰਹੇ ਸੀ ਕਿ ਇਕ ਮਹਿੰਦਰਾ ਬਲੈਰੋ ਗੱਡੀ ਪੀਬੀ 06 ਬੀ.ਐਮ. 7588 ਜਿਸ ਨੂੰ ਵਿਜੇ ਕੁਮਾਰ ਪੁੱਤਰ ਕਰਨੈਲ ਚੰਦ ਵਾਸੀ ਇਸਲਾਮਪੁਰ ਚਲਾ ਰਿਹਾ ਸੀ, ਇਸ ਨੇ ਲਾਪਰਵਾਹੀ ਨਾਲ ਤੇਜ਼ ਰਫਤਾਰ ਗਲਤ ਸਾਈਡ ਲਿਆ ਕਿ ਮੇਰੇ ਪਿਤਾ ਦੇ ਵਿੱਚ ਮਾਰੀ ਜਿਸ ਕਾਰਨ ਮੇਰੇ ਪਿਤਾ ਦੇ ਕਾਫੀ ਸੱਟਾਂ ਲੱਗ ਗਈਆਂ। ਡਰਾਇਵਰ ਆਪਣੀ ਗੱਡੀ ਭਜਾ ਕੇ ਲੈ ਗਿਆ। ਮੈਂ ਆਪਣੇ ਪਿਤਾ ਨੂੰ ਸਵਾਰੀ ਦਾ ਪ੍ਰਬੰਧ ਕਰਕੇ ਅਬਰੋਲ ਹਸਪਤਾਲ ਗੁਰਦਾਸਪੁਰ ਦਾਖਲ ਕਰਵਾਇਆ ਜਿਥੋਂ ਡਾਕਟਰਾਂ ਨੇ ਗੁਰੂ ਰਾਮ ਦਾਸ ਹਸਪਤਾਲ ਅੰਮ੍ਰਿਤਸਰ ਰੈਫਰ ਕਰ ਦਿੱਤਾ ਜਿਥੇ ਮੇਰਾ ਪਿਤਾ ਜ਼ੇਰੇ ਇਲਾਜ ਹੈ। ਥਾਣਾ ਦੋਰਾਂਗਲਾ ਪੁਲਸ ਨੇ ਗੱਡੀ ਚਾਲਕ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਅਧਿਆਪਕਾਂ ਨਾਲ ਵਾਪਰੇ ਹਾਦਸੇ ਉਪਰੰਤ ਵੱਖ-ਵੱਖ ਆਗੂਆਂ ਸਕੂਲਾਂ ਦਾ ਸਮਾਂ ਘਟਾਉਣ ਦੀ ਮੰਗ ਉਠਾਈ

**ਫ਼ਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-** ਸੂਬੇ ਵਿੱਚ ਪੈ ਰਹੀ ਸੰਘਣੀ ਧੁੰਦ ਕਾਰਨ ਪਠਾਨਕੋਟ ਤੋਂ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਫਤਿਹਗੜ੍ਹ ਚੂੜੀਆਂ ਵਿਖੇ ਜਾ ਰਹੇ ਅਧਿਆਪਕਾਂ ਦੀ ਗੱਡੀ ਹਾਦਸਾਗ੍ਰਸਤ ਹੋ ਗਈ ਸੀ ਜਿਸ ਵਿੱਚ ਕੰਪਿਊਟਰ ਅਧਿਆਪਕ ਪ੍ਰਦੀਪ ਕੁਮਾਰ, ਪ੍ਰਵੀਨ ਕੁਮਾਰੀ ਲੈਕਚਰਾਰ ਕਾਮਰਸ, ਜਸਵਿੰਦਰ ਕੌਰ ਲੈਕਚਰਾਰ ਇੰਗਲਿਸ਼, ਸ਼ੈਲੀ ਸੈਣੀ ਸਾਇੰਸ ਮਿਸਟ੍ਰੈਸ, ਗੀਤਾ ਦੇਵੀ ਮੈਥ ਮਿਸਟ੍ਰੈਸ, ਜੋਤੀ ਤੇ ਹੋਰ ਅਧਿਆਪਕ ਬਹੁਤ ਗੰਭੀਰ ਜ਼ਖਮੀ ਹੋ ਗਏ, ਜਿਨ੍ਹਾਂ ਨੂੰ ਗੁਰਦਾਸਪੁਰ ਦੇ ਵੱਖ-ਵੱਖ ਹਸਪਤਾਲਾਂ ਵਿੱਚ ਲੋਕਾਂ ਦੀ ਮਦਦ ਨਾਲ ਦਾਖਿਲ ਕਰਵਾਇਆ ਗਿਆ।ਇਸ ਹਾਦਸੇ ਨੂੰ ਲੈ ਕੇ ਮਾਸਟਰ ਕੇਡਰ ਯੂਨੀਅਨ ਪੰਜਾਬ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਅਮਰਬੀਰ ਸਿੰਘ ਰੰਧਾਵਾ ਮੁਰੀਦਕੇ, ਪੰਜਾਬ ਐਜੂਕੇਸ਼ਨ ਸਰਵਿਸਸ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਪ੍ਰਿੰਸੀਪਲ ਸੁਖਵਿੰਦਰ ਸਿੰਘ ਅਤੇ ਸੂਬਾ ਜਨਰਲ ਸਕੱਤਰ ਪ੍ਰਿੰਸੀਪਲ ਅਨੀਤਾ ਅਰੋੜਾ ਨੇ ਸਰਕਾਰ ਪਾਸੋਂ ਸਾਂਝੇ ਰੂਪ ਵਿੱਚ ਪੁਰਜ਼ੋਰ ਮੰਗ ਕੀਤੀ ਕਿ ਅਧਿਆਪਕਾਂ ਤੇ ਵਿਦਿਆਰਥੀਆਂ ਦੀ ਸਿਹਤ ਅਤੇ ਸੁਰੱਖਿਆ ਦੇ ਮੱਦੇਨਜ਼ਰ ਸਕੂਲਾਂ ਦਾ ਸਮਾਂ ਹੋਰ ਘੱਟ ਕੀਤਾ ਜਾਵੇ ਤਾਂ ਜੋ ਅਜਿਹੀ ਘਟਨਾ ਦੁਬਾਰਾ ਨਾ ਵਾਪਰ ਸਕੇ। ਉਕਤ ਆਗੂਆਂ ਨੇ ਜ਼ਖ਼ਮੀ ਹੋਏ ਅਧਿਆਪਕਾਂ ਦਾ ਹਾਲ ਵੀ ਜਾਣਿਆ ਅਤੇ ਹਰ ਸੰਭਵ ਮਦਦ ਦਾ ਭਰੋਸਾ ਦਿੱਤਾ।ਆਗੂਆਂ ਕਿਹਾ ਕਿ ਸਰਕਾਰ ਸਰਦੀਆਂ ਦੇ ਮੌਸਮ ਨੂੰ ਧਿਆਨ ਵਿੱਚ ਰੱਖਦਿਆਂ ਵਿਦਿਆਰਥੀਆਂ ਅਤੇ ਸਟਾਫ਼ ਲਈ ਢੁੱਕਵੇਂ ਕਦਮ ਚੁੱਕੇ ਤਾਂ ਜੋ ਧੁੰਦ ਕਾਰਨ ਕੋਈ ਵੀ ਹਾਦਸੇ ਦਾ ਸ਼ਿਕਾਰ ਨਾ ਹੋ ਸਕੇ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਇੰਦਰਪਾਲ ਸਿੰਘ ਘਈ, ਸੀਨੀਅਰ ਮੀਤ ਪ੍ਰਧਾਨ ਕਰਮਜੀਤ ਵਾਸਦੇਵ, ਰਜਿੰਦਰ ਸਿੰਘ, ਸ਼ਮਸ਼ੇਰ ਸਿੰਘ ਰੰਧਾਵਾ, ਨਵਜੋਤ ਕਾਲਾ ਅਫਗਾਨਾ, ਸੁਖਦੇਵ ਸਿੰਘ, ਸੁਖਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਵਿਜੈ ਕੁਮਾਰ, ਜਗਵਿੰਦਰਜੀਤ ਸਿੰਘ, ਮੀਤ ਪ੍ਰਧਾਨ ਕਰਮਜੀਤ ਕੌਰ ਚੀਮਾ, ਸੰਦੀਪ ਸਿੰਘ ਆਦਿ ਨੇ ਸਰਕਾਰ ਕੋਲੋਂ ਸਕੂਲਾਂ ਦਾ ਸਮਾਂ ਹੋਰ ਘੱਟ ਕਰਨ ਦੀ ਮੰਗ ਕੀਤੀ।



# ਵਾਰਡ ਨੰਬਰ ਤੀਹ 'ਚ ਗਲੀ ਦਾ ਨਿਰਮਾਣ ਕਾਰਜ ਆਰੰਭ

**ਬਟਾਲਾ (ਡਾ. ਮਲਵਿੰਦਰ ਸਿੰਘ)-** ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਨੌਜਵਾਨ ਤੇ ਅਗਾਂਹਵਧੂ ਸੋਚ ਰੱਖਣ ਵਾਲੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਵੱਲੋਂ ਕੀਤੇ ਜਾ ਰਹੇ ਵਿਕਾਸ ਕੰਮਾਂ ਦੀ ਲੜੀ ਤਹਿਤ ਵਾਰਡ ਨੰਬਰ 30 ਵਿੱਚ ਗਲੀ ਬਣਾਉਣ ਦਾ ਕੰਮ ਸ਼ੁਰੂ ਕਰਵਾਇਆ ਗਿਆ।ਇਸ ਮੌਕੇ ਚੇਅਰਮੈਨ ਯਸ਼ਪਾਲ ਚੋਹਾਨ, ਚੇਅਰਮੈਨ ਮਾਨਿਕ ਮਹਿਤਾ, ਸੀਨੀਅਰ ਆਗੂ ਮਾਸਟਰ ਤਿਲਕ ਰਾਜ ਅਤੇ ਵਾਰਡ ਵਾਸੀ ਮੌਜੂਦ ਸਨ।ਇਸ ਮੌਕੇ ਗਲੀ ਦੇ ਵਸਨੀਕਾਂ ਨੇ ਗੱਲਬਾਤ ਕਰਦਿਆਂ ਕਿਹਾ ਕਿ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਵਿੱਚ ਲੋਕ ਹਿੱਤ ਲਈ ਵਿਕਾਸ ਕੰਮ ਕੀਤੇ ਜਾ ਰਹੇ ਹਨ ਅਤੇ ਲੋਕਾਂ ਦੀਆਂ ਚਿਰੋਕਣੀ ਮੰਗਾਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ। ਉਨਾਂ ਕਿਹਾ ਕਿ ਜਦ ਦੇ ਵਿਧਾਇਕ ਸ਼ੈਰੀ ਕਲਸੀ ਵਿਧਾਇਕ ਬਣੇ ਹਨ, ਉਨਾਂ ਵਲੋਂ ਪਹਿਲੇ ਦਿਨ ਤੋਂ ਹੀ ਹਲਕੇ ਦੇ ਵਿਕਾਸ ਦਾ ਕੰਮ ਸ਼ੁਰੂ ਕਰ ਦਿੱਤਾ ਗਿਆ ਅਤੇ ਉਹ ਦਿਨ ਰਾਤ ਵਿਕਾਸ ਕੰਮ ਕਰਵਾ ਰਹੇ ਹਨ।ਵਿਧਾਇਕ ਸ਼ੈਰੀ ਕਲਸੀ ਨੇ ਗੱਲਬਾਤ ਦੌਰਾਨ ਅੱਗੇ ਕਿਹਾ ਕਿ ਲੋਕਾਂ ਨੇ ਜੋ ਮੇਰੇ ਉੱਪਰ ਵਿਸ਼ਵਾਸ ਕਰਕੇ, ਮੈਨੂੰ ਸੇਵਾ ਕਰਨ ਦਾ ਮੌਕਾ ਦਿੱਤਾ ਹੈ, ਉਹ 24 ਘੰਟੇ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਨ।ਉਨ੍ਹਾਂ ਕਿਹਾ ਕਿ ਮੇਰੀ ਦਿਲੀ ਤਮੰਨਾ ਹੈ ਕਿ ਇਤਿਹਾਸਕ ਤੇ ਧਾਰਮਿਕ ਸ਼ਹਿਰ ਬਟਾਲਾ ਦੇ ਚਹੁਪੱਖੀ ਵਿਕਾਸ ਲਈ ਕੋਈ ਕਸਰ ਬਾਕੀ ਨਾ ਛੱਡੀ ਜਾਵੇ।ਉਨ੍ਹਾਂ ਕਿਹਾ ਲੋਕਾਂ ਦੇ ਸਹਿਯੋਗ ਨਾਲ ਕਰੀਬ ਚਾਰ ਦੇ ਕਾਰਜਕਾਲ ਦੌਰਾਨ ਵੱਖ-ਵੱਖ ਵਿਕਾਸ ਕੰਮ ਕੀਤੇ ਜਾ ਚੁੱਕੇ ਹਨ ਅਤੇ ਪੂਰੇ ਸ਼ਹਿਰ ਅੰਦਰ ਵਿਕਾਸ ਕੰਮ ਨਿਰੰਤਰ ਜਾਰੀ ਹਨ।



# ਅੰਤਰਰਾਸ਼ਟਰੀ ਬਾਰਡਰ 'ਤੇ ਲੱਗੀ ਕੰਡਿਆਲੀ ਤਾਰ ਨੂੰ 200 ਮੀਟਰ ਹੋਰ ਅੱਗੇ ਤੱਕ ਕੀਤਾ ਜਾਵੇਗਾ ਸ਼ਿਫਟ : ਧਾਲੀਵਾਲ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)** ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਮੁੱਖ ਬੁਲਾਰੇ ਕੁਲਦੀਪ ਧਾਲੀਵਾਲ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਕੇਂਦਰੀ ਗ੍ਰਹਿ ਮੰਤਰੀ ਨਾਲ ਮੀਟਿੰਗ ਕਰਕੇ ਸਰਹੱਦੀ ਕਿਸਾਨਾਂ ਦਾ ਦਹਾਕਿਆਂ ਪੁਰਾਣਾ ਮਸਲਾ ਹੱਲ ਕਰਵਾਉਣ ਲਈ ਧੰਨਵਾਦ ਕੀਤਾ ਹੈ।ਆਪ ਆਗੂ ਗੁਰਪ੍ਰਤਾਪ ਸਿੰਘ ਨਾਲ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਧਾਲੀਵਾਲ ਨੇ ਦੱਸਿਆ ਕਿ ਸਰਹੱਦ 'ਤੇ ਲੱਗੀ ਕੰਡਿਆਲੀ ਤਾਰ ਨੂੰ ਹੁਣ ਅੰਤਰਰਾਸ਼ਟਰੀ ਬਾਰਡਰ ਦੇ ਹੋਰ ਨੇੜੇ (200 ਮੀਟਰ ਤੱਕ) ਕਰ ਦਿੱਤਾ ਜਾਵੇਗਾ। ਇਸ ਇਤਿਹਾਸਕ ਫੈਸਲੇ ਨਾਲ ਪੰਜਾਬ ਦੀ 532 ਕਿਲੋਮੀਟਰ ਲੰਬੀ ਸਰਹੱਦ ਨਾਲ ਲੱਗਦੀ ਹਜ਼ਾਰਾਂ ਏਕੜ ਜ਼ਮੀਨ ਹੁਣ ਤਾਰ ਦੇ ਅੰਦਰ ਆ ਜਾਵੇਗੀ, ਜਿਸ ਨਾਲ ਕਿਸਾਨਾਂ ਨੂੰ ਖੇਤੀ ਕਰਨ ਵੇਲੇ ਹੋਣ ਵਾਲੀ ਖੱਜਲ-ਖੁਆਰੀ ਅਤੇ ਸਖ਼ਤ ਚੈਕਿੰਗ ਤੋਂ ਵੱਡੀ ਰਾਹਤ ਮਿਲੇਗੀ।ਕੁਲਦੀਪ ਧਾਲੀਵਾਲ ਨੇ ਕਿਹਾ ਕਿ ਪਹਿਲਾਂ ਕਿਸਾਨਾਂ ਨੂੰ ਆਪਣੀ ਹੀ ਜ਼ਮੀਨ ਵਾਹੁਣ ਲਈ ਸਵੇਰੇ 9 ਤੋਂ ਸ਼ਾਮ 4 ਵਜੇ ਤੱਕ ਦਾ ਸੀਮਤ ਸਮਾਂ ਦਿੱਤਾ ਜਾਂਦਾ ਸੀ ਅਤੇ ਔਰਤਾਂ ਸਮੇਤ ਸਾਰੇ ਕਾਮਿਆਂ ਨੂੰ ਸਖ਼ਤ ਤਲਾਸ਼ੀ ਵਿੱਚੋਂ ਗੁਜ਼ਰਨਾ ਪੈਂਦਾ ਸੀ। ਇਸ ਤੋਂ ਇਲਾਵਾ, ਤਾਰ ਦੇ ਦੂਜੇ ਪਾਸੇ ਕੋਈ ਟਿਊਬਵੈੱਲ ਕਨੈਕਸ਼ਨ ਨਾ ਹੋਣ ਕਾਰਨ ਕਿਸਾਨਾਂ ਨੂੰ ਭਾਰੀ ਨੁਕਸਾਨ ਹੁੰਦਾ ਸੀ। ਹੁਣ ਇਸ ਫੈਸਲੇ ਨਾਲ ਕਿਸਾਨ ਆਪਣੀ ਜ਼ਮੀਨ 'ਤੇ ਖੁੱਲ੍ਹ ਕੇ ਖੇਤੀ ਕਰ ਸਕਣਗੇ।ਉਨ੍ਹਾਂ ਅੱਗੇ ਦੱਸਿਆ ਕਿ ਮੁੱਖ ਮੰਤਰੀ ਸੋਮਵਾਰ ਮਜੀਠਾ ਵਿਖੇ ਰੈਲੀ ਕਰਨਗੇ ਅਤੇ ਭਲਕੇ ਅਜਨਾਲਾ ਵਿਖੇ ਇੱਕ ਨਵੇਂ ਕਾਲਜ ਦਾ ਨੀਂਹ ਪੱਥਰ ਰੱਖਣਗੇ, ਜਿੱਥੇ ਸਰਹੱਦੀ ਪਿੰਡਾਂ ਦੇ ਕਿਸਾਨ ਅਤੇ ਸਰਪੰਚ ਮੁੱਖ ਮੰਤਰੀ ਦਾ ਵਿਸ਼ੇਸ਼ ਸਨਮਾਨ ਕਰਨਗੇ।ਇਸ ਦੇ ਨਾਲ ਹੀ ਧਾਲੀਵਾਲ ਨੇ ਦੱਸਿਆ ਕਿ ਮੁੱਖ ਮੰਤਰੀ ਨੇ ਮੀਟਿੰਗ ਦੌਰਾਨ ਪੰਜਾਬ ਦੇ 10,000 ਕਰੋੜ ਰੁਪਏ ਦੇ ਰੁਕੇ ਹੋਏ ਆਰ.ਡੀ.ਐਫ. ਫੰਡ ਦਾ ਮੁੱਦਾ ਵੀ ਚੁੱਕਿਆ ਅਤੇ ਤੁਰੰਤ 25 ਫੀਸਦੀ ਰਕਮ ਜਾਰੀ ਕਰਨ ਦੀ ਮੰਗ ਕੀਤੀ, ਜਿਸ 'ਤੇ ਕੇਂਦਰ ਵੱਲੋਂ ਹਾਂ-ਪੱਖੀ ਹੁੰਗਾਰਾ ਮਿਲਿਆ ਹੈ। ਉਨ੍ਹਾਂ ਇਹ ਵੀ ਸਪੱਸ਼ਟ ਕੀਤਾ ਕਿ ਮੁਖ ਮੰਤਰੀ ਨੇ ਇਸ ਮੀਟਿੰਗ ਦੌਰਾਨ ਕੇਂਦਰ ਦੇ ਨਵੇਂ ਬੀਜ ਬਿੱਲ ਦਾ ਸਖ਼ਤ ਵਿਰੋਧ ਜਤਾਇਆ ਕਿਉਂਕਿ ਇਹ ਕਿਸਾਨਾਂ ਦੀ ਬਜਾਏ ਕਾਰਪੋਰੇਟ ਘਰਾਣਿਆਂ ਦੇ ਫਾਇਦੇ ਲਈ ਲਿਆਂਦਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਖੇਤੀ ਮਾਹਰਾਂ ਅਤੇ ਕਿਸਾਨਾਂ ਨੂੰ ਭਰੋਸੇ ਵਿੱਚ ਲਏ ਬਿਨਾਂ ਕਾਰਪੋਰੇਟ ਘਰਾਣਿਆਂ ਦੇ ਹਿੱਤ ਪੂਰਨ ਲਈ ਲਿਆਂਦੇ ਅਜਿਹੇ ਬਿੱਲ ਪੰਜਾਬ ਕਦੇ ਬਰਦਾਸ਼ਤ ਨਹੀਂ ਕਰੇਗਾ।ਉਨ੍ਹਾਂ ਕਿਹਾ ਕਿ ਮਾਨ ਸਰਕਾਰ ਪੰਜਾਬ ਅਤੇ ਕਿਸਾਨਾਂ ਦੇ ਹਿੱਤਾਂ ਲਈ ਲਗਾਤਾਰ ਲੜਾਈ ਲੜਦੀ ਰਹੇਗੀ।



# ਮਹਾਰਾਸ਼ਟਰ ਦੇ ਲੋਕਾਂ ਇਕ ਵਾਰ ਫਿਰ ਮੋਦੀ ਦੀਆਂ ਨੀਤੀਆਂ 'ਤੇ ਮੋਹਰ ਲਗਾਈ : ਹੀਰਾ ਵਾਲੀਆ

**ਬਟਾਲਾ (ਤਰਲੋਕ ਬੱਗਾ)-** ਮਹਾਰਾਸ਼ਟਰ ਵਿਚ ਹੋਈਆਂ ਚੋਣਾਂ ਦੌਰਾਨ ਲੋਕਾਂ ਨੇ ਇਕ ਵਾਰ ਫਿਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀਆਂ ਨੀਤੀਆਂ ਅਤੇ ਵਿਕਾਸ ਦੇ ਕੰਮਾਂ ਉਪਰ ਮੋਹਰ ਲਗਾ ਕੇ ਭਾਜਪਾ ਨੂੰ ਇਕ ਤਰਫਾ ਜਿੱਤ ਦੇ ਕੇ ਇਹ ਦੱਸ ਦਿੱਤਾ ਹੈ ਕਿ ਲੋਕ ਕੇਂਦਰ ਸਰਕਾਰ ਦੀਆਂ ਨੀਤੀਆਂ ਤੋਂ ਪੂਰੀ ਤਰ੍ਹਾਂ ਖੁਸ਼ ਹਨ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਭਾਜਪਾ ਬਟਾਲਾ ਦੇ ਜ਼ਿਲ੍ਹਾ ਪ੍ਰਧਾਨ ਹੀਰਾ ਵਾਲੀਆ ਨੇ ਆਪਣੇ ਦਫ਼ਤਰ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਹੀਰਾ ਵਾਲੀਆ ਨੇ ਕਿਹਾ ਕਿ ਦੇਸ਼ ਦੇ ਜ਼ਿਆਦਾਤਰ ਸੂਬਿਆਂ ਵਿਚ ਭਾਜਪਾ ਦੀ ਅਗਵਾਈ ਵਾਲੀ ਸਰਕਾਰ ਹੈ ਕਿਉਂਕਿ ਭਾਜਪਾ ਦਾ ਇੱਕੋ ਇਕ ਏਜੰਡਾ ਵਿਕਾਸ ਅਤੇ ਲੋਕਾਂ ਦੀ ਬੇਹਤਰੀ ਹੈ। ਉਨ੍ਹਾਂ ਕਿਹਾ ਕਿ ਮਹਾਰਾਸ਼ਟਰ ਦੇ ਲੋਕਾਂ ਨੇ ਜਿਸ ਤਰ੍ਹਾਂ ਵਿਧਾਨ ਸਭਾ ਚੋਣਾਂ ਵਿਚ ਕਾਂਗਰਸ ਅਤੇ ਉਸਦੇ ਸਹਿਯੋਗੀ ਦਲਾਂ ਦਾ ਪੂਰੀ ਤਰ੍ਹਾਂ ਸਫਾਇਆ ਕੀਤਾ ਉਸੇ ਤਰ੍ਹਾਂ ਹੀ ਹੁਣ ਲੋਕਲ ਚੋਣਾਂ ਵਿਚ ਵੀ ਵਿਰੋਧੀ ਪਾਰਟੀਆਂ ਨੂੰ ਪੂਰੀ ਤਰ੍ਹਾਂ ਨਕਾਰਿਆ ਹੈ। ਹੀਰਾ ਵਾਲੀਆ ਨੇ ਕਿਹਾ ਕਿ ਇਹ ਜਿੱਤ ਮਹਾਰਾਸ਼ਟਰ ਦੇ ਲੋਕਾਂ ਦੀ ਜਿੱਤ ਹੈ।ਉਨ੍ਹਾਂ ਅੱਗੇ ਕਿਹਾ ਕਿ ਜਿਸ ਤਰ੍ਹਾਂ ਦੇਸ਼ ਦੇ ਵੱਖ-ਵੱਖ ਸੂਬਿਆਂ ਵਿਚ ਤੇਜ਼ੀ ਨਾਲ ਭਾਜਪਾ ਦਾ ਵਿਸਥਾਰ ਹੋ ਰਿਹਾ ਹੈ ਅਤੇ ਸਾਰੀਆਂ ਹੀ ਚੋਣਾਂ ਵਿਚ ਭਾਜਪਾ ਜਿੱਤ ਦਾ ਝੰਡਾ ਗੱਡ ਰਹੀ ਹੈ ਉਸੇ ਤਰ੍ਹਾਂ ਹੀ ਹੁਣ ਪੰਜਾਬ ਅੰਦਰ ਵੀ ਭਾਜਪਾ 2027 ਦੀਆਂ ਚੋਣਾਂ ਵਿਚ ਜਿੱਤ ਹਾਸਲ ਕਰਕੇ ਆਪਣੀ ਸਰਕਾਰ ਬਣਾਏਗੀ। ਉਸ ਤੋਂ ਬਾਅਦ ਹੀ ਪੰਜਾਬ ਅੰਦਰ ਵਿਕਾਸ ਦਾ ਨਵਾਂ ਇਤਿਹਾਸ ਰਚਿਆ ਜਾਵੇਗਾ।



# ਗਣਤੰਤਰ ਦਿਵਸ ਸਮਾਰੋਹ ਸਬੰਧੀ ਰਿਹਰਸਲ ਹੋਈ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ):** ਡੇਰਾ ਬਾਬਾ ਨਾਨਕ ਦੇ ਤਹਿਸੀਲਦਾਰ ਲਕਸ਼ਮਣ ਸਿੰਘ ਵੱਲੋਂ ਕੀਤੇ ਗਏ ਆਦੇਸ਼ ਅਨੁਸਾਰ ਮਾਸਟਰ ਪਲਵਿੰਦਰ ਸਿੰਘ ਰੰਧਾਵਾ ਵੱਲੋਂ ਦੇਸ਼ ਦੇ 77ਵੇਂ ਗਣਤੰਤਰ ਦਿਵਸ ਸਮਾਰੋਹ ਨੂੰ ਬੜੇ ਉਤਸ਼ਾਹ ਅਤੇ ਚਾਵਾਂ ਨਾਲ ਮਨਾਉਣ ਸਬੰਧੀ ਡੇਰਾ ਬਾਬਾ ਨਾਨਕ ਦੀ ਦਾਣਾ ਮੰਡੀ ਵਿਖੇ ਰਿਹਰਸਲ ਹੋਈ।ਇਸ ਮੌਕੇ ਸਕੂਲੀ ਬੱਚਿਆਂ ਵੱਲੋਂ ਗਿੱਧਾ, ਭੰਗੜਾ ਅਤੇ ਹੋਰ ਕਈ ਤਰ੍ਹਾਂ ਦੀਆਂ ਗਤੀਵਿਧੀਆਂ ਕੀਤੀਆਂ ਗਈਆਂ ਅਤੇ ਬੱਚਿਆਂ ਵੱਲੋਂ ਪੀ. ਟੀ. ਸ਼ੋਅ ਦੇ ਨਾਲ ਪਰੇਡ ਵੀ ਕੀਤੀ ਗਈ।ਇਸ ਮੌਕੇ ਮਾਸਟਰ ਪਲਵਿੰਦਰ ਸਿੰਘ ਰੰਧਾਵਾ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਬ-ਡਵੀਜ਼ਨ ਪੱਧਰ 'ਤੇ 26 ਜਨਵਰੀ ਗਣਤੰਤਰ ਦਿਵਸ ਸਮਾਗਮ ਬਹੁਤ ਹੀ ਉਤਸ਼ਾਹ ਨਾਲ ਡੇਰਾ ਬਾਬਾ ਨਾਨਕ ਦੀ ਦਾਣਾ ਮੰਡੀ ਵਿਖੇ ਮਨਾਇਆ ਜਾਵੇਗਾ, ਜਿਸ ਦੀਆਂ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ।ਇਸ ਮੌਕੇ ਮਾਸਟਰ ਪਲਵਿੰਦਰ ਸਿੰਘ, ਡੀ. ਪੀ. ਰਾਮ ਸਰੂਪ ਅਤੇ ਡੀ. ਪੀ. ਅਨਿਲ ਕੁਮਾਰ ਵੱਲੋਂ ਅਹਿਮ ਭੂਮਿਕਾ ਨਿਭਾਉਂਦੇ ਹੋਏ ਪਰੇਡ ਵਿੱਚ ਹਿੱਸਾ ਲੈਣ ਵਾਲੀਆਂ ਟੁਕੜੀਆਂ ਨੂੰ ਅਨੁਸ਼ਾਸਨ ਅਤੇ ਤਾਲਮੇਲ ਬਾਰੇ ਜ਼ਰੂਰੀ ਦਿਸ਼ਾ-ਨਿਰਦੇਸ਼ ਦਿੱਤੇ ਗਏ।ਇਸ ਮੌਕੇ ਪ੍ਰੇਮ ਨਾਥ ਤੇ ਸਮੇਤ ਹੋਰ ਕਰਮਚਾਰੀ ਹਾਜ਼ਰ ਸਨ।

# ਦੋ ਦਿਨਾ ਸਕਿੱਲ ਆਧਾਰਿਤ ਲੀਡਰਸ਼ਿਪ ਪ੍ਰੋਗਰਾਮ ਦੀ ਸ਼ਾਨਦਾਰ ਸ਼ੁਰੂਆਤ

**ਗੁਰਦਾਸਪੁਰ, (ਜਨਕ ਮਹਾਜਨ)-** ਸਰਕਾਰੀ ਕਾਲਜ ਗੁਰਦਾਸਪੁਰ ਵਿਚ ਵਿਦਿਆਰਥੀਆਂ ਦੇ ਵਿਅਕਤੀਗਤ ਵਿਕਾਸ ਅਤੇ ਲੀਡਰਸ਼ਿਪ ਸਮਰੱਥਾ ਨੂੰ ਨਿਖਾਰਨ ਦੇ ਉਦੇਸ਼ ਨਾਲ ਕਰਵਾਏ ਜਾ ਰਹੇ ਦੋ ਦਿਨਾਂ ਦੇ ਸਕਿੱਲ ਅਧਾਰਿਤ ਲੀਡਰਸ਼ਿਪ ਪ੍ਰੋਗਰਾਮ ਦੀ ਪਹਿਲੇ ਦਿਨ ਸ਼ਾਨਦਾਰ ਸ਼ੁਰੂਆਤ ਹੋਈ। ਇਸ ਪ੍ਰੋਗਰਾਮ ਵਿਚ ਉਹ 50 ਚੁਣੇ ਹੋਏ ਵਿਦਿਆਰਥੀ ਭਾਗ ਲੈ ਰਹੇ ਹਨ, ਜਿਨ੍ਹਾਂ ਦੀ ਚੋਣ 15 ਜਨਵਰੀ ਨੂੰ ਹੋਏ ਸਕਿੱਲ ਟੈਸਟ ਰਾਹੀਂ ਕੀਤੀ ਗਈ ਸੀ। ਪ੍ਰੋਗਰਾਮ ਦੀ ਸ਼ੁਰੂਆਤ ਪ੍ਰੋਫੈਸਰ ਤਰਨਵੀਰ ਕੌਰ ਵੱਲੋਂ ਕਰਵਾਏ ਗਏ ਆਈਸ ਬ੍ਰੇਕਿੰਗ ਸੈਸ਼ਨ ਨਾਲ ਹੋਈ, ਜਿਸ ਨਾਲ ਵਿਦਿਆਰਥੀਆਂ ਵਿਚ ਉਤਸ਼ਾਹ, ਆਪਸੀ ਜਾਣ-ਪਛਾਣ ਅਤੇ ਖੁੱਲ੍ਹੇ ਤੌਰ 'ਤੇ ਭਾਗ ਲੈਣ ਦਾ ਮਾਹੌਲ ਤਿਆਰ ਹੋਇਆ। ਇਸ ਉਪਰੰਤ ਕਾਲਜ ਦੇ ਪ੍ਰਿੰਸੀਪਲ ਡਾ. ਅਸ਼ਵਨੀ ਕੁਮਾਰ ਭੱਲਾ ਨੇ ਆਪਣੇ ਭਾਸ਼ਣ ਵਿੱਚ ਕਿਹਾ ਕਿ ਅੱਜ ਦੇ ਯੁੱਗ ਵਿੱਚ ਸਿਰਫ਼ ਅਕਾਦਮਿਕ ਗਿਆਨ ਹੀ ਕਾਫ਼ੀ ਨਹੀਂ, ਸਗੋਂ ਲੀਡਰਸ਼ਿਪ, ਸੰਚਾਰ, ਟੀਮ ਵਰਕ, ਫੈਸਲਾ ਕਰਨ ਦੀ ਯੋਗਤਾ ਅਤੇ ਨੈਤਿਕ ਮੁੱਲ ਵਿਦਿਆਰਥੀਆਂ ਨੂੰ ਜੀਵਨ ਵਿੱਚ ਅੱਗੇ ਵਧਾਉਂਦੇ ਹਨ। ਉਨ੍ਹਾਂ ਨੇ ਕਿਹਾ ਕਿ ਇਹ ਪ੍ਰੋਗਰਾਮ ਵਿਦਿਆਰਥੀਆਂ ਨੂੰ ਆਪਣੇ ਆਪ ਨੂੰ ਸਮਝਣ, ਸੰਭਾਲਣ ਅਤੇ ਸਮਾਜ ਲਈ ਉਪਯੋਗੀ ਨਾਗਰਿਕ ਬਣਨ ਵੱਲ ਪ੍ਰੇਰਿਤ ਕਰੇਗਾ। ਪਹਿਲੇ ਦਿਨ ਦੇ ਸੈਸ਼ਨਾਂ ਦੌਰਾਨ ਵਿਦਿਆਰਥੀਆਂ ਲਈ ਮੈਂ ਇੱਕ ਨੇਤਾ ਦੇ ਰੂਪ ਵਿੱਚ ਕੌਣ ਹਾਂ? "ਆਤਮ-ਜਾਗਰੂਕਤਾ, ਆਤਮ-ਵਿਸ਼ਵਾਸ ਅਤੇ ਪ੍ਰਭਾਵਸ਼ਾਲੀ ਸੰਚਾਰ ਨਾਲ ਸਬੰਧਤ ਵਿਸ਼ਿਆਂ 'ਤੇ ਇੰਟਰਐਕਟਿਵ ਸੈਸ਼ਨ ਕਰਵਾਏ ਗਏ। ਗਰੁੱਪ ਚਰਚਾਵਾਂ, ਐਕਟੀਵਿਟੀਜ਼ ਅਤੇ ਰੋਲ ਪਲੇਅ ਰਾਹੀਂ ਵਿਦਿਆਰਥੀਆਂ ਨੂੰ ਆਪਣੀਆਂ ਸਮਰੱਥਾਵਾਂ ਨੂੰ ਪਛਾਣਨ ਅਤੇ ਨਿਖਾਰਨ ਦਾ ਮੌਕਾ ਮਿਲਿਆ। ਇਸ ਮੌਕੇ ਪ੍ਰੋਫੈਸਰ ਰਿਸ਼ੀ ਰਾਜ ਸ਼ਰਮਾ, ਪ੍ਰੋਫੈਸਰ ਅਸ਼ਵਨੀ ਭੱਲਾ, ਪ੍ਰੋਫੈਸਰ ਜਤਿੰਦਰ ਸਿੰਘ ਅਤੇ ਪ੍ਰੋਫੈਸਰ ਜਤਿਨ ਮਹਾਜਨ ਨੇ ਵਿਦਿਆਰਥੀਆਂ ਨਾਲ ਆਪਣੇ ਅਨੁਭਵ ਸਾਂਝੇ ਕਰਦੇ ਹੋਏ ਲੀਡਰਸ਼ਿਪ ਦੇ ਵਿਹਾਰਕ ਪੱਖਾਂ ਬਾਰੇ ਮਾਰਗਦਰਸ਼ਨ ਦਿੱਤਾ। ਵਿਦਿਆਰਥੀਆਂ ਨੇ ਸੈਸ਼ਨਾਂ ਵਿੱਚ ਬਹੁਤ ਉਤਸ਼ਾਹ ਨਾਲ ਭਾਗ ਲਿਆ ਅਤੇ ਆਪਣੇ ਵਿਚਾਰ ਨਿਡਰਤਾ ਨਾਲ ਪ੍ਰਗਟ ਕੀਤੇ। ਪਹਿਲੇ ਦਿਨ ਦਾ ਸਮਾਪਨ ਰਿਫਲੈਕਸ਼ਨ ਸੈਸ਼ਨ ਨਾਲ ਕੀਤਾ ਗਿਆ, ਜਿਸ ਦੌਰਾਨ ਵਿਦਿਆਰਥੀਆਂ ਨੇ ਦਿਨ ਭਰ ਦੀ ਸਿੱਖਿਆ ਬਾਰੇ ਆਪਣੇ ਅਨੁਭਵ ਸਾਂਝੇ ਕੀਤੇ। ਪ੍ਰੋਗਰਾਮ ਦਾ ਦੂਜਾ ਦਿਨ ਟੀਮ ਲੀਡਰਸ਼ਿਪ, ਮੌਰਲ ਲੀਡਰਸ਼ਿਪ ਅਤੇ ਸਮਾਜਿਕ ਜ਼ਿੰਮੇਵਾਰੀ 'ਤੇ ਕੇਂਦਰਿਤ ਰਹੇਗਾ। ਪ੍ਰੋਗਰਾਮ ਦੀ ਸਫਲ ਵਿਵਸਥਾ ਲਈ ਆਈਕਿਊਏਸੀ, ਸਕਿੱਲ ਡਿਵੈਲਪਮੈਂਟ ਸੈੱਲ ਅਤੇ ਸਟੂਡੈਂਟ ਵੈਲਫੇਅਰ ਕਮੇਟੀ ਵੱਲੋਂ ਸਰਾਹੁਣਯੋਗ ਭੂਮਿਕਾ ਨਿਭਾਈ ਜਾ ਰਹੀ ਹੈ।




# ਬੋਰਡ ਦੀਆਂ ਪ੍ਰੀਖਿਆਵਾਂ 'ਚ ਚੜ੍ਹਦੀ ਕਲਾ ਲਈ ਅਰਦਾਸ ਸਮਾਗਮ



**ਝਬਾਲ (ਹਰਜਿੰਦਰ ਸਿੰਘ ਸੋਨੀ)-** ਚੀਫ਼ ਖਾਲਸਾ ਦੀਵਾਨ ਦੀ ਯੋਗ ਰਹਿਨੁਮਾਈ ਹੇਠ ਚੱਲ ਰਹੀ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਝਬਾਲ ਵਿਖੇ ਦਸਵੀਂ ਅਤੇ ਬਾਰ੍ਹਵੀਂ ਜਮਾਤ ਦੀਆਂ ਬੋਰਡ ਦੀਆਂ ਪ੍ਰੀਖਿਆਵਾਂ ਵਿੱਚ ਸਫਲਤਾ ਲਈ ਪਰਮਾਤਮਾ ਦਾ ਓਟ ਆਸਰਾ ਲੈਂਦੇ ਹੋਏ ਅਰਦਾਸ ਸਮਾਗਮ ਕਰਵਾਇਆ ਗਿਆ।ਇਸ ਵਿੱਚ ਸਮੂਹ ਮੈਨੇਜਮੈਂਟ, ਪ੍ਰਿੰਸੀਪਲ ਅਤੇ ਸਟਾਫ਼ ਵੱਲੋਂ ਮਿਲ ਕੇ ਸ੍ਰੀ ਸੁਖਮਨੀ ਸਾਹਿਬ ਦਾ ਪਾਠ ਅਤੇ ਅਨੰਦ ਸਾਹਿਬ ਦੀਆਂ ਛੇ ਪਉੜੀਆਂ ਦਾ ਪਾਠ ਕਰਨ ਉਪਰੰਤ ਪਰਮਾਤਮਾ ਦੇ ਚਰਨਾਂ ਵਿੱਚ ਵਿਦਿਆਰਥੀਆਂ ਦੀ ਪ੍ਰੀਖਿਆਵਾਂ ਵਿੱਚ ਸਫਲਤਾ ਅਤੇ ਸਕੂਲ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਗਈ।

# ਚਾਵਾਂ ਨੇੜਲੇ ਸੇਮ ਨਾਲੇ ਦਾ ਓਵਰਫਲੋ ਪਾਣੀ ਲੱਖਾਂ ਰੁਪਏ ਦੀ ਫਸਲ ਨੂੰ ਕਰ ਰਿਹੈ ਬਰਬਾਦ

**ਗੁਰਦਾਸਪੁਰ, (ਜਨਕ ਮਹਾਜਨ)-** ਗੁਰਦਾਸਪੁਰ-ਮੁਕੇਰੀਆਂ ਸੜਕ 'ਤੇ ਪੈਂਦੇ ਪਿੰਡ ਚਾਵਾ ਤੇ ਪੁਰਾਣਾ ਨਜ਼ਦੀਕ ਗੁਜ਼ਰਦੇ ਸੇਮ ਨਾਲੇ ਵਿਚ ਲੰਬੀ-ਲੰਬੀ ਘਾਹ ਬੂਟੀ ਉਘੀ ਹੋਣ ਕਰਕੇ ਵਰਖਾਂ ਦੇ ਦਿਨਾਂ ਵਿਚ ਪਾਣੀ ਦਾ ਨਿਕਾਸ ਨਾ ਹੋਣ ਕਾਰਨ ਨਾਲੇ ਦਾ ਪਾਣੀ ਓਵਰਫਲੋ ਹੋਣ ਕਾਰਨ ਨੇੜਲੇ ਖੇਤਾਂ ਵਿਚ ਪਾਣੀ ਚਲਾ ਜਾਂਦਾ ਹੈ ਜਿਸ ਨਾਲ ਕਿਸਾਨਾਂ ਦੀ ਲੱਖਾਂ ਰੁਪਏ ਦੀ ਫਸਲ ਬਰਬਾਦ ਹੋ ਜਾਂਦੀ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਇਲਾਕਾ ਵਾਸੀਆਂ ਨੇ ਦੱਸਿਆ ਕਿ ਹਿ ਸੇਮ ਨਾਲੇ ਦੀ ਲੰਬੇ ਸਮੇਂ ਤੋਂ ਸਫ਼ਾਈ ਤੇ ਡੂੰਘਾਈ ਨਾ ਹੋਣ ਕਾਰਨ ਇਸ ਵਿਚ ਕਾਫ਼ੀ ਜੜੀ ਬੂਟੀ ਜਮਾਂ ਹੋ ਗਈ ਹੈ ਜਿਸ ਨਾਲ ਵਿਚ ਹਰ ਵੇਲੇ ਪਾਣੀ ਖੜਾ ਰਹਿੰਦਾ ਹੈ ਅਤੇ ਵਰਖਾ ਦੇ ਦਿਨਾਂ ਵਿਚ ਹੋਰ ਪਾਣੀ ਆਉਣ ਕਾਰਨ ਕਿਸਾਨਾਂ ਦੀ ਜ਼ਮੀਨ ਤੇ ਫ਼ਸਲਾਂ ਨੂੰ ਨੁਕਸਾਨ ਪਹੁੰਚਾਉਂਦਾ ਹੈ। ਇਸ ਤੋਂ ਇਲਾਵਾ ਇਸ ਸੜਕ 'ਤੇ ਦਿਨ-ਰਾਤ ਬੱਸਾਂ, ਟਰੱਕ ਆਦਿ ਦੀ ਆਵਜਾਈ ਲੱਗੀ ਰਹਿੰਦੀ ਹੈ ਅਤੇ ਇਸ ਨਾਲੇ ਦੀ ਰੇਲਿੰਗ ਨਾ ਹੋਣ ਕਾਰਨ ਦੋ ਪਹੀਆ ਵਾਹਨ ਚਾਲਕਾਂ ਦਾ ਤਾਂ ਹਰ ਵੇਲੇ ਹਾਦਸੇ ਹੋਣ ਦਾ ਡਰ ਬਣਿਆ ਰਹਿੰਦਾ ਹੈ। ਲੋਕਾਂ ਦੀ ਡਰੇਨੇਜ ਵਿਭਾਗ ਅਤੇ ਲੋਕ ਨਿਰਮਾਣ ਵਿਭਾਗ ਪਾਸੋਂ ਮੰਗ ਹੈ ਕਿ ਇਸ ਸੇਮ ਨਾਲੇ ਦੀ ਸਫ਼ਾਈ ਤੇ ਡੂੰਘਾਈ ਕਰਨ ਤੋਂ ਇਲਾਵਾ ਇਸ ਪੁਲੀ ਦੀ ਰੇਲਿੰਗ ਬਣਾਈ ਜਾਵੇ ਤਾਂ ਜੋ ਕਿਸੇ ਵੇਲੇ ਕੋਈ ਅਣਸੁਖਾਵੀਂ ਘਟਨਾ ਨਾ ਵਾਪਰ ਸਕੇ।



# ਘੱਟ-ਗਿਣਤੀ ਲੋਕ ਭਲਾਈ ਸੰਸਥਾ ਦੀ ਟੀਮ ਹਸਪਤਾਲਾਂ ਦਾ ਨਿਰੀਖਣ ਕਰੇਗੀ : ਸਤਨਾਮ ਸਿੰਘ ਗਿੱਲ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-** "ਸੂਬੇ ਦੇ ਪ੍ਰਾਈਵੇਟ ਅਤੇ ਸਰਕਾਰੀ ਹਸਪਤਾਲਾਂ 'ਚ ਕਾਊਂਟਰ ਤੇ ਕੈਸ਼ ਜਮ੍ਹਾ ਕਰਾਏ ਬਿਨਾਂ ਹੁਣ ਹਸਪਤਾਲ ਮਰੀਜ਼ ਦੀ ਲਾਸ਼ ਵਾਰਿਸਾਂ ਦੇ ਸਪੁਰਦ ਕਰਨਗੇ ਨਹੀਂ ਤਾਂ ਹਸਪਤਾਲ ਸੀਲ ਕਰਕੇ ਉਸ ਦੀ ਮੈਨੇਜਮੈਂਟ ਖਿਲ਼ਾਫ ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਸਖਤ ਐਕਸ਼ਨ ਲਵੇਗਾ।" ਇਹ ਦਾਅਵਾ ਕਮਿਸ਼ਨ 'ਚ ਪਟੀਸ਼ਨਰ ਅਤੇ ਘੱਟ ਗਿਣਤੀ ਲੋਕ ਭਲਾਈ ਸੰਸਥਾ (ਰਜਿ) ਦੇ ਸੁਪਰੀਮੋ ਸਤਨਾਮ ਸਿੰਘ ਗਿੱਲ ਨੇ ਜਤਿੰਦਰ ਸਿੰਘ ਸ਼ੰਟੀ ਮੈਂਬਰ ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਦੁਆਰਾ 29 ਦਸੰਬਰ ਨੂੰ ਜਾਰੀ ਡਾਇਰੈਕਟਰ ਸਿਹਤ ਸੇਵਾਵਾਂ ਦੇ ਨਾਂਅ ਜਾਰੀ ਕੀਤੇ ਸਰਕੂਲਰ ਦੇ ਆਧਾਰ ਤੇ ਕੀਤਾ ਹੈ।ਚੇਤੇ ਰਹੇ ਕਿ ਕਮਿਸ਼ਨ ਦੁਆਰਾ ਸਰਕੂਲਰ ਤੋਂ ਬਾਅਦ ਪੰਜਾਬ ਦੇ ਹਸਪਤਾਲ ਸਮੂਹਿਕ ਤੌਰ 'ਤੇ ਇਲਾਜ ਦੌਰਾਨ ਮੌਤ ਹੋਣ ਤੇ ਮਰੀਜ਼ਾਂ ਦੀਆਂ ਮ੍ਰਿਤਕ ਦੇਹਾਂ ਹੁਣ ਬਿੱਲਾਂ ਦੇ ਪੈਸਿਆਂ ਦੀ ਅਦਾਇਗੀ ਕਰਵਾਏ ਬਿਨਾਂ ਵਾਰਸਾਂ ਦੇ ਸਪੁਰਦ ਹੀ ਨਹੀਂ ਕਰਨਗੇ ਸਗੋਂ ਲਾਸ਼ ਵਾਰਸਾਂ ਦੇ ਘਰ ਤੱਕ ਪਹੁੰਚਾਉਣ ਲਈ ਹਸਪਤਾਲਾਂ ਦੇ ਪ੍ਰਬੰਧਕ ਵ੍ਹੀਲ ਦਾ ਪ੍ਰਬੰਧ ਵੀ ਕਰਕੇ ਦੇਣਗੇ।ਸਤਨਾਮ ਸਿੰਘ ਗਿੱਲ ਨੇ ਦੱਸਿਆ ਕਿ ਕਮਿਸ਼ਨ ਨੇ ਹਰ ਹਸਪਤਾਲ ਜ਼ਰੂਰੀ ਕਰ ਦਿੱਤਾ ਹੈ ਕਿ ਹਸਪਤਾਲ ਮ੍ਰਿਤਕ ਦੇਹਾਂ ਵਾਰਸਾਂ ਨੂੰ ਪੈਸਿਆਂ ਦੀ ਵਸੂਲੀ ਕੀਤੇ ਬਿਨਾਂ ਦੇਣ ਸਬੰਧੀ ਜਾਰੀ ਹੋਏ ਦਿਸ਼ਾ ਨਿਰਦੇਸ਼ਾਂ ਨੂੰ ਨੋਟਿਸ ਬੋਰਡ 'ਤੇ ਜਨਤਕ ਕਰਨਗੇ। ਪਟੀਸ਼ਨਰ ਤੇ ਸੁਪਰੀਮੋ ਘੱਟ ਗਿਣਤੀ ਲੋਕ ਭਲਾਈ ਸੰਸਥਾ ਸਤਨਾਮ ਸਿੰਘ ਗਿੱਲ ਨੇ ਦੱਸਿਆ ਕਿ ਸ. ਸ਼ੰਟੀ ਨੇ ਇਹ ਵੀ ਕਿਹਾ ਕਿ ਜਿਸ ਹਸਪਤਾਲ 'ਚ ਲਾਸ਼ ਨੂੰ ਰੱਖਣ ਲਈ ਮੋਰਚਰੀ ਨਹੀਂ ਹੋਵੇਗੀ ਉਸ ਹਸਪਤਾਲ ਖਿਲਾਫ ਵੀ ਐਕਸ਼ਨ ਲਿਆ ਜਾਵੇਗਾ।ਉਨ੍ਹਾਂ ਨੇ ਕਿਹ ਕਿ ਮਨੁੱਖੀ ਅਧਿਕਾਰਾਂ ਤੇ ਖਾਖੀ ਜਬਰ ਦੇ ਮੁਕਾਬਲੇ ਹਸਪਤਾਲਾਂ ਦੁਆਰਾ ਮ੍ਰਿਤਕ ਸਰੀਰਾਂ ਨੂੰ ਬੰਦੀ ਬਣਾਉਣ ਦੀ ਗੈਰ-ਸੰਵਿਧਾਨਕ ਅਤੇ ਮਨੁੱਖੀ ਡਾਕਟਰਾਂ ਦੀ ਪਹੁੰਚ ਨੂੰ ਕਮਜ਼ੋਰ ਕਰਦਿਆਂ ਇਤਿਹਾਸਕ ਫੈਸਲਾ ਕਰਕੇ ਮੈਡੀਕਲ ਖੇਤਰ 'ਚ ਇੱਕ ਨਵਾਂ ਕੀਰਤੀਮਾਨ ਸਥਾਪਿਤ ਕੀਤਾ ਹੈ।ਉਨ੍ਹਾਂ ਨੇ ਕਿਹਾ ਕਿ ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਨੂੰ ਜ਼ਮੀਨੀ ਪੱਧਰ ਤੇ ਸਹੀ ਰਿਪੋਰਟ ਦੇਣ ਲਈ ਘੱਟ ਗਿਣਤੀ ਲੋਕ ਭਲਾਈ ਸੰਸਥਾ ਦੀ ਟੀਮ ਉਨ੍ਹਾਂ ਸਾਰੇ ਹਸਪਤਾਲ ਤੇ ਨਜ਼ਰਸਾਨੀ ਕਰੇਗੀ ਜਿਨ੍ਹਾਂ ਨੇ ਜਾਰੀ ਸਰਕੂਲਰ ਦੇ ਅਨੁਸਾਰ ਹਸਪਤਾਲ 'ਚ ਮੋਰਚਰੀ ਤਿਆਰ ਕਰਨ 'ਚ ਕੁਤਾਹੀ ਤੋਂ ਕੰਮ ਲਿਆ ਹੋਵੇਗਾ ਜਾਂ ਜਿਨ੍ਹਾਂ ਨੇ ਮ੍ਰਿਤਕ ਦੇਹਾਂ ਤੁਰੰਤ ਬਿਨਾਂ ਪੈਸੇ ਲਏ ਪਰਿਵਾਰ ਦੇ ਸਪੁਰਦ ਕਰਨ ਬਾਰੇ ਜਾਰੀ ਦਿਸ਼ਾ ਨਿਰਦੇਸ਼ਾਂ ਨੂੰ ਹਸਪਤਾਲ ਦੇ ਨੋਟਿਸ ਬੋਰਡ ਤੇ ਜਨਤਕ ਨਹੀਂ ਕੀਤਾ ਹੋਵੇਗਾ। ਉਨ੍ਹਾਂ ਸਮੂਹ ਡਿਫਾਲਟਰ ਹਸਪਤਾਲਾਂ ਦੀ ਸੂਚੀ ਤਿਆਰ ਕਰਕੇ ਡਾਇਰੈਕਟਰ ਸਿਹਤ ਸੇਵਾਵਾਂ ਪੰਜਾਬ ਸਰਕਾਰ ਅਤੇ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਦੇ ਧਿਆਨ ਹਿੱਤ ਯੋਗ ਅਗਲੇਰੀ ਕਾਰਵਾਈ ਲਈ ਭੇਜੀ ਜਾਵੇਗੀ। ਉਨ੍ਹਾਂ ਜਨਤਕ ਤੌਰ ਤੇ ਦੱਸਿਆ ਕਿ ਕਿ ਜੇਕਰ ਕਿਸੇ ਵੀ ਹਸਪਤਾਲ 'ਚ ਮ੍ਰਿਤਕ ਸਰੀਰ ਦੇਣ ਤੋਂ ਹਪਤਾਲਾਂ ਦੀ ਮੈਨੇਜਮੈਂਟ ਨਾਂਹ ਕਰਦੀ ਹੈ ਤਾਂ ਸੋਸ਼ਲ ਮੀਡੀਆ ਦੇ ਉਸ ਗੱਲ ਨੂੰ ਵਾਈਰਲ ਕਰੋ ਤਾਂ ਕਿ ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਐਕਸ਼ਨ ਲੈ ਸਕੇ।



# ਡਾਇਟ ਕੈਰੋਂ ਵਿਖੇ ਪਰਖ ਤੇ ਐੱਚਪੀਸੀ ਬਾਬਤ ਇੱਕ ਰੋਜ਼ਾ ਸੈਮੀਨਾਰ

**ਝਬਾਲ (ਹਰਜਿੰਦਰ ਸਿੰਘ ਸੋਨੀ)-** ਮਾਨਯੋਗ ਡਾਇਰੈਕਟਰ ਐੱਸਸੀਈਆਰਟੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਸਿੱਖਿਆ ਅਤੇ ਸਿਖਲਾਈ ਸੰਸਥਾ ਡਾਇਟ ਕੈਰੋਂ ਵਿਖੇ ਸਿੱਖਿਆ ਪ੍ਰਣਾਲੀ ਵਿੱਚ ਸੁਧਾਰ ਅਤੇ ਨਵੀਆਂ ਮੁਲਾਂਕਣ ਨੀਤੀਆਂ ਨੂੰ ਲਾਗੂ ਕਰਨ ਦੇ ਉਦੇਸ਼ ਨਾਲ ਇੱਕ ਅਹਿਮ ਸੈਮੀਨਾਰ ਦਾ ਆਯੋਜਨ ਜ਼ਿਲ੍ਹਾ ਸਿੱਖਿਆ ਅਫਸਰ ਸਤਨਾਮ ਸਿੰਘ ਬਾਠ ਅਤੇ ਪ੍ਰਿੰਸੀਪਲ ਡਾਇਟ ਕੈਰੋਂ ਮੰਗਤ ਸਿੰਘ ਦੀ ਦੇਖ-ਰੇਖ ਹੇਠ ਆਯੋਜਨ ਕੀਤਾ ਗਿਆ।ਇਸ ਸੈਮੀਨਾਰ ਦਾ ਮੁੱਖ ਵਿਸ਼ਾ ਪਰਖ ਅਤੇ ਹੋਲਿਸਟਿਕ ਪ੍ਰੋਗਰੈੱਸ ਕਾਰਡ ਰਿਹਾ।ਇਸ ਸੈਮੀਨਾਰ ਵਿੱਚ ਜ਼ਿਲ੍ਹੇ ਭਰ ਤੋਂ ਕੁੱਲ 38 ਪ੍ਰਿੰਸੀਪਲ/ਹੈੱਡਮਾਸਟਰ ਅਤੇ 17 ਬੀਆਰਸੀ ਨੇ ਉਤਸ਼ਾਹ ਨਾਲ ਹਿੱਸਾ ਲਿਆ।ਸੈਮੀਨਾਰ ਦੌਰਾਨ ਵਿਸ਼ਾ ਮਾਹਿਰਾਂ ਵਜੋਂ ਬਲਜਿੰਦਰ ਸਿੰਘ ਅਤੇ ਅਨੂਪ ਮੈਣੀ ਨੇ ਸ਼ਿਰਕਤ ਕੀਤੀ।ਉਨ੍ਹਾਂ ਨੇ ਹਾਜ਼ਰ ਅਧਿਕਾਰੀਆਂ ਨੂੰ ਸੰਬੋਧਨ ਕਰਦਿਆਂ ਪਰਖ ਮੁਹਿੰਮ ਦੇ ਮਹੱਤਵ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਰਿਸੋਰਸਪਰਸਨਜ਼ ਨੇ ਦੱਸਿਆ ਕਿ ਹੋਲਿਸਟਕ ਪ੍ਰੋਗਰੈੱਸ ਕਾਰਡ ਬੱਚੇ ਦੇ ਸਿਰਫ਼ ਅਕਾਦਮਿਕ ਅੰਕਾਂ ਤੇ ਕੇਂਦਰਿਤ ਨਾ ਹੋ ਕੇ ਉਸਦੇ ਸਰਬਪੱਖੀ ਵਿਕਾਸ (ਮਾਨਸਿਕ, ਸਰੀਰਕ ਅਤੇ ਸਮਾਜਿਕ) ਦਾ ਮੁਲਾਂਕਣ ਕਰੇਗਾ।



# ਡਾ: ਜਗਬੀਰ ਸਿੰਘ ਧਰਮਸੋਤ ਦਾ ਪਿੰਡ ਕਾਹਲਵਾਂ ਕ੍ਰਿਸ਼ਚੀਅਨ ਕਲੋਨੀ ਵੱਲੋਂ ਭਰਵਾਂ ਸਵਾਗਤ

**ਧਾਰੀਵਾਲ/ਹਰਚੋਵਾਲ, (ਮਨਦੀਪ ਸਿੰਘ ਵਿੱਕੀ)-** ਵਿਧਾਨ ਸਭਾ ਹਲਕਾ ਕਾਦੀਆਂ ਦੇ ਬਲਾਕ ਧਾਰੀਵਾਲ ਤੋਂ ਇਕੋ ਇਕ ਸ਼੍ਰੋਮਣੀ ਅਕਾਲੀ ਦਲ ਦੀ ਬਲਾਕ ਸੰਮਤੀ ਮੈਂਬਰ ਗੁਰਮੀਤ ਕੌਰ ਧਰਮਸੋਤ ਪਤਨੀ ਡਾਕਟਰ ਜਗਬੀਰ ਸਿੰਘ ਧਰਮਸੋਤ ਜ਼ਿਲ੍ਹਾ ਪ੍ਰਧਾਨ ਬਾਜ਼ੀਗਰ ਫਰੰਟ ਗੁਰਦਾਸਪੁਰ ਦੇ ਜਿੱਤਣ ਮਗਰੋਂ ਆਪਣੇ ਜ਼ੋਨ ਬਸਰਾਏ ਦੇ ਪਿੰਡ ਕਾਹਲਵਾਂ ਕ੍ਰਿਸ਼ਚੀਅਨ ਕਲੋਨੀ ਵਿੱਚ ਧੰਨਵਾਦ ਕਰਨ ਪਹੁੰਚੇ। ਡਾਕਟਰ ਜਗਬੀਰ ਸਿੰਘ ਧਰਮਸੋਤ ਦਾ ਕਲੋਨੀ ਵਾਸੀਆਂ ਨੇ ਭਰਵਾਂ ਸਵਾਗਤ ਕੀਤਾ। ਇਸ ਮੌਕੇ ਡਾਕਟਰ ਧਰਮਸੋਤ ਨੇ ਪਿੰਡ ਵਾਸੀਆਂ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਸ਼੍ਰੋਮਣੀ ਅਕਾਲੀ ਦਲ ਹਲਕਾ ਕਾਦੀਆਂ ਦੇ ਇੰਚਾਰਜ ਗੁਰਇਕਬਾਲ ਸਿੰਘ ਮਾਹਲ ਦੀ ਅਗਵਾਈ ਵਿੱਚ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਕਰਵਾਉਣ ਨੂੰ ਤਰਜੀਹ ਦੇਣਗੇ ਅਤੇ ਹਰੇਕ ਦੁੱਖ ਸੁੱਖ ਵਿੱਚ ਸ਼ਾਮਲ ਹੋਣਗੇ। ਡਾ. ਜਗਬੀਰ ਸਿੰਘ ਧਰਮਸੋਤ ਨੇ ਪਿੰਡ ਕਾਹਲਵਾਂ ਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਬਲਾਕ ਸੰਮਤੀ ਜ਼ੋਨ ਬਸਰਾਏ ਅਧੀਨ ਪੈਂਦੇ ਸਾਰੇ ਪਿੰਡਾਂ ਦੇ ਲੋਕਾਂ ਦੇ ਰਿਣੀ ਹਨ, ਜਿਨ੍ਹਾਂ ਨੇ ਮੇਰੇ 'ਤੇ ਵਿਸ਼ਵਾਸ ਕਰਕੇ ਸਾਨੂੰ ਬਲਾਕ ਸੰਮਤੀ ਮੈਂਬਰ ਜਿੱਤਾ ਕੇ ਸੇਵਾ ਕਰਨ ਦਾ ਮੌਕਾ ਦਿੱਤਾ ਹੈ। ਇਸ ਮੌਕੇ ਕੁਲਦੀਪ ਸਿੰਘ ਕਾਹਲਵਾਂ, ਰਤਨ ਸਿੰਘ, ਕ੍ਰਿਸਚਅਨ ਆਗੂ ਵਿਜੇ ਮਸੀਹ, ਲਾਡੀ ਮਸੀਹ, ਸਨੀ ਕਾਹਲਵਾਂ, ਸਤਨਾਮ ਸਿੰਘ, ਨੰਬਰਦਾਰ ਜਗਬੀਰ ਸਿੰਘ ਬਸਰਾਵਾਂ, ਮਨਜੀਤ ਸਿੰਘ ਬਸਰਾਵਾਂ, ਗੁਰਨਾਮ ਸਿੰਘ ਬੋਹੜੀ ਸਾਹਿਬ ਬਸਰਾਵਾਂ, ਨਿਸ਼ਾਨ ਸਿੰਘ ਬਸਰਾਵਾਂ, ਸ਼ਾਮ ਸਿੰਘ ਡਰਾਈਵਰ, ਪੰਚ ਮਨਪ੍ਰੀਤ ਸਿੰਘ ਮਨੀ ਆਦਿ ਸਮੇਤ ਹੋਰ ਵੀ ਅਕਾਲੀ ਵਰਕਰ ਹਾਜ਼ਰ ਸਨ।



# ਪ੍ਰਸ਼ਾਸਨ ਚਾਈਨਾ ਡੋਰ ਵੇਚਣ ਵਾਲਿਆਂ ਖਿਲਾਫ਼ ਸਖ਼ਤ ਕਾਰਵਾਈ ਕਰੇ : ਬਘਾਣੀਆ

**ਫਗਵਾੜਾ (ਡਾ. ਰਮਨ)-** ਚਾਈਨਾ ਡੋਰ ਨਾਲ ਆਏ ਦਿਨ ਵਾਪਰ ਰਹੇ ਹਾਦਸਿਆਂ ਨੂੰ ਰੋਕਣ ਰੋਕਣ ਲਈ ਪ੍ਰਸ਼ਾਸਨ ਚਾਈਨਾ ਡੋਰ ਵੇਚਣ ਵਾਲਿਆਂ ਦੇ ਖਿਲਾਫ਼ ਸਖ਼ਤ ਕਾਰਵਾਈ ਕਰੇ। ਉਕਤ ਵਿਚਾਰਾਂ ਦਾ ਪ੍ਰਗਟਾਵਾ ਜੈ ਭੀਮ ਯੂਨਾਈਟਿਡ ਵੁਆਇਸ ਆਫ਼ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਅਸ਼ਵਨੀ ਬਘਾਣੀਆ ਨੇ ਪ੍ਰੈਸ ਬਿਆਨ ਜਾਰੀ ਕਰਦਿਆਂ ਕੀਤਾ। ਬਘਾਣੀਆ ਨੇ ਕਿਹਾ ਕਿ ਆਏ ਦਿਨ ਪੰਜਾਬ ਅੰਦਰ ਚਾਈਨਾ ਡੋਰ ਨਾਲ ਦੋ ਪਹੀਆ ਵਾਹਨ ਚਾਲਕਾਂ ਨਾਲ ਵਾਪਰ ਰਹੇ ਹਾਦਸੇ ਸੋਸ਼ਲ ਮੀਡੀਆ ਅਤੇ ਅਖ਼ਬਾਰਾਂ ਦੀਆ ਸੁਰਖੀਆਂ ਬਣ ਰਹੇ ਹਨ, ਜੋ ਪੰਜਾਬ ਵਾਸੀਆਂ ਲਈ ਵੱਡੀ ਮੁਸੀਬਤ ਬਣ ਰਹੇ ਹਨ। ਬਘਾਣੀਆ ਨੇ ਕਿਹਾ ਕਿ ਚਾਈਨਾ ਡੋਰ ਨਾਲ ਵਾਪਰ ਰਹੇ ਹਾਦਸਿਆਂ ਨੂੰ ਰੋਕਣ ਲਈ ਪੁਲਸ ਪ੍ਰਸ਼ਾਸਨ ਚਾਈਨਾ ਡੋਰ ਵੇਚਣ ਅਤੇ ਵਰਤਣ ਵਾਲਿਆਂ ਖਿਲਾਫ਼ ਸਖ਼ਤ ਤੋਂ ਸਖ਼ਤ ਕਾਨੂੰਨੀ ਕਾਰਵਾਈ ਕਰੇ ਤਾਂ ਜੋ ਚਾਈਨਾ ਡੋਰ ਨਾਲ ਵਾਪਰਨ ਵਾਲੇ ਹਾਦਸਿਆਂ 'ਤੇ ਰੋਕ ਲੱਗ ਸਕੇ। ਉਨ੍ਹਾਂ ਪੰਜਾਬ ਵਾਸੀਆਂ ਨੂੰ ਅਪੀਲ ਕੀਤੀ ਕਈ ਉਹ ਚਾਈਨਾ ਡੋਰ ਦਾ ਪੂਰਨ ਤੌਰ 'ਤੇ ਬਾਈਕਾਟ ਕਰਨ ਅਤੇ ਚਾਈਨਾ ਡੋਰ ਵੇਚਣ ਵਾਲਿਆਂ ਦੀ ਸੂਚਨਾ ਪ੍ਰਸ਼ਾਸਨ ਨੂੰ ਦੇਣ ਤਾਂ ਜੋ ਆਮ ਲੋਕਾਂ ਨਾਲ ਚਾਈਨਾ ਡੋਰ ਕਾਰਨ ਵਾਪਰ ਰਹੇ ਹਾਦਸੇ ਰੁਕ ਸਕਣ।

# ਪੰਧੇਰ ਵਿਖੇ ਸੱਤ ਰੋਜ਼ਾ ਐੱਨ ਐੱਸ ਐੱਸ ਕੈਂਪ ਸ਼ੁਰੂ




**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-** ਸ੍ਰੀ ਗੁਰੂ ਰਾਮਦਾਸ ਡਿਗਰੀ ਕਾਲਜ ਪੰਧੇਰ ਦੇ ਵਿਦਿਆਰਥੀਆਂ ਵੱਲੋਂ ਮੈਨੇਜਿੰਗ ਡਾਇਰੈਕਟਰ ਅਵਤਾਰ ਸਿੰਘ ਕੰਗ ਅਤੇ ਚੇਅਰਪਰਸਨ ਹਰਜਿੰਦਰ ਪਾਲ ਕੌਰ ਦੀ ਰਹਿਨੁਮਾਈ ਹੇਠ ਇਹ ਕੈਂਪ ਪਿੰਡ ਵਿਚ 7 ਦਿਨ ਚੱਲੇਗਾ ਜਿਸਦੀ ਸ਼ੁਰੂਆਤ 16 ਜਨਵਰੀ ਤੋਂ ਕੀਤੀ ਗਈ ਹੈ।ਵਿਭਾਗ ਦੇ ਪ੍ਰੋਗਰਾਮ ਅਫਸਰ ਦਵਿੰਦਰ ਕੌਰ ਨੇ ਦੱਸਿਆ ਕਿ 16 ਤੋਂ 22 ਜਨਵਰੀ ਤੱਕ ਚੱਲਣ ਵਾਲੇ 7 ਰੋਜ਼ਾ ਕੈਂਪ ਦੌਰਾਨ ਪਿੰਡ ਪੰਧੇਰ ਵਿਖੇ ਵੱਖ-ਵੱਖ ਗਤੀਵਿਧੀਆਂ ਕਰਵਾਈਆ ਜਾਣਗੀਆਂ।ਪਿੰਡ ਅੰਦਰ ਸਾਫ ਸਫਾਈ, ਸਮਾਜ ਭਲਾਈ ਦੇ ਕੰਮ, ਲੋਕਾਂ ਨੂੰ ਉਨ੍ਹਾਂ ਦੇ ਅਧਿਕਾਰਾਂ ਪ੍ਰਤੀ ਜਾਗਰੂਕ ਕਰਨ ਅਤੇ ਹੋਰ ਲੋੜੀਂਦੇ ਕੰਮ ਕੀਤੇ ਜਾਣਗੇ।ਕੈਂਪ ਦੇ ਸ਼ੁਰੂਆਤ ਤੋਂ ਪਹਿਲਾਂ ਚੇਅਰਪਰਸਨ ਹਰਜਿੰਦਰਪਾਲ ਕੌਰ ਕੰਗ ਨੇ ਐੱਨਐੱਸਐੱਸ ਕੈਡਿਟਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਜਿੱਥੇ ਉਹ ਸਮਾਜ ਸੇਵਾ ਕਰਨਗੇ ਉਥੇ ਹੀ ਇੱਕ ਮਜ਼ਬੂਤ ਨਾਗਰਿਕ ਦੇ ਗੁਣ ਵੀ ਉਨ੍ਹਾਂ ਅੰਦਰ ਪੈਦਾ ਹੋਣਗੇ।ਉਨ੍ਹਾਂ ਨੇ ਕਿਹਾ ਕਿ ਸਮਾਜ ਸੇਵਾ ਅਤੇ ਲੋਕਾਂ ਦੀ ਭਲਾਈ ਲਈ ਉਹ ਪੂਰੀ ਮਿਹਨਤ ਨਾਲ ਕੈਂਪ ਵਿਚ ਕੰਮ ਕਰਨ ਜਿਸ ਨਾਲ ਉਨ੍ਹਾਂ ਵਿਚ ਦੇਸ਼ ਭਗਤੀ ਦੇ ਗੁਣ ਪੈਦਾ ਹੋਣਗੇ।

# ਅੰਮ੍ਰਿਤਸਰ ਵਿਕਾਸ ਮੰਚ ਵੱਲੋਂ ਮੋਹਨ ਸਿੰਘ ਦੇ ਅਕਾਲ ਚਲਾਣੇ 'ਤੇ ਦੁੱਖ ਦਾ ਪ੍ਰਗਟਾਵਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-** ਅੰਮ੍ਰਿਤਸਰ ਵਿਕਾਸ ਮੰਚ ਵੱਲੋਂ ਸ. ਮੋਹਨ ਸਿੰਘ ਸੇਵਾਮੁਕਤ ਪੰਜਾਬ ਸਟੇਟ ਡਰੱਗ ਕੰਟਰੋਲਰ ਤੇ ਲਾਇਸੈਂਸਿੰਗ ਅਥਾਰਟੀ ਆਫ਼ ਪੰਜਾਬ ਦੇ ਅਕਾਲ ਚਲਾਣੇ 'ਤੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।ਮੰਚ ਦੇ ਸਰਪ੍ਰਸਤ ਪ੍ਰੋ. ਮੋਹਨ ਸਿੰਘ, ਡਾ. ਚਰਨਜੀਤ ਸਿੰਘ ਗੁਮਟਾਲਾ, ਮਨਮੋਹਨ ਸਿੰਘ ਬਰਾੜ, ਪ੍ਰਿੰ. ਕੁਲਵੰਤ ਸਿੰਘ ਅਣਖੀ, ਹਰਦੀਪ ਸਿੰਘ ਚਾਹਲ, ਇੰਜ. ਹਰਜਾਪ ਸਿੰਘ ਔਜਲਾ, ਪ੍ਰਧਾਨ ਸੁਰਿੰਦਰਜੀਤ ਸਿੰਘ ਬਿੱਟੂ, ਜਨਰਲ ਸਕੱਤਰ ਯੋਗੇਸ਼ ਕਾਮਰਾ ਤੇ ਮੈਂਬਰਾਨ ਨੇ ਸਾਂਝੇ ਬਿਆਨ ਵਿੱਚ ਕਿਹਾ ਕਿ ਮੋਹਨ ਸਿੰਘ ਬਹੁਤ ਹੀ ਨੇਕ, ਦਿਆਲੂ ਤੇ ਮਿਲਣਸਾਰ ਸਨ।ਉਹ ਅੰਮ੍ਰਿਤਸਰ ਵਿਕਾਸ ਮੰਚ ਦੇ ਮੁੱਢਲੇ ਮੈਂਬਰਾਂ ਵਿੱਚੋਂ ਇੱਕ ਸਨ।ਉਨ੍ਹਾਂ ਦੇ ਦੋ ਬੇਟੇ ਹਨ।ਵੱਡੇ ਬੇਟੇ ਸਰਵਿੰਦਰ ਸਿੰਘ ਦੀ ਫਾਰਮਾਸਿਊਟੀਕਲ ਕੰਪਨੀ ਹੈ ਤੇ ਛੋਟਾ ਸਿਮਰਜੋਤ ਸਿੰਘ ਜਰਮਨ ਵਿੱਚ ਕੰਪਿਊਟਰ ਸਾਫਟਵੇਅਰ ਇੰਜੀਨੀਅਰ ਹੈ।18 ਜਨਵਰੀ ਨੂੰ ਉਨ੍ਹਾਂ ਦੀ ਮਿੱਠੀ ਯਾਦ ਵਿੱਚ ਉਨ੍ਹਾਂ ਦੇ ਗ੍ਰਹਿ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ ਤੇ ਬਾਦ ਵਿੱਚ ਕੀਰਤਨ ਤੇ ਅੰਤਿਮ ਅਰਦਾਸ ਗੁਰਦੁਆਰਾ ਛੇਵੀਂ ਪਾਤਸ਼ਾਹੀ ਰਣਜੀਤ ਐਵਨਿਊ, ਏ-ਬਲਾਕ, ਅੰਮ੍ਰਿਤਸਰ ਵਿਖੇ ਬਾਅਦ ਦੁਪਹਿਰ 1.30 ਤੋਂ 2.30 ਵਜੇ ਹੋਵੇਗੀ।ਮੰਚ ਦੇ ਸਮੂਹ ਮੈਂਬਰਾਨ ਨੂੰ ਬੇਨਤੀ ਕੀਤੀ ਹੈ ਕਿ ਉਹ ਆਪਣਾ ਕੀਮਤੀ ਸਮਾਂ ਕੱਢ ਕੇ ਅੰਤਿਮ ਅਰਦਾਸ ਵਿੱਚ ਜ਼ਰੂਰ ਹਾਜ਼ਰੀ ਭਰਨ।

ਨਵਾਂ ਜ਼ਮਾਨਾ
ਸੋਮਵਾਰ, 19 ਜਨਵਰੀ 2026

# ਦਿੱਲੀ ਦਾ ਪਾਣੀ ਵੀ ਖਰਾਬ

*ਦਿੱਲੀ ਵਿਧਾਨ ਸਭਾ ਵਿੱਚ ਪਿਛਲੇ ਦਿਨੀਂ ਪੇਸ਼ ਕੀਤੀ ਗਈ ਕੰਪਟਰੋਲਰ ਐਂਡ ਆਡੀਟਰ ਜਨਰਲ (ਕੈਗ) ਦੀ ਰਿਪੋਰਟ ਵਿੱਚ ਦਿੱਲੀ ਜਲ ਬੋਰਡ ਵੱਲੋਂ ਸਪਲਾਈ ਕੀਤੇ ਜਾਣ ਵਾਲੇ ਪੀਣ ਵਾਲੇ ਪਾਣੀ ਦੀ ਕੁਆਲਿਟੀ ਤੇ ਸੁਰੱਖਿਆ ਨੂੰ ਲੈ ਕੇ ਗੰਭੀਰ ਚਿੰਤਾਵਾਂ ਪ੍ਰਗਟ ਕੀਤੀਆਂ ਗਈਆਂ ਹਨ। ਰਿਪੋਰਟ ਵਿੱਚ ਸਭ ਤੋਂ ਚਿੰਤਾਜਨਕ ਤੱਥ ਇਹ ਹੈ ਕਿ ਭੂ-ਜਲ ਦੇ ਅੱਧੇ ਤੋਂ ਵੱਧ ਨਮੂਨੇ ਪੀਣ ਯੋਗ ਨਹੀਂ ਪਾਏ ਗਏ। 16234 ਨਮੂਨਿਆਂ ਵਿੱਚੋਂ 8933 ਨਮੂਨੇ (ਲੱਗਭੱਗ 55 ਫੀਸਦੀ) ਪੈਮਾਨੇ 'ਤੇ ਖਰੇ ਨਹੀਂ ਉੱਤਰੇ। ਆਡਿਟ ਮਿਆਦ ਦੌਰਾਨ ਫੇਲ੍ਹ ਨਮੂਨਿਆਂ ਦਾ ਅਨੁਪਾਤ ਵੱਖ-ਵੱਖ ਸਾਲਾਂ ਵਿੱਚ 49 ਫੀਸਦੀ ਤੋਂ ਲੈ ਕੇ 63 ਫੀਸਦੀ ਤੱਕ ਰਿਹਾ।*

*ਰਿਪੋਰਟ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਦਿੱਲੀ ਦੀ ਪਾਣੀ ਦੀ ਲੋੜ 168 ਕਰੋੜ ਯੂਨਿਟ ਹੈ, ਜਦਕਿ ਉਹ ਲੱਗਭੱਗ 25 ਫੀਸਦੀ ਦੀ ਲਗਾਤਾਰ ਕਮੀ ਨਾਲ ਜੂਝ ਰਹੀ ਹੈ। ਇਸ ਤੋਂ ਵੀ ਗੰਭੀਰ ਗੱਲ ਇਹ ਹੈ ਕਿ ਪਾਣੀ ਦੀ ਕੁਆਲਿਟੀ ਦੀ ਪਰਖ ਕਰਨ ਵਾਲੀਆਂ ਸਹੂਲਤਾਂ ਨਾਕਾਫੀ ਹੋਣ ਕਾਰਨ ਕੁਆਲਿਟੀ ਵੱਡੇ ਪੈਮਾਨੇ 'ਤੇ ਅਗਿਆਤ ਬਣੀ ਹੋਈ ਹੈ। ਦਿੱਲੀ ਜਲ ਬੋਰਡ ਦੀਆਂ ਪ੍ਰਯੋਗਸ਼ਾਲਾਵਾਂ ਵਿੱਚ ਮੁਲਾਜ਼ਮਾਂ ਤੇ ਉਪਕਰਣਾਂ ਦੀ ਭਾਰੀ ਕਮੀ ਹੈ। ਨਤੀਜਤਨ ਪਾਣੀ ਦੀ ਜਾਂਚ ਬਿਊਰੋ ਆਫ ਇੰਡੀਅਨ ਸਟੈਂਡਰਡਜ਼ (ਬੀ ਆਈ ਐੱਸ) ਦੇ ਪੈਮਾਨਿਆਂ ਮੁਤਾਬਕ ਹੋ ਹੀ ਨਹੀਂ ਰਹੀ। ਜਾਂਚ ਸਿਰਫ 12 ਪੈਮਾਨਿਆਂ 'ਤੇ ਕੀਤੀ ਜਾ ਰਹੀ ਹੈ, ਜਦਕਿ ਹੋਣੀ 43 ਪੈਮਾਨੇ 'ਤੇ ਚਾਹੀਦੀ ਹੈ। ਇਸ ਕਰਕੇ ਆਰਸੈਨਿਕ ਤੇ ਸੀਸਾ ਵਰਗੀਆਂ ਭਾਰੀ ਧਾਤਾਂ, ਜ਼ਹਿਰੀਲੇ ਪਦਾਰਥਾਂ, ਰੇਡੀਓਧਰਮੀ ਤੱਤਾਂ ਆਦਿ ਦੀ ਜਾਂਚ ਹੀ ਨਹੀਂ ਹੋ ਪਾ ਰਹੀ।*

*ਕੈਗ ਨੇ ਇਹ ਵੀ ਕਿਹਾ ਹੈ ਕਿ ਜਿਨ੍ਹਾਂ ਖੇਤਰਾਂ ਵਿੱਚ ਭੂ-ਜਲ ਦੇ ਨਮੂਨੇ ਪੀਣ ਯੋਗ ਨਹੀਂ ਪਾਏ ਗਏ, ਉਸ ਪਾਣੀ ਨੂੰ ਲੋਕਾਂ ਨੂੰ ਪੀਣ ਲਈ ਮਜਬੂਰ ਕੀਤਾ ਜਾ ਰਿਹਾ ਹੈ, ਜੋ ਕਿ ਉਨ੍ਹਾਂ ਦੀ ਸਿਹਤ ਲਈ ਗੰਭੀਰ ਖਤਰਾ ਹੈ। ਆਡਿਟ ਵਿੱਚ ਇਹ ਵੀ ਸਾਹਮਣੇ ਆਇਆ ਹੈ ਕਿ ਪੰਜ ਸਾਲਾਂ ਦੌਰਾਨ ਰੋਜ਼ਾਨਾ 8-9 ਕਰੋੜ ਗੈਲਨ ਬਿਨਾਂ ਸੋਧਿਆ ਪਾਣੀ ਬੋਰਵੈੱਲਾਂ ਤੇ ਬਰਸਾਤੀ ਖੂਹਾਂ ਤੋਂ ਸਿੱਧਾ ਅੰਡਰਗਰਾਊਂਡ ਟੈਂਕਾਂ ਵਿੱਚ ਤੇ ਕੁਝ ਮਾਮਲਿਆਂ 'ਚ ਸਿੱਧਾ ਖਪਤਕਾਰਾਂ ਨੂੰ ਸਪਲਾਈ ਕੀਤਾ ਗਿਆ। ਰਿਪੋਰਟ ਕਹਿੰਦੀ ਹੈ ਕਿ ਪਾਣੀ ਦੀ ਕੁਆਲਿਟੀ ਦੀ ਨਿਗਰਾਨੀ ਦੀ ਵਿਵਸਥਾ ਖੁਦ ਹੀ ਕਮਜ਼ੋਰ ਹੈ, ਕਿਉਂਕਿ ਟਰੀਟਮੈਂਟ ਪਲਾਂਟਾਂ, ਟੈਂਕਾਂ ਤੇ ਬੋਰਵੈੱਲਾਂ 'ਤੇ ਫਲੋਅ ਮੀਟਰ ਨਹੀਂ ਲਾਏ ਗਏ। ਇਸ ਕਾਰਨ ਸੋਧੇ, ਪ੍ਰਵਾਹਤ ਤੇ ਸਪਲਾਈ ਕੀਤੇ ਗਏ ਪਾਣੀ ਦੀ ਮਾਤਰਾ ਤੇ ਕੁਆਲਿਟੀ ਦਾ ਸਹੀ ਅੰਦਾਜ਼ਾ ਨਹੀਂ ਲੱਗ ਰਿਹਾ। ਇਹ ਸਥਿਤੀ ਗੰਦੇ ਪਾਣੀ ਨਾਲ ਹੋਣ ਵਾਲੇ ਰੋਗਾਂ ਤੋਂ ਬਚਾਅ ਦੇ ਬੁਨਿਆਦੀ ਸਿਧਾਂਤਾਂ ਦੀ ਉਲੰਘਣਾ ਹੈ।*

*ਦਿੱਲੀ ਵਿੱਚ ਇੰਦੌਰ ਵਰਗੀ ਤ੍ਰਾਸਦੀ ਵਾਪਰਨ ਤੋਂ ਰੋਕਣ ਲਈ ਜ਼ਰੂਰੀ ਹੈ ਕਿ ਬਿਨਾਂ ਟਰੀਟ ਕੀਤੇ ਭੂ-ਜਲ ਦੀ ਸਪਲਾਈ ਤੁਰੰਤ ਬੰਦ ਕੀਤੀ ਜਾਵੇ, ਬੀ ਆਈ ਐੱਸ ਦੇ ਪੈਮਾਨਿਆਂ ਦੀ ਪੂਰੀ ਪਾਲਣਾ ਕੀਤੀ ਜਾਵੇ, ਪ੍ਰਯੋਗਸ਼ਾਲਾਵਾਂ ਨੂੰ ਜ਼ਰੂਰੀ ਉਪਕਰਣਾਂ ਨਾਲ ਲੈਸ ਕੀਤਾ ਜਾਵੇ ਤੇ ਸਟਾਫ ਪੂਰਾ ਕੀਤਾ ਜਾਵੇ। ਸੁਰੱਖਿਅਤ ਪਾਣੀ ਤੱਕ ਪਹੁੰਚ ਇੱਕ ਬੁਨਿਆਦੀ ਹੱਕ ਹੈ। ਇਸ ਨੂੰ ਯਕੀਨੀ ਬਣਾਉਣ ਲਈ ਨਿਰੰਤਰ ਸੰਸਥਾਗਤ ਨਾਕਾਮੀ ਜਨਤਕ ਵਿਸ਼ਵਾਸ ਤੇ ਜਨਤਕ ਸਿਹਤ ਪ੍ਰਤੀ ਜ਼ਿੰਮੇਦਾਰੀ ਦੀ ਗੰਭੀਰ ਉਲੰਘਣਾ ਹੈ।*

# ਵੈਨੇਜ਼ੁਏਲਾ ਉੱਪਰ ਅਮਰੀਕਾ ਦਾ ਘਿਨਾਉਣਾ ਹਮਲਾ

**ਪ੍ਰਸ਼ਪਿੰਦਰ**

***(ਇਹ ਹਮਲਾ ਸਾਮਰਾਜੀ ਅਮਰੀਕਾ ਦੇ ਹੰਕਾਰ ਦਾ ਪੁਰਜ਼ੋਰ ਉਲੇਖ ਹੈ-ਨਾ ਦੋਸਤ ਨਾ ਦੁਸ਼ਮਣ , ਮੈਨੂੰ ਕਿਸੇ ਦੀ ਪ੍ਰਵਾਹ ਨਹੀਂ।)***

ਵੈਸੇ ਤਾਂ ਤਕਰੀਬਨ ਪੰਝੀ ਸਾਲ ਤੋਂ ਵੱਧ ਦਾ ਸਮਾਂ ਬੀਤ ਗਿਆ ਹੈ, ਬੋਲਵੇਰੀਅਨ ਇਨਕਲਾਬ ਤੋਂ ਬਾਅਦ ਵੈਨੇਜ਼ੁਏਲਾ ਲਗਾਤਾਰ ਅਮਰੀਕਾ ਦੀਆਂ ਅੱਖਾਂ ਵਿਚ ਰੜਕ ਰਿਹਾ ਹੈ। ਜਦੋਂ ਤੋਂ ਸ਼ਾਵੇਜ਼ ਦੀ ਪਹਿਲਕਦਮੀ ਸਦਕਾ ਅਮਰੀਕੀ ਕੰਪਨੀਆਂ ਦੀ ਕੀਤੀ ਜਾਂਦੀ ਤੇਲ ਦੀ ਲੁੱਟ ਬੰਦ ਕੀਤੀ ਗਈ, ਦੇਸ਼ ਦੇ ਤੇਲ ਭੰਡਾਰਾਂ ਦਾ ਕੌਮੀਕਰਨ ਕਰ ਦਿੱਤਾ ਗਿਆ, ਅਮਰੀਕਾ ਦੀ ਧੌਂਸ ਮੰਨਣ ਤੋਂ ਵੈਨੇਜ਼ੁਏਲਾ ਇਨਕਾਰੀ ਹੋ ਗਿਆ ਸੀ, ਕਿਸੇ ਨਾ ਕਿਸੇ ਹੀਲੇ ਇਸ ਨੂੰ ਦਬਾਉਣ ਦੀ ਕੋਸ਼ਿਸ਼ ਲਗਾਤਾਰ ਜਾਰੀ ਰਹੀ, ਪਰ ਡੋਨਾਲਡ ਟਰੰਪ ਦੀ ਹੈਂਕੜ ਨੇ ਇਸ ਕੰਮ ਨੂੰ ਸਿਰੇ ਲਾ ਦਿੱਤਾ ਹੈ । ਨਵੇਂ ਸਾਲ ਦੇ ਤਿੰਨ ਜਨਵਰੀ ਦੀ ਸਵੇਰ ਨੂੰ ਅਮਰੀਕਾ ਦੇ ਸਪੈਸ਼ਲ ਕਮਾਂਡਰ ਰਾਸ਼ਟਰਪਤੀ ਨਿਕੋਲਸ ਮਾਦੁਰੋ ਅਤੇ ਉਸ ਦੀ ਪਤਨੀ ਸਿਲੀਆ ਫਲੋਰੈਂਸ ਨੂੰ ਅਗਵਾ ਕਰ ਕੇ ਹਵਾਈ ਜਹਾਜ਼ ਰਾਹੀਂ ਵਸ਼ਿੰਗਟਨ ਲੈ ਗਏ।

ਰਾਜਧਾਨੀ ਕਰਾਕਸ ਵਿਚ ਰਾਸ਼ਟਰਪਤੀ ਦੀ ਰਿਹਾਇਸ਼ ਉਪਰ ਅਤੇ ਸਾਰੇ ਦੇਸ਼ ਵਿਚ ਕਈ ਥਾਵਾਂ ਨੂੰ ਹਵਾਈ ਬੰਬਾਰੀ ਦਾ ਨਿਸ਼ਾਨਾ ਬਣਾਇਆ ਗਿਆ । ਰਾਸ਼ਟਰਪਤੀ ਟਰੰਪ ਦੇ ਸ਼ਬਦਾਂ ਵਿਚ, 'ਇਸ ਖਤਰਨਾਕ ਅਤੇ ਘਾਤਕ ਹਮਲੇ ਦੌਰਾਨ 100 ਤੋਂ ਜ਼ਿਆਦਾ ਵਿਅਕਤੀਆਂ ਦੀ ਮੌਤ ਹੋ ਗਈ ਹੈ ।

ਮਾਦੁਰੋ ਦੇ ਸੁਰੱਖਿਆ ਕਰਮੀਆਂ ਵਿਚ ਵੈਨੇਜ਼ੁਏਲਾ ਦੇ ਸਿਪਾਹੀਆਂ ਤੋਂ ਇਲਾਵਾ ਕਿਊਬਾ ਦੇ ਮੁਲਾਜ਼ਮ ਵੀ ਸਨ । ਖਬਰਾਂ ਮੁਤਾਬਕ ਉਨ੍ਹਾਂ ਵਿਚੋਂ 33 ਕਿਊਬਨ ਸਿਪਾਹੀ ਮਾਰੇ ਗਏ ਹਨ। ਤਿੰਨ ਜਨਵਰੀ ਦੀ ਇਸ ਕਾਰਵਾਈ ਤੋਂ ਪਹਿਲਾਂ ਬੀਤੇ ਪੰਦਰਾਂ-ਵੀਹ ਦਿਨਾਂ ਤੋਂ ਹੀ ਅਮਰੀਕੀ ਸਮੁੰਦਰੀ ਫੌਜ ਨੇ ਵੈਨੇਜ਼ੁਏਲਾ ਦੀ ਘੇਰਾਬੰਦੀ ਕੀਤੀ ਹੋਈ ਸੀ, ਬਹੁਤ ਸਾਰੀਆਂ ਕਿਸ਼ਤੀਆਂ ਨੂੰ ਨਿਸ਼ਾਨਾ ਬਣਾਇਆ ਗਿਆ, ਸੌ ਤੋਂ ਵੱਧ ਕਿਸ਼ਤੀ ਸਵਾਰਾਂ ਨੂੰ ਨਸ਼ੇ ਦੇ ਸਮਗਲਰ ਕਹਿ ਕੇ ਮਾਰ ਦਿੱਤਾ ਗਿਆ । ਕਹਿੰਦੇ ਹਨ ਬਦਲੇ ਦੀ ਇੰਤਹਾ ਕਤਲ ਹੁੰਦਾ ਹੈ, ਇਸ ਤਰ੍ਹਾਂ ਅਮਰੀਕਾ ਵੈਨੇਜ਼ੁਏਲਾ ਖਿਲਾਫ ਅੰਤਮ ਕਾਰਵਾਈ ਮਾਰ-ਮਕਾਉਣ ਦੀ ਕਾਰਵਾਈ 'ਤੇ ਉਤਰ ਆਇਆ ਹੈ । ਬਹੁਤ ਦੇਰ ਤੋਂ ਅਮਰੀਕਾ ਦੇ ਵੈਨੇਜ਼ੁਏਲਾ ਉਪਰ ਅੰਦਰੂਨੀ ਤੇ ਬਹਿਰੂਨੀ ਹਮਲੇ ਜਾਰੀ ਹਨ, ਉਹ ਹਰ ਖੇਤਰ, ਆਰਥਿਕ, ਰਾਜਨੀਤਕ, ਕੂਟਨੀਤਕ ਅਤੇ ਮਨੋਵਿਗਿਆਨਕ ਹਰੇਕ ਪੱਖ ਤੋਂ ਵਾਰ ਕੀਤੇ ਜਾ ਰਹੇ ਸਨ । ਇਸ ਸੰਦਰਭ ਵਿਚ ਇੱਕ ਛੋਟੇ ਜਿਹੇ ਦੇਸ਼ ਦੇ ਵਸਨੀਕਾਂ ਲਈ ਦੁਨੀਆਂ ਦੀ ਮਹਾਂ-ਸ਼ਕਤੀ ਦਾ ਮੁਕਾਬਲਾ ਕਰਨਾ ਬਹੁਤ ਮੁਸ਼ਕਲ ਸੀ । ਦੇਸ਼ ਨਾਲ ਧੋਖਾ ਕਰਨ ਵਾਲੇ ਵੀ ਹੁੰਦੇ, ਆਪਣੇ ਲਾਲਚ ਲਈ ਅੰਦਰੋ-ਅੰਦਰੀ ਸੌਦੇ ਕਰਨ ਵਾਲੇ ਵੀ। ਇਨ੍ਹਾਂ ਅੰਦਰੂਨੀ ਸਾਜਿਸ਼ਾਂ ਬਾਰੇ ਤਾਂ ਬਾਅਦ ਵਿਚ ਪਤਾ ਲੱਗੇਗਾ ਜਾਂ ਸ਼ਾਇਦ ਗੁਪਤ ਹੀ ਰਹਿ ਜਾਣ, ਪਰ ਇਹ ਗੱਲ ਤਾਂ ਸਾਫ ਤੇ ਸਪੱਸ਼ਟ ਹੈ ਕਿ ਵੈਨੇਜ਼ੁਏਲਾ ਦੇ ਖਿਲਾਫ ਅਮਰੀਕਾ ਵੱਲੋਂ ਕੀਤੀ ਗਈ ਕਿਸੇ ਵੀ ਅੰਤਰ-ਰਾਸ਼ਟਰੀ ਕਾਨੂੰਨ ਦੇ ਤਹਿਤ ਜਾਇਜ਼ ਨਹੀਂ ਹੈ, ਸੰਯੁਕਤ ਰਾਸ਼ਟਰ ਦੇ ਚਾਰਟਰ ਦੀ ਘੋਰ ਉਲੰਘਣਾ ਹੈ ਜੋ ਕਿਸੇ ਦੇਸ਼ ਕਿਸੇ ਹੋਰ ਉਪਰ ਹਮਲਾ ਕਰਨ ਦੀ ਇਜਾਜ਼ਤ ਨਹੀਂ ਦਿੰਦਾ। ਇੱਥੋਂ ਤੱਕ ਕਿ ਯੂਰਪ ਵਿਚਲੇ ਅਮਰੀਕਾ ਦੇ ਪਿੱਠੂ ਦੇਸ਼ਾਂ ਨੂੰ ਵੀ ਇਸ ਦੀ ਨਿਖੇਧੀ ਕਰਨੀ ਪਈ ਹੈ । ਜਰਮਨੀ ਦੇ ਰਾਸ਼ਟਰਪਤੀ ਨੇ ਤਾਂ ਸਖਤ ਸ਼ਬਦਾਂ ਵਿਚ ਅਮਰੀਕਾ ਦੀ ਅਲੋਚਨਾ ਕੀਤੀ ਹੈ । ਰਾਸ਼ਟਰਪਤੀ ਟਰੰਪ ਜੋ ਤਰਕ ਪੇਸ਼ ਕਰ ਰਿਹਾ ਹੈ ਜਿਵੇਂ ਦੁਨੀਆ ਨੂੰ ਬੇਵਕੂਫ ਬਣਾ ਰਿਹਾ ਹੋਵੇ । ਅਖੇ ਮਾਦੁਰੋ ਨਸ਼ੇ ਦੇ ਸਮਗਲਰਾਂ ਦੇ ਸਮੂਹ ਦਾ ਸਰਗਣਾ ਹੈ, ਕੋਕੇਨ, ਫੈਨਟਾਨਿਲ ਵਰਗੇ ਨਸ਼ੇ ਵੈਨੇਜ਼ੁਏਲਾ ਤੋਂ ਅਮਰੀਕਾ ਵਿਚ ਭੇਜੇ ਜਾ ਰਹੇ ਹਨ । ਬੀ ਬੀ ਸੀ ਅਤੇ ਗਾਰਡੀਅਨ ਵਰਗੇ ਵਿਸ਼ਵ ਦੇ ਪ੍ਰਸਿੱਧ ਮੀਡੀਆ ਅਦਾਰੇ ਇਹ ਮੰਨਦੇ ਹਨ ਕਿ ਇਸ ਮਾਮਲੇ ਵਿਚ ਵੈਨੇਜ਼ੁਏਲਾ ਦੀ ਭੂਮਿਕਾ ਨਾਂਹ ਦੇ ਬਰਾਬਰ ਹੈ । ਨਸ਼ਿਆਂ ਦੀ ਸਮੱਸਿਆ ਅਮਰੀਕਾ ਦੀ ਆਪਣੀ ਨਾ ਖਤਮ ਹੋਣ ਵਾਲੀ ਅੰਦਰੂਨੀ ਸਮੱਸਿਆ ਬਣ ਗਈ ਹੈ, ਇਲਜ਼ਾਮ ਦੂਸਰਿਆਂ 'ਤੇ ਲਗਾਏ ਜਾ ਰਹੇ ਹਨ । ਦੂਸਰਾ ਕਾਰਨ ਦੱਸਿਆ ਜਾ ਰਿਹਾ ਹੈ ਕਿ 2024 ਦੀਆਂ ਚੋਣਾਂ ਦੌਰਾਨ ਮਾਦੁਰੋ ਨੇ ਧਾਂਦਲੀ ਕੀਤੀ ਹੈ, ਮਨੁੱਖੀ ਹਕੂਕਾਂ ਦਾ ਹਨਣ ਕੀਤਾ ਜਾ ਰਿਹਾ ਹੈ, ਸਿਆਸੀ ਵਿਰੋਧੀਆਂ ਉਪਰ ਜ਼ੁਲਮ ਕੀਤੇ ਜਾ ਰਹੇ ਹਨ, ਪਰ ਨਿਰਣਾਇਕ ਦਲੀਲ ਇਹ ਹੈ ਕਿ ਆਪਣੇ ਪ੍ਰਭੂਸੱਤਾ ਸੰਪੂਰਨ ਦੇਸ਼ ਦੀਆਂ ਸਮੱਸਿਆਵਾਂ ਬਾਰੇ ਨਿਰਣਾ ਉਥੋਂ ਦੇ ਲੋਕਾਂ ਨੇ ਕਰਨਾ ਹੈ, ਟਰੰਪ ਨੂੰ ਫੌਜਾਂ ਭੇਜਣ ਦਾ ਕੋਈ ਅਧਿਕਾਰ ਨਹੀਂ। ਵਿਸ਼ਵ ਦੇ ਤਕਰੀਬਨ ਦੋ ਸੌ ਦੇਸ਼ ਹਨ, ਹਰ ਦੇਸ਼ ਦੀ ਆਪਣੀ ਕੋਈ ਨਾ ਕੋਈ ਸਮੱਸਿਆ ਹੈ, ਅਮਰੀਕਾ ਦਾ ਫਿਰ ਅਗਲਾ ਨਿਸ਼ਾਨਾ ਕਿਹੜਾ ਹੋਵੇਗਾ ? ਚੋਣਾਂ ਤਾਂ ਇਸ ਦੇ ਪਰਮ ਮਿੱਤਰ ਸਾਊਦੀ ਅਰਬ ਵਿਚ ਹੁੰਦੀਆਂ ਹੀ ਨਹੀਂ ਹਨ । ਟਰੰਪ ਜੀ ਫਿਰ ਉਸ ਦਾ ਕੀ ਇਲਾਜ ਕਰਨਗੇ ? ਕਿਹੜੇ ਉਡਣ ਦਸਤਾ ਜਾਂ ਸਮੁੰਦਰੀ ਫੌਜ ਭੇਜਣਗੇ ?

ਕੌਮਾਂਤਰੀ ਸਿਆਸੀ ਹਲਕਿਆਂ ਵਿਚ ਵੈਨੇਜ਼ੁਏਲਾ ਅਤੇ ਈਰਾਨ ਦੀ ਚਰਚਾ ਆਮ ਹੁੰਦੀ ਹੈ । ਅਜਿਹੀ ਚਰਚਾ ਵਿਚੋਂ ਕੁਝ ਸੱਚਾਈ ਵੀ ਉਜਾਗਰ ਹੁੰਦੀ ਹੈ । ਮਾਦੁਰੋ ਨੂੰ ਸਜ਼ਾ ਇਸ ਕਰਕੇ ਦਿੱਤੀ ਗਈ ਕਿਉਂ ਕਿ ਉਹ ਫਲਸਤੀਨ ਲੋਕਾਂ ਦੀ ਇਜ਼ਰਾਈਲ ਵੱਲੋਂ ਅਮਰੀਕਾ ਦੀ ਮਦਦ ਨਾਲ ਕੀਤੀ ਜਾ ਰਹੀ ਨਸਲਕੁਸ਼ੀ ਦੇ ਖਿਲਾਫ ਬੋਲਿਆ ਸੀ । ਇਜ਼ਰਾਈਲ ਦੇ ਕਾਤਲਾਂ ਨੇ ਤਾਂ ਵੈਨੇਜ਼ੁਏਲਾ ਦੀ ਤਰਜ਼ 'ਤੇ ਈਰਾਨ ਨੂੰ ਵੀ ਧਮਕੀਆਂ ਦੇਣੀਆਂ ਸ਼ੁਰੂ ਕਰ ਦਿੱਤੀਆਂ ਹਨ । ਟਰੰਪ ਨੇ ਵੀ ਈਰਾਨ ਦੇ ਜਰਨੈਲ ਕਾਸਿਮ ਸੁਲੇਮਾਨੀ ਦੇ ਕਤਲ ਵਰਗੀ ਯੋਜਨਾ ਦਾ ਹਵਾਲਾ ਦਿੱਤਾ ਹੈ । ਵੈਨੇਜ਼ੁਏਲਾ ਵਿਰੁੱਧ ਅਮਰੀਕੀ ਕਾਰਵਾਈ ਦੇ ਕਾਰਨ ਲੱਭਣੇ ਮੁਸ਼ਕਲ ਨਹੀਂ ਹਨ । ਟਰੰਪ ਤਾਂ ਆਪ ਹੀ ਵੈਨੇਜ਼ੁਏਲਾ ਦੇ ਤੇਲ ਅਤੇ ਹੋਰ ਦੁਰਲੱਭ ਧਾਤੂਆਂ ਉਪਰ ਨਜ਼ਰ ਲਗਾਈ ਬੈਠਾ ਹੈ । ਕੁਝ ਦਿਨ ਪਹਿਲਾਂ ਹੀ ਅਮਰੀਕੀ ਤੇਲ ਕੰਪਨੀਆਂ ਦੀ ਮੀਟਿੰਗ ਕੀਤੀ ਹੈ, ਉਨ੍ਹਾਂ ਨੂੰ 100 ਅਰਬ ਡਾਲਰ ਵੈਨੇਜ਼ੁਏਲਾ ਦੇ ਤੇਲ ਖੇਤਰ ਉਪਰ ਖਰਚ ਕਰਨ ਨੂੰ ਕਿਹਾ ਹੈ ।

ਰਾਸ਼ਟਰਪਤੀ ਟਰੰਪ ਇਹ ਦਾਅਵਾ ਵੀ ਕਰ ਰਿਹਾ ਹੈ ਕਿ ਵੈਨੇਜ਼ੁਏਲਾ ਦਾ ਤੇਲ ਅਤੇ ਖਣਿਜ ਵਿਚੋਂ ਕੁਝ ਹਿੱਸੇ ਦਾ ਮਾਲਕ ਅਮਰੀਕਾ ਅਤੇ ਇਸ ਦੀਆਂ ਕੰਪਨੀਆਂ ਹਨ, ਜੋ ਕਿ ਹਿਊਗੋ ਸ਼ਾਵੇਜ਼ ਦੀ ਸਰਕਾਰ ਨੇ ਜਨਤਕ ਕਬਜ਼ੇ ਵਿਚ ਕਰ ਲਿਆ ਸੀ । ਉਸ ਨੇ ਵਾਪਸ ਲੈਣ ਦਾ ਵਾਅਦਾ ਕੀਤਾ ਸੀ , ਜੋ ਉਹ ਹੁਣ ਕਰ ਰਿਹਾ ਹੈ ।

ਕੁਦਰਤੀ ਖਜ਼ਾਨਿਆਂ ਦੀ ਮਾਲਕੀ ਦੇ ਲਾਲਚ ਤੋਂ ਇਲਾਵਾ ਇਸ ਹਮਲੇ ਦਾ ਦੂਸਰਾ ਕਾਰਨ ਖਿੱਤੇ ਵਿਚ ਆਪਣੀ ਸਰਦਾਰੀ ਕਾਇਮ ਕਰਨਾ ਹੈ । ਅਰਜਨਟਾਈਨਾ ਅਤੇ ਹੌਂਡਰਾਸ ਦੋਨਾਂ ਦੇਸ਼ਾਂ ਦੀਆਂ ਚੋਣਾਂ ਵਿਚ ਸਿੱਧਾ ਦਖਲ ਦੇ ਕੇ ਅਮਰੀਕਾ ਆਪਣੇ ਹੱਕ ਦੀਆਂ ਸਰਕਾਰਾਂ ਕਾਇਮ ਕਰਨ ਵਿਚ ਕਾਮਯਾਬ ਹੋ ਗਿਆ ਹੈ । ਕੋਲੰਬੀਆ ਦੇ ਰਾਸ਼ਟਰਪਤੀ ਨੂੰ ਤਾਂ ਟਰੰਪ ਨੇ ਸਿੱਧੀ ਧਮਕੀ ਦਿੱਤੀ ਹੈ ਕਿ ਉਸ ਦਾ ਹਸ਼ਰ ਵੀ ਮਾਦੁਰੋ ਵਰਗਾ ਹੋਵੇਗਾ । ਕਿਊਬਾ ਨੂੰ ਵੀ ਕਹਿ ਦਿੱਤਾ ਗਿਆ ਹੈ ਕਿ ਨਵੀਂ ਸੰਧੀ ਕਰੋ, ਨਹੀਂ ਤਾਂ ਵੈਨੇਜ਼ੁਏਲਾ ਤੋਂ ਮਿਲਣ ਵਾਲਾ ਤੇਲ ਬੰਦ ਹੋ ਜਾਵੇਗਾ । ਬਰਾਜ਼ੀਲ ਅਤੇ ਨਿਕਾਰਾਗੂਆ ਵੀ ਏਜੰਡੇ 'ਤੇ ਹਨ । ਇਸ ਬਾਬਤ ਇੱਕ ਦਿਲਚਸਪ ਵਾਕਿਆ ਹੈ । ਨਿਕੋਲਸ ਮਾਦੁਰੋ ਉਪਰ ਤਾਂ ਨਸ਼ੇ ਦੀ ਤਸਕਰੀ ਕਰਨ ਦਾ ਮੁਕੱਦਮਾ ਸ਼ੁਰੂ ਹੋ ਗਿਆ ਹੈ, ਪਰ ਹੌਂਡਰਾਸ ਦੇ ਸਾਬਕਾ ਸਿਆਸੀ ਨੇਤਾ ਦੀ ਨਸ਼ੇ ਦੀ ਤਸਕਰੀ ਦੇ ਇਲਜ਼ਾਮ ਕਾਰਨ ਹੋਈ ਸਜ਼ਾ ਮਾਫ ਕਰ ਦਿੱਤੀ ਗਈ ਹੈ, ਜੇਲ੍ਹ ਤੋਂ ਰਿਹਾਈ ਵੀ ਹੋ ਗਈ ਹੈ । ਯਾਨੀ ਅਸਲ ਮਕਸਦ ਅਮਰੀਕਾ ਵਿਚ ਨਸ਼ੇ ਦੀ ਤਸਕਰੀ ਰੋਕਣਾ ਨਹੀਂ, ਗਵਾਂਢੀ ਖਿੱਤੇ ਵਿਚ ਆਪਣੀ ਸਰਦਾਰੀ ਕਾਇਮ ਕਰਨਾ ਹੈ । 200 ਸਾਲ ਪਹਿਲਾਂ ਅਮਰੀਕਾ ਦੇ ਰਾਸ਼ਟਰਪਤੀ ਨੇ ਦੁਨੀਆ ਦੇ ਬਾਕੀ ਸਾਮਰਾਜੀ ਦੇਸ਼ਾਂ ਨੂੰ ਚੇਤਾਵਨੀ ਦਿੱਤੀ ਸੀ ਕਿ ਅਮਰੀਕਾ ਦੇ ਨਾਲ ਲਗਦਾ ਪੱਛਮੀ ਹੈਮੀਸਫੀਅਰ ਜਾਂ ਦੱਖਣੀ ਅਮਰੀਕਾ ਦੇ ਇਲਾਕੇ ਵਿਚ ਉਹ ਦਾਖਲ ਨਹੀਂ ਹੋ ਸਕਦੇ । ਇਹ ਮੋਨਰੋ ਡਾਕਰਾਈਨ ਦੇ ਨਾਂਅ ਨਾਲ ਜਾਣਿਆ ਜਾਂਦਾ ਇਤਿਹਾਸਕ ਸੱਚ ਹੈ । ਵੈਨੇਜ਼ੁਏਲਾ ਉਪਰ ਹਮਲਾ 'ਡੋਨਰੋ ਡਾਕਰਾਈਨ' ਦੇ ਤਹਿਤ ਕੀਤਾ ਗਿਆ ਹੈ । (ਡੋਨਾਲਡ ਦਾ ਡੋਨਰੋ ਬਣਾ ਦਿੱਤਾ ਗਿਆ ਹੈ)। ਮਾਰਕੋ ਰੂਬੀਓ ਅਮਰੀਕਾ ਦਾ ਵਿਦੇਸ਼ ਮੰਤਰੀ ਹੈ ਅਤੇ ਕੌਮੀ ਸੁਰੱਖਿਆ ਸਲਾਹਕਾਰ ਵੀ ਹੈ । ਕਿਸੇ ਸਮੇਂ ਉਹ ਡੋਨਾਲਡ ਟਰੰਪ ਦੇ ਮੁਕਾਬਲੇ ਰਾਸ਼ਟਰਪਤੀ ਦੀ ਚੋਣ ਦਾ ਇਛੁੱਕ ਸੀ। ਫਲੋਰਿਡਾ ਤੋਂ ਰਿਬਲੀਕਨ ਸੈਨੇਟਰ ਚੁਣਿਆ ਜਾਂਦਾ ਰੂਬੀਓ ਆਪਣੀ ਗਰਮ ਵਿਦੇਸ਼ ਨੀਤੀ ਬਾਰੇ ਜਾਣਿਆ ਜਾਂਦਾ ਹੈ, ਖਾਸ ਕਰ ਕਿਊਬਾ ਦਾ ਸਖਤ ਵਿਰੋਧੀ ਹੈ । ਇਸ ਵਕਤ ਅਮਰੀਕਾ ਦੀ ਵਿਦੇਸ਼ ਨੀਤੀ ਦੋ ਕੱਟੜ ਰਾਸ਼ਟਰਵਾਦੀ, ਸਿਰੇ ਦੇ ਬੇਰਹਿਮ ਵਿਅਕਤੀਆਂ ਦੇ ਹੱਥਾਂ ਵਿਚ ਹੈ । ਹੈਨਰੀ ਕਸਿੰਗਰ ਤੋਂ ਬਾਅਦ ਪਹਿਲੀ ਵਾਰ ਅਮਰੀਕੀ ਪ੍ਰਸ਼ਾਸ਼ਨ ਦੇ ਦੋ ਅਹਿਮ ਅਹੁਦੇ ਇੱਕ ਵਿਅਕਤੀ ਰੂਬੀਓ ਦੇ ਹੇਠ ਹਨ, ਜੋ ਟਰੰਪ ਦਾ ਉੱਤਰਾਅਧਿਕਾਰੀ ਬਣਨ ਦੀ ਦੌੜ ਵਿਚ ਵੀ ਹੈ ।

ਅਮਰੀਕਾ ਦੀ ਹਰੇਕ ਨਵੀਂ ਸਰਕਾਰ ਆਪਣੀ ਕੌਮੀ ਸੁਰੱਖਿਆ ਨੀਤੀ ਜਾਰੀ ਕਰਦੀ ਹੈ । ਟਰੰਪ ਸਰਕਾਰ ਵੱਲੋਂ ਵੀ ਜਾਰੀ ਕੀਤੀ ਨੀਤੀ ਵਿਚ ਦੱਖਣੀ ਅਮਰੀਕੀ ਗਵਾਂਢੀ ਦੇਸ਼ਾਂ ਉਪਰ ਵਿਸ਼ੇਸ਼ ਜ਼ੋਰ ਦਿੱਤਾ ਗਿਆ ਹੈ, ਜੋ 'ਲੰਮੇ ਸਮੇਂ ਤੋਂ ਦੁੱਖ ਸਹਿ ਰਹੇ ਹਨ।' ਸੰਨ 1904 ਵਿਚ ਅਮਰੀਕੀ ਰਾਸ਼ਟਰਪਤੀ ਥੀਓਡੋਰ ਰੂਜ਼ਵਾਲਟ ਨੇ 'ਰੂਜ਼ਵਾਲਟ ਕੋਰੋਲਰੀ' ਨੀਤੀ ਲਾਗੂ ਕੀਤੀ ਸੀ, ਜੋ ਮੋਨਰੋ ਡਾਕਰਾਈਨ ਦਾ ਹੀ ਫਲਾਅ ਸੀ, ਜਿਸ ਅਨੁਸਾਰ ਜੇ ਯੂਰਪ ਦੇ ਦੇਸ਼ ਲਾਤੀਨੀ ਅਮਰੀਕਾ ਵਿਚ ਕੋਈ ਅਸਥਿਰਤਾ ਪੈਦਾ ਕਰਦੇ ਹਨ ਤਾਂ ਅਮਰੀਕਾ ਨੂੰ ਉਥੇ ਦਖਲ ਦੇਣ ਦਾ ਪੂਰਾ ਅਧਿਕਾਰ ਹੈ। ਰੂਜ਼ਵਾਲਟ ਕੋਰੋਲਰੀ ਨੇ ਸਪੱਸ਼ਟ ਐਲਾਨ ਕਰ ਦਿੱਤਾ ਸੀ ਕਿ ਅਮਰੀਕਾ ਦੇ ਪਿਛਵਾੜੇ ਦੇ ਸਾਰੇ ਦੇਸ਼ਾਂ ਉਪਰ ਅਮਰੀਕਾ ਦੀ ਸਰਦਾਰੀ ਹੋਵੇਗੀ, ਕਿਸੇ ਯੂਰਪੀ ਦਖਲ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ । ਮੌਜੂਦਾ 'ਡੋਨਾਲਡ ਕੋਰੋਲਰੀ' ਉਸੇ ਦੀ ਹੀ ਨਵੀਂ ਭਾਸ਼ਾ ਹੈ , ਹੁਣ ਯੂਰਪ ਦੀ ਥਾਂ ਦੁਨੀਆ ਦੇ ਸਾਰੇ ਮੁਲਕਾਂ ਨੂੰ ਚੇਤਾਵਨੀ ਦਿੱਤੀ ਗਈ ਹੈ।

**# ਸੰਪਰਕ : 94632-32402**

# ਸੰਘਰਸ਼ਸ਼ੀਲ ਇਨਸਾਨ ਸੀ ਕਾਮਰੇਡ ਬਲਜਿੰਦਰ ਸਿੰਘ

**ਗੁਰਚਰਨ ਸਿੰਘ ਨੂਰਪੁਰ**

ਕਾਮਰੇਡ ਬਲਜਿੰਦਰ ਸਿੰਘ ਮਾਰਕਸਵਾਦੀ ਵਿਚਾਰਧਾਰਾ ਨੂੰ ਪ੍ਰਣਾਇਆ ਹੋਇਆ ਅਜਿਹਾ ਸ਼ਖਸ, ਸੀ ਜਿਸ ਨੂੰ ਉਸਾਰੂ ਸਾਹਿਤ ਨਾਲ ਵੀ ਡੂੰਘੀ ਦਿਲਚਸਪੀ ਸੀ ਅਤੇ ਲੋਕ ਘੋਲਾਂ ਵਿੱਚ ਵੀ ਉਹ ਮੋਹਰੀ ਰੋਲ ਅਦਾ ਕਰਨ ਵਿੱਚ ਆਪਣਾ ਫਰਜ਼ ਸਮਝਦਾ ਸੀ।

ਕਾਮਰੇਡ ਬਲਜਿੰਦਰ ਸਿੰਘ ਹੁੰਦਲ ਦਾ ਜਨਮ ਮਿਤੀ 1 ਜੂਨ 1955 ਨੂੰ ਪਿਤਾ ਅਜੀਤ ਸਿੰਘ ਅਤੇ ਮਾਤਾ ਸ੍ਰੀਮਤੀ ਸੁਰਜੀਤ ਕੌਰ ਦੇ ਘਰ ਹੋਇਆ। ਉਹਨਾ ਦੇ ਮਾਤਾ ਜੀ ਬੇਹੱਦ ਧਾਰਮਿਕ ਵਿਚਾਰਾਂ ਦੇ ਸਨ। ਕਾਮਰੇਡ ਬਲਜਿੰਦਰ ਸਿੰਘ ਨੂੰ ਬਚਪਨ ਤੋਂ ਹੀ ਕਿਤਾਬਾਂ ਪੜ੍ਹਨ ਦਾ ਸ਼ੌਕ ਸੀ, ਇਸੇ ਦੀ ਬਦੌਲਤ ਉਹ ਕਮਿਊਨਿਸਟ ਵਿਚਾਰਧਾਰਾ ਦਾ ਧਾਰਨੀ ਬਣਿਆ। ਵੱਖ-ਵੱਖ ਸਮਿਆਂ ਦੌਰਾਨ ਵਿਸ਼ਵ ਪੱਧਰ 'ਤੇ ਵਾਪਰਦੇ ਵਰਤਾਰੇ, ਲੋਕ ਸ਼ੰਘਰਸ਼, ਰਾਜਨੀਤਕ ਸਰਗਰਮੀਆਂ ਪ੍ਰਤੀ ਬਲਜਿੰਦਰ ਸਿੰਘ ਬਹੁਤ ਡੂੰਘੀ ਸਮਝ ਰੱਖਦੇ ਸਨ। ਉਹਨਾ ਕਮਿਊਨਿਸਟ ਵਿਚਾਰਧਾਰਾ ਦਾ ਪ੍ਰਚਾਰ ਕਰਨ ਲਈ ਆਪਣੇ ਇਲਾਕੇ ਸ਼ਾਹਕੋਟ ਵਿੱਚ ਸਰਗਰਮੀ ਨਾਲ ਕੰਮ ਕੀਤਾ।

ਕਾਮਰੇਡ ਬਲਜਿੰਦਰ ਸਿੰਘ ਭਾਰਤ ਦੇ ਕਮਿਊਨਿਸਟ ਆਗੂ ਹਰਕਿਸ਼ਨ ਸਿੰਘ ਸੁਰਜੀਤ ਦੇ ਵਿਚਾਰਾਂ ਤੋਂ ਬੇਹੱਦ ਪ੍ਰਭਾਵਤ ਸਨ। ਆਪਣੇ ਘਰ ਦੇ ਹਾਲਾਤ ਬਿਹਤਰ ਕਰਨ ਲਈ ਉਹਨਾਂ ਅਰਬ ਦੇਸ਼ ਲਿਬਨਾਨ ਵਿੱਚ ਕੁਝ ਸਮਾਂ ਕੰਮ ਕੀਤਾ। ਫਿਰ ਉਹ 1986 ਵਿੱਚ ਸਹਿਕਾਰੀ ਖੰਡ ਮਿੱਲ ਨਕੋਦਰ ਵਿੱਚ ਬਤੌਰ ਗੰਨਾ ਕਲਰਕ ਵਜੋਂ ਭਰਤੀ ਹੋਏ। ਆਪਣੀ ਯੋਗਤਾ ਨਾਲ ਉਹ ਮਗਰੋਂ ਮਿੱਲ ਦੇ ਗੁਦਾਮ ਕੀਪਰ ਵੀ ਬਣੇ। ਜੁਝਾਰੂ ਸੁਭਾਅ ਦੇ ਹੋਣ ਕਰਕੇ ਮਿੱਲ ਦੇ ਵਰਕਰਾਂ ਵੱਲੋਂ ਉਹਨਾ ਨੂੰ ਵਰਕਰ ਯੂਨੀਅਨ ਦਾ ਪ੍ਰਧਾਨ ਚੁਣਿਆ ਗਿਆ। ਆਪਣੀ ਡਿਊਟੀ ਕਰਦਿਆਂ ਉਹ ਮੁਲਾਜਮਾਂ ਦੀਆਂ ਹੱਕੀ ਮੰਗਾਂ ਲਈ ਯੂਨੀਅਨ ਦੀ ਯੋਗ ਅਗਵਾਈ ਕਰਦਿਆਂ ਹਮੇਸ਼ਾ ਸੰਘਰਸ਼ਸ਼ੀਲ ਰਹੇ।

ਸਮਾਜਿਕ ਅਤੇ ਰਾਜਨੀਤਕ ਸੂਝ ਹੋਣ ਕਰਕੇ ਉਹ ਹਮੇਸ਼ਾ ਟੇਬਲ ਟਾਕ ਵਿੱਚ ਵਿਸ਼ਵਾਸ ਰੱਖਦੇ ਸਨ, ਅਕਸਰ ਮੁਲਾਜਮਾਂ ਦੀਆਂ ਹੱਕੀ ਮੰਗਾਂ ਲਈ ਉਹ ਅਫਸਰਸ਼ਾਹੀ ਨੂੰ ਆਪਣੇ ਵਿਵੇਕ ਨਾਲ ਨਿਰਉਤਰ ਕਰ ਦਿਆ ਕਰਦੇ ਸਨ। ਵਰਕਰਾਂ ਦੇ ਉੱਚ ਤਨਖਾਹ ਗ੍ਰੇਡ ਲੈਣ ਲਈ ਵੱਡੇ ਸੰਘਰਸ਼ ਵਿੱਚ ਉਹ ਕਈ ਵਾਰ ਸ਼ੂਗਰਫੈਡ ਪੰਜਾਬ, ਚੰਡੀਗੜ੍ਹ ਦੇ ਦਫਤਰਾਂ ਅੱਗੇ ਲੱਗਦੇ ਰਹੇ ਧਰਨਿਆਂ ਵਿੱਚ ਵਧ-ਚੜ੍ਹ ਕੇ ਹਿੱਸਾ ਲੈਂਦੇ ਰਹੇ। ਸੰਘਰਸ਼ਸ਼ੀਲ ਆਗੂ ਦੀ ਹੈਸੀਅਤ ਵਿੱਚ ਮੁਲਾਜ਼ਮਾਂ ਦੇ ਹੱਕਾਂ ਦੀ ਲੜਾਈ ਲੜਦਿਆਂ ਬੇਸ਼ੱਕ ਉਹਨਾ ਨੂੰ ਜੇਲ੍ਹ ਵੀ ਜਾਣਾ ਪਿਆ, ਪਰ ਉਹਨਾ ਸਮੇਂ ਦੀਆਂ ਸਰਕਾਰਾਂ ਤੋਂ ਮੁਲਾਜ਼ਮ ਸਾਥੀਆਂ ਦੀਆਂ ਹੱਕੀ ਮੰਗਾਂ ਨੂੰ ਮਨਵਾ ਕੇ ਆਪਣੀ ਯੋਗ ਅਗਵਾਈ ਦਾ ਲੋਹਾ ਮਨਵਾਇਆ। ਉਹਨਾਂ ਦਾ ਦ੍ਰਿੜ੍ਹ ਵਿਸ਼ਵਾਸ ਸੀ ਕਿ ਸ਼ਾਂਤਮਈ ਸੰਘਰਸ਼ ਨਾਲ ਹਰ ਜਾਇਜ਼ ਲੜਾਈ ਜਿੱਤੀ ਜਾ ਸਕਦੀ ਹੈ।



ਕਾਮਰੇਡ ਬਲਜਿੰਦਰ ਸਿੰਘ ਵਾਤਾਵਰਨ ਪ੍ਰੇਮੀ ਸਨ, ਰੁੱਖਾਂ-ਬੂਟਿਆਂ ਨਾਲ ਉਹਨਾਂ ਦਾ ਖਾਸ ਲਗਾਵ ਸੀ। ਉਹ ਵੱਖ-ਵੱਖ ਫਸਲਾਂ, ਸਬਜੀਆਂ ਨੂੰ ਉਗਾਉਣ, ਸੰਭਾਲਣ ਦੀ ਡੂੰਘੀ ਸਮਝ ਰੱਖਦੇ ਸਨ। ਉਹ ਇੱਕ ਖੁਸ਼ਮਿਜ਼ਾਜ ਵਿਅਕਤੀ ਸਨ। ਉਹ ਆਪਣੀ ਗੱਲਬਾਤ ਵਿੱਚ ਅਖਾਣਾਂ, ਮੁਹਾਵਰਿਆਂ ਦੀ ਵਰਤੋਂ ਕਰਦੇ। ਲਗਾਤਾਰ ਕਿਤਾਬਾਂ ਨਾਲ ਜੁੜੇ ਹੋਣ ਕਰਕੇ ਉਹਨਾ ਨੂੰ ਸੱਭਿਆਚਾਰ, ਪੰਜਾਬੀ ਲੋਕਧਾਰਾ ਅਤੇ ਇਤਿਹਾਸ ਦੀ ਡੂੰਘੀ ਸਮਝ ਸੀ। ਖੰਡ ਮਿਲ ਦੀ ਰਿਟਾਇਰਮੈਂਟ ਤੋਂ ਮਗਰੋਂ ਸੰਨ 2005 ਵਿੱਚ ਉਹ ਆਪਣੇ ਪਿੰਡ ਕੋਟਲਾ ਜੰਗਾਂ ਜ਼ਿਲ੍ਹਾ ਜਲੰਧਰ ਤੋਂ ਉੱਠ ਕੇ ਪਰਵਾਰ ਸਮੇਤ ਪਿੰਡ ਬਹਿਕ ਗੁੱਜਰਾਂ ਨੇੜੇ ਜ਼ੀਰਾ ਆ ਕੇ ਵਸ ਗਏ। ਇੱਥੇ ਉਹਨਾ ਆਪਣੀ ਸੀਮਤ ਜ਼ਮੀਨ ਵਿੱਚ ਖੇਤੀ ਕਰਨ ਦੇ ਨਾਲ ਨਾਲ ਜ਼ੀਰਾ ਸ਼ਹਿਰ ਵਿੱਚ ਸਪੇਅਰ ਪਾਰਟਸ ਦੀ ਦੁਕਾਨ ਕਰ ਲਈ। ਜ਼ੀਰਾ ਇਲਾਕੇ ਵਿੱਚ ਵੱਖ-ਵੱਖ ਸਮਿਆਂ 'ਤੇ ਹੋਣ ਵਾਲੇ ਹਰ ਤਰ੍ਹਾਂ ਦੇ ਅਗਾਂਹਵਧੂ ਸਮਾਗਮਾਂ, ਲੋਕ ਲਹਿਰਾਂ ਵਿੱਚ ਉਹ ਸਰਗਰਮੀ ਨਾਲ ਭਾਗ ਲੈਂਦੇ ਰਹੇ।

ਸੰਨ 2015 ਇਸ ਪਰਵਾਰ ਤੇ ਉਦੋਂ ਦੁੱਖਾਂ ਦਾ ਪਹਾੜ ਟੁੱਟਿਆ, ਜਦੋਂ ਬਲਜਿੰਦਰ ਸਿੰਘ ਦੇ ਨੌਜਵਾਨ ਬੇਟੇ ਅਮਨ ਦੀ ਕਰੰਟ ਲੱਗਣ ਨਾਲ ਮੌਤ ਹੋ ਗਈ। ਇਸ ਔਖੇ ਸਮੇਂ ਦੌਰਾਨ ਕਾਮਰੇਡ ਬਲਜਿੰਦਰ ਸਿੰਘ ਨੇ ਆਪਣੇ ਆਪ ਨੂੰ ਹੀ ਨਹੀਂ, ਪਰਵਾਰ ਨੂੰ ਵੀ ਸੰਭਾਲਿਆ, ਆਪਣੀ ਨੂੰਹ ਚਰਨਜੀਤ, ਪੋਤੀ ਗੁਰਲੀਨ ਅਤੇ ਪੋਤੇ ਗੁਰਜਾਪ ਦੇ ਸਿਰ 'ਤੇ ਹੱਥ ਰੱਖਿਆ, ਉਹਨਾਂ ਦੀ ਪਰਵਰਿਸ਼ ਲਈ ਰਾਤ-ਦਿਨ ਇੱਕ ਕੀਤਾ। ਬੇਟੇ ਦੀ ਦੁਖਦਾਈ ਮੌਤ ਦੇ ਬਾਵਜੂਦ ਉਹਨਾ ਨੇ ਪਰਵਾਰ ਦੀ ਯੋਗ ਅਗਵਾਈ ਕੀਤੀ ਤੇ ਆਪਣੀ ਬੇਟੀ ਨਵਜੋਤ ਨੂੰ ਵਿਦੇਸ਼ ਭੇਜਿਆ।

ਪਿਛਲੇ ਅਰਸੇ ਤੋਂ ਕੁਝ ਦਿਨ ਬਿਮਾਰ ਰਹਿਣ ਉਪਰੰਤ ਮਿਤੀ 13 ਜਨਵਰੀ ਨੂੰ ਇਹ ਸੰਘਰਸ਼ੀਲ ਯੋਧਾ, ਲੋਕ ਲਹਿਰਾਂ ਦੀ ਅਗਵਾਈ ਕਰਨ ਵਾਲਾ ਇਨਸਾਨ ਸਾਡੇ ਤੋਂ ਸਦਾ ਲਈ ਵਿਛੜ ਗਿਆ। ਕਾਮਰੇਡ ਬਲਜਿੰਦਰ ਸਿੰਘ ਆਪਣੇ ਮਗਰ ਆਪਣੀ ਪਤਨੀ ਜਗਵਿੰਦਰ ਕੌਰ, ਪੋਤੀ-ਪੋਤਾ, ਨੂੰਹ ਅਤੇ ਬੇਟੀ ਨਵਜੋਤ ਨੂੰ ਸਦੀਵੀ ਵਿਛੋੜਾ ਦੇ ਗਏ। ਉਨ੍ਹਾ ਦੇ ਸੰਘਰਸ਼ ਭਰੇ ਜੀਵਨ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ।

**# ਸੰਪਰਕ : 99855-05199**

# ਕੁੱਤਿਆਂ ਦੀ ਸਮੱਸਿਆ ਲਈ ਠੋਸ ਨੀਤੀ ਬਣੇ

**ਸੁਖਪਾਲ ਸਿੰਘ ਗਿੱਲ**

ਨਿੱਤ ਦਿਨ ਅਖਬਾਰ ਦੀਆਂ ਸੁਰਖੀਆਂ ਕੁੱਤਿਆਂ ਦੇ ਕੱਟਣ ਦੀਆਂ ਹੁੰਦੀਆਂ ਹਨ। ਇਹਨਾਂ ਪਿੱਛੇ ਵੱਡਾ ਕਾਰਨ ਇਹ ਹੈ ਕਿ ਕੁੱਤੇ ਅਵਾਰਾ ਕਿਉਂ ਹੁੰਦੇ ਹਨ ? ਇਹ ਹੈ ਕਿ ਇਹਨਾਂ ਬਾਰੇ ਸਾਡੇ ਮੁਲਕ ਵਿੱਚ ਕੋਈ ਖਾਸ ਨੀਤੀ ਨਹੀਂ, ਜੇ ਨੀਤੀ ਬਣਦੀ ਹੈ ਤਾਂ ਧਾਰਮਿਕ ਤੇ ਪਾਪ-ਪੁੰਨ ਦੇ ਫਲਸਫੇ ਵਿੱਚ ਫਸ ਜਾਂਦੀ ਹੈ। ਮਨੁੱਖ ਤੋਂ ਬਾਅਦ ਹਰ ਸਾਹ ਵਾਲੀ ਚੀਜ਼ ਨੂੰ ਜੀਉਣ ਦਾ ਅਧਿਕਾਰ ਹੈ, ਪਰ 'ਭੱਠ ਪਿਆ ਸੋਨਾ ਜਿਹੜਾ ਕੰਨਾਂ ਨੂੰ ਖਾਵੇ', ਸਾਨੂੰ ਇਹ ਵੀ ਸਮਝਣਾ ਚਾਹੀਦਾ ਹੈ ਕਿ ਮਨੁੱਖ, ਮਨੁੱਖ ਹੈ, ਕੁੱਤਾ, ਕੁੱਤਾ ਹੈ। ਹੈਰਾਨੀ ਹੁੰਦੀ ਹੈ ਜਦ ਸੋਸ਼ਲ ਮੀਡੀਆ 'ਤੇ ਕੁੱਤਿਆਂ ਨਾਲ ਨਿਵੇਕਲੀ ਕਿਸਮ ਦੀਆਂ ਹਰਕਤਾਂ ਕੀਤੀਆਂ ਜਾਂਦੀਆਂ ਹਨ, ਜੋ ਘਟਨਾਵਾਂ ਬਣ ਜਾਦੀਆਂ ਹਨ।

ਭਾਰਤ 'ਚ 6 ਕਰੋੜ ਦੇ ਲਗਭਗ ਅਵਾਰਾ ਕੁੱਤੇ ਹਨ। ਹਰ ਸਾਲ 2 ਕਰੋੜ ਲੋਕ ਜਾਨਵਰਾਂ ਦੀ ਹਿੰਸਾ ਵਿੱਚ ਗ੍ਰਸਤ ਹੁੰਦੇ ਹਨ, ਜਿਨਾਂ ਵਿੱਚ 92 ਫੀਸਦੀ ਕੁੱਤਿਆਂ ਰਾਹੀਂ ਹੁੰਦੇ ਹਨ। ਸੰਸਾਰ ਸਿਹਤ ਸੰਸਥਾ ਅਨੁਸਾਰ ਹਲਕਾਅ ਕਾਰਨ ਦੁਨੀਆ ਦੀਆ ਕੁਲ ਮੌਤਾਂ ਵਿੱਚੋਂ 36 ਫੀਸਦੀ ਮੌਤਾਂ ਭਾਰਤ ਵਿੱਚ ਹੁੰਦੀਆਂ ਹਨ। 2018 ਵਿੱਚ ਲੁਧਿਆਣਾ ਵਿੱਚ 15324, ਜਲੰਧਰ ਵਿੱਚ 9839 ਅਤੇ ਹੁਸ਼ਿਆਰਪੁਰ ਵਿੱਚ 9260 ਕੁੱਤਿਆਂ ਦੇ ਕੱਟਣ ਦੀਆਂ ਘਟਨਾਵਾਂ ਹੋਈਆਂ। ਅੰਮ੍ਰਿਤਸਰ ਜ਼ਿਲ੍ਹੇ ਵਿੱਚ 1 ਜਨਵਰੀ 2025 ਤੋਂ ਜੂਨ 2025 ਤੱਕ 24601 ਕੁੱਤਿਆਂ ਦੇ ਕੱਟਣ ਦੀਆਂ ਘਟਨਾਵਾਂ ਹੋਈਆਂ। ਭਾਰਤ 'ਚ ਹਲਕਾਅ ਕਾਰਨ 2023 ਵਿੱਚ 50 ਮੌਤਾਂ ਅਤੇ 2024 ਵਿੱਚ 54 ਮੌਤਾਂ ਹੋਈਆਂ। ਦਿੱਲੀ ਵਿੱਚ ਪਿਛਲੇ ਦਿਨੀਂ ਹਲਕਾਅ ਕਾਰਨ ਇੱਕ ਵਿਦਿਆਰਥੀ ਦੀ ਮੌਤ ਹੋਈ ਸੀ।

ਭਾਰਤ 'ਚ ਪਸ਼ੂ ਜਨਮ ਨਿਯੰਤਰਣ ਨਿਯਮ 2023 ਅਵਾਰਾ ਪਸ਼ੂਆਂ ਦੇ ਪ੍ਰਬੰਧਨ ਲਈ ਲਾਗੂ ਕੀਤੇ ਗਏ ਹਨ। ਇਸੇ ਤਹਿਤ ਅਵਾਰਾ ਕੁੱਤਿਆਂ ਦੀ ਗਿਣਤੀ ਕੰਟਰੋਲ ਕਰਨ ਲਈ ਦਿਸ਼ਾ-ਨਿਰਦੇਸ਼ ਦਿੱਤੇ ਗਏ ਸਨ, ਪਰ ਮਾਣਯੋਗ ਸੁਪਰੀਮ ਕੋਰਟ ਨੇ ਇਸ ਨੂੰ ਬੇਤੁਕਾ ਕਰਾਰ ਦਿੱਤਾ ਹੈ। ਵੱਖ-ਵੱਖ ਦੇਸ਼ਾਂ ਵਿੱਚ ਕੁੱਤਿਆਂ ਦੀ ਸਾਂਭ-ਸੰਭਾਲ ਲਈ ਵੱਖ-ਵੱਖ ਨਿਯਮ ਹਨ। ਇੰਗਲੈਂਡ ਵਿੱਚ ਸਥਾਨਕ ਪ੍ਰਸ਼ਾਸਨ ਅਵਾਰਾ ਕੁੱਤਿਆਂ ਦੀ ਸੰਭਾਲ ਕਰਦਾ ਹੈ। ਵੱਖ-ਵੱਖ ਦੇਸ਼ਾਂ ਵਿੱਚ ਕੁੱਤਿਆਂ ਦੇ ਮਾਈਕਰੋ ਚਿੱਪਾਂ ਵੀ ਲਗਾਈਆਂ ਗਈਆਂ, ਤਾਂ ਜੋ ਕੁੱਤੇ ਦੀ ਪਛਾਣ ਹੋ ਸਕੇ। ਦੂਜੇ ਪਾਸੇ ਕੁੱਤੇ ਮਨੁੱਖ ਦੇ ਸਾਥੀ ਅਤੇ ਵਫਾਦਾਰ ਵੀ ਹੁੰਦੇ ਹਨ ਇਸ ਪ੍ਰਤੀ ਬਾਬਾ ਬੁੱਲੇ ਸ਼ਾਹ ਦਾ ਕਲਾਮ ਸਾਂਝਾ ਕਰਨਾ ਬਣਦਾ ਹੈ:-

ਰਾਤੀਂ ਜਾਗਣ ਕੁੱਤੇ, ਕਰੇ ਇਬਾਦਤ, ਰਾਤੀ ਜਾਗਣ ਕੁੱਤੇ,
ਤੈਥੋਂ 'ਤੇ, ਭੌਂਕਣੋ ਬੰਦ ਮੂਲ ਨਾ ਹੁੰਦੇ,
ਜਾ ਰੂੜੀ 'ਤੇ ਸੁੱਤੇ ਤੈਥੋਂ 'ਤੇ,
ਖਸਮ ਆਪਣੇ ਦਾ ਦਰ ਨਾ, ਛੱਡਦੇ ਭਾਵੇਂ ਵੱਜਣ ਜੁੱਤੇ,
ਤੈਥੋਂ ਉੱਤੇ, ਬੁੱਲੇ ਸ਼ਾਹ ਕੋਈ ਰਖਤ ਵਿਹਾਜ ਲੈ,
ਨਹੀਂ ਤੇ ਬਾਜ਼ੀ ਲੈ ਗਏ ਕੁੱਤੇ, ਤੈਥੋਂ ਉੱਤੇ ।

ਪਾਲਤੂ ਕੁੱਤਿਆਂ ਨੂੰ ਭੋਜਨ ਮਿਲਦਾ ਹੈ, ਪਰ ਆਜ਼ਾਦੀ ਅਤੇ ਜੈਵਿਕ ਲੋੜਾਂ ਪੂਰੀਆਂ ਨਾ ਹੋਣ ਕਾਰਨ ਇਹ ਵੀ ਹਿੰਸਾ ਕਰਦੇ ਹਨ। ਇਹਨਾਂ ਪਾਲਤੂ ਕੁੱਤਿਆਂ ਦੇ ਸੌਂਕੀਆਂ ਲਈ ਵੀ ਸਖਤ ਨਿਯਮ ਅਤੇ ਜਿੰਮੇਵਾਰੀ ਬਣੇ। ਜਦਕਿ ਅਵਾਰਾ ਕੁੱਤੇ ਆਜ਼ਾਦੀ ਅਤੇ ਜੈਵਿਕ ਲੋੜਾਂ ਪੂਰੀਆਂ ਕਰਦੇ ਹਨ, ਪਰ ਭੋਜਨ ਨਾ ਮਿਲਣ ਕਾਰਨ ਇਹ ਵੀ ਹਿੰਸਾ ਕਰਦੇ ਹਨ।ਅਵਾਰਾ ਕੁੱਤਿਆਂ ਦੀ ਸਾਂਭ ਸੰਭਾਲ ਹਿੱਤ ਇੱਕ ਵਿਸਥਾਰਤ ਨੀਤੀ ਦੀ ਲੋੜ ਹੈ, ਤਾਂ ਜੋ ਕੁੱਤਿਆਂ ਦੀ ਵਜ੍ਹਾ 'ਤੇ ਹੁੰਦੀਆਂ ਘਟਨਾਵਾਂ ਨੂੰ ਰੋਕਣ ਲਈ ਵੱਡੀ ਰਾਹਤ ਮਿਲੇ। ਇਸ ਨਾਲ ਹੀ ਕੁੱਤਿਆਂ ਨਾਲ ਹੁੰਦੀਆਂ ਘਟਨਾਵਾਂ ਤੋਂ ਬਚਿਆ ਜਾ ਸਕਦਾ ਹੈ।

**# ਸੰਪਰਕ : 98781-11445**

# ਭਵਿੱਖ ਦੀ ਖਤਰਨਾਕ ਸਮੱਸਿਆ-ਈ ਕੂੜਾ



ਸੰਦੀਪ ਕੁਮਾਰ

ਆਧੁਨਿਕ ਦੁਨੀਆ ਵਿੱਚ ਤਕਨਾਲੋਜੀ ਦੀ ਤੇਜ਼ ਰਫ਼ਤਾਰ ਨੇ ਮਨੁੱਖੀ ਜੀਵਨ ਨੂੰ ਸੁਖਾਲਾ ਬਣਾਇਆ ਹੈ, ਪਰ ਇਸੇ ਤਰ੍ਹਾਂ ਇੱਕ ਅਜਿਹੀ ਸਮੱਸਿਆ ਨੂੰ ਜਨਮ ਦਿੱਤਾ ਹੈ, ਜੋ ਭਵਿੱਖ ਵਿੱਚ ਮਨੁੱਖਤਾ ਲਈ ਗੰਭੀਰ ਖਤਰਾ ਬਣ ਸਕਦੀ ਹੈ । ਇਹ ਸਮੱਸਿਆ ਹੈ ਈ-ਕੂੜੇ ਦੀ, ਜਿਸ ਨੂੰ ਇਲੈਕਟ੍ਰਾਨਿਕ ਰਹਿੰਦ-ਖੂੰਹਦ ਵਜੋਂ ਜਾਣਿਆ ਜਾਂਦਾ ਹੈ। ਈ-ਕੂੜੇ ਵਿੱਚ ਪੁਰਾਣੇ ਮੋਬਾਇਲ ਫੋਨ, ਕੰਪਿਊਟਰ, ਲੈਪਟਾਪ, ਟੈਲੀਵਿਜ਼ਨ ਅਤੇ ਹੋਰ ਇਲੈਕਟ੍ਰਾਨਿਕ ਉਪਕਰਨ ਸ਼ਾਮਲ ਹਨ, ਜੋ ਵਰਤੋਂ ਤੋਂ ਬਾਅਦ ਰੱਦੀ ਵਿੱਚ ਬਦਲ ਜਾਂਦੇ ਹਨ । ਇਹ ਉਪਕਰਣ ਨਾ ਸਿਰਫ਼ ਆਮ ਕੂੜੇ ਵਾਂਗ ਹੁੰਦੇ ਹਨ, ਸਗੋਂ ਇਨ੍ਹਾਂ ਵਿੱਚ ਜ਼ਹਿਰੀਲੀਆਂ ਧਾਤਾਂ, ਜਿਵੇਂ ਕਿ ਸ਼ੀਸ਼ਾ, ਕੈਡਮੀਅਮ, ਪਾਰਾ ਅਤੇ ਹੋਰ ਰਸਾਇਣ ਹੁੰਦੇ ਹਨ, ਜੋ ਵਾਤਾਵਰਣ ਅਤੇ ਮਨੁੱਖੀ ਸਿਹਤ ਲਈ ਬਹੁਤ ਖਤਰਨਾਕ ਹਨ।

ਅਜੋਕੇ ਸਮੇਂ ਵਿੱਚ ਜਦੋਂ ਅਸੀਂ ਵਾਤਾਵਰਣ ਸੁਰੱਖਿਆ ਅਤੇ ਸਫ਼ਾਈ ਦੀਆਂ ਗੱਲਾਂ ਕਰਦੇ ਹਾਂ, ਤਾਂ ਇਹ ਅਜੀਬ ਲੱਗਦਾ ਹੈ ਕਿ ਅਮੀਰ ਅਤੇ ਵਿਕਸਤ ਦੇਸ਼ ਆਪਣੇ ਈ-ਕੂੜੇ ਨੂੰ ਗਰੀਬ ਅਤੇ ਵਿਕਾਸਸ਼ੀਲ ਦੇਸ਼ਾਂ ਵਿੱਚ ਭੇਜ ਕੇ ਆਪਣੀ ਧਰਤੀ ਨੂੰ ਸਾਫ਼ ਰੱਖਣ ਦੀ ਕੋਸ਼ਿਸ਼ ਕਰ ਰਹੇ ਹਨ। ਇਹ ਨਾ ਸਿਰਫ਼ ਨੈਤਿਕਤਾ ਦੇ ਵਿਰੁੱਧ ਹੈ, ਸਗੋਂ ਵਿਸ਼ਵ ਪੱਧਰੀ ਵਾਤਾਵਰਣ ਨੂੰ ਵੀ ਗੰਭੀਰ ਨੁਕਸਾਨ ਪਹੁੰਚਾ ਰਿਹਾ ਹੈ ।

ਅਮੀਰ ਦੇਸ਼ਾਂ ਦੀ ਇਹ ਨੀਤੀ ਕਿ ਉਹ ਆਪਣਾ ਕੂੜਾ ਗਰੀਬ ਦੇਸ਼ਾਂ ਵਿੱਚ ਡੰਪ ਕਰ ਦੇਣ, ਕੋਈ ਨਵੀਂ ਗੱਲ ਨਹੀਂ ਹੈ। ਇਤਿਹਾਸ ਵਿੱਚ ਵੀ ਅਜਿਹਾ ਹੁੰਦਾ ਰਿਹਾ ਹੈ ਕਿ ਵਿਕਸਤ ਦੇਸ਼ ਆਪਣੀਆਂ ਸਮੱਸਿਆਵਾਂ ਨੂੰ ਦੂਜਿਆਂ 'ਤੇ ਥੋਪਦੇ ਰਹੇ ਹਨ, ਪਰ ਈ-ਕੂੜੇ ਦਾ ਮਾਮਲਾ ਵੱਖਰਾ ਹੈ, ਕਿਉਂਕਿ ਇਸ ਵਿੱਚ ਜ਼ਹਿਰੀਲੇ ਤੱਤ ਸ਼ਾਮਲ ਹੁੰਦੇ ਹਨ, ਜੋ ਸਿੱਧੇ ਤੌਰ ਤੇ ਜੀਵਨ ਨੂੰ ਪ੍ਰਭਾਵਤ ਕਰਦੇ ਹਨ। ਵਾਤਾਵਰਣ ਨਿਗਰਾਨੀ ਸੰਗਠਨ, ਬੇਸਲ ਐਕਸ਼ਨ ਨੈੱਟਵਰਕ ਨੇ ਆਪਣੀ ਤਾਜ਼ਾ ਰਿਪੋਰਟ ਵਿੱਚ ਖੁਲਾਸਾ ਕੀਤਾ ਹੈ ਕਿ ਸੰਯੁਕਤ ਰਾਜ ਅਮਰੀਕਾ ਵਰਗੇ ਦੇਸ਼ ਲੱਖਾਂ ਟਨ ਈ-ਕੂੜਾ ਦੱਖਣ-ਪੂਰਬੀ ਏਸ਼ੀਆ ਦੇ ਵਿਕਾਸਸ਼ੀਲ ਦੇਸ਼ਾਂ ਵਿੱਚ ਭੇਜ ਰਹੇ ਹਨ। ਇਹ ਰਿਪੋਰਟ ਦੋ ਸਾਲਾਂ ਦੀ ਡੂੰਘਾਈ ਨਾਲ ਕੀਤੀ ਗਈ ਜਾਂਚ ਉੱਤੇ ਅਧਾਰਤ ਹੈ, ਜਿਸ ਵਿੱਚ ਪਾਇਆ ਗਿਆ ਕਿ ਘੱਟੋ-ਘੱਟ ਦਸ ਅਮਰੀਕੀ ਕੰਪਨੀਆਂ ਇਹ ਕੰਮ ਕਰ ਰਹੀਆਂ ਹਨ। ਇਹ ਕੂੜਾ ਅਕਸਰ ਰੀਸਾਈਕਲਿੰਗ ਦੇ ਨਾਂਅ ਹੇਠ ਭੇਜਿਆ ਜਾਂਦਾ ਹੈ, ਪਰ ਅਸਲ ਵਿੱਚ ਇਸ ਨੂੰ ਸੁਰੱਖਿਅਤ ਢੰਗ ਨਾਲ ਨਿਪਟਾਉਣ ਦੀ ਸਮਰੱਥਾ ਉਨ੍ਹਾਂ ਦੇਸ਼ਾਂ ਕੋਲ ਨਹੀਂ ਹੁੰਦੀ, ਜਿੱਥੇ ਇਹ ਪਹੁੰਚਦਾ ਹੈ। ਨਤੀਜਾ ਇਹ ਨਿਕਲਦਾ ਹੈ ਕਿ ਇਹ ਜ਼ਹਿਰੀਲਾ ਕੂੜਾ ਖੁੱਲ੍ਹੇ ਖੇਤਾਂ ਵਿੱਚ, ਨਦੀਆਂ ਵਿੱਚ ਜਾਂ ਸਮੁੰਦਰਾਂ ਵਿੱਚ ਡੰਪ ਕੀਤਾ ਜਾਂਦਾ ਹੈ, ਜਿਸ ਨਾਲ ਪਾਣੀ, ਮਿੱਟੀ ਅਤੇ ਹਵਾ ਪ੍ਰਦੂਸ਼ਤ ਹੁੰਦੀ ਹੈ।

ਈ-ਕੂੜੇ ਦੀ ਮਾਤਰਾ ਵਿੱਚ ਵਾਧੇ ਦਾ ਮੁੱਖ ਕਾਰਨ ਤਕਨਾਲੋਜੀ ਦੀ ਤੇਜ਼ ਰਫਤਾਰ ਹੈ। ਹਰ ਛੇ ਮਹੀਨੇ ਜਾਂ ਸਾਲ ਵਿੱਚ ਨਵੇਂ ਮਾਡਲ ਆਉਂਦੇ ਹਨ, ਜਿਸ ਕਾਰਨ ਪੁਰਾਣੇ ਉਪਕਰਣ ਤੁਰੰਤ ਰੱਦੀ ਵਿੱਚ ਬਦਲ ਜਾਂਦੇ ਹਨ। ਇੱਕ ਅਨੁਮਾਨ ਅਨੁਸਾਰ ਈ-ਕੂੜਾ ਰੀਸਾਈਕਲਿੰਗ ਦੀ ਰਫਤਾਰ ਨਾਲੋਂ ਪੰਜ ਗੁਣਾ ਤੇਜ਼ੀ ਨਾਲ ਵਧ ਰਿਹਾ ਹੈ। ਇਸ ਦਾ ਮਤਲਬ ਹੈ ਕਿ ਜਿੰਨੀ ਜਲਦੀ ਅਸੀਂ ਨਵੇਂ ਫੋਨ ਜਾਂ ਲੈਪਟਾਪ ਖਰੀਦਦੇ ਹਾਂ, ਓਨੀ ਜਲਦੀ ਪੁਰਾਣੇ ਉਪਕਰਣ ਕੂੜੇ ਦੇ ਢੇਰ ਵਿੱਚ ਸ਼ਾਮਲ ਹੋ ਜਾਂਦੇ ਹਨ।

ਅਮੀਰ ਦੇਸ਼ਾਂ ਵਿੱਚ ਇਹ ਉਪਕਰਣ ਵੱਡੀ ਗਿਣਤੀ ਵਿੱਚ ਵਰਤੇ ਜਾਂਦੇ ਹਨ ਅਤੇ ਉਨ੍ਹਾਂ ਕੋਲ ਇਸ ਨੂੰ ਸੁਰੱਖਿਅਤ ਢੰਗ ਨਾਲ ਨਿਪਟਾਉਣ ਦੀਆਂ ਮਹਿੰਗੀਆਂ ਸਹੂਲਤਾਂ ਵੀ ਹੁੰਦੀਆਂ ਹਨ। ਫਿਰ ਵੀ ਉਹ ਇਸ ਨੂੰ ਆਪਣੇ ਦੇਸ਼ ਵਿੱਚ ਰੱਖਣ ਦੀ ਬਜਾਏ ਗਰੀਬ ਦੇਸ਼ਾਂ ਵਿੱਚ ਭੇਜਦੇ ਹਨ, ਕਿਉਂਕਿ ਇਹ ਉਨ੍ਹਾਂ ਲਈ ਸਸਤਾ ਪੈਂਦਾ ਹੈ। ਇਹ ਇੱਕ ਤਰ੍ਹਾਂ ਦਾ ਵਾਤਾਵਰਣਕ ਉਪਨਿਵੇਸ਼ਵਾਦ ਹੈ, ਜਿੱਥੇ ਅਮੀਰ ਦੇਸ਼ ਆਪਣੀ ਸਮੱਸਿਆ ਨੂੰ ਦੂਜਿਆਂ ਦੇ ਗਲੇ ਪਾ ਰਹੇ ਹਨ।

ਇਸ ਸਮੱਸਿਆ ਦੀ ਗੰਭੀਰਤਾ ਨੂੰ ਸਮਝਣ ਲਈ ਇਹ ਜ਼ਰੂਰੀ ਹੈ ਕਿ ਅਸੀਂ ਈ-ਕੂੜੇ ਵਿੱਚ ਮੌਜੂਦ ਜ਼ਹਿਰੀਲੇ ਤੱਤਾਂ ਦੇ ਪ੍ਰਭਾਵ ਨੂੰ ਜਾਣੀਏ। ਸ਼ੀਸ਼ਾ ਮਨੁੱਖੀ ਦਿਮਾਗ ਅਤੇ ਨਸਾਂ ਨੂੰ ਨੁਕਸਾਨ ਪਹੁੰਚਾਉਂਦਾ ਹੈ, ਕੈਡਮੀਅਮ ਕੈਂਸਰ ਦਾ ਕਾਰਨ ਬਣ ਸਕਦਾ ਹੈ ਅਤੇ ਪਾਰਾ ਪਾਣੀ ਵਿੱਚ ਘੁਲ ਕੇ ਮੱਛੀਆਂ ਰਾਹੀਂ ਭੋਜਨ ਚੇਨ ਵਿੱਚ ਦਾਖਲ ਹੋ ਜਾਂਦਾ ਹੈ। ਜਦੋਂ ਇਹ ਕੂੜਾ ਖੁੱਲ੍ਹੇ ਖੇਤਾਂ ਵਿੱਚ ਸਾੜਿਆ ਜਾਂਦਾ ਹੈ, ਤਾਂ ਇਸ ਤੋਂ ਨਿਕਲਣ ਵਾਲਾ ਧੂੰਆਂ ਹਵਾ ਨੂੰ ਪ੍ਰਦੂਸ਼ਤ ਕਰਦਾ ਹੈ, ਜਿਸ ਨਾਲ ਅਲਰਜੀ ਅਤੇ ਸਾਹ ਦੀਆਂ ਬਿਮਾਰੀਆਂ ਵਧਦੀਆਂ ਹਨ। ਵਿਕਾਸਸ਼ੀਲ ਦੇਸ਼ਾਂ ਵਿੱਚ ਜਿੱਥੇ ਇਹ ਕੂੜਾ ਭੇਜਿਆ ਜਾਂਦਾ ਹੈ, ਉੱਥੇ ਲੋਕ ਅਕਸਰ ਇਸ ਨੂੰ ਛਾਂਟਦੇ ਹਨ ਅਤੇ ਮਹੱਤਵਪੂਰਨ ਧਾਤਾਂ ਕੱਢਣ ਦੀ ਕੋਸ਼ਿਸ਼ ਕਰਦੇ ਹਨ। ਇਸ ਪ੍ਰਕਿਰਿਆ ਵਿੱਚ ਉਹ ਸਿੱਧੇ ਤੌਰ 'ਤੇ ਜ਼ਹਿਰੀਲੇ ਤੱਤਾਂ ਦੇ ਸੰਪਰਕ ਵਿੱਚ ਆਉਂਦੇ ਹਨ।

ਬੇਸਲ ਕਨਵੈਨਸ਼ਨ ਇੱਕ ਅੰਤਰਰਾਸ਼ਟਰੀ ਸਮਝੌਤਾ ਹੈ, ਜੋ ਖਤਰਨਾਕ ਕੂੜੇ ਦੇ ਅੰਤਰਦੇਸ਼ੀ ਆਵਾਜਾਈ ਨੂੰ ਨਿਯੰਤਰਿਤ ਕਰਦਾ ਹੈ। ਇਸ ਅਨੁਸਾਰ ਸਿਰਫ਼ ਉਹੀ ਕੂੜਾ ਇੱਕ ਦੇਸ਼ ਤੋਂ ਦੂਜੇ ਦੇਸ਼ ਵਿੱਚ ਭੇਜਿਆ ਜਾ ਸਕਦਾ ਹੈ, ਜੋ ਰੀਸਾਈਕਲਿੰਗ ਯੋਗ, ਮੁੜ ਵਰਤੋਂ ਯੋਗ ਅਤੇ ਵਾਤਾਵਰਣ ਲਈ ਸੁਰੱਖਿਅਤ ਹੋਵੇ, ਪਰ ਅਮੀਰ ਦੇਸ਼ ਅਕਸਰ ਇਸ ਨਿਯਮ ਦੀ ਉਲੰਘਣਾ ਕਰਦੇ ਹਨ। ਉਹ ਈ-ਕੂੜੇ ਨੂੰ ਰੀਸਾਈਕਲਿੰਗ ਦੇ ਨਾਂਅ ਹੇਠ ਭੇਜਦੇ ਹਨ, ਪਰ ਅਸਲ ਵਿੱਚ ਇਹ ਕੂੜਾ ਅਜਿਹਾ ਹੁੰਦਾ ਹੈ, ਜਿਸ ਨੂੰ ਸੁਰੱਖਿਅਤ ਢੰਗ ਨਾਲ ਨਿਪਟਾਉਣਾ ਬਹੁਤ ਮੁਸ਼ਕਲ ਹੁੰਦਾ ਹੈ। ਵਿਕਾਸਸ਼ੀਲ ਦੇਸ਼ਾਂ ਵਿੱਚ ਇਸ ਲਈ ਲੋੜੀਂਦੀ ਤਕਨਾਲੋਜੀ ਅਤੇ ਸਾਧਨ ਨਹੀਂ ਹੁੰਦੇ, ਨਤੀਜੇ ਵਜੋਂ ਇਹ ਕੂੜਾ ਵਾਤਾਵਰਣ ਵਿੱਚ ਫੈਲ ਜਾਂਦਾ ਹੈ।

ਇਸ ਸਮੱਸਿਆ ਦਾ ਹੱਲ ਕੀ ਹੈ ? ਸਭ ਤੋਂ ਪਹਿਲਾਂ ਅਮੀਰ ਦੇਸ਼ਾਂ ਨੂੰ ਆਪਣੇ ਈ-ਕੂੜੇ ਨੂੰ ਆਪਣੇ ਦੇਸ਼ ਵਿੱਚ ਹੀ ਨਿਪਟਾਉਣ ਦੀ ਜ਼ਿੰਮੇਵਾਰੀ ਲੈਣੀ ਚਾਹੀਦੀ ਹੈ। ਉਨ੍ਹਾਂ ਕੋਲ ਸਾਧਨ ਅਤੇ ਤਕਨਾਲੋਜੀ ਹੈ, ਇਸ ਲਈ ਉਹ ਸੁਰੱਖਿਅਤ ਰੀਸਾਈਕਲਿੰਗ ਪਲਾਂਟ ਸਥਾਪਤ ਕਰ ਸਕਦੇ ਹਨ। ਦੂਜਾ, ਉਤਪਾਦਕ ਕੰਪਨੀਆਂ ਨੂੰ ਜ਼ਿੰਮੇਵਾਰ ਬਣਾਉਣਾ ਚਾਹੀਦਾ ਹੈ, ਜਿਵੇਂ ਕਿ ਉਹ ਨਵੇਂ ਉਪਕਰਣ ਬਣਾਉਂਦੇ ਹਨ, ਉਨ੍ਹਾਂ ਨੂੰ ਪੁਰਾਣੇ ਉਪਕਰਣਾਂ ਨੂੰ ਵਾਪਸ ਲੈਣ ਅਤੇ ਰੀਸਾਈਕਲ ਕਰਨ ਦੀ ਜ਼ਿੰਮੇਵਾਰੀ ਵੀ ਦਿੱਤੀ ਜਾਣੀ ਚਾਹੀਦੀ ਹੈ। ਤੀਜਾ, ਅੰਤਰਰਾਸ਼ਟਰੀ ਨਿਯਮਾਂ ਨੂੰ ਸਖ਼ਤੀ ਨਾਲ ਲਾਗੂ ਕਰਨਾ ਚਾਹੀਦਾ ਹੈ। ਬੇਸਲ ਕਨਵੈਨਸ਼ਨ ਦੀ ਉਲੰਘਣਾ ਕਰਨ ਵਾਲੇ ਦੇਸ਼ਾਂ ਅਤੇ ਕੰਪਨੀਆਂ 'ਤੇ ਸਖ਼ਤ ਜੁਰਮਾਨੇ ਅਤੇ ਪਾਬੰਦੀਆਂ ਲਗਾਈਆਂ ਜਾਣ। ਚੌਥਾ, ਵਿਕਾਸਸ਼ੀਲ ਦੇਸ਼ਾਂ ਨੂੰ ਈ-ਕੂੜੇ ਦੇ ਸੁਰੱਖਿਅਤ ਨਿਪਟਾਰੇ ਲਈ ਤਕਨਾਲੋਜੀ ਅਤੇ ਸਿਖਲਾਈ ਦਿੱਤੀ ਜਾਣੀ ਚਾਹੀਦੀ ਹੈ। ਪੰਜਵਾਂ, ਜਨ-ਜਾਗਰੂਕਤਾ ਵਧਾਉਣੀ ਚਾਹੀਦੀ ਹੈ, ਤਾਂ ਜੋ ਲੋਕ ਆਪਣੇ ਪੁਰਾਣੇ ਉਪਕਰਣਾਂ ਨੂੰ ਸਹੀ ਢੰਗ ਨਾਲ ਡਿਸਪੋਜ਼ ਕਰਨਾ ਸਿੱਖ ਸਕਣ।

ਭਵਿੱਖ ਵਿੱਚ ਈ-ਕੂੜਾ ਇੱਕ ਵੱਡੀ ਸਮੱਸਿਆ ਬਣਨ ਵਾਲਾ ਹੈ, ਜੇਕਰ ਸਮੇਂ ਸਿਰ ਕਦਮ ਨਾ ਚੁੱਕੇ ਗਏ। ਇਹ ਨਾ ਸਿਰਫ਼ ਵਾਤਾਵਰਣ ਨੂੰ ਨੁਕਸਾਨ ਪਹੁੰਚਾਏਗਾ, ਸਗੋਂ ਮਨੁੱਖੀ ਸਿਹਤ, ਜੈਵ ਵਿਭਿੰਨਤਾ ਅਤੇ ਆਰਥਿਕਤਾ 'ਤੇ ਵੀ ਡੂੰਘਾ ਅਸਰ ਪਾਏਗਾ। ਅਮੀਰ ਦੇਸ਼ਾਂ ਦੀ ਜ਼ਿੰਮੇਵਾਰੀ ਹੈ ਕਿ ਉਹ ਆਪਣੇ ਕੂੜੇ ਨੂੰ ਗਰੀਬ ਦੇਸ਼ਾਂ ਦੇ ਗਲੇ ਨਾ ਪਾਉਣ। ਇਹ ਸਮਾਂ ਹੈ ਜਦੋਂ ਵਿਸ਼ਵ ਪੱਧਰ 'ਤੇ ਇੱਕਜੁਟਤਾ ਨਾਲ ਇਸ ਸਮੱਸਿਆ ਦਾ ਹੱਲ ਲੱਭਿਆ ਜਾਵੇ।

**# ਸੰਪਰਕ : 70098-07121**

# ਪੰਜਾਬ ਦੇ ਲੋਕ ਹੁਣ ਪਰਵਾਰਵਾਦੀ ਤੇ ਲੋਕ ਵਿਰੋਧੀ ਰਾਜਨੀਤੀ ਨੂੰ ਨਕਾਰ ਚੁੱਕੇ ਹਨ : ਅਮਨ ਅਰੋੜਾ

## ਅਕਾਲੀ ਦਲ ਦੇ 75 ਪਰਵਾਰ ਆਪ 'ਚ ਕੀਤੇ ਸ਼ਾਮਲ



**ਲੌਂਗੋਵਾਲ (ਪ੍ਰਦੀਪ ਸੱਪਲ)**

ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਤੇ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਨੇ ਲੌਂਗੋਵਾਲ ਵਿਖੇ ਇੱਕ ਵੱਡੇ ਰਾਜਨੀਤਕ ਸਮਾਗਮ ਦੌਰਾਨ ਅਕਾਲੀ ਦਲ ਉੱਤੇ ਸਿਆਸੀ ਪਲਟਵਾਰ ਕਰਦਿਆਂ ਅਕਾਲੀ ਦਲ ਦੇ 75 ਟਕਸਾਲੀ ਪਰਵਾਰਾਂ ਨੂੰ ਇਕੱਠੇ ਤੌਰ 'ਤੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਕਰਵਾਇਆ।ਇਸ ਮੌਕੇ ਸ੍ਰੀ ਅਰੋੜਾ ਨੇ ਕਿਹਾ ਕਿ ਜਿੱਥੇ ਇੱਕ ਪਾਸੇ ਸੁਖਬੀਰ ਸਿੰਘ ਬਾਦਲ ਬੀਤੇ ਦਿਨ ਇੱਕ ਨਗਰ ਪੰਚਾਇਤ ਦੇ ਪ੍ਰਧਾਨ ਨੂੰ ਪਾਰਟੀ ਵਿੱਚ ਸ਼ਾਮਲ ਕਰਵਾ ਕੇ ਆਪਣੀ ਤਾਕਤ ਦਾ ਪ੍ਰਦਰਸ਼ਨ ਕਰਨ ਦੀ ਕੋਸ਼ਿਸ਼ ਕਰ ਰਹੇ ਸਨ, ਉੱਥੇ ਅੱਜ ਦੀ ਇਹ ਘਟਨਾ ਸਾਫ਼ ਦਰਸਾਉਂਦੀ ਹੈ ਕਿ ਪੰਜਾਬ ਦੇ ਲੋਕ ਹੁਣ ਪਰਿਵਾਰਵਾਦੀ, ਅਹੰਕਾਰਪੂਰਕ ਤੇ ਲੋਕ ਵਿਰੋਧੀ ਰਾਜਨੀਤੀ ਨੂੰ ਪੂਰੀ ਤਰ੍ਹਾਂ ਨਕਾਰ ਚੁੱਕੇ ਹਨ।ਅਰੋੜਾ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਦੀ ਸੋਚ ਦਾ ਇਸ ਗੱਲ ਤੋਂ ਪਤਾ ਲੱਗਦਾ ਹੈ ਕਿ ਉਹ 52 ਸ਼ਹੀਦਾਂ ਦੀ ਧਰਤੀ ਲੌਂਗੋਵਾਲ ਤੋਂ ਕਿਸੇ ਵੀ ਸ਼ਹੀਦ ਨੂੰ ਨਤਮਸਤਕ ਹੋਏ ਤੇ ਕਿਸੇ ਵੀ ਸ਼ਹੀਦ ਦਾ ਨਾਮ ਲਏ ਬਿਨਾਂ ਹੀ ਕੇਵਲ ਸਿਆਸੀ ਗੱਲਾਂ ਕਰ ਕੇ ਹੀ ਵਾਪਸ ਚਲੇ ਗਏ।ਅਮਨ ਅਰੋੜਾ ਨੇ ਨਵੇਂ ਸ਼ਾਮਲ ਹੋਏ ਪਰਵਾਰਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਸਿਰਫ਼ ਇੱਕ ਰਾਜਨੀਤਕ ਪਾਰਟੀ ਨਹੀਂ, ਸਗੋਂ ਲੋਕਾਂ ਦੀ ਉਮੀਦ ਤੇ ਵਿਸ਼ਵਾਸ ਦੀ ਪ੍ਰਤੀਕ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਵਿੱਚ ਪਾਰਦਰਸ਼ੀ, ਇਮਾਨਦਾਰ ਤੇ ਲੋਕ-ਹਿਤੈਸ਼ੀ ਸ਼ਾਸਨ ਦਿੱਤਾ ਜਾ ਰਿਹਾ ਹੈ, ਜਿਸ ਕਾਰਨ ਹਰ ਵਰਗ ਦੇ ਲੋਕ ਆਮ ਆਦਮੀ ਪਾਰਟੀ ਨਾਲ ਜੁੜ ਰਹੇ ਹਨ।ਉਨ੍ਹਾਂ ਕਿਹਾ ਕਿ ਲੋਕਤੰਤਰ ਵਿੱਚ ਕਿਸੇ ਇੱਕ ਵਿਅਕਤੀ ਦੀ ਤਾਕਤ ਨਹੀਂ, ਸਗੋਂ ਲੋਕਾਂ ਦੀ ਸਾਂਝੀ ਤਾਕਤ ਸਭ ਤੋਂ ਵੱਡੀ ਹੁੰਦੀ ਹੈ।ਉਨ੍ਹਾਂ ਕਿਹਾ ਕਿ ਉਹ ਪੰਜਾਬ ਵਿਧਾਨ ਸਭਾ ਵਿੱਚ 96 ਵਿਧਾਇਕਾਂ ਤੇ ਦੇਸ਼ ਦੀ ਸੰਸਦ ਵਿੱਚ 10 ਸੰਸਦ ਮੈਂਬਰਾਂ ਵਾਲੀ ਪਾਰਟੀ ਦੇ ਪ੍ਰਧਾਨ ਹਨ, ਜਦਕਿ ਸੁਖਬੀਰ ਸਿੰਘ ਬਾਦਲ ਇੱਕ ਵਿਧਾਇਕ ਤੇ ਇੱਕ ਸੰਸਦ ਮੈਂਬਰ ਵਾਲੀ ਪਾਰਟੀ ਦੇ ਪ੍ਰਧਾਨ ਬਣ ਕੇ ਸਿਰਫ਼ ਖੋਖਲੇ ਦਾਅਵੇ ਕਰ ਰਹੇ ਹਨ।ਅਮਨ ਅਰੋੜਾ ਨੇ ਕਿਹਾ ਕਿ ਅਕਾਲੀ ਦਲ ਦੀ ਹਾਲਤ ਅੱਜ ਐਸੀ ਹੋ ਚੁੱਕੀ ਹੈ ਕਿ ਪਾਰਟੀ ਦੇ ਪੁਰਾਣੇ ਸਾਥੀ ਵੀ ਆਪਣੇ ਆਪ ਨੂੰ ਠੱਗਿਆ ਮਹਿਸੂਸ ਕਰ ਰਹੇ ਹਨ।ਅਕਾਲੀ ਦਲ ਨੇ ਸਦਾ ਪੰਜਾਬ ਦੇ ਲੋਕਾਂ ਦੇ ਨਾਂ 'ਤੇ ਰਾਜਨੀਤੀ ਕੀਤੀ, ਪਰ ਹਮੇਸ਼ਾ ਪਰਿਵਾਰਕ ਸਵਾਰਥਾਂ ਨੂੰ ਪਹਿਲ ਦਿੱਤੀ, ਜਿਸ ਦਾ ਨਤੀਜਾ ਅੱਜ ਸਭ ਦੇ ਸਾਹਮਣੇ ਹੈ। ਇਸ ਮੌਕੇ ਨਵੇਂ ਸ਼ਾਮਲ ਹੋਏ ਪਰਿਵਾਰਾਂ ਨੇ ਵੀ ਆਮ ਆਦਮੀ ਪਾਰਟੀ ਦੀਆਂ ਲੋਕ-ਹਿਤੈਸ਼ੀ ਨੀਤੀਆਂ ਅਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ 'ਤੇ ਪੂਰਾ ਵਿਸ਼ਵਾਸ ਜਤਾਉਂਦਿਆਂ ਕਿਹਾ ਕਿ ਉਹ ਪੰਜਾਬ ਦੇ ਵਿਕਾਸ ਤੇ ਇਮਾਨਦਾਰ ਰਾਜਨੀਤੀ ਲਈ ਆਮ ਆਦਮੀ ਪਾਰਟੀ ਦੇ ਨਾਲ ਖੜ੍ਹੇ ਰਹਿਣਗੇ।ਇਸ ਮੌਕੇ ਸਾਬਕਾ ਪ੍ਰਧਾਨ ਮੇਲਾ ਸਿੰਘ ਸੂਬੇਦਾਰ, ਵਿੱਕੀ ਵਸ਼ਿਸ਼ਟ, ਬਲਵਿੰਦਰ ਸਿੰਘ ਐੱਮ ਸੀ, ਗੁਰਮੀਤ ਸਿੰਘ ਫੌਜੀ, ਰਣਜੀਤ ਸਿੰਘ (ਰਿੰਕੂ) ਬਲਾਕ ਪ੍ਰਧਾਨ, ਪਰਮਜੀਤ ਕੌਰ ਬਲਾਕ ਸੰਮਤੀ ਮੈਂਬਰ, ਵਿਕਾ ਐੱਮ ਸੀ, ਸੁਖਪਾਲ ਸਿੰਘ ਬਾਜਵਾ, ਰਾਜ ਸਿੰਘ ਰਾਜੂ, ਗੁਰਜੰਟ ਖਾਨ, ਸਿੱਪੀ ਧਮਾਨ, ਬਲਕਾਰ ਸਿੱਧੂ, ਜੀਵਨ ਸਿੰਘ, ਬਲਵਿੰਦਰ ਸਿੰਘ ਢਿੱਲੋਂ, ਅੰਮ੍ਰਿਤਪਾਲ ਸਿੰਘ ਸਿੱਧੂ, ਗੁਰਦੀਪ ਸਿੰਘ ਸਰਪੰਚ ਤਕੀਪੁਰ, ਸਰਪੰਚ ਭੀਮ ਬਾਵਾ, ਸਰਪੰਚ ਨਿਹਾਲ ਸਿੰਘ, ਸਰਪੰਚ ਜਗਸੀਰ ਸਿੰਘ, ਸਰਪੰਚ ਜੁਗਰਾਜ ਸਿੰਘ, ਲੱਕੀ ਸਰਪੰਚ, ਡਾਕਟਰ ਮੋਹਨ ਸਿੰਘ ਆਦਿ ਹਾਜ਼ਰ ਸਨ।

# ਸਾਹਿਤ ਸਭਾ ਵੱਲੋਂ ਮਹਿਰਮ ਦੀ ਮੌਤ 'ਤੇ ਦੁੱਖ ਦਾ ਇਜ਼ਹਾਰ



**ਜਲਾਲਾਬਾਦ (ਪਰਮਜੀਤ ਢਾਬਾਂ)**-ਸਹਿਤ ਸਭਾ ਜਲਾਲਾਬਾਦ ਵੱਲੋਂ ਇਕ ਮਾਸਕ ਮੀਟਿੰਗ ਜਲਾਲਾਬਾਦ ਦੇ ਐਫੀਸੈਂਟ ਕਾਲਜ ਵਿਖੇ ਰੱਖੀ ਗਈ, ਜਿਸ ਵਿੱਚ ਸਾਹਿਤ ਸਭਾ ਦੇ ਪ੍ਰਧਾਨ ਐਡਵੋਕੇਟ ਸੰਦੀਪ ਝਾਂਬ ਨੇ ਆਏ ਹੋਏ ਸਾਹਿਤਕਾਰਾਂ ਨੂੰ ਜੀ ਆਇਆਂ ਆਖਿਆ ਅਤੇ ਉਨ੍ਹਾਂ ਵੱਲੋਂ ਪਿਛਲੀ ਦਿਨੀਂ ਅਕਾਲ ਚਲਾਣਾ ਕਰ ਗਏ ਸਤਨਾਮ ਸਿੰਘ ਮਹਿਰਮ ਦੀ ਮੌਤ 'ਤੇ ਡੂੰਘਾ ਇਜ਼ਹਾਰ ਕੀਤਾ ਗਿਆ।ਉਨ੍ਹਾਂ ਆਖਿਆ ਕਿ ਸਤਨਾਮ ਸਿੰਘ ਮਹਿਰਮ ਸਾਹਿਤ ਸਭਾ ਦੇ ਮੁੱਢਲੇ ਕਵੀਆਂ ਵਿੱਚੋਂ ਸਨ ਤੇ ਉਨ੍ਹਾਂ ਦੀ ਕਲਮ ਤੋਂ ਸੇਧ ਲੈ ਕੇ ਕਈ ਨਵੇਂ ਕਵੀ ਹੋਂਦ ਵਿੱਚ ਆਏ ਸਨ ਅਤੇ ਸਤਨਾਮ ਸਿੰਘ ਮਹਿਰਮ ਦਾ ਫਾਨੀ ਦੁਨੀਆ ਨੂੰ ਅਲਵਿਦਾ ਕਹਿਣ ਨਾਲ ਸਾਹਿਤ ਸਭਾ ਜਲਾਲਾਬਾਦ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ।ਮੰਚ ਦੀ ਭੂਮਿਕਾ ਨਿਭਾਅ ਰਹੇ ਹਰਸ਼ਦੀਪ ਬੋਪਾਰਾਏ ਨੇ ਸਤਨਾਮ ਸਿੰਘ ਮਹਿਰਮ ਦੀਆਂ ਸੁਣਾਈਆਂ ਗਈਆਂ ਰਚਨਾਵਾਂ ਨੂੰ ਯਾਦ ਕਰਦਿਆਂ ਉਨ੍ਹਾਂ ਨੂੰ ਸ਼ਰਧਾਂਜਲੀ ਦਿੱਤੀ।ਉਨ੍ਹਾਂ ਕਿਹਾ ਕਿ ਸਤਨਾਮ ਸਿੰਘ ਮਹਿਰਮ ਦੀ ਲਿਖਤ ਬਾਕਮਾਲ ਸੀ, ਜਿਸ ਤੋਂ ਸਾਨੂੰ ਪ੍ਰੇਰਨਾ ਮਿਲਦੀ ਸੀ ਤੇ ਅਜਿਹੇ ਕਵੀਆਂ ਦੇ ਅਚਾਨਕ ਚਲੇ ਜਾਣ ਨਾਲ ਸਾਹਿਤ ਸਭਾ ਜਲਾਲਾਬਾਦ ਦੇ ਕਵੀਆਂ ਨੂੰ ਬਹੁਤ ਵੱਡਾ ਧੱਕਾ ਲੱਗਿਆ ਹੈ।ਸਾਹਿਤ ਸਭਾ ਦੇ ਕੈਸ਼ੀਅਰ ਦੀਪਕ ਨਾਰੰਗ ਨੇ ਆਖਿਆ ਕਿ ਸਾਹਿਤ ਸਭਾ ਜਲਾਲਾਬਾਦ ਦੀ ਸ਼ੁਰੂਆਤ ਕਰਨ ਵਾਲਿਆਂ ਵਿੱਚੋਂ ਸਤਨਾਮ ਸਿੰਘ ਮਹਿਰਮ ਦਾ ਵੀ ਅਹਿਮ ਯੋਗਦਾਨ ਸੀ।ਇਨ੍ਹਾਂ ਵੱਲੋਂ ਕਈ ਦਹਾਕਿਆਂ ਬਾਅਦ ਵੀ ਹਰ ਮੀਟਿੰਗ 'ਤੇ ਆਉਣਾ ਤੇ ਆਪਣੀਆਂ ਨਵੀਆਂ ਰਚਨਾਵਾਂ ਰਾਹੀਂ ਯੋਗਦਾਨ ਪਾਉਣਾ ਮਹੱਤਵਪੂਰਨ ਸੀ।ਇਸ ਮੌਕੇ ਸਾਹਿਤਕਾਰ ਪਰਮ ਝਾਂਬ ਵੱਲੋਂ ਸਤਨਾਮ ਸਿੰਘ ਮਹਿਰਮ ਨੂੰ ਯਾਦ ਕਰਦਿਆਂ ਦੋ ਮਿੰਟ ਦਾ ਮੌਨ ਵਰਤ ਵੀ ਰੱਖਿਆ ਗਿਆ।ਇਸ ਮੀਟਿੰਗ ਵਿੱਚ ਪ੍ਰਵੇਸ਼ ਖੰਨਾ, ਗੋਪਾਲ ਬਜਾਜ, ਪ੍ਰੀਤੀ ਬਬੂਟਾ, ਊਸ਼ਾ ਝਾਂਬ, ਨੀਰਜ ਛਾਬੜਾ, ਪ੍ਰਕਾਸ਼ ਦੋਸ਼ੀ, ਜਸਕਰਨਜੀਤ ਸਿੰਘ, ਪਰਮਜੀਤ ਧਮੀਜਾ, ਕੁਲਦੀਪ ਬਰਾੜ, ਅਸ਼ੋਕ ਮੈਣੀ, ਅਮਰੀਕ ਸਿੰਘ ਬੋਪਾਰਾਏ ਆਦਿ ਹਾਜ਼ਰ ਸਨ।

# ਮ੍ਰਿਤਕ ਅਧਿਆਪਕ ਜੋੜੇ ਨੂੰ ਇਨਸਾਫ਼ ਦਿਵਾਉਣ ਲਈ ਸੂਬਾ ਪੱਧਰੀ ਇਨਸਾਫ਼ ਰੈਲੀ

- ਪ੍ਰਸ਼ਾਸਨ ਦੀ ਬੇਰੁਖੀ ਕਾਰਨ ਅਧਿਆਪਕਾਂ ਵੱਲੋਂ ਕੀਤਾ ਗਿਆ ਹਾਈਵੇ ਜਾਮ
- ਪੁਲਸ ਪ੍ਰਸ਼ਾਸਨ ਨੇ ਅਧਿਆਪਕਾਂ 'ਤੇ ਕੀਤਾ ਹਲਕਾ ਲਾਠੀਚਾਰਜ




**ਮੋਗਾ (ਇਕਬਾਲ ਸਿੰਘ ਖਹਿਰਾ)**

ਪਿਛਲੇ ਸਾਲ ਬਲਾਕ ਸੰਮਤੀ ਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਵਿੱਚ ਆਪਣੀ ਜਾਨ ਗਵਾਉਣ ਵਾਲੇ ਪਤੀ-ਪਤਨੀ ਅਧਿਆਪਕ ਜੋੜੇ ਦੇ ਅਨਾਥ ਹੋਏ ਬੱਚਿਆਂ ਦੀ ਪੰਜਾਬ ਸਰਕਾਰ ਵੱਲੋਂ ਬਾਹ ਫੜਨ ਦੀ ਬਜਾਏ ਉਨ੍ਹਾਂ ਦੇ ਪਰਿਵਾਰ ਨੂੰ 10-10 ਲੱਖ ਦਾ ਮੁਆਵਜ਼ਾ ਦੇ ਕੇ ਉਨ੍ਹਾਂ ਨਾਲ ਕੋਝਾਂ ਮਜ਼ਾਕ ਕੀਤਾ ਗਿਆ, ਜਿਸ ਦੇ ਰੋਸ ਵਜੋਂ ਅੱਜ ਪੰਜਾਬ ਦੀਆਂ ਸਮੂਹ ਅਧਿਆਪਕ ਜਥੇਬੰਦੀਆਂ ਵੱਲੋਂ ਮੋਗਾ ਦੀ ਦਾਣਾ ਮੰਡੀ ਵਿਖੇ ਪੰਜਾਬ ਭਰ ਦੇ ਹਜ਼ਾਰਾਂ ਅਧਿਆਪਕਾਂ ਦਾ ਇਕੱਠ ਕਰਕੇ ਰੋਹ ਭਰਪੂਰ ਇਨਸਾਫ਼ ਰੈਲੀ ਕੀਤੀ ਗਈ।

ਰੈਲੀ ਨੂੰ ਸੰਬੋਧਨ ਕਰਦਿਆਂ ਬਲਜਿੰਦਰ ਧਾਲੀਵਾਲ, ਦਿਗਵਿਜੇਪਾਲ ਸ਼ਰਮਾ, ਪਰਗਟਜੀਤ ਸਿੰਘ ਕਿਸ਼ਨਪੁਰਾ, ਗੁਰਬਿੰਦਰ ਸਿੰਘ ਸਸਕੌਰ, ਵਿਕਰਮ ਦੇਵ ਸਿੰਘ, ਜਰਮਨਜੀਤ ਸਿੰਘ, ਹਰਜਿੰਦਰ ਸਿੰਘ ਪੰਨੂ, ਸੁਰਿੰਦਰ ਪੁਆਰੀ, ਹਰਜੰਟ ਬੌਡੇ, ਜਸਵੀਰ ਤਲਵਾੜਾ ਨੇ ਦੱਸਿਆ ਕਿ ਅਧਿਆਪਕ ਜਥੇਬੰਦੀਆਂ ਵੱਲੋਂ ਮੋਗਾ ਵਿੱਚ ਹੀ ਚਾਰ ਕੈਂਡਲ ਮਾਰਚ ਤੇ ਪੂਰੇ ਪੰਜਾਬ ਵਿੱਚ ਕੈਂਡਲ ਮਾਰਚ ਕਰਕੇ ਅਧਿਕਾਰੀਆਂ ਨੂੰ ਇਸ ਪਰਿਵਾਰ ਨੂੰ ਇਨਸਾਫ ਦੇਣ ਲਈ ਮੰਗ ਪੱਤਰ ਵੀ ਦਿੱਤੇ ਗਏ ਸਨ, ਪਰ ਸਰਕਾਰ ਦੇ ਕੰਨ 'ਤੇ ਬਿਲਕੁਲ ਵੀ ਜੂੰ ਨਹੀਂ ਸਰਕੀ, ਜਿਸ ਕਾਰਨ ਪੰਜਾਬ ਦੀਆਂ ਅਧਿਆਪਕ ਜਥੇਬੰਦੀਆਂ ਨੂੰ ਇਹ ਰੋਹ ਭਰਪੂਰ ਰੈਲੀ ਕਰਨੀ ਪਈ। ਅਧਿਆਪਕ ਆਗੂਆਂ ਨੇ ਕਿਹਾ ਕਿ ਜਦ ਤੱਕ ਪਰਿਵਾਰ ਨੂੰ ਦੋ-ਦੋ ਕਰੋੜ ਰੁਪਏ ਦੀ ਰਾਸ਼ੀ ਜਾਰੀ ਨਹੀਂ ਕੀਤੀ ਜਾਂਦੀ, ਉਨ੍ਹਾਂ ਦੇ ਬੱਚਿਆਂ ਦੀ ਤਮਾਮ ਪੜ੍ਹਾਈ ਦਾ ਖਰਚ ਪੰਜਾਬ ਸਰਕਾਰ ਨਹੀਂ ਚੁੱਕਦੀ ਤੇ ਉਨ੍ਹਾਂ ਦੀ ਨੌਕਰੀ ਦੀ ਲਿਖਤੀ ਗਰੰਟੀ ਨਹੀਂ ਕੀਤੀ ਜਾਂਦੀ, ਸਾਰੀਆਂ ਅਧਿਆਪਕ ਜਥੇਬੰਦੀਆਂ ਇਸੇ ਤਰ੍ਹਾਂ ਪੂਰੇ ਪੰਜਾਬ ਵਿੱਚ ਰੋਹ ਭਰਪੂਰ ਰੈਲੀਆਂ ਕਰਕੇ ਸਰਕਾਰ ਦਾ ਪਿੱਟ ਸਿਆਪਾ ਕਰਨਗੀਆਂ। ਗੌਰਤਲਬ ਹੈ ਕਿ ਸਾਡੀਆਂ ਮੰਗਾਂ ਅਧਿਆਪਕਾਂ ਨੇ ਲੰਬਾ ਸਮਾਂ ਦਾਣਾ ਮੰਡੀ ਵਿਖੇ ਧਰਨਾ ਲਗਾਉਣ ਦੇ ਬਾਵਜੂਦ ਪ੍ਰਸ਼ਾਸਨ ਦੁਆਰਾ ਕਿਸੇ ਪ੍ਰਕਾਰ ਦੀ ਕੋਈ ਵੀ ਮੀਟਿੰਗ ਜਾਂ ਮਸਲੇ ਦੇ ਹੱਲ ਸਬੰਧੀ ਕੋਈ ਠੋਸ ਜਾਣਕਾਰੀ ਨਾ ਦੇਣ ਕਾਰਨ ਅਧਿਆਪਕਾਂ ਦੁਆਰਾ ਫਿਰੋਜ਼ਪੁਰ-ਲੁਧਿਆਣਾ ਰੋਡ ਨੂੰ ਜਾਮ ਕੀਤਾ ਗਿਆ। ਪ੍ਰਸ਼ਾਸਨ ਵੱਲੋਂ ਅਧਿਆਪਕਾਂ ਨੂੰ ਖਦੇੜਨ ਲਈ ਪਹਿਲਾਂ ਦਾਣਾ ਮੰਡੀ ਨੂੰ ਜੇਲ੍ਹ ਵਿੱਚ ਤਬਦੀਲ ਕੀਤਾ ਗਿਆ ਅਤੇ ਜਦੋਂ ਅਧਿਆਪਕਾਂ ਨੇ ਰੋਕਾਂ ਤੋੜੀਆਂ ਤਾਂ ਅਧਿਆਪਕਾਂ ਤੇ ਹਲਕਾ ਲਾਠੀਚਾਰਜ ਵੀ ਕੀਤਾ ਗਿਆ।

ਅਧਿਆਪਕ ਆਗੂਆਂ ਨੇ ਕਿਹਾ ਜਦੋਂ ਦੀ ਪੰਜਾਬ ਸਰਕਾਰ ਹੋਂਦ ਵਿੱਚ ਆਈ ਹੈ, ਪੰਜਾਬ ਸਰਕਾਰ ਨੇ ਇੱਕ ਵੀ ਮੁਲਾਜ਼ਮ ਪੱਖੀ ਫੈਸਲਾ ਨਹੀਂ ਲਿਆ। ਇਸ ਉਪਰੰਤ ਪ੍ਰਸ਼ਾਸਨ ਵੱਲੋਂ 28 ਜਨਵਰੀ ਨੂੰ ਵਿੱਤ ਮੰਤਰੀ ਪੰਜਾਬ ਨਾਲ ਮੀਟਿੰਗ ਤੈਅ ਕਰਾਈ ਗਈ। ਇਸ ਸਮੇਂ ਰੇਸ਼ਮ ਖੇਮੁਆਣਾ, ਗੁਰਪ੍ਰੀਤ ਅਮੀਵਾਲਾ, ਮਹਿੰਦਰ ਕੌੜੀਆਲੀ, ਸੁਖਪਾਲਜੀਤ ਸਿੰਘ, ਹਰਦੀਪ ਟੋਡਰਪੁਰ, ਕੁਲਦੀਪ ਭੋਲਾ, ਰਛਪਾਲ ਵੜੈਚ, ਰਾਜਿੰਦਰ ਸਿੰਘ ਦੀਪ ਸਿੰਘ ਵਾਲਾ।

## ਕਾਤਰਾਂ

### ਚੋਰੀ ਦੇ ਮੋਟਰਸਾਈਕਲ ਸਮੇਤ ਤਿੰਨ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਚੋਰੀ ਦੇ ਇੱਕ ਮੋਟਰਸਾਈਕਲ ਸਮੇਤ ਤਿੰਨ ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਅਯੂਬ ਮਸੀਹ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਦੌਰਾਨ ਜਦ ਜ਼ੀਰਾ ਗੇਟ ਮੌਜੂਦ ਸੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਮਨਪ੍ਰੀਤ ਸਿੰਘ ਉਰਫ ਮਨੀ ਪੁੱਤਰ ਸਤੀਸ਼ ਕੁਮਾਰ ਵਾਸੀ ਨਵਾਂ ਪੁਰਬਾ ਫਰੀਦਕੋਟ ਰੋਡ ਨੇੜੇ ਬਾਬੇ ਦੀ ਦਰਗਾਹ, ਸ਼ਿਵਾ ਪੁੱਤਰ ਰਾਕੇਸ਼ ਕੁਮਾਰ ਵਾਸੀ ਨਵਾਂ ਪੁਰਬਾ ਤੇ ਸਤਨਾਮ ਸਿੰਘ ਉਰਫ ਸਾਗਰ ਪੁੱਤਰ ਬੂਟਾ ਸਿੰਘ ਵਾਸੀ ਪਿੰਡ ਝੋਕ ਹਰੀਹਰ ਹਾਲ ਆਬਾਦ ਨਵੀਂ ਆਬਾਦੀ ਜ਼ੀਰਾ ਗੇਟ ਫਿਰੋਜ਼ਪੁਰ ਸ਼ਹਿਰ, ਜੋ ਰਾਤ ਸਮੇਂ ਬੰਦ ਦੁਕਾਨਾਂ ਤੇ ਘਰਾਂ ਵਿੱਚੋਂ ਚੋਰੀਆਂ ਕਰਨ ਦੇ ਆਦੀ ਹਨ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ ਨੂੰ ਚੋਰੀ ਦੇ ਇਕ ਬਿਨਾਂ ਨੰਬਰੀ ਮੋਟਰਸਾਈਕਲ ਸਮੇਤ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਮਾਮਲਾ ਦਰਜ ਕੀਤਾ ਹੈ।

### 40 ਬੋਤਲਾਂ ਨਜਾਇਜ਼ ਸ਼ਰਾਬ ਬਰਾਮਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਸਦਰ ਫਿਰੋਜ਼ਪੁਰ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ 40 ਬੋਤਲਾਂ ਨਜਾਇਜ਼ ਸ਼ਰਾਬ ਬਰਾਮਦ ਕਰਕੇ ਇੱਕ ਵਿਅਕਤੀ ਖਿਲਾਫ ਆਬਕਾਰੀ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਬਲਵਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਦੌਰਾਨੇ ਗਸ਼ਤ ਸੀ ਤਾਂ ਇਸ ਦੌਰਾਨ ਖਾਸ ਮੁਖਬਰੀ ਮਿਲਣ 'ਤੇ ਪਿੰਡ ਅਲੀ ਕੇ ਦੋਸ਼ੀ ਸੁੱਖਾ ਪੁੱਤਰ ਬਲਵੀਰ ਵਾਸੀ ਪਿੰਡ ਅਲੀ ਕੇ ਦੇ ਫਿਰ ਛਾਪੇਮਾਰੀ ਕੀਤੀ ਗਈ। ਪੁਲਸ ਨੇ ਦੱਸਿਆ ਕਿ ਦੋਸ਼ੀ ਸੁੱਖਾ ਮੌਕੇ ਤੋਂ ਭੱਜਣ ਵਿੱਚ ਕਾਮਯਾਬ ਹੋ ਗਿਆ ਅਤੇ ਉਸ ਦੇ ਘਰ ਵਿੱਚੋਂ 40 ਬੋਤਲਾਂ ਨਾਜਾਇਜ਼ ਸ਼ਰਾਬ ਬਰਾਮਦ ਹੋਈ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

### ਇਕਾਈ ਕੁਲਵਾਨੂੰ ਦੇ ਪ੍ਰਧਾਨ ਬਣੇ ਬਲਕਾਰ ਸਿੰਘ ਘੁੰਮਣ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਦੀ ਪਿੰਡ ਕੁਲਵਾਨੂੰ ਵਿੱਚ ਬਲਾਕ ਪ੍ਰਧਾਨ ਅਮਰੀਕ ਸਿੰਘ ਘੱਗਾ ਦੀ ਅਗਵਾਈ ਹੇਠ ਮੀਟਿੰਗ ਹੋਈ, ਜਿਸ ਵਿੱਚ ਅਵਤਾਰ ਸਿੰਘ ਬੁਰੜ, ਗੁਰਮੁੱਖ ਸਿੰਘ ਕੁਲਵਾਨੂੰ ਦੇਖ ਰੇਖ ਵਿੱਚ ਸਰਬਸੰਮਤੀ ਨਾਲ ਪਿੰਡ ਇਕਾਈ ਦੀ ਚੋਣ ਕਰਦਿਆਂ ਪ੍ਰਧਾਨ ਬਲਕਾਰ ਸਿੰਘ ਘੁਮਾਣ, ਮੀਤ ਪ੍ਰਧਾਨ ਰੋਸ਼ਨ ਸਿੰਘ, ਸਕੱਤਰ ਜਗਰੂਪ ਸਿੰਘ, ਖਜ਼ਾਨਚੀ ਕੁਲਦੀਪ ਸਿੰਘ, ਚਮਕੌਰ ਸਿੰਘ, ਪ੍ਰਚਾਰਕ ਸਕੱਤਰ ਬਲਜਿੰਦਰ ਸਿੰਘ, ਪ੍ਰੈੱਸ ਸਕੱਤਰ ਮੇਜਰ ਸਿੰਘ, ਸੰਗਠਨ ਸਕੱਤਰ ਰਣਧੀਰ ਸਿੰਘ, ਸਲਾਹਕਾਰ ਗੁਰਦੇਵ ਸਿੰਘ, ਗੁਰਪ੍ਰੀਤ ਸਿੰਘ, ਗੁਰਚਰਨ ਸਿੰਘ ਨੂੰ ਸਰਬਸੰਮਤੀ ਨਾਲ ਚੁਣਿਆ ਗਿਆ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਜਸਵੰਤ ਸਿੰਘ, ਦਲਵਾਰਾ ਸਿੰਘ, ਜਵਾਲਾ ਸਿੰਘ, ਗੁਰਮੇਲ ਸਿੰਘ, ਜਗਤਾਰ ਸਿੰਘ, ਅਮਰੀਕ ਸਿੰਘ ਨੰਬਰਦਾਰ, ਅਵਤਾਰ ਸਿੰਘ, ਅਜੈਬ ਸਿੰਘ, ਅਮਰੀਕ ਸਿੰਘ ਗਿੱਲ, ਸੁਖਦੇਵ ਸਿੰਘ, ਜਗਸੀਰ ਸਿੰਘ, ਗੁਰਤੇਜ ਸਿੰਘ ਆਦਿ ਹਾਜ਼ਰ ਸਨ।

# ਸੀਤਲਾ ਮਾਤਾ ਮੰਦਰ ਕਮੇਟੀ ਵੱਲੋਂ ਅੱਖਾਂ ਦਾ ਮੁਫਤ ਚੈੱਕਅੱਪ ਕੈਂਪ

## 175 ਮਰੀਜ਼ਾਂ ਦੀਆਂ ਅੱਖਾਂ ਦੀ ਕੀਤੀ ਜਾਂਚ, 55 ਦੇ ਕੀਤੇ ਜਾਣਗੇ ਅਪ੍ਰੇਸ਼ਨ



**ਸਮਾਣਾ (ਵਿਜੇ ਕੁਮਾਰ)**-ਸੀਤਲਾ ਮਾਤਾ ਮੰਦਰ ਤੇ ਧਰਮਸ਼ਾਲਾ ਪ੍ਰਬੰਧਕ ਕਮੇਟੀ ਵੱਲੋਂ ਪ੍ਰਧਾਨ ਬੇਅੰਤ ਸਿੰਘ, ਚੇਅਰਮੈਨ ਨਰੇਸ਼ ਬਾਂਸਲ (ਨੂਰੀ), ਸੈਕਟਰੀ ਅਸ਼ੋਕ ਸਿੰਗਲਾ, ਕੈਸ਼ੀਅਰ ਸੰਦੀਪ ਕੁਮਾਰ ਦੀ ਅਗਵਾਈ ਅੱਖਾਂ ਦੇ ਚੈੱਕਅਪ ਤੇ ਆਪ੍ਰੇਸ਼ਨਾਂ ਦਾ ਪਹਿਲਾ ਮੁਫਤ ਕੈਂਪ ਅਗਰਵਾਲ ਧਰਮਸ਼ਾਲਾ ਵਿਖੇ ਲਗਾਇਆ ਗਿਆ।

ਕੈਂਪ ਦੌਰਾਨ ਰਜਿੰਦਰਾ ਹਸਪਤਾਲ ਤੋਂ ਡਾ: ਤਲਵੀਰ ਸਿੱਧੂ ਦੀ ਅਗਵਾਈ ਹੇਠ ਡਾਕਟਰਾਂ ਦੀ ਟੀਮ ਵੱਲੋਂ 175 ਮਰੀਜ਼ਾਂ ਦੀਆਂ ਅੱਖਾਂ ਦਾ ਚੈੱਕਅਪ ਕੀਤਾ ਗਿਆ, ਜਿਨ੍ਹਾਂ ਵਿੱਚੋਂ 55 ਮਰੀਜ਼ਾਂ ਦੀ ਆਪ੍ਰੇਸ਼ਨਾਂ ਲਈ ਚੋਣ ਕੀਤੀ ਗਈ।ਇਨ੍ਹਾਂ ਦੇ ਆਪ੍ਰੇਸ਼ਨ ਰਾਜਿੰਦਰਾ ਹਸਪਤਾਲ ਪਟਿਆਲਾ ਵਿਖੇ ਕੀਤੇ ਜਾਣਗੇ। ਇਸ ਮੌਕੇ ਪ੍ਰਧਾਨ ਬੇਅੰਤ ਸਿੰਘ ਵਰਮਾ ਤੇ ਚੇਅਰਮੈਨ ਨਰੇਸ਼ ਕੁਮਾਰ ਨੂਰੀ ਬਾਂਸਲ ਨੇ ਦੱਸਿਆ ਕਿ ਕੈਂਪ ਦੌਰਾਨ ਲੋੜਵੰਦ ਮਰੀਜ਼ਾਂ ਨੂੰ ਐਨਕਾਂ ਤੇ ਦਵਾਈਆਂ ਵੀ ਮੁਫਤ ਦਿੱਤੀਆਂ ਗਈਆਂ ਹਨ।

ਇਸ ਮੌਕੇ ਅਗਰਵਾਲ ਧਰਮਸ਼ਾਲਾ ਤੇ ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਮਦਨ ਮਿੱਤਲ ਨੇ ਸੀਤਲਾ ਮਾਤਾ ਮੰਦਿਰ ਤੇ ਧਰਮਸ਼ਾਲਾ ਪ੍ਰਬੰਧਕ ਕਮੇਟੀ ਵੱਲੋਂ ਲਗਾਏ ਗਏ ਅੱਖਾਂ ਦੇ ਕੈਂਪ ਦੀ ਤਾਰੀਫ ਕਰਦਿਆਂ ਕਿਹਾ ਕਿ ਕਮੇਟੀ ਦਾ ਇਹ ਉਪਰਾਲਾ ਸ਼ਲਾਘਾਯੋਗ ਹੈ।

ਇਸ ਮੌਕੇ ਵਾਇਸ ਪ੍ਰਧਾਨ ਕੌਂਸਲਰ ਸੰਦੀਪ ਲੂੰਬਾ, ਜੁਆਇੰਟ ਸੈਕਟਰੀ ਸੇਖਰ ਸ਼ਰਮਾ, ਪ੍ਰੈੱਸ ਸੈਕਟਰੀ ਸ਼ਿਵ ਨਾਰਾਇਣ ਗਰਗ, ਲੀਗਲ ਐਡਵਾਈਜ਼ਰ ਐਡਵੋਕੇਟ ਰਿਸ਼ੀ ਚੋਪੜਾ, ਸੰਜੀਵ ਅਰੋੜਾ, ਅਸ਼ੋਕ ਖੇਤਰਪਾਲ, ਰਵੀ ਗਰਗ ਟਿੰਮਾ, ਹਰੀਸ਼ ਸਚਦੇਵਾ, ਪਵਨ ਗਰਗ, ਰਾਕੇਸ਼ ਕੁਮਾਰ ਗੇਸ਼ੀ, ਸੁਰੇਸ਼ ਕੁਮਾਰ ਗਰਗ, ਪ੍ਰਗਟ ਸਿੰਘ ਲਾਡੀ, ਰਘੁਵੀਰ ਵਿਆਸ ਬ੍ਰਿਜਵਾਸੀ, ਸਤਵੀਰ ਸਿੰਘ ਜਿੰਮੀ, ਮਨਜੀਤ ਸਿੰਘ ਜੇ ਈ, ਲੈਕਚਰਾਰ ਸ਼ੁਸੀਲ ਸ਼ਰਮਾ ਆਦਿ ਮੌਜੂਦ ਰਹੇ।

# ਗ਼ੁਲਾਬ ਮਾਨ 'ਆਪ' ਦੇ ਸੋਸ਼ਲ ਮੀਡੀਆ ਜ਼ਿਲ੍ਹਾ ਸਕੱਤਰ ਨਿਯੁਕਤ



**ਨਾਭਾ (ਵਰਿੰਦਰ ਵਰਮਾ)**-ਆਮ ਆਦਮੀ ਪਾਰਟੀ ਵੱਲੋਂ ਪਾਰਟੀ ਪ੍ਰਤੀ ਨਿਭਾਈ ਗਈ ਵਫਾਦਾਰੀ ਨੂੰ ਵੇਖਦਿਆਂ ਆਮ ਆਦਮੀ ਪਾਰਟੀ ਦੇ ਕਨਵੀਨਰ ਤੇ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਸ੍ਰੀ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਹਰੇਕ ਵਰਕਰ ਦਾ ਬਣਦਾ ਮਾਨ ਸਨਮਾਨ ਦਿੱਤਾ ਜਾਂਦਾ ਹੈ, ਜਿਸ ਦੇ ਚੱਲਦਿਆਂ ਬੀਤੇ ਦਿਨ ਸ੍ਰੀ ਅਰਵਿੰਦ ਕੇਜਰੀਵਾਲ, ਸ੍ਰ ਭਗਵੰਤ ਸਿੰਘ ਮਾਨ ਵੱਲੋਂ ਗ਼ੁਲਾਬ ਮਾਨ ਨੂੰ ਜ਼ਿਲ੍ਹਾ ਸੋਸ਼ਲ ਮੀਡੀਆ ਦਾ ਸਕੱਤਰ ਲਗਾਇਆ ਗਿਆ।ਨਿਯੁਕਤ ਹੋਣ ਉਪਰੰਤ ਗ਼ੁਲਾਬ ਮਾਨ ਨੇ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਅਤੇ ਪਾਰਟੀ ਪ੍ਰਧਾਨ ਤੇ ਕੈਬਨਿਟ ਮੰਤਰੀ ਅਮਨ ਅਰੋੜਾ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਪਾਰਟੀ ਪ੍ਰਤੀ ਦਿੱਤੀ ਗਈ ਜ਼ਿੰਮੇਵਾਰੀ ਨੂੰ ਪੂਰੀ ਲਗਨ, ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਵਾਂਗਾ। ਗ਼ੁਲਾਬ ਮਾਨ ਨੇ ਕਿਹਾ ਕਿ ਉਹ ਹਲਕਾ ਨਾਭਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਦਾ ਇਸ ਲਈ ਧੰਨਵਾਦ ਕਰਦੇ ਹਨ ਕਿਉਂ ਕਿ ਜੋ ਉਨ੍ਹਾਂ ਦੇ ਆਸ਼ੀਰਵਾਦ ਸਦਕਾ ਹੀ ਉਨ੍ਹਾਂ ਨੂੰ ਪਾਰਟੀ ਨੇ ਇਹ ਜ਼ਿੰਮੇਵਾਰੀ ਦਿੱਤੀ ਹੈ।

ਇਸ ਮੌਕੇ ਗ਼ੁਲਾਬ ਮਾਨ ਨੂੰ ਇਹ ਜ਼ਿੰਮੇਵਾਰੀ ਮਿਲਣ 'ਤੇ ਨਗਰ ਕੌਂਸਲ ਪ੍ਰਧਾਨ ਜਸਦੀਪ ਸਿੰਘ ਖੰਨਾ, ਸਾਬਕਾ ਚੇਅਰਮੈਨ ਅਮਰਜੀਤ ਸਿੰਘ ਖੰਨਾ, ਯੂਥ ਵਿੰਗ ਜੁਆਇੰਟ ਸਕੱਤਰ ਪੰਜਾਬ ਤੇ ਇੰਪਰੂਵਮੈਂਟ ਟਰਸੱਟ ਦੇ ਟਰੱਸਟੀ ਗੁਰਪ੍ਰੀਤ ਸਿੰਘ ਗੋਪੀ, ਮਾਰਕੀਟ ਕਮੇਟੀ ਚੇਅਰਮੈਨ ਗੁਰਦੀਪ ਸਿੰਘ ਟਿਵਾਣਾ, ਸ਼ਹਿਰੀ ਬਲਾਕ ਪ੍ਰਧਾਨ ਸੰਦੀਪ ਸ਼ਰਮਾ, ਤੇਜਿੰਦਰ ਖਹਿਰਾ, ਦੀਪਾ ਰਾਮਗੜ੍ਹ ਮਾਰਕੀਟ ਕਮੇਟੀ ਚੇਅਰਮੈਨ ਭਾਦਸੋਂ, ਸਮਾਜ ਸੇਵੀ ਦੀਪਕ ਨਾਗਪਾਲ ਆਦਿ ਵੱਡੀ ਗਿਣਤੀ ਵਿੱਚ ਵਰਕਰਾਂ ਤੇ ਆਗੂਆਂ ਨੇ ਵਧਾਈ ਦਿੱਤੀ।

# ਭਾਜਪਾ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਨਤਿੰਦਰ ਮੁਖੀਜਾ 'ਤੇ ਜਾਨਲੇਵਾ ਹਮਲਾ

**ਮਮਦੋਟ (ਜਸਬੀਰ ਸਿੰਘ ਕੰਬੋਜ)**

ਫਿਰੋਜ਼ਪੁਰ ਅੰਦਰ ਸ਼ਰਾਰਤੀ ਅਨਸਰਾਂ ਦੇ ਹੌਸਲੇ ਦਿਨੋਂ ਦਿਨ ਇੰਨੇ ਵਧਦੇ ਜਾ ਰਹੇ ਹਨ ਕਿ ਰੋਜ਼ਾਨਾ ਫਿਰੋਜ਼ਪੁਰ ਵਿਖੇ ਲੁੱਟ-ਖੋਹ ਕਤਲੋਗਾਰਤ ਵਰਗੀਆਂ ਵਾਰਦਾਤਾਂ ਰੁਕਣ ਦਾ ਨਾਮ ਨਹੀਂ ਲੈ ਰਹੀਆਂ।ਬੇਸ਼ੱਕ ਫਿਰੋਜ਼ਪੁਰ ਪੁਲਸ ਇਨ੍ਹਾਂ ਸ਼ਰਾਰਤੀ ਅਨਸਰਾਂ ਨੂੰ ਕਾਬੂ ਕਰਨ ਲਈ ਦਿਨ-ਰਾਤ ਇੱਕ ਕਰ ਰਹੀ ਹੈ ਤੇ ਇਸ ਦੇ ਸਾਰਥਕ ਨਤੀਜੇ ਵੀ ਸਾਹਮਣੇ ਆ ਰਹੇ ਹਨ, ਪਰ ਫਿਰ ਵੀ ਸ਼ਰਾਰਤੀ ਅਨਸਰਾਂ ਦੇ ਹੌਸਲੇ ਐਨੇ ਬੁਲੰਦ ਹਨ, ਜਿਵੇਂ ਕਿਸੇ ਦਾ ਡਰ ਭੌ ਹੀ ਨਾ ਹੋਵੇ।ਇਨ੍ਹਾਂ ਉੱਪਰੋਂ ਥੱਲੇ ਵਾਪਰ ਰਹੀਆਂ ਘਟਨਾਵਾਂ ਦੇ ਚੱਲਦਿਆਂ ਹੀ ਬੀਤੀ ਸ਼ਾਮ ਕਰੀਬ 7 ਵਜੇ ਆਜ਼ਾਦ ਨਗਰ, ਫਿਰੋਜ਼ਪੁਰ ਦੇ ਰਹਿਣ ਵਾਲੇ ਭਾਜਪਾ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਨਤਿੰਦਰ ਮੁਖੀਜਾ ਤੇ ਕਰੀਬ ਇੱਕ ਦਰਜਨ ਵਿਅਕਤੀਆਂ ਵੱਲੋਂ ਜਾਨਲੇਵਾ ਹਮਲਾ ਕਰ ਦਿੱਤਾ ਗਿਆ, ਜਿਸ ਕਾਰਣ ਉਨ੍ਹਾ ਨੂੰ ਸਰਕਾਰੀ ਹਸਪਤਾਲ ਦਾਖਲ ਕਰਵਾਇਆ ਗਿਆ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸਿਵਲ ਹਸਪਤਾਲ ਮਮਦੋਟ ਵਿਖੇ ਜ਼ੇਰੇ ਇਲਾਜ ਡਾ. ਨਤਿੰਦਰ ਮੁਖੀਜਾ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਖਰੀਦੀ ਗਈ ਇੱਕ ਹੋਰ ਜਗਾ 'ਤੇ ਗੱਡੀ ਖੜ੍ਹੀ ਕਰਨ ਨੂੰ ਲੈ ਕੇ ਉਨ੍ਹਾ ਦਾ ਗੁਰਪ੍ਰੀਤਮ ਸਿੰਘ ਪੁੱਤਰ ਕੁਲਸ਼ੇਰ ਸਿੰਘ ਨਾਲ ਮਾਮੂਲੀ ਬਹਿਸਬਾਜ਼ੀ ਹੋ ਗਈ, ਜਿਸ ਦੇ ਚੱਲਦਿਆਂ ਆਸ-ਪਾਸ ਦੇ ਲੋਕਾਂ ਦੇ ਕਹਿਣ 'ਤੇ ਅਸੀਂ ਵਾਪਸ ਆਪਣੇ ਘਰ ਨੂੰ ਆ ਰਹੇ ਸੀ ਤੇ ਜਦੋਂ ਮੈਂ ਆਪਣੀ ਗਲੀ ਵਿੱਚ ਪਹੁੰਚਿਆਂ ਤਾਂ ਪਿੱਛੋਂ ਤੇਜ਼ਧਾਰ ਹਥਿਆਰ ਲੈ ਕੇ ਗੁਰਪ੍ਰੀਤਮ ਸਿੰਘ ਪੁੱਤਰ ਕੁਲਸ਼ੇਰ ਸਿੰਘ ਤੇ ਹਰਮਨ ਸਿੰਘ ਪੁੱਤਰ ਗੁਰਪ੍ਰੀਤਮ ਸਿੰਘ ਵਾਸੀਆਨ ਫਿਰੋਜ਼ਪੁਰ, ਮੁਲਕੀਤ ਸਿੰਘ ਪੁੱਤਰ ਸ਼ੇਰ ਸਿੰਘ ਵਾਸੀ ਅੱਕੂ ਵਾਲਾ ਤੇ ਹੋਰ 8-10 ਅਣਪਛਾਤੇ ਵਿਅਕਤੀਆਂ ਨੇ ਮੇਰੇ ਉਪਰ ਹਮਲਾ ਕਰ ਦਿੱਤਾ ਅਤੇ ਹਮਲੇ ਦੌਰਾਨ ਮੈਨੂੰ ਕਾਫੀ ਸੱਟਾਂ ਲੱਗੀਆਂ ਅਤੇ ਮੈਂ ਜ਼ਮੀਨ 'ਤੇ ਡਿੱਗ ਪਿਆ, ਆਸ-ਪਾਸ ਦੇ ਲੋਕਾਂ ਦੇ ਇਕੱਠੇ ਹੋਣ ਤੋਂ ਬਾਅਦ ਉਕਤ ਦੋਸ਼ੀ ਉੱਥੋਂ ਭੱਜ ਗਏ ਅਤੇ ਜਾਂਦੇ ਸਮੇਂ ਉਕਤ ਦੋਸ਼ੀ ਮੇਰੀ ਗੱਡੀ ਦੀ ਵੀ ਬੁਰੀ ਤਰ੍ਹਾਂ ਭੰਨ-ਤੋੜ ਕਰ ਗਏ।ਜਦੋਂ ਆਸ ਪਾਸ ਦੇ ਲੋਕਾਂ ਤੇ ਮੇਰੇ ਪਰਵਾਰ ਨੇ ਮੈਨੂੰ ਸਿਵਲ ਹਸਪਤਾਲ ਫਿਰੋਜ਼ਪੁਰ ਵਿਖੇ ਦਾਖਲ ਕਰਵਾਉਣ ਲਈ ਲੈ ਕੇ ਗਏ ਤਾਂ ਉਕਤ ਦੋਸ਼ੀ ਉਥੇ ਵੀ ਮੌਜੂਦ ਸਨ ਤੇ ਉਨ੍ਹਾਂ ਵੱਲੋਂ ਰਸਤਾ ਰੋਕੇ ਜਾਣ 'ਤੇ ਅਸੀਂ ਆਪਣੀ ਗੱਡੀ ਭਜਾ ਕੇ ਵਾਪਸ ਆ ਗਏ।ਉਸ ਤੋਂ ਬਾਅਦ ਮੇਰੇ ਪਰਿਵਾਰ ਵਾਲੇ ਮੈਨੂੰ ਇਲਾਜ ਲਈ ਸਿਵਲ ਹਸਪਤਾਲ ਮਮਦੋਟ ਵਿਖੇ ਲੈ ਕੇ ਆਏ, ਜਿੱਥੇ ਮੇਰਾ ਹੁਣ ਇਲਾਜ ਚੱਲ ਰਿਹਾ ਹੈ।



ਭਾਜਪਾ ਦੇ ਜ਼ਿਲ੍ਹਾ ਫਿਰੋਜ਼ਪੁਰ ਦੇ ਪ੍ਰਧਾਨ ਸਰਬਜੀਤ ਸਿੰਘ ਬੌਬੀ ਬਾਠ, ਯੂਥ ਆਗੂ ਅਨੁਮੀਤ ਹੀਰਾ ਸੋਢੀ ਸਮੇਤ ਮਮਦੋਟ ਦੀ ਭਾਜਪਾ ਟੀਮ ਨੇ ਮਮਦੋਟ ਹਸਪਤਾਲ ਪਹੁੰਚ ਕੇ ਭਾਜਪਾ ਆਗੂ ਦਾ ਹਾਲ ਜਾਣਿਆ ਤੇ ਉਕਤ ਹਮਲਾ ਕਰਨ ਵਾਲੇ ਦੋਸ਼ੀਆਂ ਨੂੰ ਤੁਰੰਤ ਗ੍ਰਿਫਤਾਰ ਕਰਕੇ ਸਖ਼ਤ ਕਾਰਵਾਈ ਕਰਨ ਦੀ ਮੰਗ ਕੀਤੀ।

# ਜ਼ਿਲ੍ਹਾ ਕ੍ਰਿਕਟ ਐਸੋਸੀਏਸ਼ਨ ਵੱਲੋਂ ਟਰਾਇਲਜ਼ ਅੱਜ

**ਬਰਨਾਲਾ (ਰਾਜਿੰਦਰ ਬਰਾੜ)**-ਜ਼ਿਲ੍ਹਾ ਕ੍ਰਿਕਟ ਐਸੋਸੀਏਸ਼ਨ ਬਰਨਾਲਾ ਵੱਲੋਂ ਅੰਡਰ-16 ਅਤੇ ਅੰਡਰ-19 (ਮੁੰਡਿਆਂ) ਦੀਆਂ ਟੀਮਾਂ ਦੀ ਚੋਣ ਲਈ ਵਿਸ਼ੇਸ਼ ਕ੍ਰਿਕਟ ਟਰਾਇਲਜ਼ 19 ਜਨਵਰੀ ਸੋਮਵਾਰ ਨੂੰ ਕਰਵਾਏ ਜਾ ਰਹੇ ਹਨ।ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਕ੍ਰਿਕਟ ਐਸੋਸੀਏਸ਼ਨ ਦੇ ਪ੍ਰਧਾਨ ਵਿਵੇਕ ਸਿੰਧਵਾਨੀ ਤੇ ਜਨਰਲ ਸਕੱਤਰ ਰੁਪਿੰਦਰ ਗੁਪਤਾ ਨੇ ਦੱਸਿਆ ਕਿ ਇਹ ਟਰਾਇਲਜ਼ ਰਾਏਕੋਟ ਰੋਡ 'ਤੇ ਸਥਿਤ ਟ੍ਰਾਈਡੈਂਟ ਕੰਪਲੈਕਸ ਵਿਖੇ ਕੀਤੇ ਜਾਣਗੇ।ਆਗੂਆਂ ਨੇ ਸਪੱਸ਼ਟ ਕੀਤਾ ਕਿ ਇਨ੍ਹਾਂ ਟਰਾਇਲਜ਼ ਵਿੱਚ ਸਿਰਫ਼ ਉਹੀ ਖਿਡਾਰੀ ਹਿੱਸਾ ਲੈ ਸਕਦੇ ਹਨ, ਜਿਨ੍ਹਾਂ ਦਾ ਜਨਮ ਬਰਨਾਲਾ ਜ਼ਿਲ੍ਹੇ ਵਿੱਚ ਹੋਇਆ ਹੈ ਜਾਂ ਜੋ ਪਿਛਲੇ ਲਗਾਤਾਰ 3 ਸਾਲਾਂ ਤੋਂ ਜ਼ਿਲ੍ਹੇ ਦੇ ਕਿਸੇ ਵਿੱਦਿਅਕ ਅਦਾਰੇ ਵਿੱਚ ਪੜ੍ਹਾਈ ਕਰ ਰਹੇ ਹਨ। ਟਰਾਇਲਜ਼ ਵਿੱਚ ਸ਼ਾਮਲ ਹੋਣ ਵਾਲੇ ਹਰ ਖਿਡਾਰੀ ਲਈ ਸਫੈਦ ਕ੍ਰਿਕਟ ਡਰੈੱਸ ਵਿੱਚ ਹੋਣਾ ਲਾਜ਼ਮੀ ਹੈ ਤੇ ਸਾਰੇ ਖਿਡਾਰੀਆਂ ਨੂੰ ਸਵੇਰੇ 11:30 ਵਜੇ ਰਿਪੋਰਟ ਕਰਨ ਦੀ ਹਦਾਇਤ ਕੀਤੀ ਗਈ ਹੈ।

ਅੰਡਰ-16: ਖਿਡਾਰੀ ਦਾ ਜਨਮ 01-09-2010 ਤੋਂ 31-08-2012 ਦੇ ਵਿਚਕਾਰ ਹੋਇਆ ਹੋਣਾ ਚਾਹੀਦਾ ਹੈ। ਅੰਡਰ-19: ਖਿਡਾਰੀ ਦਾ ਜਨਮ 01-09-2007 ਨੂੰ ਜਾਂ ਇਸ ਤੋਂ ਬਾਅਦ ਹੋਇਆ ਹੋਣਾ ਚਾਹੀਦਾ ਹੈ। ਜਨਰਲ ਸਕੱਤਰ ਰੁਪਿੰਦਰ ਗੁਪਤਾ ਨੇ ਦੱਸਿਆ ਕਿ ਖਿਡਾਰੀਆਂ ਨੂੰ ਆਪਣੇ ਨਾਲ ਡਿਜੀਟਲ ਜਨਮ ਸਰਟੀਫਿਕੇਟ ਤੇ ਆਧਾਰ ਕਾਰਡ ਦੀ ਅਸਲ ਕਾਪੀ ਲਿਆਉਣੀ ਲਾਜ਼ਮੀ ਹੈ।

# ਸ਼੍ਰੋਮਣੀ ਅਕਾਲੀ ਦਲ ਵੱਲੋਂ ਪਾਰਟੀ ਦੀ ਮਜ਼ਬੂਤੀ ਲਈ ਇਕਜੁੱਟ ਹੋਣ ਦਾ ਸੱਦਾ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਸੂਬਾ ਸਰਕਾਰ ਦੇ ਚਾਰ ਸਾਲ ਦੇ ਰਾਜਭਾਗ ਤੋਂ ਤੰਗ ਆਏ ਲੋਕ ਹੁਣ ਸ਼੍ਰੋਮਣੀ ਅਕਾਲੀ ਦਲ ਦੇ ਕਾਰਜਕਾਲ ਦੀਆਂ ਗੱਲਾਂ ਹੁਣ ਸੱਥਾਂ 'ਚ ਕਰਨ ਲੱਗੇ ਹਨ।

ਚਾਲੀ ਮੁਕਤਿਆਂ ਦੀ ਯਾਦ 'ਚ ਸ੍ਰੀ ਮੁਕਤਸਰ ਸਾਹਿਬ ਮਾਘੀ ਮੇਲੇ ਤੇ ਹੋਈ ਇਤਿਹਾਸਕ ਕਾਨਫਰੰਸ ਦਾ ਵੱਡੇ ਇਕੱਠ ਨੇ ਇਹ ਸਾਫ ਕਰ ਦਿੱਤਾ ਕਿ ਸੂਬੇ ਦੇ ਲੋਕਾਂ ਨੇ ਹੁਣ ਪੱਕੀ ਧਾਰ ਲਈ ਹੈ ਕਿ ਅਗਲੀ ਵਾਰ ਸਰਕਾਰ ਸ਼੍ਰੋਮਣੀ ਅਕਾਲੀ ਦਲ ਦੀ ਹੀ ਬਣਾਉਣੀ ਹੈ।ਇਹ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਜਥੇਦਾਰ ਨਾਥ ਸਿੰਘ ਹਮੀਦੀ ਨੇ ਅਕਾਲੀ ਆਗੂ ਹਾਕਮ ਸਿੰਘ ਠੀਕਰੀਵਾਲਾ ਦੇ ਗ੍ਰਹਿ ਵਿਖੇ ਭਰਵੀਂ ਮੀਟਿੰਗ ਨੂੰ ਸੰਬੋਧਨ ਕਰਦਿਆਂ ਕੀਤਾ।ਉਨ੍ਹਾਂ ਕਿਹਾ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਆਪਣੀ ਟੀਮ ਸਮੇਤ ਪੰਜਾਬ ਭਰ ਅੰਦਰ ਵਰਕਰਾਂ ਨੂੰ ਲਾਮਬੰਦ ਕਰਨ ਲਈ ਵਿੱਢੀ ਮੁਹਿੰਮ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ।ਪਾਰਟੀ ਹਾਈ ਕਮਾਂਡ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਆਗਾਮੀ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਪਾਰਟੀ ਨੂੰ ਹੇਠਲੇ ਪੱਧਰ ਤੱਕ ਹੋਰ ਮਜ਼ਬੂਤ ਬਣਾਉਣ ਲਈ ਪਿੰਡ-ਪਿੰਡ ਬੂਥ ਕਮੇਟੀਆਂ ਦਾ ਗਠਨ ਕਰਨ ਦੀ ਮੁਹਿੰਮ ਚਲਾਈ ਗਈ ਹੈ।ਬੀ ਸੀ ਵਿੰਗ ਦੇ ਹਲਕਾ ਪ੍ਰਧਾਨ ਕੁਲਵੰਤ ਸਿੰਘ ਜਗਦੇ, ਸਰਕਲ ਪ੍ਰਧਾਨ ਹਰਜਿੰਦਰ ਸਿੰਘ ਮਾਂਗੇਵਾਲ ਨੇ ਸਮੂਹ ਬੀ ਸੀ ਵਰਗ ਨੂੰ ਸ਼੍ਰੋਮਣੀ ਅਕਾਲੀ ਦਲ ਦੀ ਅਗਵਾਈ ਹੇਠ ਲਾਮਬੰਦ ਹੋਣ ਦੀ ਅਪੀਲ ਕਰਦਿਆਂ ਕਿਹਾ ਸਮੇਂ ਸਮੇਂ ਦੀਆਂ ਸਰਕਾਰਾਂ ਨੇ ਬੀ ਸੀ ਵਰਗ ਦੇ ਵੋਟ ਬੈਂਕ ਨੂੰ ਵੋਟਾਂ ਵੇਲੇ ਵਰਤਣ ਤੋਂ ਸਿਵਾਏ ਕੋਈ ਸਹੂਲਤ ਨਹੀਂ ਦਿੱਤੀ।ਅਗਲੇ ਸਾਲ ਸੂਬੇ ਅੰਦਰ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਆਉਣ 'ਤੇ ਬੀ ਸੀ ਵਰਗ ਦੇ ਸਾਰੇ ਪਰਵਾਰਾਂ ਲਈ ਸਹੂਲਤਾਂ ਦਾ ਲਾਭ ਦੁਆਇਆ ਜਾਵੇਗਾ।ਇਸ ਮੌਕੇ ਸਰਪੰਚ ਬਚਿੱਤਰ ਸਿੰਘ ਧਾਲੀਵਾਲ, ਜੋਧਾ ਸਿੰਘ ਰੰਧਾਵਾ, ਅੰਤਰ ਸਿੰਘ, ਗੁਰਪ੍ਰੀਤ ਸਿੰਘ ਢਿੱਲੋਂ, ਅਮਨਦੀਪ ਸਿੰਘ ਔਲਖ, ਸੁਖਪ੍ਰੀਤ ਸਿੰਘ, ਮੱਖਣ ਸਿੰਘ, ਲੀਲਾ ਸਿੰਘ, ਕੁਲਵੰਤ ਸਿੰਘ ਔਲਖ, ਬਲਵਿੰਦਰ ਸਿੰਘ ਮਾਨ, ਹਰਦੀਪ ਸਿੰਘ, ਹਰਵਿੰਦਰ ਸਿੰਘ ਸ਼ੈਨੀ, ਰਾਮਪਾਲ ਸਿੰਘ ਚੌਧਰੀ, ਨਾਹਰ ਸਿੰਘ ਔਲਖ, ਭਜਨ ਸਿੰਘ ਪ੍ਰਧਾਨ ਆਦਿ ਆਗੂਆਂ ਨੇ ਸ਼੍ਰੋਮਣੀ ਅਕਾਲੀ ਦਲ ਦੀ ਮਜ਼ਬੂਤੀ ਲਈ ਇਕਜੁੱਟ ਹੋ ਕੇ ਸਹਿਯੋਗ ਦਾ ਵਿਸ਼ਵਾਸ ਦੁਆਇਆ।

# ਐੱਨ ਪੀ ਐੱਸ ਕਰਮਚਾਰੀਆਂ ਨੇ ਵਜਾਇਆ ਸੰਘਰਸ਼ ਦਾ ਬਿਗਲ

- ਮੁੱਖ ਮੰਤਰੀ ਦਾ ਕਰਨਗੇ ਕਾਲੀਆਂ ਝੰਡੀਆਂ ਨਾਲ ਵਿਰੋਧ
- ਬਜਟ ਸੈਸ਼ਨ ਦੌਰਾਨ ਵਿਧਾਨ ਸਭਾ ਵੱਲ ਕਰਨਗੇ ਕੂਚ

**ਮਾਨਸਾ (ਆਤਮਾ ਸਿੰਘ ਪਮਾਰ)**-ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਪੰਜਾਬ ਤੇ ਸੀਪੀਐੱਫ ਕਰਮਚਾਰੀ ਯੂਨੀਅਨ ਪੰਜਾਬ ਵੱਲੋਂ ਸਾਂਝੇ ਪ੍ਰੋਗਰਾਮ ਦਾ ਐਲਾਨ ਕਰਦਿਆਂ ਜ਼ਿਲ੍ਹਾ ਕਨਵੀਨਰ ਦਰਸ਼ਨ ਸਿੰਘ ਅਲੀਸ਼ੇਰ, ਕੋ-ਕਨਵੀਨਰ ਲਖਵਿੰਦਰ ਸਿੰਘ ਮਾਨ ਤੇ ਸਟੇਟ ਕੋ ਕਨਵੀਨਰ ਕਰਮਜੀਤ ਸਿੰਘ ਤਾਮਕੋਟ ਨੇ ਕਿਹਾ ਕਿ ਪਿਛਲੇ ਚਾਰ ਸਾਲਾਂ ਤੋਂ ਪੰਜਾਬ ਸਰਕਾਰ ਆਪਣੇ ਚੋਣ ਵਾਅਦੇ ਨੂੰ ਲਾਗੂ ਕਰਨ 'ਚ ਨਾਕਾਮ ਰਹੀ ਹੈ।18 ਨਵੰਬਰ 2022 ਨੂੰ ਪੁਰਾਣੀ ਪੈਨਸ਼ਨ ਬਹਾਲੀ ਦਾ ਇੱਕ ਲੰਗੜਾ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਸੀ ਜੋ ਤਿੰਨ ਸਾਲ ਬੀਤਣ ਬਾਅਦ ਵੀ ਪੰਜਾਬ ਸਰਕਾਰ ਲਾਗੂ ਨਹੀਂ ਕਰ ਸਕੀ। ਇਸ ਦੇ ਰੋਸ ਵਜੋਂ ਆਗੂਆਂ ਨੇ ਐਲਾਨ ਕੀਤਾ ਕਿ ਹੁਣ ਐੱਨ ਪੀ ਐੱਸ ਕਰਮਚਾਰੀਆਂ ਦੇ ਸਬਰ ਦਾ ਪਿਆਲਾ ਭਰ ਗਿਆ ਹੈ।ਇਸੇ ਲੜੀ ਤਹਿਤ ਹੁਣ ਮੁੱਖ ਮੰਤਰੀ ਪੰਜਾਬ 'ਚ ਜਿੱਥੇ ਵੀ ਜਾਣਗੇ, ਉਨ੍ਹਾਂ ਦਾ ਕਾਲੀਆਂ ਝੰਡੀਆਂ ਨਾਲ ਸਵਾਗਤ ਕਰਕੇ ਡੱਟਵਾਂ ਵਿਰੋਧ ਦਰਜ ਕਰਵਾਇਆ ਜਾਵੇਗਾ ਤੇ 19 ਫਰਵਰੀ ਨੂੰ ਪੰਜਾਬ ਸਰਕਾਰ ਦੇ ਅਰਥੀ ਫੂਕ ਮੁਜ਼ਾਹਰੇ ਬਲਾਕ ਤੇ ਜ਼ਿਲ੍ਹਾ ਪੱਧਰ 'ਤੇ ਕੀਤੇ ਜਾਣਗੇ।ਪੰਜਾਬ ਵਿਧਾਨ ਸਭਾ ਦੇ ਬਜਟ ਸੈਸ਼ਨ ਦੌਰਾਨ ਸਮੂਹ ਐੱਨ ਪੀ ਐੱਸ ਕਰਮਚਾਰੀ ਵਿਧਾਨ ਸਭਾ ਵੱਲ ਮਾਰਚ ਕਰਨਗੇ, ਜਿਸ ਸਬੰਧੀ ਦੋਵਾਂ ਜਥੇਬੰਦੀਆਂ ਦੇ ਆਗੂਆਂ ਨੇ ਬਲਾਕ ਪੱਧਰ 'ਤੇ ਵਿਉਂਤਬੰਦੀ ਤੇ ਤਿਆਰੀ ਵਿੱਢ ਦਿੱਤੀ ਹੈ। ਸਰਕਾਰ ਦੇ ਲਾਰਿਆਂ ਤੋਂ ਅੱਕੇ ਕਰਮਚਾਰੀ ਹੁਣ ਆਰ ਜਾਂ ਪਾਰ ਦੇ ਸੰਘਰਸ਼ ਕਰਨ ਦੇ ਰੌਂਅ 'ਚ ਦਿਖਾਈ ਦਿੰਦੇ ਹਨ।ਇਸ ਮੌਕੇ ਬੇਅੰਤ ਸਿੰਘ ਰੜ, ਗੁਰਦੀਪ ਬਰਨਾਲਾ, ਇਕਬਾਲ ਉੱਭਾ, ਗੁਰਜੀਤ ਰੜ, ਗੁਰਜੰਟ ਨੰਗਲ, ਜਨਕ ਸਮਾਓਂ, ਜਸਵਿੰਦਰ ਜੋਗਾ, ਹਰਜਿੰਦਰ ਅਨੂਪਗੜ੍ਹ, ਕੁਲਦੀਪ ਅੱਕਾਂਵਾਲੀ, ਸੁਖਵਿੰਦਰ ਮਾਖਾ, ਰਾਜਵਿੰਦਰ ਬਹਿਣੀਵਾਲ, ਨਵੀਨ ਬੋਹਾ, ਹਰਫੂਲ ਬੋਹਾ, ਅੰਗਰੇਜ਼ ਸਿੰਘ, ਜਤਿੰਦਰਪਾਲ ਭੀਖੀ, ਜੁਗਰਾਜ ਭੀਖੀ, ਚਮਕੌਰ ਹੀਰੋ, ਰਾਜ ਹੀਰੋ, ਜਗਸੀਰ ਹੀਰੋ, ਹਰਜੀਤ ਜੋਗਾ, ਕਸ਼ਮੀਰ ਰੜ, ਸੁਖਵੰਤ ਸਮਾਓਂ ਆਦਿ ਆਗੂ ਹਾਜ਼ਰ ਸਨ।

# ਪੱਤਰਕਾਰਾਂ 'ਤੇ ਦਰਜ ਮੁਕੱਦਮੇ ਵਾਪਸ ਲੈਣ ਲਈ ਸੰਧਵਾਂ ਨੂੰ ਦਿੱਤਾ ਮੰਗ ਪੱਤਰ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਦੀ ਜ਼ਿਲ੍ਹਾ ਇਕਾਈ ਵੱਲੋਂ ਸੀਨੀਅਰ ਪੱਤਰਕਾਰ ਤੇ ਜਥੇਬੰਦੀ ਦੇ ਜ਼ਿਲ੍ਹਾ ਜਨਰਲ ਸਕੱਤਰ ਸੁਖਨੈਬ ਸਿੰਘ ਸਿੱਧੂ (ਕੌਮੀ ਕੌਂਸਲ ਮੈਂਬਰ) ਦੇ ਗ੍ਰਹਿ ਪਿੰਡ ਪੂਹਲਾ (ਨਥਾਣਾ) ਵਿਖੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੂੰ ਮਿਲ ਕੇ ਮੰਗ ਪੱਤਰ ਸੌਂਪਿਆ ਗਿਆ, ਜਿਸ ਰਾਹੀਂ ਮੰਗ ਕੀਤੀ ਗਈ ਕਿ ਲੁਧਿਆਣਾ ਸਿਟੀ ਸਾਈਬਰ ਪੁਲਸ ਵੱਲੋਂ ਪੱਤਰਕਾਰਾਂ ਤੇ ਆਰ ਟੀ ਆਈ ਕਾਰਕੁਨਾਂ ਵਿਰੁੱਧ, ਜੋ ਮਾਮਲੇ ਦਰਜ ਕੀਤੇ ਗਏ ਹਨ, ਨੂੰ ਤੁਰੰਤ ਵਾਪਸ ਲਿਆ ਜਾਵੇ। ਪੰਜਾਬ ਵਿਧਾਨ ਸਭਾ ਸਪੀਕਰ ਨੂੰ ਮਿਲਣ ਵਾਲੇ ਪੱਤਰਕਾਰਾਂ ਦੇ ਵਫਦ ਦੀ ਅਗਵਾਈ ਕਰਦਿਆਂ ਯੂਨੀਅਨ ਦੀ ਜ਼ਿਲ੍ਹਾ ਇਕਾਈ ਦੇ ਪ੍ਰਧਾਨ ਪਰਵਿੰਦਰ ਸਿੰਘ ਜੌੜਾ ਨੇ ਦੱਸਿਆ ਕਿ ਬੇਸ਼ੱਕ ਪੰਜਾਬ ਤੇ ਹਰਿਆਣਾ ਹਾਈ ਕੋਰਟ ਵੱਲੋਂ ਇਸ ਮਾਮਲੇ 'ਤੇ ਅਗਲੀ ਸੁਣਵਾਈ ਤੱਕ ਰੋਕ ਲਗਾ ਦਿੱਤੀ ਗਈ ਹੈ, ਪਰ ਪੰਜਾਬ ਸਰਕਾਰ ਵੱਲੋਂ ਦਰਜ ਕੀਤੇ ਗਏ ਉਕਤ ਮੁਕੱਦਮੇ ਮੀਡੀਆ ਦੀ ਆਜ਼ਾਦੀ ਦੇ ਮੱਦੇਨਜ਼ਰ ਤੁਰੰਤ ਵਾਪਸ ਲੈਣੇ ਬਣਦੇ ਹਨ। ਵਫਦ ਵਿੱਚ ਸ਼ਾਮਲ ਪੱਤਰਕਾਰਾਂ ਪਰਵਿੰਦਰ ਸਿੰਘ ਜੌੜਾ, ਸੁਖਨੈਬ ਸਿੰਘ ਸਿੱਧੂ, ਗੁਰਦਰਸ਼ਨ ਸਿੰਘ ਲੁੱਧੜ, ਹਰਪ੍ਰੀਤ ਮੰਦੇਸ਼ਾ, ਚਰਨਜੀਤ ਸਿੰਘ ਸਿੱਧੂ, ਰਾਜਵਿੰਦਰ ਸਿੰਘ ਰੰਗੀਲਾ ਤੇ ਮਨਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਅਜਿਹਾ ਹੋਣਾ ਜਮਹੂਰੀਅਤ ਲਈ ਸਿਹਤਮੰਦ ਰੁਝਾਨ ਨਹੀਂ ਹੈ। ਵਫਦ ਨਾਲ ਗੱਲਬਾਤ ਦੌਰਾਨ ਸਪੀਕਰ ਸੰਧਵਾਂ ਵੱਲੋਂ ਭਰੋਸਾ ਦਿਵਾਇਆ ਗਿਆ ਕਿ ਉਹ ਇਸ ਵਿਵਾਦ ਦੇ ਸਾਰਥਿਕ ਹੱਲ ਲਈ ਆਪਣੀ ਪੂਰੀ ਵਾਹ ਲਾਉਣਗੇ।

# ਪੁਲਸ ਵੱਲੋਂ ਜ਼ਿਲ੍ਹਾ ਪੱਧਰੀ ਕੈਂਪ 'ਚ ਕਈ ਸ਼ਿਕਾਇਤ ਦਾ ਮੌਕੇ 'ਤੇ ਨਿਪਟਾਰਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**

ਡੀ.ਜੀ.ਪੀ. ਪੰਜਾਬ ਗੌਰਵ ਯਾਦਵ ਦੀਆਂ ਹਦਾਇਤਾਂ ਅਨੁਸਾਰ ਤੇ ਲੋਕ-ਹਿਤ ਨੂੰ ਪ੍ਰਧਾਨਤਾ ਦਿੰਦਿਆਂ ਅਭਿਮੰਨਿਊ ਰਾਣਾ ਆਈ.ਪੀ.ਐਸ. ਸੀਨੀਅਰ ਕਪਤਾਨ ਪੁਲਸ ਸ੍ਰੀ ਮੁਕਤਸਰ ਸਾਹਿਬ ਦੀ ਅਗਵਾਈ ਹੇਠ ਅੱਜ ਜ਼ਿਲ੍ਹੇ ਦੀਆਂ ਸਮੂਹ ਸਬ-ਡਵੀਜ਼ਨਾਂ ਵਿੱਚ ਇਕੋ ਸਮੇਂ ਤੇ ਨਾਲ ਹੀ ਜ਼ਿਲ੍ਹਾ ਪੁਲਸ ਦਫ਼ਤਰ ਸ੍ਰੀ ਮੁਕਤਸਰ ਸਾਹਿਬ ਵਿਖੇ ਵਿਸ਼ੇਸ਼ ਸ਼ਿਕਾਇਤ ਨਿਵਾਰਨ ਕੈਂਪ ਲਗਾਏ ਗਏ।ਇਹ ਸਾਰੇ ਸ਼ਿਕਾਇਤ ਨਿਵਾਰਨ ਕੈਂਪ ਸਵੇਰੇ 9 ਵਜੇ ਤੋਂ ਸ਼ਾਮ ਤੱਕ ਲਗਾਤਾਰ ਚਲਾਏ ਗਏ, ਜਿੱਥੇ ਜ਼ਿਲ੍ਹੇ ਦੇ ਵੱਖ-ਵੱਖ ਥਾਨਿਆਂ ਤੇ ਪੁਲਸ ਦਫ਼ਤਰਾਂ ਨਾਲ ਸੰਬੰਧਤ ਲੋਕਾਂ ਦੀਆਂ ਚੱਲ ਰਹੀਆਂ ਸ਼ਿਕਾਇਤਾਂ, ਮਸਲੇ ਤੇ ਨਿੱਜੀ ਪ੍ਰੇਸ਼ਾਨੀਆਂ ਨੂੰ ਬਹੁਤ ਗੰਭੀਰਤਾ ਨਾਲ ਸੁਣਿਆ ਗਿਆ।ਕੈਂਪ ਦੌਰਾਨ ਵੱਡੀ ਗਿਣਤੀ ਵਿੱਚ ਆਮ ਨਾਗਰਿਕਾਂ ਵੱਲੋਂ ਆਪਣੀਆਂ ਦਰਖ਼ਾਸਤਾਂ ਪੇਸ਼ ਕੀਤੀਆਂ ਗਈਆਂ।ਕਈ ਸ਼ਿਕਾਇਤਾਂ ਦਾ ਮੌਕੇ 'ਤੇ ਹੀ ਤੁਰੰਤ ਨਿਪਟਾਰਾ ਕੀਤਾ ਗਿਆ, ਜਦਕਿ ਹੋਰ ਮਾਮਲਿਆਂ ਸਬੰਧੀ ਕਾਨੂੰਨੀ ਪ੍ਰਕਿਰਿਆ ਅਨੁਸਾਰ ਬਿਆਨ ਦਰਜ ਕਰਕੇ ਸੰਬੰਧਤ ਅਧਿਕਾਰੀਆਂ ਨੂੰ ਸਪੱਸ਼ਟ ਤੇ ਸਮੇਂ-ਬੱਧ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ।ਇਸ ਸ਼ਿਕਾਇਤ ਨਿਵਾਰਨ ਕੈਂਪ ਦੀ ਸਮੂਹ ਕਾਰਵਾਈ ਸ਼੍ਰੀਮਤੀ ਹਰਕਮਲ ਕੌਰ ਐੱਸ.ਪੀ. (ਹੈੱਡਕੁਆਰਟਰ), ਤਜਿੰਦਰਪਾਲ ਸਿੰਘ ਡੀ.ਐੱਸ.ਪੀ. (ਹੈੱਡਕੁਆਰਟਰ), ਬਚਨ ਸਿੰਘ ਡੀ.ਐੱਸ.ਪੀ. ਸ੍ਰੀ ਮੁਕਤਸਰ ਸਾਹਿਬ, ਹਰਜੀਤ ਸਿੰਘ ਡੀ.ਐੱਸ.ਪੀ., ਨਵੀਨਪਾਲ ਸਿੰਘ ਡੀ.ਐੱਸ.ਪੀ. (ਮਲੋਟ), ਅਰੁਨ ਮੁੰਡਨ ਡੀ.ਐੱਸ.ਪੀ. (ਗਿੱਦੜਬਾਹਾ) ਤੇ ਹਰਬੰਸ ਸਿੰਘ ਡੀ.ਐੱਸ.ਪੀ. (ਲੰਬੀ) ਦੀ ਦੇਖ-ਰੇਖ ਹੇਠ ਬਹੁਤ ਹੀ ਸੁਚਾਰੂ ਤੇ ਵਿਵਸਥਿਤ ਢੰਗ ਨਾਲ ਸੰਪੰਨ ਕੀਤੀ ਗਈ। ਇਸ ਮੌਕੇ ਅਭਿਮੰਨਿਊ ਰਾਣਾ ਸੀਨੀਅਰ ਕਪਤਾਨ ਪੁਲਸ ਸ੍ਰੀ ਮੁਕਤਸਰ ਸਾਹਿਬ ਨੇ ਕਿਹਾ ਕਿ ਜ਼ਿਲ੍ਹਾ ਪੁਲਿਸ ਲੋਕਾਂ ਦੀਆਂ ਸਮੱਸਿਆਵਾਂ ਦਾ ਤੁਰੰਤ, ਪਾਰਦਰਸ਼ੀ ਤੇ ਨਿਰਪੱਖ ਹੱਲ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਕਿਸੇ ਵੀ ਨਾਗਰਿਕ ਨੂੰ ਆਪਣੀ ਸ਼ਿਕਾਇਤ ਲਈ ਲੰਮੇ ਸਮੇਂ ਤੱਕ ਇੰਤਜ਼ਾਰ ਨਹੀਂ ਕਰਨਾ ਪਵੇਗਾ ਤੇ ਹਰ ਯੋਗ ਮਾਮਲੇ ਦਾ ਨਿਪਟਾਰਾ ਮੌਕੇ 'ਤੇ ਜਾਂ ਨਿਰਧਾਰਤ ਸਮੇਂ ਅੰਦਰ ਕੀਤਾ ਜਾਵੇਗਾ।

# ਪੁਰਾਣੀ ਪੈਨਸ਼ਨ ਪ੍ਰਾਪਤੀ ਮੋਰਚੇ ਨੇ ਗਣਤੰਤਰ ਦਿਵਸ ਮੌਕੇ ਭੇਜਿਆ ਰੋਸ ਪੱਤਰ : ਗੁਰਜੰਟ ਕੋਕਰੀ

## ਐੱਨ ਪੀ ਐੱਸ ਦੀ ਕਟੌਤੀ ਬੰਦ ਕਰਕੇ ਪੁਰਾਣੀ ਪੈਨਸ਼ਨ ਸਕੀਮ ਸ਼ੁਰੂ ਕਰਨ ਦੀ ਮੰਗ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੁਰਾਣੀ ਪੈਨਸ਼ਨ ਪ੍ਰਾਪਤੀ ਮੋਰਚਾ ਪੰਜਾਬ ਦੇ ਸੂਬਾ ਕਨਵੀਨਰ ਗੁਰਜੰਟ ਸਿੰਘ ਕੋਕਰੀ, ਕੋ-ਕਨਵੀਨਰ ਟਹਿਲ ਸਿੰਘ ਸਰਾਭਾ, ਰਣਦੀਪ ਸਿੰਘ ਫ਼ਤਹਿਗੜ੍ਹ ਸਾਹਿਬ ਦੀ ਸਾਂਝੀ ਅਗਵਾਈ ਹੇਠ ਸੂਬਾ ਪੱਧਰੀ ਮੀਟਿੰਗ ਸ਼ਹੀਦ ਨਛੱਤਰ ਸਿੰਘ ਯਾਦਗਾਰੀ ਹਾਲ ਮੋਗਾ ਵਿਖੇ ਹੋਈ।ਇਸ ਸਮੇਂ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਮੋਰਚੇ ਦੇ ਬੁਲਾਰਿਆਂ ਵੱਲੋਂ ਭਗਵੰਤ ਮਾਨ ਸਰਕਾਰ ਦਾ ਪਿੱਟ ਸਿਆਪਾ ਕਰਦੇ ਹੋਏ ਦੱਸਿਆ ਗਿਆ ਕਿ ਪੰਜਾਬ ਸਰਕਾਰ ਵੱਲੋਂ 01-01-2004 ਤੋਂ ਬਾਅਦ ਭਰਤੀ ਮੁਲਾਜ਼ਮਾਂ ਉੱਤੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਦੀ ਕੀਤੀ ਜਾ ਰਹੀ ਟਾਲ ਮਟੋਲ ਦੀ ਨੀਤੀ ਦੇ ਰੋਸ ਵਜੋਂ ਗਣਤੰਤਰ ਦਿਵਸ ਮੌਕੇ ਸਾਰੇ ਜ਼ਿਲ੍ਹਿਆਂ ਵਿੱਚੋਂ ਤਿਰੰਗਾ ਝੰਡਾ ਲਹਿਰਾਉਣ ਸਮੇਂ ਪੰਜਾਬ ਸਰਕਾਰ ਦੇ ਨਾਮ ਰੋਸ ਪੱਤਰ ਭੇਜੇ ਜਾਣਗੇ।ਆਗੂਆਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਉਤੇ ਮੁਲਾਜ਼ਮਾਂ ਨਾਲ ਧੋਖਾ ਕਰਨ ਦਾ ਦੋਸ਼ ਲਗਾਉਂਦੇ ਹੋਏ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ 2021 ਦੀਆਂ ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਤੋਂ ਪਹਿਲਾਂ ਪੰਜਾਬ ਦੇ 2 ਲੱਖ ਐੱਨ ਪੀ ਐੱਸ ਮੁਲਾਜ਼ਮਾਂ ਨਾਲ ਵਾਅਦਾ ਕੀਤਾ ਸੀ ਕਿ ਉਨ੍ਹਾਂ ਦੀ ਸਰਕਾਰ ਬਣਨ ਤੋਂ ਬਾਅਦ 01-01-2004 ਤੋਂ ਬਾਅਦ ਭਰਤੀ ਸਾਰੇ ਮੁਲਾਜ਼ਮਾਂ ਤੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇਗੀ, ਪਰ ਸਰਕਾਰ ਦੇ ਚਾਰ ਸਾਲ ਬੀਤ ਜਾਣ ਤੋਂ ਬਾਅਦ ਵੀ ਪੰਜਾਬ ਦੇ ਇੱਕ ਵੀ ਮੁਲਾਜ਼ਮ ਦਾ ਜੀਪੀਐੱਫ ਖਾਤਾ ਨਹੀਂ ਖੋਲ੍ਹਿਆ ਹੈ, ਜਦਕਿ ਰਾਜਸਥਾਨ, ਛੱਤੀਸਗੜ੍ਹ, ਝਾੜਖੰਡ, ਹਿਮਾਚਲ ਪ੍ਰਦੇਸ਼ ਦੀਆਂ ਸੂਬਾ ਸਰਕਾਰਾਂ ਵੱਲੋਂ ਨਵੀਂ ਪੈਨਸ਼ਨ ਸਕੀਮ ਬੰਦ ਕਰਕੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰ ਦਿੱਤੀ ਹੈ।ਆਗੂਆਂ ਨੇ ਰੋਸ ਪ੍ਰਗਟ ਕਰਦੇ ਹੋਏ ਕਿਹਾ ਕਿ ਆਮ ਆਦਮੀ ਪਾਰਟੀ ਦੂਜੇ ਰਾਜਾਂ ਵਿੱਚ ਜਾ ਕੇ ਮੁਲਾਜ਼ਮਾਂ ਲਈ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਦਾ ਪ੍ਰਚਾਰ ਤਾਂ ਜ਼ੋਰ ਸ਼ੋਰ ਨਾਲ ਕਰਦੇ ਹਨ, ਪਰ ਦੂਜੇ ਪਾਸੇ ਪੰਜਾਬ ਦੇ ਐੱਨਪੀਐੱਸ ਮੁਲਾਜ਼ਮਾਂ ਨਾਲ ਬੇਈਮਾਨੀ ਵਾਲੀ ਨੀਤੀ 'ਤੇ ਚੱਲ ਰਹੇ ਹਨ, ਜਿਸ ਨਾਲ ਪੰਜਾਬ ਦੇ ਐੱਨਪੀਐੱਸ ਮੁਲਾਜ਼ਮਾਂ ਵਿੱਚ ਵਿਆਪਕ ਰੋਸ ਪਾਇਆ ਜਾ ਰਿਹਾ ਹੈ।ਆਗੂਆਂ ਵੱਲੋਂ ਇਹ ਵੀ ਦੋਸ਼ ਲਗਾਇਆ ਗਿਆ ਕਿ ਪੰਜਾਬ ਸਰਕਾਰ ਵੱਲੋਂ 18-11-2022 ਨੂੰ ਪੰਜਾਬ ਦੇ ਐੱਨ.ਪੀ.ਐੱਸ. ਮੁਲਾਜ਼ਮਾਂ ਉੱਤੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਦਾ ਨੋਟੀਫਿਕੇਸ਼ਨ ਵੀ ਜਾਰੀ ਕਰ ਦਿੱਤਾ ਗਿਆ, ਪਰ ਪੰਜਾਬ ਸਰਕਾਰ ਸਰਮਾਏਦਾਰੀ ਨੀਤੀਆਂ ਉੱਪਰ ਚਲਦੇ ਹੋਏ ਆਪਣੇ ਦੁਆਰਾ ਕੀਤੇ ਗਏ ਨੋਟੀਫਿਕੇਸ਼ਨ ਨੂੰ ਹੀ ਲਾਗੂ ਕਰਨ ਤੋਂ ਡਰ ਰਹੀ ਹੈ।ਮੁਲਾਜ਼ਮਾਂ ਵਿੱਚ ਬੇਚੈਨੀ ਫੈਲੀ ਹੋਈ ਹੈ ਕਿ ਪੰਜਾਬ ਸਰਕਾਰ ਉੱਪਰ ਇਹ ਨੋਟੀਫਿਕੇਸ਼ਨ ਨਾ ਲਾਗੂ ਕਰਨ ਲਈ ਕਿਸ ਦਾ ਦਬਾਅ ਹੈ ? ਇਸ ਸਮੇਂ ਆਗੂਆਂ ਵੱਲੋਂ ਕੇਂਦਰ ਸਰਕਾਰ ਵੱਲੋਂ ਜਾਰੀ ਕੀਤੀ ਜਾ ਰਹੀ ਯੂਨੀਫਾਈਡ ਪੈਨਸ਼ਨ ਸਕੀਮ ਨੂੰ ਰੱਦ ਕਰਦੇ ਹੋਏ ਪੰਜਾਬ ਸਰਕਾਰ ਤੋਂ 1972 ਦੇ ਪੈਨਸ਼ਨ ਨਿਯਮਾਂ ਅਨੁਸਾਰ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਦੀ ਮੰਗ ਕੀਤੀ।ਆਗੂਆਂ ਵੱਲੋਂ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਪੁਰਾਣੀ ਪੈਨਸ਼ਨ ਪ੍ਰਾਪਤੀ ਮੋਰਚੇ ਵੱਲੋਂ ਸਮੂਹ ਐੱਨਪੀਐੱਸ ਮੁਲਾਜ਼ਮਾਂ ਨੂੰ ਲਾਮਬੰਦ ਕਰਕੇ ਤਿੱਖੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ।

# ਗੁਰੂ ਗ੍ਰੰਥ ਸਾਹਿਬ ਵਰਲਡ 'ਵਰਸਿਟੀ ਵਿਖੇ ਫੂਡ ਵੈਲਿਊ ਚੇਨਜ਼ 'ਤੇ ਲੈਕਚਰ




**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਿਹਗੜ੍ਹ ਸਾਹਿਬ ਦੇ ਫੂਡ ਪ੍ਰੋਸੈਸਿੰਗ ਟੈਕਨੋਲੋਜੀ ਵਿਭਾਗ ਵੱਲੋਂ ਬੀ. ਟੈਕ. ਫੂਡ ਪ੍ਰੋਸੈਸਿੰਗ ਟੈਕਨੋਲੋਜੀ ਦੇ ਵਿਦਿਆਰਥੀਆਂ ਲਈ ਫੂਡ ਵੈਲਿਊ ਚੇਨਜ਼ ਦਾ ਅਰਥਸ਼ਾਸਤਰ ਵਿਸ਼ੇ 'ਤੇ ਇੱਕ ਵਿਸ਼ੇਸ਼ ਵਿਦਵਾਨੀ ਲੈਕਚਰ ਕੀਤਾ ਗਿਆ।ਇਸ ਅਕਾਦਮਿਕ ਸੈਸ਼ਨ ਵਿੱਚ ਕੇਂਦਰੀ ਯੂਨੀਵਰਸਿਟੀ ਹਰਿਆਣਾ, ਮਹਿੰਦਰਗੜ੍ਹ ਦੇ ਅਰਥਸ਼ਾਸਤਰ ਵਿਭਾਗ ਨਾਲ ਸੰਬੰਧਤ ਐਸੋਸੀਏਟ ਪ੍ਰੋਫੈਸਰ ਡਾ. ਸੁਮਿਤ ਕੁਮਾਰ ਮੁੱਖ ਵਕਤਾ ਵਜੋਂ ਸ਼ਾਮਲ ਹੋਏ।ਲੈਕਚਰ ਦੌਰਾਨ ਡਾ. ਸੁਮਿਤ ਕੁਮਾਰ ਨੇ ਫੂਡ ਵੈਲਿਊ ਚੇਨਜ਼ ਦੇ ਆਰਥਿਕ ਪਹਿਲੂਆਂ 'ਤੇ ਵਿਸਥਾਰ ਨਾਲ ਚਾਨਣ ਪਾਇਆ ਤੇ ਫਾਰਮ ਤੋਂ ਫੋਰਕ ਤੱਕ ਕੁਸ਼ਲ ਜੋੜਾਂ ਦੀ ਮਹੱਤਤਾ, ਵੈਲਿਊ ਐਡੀਸ਼ਨ, ਬਾਜ਼ਾਰ ਗਤੀਵਿਧੀਆਂ ਤੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਨ ਦੇ ਨਾਲ ਨਾਲ ਪੋਸਟ-ਹਾਰਵੈਸਟ ਨੁਕਸਾਨ ਘਟਾਉਣ ਵਿੱਚ ਫੂਡ ਪ੍ਰੋਸੈਸਿੰਗ ਦੀ ਕੇਂਦਰੀ ਭੂਮਿਕਾ ਉਤੇ ਜ਼ੋਰ ਦਿੱਤਾ।ਇਸ ਦਾ ਸੰਯੋਜਨ ਡਾ. ਰੁਪਿੰਦਰ ਪਾਲ ਸਿੰਘ ਵੱਲੋਂ ਕੀਤਾ ਗਿਆ, ਜਿਨ੍ਹਾਂ ਨੂੰ ਮਿਸ ਕੋਮਲਪ੍ਰੀਤ ਕੌਰ, ਸਹਾਇਕ ਪ੍ਰੋਫੈਸਰ ਤੇ ਸਹਿ-ਪਾਠਕ੍ਰਮਕ ਗਤੀਵਿਧੀਆਂ ਦੀ ਇੰਚਾਰਜ ਵੱਲੋਂ ਸਰਗਰਮ ਸਹਿਯੋਗ ਪ੍ਰਦਾਨ ਕੀਤਾ ਗਿਆ।ਇਸ ਮੌਕੇ ਫੈਕਲਟੀ ਮੈਂਬਰ ਮਿਸ ਪ੍ਰਭਜੀਤ ਕੌਰ ਤੇ ਡਾ. ਦਿਕਸ਼ਾ ਗਰਗ ਨੇ ਆਪਣੇ ਕੀਮਤੀ ਵਿਚਾਰਾਂ ਤੇ ਸਹਿਯੋਗ ਰਾਹੀਂ ਕਾਰਜਕ੍ਰਮ ਦੀ ਸਫ਼ਲਤਾ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ।ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਇਸ ਅਕਾਦਮਿਕ ਪਹਿਲ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਅਜਿਹੇ ਵਿਦਵਾਨੀ ਲੈਕਚਰਾਂ, ਵਿਸ਼ੇਸ਼ ਗੱਲਬਾਤਾਂ ਤੇ ਜਾਗਰੂਕਤਾ ਪ੍ਰੋਗਰਾਮਾਂ ਦੇ ਆਯੋਜਨ ਲਈ ਵਚਨਬੱਧ ਹੈ, ਤਾਂ ਜੋ ਸਮੁੱਚੀ ਕਮਿਊਨਿਟੀ ਨੂੰ ਵੀ ਅਕਾਦਮਿਕ, ਆਰਥਿਕ ਤੇ ਸਮਾਜਿਕ ਮੁੱਦਿਆਂ ਬਾਰੇ ਸੂਝ ਪ੍ਰਦਾਨ ਕੀਤੀ ਜਾ ਸਕੇ।ਇਸ ਮੌਕੇ ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਨੇ ਵੀ ਆਯੋਜਕ ਟੀਮ ਦੇ ਯਤਨਾਂ ਦੀ ਸਰਾਹਨਾ ਕੀਤੀ।

19-JAN-PAGE-6.qxd 1/18/2026 9:30 PM Page 1



## ਗਲੋਬਲ ਰੇਡੀਓਲੋਜੀ ਦਿਵਸ ਮੌਕੇ ਜਾਗਰੂਕਤਾ ਲਈ ਨੁੱਕੜ ਨਾਟਕ ਖੇਡਿਆ



**ਸਮਰਾਲਾ (ਸੁਰਜੀਤ ਸਿੰਘ)**-ਗਲੋਬਲ ਇੰਟਰਵੇਨਸ਼ਨਲ ਰੇਡੀਓਲੋਜੀ ਦਿਵਸ ਮੌਕੇ ਆਧੁਨਿਕ ਸਿਹਤ ਸੇਵਾਵਾਂ ਵਿੱਚ ਇੰਟਰਵੇਨਸ਼ਨਲ ਰੇਡੀਓਲੋਜੀ ਦੀ ਭੂਮਿਕਾ ਬਾਰੇ ਜਨਤਾ ਨੂੰ ਜਾਗਰੂਕ ਕਰਨ ਲਈ ਅੱਜ ਪੀਜੀਆਈ ਦੀ ਟੀਮ ਵੱਲੋਂ ਚੰਡੀਗੜ੍ਹ ਵਿਖੇ ਨੁੱਕੜ ਨਾਟਕ ਦਾ ਖੇਡਿਆ ਗਿਆ।ਇਸ ਮੌਕੇ ਬੋਲਦਿਆਂ ਡਾ. ਹਰਿਸ਼ ਭੁਜਾਡੇ, ਸਕੱਤਰ ਤੇ ਐਸੋਸੀਏਟ ਪ੍ਰੋਫੈਸਰ ਪੀਜੀਆਈ ਨੇ ਕਿਹਾ ਕਿ ਗਲੋਬਲ ਆਈ ਆਰ ਦਿਵਸ ਦੁਨੀਆ ਦੀ ਪਹਿਲੀ ਐਂਜੀਓਪਲਾਸਟੀ ਦੇ ਅਵਿਸ਼ਕਾਰਕ ਡਾ. ਚਾਰਲਜ਼ ਡਾਟਰ ਦੀ ਵਰ੍ਹੇਗੰਢ ਦੇ ਸੰਦਰਭ ਵਿੱਚ ਮਨਾਇਆ ਜਾਂਦਾ ਹੈ।ਗਲੋਬਲ ਆਈ ਆਰ ਦਿਵਸ ਇਸ ਜਾਨ ਬਚਾਉਣ ਵਾਲੀ ਵਿਸ਼ੇਸ਼ਤਾ ਨੂੰ ਆਮ ਲੋਕਾਂ ਦੇ ਹੋਰ ਨੇੜੇ ਲਿਆਉਣ ਦਾ ਇੱਕ ਮਹੱਤਵਪੂਰਨ ਮੌਕਾ ਹੈ।ਪ੍ਰੋ. ਅਜੇ ਕੁਮਾਰ ਪ੍ਰਧਾਨ ਸਟੇਟ ਬ੍ਰਾਂਚ ਤੇ ਪ੍ਰੋਫੈਸਰ ਪੀਜੀਆਈ ਨੇ ਦੱਸਿਆ ਕਿ ਇਸ ਸਟਰੀਟ ਪਲੇ ਰਾਹੀਂ ਰਚਨਾਤਮਕ ਢੰਗ ਨਾਲ ਦਰਸਾਇਆ ਗਿਆ ਕਿ ਇੰਟਰਵੇਨਸ਼ਨਲ ਰੇਡੀਓਲੋਜੀ ਕੈਂਸਰ ਦੇ ਇਲਾਜ, ਨਸਾਂ ਦੀਆਂ ਬਿਮਾਰੀਆਂ, ਟ੍ਰੌਮਾ ਪ੍ਰਬੰਧਨ, ਮਹਿਲਾਵਾਂ ਨਾਲ ਸੰਬੰਧਤ ਸਿਹਤ ਸਮੱਸਿਆਵਾਂ ਸਮੇਤ ਕਈ ਤਰ੍ਹਾਂ ਦੀਆਂ ਬਿਮਾਰੀਆਂ ਲਈ ਘੱਟ ਚੀਰ-ਫਾੜ ਵਾਲੇ, ਇਮੇਜ-ਗਾਈਡਿਡ ਇਲਾਜ ਮੁਹੱਈਆ ਕਰਦੀ ਹੈ।ਪ੍ਰੋ. ਪਰਮਜੀਤ ਸਿੰਘ ਮੁਖੀ ਡਿਪਾਰਟਮੈਂਟ ਆਫ਼ ਰੇਡੀਓਡਾਇਗਨੋਸਿਸ ਨੇ ਕਿਹਾ ਕਿ ਇਹ ਦਿਵਸ ਦੁਨੀਆ ਭਰ ਵਿੱਚ ਇੰਟਰਵੇਨਸ਼ਨਲ ਰੇਡੀਓਲੋਜਿਸਟਾਂ ਦੇ ਯੋਗਦਾਨ ਨੂੰ ਮਾਨਤਾ ਦੇਣ ਤੇ ਇਸ ਤੇਜ਼ੀ ਨਾਲ ਵਿਕਸਿਤ ਹੋ ਰਹੀ ਮੈਡੀਕਲ ਵਿਸ਼ੇਸ਼ਤਾ ਬਾਰੇ ਜਾਗਰੂਕਤਾ ਵਧਾਉਣ ਲਈ ਮਨਾਇਆ ਜਾਂਦਾ ਹੈ।ਇਸ ਮੌਕੇ ਪੀਜੀਆਈ ਦੇ ਰੇਡੀਓਲੋਜੀ ਵਿਭਾਗ ਦੇ ਫੈਕਲਟੀ ਮੈਂਬਰ ਡਾ. ਅਨੁਜ, ਡਾ. ਨਿਧੀ, ਡਾ. ਤਰਵਿੰਦਰ, ਅਭਿਨੰਦਨ ਤੇ ਡਾ. ਮਾਂਸੀ ਨੇ ਵੀ ਭਾਗ ਲਿਆ।

## ਵੱਖ-ਵੱਖ ਥਾਵਾਂ ਤੋਂ ਹੈਰੋਇਨ ਸਮੇਤ ਦੋ ਗ੍ਰਿਫਤਾਰ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਜ਼ੀਰਾ ਸਿਟੀ ਤੇ ਥਾਣਾ ਜ਼ੀਰਾ ਸਦਰ ਦੀ ਪੁਲਸ ਨੇ ਡੀਐੱਸਪੀ ਜਸਪਾਲ ਸਿੰਘ ਢਿੱਲੋਂ ਦੀ ਅਗਵਾਈ ਹੇਠ ਨਸ਼ਾ ਵੇਚਣ ਵਾਲਿਆਂ ਖ਼ਿਲਾਫ਼ ਚਲਾਈ ਮੁਹਿੰਮ ਤਹਿਤ ਬੀਤੇ ਦਿਨ ਗਸ਼ਤ ਤੇ ਚੈਕਿੰਗ ਦੌਰਾਨ ਵੱਖ-ਵੱਖ ਮਾਮਲਿਆਂ ਵਿੱਚ ਕਾਰਵਾਈ ਕਰਦੇ ਹੋਏ ਦੋ ਲੋਕਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 6 ਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ। ਜਾਣਕਾਰੀ ਅਨੁਸਾਰ ਥਾਣਾ ਸਿਟੀ ਜ਼ੀਰਾ ਦੇ ਹੌਲਦਾਰ ਗੁਰਲਾਲ ਸਿੰਘ ਨੇ ਪੁਲਸ ਪਾਰਟੀ ਸਮੇਤ ਗਸ਼ਤ ਤੇ ਚੈਕਿੰਗ ਦੌਰਾਨ ਸ਼ੱਕ ਦੇ ਆਧਾਰ 'ਤੇ ਭੁਪਿੰਦਰ ਸਿੰਘ ਉਰਫ਼ ਹੈਪੀ ਉਰਫ਼ ਕੀੜਾ ਪੁੱਤਰ ਰੇਸ਼ਮ ਸਿੰਘ ਵਾਸੀ ਬਸਤੀ ਮਾਛੀਆਂ ਜ਼ੀਰਾ ਨੂੰ ਗ੍ਰਿਫ਼ਤਾਰ ਕਰਕੇ ਉਸ ਦੇ ਕਬਜ਼ੇ ਵਿੱਚੋਂ 3 ਗ੍ਰਾਮ ਹੈਰੋਇਨ ਬਰਾਮਦ ਕੀਤੀ। ਇਸੇ ਤਰ੍ਹਾਂ ਥਾਣਾ ਸਦਰ ਜ਼ੀਰਾ ਦੇ ਏਐੱਸਆਈ ਗਗਨਪ੍ਰੀਤ ਸਿੰਘ ਨੇ ਪੁਲਸ ਪਾਰਟੀ ਸਮੇਤ ਗਸ਼ਤ ਤੇ ਚੈਕਿੰਗ ਦੌਰਾਨ ਪਿੰਡ ਬੋਤੀਆਂ ਵਾਲਾ ਦੀ ਨਹਿਰ ਨੇੜਿਓਂ ਦਿਲਬਾਗ ਸਿੰਘ ਪੁੱਤਰ ਬਾਗਾ ਸਿੰਘ ਵਾਸੀ ਕੱਚਰ ਭੰਨ ਨੂੰ ਸ਼ੱਕ ਦੇ ਆਧਾਰ 'ਤੇ ਗ੍ਰਿਫ਼ਤਾਰ ਕਰਕੇ ਉਸ ਦੇ ਕਬਜ਼ੇ ਵਿੱਚੋਂ 3 ਗ੍ਰਾਮ ਹੈਰੋਇਨ ਬਰਾਮਦ ਕੀਤੀ। ਮਾਮਲਿਆਂ ਦੀ ਜਾਂਚ ਕਰ ਰਹੇ ਗਗਨਪ੍ਰੀਤ ਸਿੰਘ ਤੇ ਗੁਰਲਾਲ ਸਿੰਘ ਨੇ ਦੱਸਿਆ ਕਿ ਪੁਲਸ ਨੇ ਉਕਤ ਮਾਮਲੇ ਵਿੱਚ ਦਿਲਬਾਗ ਤੇ ਭੁਪਿੰਦਰ 'ਤੇ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਨਾਮਧਾਰੀ ਸੰਪਰਦਾ ਦੀ ਦਲੇਰੀ ਤੇ ਤਿਆਗ ਨੂੰ ਰਹਿੰਦੀ ਦੁਨੀਆ ਤੱਕ ਯਾਦ ਰੱਖਿਆ ਜਾਵੇਗਾ : ਮੁੰਡੀਆਂ

- ਨਾਮਧਾਰੀ ਸੰਪਰਦਾ ਦੀ ਹਰ ਸੰਭਵ ਸੇਵਾ ਲਈ ਪੰਜਾਬ ਸਰਕਾਰ ਵਚਨਬੱਧ
- 66 ਨਾਮਧਾਰੀ ਸ਼ਹੀਦ ਸਿੰਘਾਂ ਦੀ ਯਾਦ 'ਚ ਰਾਜ ਪੱਧਰੀ ਸ਼ਹੀਦੀ ਸਮਾਗਮ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਨਾਮਧਾਰੀ ਸੰਪਰਦਾ ਵੱਲੋਂ ਦੇਸ਼ ਦੀ ਆਜ਼ਾਦੀ, ਧਰਮ ਤੇ ਮਨੁੱਖੀ ਕਦਰਾਂ ਦੀ ਰੱਖਿਆ ਲਈ ਦਿੱਤੀਆਂ ਗਈਆਂ ਕੁਰਬਾਨੀਆਂ ਭਾਰਤੀ ਇਤਿਹਾਸ ਵਿੱਚ ਸਦਾ ਸੁਨਹਿਰੀ ਅੱਖਰਾਂ ਨਾਲ ਦਰਜ ਰਹਿਣਗੀਆਂ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ (ਪੰਜਾਬ) ਹਰਦੀਪ ਸਿੰਘ ਮੁੰਡੀਆਂ ਨੇ ਨਾਮਧਾਰੀ ਸ਼ਹੀਦੀ ਸਮਾਰਕ ਮਾਲੇਰਕੋਟਲਾ ਵਿਖੇ 66 ਨਾਮਧਾਰੀ ਸ਼ਹੀਦ ਸਿੰਘਾਂ ਦੀ ਯਾਦ ਵਿੱਚ ਕਰਵਾਏ ਗਏ ਰਾਜ ਪੱਧਰੀ ਸ਼ਹੀਦੀ ਸਮਾਗਮ ਨੂੰ ਸੰਬੋਧਨ ਕਰਦਿਆਂ ਪ੍ਰਗਟ ਕੀਤਾ।ਕੈਬਨਿਟ ਮੰਤਰੀ ਮੁੰਡੀਆਂ ਨੇ ਕਿਹਾ ਕਿ ਨਾਮਧਾਰੀ ਸੰਪਰਦਾ ਸਾਦਗੀ, ਸੱਚਾਈ, ਨਿਮਰਤਾ ਤੇ ਤਿਆਗ ਦੀ ਜਿਉਂਦੀ ਜਾਗਦੀ ਮਿਸਾਲ ਹੈ।ਉਨ੍ਹਾਂ ਕਿਹਾ ਕਿ ਸਤਿਗੁਰੂ ਰਾਮ ਸਿੰਘ ਜੀ ਵੱਲੋਂ ਦਰਸਾਏ ਅਹਿੰਸਾ, ਨਾ-ਮਿਲਵਰਤਨ ਤੇ ਨਾ-ਫੁਰਮਾਨੀ ਦੇ ਰਸਤੇ ਨੇ ਦੇਸ਼ ਦੀ ਆਜ਼ਾਦੀ ਦੀ ਲੜਾਈ ਨੂੰ ਨਵੀਂ ਦਿਸ਼ਾ ਦਿੱਤੀ।ਇਤਿਹਾਸ ਗਵਾਹ ਹੈ ਕਿ ਅੰਗਰੇਜ਼ੀ ਹਕੂਮਤ ਖ਼ਿਲਾਫ਼ ਲੋਕਾਂ ਵਿੱਚ ਜਾਗਰੂਕਤਾ ਦੀ ਚਿੰਗਾਰੀ ਮਾਲੇਰਕੋਟਲਾ ਦੀ ਇਸ ਪਵਿੱਤਰ ਧਰਤੀ ਤੋਂ ਹੀ ਉੱਠੀ ਸੀ।ਉਨ੍ਹਾਂ ਕਿਹਾ ਕਿ 66 ਨਾਮਧਾਰੀ ਸ਼ਹੀਦ ਸਿੰਘਾਂ ਦੀ ਕੁਰਬਾਨੀ ਸਿਰਫ਼ ਇੱਕ ਧਾਰਮਿਕ ਸੰਪਰਦਾ ਦੀ ਨਹੀਂ, ਸਗੋਂ ਪੂਰੇ ਦੇਸ਼ ਦੀ ਆਜ਼ਾਦੀ ਦੀ ਲੜਾਈ ਦੀ ਬੁਨਿਆਦ ਹੈ।ਅੱਜ ਦੀ ਪੀੜ੍ਹੀ ਲਈ ਇਹ ਬਲਿਦਾਨ ਪ੍ਰੇਰਨਾ ਸਰੋਤ ਹਨ ਕਿ ਅਸੀਂ ਸੱਚ, ਇਮਾਨਦਾਰੀ ਤੇ ਦੇਸ਼ ਸੇਵਾ ਦੇ ਰਸਤੇ 'ਤੇ ਅੱਗੇ ਵਧੀਏ।

ਸਮਾਗਮ ਦੌਰਾਨ ਮੌਜੂਦਾ ਗੱਦੀਨਸ਼ੀਨ ਨਾਮਧਾਰੀ ਉਦੇ ਸਿੰਘ ਜੀ ਵੀ ਮੌਜੂਦ ਸਨ।ਇਸ ਮੌਕੇ ਸਮਾਗਮ ਨੂੰ ਹੋਰਨਾਂ ਤੋਂ ਇਲਾਵਾ ਹਲਕਾ ਅਮਰਗੜ੍ਹ ਦੇ ਵਿਧਾਇਕ ਪ੍ਰੋ. ਜਸਵੰਤ ਸਿੰਘ ਗੱਜਣਮਾਜਰਾ ਤੇ ਨਾਮਧਾਰੀ ਸੁਰਿੰਦਰ ਸਿੰਘ ਨੇ ਵੀ ਸੰਬੋਧਨ ਕੀਤਾ।ਇਸ ਮੌਕੇ ਵਿਧਾਇਕ ਡਾਕਟਰ ਜਮੀਲ ਉਰ ਰਹਿਮਾਨ, ਵਿਧਾਇਕ ਸਮਰਾਲਾ ਜਗਤਾਰ ਸਿੰਘ ਦਿਆਲਪੁਰ, ਡਿਪਟੀ ਕਮਿਸ਼ਨਰ ਵਿਰਾਜ ਐੱਸ. ਤਿੜਕੇ, ਜ਼ਿਲ੍ਹਾ ਪੁਲਸ ਮੁਖੀ ਗਗਨ ਅਜੀਤ ਸਿੰਘ, ਵਧੀਕ ਡਿਪਟੀ ਕਮਿਸ਼ਨਰ ਨਵਰੀਤ ਕੌਰ ਸੇਖੋਂ, ਐੱਸ ਪੀ ਸਤਪਾਲ ਸ਼ਰਮਾ, ਐੱਸ ਡੀ ਐੱਮ ਗੁਰਮੀਤ ਕੁਮਾਰ ਬਾਂਸਲ, ਨਾਮਧਾਰੀ ਸੁਰਿੰਦਰ ਸਿੰਘ ਤੇ ਵੱਡੀ ਗਿਣਤੀ ਵਿੱਚ ਪ੍ਰਮੁੱਖ ਸ਼ਖ਼ਸੀਅਤਾਂ ਤੇ ਸੰਗਤਾਂ ਹਾਜ਼ਰ ਸਨ।

## ਸ਼ਾਸਤਰੀ ਜਗਨ ਨਾਥ ਦਾ ਜਨਮ ਦਿਹਾੜਾ ਮਨਾਇਆ



**ਜਗਰਾਉਂ (ਅਮਿਤ ਖੰਨਾ)**-ਆਦਰਸ਼ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਜਗਰਾਉਂ ਦੇ ਸੰਸਥਾਪਕ ਸ਼ਾਸਤਰੀ ਜਗਨ ਨਾਥ ਮਹਾਰਾਜ ਦੇ ਜਨਮ ਦਿਹਾੜੇ ਮੌਕੇ ਸਕੂਲ ਵਿੱਚ ਸਮਾਜ ਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ ਸਮਾਗਮ ਕੀਤਾ ਗਿਆ। ਇਸ ਸਮਾਗਮ ਦੇ ਮੁੱਖ ਮਹਿਮਾਨ ਸਮਾਜ ਸੇਵੀ ਰਜਿੰਦਰ ਜੈਨ ਕਾਕਾ (ਪ੍ਰਧਾਨ ਲਾਇਨ ਕਲੱਬ ਯੂਥ ਜਗਰਾਉਂ) ਸਨ, ਜਦਕਿ ਸਮਾਜ ਸੇਵੀ ਕੇਵਲ ਮਲਹੋਤਰਾ ਬਤੌਰ ਵਿਸ਼ੇਸ਼ ਮਹਿਮਾਨ ਸ਼ਾਮਲ ਹੋਏ। ਮੰਚ ਸੰਚਾਲਨ ਕਰਦੇ ਹੋਏ ਮੈਨੇਜਮੈਂਟ ਮੈਂਬਰ ਕੈਪਟਨ ਨਰੇਸ਼ ਵਰਮਾ ਨੇ ਕਿਹਾ ਕਿ ਅੱਜ ਦੇ ਸਮਾਗਮ ਵਿੱਚ ਸਮਾਜ ਸੇਵੀ ਸੰਸਥਾਵਾਂ ਵੱਲੋਂ ਭਰਪੂਰ ਯੋਗਦਾਨ ਪਾਇਆ ਗਿਆ। ਇਸ ਮੌਕੇ ਡਾਕਟਰ ਪੰਕਜ ਅਗਰਵਾਲ ਨੇ ਆਪਣੇ ਵੱਲੋਂ ਸਾਰੇ ਬੱਚਿਆਂ ਲਈ ਕਾਪੀਆਂ, ਪੈੱਨ ਤੇ ਸਟੇਸ਼ਨਰੀ ਵੰਡੀ। ਕੇਵਲ ਮਲਹੋਤਰਾ ਤੇ ਰਵੀ ਮਲਹੋਤਰਾ (ਦਿੱਲੀ) ਨੇ ਸਥਾਪਨਾ ਦਿਵਸ ਮੌਕੇ ਸਾਰੇ ਅਧਿਆਪਕਾਂ ਤੇ ਪ੍ਰਿੰਸੀਪਲ ਨੂੰ ਸਨਮਾਨਤ ਕੀਤਾ। ਕੈਨੇਡਾ ਦੇ ਵਸਨੀਕ ਦਿਨੇਸ਼ ਮਲਹੋਤਰਾ (ਰਿਟਾਇਰਡ ਬੈਂਕ ਮੈਨੇਜਰ) ਤੇ ਜਰਨੈਲ ਸਿੰਘ ਸਹੋਤਾ ਨੇ ਸਕੂਲ ਦੇ ਫੋਰਥ ਕਲਾਸ ਮੁਲਾਜ਼ਮਾਂ ਲਈ ਨਵੇਂ ਸੂਟ ਵੰਡੇ। ਪ੍ਰਿੰਸੀਪਲ ਸੁਨੀਤਾ ਰਾਣੀ, ਮੈਡਮ ਸ਼ਿਫਾਲੀ, ਮੈਡਮ ਜਸਵਿੰਦਰ, ਸਮੂਹ ਸਟਾਫ, ਬੱਚੇ ਤੇ ਮਹਿਮਾਨਾਂ ਨੇ ਕੁੱਲਚੇ ਛੋਲਿਆਂ ਦਾ ਭੰਡਾਰਾ ਵੀ ਛੱਕਿਆ, ਜੋ ਕਿ ਸਟਾਫ ਮੈਂਬਰ ਨੇ ਤਿਆਰ ਕੀਤਾ। ਇਸ ਮੌਕੇ ਪ੍ਰਿੰਸੀਪਲ ਸੁਨੀਤਾ ਅਰੋੜਾ ਤੇ ਕੈਪਟਨ ਨਰੇਸ਼ ਵਰਮਾ ਨੇ ਸਾਰੇ ਦਾਨੀ ਸੱਜਣਾਂ ਦਾ ਧੰਨਵਾਦ ਕੀਤਾ। ਸਮਾਗਮ 'ਚ ਹਿੱਸਾ ਲੈਣ ਵਾਲੇ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।

## ਦਰਿਆ 'ਚ ਨਜਾਇਜ਼ ਮਾਈਨਿੰਗ ਰੋਕਣ ਗਏ ਵਿਅਕਤੀ ਦੀ ਕੁੱਟਮਾਰ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਮਾਛੀਵਾੜਾ ਬਲਾਕ ਅਧੀਨ ਸਤਲੁਜ ਦਰਿਆ ਕਿਨਾਰੇ ਵਸਦੇ ਪਿੰਡ ਈਸਾਪੁਰ, ਦੌਲਤਪੁਰ ਮੰਡ ਤੇ ਜੋਧਵਾਲ ਨੇੜੇ ਨਜਾਇਜ਼ ਮਾਈਨਿੰਗ ਹੋਣ ਦੇ ਕਾਫੀ ਚਰਚੇ ਚੱਲ ਰਹੇ ਹਨ। ਇਸ ਸਬੰਧੀ ਵੱਲੋਂ ਪੁਲਸ ਨੂੰ ਵੀ ਸੂਚਿਤ ਕੀਤਾ ਗਿਆ ਹੈ ਕਿ ਇਹ ਨਜਾਇਜ਼ ਮਾਈਨਿੰਗ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕਰਕੇ ਇਸ ਨੂੰ ਬੰਦ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਬਾਰਿਸ਼ ਦੇ ਦਿਨਾਂ ਵਿੱਚ ਧੁੱਸੀ ਬੰਨ੍ਹ ਨੂੰ ਵੀ ਖ਼ਤਰਾ ਖੜ੍ਹਾ ਹੋ ਜਾਂਦਾ ਹੈ। ਪਿੰਡ ਵਾਸੀਆਂ ਨੇ ਮੰਗ ਕੀਤੀ ਕਿ ਸਤਲੁਜ ਦਰਿਆ ਵਿੱਚ ਹੋ ਰਹੀ ਨਜਾਇਜ਼ ਮਾਈਨਿੰਗ ਨੂੰ ਸਖ਼ਤੀ ਨਾਲ ਬੰਦ ਕੀਤਾ ਜਾਵੇ। ਅੱਜ ਪਿੰਡ ਨਾਨੋਵਾਲ ਦੇ ਵਾਸੀ ਪਵਿੰਦਰ ਸਿੰਘ ਨੇ ਮਾਛੀਵਾੜਾ ਪੁਲਸ ਥਾਣਾ ਵਿੱਚ ਸ਼ਿਕਾਇਤ ਦੇ ਕੇ ਦੋਸ਼ ਲਗਾਇਆ ਕਿ ਨਜਾਇਜ਼ ਮਾਈਨਿੰਗ ਰੋਕਣ 'ਤੇ ਕੁਝ ਵਿਅਕਤੀਆਂ ਵੱਲੋਂ ਉਸ ਦੀ ਕੁੱਟਮਾਰ ਕੀਤੀ ਗਈ ਹੈ, ਜਿਸ ਕਾਰਨ ਉਹ ਮਾਛੀਵਾੜਾ ਹਸਪਤਾਲ ਵਿੱਚ ਇਲਾਜ ਅਧੀਨ ਹੈ। ਮਾਛੀਵਾੜਾ ਪੁਲਸ ਕੋਲ ਦਿੱਤੀ ਸ਼ਿਕਾਇਤ ਵਿੱਚ ਸ਼ਿਕਾਇਤਕਰਤਾ ਨੇ ਦੱਸਿਆ ਕਿ ਨਜਾਇਜ਼ ਮਾਈਨਿੰਗ ਚੱਲ ਰਹੀ ਹੈ ਅਤੇ ਜਦੋਂ ਉਸ ਨੇ ਇਸ ਨੂੰ ਰੋਕਣ ਦੀ ਕੋਸ਼ਿਸ਼ ਕੀਤੀ ਤਾਂ ਉੱਥੇ ਮੌਜੂਦ ਇੱਕ ਵਿਅਕਤੀ ਨੇ ਉਸ ਨਾਲ ਗਾਲੀ ਗਲੋਚ ਕੀਤੀ। ਇਸ ਤੋਂ ਬਾਅਦ ਉਸ ਨੇ ਕੁਝ ਹੋਰ ਵਿਅਕਤੀ ਬੁਲਾ ਲਏ ਜਿਨ੍ਹਾਂ ਨੇ ਰਲ ਮਿਲ ਕੇ ਉਸ ਦੀ ਬੁਰੀ ਤਰ੍ਹਾਂ ਕੁੱਟਮਾਰ ਕੀਤੀ। ਜ਼ਖ਼ਮੀ ਹਾਲਤ ਵਿੱਚ ਪਵਿੰਦਰ ਸਿੰਘ ਨੂੰ ਮਾਛੀਵਾੜਾ ਹਸਪਤਾਲ ਦਾਖ਼ਲ ਕਰਵਾਇਆ ਗਿਆ। ਥਾਣਾ ਮੁਖੀ ਪਵਿੱਤਰ ਸਿੰਘ ਨੇ ਕਿਹਾ ਕਿ ਉਕਤ ਮਾਮਲੇ ਸਬੰਧੀ ਉਨ੍ਹਾਂ ਕੋਲ ਸ਼ਿਕਾਇਤ ਪੁੱਜ ਗਈ ਹੈ ਤੇ ਅਗਲੇਰੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

## ਜ਼ਿਲ੍ਹੇ ਅੰਦਰ ਅਵਾਰਾ ਪਸ਼ੂਆਂ, ਕੁੱਤਿਆਂ, ਜੰਗਲੀ ਸੂਰਾਂ ਦਾ ਵਿਸ਼ੇਸ਼ ਪ੍ਰਬੰਧ ਕਰੇ ਪ੍ਰਸ਼ਾਸਨ : ਬੀ ਕੇ ਯੂ ਲੱਖੋਵਾਲ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੀ ਮਹੀਨਾਵਾਰ ਮੀਟਿੰਗ ਪੰਜ ਮੈਂਬਰੀ ਅਨੁਸ਼ਾਸਨੀ ਕਮੇਟੀ ਦੀ ਅਗਵਾਈ ਹੇਠ ਹੋਈ, ਜਿਸ ਦੀ ਕਾਰਵਾਈ ਜ਼ਿਲ੍ਹਾ ਜਨਰਲ ਸਕੱਤਰ ਰਵਿੰਦਰ ਸਿੰਘ ਭੋਲਾ ਨੇ ਚਲਾਈ। ਮੀਟਿੰਗ ਦੀ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਮੀਡੀਆ ਸਕੱਤਰ ਬਲਕਰਨ ਸਿੰਘ ਢਿੱਲੋਂ ਨੇ ਦੱਸਿਆ ਕਿ ਅੱਜ ਦੀ ਮਹੀਨਾਵਾਰ ਮੀਟਿੰਗ 'ਚ ਸੂਬਾ ਮੀਤ ਪ੍ਰਧਾਨ ਮੋਹਨ ਸਿੰਘ ਜੀਂਦੜਾਂ, ਸੂਰਤ ਸਿੰਘ ਕਾਦਰ ਵਾਲਾ, ਮੰਦਰਜੀਤ ਸਿੰਘ ਮਨਾਵਾਂ, ਗੁਰਮੇਟ ਸਿੰਘ ਗਗੜਾ ਨੰਬਰਦਾਰ, ਸਾਹਿਬ ਸਿੰਘ ਬੱਗੇਵਾਲਾ, ਹਰਨੇਕ ਸਿੰਘ ਫਤਿਗੜ੍ਹ ਸਮੂਹ ਸੂਬਾ ਆਗੂ ਸਾਹਿਬਾਨ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਮੀਟਿੰਗ ਦੀ ਕਾਰਵਾਈ ਨੂੰ ਅੱਗੇ ਤੋਰਦਿਆਂ ਬੀਕੇਯੂ ਲੱਖੋਵਾਲ ਦੇ ਵੱਖ-ਵੱਖ ਆਗੂਆਂ ਨੇ ਸੰਬੋਧਨ ਕਰਦੇ ਹੋਏ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਜ਼ਿਲ੍ਹੇ ਅੰਦਰ ਅਵਾਰਾ ਪਸ਼ੂਆਂ, ਕੁੱਤਿਆਂ ਤੇ ਸੂਰਾਂ ਦੀ ਸਾਂਭ ਸੰਭਾਲ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾਣ, ਕਿਉਂਕਿ ਠੰਡ ਦਾ ਮੌਸਮ ਹੋਣ ਕਾਰਨ ਕਾਫੀ ਧੁੰਦਾਂ ਪੈ ਰਹੀਆਂ ਹਨ। ਇਹ ਅਵਾਰਾ ਪਸ਼ੂ ਤੇ ਕੁੱਤੇ ਆਮ ਹੀ ਸੜਕਾਂ 'ਤੇ ਆ ਜਾਂਦੇ ਹਨ, ਜਿਸ ਨਾਲ ਹਾਦਸੇ ਵਾਪਰ ਕੇ ਕੀਮਤੀ ਮਨੁੱਖੀ ਜਾਨਾਂ ਚਲੀਆਂ ਜਾਂਦੀਆਂ ਹਨ। ਇਸ ਲਈ ਅਸੀਂ ਪ੍ਰਸ਼ਾਸਨ ਤੋਂ ਮੰਗ ਕਰਦੇ ਹਾਂ ਕਿ ਜੋ ਪੰਜਾਬ ਦੇ ਲੋਕ ਗਊਸੈੱਸ ਦੇ ਰੂਪ ਵਿੱਚ ਸਰਕਾਰ ਨੂੰ ਟੈਕਸ ਦਿੰਦੇ ਹਨ, ਉਸ ਦਾ ਸਹੀ ਇਸਤੇਮਾਲ ਕਰਕੇ ਇਨ੍ਹਾਂ ਅਵਾਰਾ ਪਸ਼ੂਆਂ ਤੇ ਕੁੱਤਿਆਂ ਦੀ ਸਾਂਭ ਸੰਭਾਲ ਲਈ ਠੋਸ ਕਦਮ ਚੁੱਕੇ ਜਾਣ। ਇਸ ਮੌਕੇ ਬਲਾਕ ਪ੍ਰਧਾਨ ਗੁਰਮੇਲ ਸਿੰਘ ਡਰੋਲੀ, ਜ਼ਿਲ੍ਹਾ ਮੀਤ ਪ੍ਰਧਾਨ ਜਗਸੀਰ ਸਿੰਘ ਜੱਗੀ, ਬਲਾਕ ਪ੍ਰਧਾਨ ਪਿਛੌਰਾ ਸਿੰਘ ਮੁੰਡੀ ਜਮਾਲ ਜਗਮੋਹਣ ਸਿੰਘ ਮੋਗਾ, ਮੀਤ ਪ੍ਰਧਾਨ ਮਦਨ ਸਿੰਘ ਨਿਧਾ ਵਾਲਾ, ਹਰਦੀਪ ਸਿੰਘ ਮਨਾਵਾਂ, ਸੁਖਵਿੰਦਰ ਸਿੰਘ ਮਾਣੂਕੇ, ਮੀਤ ਪ੍ਰਧਾਨ ਲਖਵਿੰਦਰ ਸਿੰਘ ਰੌਲੀ, ਬਲਦੇਵ ਸਿੰਘ ਗਿੱਲ, ਮੀਤ ਪ੍ਰਧਾਨ ਪ੍ਰੇਮ ਲਾਲ ਪੁਰੀ ਦੌਲਤਪੁਰਾ, ਜਗਰਾਜ ਸਿੰਘ, ਸਵਿੰਦਰ ਸਿੰਘ, ਰਣਦੀਪ ਸਿੰਘ, ਇਕੱਤਰ ਸਿੰਘ ਕਿਲੀ ਚਾਲ, ਅਵਤਾਰ ਸਿੰਘ ਗਲੋਟੀ, ਮੇਜਰ ਸਿੰਘ ਡਰੋਲੀ, ਸੁਰਿੰਦਰ ਸਿੰਘ ਸੰਧੂਆਣਾ, ਬਲਦੇਵ ਸਿੰਘ ਮੋਗਾ, ਅਮਰਦੀਪ ਸਿੰਘ, ਜਸਵਿੰਦਰ ਸਿੰਘ ਚੁਗਾਵਾਂ, ਗੁਰਚਰਨ ਸਿੰਘ ਚੁਗਾਵਾਂ, ਜਸਵੀਰ ਸਿੰਘ ਚੁਗਾਵਾਂ, ਮਲਕੀਤ ਸਿੰਘ ਚੁਗਾਵਾਂ, ਸੁਰਜੀਤ ਸਿੰਘ ਚੁਗਾਵਾਂ ਆਦਿ ਹਾਜ਼ਰ ਸਨ।

## ਪੰਜਾਬ 'ਵਰਸਿਟੀ ਸੈਨੇਟ ਚੋਣ ਲੜਨ ਲਈ ਐਡਵੋਕੇਟ ਮੇਹਰ ਸਿੰਘ ਮੱਲ ਮੈਦਾਨ 'ਚ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਫ਼ਿਰੋਜ਼ਪੁਰ ਦੇ ਸਰਹੱਦੀ ਇਲਾਕਿਆਂ ਵਿੱਚ ਉੱਚ ਸਿੱਖਿਆ ਨੂੰ ਨਵੀਂ ਦਿਸ਼ਾ ਦੇਣ ਤੇ ਨੌਜਵਾਨਾਂ ਵਿੱਚ ਵੱਧ ਰਹੀ ਬੇਰੁਜ਼ਗਾਰੀ ਦੀ ਗੰਭੀਰ ਸਮੱਸਿਆ ਦਾ ਠੋਸ ਹੱਲ ਲੱਭਣ ਦੇ ਉਦੇਸ਼ ਨਾਲ ਐਡਵੋਕੇਟ ਮੇਹਰ ਸਿੰਘ ਮੱਲ ਨੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀ ਆਉਣ ਵਾਲੀ ਸੈਨੇਟ ਚੋਣ ਵਿੱਚ ਗ੍ਰੈਜੂਏਟ ਕੌਂਸਟੀਚੂਐਂਸੀ ਤੋਂ ਚੋਣ ਲੜਨ ਦਾ ਐਲਾਨ ਕੀਤਾ ਹੈ। ਉਨ੍ਹਾਂ ਦੀ ਉਮੀਦਵਾਰੀ ਨੂੰ ਸਿਰਫ਼ ਇਕ ਚੋਣੀ ਦਾਅਵੇਦਾਰੀ ਨਹੀਂ, ਸਗੋਂ ਸਰਹੱਦੀ ਇਲਾਕਿਆਂ ਦੀ ਆਵਾਜ਼, ਨੌਜਵਾਨਾਂ ਦੀਆਂ ਆਸਾਂ ਤੇ ਸਿੱਖਿਆਤਮਕ ਸੁਧਾਰਾਂ ਨਾਲ ਜੁੜੀ ਦੂਰਅੰਦੇਸ਼ ਪਹਿਲ ਵਜੋਂ ਵੇਖਿਆ ਜਾ ਰਿਹਾ ਹੈ। ਐਡਵੋਕੇਟ ਮੇਹਰ ਸਿੰਘ ਮੱਲ ਇੱਕ ਉੱਚ ਸਿੱਖਿਆ ਪ੍ਰਾਪਤ ਪ੍ਰਸ਼ੇਵਰ ਹੋਣ ਦੇ ਨਾਲ-ਨਾਲ ਨੌਜਵਾਨ ਸੋਚ ਵਿੱਚ ਪੱਕੀ ਸੋਚ, ਤਜਰਬੇ ਤੇ ਦੂਰਦਰਸ਼ੀ ਦ੍ਰਿਸ਼ਟੀ ਵਾਲੀ ਸ਼ਖ਼ਸੀਅਤ ਵਜੋਂ ਜਾਣੇ ਜਾਂਦੇ ਹਨ। ਉਨ੍ਹਾਂ ਦੀ ਸੋਚ ਮੌਜੂਦਾ ਚੁਣੌਤੀਆਂ ਤੱਕ ਸੀਮਿਤ ਨਹੀਂ, ਬਲਕਿ ਭਵਿੱਖ ਦੀਆਂ ਪੀੜ੍ਹੀਆਂ ਦੀਆਂ ਲੋੜਾਂ ਨੂੰ ਵੀ ਕੇਂਦਰ ਵਿੱਚ ਰੱਖਦੀ ਹੈ। ਇਸ ਮੌਕੇ ਐਡਵੋਕੇਟ ਮੱਲ ਨੇ ਕਿਹਾ ਕਿ ਪੰਜਾਬ ਯੂਨੀਵਰਸਿਟੀ ਸਿਰਫ਼ ਇੱਕ ਅਕਾਦਮਿਕ ਸੰਸਥਾ ਨਹੀਂ, ਬਲਕਿ ਉੱਤਰੀ ਭਾਰਤ ਦੀ ਬੌਧਿਕ ਤੇ ਸਿੱਖਿਅਕ ਵਿਰਾਸਤ ਦਾ ਮਜ਼ਬੂਤ ਕੇਂਦਰ ਹੈ। ਸਰਹੱਦੀ ਇਲਾਕਿਆਂ ਦੀ ਸਥਿਤੀ 'ਤੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਉੱਚ ਸਿੱਖਿਆ ਤੇ ਰੋਜ਼ਗਾਰ ਦੇ ਮੌਕਿਆਂ ਦੀ ਘਾਟ ਕਾਰਨ ਬਹੁਤ ਸਾਰੇ ਹੋਣਹਾਰ ਨੌਜਵਾਨ ਆਪਣੀ ਜਨਮਭੂਮੀ ਛੱਡਣ ਲਈ ਮਜਬੂਰ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਮੇਰਾ ਮਕਸਦ ਇਹ ਹੈ ਕਿ ਸੈਨੇਟ ਦੇ ਮੰਚ ਰਾਹੀਂ ਗੁਣਵੱਤਾਪੂਰਨ ਸਿੱਖਿਆ, ਆਧੁਨਿਕ ਖੋਜ, ਹੁਨਰ ਵਿਕਾਸ ਤੇ ਉਦਯੋਗ-ਅਕਾਦਮਿਕ ਸਾਂਝ ਨੂੰ ਉਤਸ਼ਾਹਤ ਕਰਕੇ ਨੌਜਵਾਨਾਂ ਲਈ ਸਥਾਨਕ ਪੱਧਰ 'ਤੇ ਹੀ ਰੋਜ਼ਗਾਰ ਦੇ ਮੌਕੇ ਪੈਦਾ ਕੀਤੇ ਜਾਣ। ਇਸ ਸੰਦਰਭ ਵਿੱਚ ਇਹ ਵੀ ਵਿਸ਼ੇਸ਼ ਤੌਰ 'ਤੇ ਜ਼ਿਕਰਯੋਗ ਹੈ ਕਿ ਐਡਵੋਕੇਟ ਮੇਹਰ ਸਿੰਘ ਮੱਲ ਫ਼ਿਰੋਜ਼ਪੁਰ ਜ਼ਿਲ੍ਹੇ ਦੇ ਪਿੰਡ ਦੁਲਚੀ ਕੇ ਦੀ ਪ੍ਰਸਿੱਧ ਮੱਲ ਪਰਿਵਾਰ ਨਾਲ ਸੰਬੰਧਤ ਹਨ। ਇਹ ਪਰਿਵਾਰ ਸੇਵਾ, ਸੱਭਿਆਚਾਰ ਤੇ ਧਾਰਮਿਕ ਵਿਰਾਸਤ ਨਾਲ ਗਹਿਰਾ ਨਾਤਾ ਰੱਖਦਾ ਹੈ। ਕਈ ਪੀੜ੍ਹੀਆਂ ਤੋਂ ਮੱਲ ਪਰਿਵਾਰ ਨੂੰ ਪਿੰਡ ਦੇ ਗੁਰਦੁਆਰਾ ਸਾਹਿਬ ਵਿੱਚ ਤੀਜੇ ਗੁਰੂ ਸਾਹਿਬਾਨ ਸ੍ਰੀ ਗੁਰੂ ਅਮਰ ਦਾਸ ਜੀ ਦੇ ਪਾਵਨ ਜੋੜਾ ਸਾਹਿਬ ਦੀ ਸੰਭਾਲ ਤੇ ਸੇਵਾ ਕਰਨ ਦਾ ਸੁਭਾਗ ਪ੍ਰਾਪਤ ਹੈ। ਐਡਵੋਕੇਟ ਮੇਹਰ ਸਿੰਘ ਮੱਲ ਨੇ ਸਪੱਸ਼ਟ ਕੀਤਾ ਕਿ ਸੈਨੇਟ ਚੋਣ ਲੜਨ ਦਾ ਉਨ੍ਹਾਂ ਦਾ ਮਕਸਦ ਅਹੁਦਾ ਪ੍ਰਾਪਤ ਕਰਨਾ ਨਹੀਂ, ਸਗੋਂ ਜ਼ਿੰਮੇਵਾਰੀ ਨਿਭਾਉਣਾ ਹੈ। ਵਿਦਿਆਰਥੀਆਂ ਦੇ ਅਧਿਕਾਰਾਂ ਦੀ ਰੱਖਿਆ, ਗ੍ਰੈਜੂਏਟਸ ਦੇ ਹਿੱਤਾਂ ਲਈ ਮਜ਼ਬੂਤ ਆਵਾਜ਼ ਤੇ ਯੂਨੀਵਰਸਿਟੀ ਦੀ ਸਿੱਖਿਅਕ ਮਰਿਆਦਾ ਨੂੰ ਹੋਰ ਉੱਚਾਈਆਂ 'ਤੇ ਲਿਜਾਣਾ ਉਨ੍ਹਾਂ ਦੀਆਂ ਮੁੱਖ ਪ੍ਰਾਥਮਿਕਤਾਵਾਂ ਰਹਿਣਗੀਆਂ। ਉਨ੍ਹਾਂ ਭਰੋਸਾ ਦਿੱਤਾ ਕਿ ਚੁਣੇ ਜਾਣ 'ਤੇ ਉਹ ਸੈਨੇਟ ਵਿੱਚ ਇਕ ਇਮਾਨਦਾਰ, ਜ਼ਿੰਮੇਵਾਰ ਤੇ ਦੂਰਦਰਸ਼ੀ ਆਵਾਜ਼ ਵਜੋਂ ਸਾਰਿਆਂ ਨੂੰ ਨਾਲ ਲੈ ਕੇ ਕੰਮ ਕਰਨਗੇ।

## ਸ੍ਰੀ ਗੁਰੂ ਰਵਿਦਾਸ ਜੀ ਦਾ ਪ੍ਰਕਾਸ਼ ਦਿਹਾੜਾ 2 ਨੂੰ

**ਲੌਂਗੋਵਾਲ (ਪ੍ਰਦੀਪ ਸੱਪਲ)**-ਸਥਾਨਕ ਪੱਤੀ ਝਾੜੋਂ ਦੀ ਸਮੂਹ ਸੰਗਤ ਦੇ ਸਹਿਯੋਗ ਨਾਲ ਸ੍ਰੀ ਗੁਰੂ ਰਵਿਦਾਸ ਜੀ ਦਾ ਹਰ ਸਾਲ ਦੀ ਤਰ੍ਹਾਂ ਇਸ ਵਾਰ 2 ਫਰਵਰੀ ਨੂੰ ਜਨਮ ਦਿਵਸ ਮਨਾਇਆ ਜਾ ਰਿਹਾ ਹੈ।ਜਾਣਕਾਰੀ ਦਿੰਦੇ ਹੋਏ ਭਾਈ ਪ੍ਰਗਟ ਸਿੰਘ, ਗੁਰਧਿਆਨ ਸਿੰਘ, ਅਮਰਾ ਸਿੰਘ ਸਾਬਕਾ ਫੌਜੀ, ਮਾ. ਗੁਰਵਿੰਦਰ ਸਿੰਘ ਪੱਤੀ ਜੇਏ ਨੇ ਦੱਸਿਆ ਕਿ ਇਸ ਜਨਮ ਦਿਹਾੜੇ ਦੇ ਸਬੰਧ ਵਿੱਚ ਵੱਖ-ਵੱਖ ਪੱਤੀ ਦੇ ਗੁਰੂ ਰਵਿਦਾਸ ਜੀ ਦੇ ਸਮੂਹ ਸ਼ਰਧਾਲੂਆਂ ਵੱਲੋਂ ਆਪੋ-ਆਪਣੀਆਂ ਧਰਮਸ਼ਾਲਾ ਵਿੱਚ ਜਨਮ ਦਿਹਾੜੇ ਸਬੰਧੀ ਤਿਆਰੀਆਂ 'ਤੇ ਚੱਲ ਰਹੇ ਜਨਮ ਦਿਨ ਮਨਾਉਣ ਸਬੰਧੀ ਤਿਆਰੀਆਂ ਪੂਰੇ ਜ਼ੋਰਾਂ 'ਤੇ ਚੱਲ ਰਹੀਆਂ ਹਨ।ਉਨ੍ਹਾਂ ਦੱਸਿਆ ਕਿ ਪੱਤੀ ਝਾੜੋਂ ਦੀ ਸੰਗਤ ਤੇ ਸ਼ਰਧਾਲੂਆਂ ਵੱਲੋਂ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਦਿਹਾੜੇ ਸਬੰਧੀ 31 ਜਨਵਰੀ ਨੂੰ ਸ਼੍ਰੀ ਅਖੰਡ ਪਾਠ ਜੀ ਦੇ ਪ੍ਰਕਾਸ਼ ਕਰਵਾਏ ਜਾਣਗੇ, ਇਨ੍ਹਾਂ ਪਾਠਾਂ ਦੇ ਭੋਗ 2 ਫਰਵਰੀ ਨੂੰ ਪਾਏ ਜਾਣਗੇ।

## ਨਾਮਧਾਰੀ ਸ਼ਹੀਦਾਂ ਦੀ ਯਾਦ ਨੂੰ ਸਮਰਪਤ ਸਾਈਕਲ ਯਾਤਰਾ



**ਸਮਰਾਲਾ (ਸੁਰਜੀਤ ਸਿੰਘ)**-ਦੇਸ਼ ਦੀ ਆਜ਼ਾਦੀ ਲਈ ਅੰਗ੍ਰੇਜ਼ ਹਕੂਮਤ ਦੀਆਂ ਤੋਪਾਂ ਅੱਗੇ ਖੜ੍ਹੇ ਹੋ ਕੇ ਸ਼ਹਾਦਤ ਦਾ ਜਾਮ ਪੀਣ ਵਾਲੇ 66 ਨਾਮਧਾਰੀ ਸ਼ਹੀਦਾਂ ਦੀ ਯਾਦ ਨੂੰ ਸਮਰਪਤ ਸ਼ਨੀਵਾਰ ਸਵੇਰੇ ਕੜਾਕੇ ਦੀ ਠੰਡ ਦੀ ਪ੍ਰਵਾਹ ਨਾ ਕਰਦੇ ਹੋਏ ਸ਼੍ਰੀ ਭੈਣੀ ਸਾਹਿਬ ਤੋਂ ਮਾਲੇਰਕੋਟਲਾ ਲਈ ਸਾਈਕਲ ਯਾਤਰਾ ਕੱਢੀ ਗਈ, ਜਿਸ ਵਿੱਚ ਨਾਮਧਾਰੀ ਵਿੱਦਿਅਕ ਜਥੇ ਦੇ ਸੈਂਕੜੇ ਨੌਜਵਾਨਾਂ ਤੇ ਬਜ਼ੁਰਗਾਂ ਨੇ ਭਾਗ ਲਿਆ। ਜ਼ਿਕਰਯੋਗ ਹੈ ਕਿ ਅੱਜ ਦੇ ਦਿਨ 1872 ਵਿੱਚ ਆਜ਼ਾਦੀ ਦੇ ਨਾਮਧਾਰੀ ਪਰਵਾਨਿਆਂ ਨੂੰ ਮਾਲੇਰਕੋਟਲਾ ਵਿਖੇ ਅੰਗਰੇਜ਼ ਹਕੂਮਤ ਨੇ ਤੋਪਾਂ ਦੀਆਂ ਬੈਰਲਾਂ ਅੱਗੇ ਬੰਨ੍ਹ ਕੇ ਉਡਾ ਦਿੱਤਾ ਸੀ।ਨਾਮਧਾਰੀ ਮੁਖੀ ਸਤਿਗੁਰੂ ਉਦੈ ਸਿੰਘ ਜੀ ਨੇ ਝੰਡੀ ਦਿਖਾ ਕੇ ਸਾਈਕਲ ਯਾਤਰਾ ਨੂੰ ਮਲੇਰਕੋਟਲੇ ਲਈ ਰਵਾਨਾ ਕੀਤਾ।ਸਤਿਗੁਰੂ ਉਦੈ ਸਿੰਘ ਨੇ ਕਿਹਾ ਕਿ ਦੇਸ਼ ਤੇ ਕੌਮ ਲਈ ਸ਼ਹੀਦ ਹੋਣ ਵਾਲੇ 66 ਨਾਮਧਾਰੀ ਸ਼ਹੀਦਾਂ ਨੂੰ ਇਸ ਯਾਤਰਾ ਰਾਹੀਂ ਸ਼ਰਧਾਂਜਲੀ ਭੇਟ ਕੀਤੀ ਗਈ।ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਗੁਰਸਿੱਖੀ ਤੇ ਗੁਰਬਾਣੀ ਨਾਲ ਜੋੜਨਾ ਲਾਜ਼ਮੀ ਹੈ, ਤਾਂ ਜੋ ਬੱਚੇ ਵੱਡੇ ਹੋ ਕੇ ਦੇਸ਼ ਤੇ ਕੌਮ ਦੀ ਸੇਵਾ ਕਰ ਸਕਣ।ਅੱਜ ਦੀ ਸਾਈਕਲ ਯਾਤਰਾ ਵਿੱਚ 8 ਸਾਲ ਦੇ ਬੱਚੇ ਗੁਰਵਿੰਦਰ ਸਿੰਘ ਤੋਂ ਲੈ ਕੇ 85 ਸਾਲ ਤੱਕ ਦੀ ਉਮਰ ਦੇ ਬਜ਼ੁਰਗਾਂ ਨੇ ਭਾਗ ਲਿਆ। ਯਾਤਰਾ ਵਿੱਚ ਸ਼ਾਮਲ ਸਾਰਿਆਂ ਦਾ ਬੇਸ਼ੁਮਾਰ ਜੋਸ਼ ਤੇ ਜਜ਼ਬਾ ਦੇਖਣ ਨੂੰ ਮਿਲਿਆ।ਇਸ ਮੌਕੇ ਮਾਤਾ ਗੁਰਸ਼ਰਨ ਕੌਰ, ਸੇਵਕ ਕਰਤਾਰ ਸਿੰਘ, ਸੇਵਕ ਆਸਾ ਸਿੰਘ ਮਾਨ, ਸੂਬਾ ਬਲਵਿੰਦਰ ਸਿੰਘ ਝੱਲ, ਬਲਾਕ ਸੰਮਤੀ ਮੈਂਬਰ ਗੁਰਪ੍ਰੀਤ ਸਿੰਘ ਗੋਪੀ, ਹਰਮਨਜੀਤ ਸਿੰਘ ਨਵਯੁੱਗ, ਡਾ. ਪੁਸ਼ਪਿੰਦਰ ਕੂਕਾ, ਗੁਰਦੇਵ ਸਿੰਘ ਚੀਮਾ ਤੇ ਪ੍ਰੈੱਸ ਸਕੱਤਰ ਲਖਵੀਰ ਸਿੰਘ ਬੱਦੋਵਾਲ ਮੌਜੂਦ ਸਨ।

# ਸੁਤੰਤਰਤਾ ਸੰਗਰਾਮੀ ਉੱਤਰਾਧਿਕਾਰੀ ਐਸੋਸੀਏਸ਼ਨ ਨੇ ਮੁੱਖ ਮੰਤਰੀ ਨੂੰ ਭੇਜਿਆ ਮੈਮੋਰੰਡਮ


### ਗਣਤੰਤਰ ਦਿਵਸ ਸਮਾਗਮ ਸੰਬੰਧੀ ਸਹਾਇਕ ਕਮਿਸ਼ਨਰ ਨਾਲ ਕੀਤੀਆਂ ਅਹਿਮ ਵਿਚਾਰਾਂ



**ਨਾਭਾ (ਵਰਿੰਦਰ ਵਰਮਾ)**-ਦੇਸ਼ ਦੀ ਆਜ਼ਾਦੀ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਮਹਾਨ ਦੇਸ਼ ਭਗਤਾਂ ਆਜ਼ਾਦੀ ਘੁਲਾਟੀਆਂ ਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਲਈ ਕੰਮ ਕਰ ਰਹੀ ਸੁਤੰਤਰਤਾ ਸੰਗਰਾਮੀ ਉੱਤਰਾਧਿਕਾਰੀ ਐਸੋਸੀਏਸ਼ਨ ਪੰਜਾਬ ਰਜਿ 234 ਦੇ ਆਗੂਆਂ ਵੱਲੋਂ ਇੱਕ ਵਿਸ਼ੇਸ਼ ਮੁਲਾਕਾਤ ਸਹਾਇਕ ਕਮਿਸ਼ਨਰ ਜਨਰਲ ਸਿਮਰਪ੍ਰੀਤ ਕੌਰ ਨਾਲ ਕੀਤੀ ਗਈ।ਜਾਣਕਾਰੀ ਦਿੰਦਿਆਂ ਸੂਬਾ ਜਨਰਲ ਸਕੱਤਰ ਇੰਦਰਪਾਲ ਸਿੰਘ ਧਾਲੀਵਾਲ ਸੋਨੀ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਚਾਰ ਸਾਲ ਬੀਤਣ ਉਪਰੰਤ ਵੀ ਫਰੀਡਮ ਫਾਈਟਰ ਪਰਿਵਾਰਾਂ ਦੀਆਂ ਹੱਕੀ ਸਨਮਾਨ ਸਹੂਲਤਾਂ ਸਬੰਧੀ ਕੋਈ ਕਾਰਵਾਈ ਨਹੀਂ ਕੀਤੀ ਗਈ।ਪੰਜਾਬ ਸਰਕਾਰ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਭਗਤ ਸਿੰਘ ਰਾਜਗੁਰੂ ਤੇ ਸੁਖਦੇਵ ਦੇ ਨਾਂਮ ਨਾਲ ਸੱਤਾ ਹਾਸਲ ਕੀਤੀ ਹੈ, ਜਦੋਂ ਕਿ ਇਨ੍ਹਾਂ ਦੇਸ਼ ਭਗਤਾਂ ਦੇ ਪਰਿਵਾਰਾਂ ਦੀ ਸਾਰ ਲੈਣ ਕੋਈ ਵੀ ਅਧਿਕਾਰੀ ਨਹੀਂ ਪਹੁੰਚਿਆ।ਆਗੂਆਂ ਨੇ ਮੁੱਖ ਮੰਤਰੀ ਦੇ ਨਾਂਅ ਮੈਮੋਰੰਡਮ ਦਿੰਦਿਆਂ ਮੰਗ ਕੀਤੀ ਕਿ ਜ਼ਿਲ੍ਹਾ ਪ੍ਰਸ਼ਾਸਨ ਜਲਦ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਪੈਨਲ ਮੀਟਿੰਗ ਕਰਵਾਉਣ ਦਾ ਪ੍ਰਬੰਧ ਕਰੇ।ਜੇਕਰ ਗਣਤੰਤਰ ਦਿਵਸ ਤੋਂ ਪਹਿਲਾਂ ਮੀਟਿੰਗ ਲਈ ਸੱਦਾ ਨਾ ਭੇਜਿਆ ਗਿਆ ਤਾਂ ਸੂਬਾ ਜਥੇਬੰਦੀ ਗਣਤੰਤਰ ਦਿਵਸ ਮੌਕੇ ਸਮਾਗਮ ਦੇ ਸ਼ਾਂਤਮਈ ਬਾਈਕਾਟ ਦਾ ਐਲਾਨ ਕਰ ਸਕਦੀ ਹੈ।ਆਗੂਆਂ ਨੇ ਦੱਸਿਆ ਕਿ ਮੁੱਖ ਸਨਮਾਨ ਸਹੂਲਤਾਂ ਚੌਥੀ ਪੀੜ੍ਹੀ ਨੂੰ ਕਾਨੂੰਨੀ ਵਾਰਿਸਾਂ ਵਿੱਚ ਸ਼ਾਮਲ ਕਰਨਾ, ਉੱਤਰਾਖੰਡ ਦੀ ਤਰਜ਼ 'ਤੇ ਪੈਨਸ਼ਨ ਸਕੀਮ, ਸਰਕਾਰੀ ਦਫ਼ਤਰਾਂ ਵਿੱਚ ਮਾਣ ਸਨਮਾਨ ਲਾਗੂ ਕਰਨਾ, ਨੌਕਰੀਆਂ ਵਿੱਚ ਰਾਖਵਾਂਕਰਨ, ਦੇਸ਼ ਭਗਤ ਯਾਦਗਾਰ ਹਾਲ ਬਣਾਉਣੇ, ਸੁਤੰਤਰਤਾ ਸੰਗਰਾਮੀ ਭਲਾਈ ਬੋਰਡ ਸਥਾਪਤ ਕਰਨ ਆਦਿ ਮੰਗਾਂ ਤੇ ਦਰਜਨ ਦੇ ਕਰੀਬ ਮੀਟਿੰਗਾਂ ਵਿੱਤ ਮੰਤਰੀ ਤੇ ਸੁਤੰਤਰਤਾ ਸੰਗਰਾਮੀ ਵਿਭਾਗ ਦੇ ਅਧਿਕਾਰੀਆਂ ਨਾਲ ਹੋ ਚੁੱਕੀਆਂ ਹਨ, ਪ੍ਰੰਤੂ ਅੰਤਿਮ ਫੈਸਲਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਕੋਲ ਜਾਣਾ ਹੈ।


ਸਹਾਇਕ ਕਮਿਸ਼ਨਰ ਜਨਰਲ ਨੇ ਜਥੇਬੰਦੀ ਦੇ ਆਗੂਆਂ ਨੂੰ ਭਰੋਸਾ ਦਿਵਾਇਆ ਕਿ ਜ਼ਿਲ੍ਹੇ ਦੇ ਸਮੂਹ ਸਰਕਾਰੀ ਵਿਭਾਗਾਂ ਅੰਦਰ ਫਰੀਡਮ ਫਾਈਟਰ ਪਰਿਵਾਰਾਂ ਦੇ ਮਾਣ ਸਨਮਾਨ ਨੂੰ ਯਕੀਨੀ ਬਣਾਇਆ ਜਾਵੇਗਾ।ਉਨ੍ਹਾਂ ਡਿਪਟੀ ਕਮਿਸ਼ਨਰ ਪਟਿਆਲਾ ਨਾਲ ਵਿਚਾਰ ਵਟਾਂਦਰਾ ਕਰਨ ਉਪਰੰਤ ਮੁੱਖ ਮੰਤਰੀ ਨਾਲ ਮੀਟਿੰਗ ਕਰਾਉਣ ਦਾ ਭਰੋਸਾ ਦਿੱਤਾ।ਇਸ ਮੌਕੇ ਮੁਲਾਕਾਤ ਦੌਰਾਨ ਇੰਦਰਪਾਲ ਸਿੰਘ ਧਾਲੀਵਾਲ ਸੋਨੀ ਸੂਬਾ ਜਨਰਲ ਸਕੱਤਰ, ਰਾਜ ਕੁਮਾਰ ਡਕਾਲਾ ਜ਼ਿਲ੍ਹਾ ਜਨਰਲ ਸਕੱਤਰ, ਗੁਰਇਕਬਾਲ ਸਿੰਘ ਸੰਧੂ, ਕਮਲਦੀਪ ਸਿੰਘ ਗਿੱਲ ਦਫ਼ਤਰ ਇੰਚਾਰਜ ਮੌਜੂਦ ਸਨ।

## ਨਸ਼ਾ ਤਸਕਰਾਂ ਨੂੰ ਕਿਸੇ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ : ਦੇਵ ਮਾਨ, ਵਰੁਣ ਸ਼ਰਮਾ





**ਨਾਭਾ (ਵਰਿੰਦਰ ਵਰਮਾ)**-ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਯੁੱਧ ਨਸ਼ਿਆਂ ਵਿਰੁੱਧ ਦੇ ਤਹਿਤ ਦੂਜੇ ਪੜਾਅ ਵਿੱਚ ਨਾਭਾ ਸ਼ਹਿਰ ਦੇ ਵਾਰਡ ਨੰਬਰ 17 ਬੌੜਾਂ ਗੇਟ ਪਹੁੰਚੇ ਕੇ ਹਲਕਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਤੇ ਐਸ ਐਸ ਪੀ ਪਟਿਆਲਾ ਵਰੁਣ ਸ਼ਰਮਾ ਵੱਲੋਂ ਲੋਕਾਂ ਨੂੰ ਜਾਗਰੂਕ ਕੀਤਾ ਗਿਆ।ਇਸ ਮੌਕੇ ਵਿਧਾਇਕ ਦੇਵ ਮਾਨ ਨੇ ਨਸ਼ਾ ਤਸਕਰਾਂ ਨੂੰ ਸਟੇਜ ਤੋਂ ਸਖਤ ਚੇਤਾਵਨੀ ਦਿੱਤੀ ਤੇ ਉਨ੍ਹਾਂ ਕਿਹਾ ਕਿ ਜੇਕਰ ਕੋਈ ਨਸ਼ਾ ਵੇਚਦਾ ਫੜਿਆ ਗਿਆ ਤਾਂ ਉਸ ਨੂੰ ਜੇਲ੍ਹ ਦੀਆਂ ਸਲਾਖਾਂ ਪਿੱਛੇ ਪਹੁੰਚਾਇਆ ਜਾਵੇਗਾ ਤੇ ਨਸ਼ਾ ਤਸਕਰਾਂ ਨੂੰ ਕਿਸੇ ਕੀਮਤ 'ਚ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਵੱਲੋਂ ਪੰਜਾਬ ਵਿੱਚ ਵੱਡੇ ਪੱਧਰ 'ਤੇ ਖੇਡ ਗਰਾਉਂਡ ਬਣਾਏ ਜਾ ਰਹੇ ਹਨ ਤਾਂ ਕਿ ਅੱਜ ਦੀ ਨੌਜਵਾਨ ਪੀੜ੍ਹੀ ਦਾ ਰੁਝਾਨ ਖੇਡਾਂ ਵੱਲ ਵੱਧ ਸਕੇ।ਇਸ ਮੌਕੇ ਐੱਸ ਐੱਸ ਪੀ ਪਟਿਆਲਾ ਨੇ ਦੱਸਿਆ ਕਿ ਪਟਿਆਲੇ ਜ਼ਿਲ੍ਹੇ ਵਿੱਚ ਬੀਤੇ ਸਾਲ 1000 ਤੋਂ ਵੱਧ ਨਸ਼ਾ ਤਸਕਰਾਂ ਖਿਲਾਫ ਮਾਮਲੇ ਦਰਜ ਕੀਤੇ ਗਏ ਹਨ ਤੇ ਸੇਫ ਪੰਜਾਬ ਹੈਲਪਲਾਈਨ ਦੇ ਤਹਿਤ 450 ਤੋਂ ਵੱਧ ਨਸ਼ਾ ਤਸਕਰਾਂ ਖਿਲਾਫ ਮਾਮਲੇ ਦਰਜ ਕੀਤੇ ਗਏ ਹਨ।ਇਸ ਮੌਕੇ ਵੇਦ ਪ੍ਰਕਾਸ਼ ਕਾਲੀ ਤੇ ਉਨ੍ਹਾਂ ਦੀ ਟੀਮ ਵੱਲੋਂ ਵਿਧਾਇਕ ਦੇਵ ਮਾਨ ਦਾ ਸਨਮਾਨ ਕੀਤਾ ਗਿਆ।ਇਸ ਮੌਕੇ ਉਨ੍ਹਾਂ ਨਾਲ ਤੇਜਿੰਦਰ ਸਿੰਘ ਖਹਿਰਾ, ਗੁਲਾਬ ਮਾਨ, ਇੰਸਪੈਕਟਰ ਜਸਵਿੰਦਰ ਸਿੰਘ, ਥਾਣਾ ਕੋਤਵਾਲੀ ਇੰਸਪੈਕਟਰ ਸੌਰਭ ਸੱਭਰਵਾਲ, ਮਨਪ੍ਰੀਤ ਸਿੰਘ ਧਾਰੋਕੀ ਪ੍ਰਧਾਨ ਟਰੱਕ ਯੂਨੀਅਨ ਨਾਭਾ, ਧਰਮਿੰਦਰ ਸਿੰਘ ਸੁੱਖੇਵਾਲ, ਅਸ਼ੋਕ ਅਰੋੜਾ ਬਲਾਕ ਪ੍ਰਧਾਨ, ਜਸਵੰਤ ਸਿੰਘ ਕਪੂਰ, ਭੁਪਿੰਦਰ ਸਿੰਘ ਕੱਲਰ ਮਾਜਰੀ, ਜਸਵੀਰ ਸਿੰਘ ਵਜੀਦਪੁਰ, ਸੁਖਦੀਪ ਸਿੰਘ ਖਹਿਰਾ, ਕ੍ਰਿਸ਼ਨ ਕੁਮਾਰ ਕੌਸਲਰ, ਰਵੀ ਕੌਂਸਲਰ ਤੇ ਵੱਡੀ ਗਿਣਤੀ ਵਿੱਚ ਸ਼ਹਿਰ ਨਿਵਾਸੀ ਮੌਜੂਦ ਸਨ।

## ਮਨਦੀਪ ਸਿੰਘ ਮਾਨ ਬਣੇ ਆਪ ਦੇ ਜ਼ਿਲ੍ਹਾ ਮੀਡੀਆ ਇੰਚਾਰਜ



**ਧੂਰੀ (ਰਣਜੀਤ ਸਿੰਘ ਪੇਧਨੀ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪਾਰਟੀ ਪ੍ਰਤੀ ਕੀਤੀਆਂ ਜਾ ਰਹੀਆਂ ਸੇਵਾਵਾਂ ਨੂੰ ਦੇਖਦਿਆਂ ਮਨਦੀਪ ਸਿੰਘ ਮਾਨ ਨੂੰ ਜ਼ਿਲ੍ਹਾ ਮੀਡੀਆ ਇੰਚਾਰਜ ਨਿਯੁਕਤ ਕੀਤਾ ਗਿਆ ਹੈ।ਇਸ ਮੌਕੇ ਪ੍ਰੈੱਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਮਨਦੀਪ ਮਾਨ ਨੇ ਕਿਹਾ ਕਿ ਉਹ ਪਾਰਟੀ ਵੱਲੋਂ ਮਿਲੀ ਜ਼ਿੰਮੇਵਾਰੀ ਨੂੰ ਇਮਾਨਦਾਰੀ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਉਹ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਪੰਜਾਬ ਦੇ ਖਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ, ਮੁੱਖ ਮੰਤਰੀ ਦੇ ਓਐੱਸਡੀ ਸੁਖਬੀਰ ਸਿੰਘ ਸੁੱਖੀ, ਰਾਜਵੰਤ ਸਿੰਘ ਘੁੱਲੀ ਦਫ਼ਤਰ ਇੰਚਾਰਜ ਮੁੱਖ ਮੰਤਰੀ, ਦਲਵੀਰ ਸਿੰਘ ਢਿੱਲੋਂ ਚੇਅਰਮੈਨ ਲਘੂ ਉਦਯੋਗ ਨਿਗਮ ਪੰਜਾਬ, ਆਪ ਆਗੂ ਅਮਰਦੀਪ ਸਿੰਘ ਧਾਦਰਾਂ ਦਾ ਦਿਲ ਦੀਆਂ ਗਹਿਰਾਈਆਂ 'ਚੋਂ ਧੰਨਵਾਦ ਕਰਦੇ ਹਨ, ਜਿਨ੍ਹਾਂ ਨੇ ਪਾਰਟੀ ਪ੍ਰਤੀ ਸੇਵਾਵਾਂ ਨੂੰ ਦੇਖਦਿਆਂ ਮੈਨੂੰ ਸੇਵਾ ਕਰਨ ਦਾ ਮੌਕਾ ਦਿੱਤਾ ਹੈ।

# ਪੁਲਸ ਨੇ ਚਲਾਇਆ ਨਸ਼ਿਆਂ ਵਿਰੁੱਧ ਸਰਚ ਅਭਿਆਨ, ਵੱਖ-ਵੱਖ ਮੁਹੱਲਿਆਂ ਦੀ ਕੀਤੀ ਚੈਕਿੰਗ




**ਜਗਰਾਉਂ (ਸੰਜੀਵ ਅਰੋੜਾ)**

ਪੰਜਾਬ ਪੁਲਸ ਸੂਬੇ ਦੇ ਲੋਕਾਂ ਨੂੰ ਨਸ਼ਾ ਮੁਕਤ ਤੇ ਭੈ-ਮੁਕਤ ਪ੍ਰਸ਼ਾਸ਼ਨ ਦੇਣ ਦੇ ਨਾਲ-ਨਾਲ ਪੂਰਨ ਸੁਰੱਖਿਆ ਦੇਣ ਲਈ ਵੀ ਵਚਨਬੱਧ ਹੈ। ਇਸ ਲਈ ਪੰਜਾਬ ਪੁਲਿਸ ਹਰ ਸੰਭਵ ਕੋਸ਼ਿਸ਼ ਕਰ ਰਹੀ ਹੈ। ਪੁਲਸ ਜ਼ਿਲ੍ਹਾ ਲੁਧਿਆਣਾ ਦਿਹਾਤੀ ਦੇ ਐਸਐਸਪੀ ਡਾਕਟਰ ਅੰਕੁਰ ਗੁਪਤਾ ਵੱਲੋਂ ਸਮੂਹ ਅਧਿਕਾਰੀਆਂ ਅਤੇ ਮੁਲਾਜ਼ਮਾਂ ਨੂੰ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਹਨ ਕਿ ਕਿਸੇ ਵੀ ਨਸ਼ਾ ਸਮਗਲਰ ਨੂੰ ਬਖਸ਼ਿਆ ਨਾ ਜਾਵੇ ਚਾਹੇ, ਜਿੰਨੀ ਮਰਜ਼ੀ ਉੱਚੀ ਪਹੁੰਚ ਰੱਖਦਾ ਹੋਵੇ। ਪੰਜਾਬ ਸਰਕਾਰ ਤੇ ਡੀਜੀਪੀ ਪੰਜਾਬ ਗੌਰਵ ਯਾਦਵ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਦੇ ਤਹਿਤ ਅੱਜ ਲੁਧਿਆਣਾ ਦਿਹਾਤੀ ਪੁਲਸ ਵੱਲੋਂ ਜਗਰਾਉਂ ਦੇ ਕੁਝ ਏਰੀਆ ਵਿੱਚ ਸਰਚ ਅਭਿਆਨ ਚਲਾਇਆ ਗਿਆ। ਇਸ ਦੇ ਤਹਿਤ ਨਸ਼ਿਆਂ ਦੇ ਖਾਤਮੇ ਲਈ ਪੰਜਾਬ ਪੁਲਸ ਨੇ ਜਗਰਾਉਂ ਦੇ ਨਸ਼ਿਆਂ ਲਈ ਜਾਣੇ ਜਾਂਦੇ ਕਈ ਮੁਹੱਲਿਆਂ ਵਿੱਚ ਬਾਰੀਕੀ ਨਾਲ ਚੈਕਿੰਗ ਕੀਤੀ।

ਇਸ ਮੌਕੇ ਪੁਲਸ ਨੇ ਨਾਕਾਬੰਦੀ ਕਰਕੇ ਕਈ ਵਹੀਕਲਾਂ ਦੇ ਕਾਗਜ਼ਾਤ ਵਗੈਰਾ ਚੈੱਕ ਕੀਤੇ। ਇਸ ਮੌਕੇ ਐੱਸਐੱਸਪੀ ਡਾਕਟਰ ਅੰਕੁਰ ਗੁਪਤਾ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਦੱਸਿਆ ਕਿ ਪੰਜਾਬ ਪੁਲਸ ਵੱਲੋਂ ਚਲਾਈ ਗਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਨੂੰ ਬੂਰ ਪੈਂਦਾ ਦਿਖਾਈ ਦੇ ਰਿਹਾ ਹੈ। ਉਨ੍ਹਾਂ ਕਿਹਾ ਕਿ ਕਈ ਨਸ਼ਾ ਸਮਗਲਰ ਨਸ਼ਾ ਵੇਚਣ ਦੇ ਧੰਦੇ ਤੋਂ ਤੌਬਾ ਕਰ ਚੁੱਕੇ ਹਨ। ਉਨ੍ਹਾਂ ਕਿਹਾ ਕਿ ਸਾਡੇ ਵੱਲੋਂ ਅੱਜ ਸ਼ਹਿਰ ਦੇ ਕਈ ਇਲਾਕੇ ਅਤੇ ਪਿੰਡਾਂ ਦੇ ਵਿੱਚ ਚੈਕਿੰਗ ਕੀਤੀ ਜਾ ਰਹੀ ਹੈ।

ਸਾਲ 2025 ਦੇ ਦੌਰਾਨ ਸਾਡੀ ਪੁਲਸ ਪਾਰਟੀ ਵੱਲੋਂ ਨਸ਼ਾ ਸਮਗਲਰਾਂ ਵਿਰੁੱਧ ਕਈ ਮੁਕੱਦਮੇ ਦਰਜ ਕੀਤੇ ਜਾ ਚੁੱਕੇ ਹਨ। ਇਲਾਕੇ ਵਿੱਚੋਂ ਨਸ਼ਾ ਸਮਗਲਰਾਂ ਦੀ ਸਪਲਾਈ ਦੀ ਚੇਨ ਟੁੱਟ ਚੁੱਕੀ ਹੈ। ਨਸ਼ਾ ਸਮਗਲਰਾਂ ਨੂੰ ਚੇਤਾਵਨੀ ਦਿੰਦੇ ਹੋਏ ਐਸਐਸਪੀ ਨੇ ਕਿਹਾ ਕਿ ਨਸ਼ਾ ਵੇਚਣਾ ਬੰਦ ਕਰ ਦਿਓ, ਨਹੀਂ ਤਾਂ ਜੇਲ ਦੀਆਂ ਰੋਟੀਆਂ ਖਾਣ ਲਈ ਤਿਆਰ ਰਹੋ। ਇਸ ਮੌਕੇ ਐੱਸ ਪੀ ਰਾਜਨ ਸ਼ਰਮਾ, ਡੀਐੱਸਪੀ ਜਸਵਿੰਦਰ ਸਿੰਘ ਢੀਡਸਾ ਤੇ ਇੰਸਪੈਕਟਰ ਪਰਮਿੰਦਰ ਸਿੰਘ ਤੋਂ ਇਲਾਵਾ ਭਾਰੀ ਪੁਲਿਸ ਫੋਰਸ ਮੌਜੂਦ ਸੀ।

## ਗੁਰਦੁਆਰਾ ਸੰਤ ਆਸ਼ਰਮ ਨਰੈਣਸਰ ਵਿਖੇ ਗੁਰਮਤਿ ਸਮਾਗਮ 22, 23 ਨੂੰ



**ਸੰਗਾਲਾ/ਧੂਰੀ (ਰਣਜੀਤ ਸਿੰਘ ਪੇਧਨੀ)**-ਮਹਾਨ ਤਪੱਸਵੀ, ਬ੍ਰਹਮ ਗਿਆਨੀ, ਰਾਜਾਯੋਗੀ ਸੱਚਖੰਡ ਵਾਸੀ ਸ਼੍ਰੀਮਾਨ ਸੰਤ ਬਾਬਾ ਨਰੈਣ ਸਿੰਘ ਜੀ ਮੋਨੀ ਤਪਾ ਦਰਾਜ ਮੁਹਾਲੀ ਵਾਲਿਆਂ ਦੀ ਨਿੱਘੀ ਤੇ ਮਿੱਠੀ ਯਾਦ ਨੂੰ ਸਮਰਪਤ ਮਹਾਨ ਗੁਰਮਤਿ ਸਮਾਗਮ 22, 23 ਜਨਵਰੀ ਨੂੰ ਗੁਰਦੁਆਰਾ ਸੰਤ ਆਸ਼ਰਮ ਨਰੈਣਸਰ ਸੇਖਾਂ ਜਲੂਰ ਵਿਖੇ ਸੰਤ ਬਾਬਾ ਭਰਪੂਰ ਸਿੰਘ ਸੇਖਾਂ ਜਲੂਰ ਵਾਲਿਆਂ ਦੀ ਸਰਪ੍ਰਸਤੀ ਹੇਠ ਕਰਵਾਇਆ ਜਾ ਰਿਹਾ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਗੁਰਦੁਆਰਾ ਸੰਤ ਆਸ਼ਰਮ ਨਰੈਣਸਰ ਸੇਖਾਂ ਜਲੂਰ ਵਾਲਿਆਂ ਦੇ ਮੁੱਖ ਸੇਵਾਦਾਰ ਸੰਤ ਬਾਬਾ ਭਰਪੂਰ ਸਿੰਘ ਸੇਖਾਂ ਜਲੂਰ ਵਾਲਿਆਂ ਨੇ ਕੀਤਾ।ਉਨ੍ਹਾਂ ਕਿਹਾ ਕਿ ਬਾਬਾ ਜੀ ਦੀ ਨਿੱਘੀ ਮਿੱਠੀ ਯਾਦ ਵਿੱਚ ਸ੍ਰੀ ਅਖੰਡ ਪਾਠ ਸਾਹਿਬ ਪ੍ਰਕਾਸ ਕੀਤੇ ਜਾਣਗੇ, ਜਿਨ੍ਹਾਂ ਦੇ 22, 23 ਜਨਵਰੀ ਨੂੰ ਭੋਗ ਪੈਣਗੇ।ਭੋਗ ਉਪਰੰਤ ਗੁਰਮਤਿ ਸਮਾਗਮ ਵਿਖੇ ਹੋਵੇਗਾ।

## ਕਿਡਜ਼ੀ ਪ੍ਰੀ ਸਕੂਲ ਇਲਾਕਾ ਨਿਵਾਸੀਆਂ ਦੀ ਬਣਿਆ ਪਹਿਲੀ ਪਸੰਦ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸਿੱਖਿਆ ਕਿਸੇ ਵੀ ਰਾਸ਼ਟਰ ਦੇ ਸਮਾਜਿਕ ਤੇ ਆਰਥਿਕ ਵਿਕਾਸ ਲਈ ਸਭ ਤੋਂ ਮਹੱਤਵਪੂਰਨ ਅੰਗ ਮੰਨਿਆ ਜਾਂਦਾ ਹੈ।ਇਸ ਲਈ ਚੰਗੀ ਸਿੱਖਿਆ ਹਾਸਲ ਕਰਨਾ ਹਰ ਨਾਗਰਿਕ ਦਾ ਅਧਿਕਾਰ ਹੈ, ਜਿਸ ਨੂੰ ਪ੍ਰਦਾਨ ਕਰਨ ਲਈ ਪੰਜਾਬ ਕਿਡਜ਼ੀ ਪ੍ਰੀ ਸਕੂਲ ਬਾਘਾ ਪੁਰਾਣਾ ਨੇ ਪੂਰੀ ਮਿਹਨਤ ਤੇ ਲਗਨ ਨਾਲ ਕੰਮ ਕੀਤਾ ਅਤੇ ਇਨ੍ਹਾਂ ਕੁਝ ਕੁ ਸਾਲਾਂ ਵਿੱਚ ਸ਼ਾਨਦਾਰ ਵਿੱਦਿਅਕ ਨਤੀਜਿਆਂ, ਸਹੂਲਤਾਵਾਂ ਤੇ ਬੁਨਿਆਦੀ ਢਾਂਚੇ ਨਾਲ ਪੂਰੇ ਇਲਾਕੇ ਵਿੱਚ ਮਾਣ ਪ੍ਰਾਪਤ ਕੀਤਾ ਹੈ।ਹਰ ਸਾਲ ਦੀ ਤਰ੍ਹਾਂ 'ਕਿਡਜ਼ੀ' ਬਾਘਾ ਪੁਰਾਣਾ ਵਿਖੇ ਅਕੈਡਮਿਕ ਸੈਸ਼ਨ 2026-2027 ਲਈ ਪਲੇਅ ਗਰੁੱਪ ਤੇ ਨਰਸਰੀ ਕਲਾਸ ਲਈ ਦਾਖਲੇ ਸ਼ੁਰੂ ਕਰ ਦਿੱਤੇ ਗਏ ਹਨ।ਹੁਣ ਇਲਾਕੇ ਦੇ ਮਾਪਿਆਂ ਨੂੰ ਆਪਣੇ ਨੰਨ੍ਹੇ-ਮੁੰਨੇ ਬੱਚਿਆਂ ਨੂੰ ਮਿਆਰੀ ਸਿੱਖਿਆ ਲਈ ਮੋਗਾ ਭੇਜਣ ਦੀ ਜ਼ਰੂਰਤ ਨਹੀਂ ਪਵੇਗੀ, ਕਿਉਂਕਿ 'ਕਿਡਜ਼ੀ' ਹੁਣ ਤੁਹਾਡੇ ਆਪਣੇ ਸ਼ਹਿਰ ਵਿੱਚ ਵਿਸ਼ਵ ਪੱਧਰੀ ਸਹੂਲਤਾਂ ਪ੍ਰਦਾਨ ਕਰ ਰਿਹਾ ਹੈ। ਇਸ ਮੌਕੇ ਗੱਲਬਾਤ ਕਰਦੇ ਹੋਏ ਸਕੂਲ ਦੇ ਪ੍ਰਿੰਸੀਪਲ ਸ: ਗੁਰਦੇਵ ਸਿੰਘ ਤੇ ਡਾਇਰੈਕਟਰ ਸ੍ਰੀ ਸੰਦੀਪ ਮਹਿਤਾ ਨੇ ਕਿਹਾ ਕਿ ਅਸੀਂ ਇਸ ਸਮੇਂ ਬਹੁਤ ਫ਼ਖ਼ਰ ਤੇ ਮਾਣ ਮਹਿਸੂਸ ਕਰ ਰਹੇ ਹਾਂ ਕਿ ਨਵੇਂ ਅਕੈਡਮਿਕ ਸੈਸ਼ਨ (2026-27) ਲਈ ਐਡਮਿਸ਼ਨਾਂ ਸ਼ੁਰੂ ਹੋ ਚੁੱਕੀਆਂ ਹਨ।ਸਕੂਲ ਦੇ ਸੈਂਟਰ ਹੈੱਡ ਮੈਡਮ ਪਰਮਿੰਦਰ ਕੌਰ ਤੇ ਮੈਡਮ ਖੁਸ਼ਪ੍ਰੀਤ ਕੌਰ ਨੇ ਕਿਹਾ ਕਿ ਕਿਡਜ਼ੀ ਇਲਾਕਾ ਨਿਵਾਸੀਆਂ ਦੀ ਪਹਿਲੀ ਪਸੰਦ ਬਣ ਗਿਆ ਹੈ ਤੇ ਸਕੂਲ ਪ੍ਰਤੀ ਉਤਸ਼ਾਹ ਤੇ ਐਡਮੀਸ਼ਨਾਂ ਨੂੰ ਦੇਖਦੇ ਹੋਏ ਅਗਲੇ ਸਾਲ ਲਈ 'ਜ਼ੀ ਲਰਨ' ਤੋਂ ਸੀਟਾਂ ਵਿੱਚ ਵਾਧਾ ਕਰਨ ਦੀ ਮੰਗ ਕਰਨ ਬਾਰੇ ਜ਼ਿਕਰ ਕੀਤਾ ਹੈ।ਇਸ ਮੌਕੇ ਕੋਆਰਡੀਨੇਟਰ ਮੈਡਮ ਗੁੰਜਨਦੀਪ ਢਿੱਲੋਂ ਨੇ ਦੱਸਿਆ ਕਿ ਬੱਚੇ ਦੀ ਉਮਰ ਪਲੇਅ-ਗਰੁੱਪ (2+ ਸਾਲ), ਨਰਸਰੀ (3+ ਸਾਲ), ਜੂਨੀਅਰ ਕੇ.ਜੀ. (4+ ਸਾਲ) ਤੇ ਸੀਨੀਅਰ ਕੇ. ਜੀ. (5+ ਸਾਲ) ਹੋਣਾ ਲਾਜ਼ਮੀ ਹੈ।

## ਬਰਸੀ ਤੋਂ ਪਹਿਲਾਂ ਸ਼ਹੀਦ ਸੇਵਾ ਸਿੰਘ ਠੀਕਰੀਵਾਲਾ ਦੇ ਬੁੱਤ ਤੇ ਚੌਕ ਦੀ ਸਫ਼ਾਈ



**ਮਾਨਸਾ (ਆਤਮਾ ਸਿੰਘ ਪਮਾਰ)**-ਪਰਜਾ ਮੰਡਲ ਲਹਿਰ ਦੇ ਮੋਢੀ ਅਮਰ ਸ਼ਹੀਦ ਸੇਵਾ ਸਿੰਘ ਠੀਕਰੀਵਾਲਾ ਦੀ 91ਵੀਂ ਬਰਸੀ ਤੋਂ ਪਹਿਲਾਂ ਸਥਾਨਕ ਬੱਸ ਅੱਡੇ ਸਾਹਮਣੇ ਲੱਗੇ ਉਨ੍ਹਾਂ ਦੇ ਬੁੱਤ ਤੇ ਆਲੇ-ਦੁਆਲੇ ਦੀ ਸਾਫ਼ ਸਫ਼ਾਈ ਸ਼ਹਿਰ ਦੀਆਂ ਇਨਕਲਾਬੀ ਜਥੇਬੰਦੀਆਂ ਤੇ ਆਜ਼ਾਦੀ ਸੰਗਰਾਮੀਆਂ ਦੇ ਵਾਰਿਸਾਂ ਵੱਲੋਂ ਮਿਲ ਕੇ ਕੀਤੀ ਗਈ ਅਤੇ ਸ਼ਹੀਦ ਦੇ ਬੁੱਤ ਨੂੰ ਫੁੱਲਾਂ ਦੇ ਹਾਰ ਵੀ ਪਹਿਨਾਏ ਗਏ।ਇਸ ਕਾਰਜ 'ਚ ਪ੍ਰਗਤੀਸ਼ੀਲ ਇਸਤਰੀ ਸਭਾ (ਏਪਵਾ) ਵੱਲੋਂ ਜਸਬੀਰ ਕੌਰ ਨੱਤ, ਬਲਵਿੰਦਰ ਕੌਰ ਖਾਰਾ, ਈ ਰਿਕਸ਼ਾ ਆਟੋ ਯੂਨੀਅਨ ਮਾਨਸਾ ਵੱਲੋਂ ਨਿਰਮਲ ਸਿੰਘ, ਧੀਰੇਂਦਰ ਤੇ ਰਾਜੂ, ਆਜ਼ਾਦੀ ਸੰਗਰਾਮੀਆਂ ਦੇ ਵਾਰਿਸਾਂ ਵੱਲੋਂ ਹਰਬੰਸ ਸਿੰਘ ਨਿੱਧੜਕ, ਬਲਜੀਤ ਸਿੰਘ ਸੇਠੀ ਤੇ ਐਡਵੋਕੇਟ ਅਵਤਾਰ ਸਿੰਘ, ਸੀਪੀਆਈ (ਐੱਮ ਐੱਲ) ਲਿਬਰੇਸ਼ਨ ਵੱਲੋਂ ਸੁਖਦਰਸ਼ਨ ਸਿੰਘ ਨੱਤ, ਬਲਵਿੰਦਰ ਸਿੰਘ ਘਰਾਂਗਣਾਂ, ਕਿਸਾਨ ਆਗੂ ਗੁਰਪ੍ਰਨਾਮ ਦਾਸ, ਪੱਤਰਕਾਰ ਜੋਗਿੰਦਰ ਸਿੰਘ ਮਾਨ ਵੀ ਸ਼ਾਮਲ ਹੋਏ।ਇਸ ਮੌਕੇ ਉੱਥੇ ਗਮਲਿਆਂ 'ਚ ਨਵੇਂ ਫੁੱਲਦਾਰ ਪੌਦੇ ਵੀ ਲਾਏ ਗਏ।

# 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਜ਼ਿਲ੍ਹੇ 'ਚ ਕਾਸੋ ਅਪ੍ਰੇਸ਼ਨ

### ਮੋਗਾ, ਧਰਮਕੋਟ, ਬਾਘਾ ਪੁਰਾਣਾ, ਨਿਹਾਲ ਸਿੰਘ ਵਾਲਾ 'ਚ ਤਲਾਸ਼ੀ ਦੌਰਾਨ ਕਈ ਹਿਰਾਸਤ 'ਚ



**ਮੋਗਾ (ਇਕਬਾਲ ਸਿੰਘ ਖਹਿਰਾ)**

ਪੰਜਾਬ ਸਰਕਾਰ ਤੇ ਡੀਜੀਪੀ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਪੁਲਸ ਵੱਲੋਂ ਨਸ਼ਿਆਂ ਦੀ ਰੋਕਥਾਮ ਤੇ ਸਮਾਜ ਦੇ ਮਾੜੇ ਅਨਸਰਾਂ ਨੂੰ ਕਾਬੂ ਕਰਨ ਲਈ ਵਿੱਢੀ ਗਈ ਮੁਹਿਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਮੋਗਾ ਜ਼ਿਲ੍ਹੇ ਵਿੱਚ ਵੱਡੇ ਪੱਧਰ 'ਤੇ ਵਿਸ਼ੇਸ਼ ਘੇਰਾਬੰਦੀ ਤੇ ਸਰਚ ਆਪ੍ਰੇਸ਼ਨ (ਕਾਸੋ) ਚਲਾਇਆ ਗਿਆ।

ਇਸ ਆਪ੍ਰੇਸ਼ਨ ਦੀ ਅਗਵਾਈ ਮੋਗਾ ਦੇ ਐੱਸ.ਐੱਸ.ਪੀ. ਅਜੇ ਗਾਂਧੀ ਵੱਲੋਂ ਕੀਤੀ ਗਈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਐੱਸ.ਐੱਸ.ਪੀ. ਮੋਗਾ ਅਜੇ ਗਾਂਧੀ ਨੇ ਦੱਸਿਆ ਕਿ ਡੀ.ਜੀ.ਪੀ. ਪੰਜਾਬ ਦੀਆਂ ਹਦਾਇਤਾਂ ਅਨੁਸਾਰ ਅੱਜ ਪੂਰੇ ਪੰਜਾਬ ਵਿੱਚ ਪਹਿਚਾਣ ਕੀਤੇ ਗਏ ਡਰੱਗ ਹਾਟਸਪੌਟਸ 'ਤੇ ਕੋਰਡਨ ਐਂਡ ਸਰਚ ਆਪ੍ਰੇਸ਼ਨ ਚਲਾਇਆ ਜਾ ਰਿਹਾ ਹੈ। ਇਸੇ ਤਹਿਤ ਮੋਗਾ ਜ਼ਿਲ੍ਹੇ ਦੀਆਂ ਚਾਰਾਂ ਸਬ ਡਵੀਜ਼ਨਾਂ ਵਿੱਚ ਨਸ਼ਿਆਂ ਨਾਲ ਸਬੰਧਤ ਸ਼ੱਕੀ ਥਾਵਾਂ ਤੇ ਘਰਾਂ ਦੀ ਤਲਾਸ਼ੀ ਲਈ ਗਈ।ਐੱਸ.ਐੱਸ.ਪੀ. ਮੋਗਾ ਅਜੇ ਗਾਂਧੀ ਨੇ ਦੱਸਿਆ ਕਿ ਮੋਗਾ ਜ਼ਿਲ੍ਹੇ ਦੇ ਸਾਰੇ ਸੀਨੀਅਰ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਲਗਭਗ 250 ਪੁਲਸ ਮੁਲਾਜ਼ਮਾਂ ਦੀਆਂ ਟੀਮਾਂ ਤਾਇਨਾਤ ਕੀਤੀਆਂ ਗਈਆਂ, ਜਿਨ੍ਹਾਂ ਵੱਲੋਂ ਸ਼ੱਕੀ ਇਲਾਕਿਆਂ, ਡਰੱਗ ਪੈਡਲਰਾਂ ਤੇ ਸਪਲਾਇਰਾਂ ਦੇ ਘਰਾਂ 'ਤੇ ਟਾਰਗੇਟਡ ਰੇਡਾਂ ਕੀਤੀਆਂ ਗਈਆਂ।

ਉਨ੍ਹਾਂ ਦੱਸਿਆ ਕਿ ਇਹ ਕਾਸੋ ਆਪ੍ਰੇਸ਼ਨ ਸਿਟੀ ਸਾਊਥ ਪੁਲਸ ਸਟੇਸ਼ਨ ਏਰੀਆ, ਧਰਮਕੋਟ, ਨਿਹਾਲ ਸਿੰਘ ਵਾਲਾ ਤੇ ਬਾਘਾ ਪੁਰਾਣਾ ਦੇ ਵੱਖ-ਵੱਖ ਹਾਟਸਪੌਟ ਪਿੰਡਾਂ ਤੇ ਸ਼ਹਿਰੀ ਇਲਾਕਿਆਂ ਵਿੱਚ ਚਲਾਇਆ ਗਿਆ।ਇਸ ਦੌਰਾਨ ਕਈ ਸ਼ੱਕੀ ਵਿਅਕਤੀਆਂ ਨੂੰ ਡਿਟੇਨ ਕੀਤਾ ਗਿਆ ਹੈ ਤੇ ਕੁਝ ਰਿਕਵਰੀਆਂ ਵੀ ਹੋਈਆਂ ਹਨ।

ਐੱਸ.ਐੱਸ.ਪੀ. ਅਜੇ ਗਾਂਧੀ ਨੇ ਕਿਹਾ ਕਿ ਨਸ਼ਿਆਂ ਨਾਲ ਜੁੜੇ ਮਾਮਲਿਆਂ ਵਿੱਚ ਐੱਨਡੀਪੀਐੱਸ ਐਕਟ ਤਹਿਤ ਬਣਦੀ ਕਾਨੂੰਨੀ ਕਾਰਵਾਈ ਜਾਰੀ ਹੈ।ਸਾਰੀ ਕਾਰਵਾਈ ਪੂਰੀ ਹੋਣ ਤੋਂ ਬਾਅਦ ਰਿਕਵਰੀਆਂ ਤੇ ਗ੍ਰਿਫ਼ਤਾਰੀਆਂ ਸਬੰਧੀ ਪੂਰੀ ਜਾਣਕਾਰੀ ਪ੍ਰੈੱਸ ਨੋਟ ਰਾਹੀਂ ਸਾਂਝੀ ਕੀਤੀ ਜਾਵੇਗੀ।


## ਕੇਂਦਰੀ ਜੇਲ੍ਹ 'ਚੋਂ ਮੋਬਾਇਲ ਤੇ ਨਸ਼ੀਲੇ ਪਦਾਰਥ ਬਰਾਮਦ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਕੇਂਦਰੀ ਜੇਲ੍ਹ ਫਿਰੋਜ਼ਪੁਰ ਵਿੱਚ ਤਲਾਸ਼ੀ ਦੌਰਾਨ ਜੇਲ੍ਹ ਅਧਿਕਾਰੀਆਂ ਤੇ ਕਰਮਚਾਰੀਆਂ ਨੇ ਬਾਹਰੋਂ ਸੁੱਟੇ ਗਏ ਪੈਕਟ ਤੇ ਲਾਵਾਰਿਸ ਪਏ ਮੋਬਾਈਲ ਫ਼ੋਨ, ਚਾਰਜ਼ਰ, ਤੰਬਾਕੂ ਦੀਆਂ ਪੁੜੀਆਂ ਤੇ ਨਸ਼ੀਲਾ ਪਦਾਰਥ ਬਰਾਮਦ ਕੀਤਾ ਹੈ। ਇਸ ਮਾਮਲੇ ਵਿੱਚ ਪੁਲਸ ਨੇ ਕੇਂਦਰੀ ਜੇਲ੍ਹ ਫਿਰੋਜ਼ਪੁਰ ਦੇ ਸਹਾਇਕ ਸੁਪਰਡੈਂਟ ਦੇ ਬਿਆਨਾਂ ਦੇ ਆਧਾਰ 'ਤੇ ਅਣਪਛਾਤੇ ਲੋਕਾਂ ਖ਼ਿਲਾਫ਼ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਹੈ। ਜਾਣਕਾਰੀ ਦਿੰਦਿਆਂ ਥਾਣਾ ਸਿਟੀ ਫਿਰੋਜ਼ਪੁਰ ਦੇ ਏਐੱਸਆਈ ਸ਼ਰਮਾ ਸਿੰਘ ਨੇ ਦੱਸਿਆ ਕਿ ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਕੇਂਦਰੀ ਜੇਲ੍ਹ ਫਿਰੋਜ਼ਪੁਰ ਦੇ ਸਹਾਇਕ ਸੁਪਰਡੈਂਟ ਨੇ ਦੱਸਿਆ ਕਿ ਬੀਤੇ ਦਿਨ ਉਨ੍ਹਾਂ ਨੇ ਜੇਲ੍ਹ ਵਿੱਚ ਚਲਾਈ ਗਈ ਤਲਾਸ਼ੀ ਮੁਹਿੰਮ ਦੌਰਾਨ ਜੇਲ੍ਹ ਦੇ ਬਾਹਰੋਂ ਅਣਪਛਾਤੇ ਵਿਅਕਤੀਆਂ ਵੱਲੋਂ ਸੁੱਟੇ ਗਏ ਪੈਕਟ ਤੇ ਵੱਖ-ਵੱਖ ਬੈਰਕਾਂ ਤੇ ਹੋਰ ਥਾਵਾਂ ਤੋਂ ਲਾਵਾਰਿਸ ਪਏ 8 ਮੋਬਾਈਲ ਫ਼ੋਨ, 1 ਮੋਬਾਈਲ ਚਾਰਜਰ, ਤੰਬਾਕੂ ਦੀਆਂ 79 ਪੁੜੀਆਂ ਤੇ 32.80 ਗ੍ਰਾਮ ਨਸ਼ੀਲਾ ਪਦਾਰਥ ਬਰਾਮਦ ਕੀਤਾ ਹੈ। ਮਾਮਲੇ ਦੀ ਜਾਂਚ ਕਰ ਰਹੇ ਸ਼ਰਮਾ ਸਿੰਘ ਨੇ ਦੱਸਿਆ ਕਿ ਪੁਲਸ ਨੇ ਉਕਤ ਮਾਮਲੇ ਵਿੱਚ ਅਣਪਛਾਤੇ ਲੋਕਾਂ ਖ਼ਿਲਾਫ਼ ਕੇਸ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਗਲੋਬਲ ਫਲਾਇਰਜ਼ ਨੇ ਲਵਾਇਆ ਯੂ ਕੇ ਦਾ ਵੀਜ਼ਾ



**ਬੱਧਨੀ ਕਲਾ (ਨਛੱਤਰ ਸੰਧੂ)**-ਖੇਤਰ ਦੀ ਮਾਣਯੋਗ ਸੰਸਥਾ ਗਲੋਬਲ ਫਲਾਇਰਜ਼ ਆਈਲਟਸ ਐਂਡ ਇਮੀਗ੍ਰੇਸ਼ਨ ਨੇ ਇੱਕ ਹੋਰ ਮਹੱਤਵਪੂਰਨ ਪ੍ਰਾਪਤੀ ਹਾਸਲ ਕੀਤੀ ਹੈ।ਮੋਗੇ ਜ਼ਿਲ੍ਹੇ ਦੇ ਪਿੰਡ ਬੱਧਨੀ ਕਲਾਂ ਨਾਲ ਸੰਬੰਧਤ ਰਾਜਵੀਰ ਕੌਰ ਨੂੰ ਬਰਮਿੰਘਮ ਸਿਟੀ ਯੂਨੀਵਰਸਿਟੀ (ਯੂ ਕੇ) ਵਿੱਚ ਦਾਖ਼ਲੇ ਲਈ ਸਿਰਫ਼ 15 ਦਿਨਾਂ ਵਿੱਚ ਸਟੱਡੀ ਵੀਜ਼ਾ ਪ੍ਰਾਪਤ ਹੋ ਗਿਆ।ਵੀਜ਼ਾ ਮਨਜ਼ੂਰੀ ਤੋਂ ਬਾਅਦ ਗਲੋਬਲ ਫਲਾਇਰਜ਼ ਵੱਲੋਂ ਵਿਦਿਆਰਥੀ ਤੇ ਉਸ ਦੇ ਪਰਿਵਾਰ ਨੂੰ ਸਨਮਾਨਤ ਕੀਤਾ ਗਿਆ।ਇਸ ਮੌਕੇ ਸੰਸਥਾ ਦੇ ਡਾਇਰੈਕਟਰ ਰਜਤ ਪਲਤਾ ਨੇ ਕਿਹਾ ਕਿ ਯੂ ਕੇ ਵਿੱਚ ਉੱਚ ਗੁਣਵੱਤਾ ਵਾਲੀ ਸਿੱਖਿਆ ਦੇ ਨਾਲ-ਨਾਲ ਪ੍ਰੈਕਟੀਕਲ ਤਜਰਬਾ ਤੇ ਰੋਜ਼ਗਾਰ ਦੇ ਮਜ਼ਬੂਤ ਮੌਕੇ ਉਪਲਬਧ ਹਨ, ਜਿਸ ਕਰਕੇ ਵੱਧ ਤੋਂ ਵੱਧ ਵਿਦਿਆਰਥੀ ਇਸ ਦੇਸ਼ ਨੂੰ ਆਪਣੀ ਪਸੰਦ ਬਣਾ ਰਹੇ ਹਨ।ਰਾਜਵੀਰ ਕੌਰ ਨੇ ਆਪਣੇ ਤਜਰਬੇ ਸਾਂਝੇ ਕਰਦਿਆਂ ਕਿਹਾ ਕਿ ਦਾਖਲੇ ਦੀ ਪ੍ਰਕਿਰਿਆ ਤੋਂ ਲੈ ਕੇ ਵੀਜ਼ਾ ਫਾਈਲਿੰਗ ਤੱਕ ਸਾਰਾ ਕੰਮ ਪੂਰੀ ਪਾਰਦਰਸ਼ਤਾ ਤੇ ਯੋਜਨਾਬੱਧ ਢੰਗ ਨਾਲ ਕੀਤਾ ਗਿਆ।



**ਸਰਕਾਰੀ ਪ੍ਰਾਇਮਰੀ ਸਕੂਲ ਮਹਿਲ ਖ਼ੁਰਦ (ਬਰਨਾਲਾ) ਵਿਖੇ ਆਂਗਨਵਾੜੀ ਸੈਂਟਰ ਦੇ 130 ਬੱਚਿਆਂ ਨੂੰ ਦਾਨੀ ਸੱਜਣਾਂ ਦੇ ਸਹਿਯੋਗ ਨਾਲ ਬੂਟ ਜ਼ੁਰਾਬਾਂ ਵੰਡਣ ਸਮੇਂ ਬੁੱਧ ਰਾਮ ਸੇਠ, ਬਿੱਲੂ ਆੜ੍ਹਤੀਆਂ, ਵੇਦ ਪ੍ਰਕਾਸ਼ ਗੁਪਤਾ, ਗੁਰਿੰਦਰ ਰਾਜਾ, ਪੂਰਨ ਸਿੰਘ ਕੈਨੇਡਾ, ਗੋਲਡੀ ਜਗਦੇ, ਪਰਮਜੀਤ ਸਿੰਘ ਮੈਨੇਜਰ, ਨਸੀਬ ਸਿੰਘ, ਨੌਨਿਹਾਲ ਸਿੰਘ, ਬਲਰਾਜ ਸਿੰਘ ਜੇ ਈ, ਚਰਨਜੀਤ ਕੌਰ, ਕਿਰਨਜੀਤ ਕੌਰ, ਪਰਮਜੀਤ ਕੌਰ, ਅਮਨਵੀਰ ਕੌਰ, ਪਲਵਿੰਦਰ ਕੌਰ, ਹਰਬੰਸ ਕੌਰ, ਕੁਲਵੰਤ ਕੌਰ, ਹਰਪ੍ਰੀਤ ਕੌਰ, ਕਿਰਨਜੀਤ ਕੌਰ, ਸਰਬਜੀਤ ਕੌਰ ਆਦਿ।** (ਫੋਟੋ ਤੇ ਵੇਰਵਾ : ਪ੍ਰਦੀਪ ਸਿੰਘ ਲੋਹਗੜ੍ਹ)

19- January - Page - 7.qxd 1/18/2026 9:43 PM Page 1



# ਪ੍ਰੀਖਿਆਵਾਂ ਨੇੜੇ, ਅਧਿਆਪਕ ਸਕੂਲੋਂ ਬਾਹਰ

## ਸੈਮੀਨਾਰਾਂ ਤੇ ਵੋਟਾਂ 'ਚ ਉਲਝ ਕੇ ਰਹਿ ਗਏ ਅਧਿਆਪਕ : ਡੀ ਟੀ ਐੱਫ਼



**ਮਾਨਸਾ, (ਆਤਮਾ ਸਿੰਘ ਪਮਾਰ)**-ਸਿੱਖਿਆ ਕ੍ਰਾਂਤੀ ਲਿਆਉਣ ਦਾ ਦਾਅਵਾ ਕਰਨ ਵਾਲੀ ਭਗਵੰਤ ਮਾਨ ਸਰਕਾਰ ਨੇ ਪ੍ਰੀਖਿਆਵਾਂ ਦੇ ਦਿਨਾਂ 'ਚ ਅਧਿਆਪਕਾਂ ਨੂੰ ਸਕੂਲਾਂ ਤੋਂ ਬਾਹਰ ਦੇ ਕੰਮਾਂ 'ਚ ਉਲਝਾ ਦਿੱਤਾ ਹੈ।ਅਧਿਆਪਕਾਂ ਦੀ ਨੁਮਾਇੰਦਾ ਜਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਦੇ ਸੂਬਾਈ ਪ੍ਰਧਾਨ ਦਿਗਵਿਜੇ ਪਾਲ ਸ਼ਰਮਾ ਤੇ ਸੂਬਾ ਜਨਰਲ ਸਕੱਤਰ ਰੇਸ਼ਮ ਸਿੰਘ ਬਠਿੰਡਾ ਦੀ ਅਗਵਾਈ ਵਿੱਚ ਡੀ ਟੀ ਐੱਫ਼ ਜ਼ਿਲ੍ਹਾ ਮਾਨਸਾ ਦੇ ਪ੍ਰਧਾਨ ਕਰਮਜੀਤ ਤਾਮਕੋਟ ਤੇ ਹਰਜਿੰਦਰ ਅਨੂਪਗੜ੍ਹ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੌਸਮ ਦੀ ਖ਼ਰਾਬੀ ਕਾਰਨ ਸਕੂਲਾਂ 'ਚ ਵਧੀਆਂ ਛੁੱਟੀਆਂ ਤੋਂ ਬਾਅਦ ਜਿਉਂ ਹੀ ਸਕੂਲ ਖੁੱਲ੍ਹੇ ਹਨ ਤਾਂ ਸਿੱਖਿਆ ਵਿਭਾਗ ਨੇ ਅਧਿਆਪਕਾਂ ਦੇ ਮਿਸ਼ਨ ਸਮਰੱਥ ਪ੍ਰੋਜੈਕਟ ਤਹਿਤ ਸੈਮੀਨਾਰ ਲਗਾਉਣ ਦੀਆਂ ਵਿਉਂਤਾਂ ਬਣਾਉਣੀਆਂ ਸ਼ੁਰੂ ਕਰ ਦਿੱਤੀਆਂ।ਇਸ ਤੋਂ ਇਲਾਵਾ ਜ਼ਿਲ੍ਹਾ ਸਿੱਖਿਆ ਤੇ ਸਿਖਲਾਈ ਸੰਸਥਾਵਾਂ 'ਚ ਕੰਪਿਊਟਰ ਅਧਿਆਪਕਾਂ ਦੇ ਸੈਮੀਨਾਰ ਲਗਾ ਦਿੱਤੇ ਹਨ। ਉਧਰੋਂ ਸਕੂਲ ਖੁੱਲ੍ਹਦੇ ਹੀ ਅੱਠਵੀਂ, ਦਸਵੀਂ ਤੇ ਬਾਰਵੀਂ ਦੇ ਪ੍ਰੀ ਬੋਰਡ ਦੇ ਪੇਪਰ ਸ਼ੁਰੂ ਕਰ ਦਿੱਤੇ ਹਨ। ਅਧਿਆਪਕ ਪ੍ਰੇਸ਼ਾਨ ਹਨ ਕਿ ਉਹ ਕੀ ਕਰਨ ? ਆਗੂਆਂ ਨੇ ਦੱਸਿਆ ਕਿ ਦੂਜੇ ਪਾਸੇ ਚੋਣ ਕਮਿਸ਼ਨ ਨੇ 15 ਜਨਵਰੀ ਤੋਂ 22 ਜਨਵਰੀ ਤੱਕ ਘਰ ਘਰ ਜਾ ਕੇ ਵੋਟਰਾਂ ਦੇ ਸਰਵੇਖਣ ਕਰਨ ਦੇ ਹੁਕਮ ਚਾੜ੍ਹ ਦਿੱਤੇ ਹਨ। ਜਥੇਬੰਦੀ ਦੇ ਸੀਨੀਅਰ ਮੀਤ ਪ੍ਰਧਾਨ ਰਾਜਵਿੰਦਰ ਸਿੰਘ ਬੈਹਣੀਵਾਲ, ਗੁਰਬਚਨ ਹੀਰੇਵਾਲਾ, ਗੁਰਪ੍ਰੀਤ ਭੀਖੀ, ਨਿਧਾਨ ਸਿੰਘ, ਸ਼ਿੰਗਾਰਾ ਸਿੰਘ, ਤਰਸੇਮ ਬੋੜਾਵਾਲ, ਹਰਫੂਲ ਸਿੰਘ, ਰਾਜਿੰਦਰ ਸਿੰਘ ਨੇ ਕਿਹਾ ਕਿ ਅਧਿਆਪਕਾਂ ਦੀ ਘਾਟ ਨਾਲ ਜੂਝ ਰਹੇ ਸਕੂਲਾਂ ਦਾ ਹੁਣ ਕੋਈ ਵਾਲੀ-ਵਾਰਸ ਨਹੀਂ। ਉਨ੍ਹਾਂ ਮੰਗ ਕੀਤੀ ਕਿ ਪ੍ਰੋਜੈਕਟਾਂ ਦੇ ਨਾਮ 'ਤੇ ਸਕੂਲਾਂ ਵਿੱਚੋਂ ਬਾਹਰ ਕੀਤੇ ਅਧਿਆਪਕਾਂ ਨੂੰ ਪ੍ਰੀਖਿਆਵਾਂ ਨੂੰ ਮੱਦੇਨਜ਼ਰ ਰੱਖਦਿਆਂ ਸਕੂਲਾਂ 'ਚ ਵਾਪਸ ਭੇਜਿਆ ਜਾਵੇ।ਇਸ ਸਮੇਂ ਸਾਰੇ ਪ੍ਰੋਜੈਕਟ ਤੇ ਗ਼ੈਰ-ਵਿੱਦਿਅਕ ਕੰਮ ਬੰਦ ਕਰ ਅਧਿਆਪਕਾਂ ਨੂੰ ਸਕੂਲਾਂ 'ਚ ਸਿਰਫ ਵਿਦਿਆਰਥੀਆਂ ਨੂੰ ਹੀ ਪੜ੍ਹਾਉਣ ਦਿੱਤਾ ਜਾਵੇ। ਆਗੂਆਂ ਨੇ ਕਿਹਾ ਜੇਕਰ ਪ੍ਰਸ਼ਾਸਨ ਤੇ ਸਰਕਾਰ ਨੇ ਆਪਣਾ ਅੜੀਅਲ ਵਤੀਰਾ ਨਾ ਬਦਲਿਆ ਤਾਂ ਜਥੇਬੰਦੀ ਇਸ ਦਾ ਸਖ਼ਤ ਵਿਰੋਧ ਕਰੇਗੀ।

# ਬਿਸ਼ਨਗੜ੍ਹ 'ਚ ਜਾਗਦੇ ਰਹੋ ਕਲੱਬ ਨੇ ਧੀਆਂ ਦੀ 26ਵੀਂ ਲੋਹੜੀ ਮਨਾਈ



**ਸਨੌਰ (ਰਾਜਿੰਦਰ ਸਿੰਘ ਥਿੰਦ)**-ਜਾਗਦੇ ਰਹੋ ਯੂਥ ਕਲੱਬ ਪਿੰਡ ਬਿਸ਼ਨਗੜ੍ਹ ਸੰਬੰਧਤ ਨਹਿਰੂ ਯੁਵਾ ਕੇਂਦਰ ਪਟਿਆਲਾ (ਭਾਰਤ ਸਰਕਾਰ) ਨੇ ਨੂਨਗਰ ਸਮਾਜ ਪੰਜਾਬ ਦੇ ਸਹਿਯੋਗ ਨਾਲ ਪਿੰਡ ਬਿਸ਼ਨਗੜ੍ਹ ਵਿਖੇ ਹਰ ਸਾਲ ਦੀ ਤਰ੍ਹਾਂ ਧੀਆਂ ਦੀ 26ਵੀਂ ਲੋਹੜੀ ਮਨਾਈ ਗਈ, ਜਿਸ ਵਿੱਚ ਸਕੂਲ ਦੇ ਬੱਚਿਆਂ ਨੂੰ ਕਾਪੀਆਂ, ਪੈੱਨ, ਮੂੰਗਫਲੀ, ਗੱਜਕ ਤੇ ਰੇਵੜੀਆਂ ਵੰਡ ਕੇ ਸਕੂਲ ਦੇ ਅਧਿਆਪਕਾਂ ਨਾਲ ਮਨਾਈ ਗਈ।ਜ਼ਿਕਰਯੋਗ ਹੈ ਕਿ ਸਭ ਤੋਂ ਪਹਿਲਾਂ ਪੰਜਾਬ ਵਿੱਚ ਸੰਨ 2000 ਵਿੱਚ ਪਿੰਡ ਬਿਸ਼ਨਗੜ੍ਹ ਪਟਿਆਲਾ ਵਿਖੇ ਧੀਆਂ ਦੀ ਲੋਹੜੀ ਦੀ ਸ਼ੁਰੂਆਤ ਕੀਤੀ ਗਈ ਸੀ।ਇਸ ਮੌਕੇ ਕਲੱਬ ਪ੍ਰਧਾਨ ਅਮਰਜੀਤ ਸਿੰਘ ਜਾਗਦੇ ਰਹੋ ਨੇ ਕਿਹਾ ਕਿ ਧੀਆਂ ਮੁੰਡਿਆਂ ਨਾਲੋਂ ਹਰ ਇੱਕ ਕੰਮ ਵਿੱਚ ਮੋਹਰੀ ਹਨ, ਚਾਹੇ ਪੜ੍ਹਾਈ ਹੋਵੇ, ਖੇਡਾਂ ਹੋਣ ਤੇ ਹੋਰ ਕੰਮ।ਕਲੱਬ ਵੱਲੋਂ ਲਗਾਤਾਰ ਧੀਆਂ ਦੀ 26ਵੀਂ ਲੋਹੜੀ ਮਨਾਉਣਾ, ਭਰੂਣ ਹੱਤਿਆ ਨੂੰ ਰੋਕਣਾ, ਨਸ਼ਿਆਂ ਨੂੰ ਰੋਕਣਾ, ਬੂਟੇ ਲਗਾਉਣਾ, ਗਰੀਬ ਬੱਚਿਆਂ ਨੂੰ ਸਟੇਸ਼ਨਰੀ ਵੰਡਣਾ, ਲੋੜਵੰਦ ਮਰੀਜ਼ਾਂ ਦੇ ਅੱਖਾਂ ਦੇ ਲੈਨਜ਼ ਵਾਲੇ ਫ੍ਰੀ ਆਪ੍ਰੇਸ਼ਨ ਕਰਵਾਉਣਾ, ਗਰੀਬ ਲੜਕੀਆਂ ਦੇ ਵਿਆਹ ਵਿੱਚ ਮਦਦ ਕਰਨਾ, ਖ਼ੂਨਦਾਨ ਕੈਂਪ ਲਗਾਉਣਾ, ਮੈਡੀਕਲ ਕੈਂਪ ਲਗਾਉਣਾ ਤੇ ਗਰੀਬ ਬੱਚਿਆਂ ਦੀ ਖੇਡਾਂ ਵਿੱਚ ਆਰਥਿਕ ਮੱਦਦ ਕਰਨਾ ਆਦਿ ਵੱਖ-ਵੱਖ ਕਾਰਜ ਕਰਨਾ ਬਹੁਤ ਮਾਣ ਵਾਲਾ ਤੇ ਸ਼ਲਾਘਾਯੋਗ ਕੰਮ ਹਨ।ਇਸ ਮੌਕੇ ਕਲੱਬ ਪ੍ਰਧਾਨ ਅਮਰਜੀਤ ਸਿੰਘ ਜਾਗਦੇ ਰਹੋ, ਪੰਚ ਅਵਤਾਰ ਸਿੰਘ, ਪੰਚ ਰਵੀ ਸਿੰਘ, ਪੰਚ ਰਾਜਵੀਰ ਸਿੰਘ, ਰਵਿੰਦਰ ਸਿੰਘ ਦੜੂਆ ਚੰਡੀਗੜ੍ਹ, ਨਿਰਮਲ ਕੌਰ, ਸੁਮਨਜੀਤ ਕੌਰ, ਮਾਇਆ ਦੇਵੀ, ਬਲਵਿੰਦਰ ਸਿੰਘ, ਪੂਨਮ ਦੇਵੀ, ਪ੍ਰੀਤੀ ਖਾਸਪੁਰ ਬਨੂੜ, ਜਾਗਦੇ ਰਹੋ ਸਿੰਘ ਤੇ ਹਰਕ੍ਰਿਸ਼ਨ ਸਿੰਘ ਸੁਰਜੀਤ ਆਦਿ ਹਾਜ਼ਰ ਸਨ।

# ਮੇਅਰ ਚਾਹੇ ਕੋਈ ਵੀ ਬਣੇ, ਪਰ ਸੰਵਿਧਾਨਕ ਪ੍ਰਕਿਰਿਆ ਬਹਾਲ ਹੋਣਾ ਸਿਵਲ ਸੁਸਾਇਟੀ ਦੀ ਵੱਡੀ ਜਿੱਤ : ਸੂਦ

## ਮੇਅਰ ਦੀ ਚੋਣ ਮਿਉਂਸਪਲ ਕਾਰਪੋਰੇਸ਼ਨ ਦਫਤਰ 'ਚ ਕਰਵਾਉਣ ਦੀ ਮੰਗ



**ਮੋਗਾ (ਇਕਬਾਲ ਸਿੰਘ ਖਹਿਰਾ)**-ਹਾਈਕੋਰਟ ਵੱਲੋਂ 31 ਜਨਵਰੀ ਤੋਂ ਪਹਿਲਾਂ ਮੋਗਾ ਮੇਅਰ ਦੀ ਚੋਣ ਕਰਵਾਉਣ ਸਬੰਧੀ ਕੀਤੇ ਗਏ ਹੁਕਮਾਂ ਤੋਂ ਬਾਅਦ ਡਵੀਜ਼ਨਲ ਕਮਿਸ਼ਨਰ ਫਿਰੋਜ਼ਪੁਰ ਵੱਲੋਂ ਕਮਿਸ਼ਨਰ ਨਗਰ ਨਿਗਮ ਮੋਗਾ ਨੂੰ 19 ਜਨਵਰੀ ਨੂੰ ਮੇਅਰ ਦੀ ਚੋਣ ਕਰਵਾਉਣ ਸਬੰਧੀ ਪੱਤਰ ਜਾਰੀ ਕੀਤਾ ਹੈ।ਇਸ ਤੋਂ ਇਲਾਵਾ ਵਾਰਡਬੰਦੀ ਤੇ ਵੀ ਮਾਨਯੋਗ ਹਾਈਕੋਰਟ ਨੇ ਕੇਂਦਰ ਸਰਕਾਰ ਦੇ ਹੁਕਮਾਂ ਦੀ ਪਾਲਣਾ ਨਾ ਕਰਨ ਤੇ ਚੀਫ ਸੈਕਟਰੀ ਪੰਜਾਬ ਸਰਕਾਰ ਨੂੰ ਹਲਫਨਾਮਾ ਦਾਇਰ ਕਰਨ ਲਈ ਕਿਹਾ ਹੈ, ਜਿਸ ਤੋਂ ਸਿੱਧ ਹੁੰਦਾ ਹੈ ਕਿ ਸਿਵਲ ਸੁਸਾਇਟੀ ਮੋਗਾ ਸੰਵਿਧਾਨ ਮੁਤਾਬਕ ਮੰਗ ਕਰ ਰਹੀ ਹੈ ਤੇ ਆਮ ਲੋਕਾਂ ਨੂੰ ਇਸ ਸਬੰਧੀ ਜਾਗਰੂਕ ਕਰ ਰਹੀ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਸਿਵਲ ਸੁਸਾਇਟੀ ਮੋਗਾ ਦੇ ਐਡਵਾਈਜ਼ਰ ਅਜੇ ਗੋਰਾ ਸੂਦ ਤੇ ਪ੍ਰਜ਼ੀਡੀਅਮ ਮੈਂਬਰਾਂ ਮਹਿੰਦਰ ਪਾਲ ਲੂੰਬਾ, ਅਮਰਜੀਤ ਸਿੰਘ ਜੱਸਲ, ਬਲਵਿੰਦਰ ਸਿੰਘ ਰੋਡੇ ਤੇ ਮਨਿੰਦਰ ਸਿੰਘ ਬੇਦੀ ਨੇ ਟਾਊਨ ਹਾਲ ਕਲੱਬ ਮੋਗਾ ਵਿਖੇ ਪ੍ਰੈੱਸ ਸੰਬੋਧਨ ਦੌਰਾਨ ਕੀਤਾ।ਉਨ੍ਹਾਂ ਕਮਿਸ਼ਨਰ ਨਗਰ ਨਿਗਮ ਮੋਗਾ ਵੱਲੋਂ ਮੇਅਰ ਦੀ ਚੋਣ ਕਰਵਾਉਣ ਲਈ ਹਾਊਸ ਦੀ ਮੀਟਿੰਗ ਡੀ ਸੀ ਦਫਤਰ ਮੋਗਾ ਵਿਖੇ ਬੁਲਾਉਣ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਡਵੀਜ਼ਨਲ ਕਮਿਸ਼ਨਰ ਫਿਰੋਜ਼ਪੁਰ ਦੇ ਸਪੱਸ਼ਟ ਆਦੇਸ਼ ਹਨ ਕਿ ਇਹ ਮੀਟਿੰਗ ਕਮਿਸ਼ਨਰ ਦਫਤਰ ਵਿੱਚ ਰੱਖੀ ਜਾਵੇ, ਫਿਰ ਕਿਸ ਦਬਾਅ ਅਧੀਨ ਇਹ ਮੀਟਿੰਗ ਡੀ ਸੀ ਦਫਤਰ ਵਿਖੇ ਰੱਖੀ ਗਈ ਹੈ ? ਉਨ੍ਹਾਂ ਕਿਹਾ ਕਿ ਸਾਨੂੰ ਇਸ ਨਾਲ ਕੋਈ ਮਤਲਬ ਨਹੀਂ ਕਿ ਮੇਅਰ ਕੌਣ ਚੁਣਿਆ ਜਾਂਦਾ ਹੈ, ਸਾਡਾ ਮਕਸਦ ਸਿਰਫ ਸੰਵਿਧਾਨਕ ਪ੍ਰਕਿਰਿਆ ਨੂੰ ਬਹਾਲ ਕਰਵਾਉਣਾ ਹੈ।ਉਨ੍ਹਾਂ ਮਿਉਂਸਪਲ ਕਾਰਪੋਰੇਸ਼ਨ ਮੋਗਾ ਦੇ ਸਾਰੇ ਐੱਮ ਸੀਜ਼ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਰਾਜਨੀਤਕ ਪਾਰਟੀਆਂ ਦੇ ਚੁੰਗਲ ਵਿੱਚੋਂ ਨਿੱਕਲਣ ਤੇ ਇਹ ਚਾਰ ਮਹੀਨੇ ਸਿਰਫ ਸ਼ਹਿਰ ਦੇ ਭਲੇ ਬਾਰੇ ਸੋਚਣ ਤਾਂ ਜੋ ਆਮ ਲੋਕ ਅੱਗੇ ਤੋਂ ਵੀ ਉਨ੍ਹਾਂ ਨੂੰ ਫਤਵਾ ਦੇਣ।ਇਸ ਮੌਕੇ ਉਕਤ ਤੋਂ ਪਹਿਲਾਂ ਜਨਰਲ ਸਕੱਤਰ ਪ੍ਰਿਤਪਾਲ ਸਿੰਘ ਗਿੱਲ, ਦਫਤਰ ਸਕੱਤਰ ਵੀ ਪੀ ਸੇਠੀ, ਦਫਤਰ ਇੰਚਾਰਜ ਸ਼ਿਵਸ਼ਰਨ ਸਿੰਘ, ਤੇਜਾ ਸਿੰਘ ਬਰਾੜ ਤੇ ਸਾਬਕਾ ਵਿਧਾਇਕ ਸਾਥੀ ਵਿਜੇ ਕੁਮਾਰ ਹਾਜ਼ਰ ਸਨ।

# ਵਰਲਡ ਯੂਨੀਵਰਸਿਟੀ 'ਚ ਵਿਕਸਿਤ ਯੂਥ ਪਾਰਲੀਮੈਂਟ 2026 ਦਾ ਆਯੋਜਨ



**ਸ੍ਰੀ ਫਤਿਹਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫਤਿਹਗੜ੍ਹ ਸਾਹਿਬ ਵਿੱਚ ਵਿਕਸਿਤ ਯੂਥ ਪਾਰਲੀਮੈਂਟ 2026 ਦਾ ਸਫਲ ਆਯੋਜਨ ਕੀਤਾ ਗਿਆ, ਜਿਸ ਨੇ ਨੌਜਵਾਨਾਂ ਨੂੰ ਲੋਕਤੰਤਰਕ ਸੰਵਾਦ ਤੇ ਸੰਸਦੀ ਚਰਚਾ ਲਈ ਇੱਕ ਸਾਰਥਕ ਮੰਚ ਪ੍ਰਦਾਨ ਕੀਤਾ।ਇਸ ਪ੍ਰੋਗਰਾਮ ਵਿੱਚ 137 ਵਿਦਿਆਰਥੀਆਂ ਨੇ ਰਜਿਸਟ੍ਰੇਸ਼ਨ ਕਰਵਾਈ ਤੇ ਸਰਗਰਮ ਭਾਗੀਦਾਰੀ ਕਰਦਿਆਂ ਐਮਰਜੈਂਸੀ ਦੇ 50 ਸਾਲ : ਭਾਰਤੀ ਲੋਕਤੰਤਰ ਲਈ ਸਿੱਖਿਆਵਾਂ ਵਿਸ਼ੇ 'ਤੇ ਵਿਚਾਰ-ਵਟਾਂਦਰਾ ਕੀਤਾ। ਕਾਰਜਕ੍ਰਮ ਦੇ ਸਮਾਪਨ ਸਮਾਰੋਹ ਦੌਰਾਨ ਪ੍ਰੋ. (ਡਾ.) ਪਰਿਤ ਪਾਲ ਸਿੰਘ ਵਾਈਸ-ਚਾਂਸਲਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਇਸ ਪਹਿਲ ਦੀ ਸ਼ਲਾਘਾ ਕੀਤੀ ਉਨ੍ਹਾਂ ਕਿਹਾ ਕਿ ਐਮਰਜੈਂਸੀ ਵਰਗੇ ਇਤਿਹਾਸਕ ਦੌਰਾਂ 'ਤੇ ਵਿਚਾਰ ਕਰਨਾ ਨੌਜਵਾਨਾਂ ਵਿੱਚ ਲੋਕਤੰਤਰਕ ਜਾਗਰੂਕਤਾ ਵਧਾਉਂਦਾ ਹੈ ਅਤੇ ਸੰਵਿਧਾਨਕ ਮੁੱਲਾਂ ਪ੍ਰਤੀ ਨਿਸ਼ਠਾ ਨੂੰ ਮਜ਼ਬੂਤ ਕਰਦਾ ਹੈ।ਇਸ ਤੋਂ ਪਹਿਲਾਂ ਪ੍ਰੋਗਰਾਮ ਦਾ ਉਦਘਾਟਨ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ, ਡੀਨ ਅਕਾਦਮਿਕ ਮਾਮਲੇ ਵੱਲੋਂ ਕੀਤਾ ਗਿਆ।ਚਰਚਾਵਾਂ ਦੀ ਮੁਲਾਂਕਣ ਪ੍ਰਕਿਰਿਆ ਇੱਕ ਵਿਸ਼ੇਸ਼ ਜੂਰੀ ਪੈਨਲ ਵੱਲੋਂ ਕੀਤੀ ਗਈ, ਜਿਸ ਵਿੱਚ ਡਾ. ਸਤਪਾਲ ਸਿੰਘ, ਡਾ. ਅਨੁਰਾਧਾ ਸੇਕਰੀ, ਡਾ. ਹਰਬੀਰ ਕੌਰ, ਸ੍ਰੀ ਗਗਨਦੀਪ ਸਿੰਘ ਤੇ ਡਾ. ਹਰਨੀਤ ਬਿਲਿੰਗ ਸ਼ਾਮਲ ਸਨ।

ਇਸ ਦੌਰਾਨ ਸਰਵੋਤਮ ਦਸ ਪ੍ਰਦਰਸ਼ਨਕਾਰੀਆਂ ਨੂੰ ਚੁਣਿਆ ਗਿਆ, ਜੋ ਜ਼ਿਲ੍ਹਾ ਪੱਧਰ ਦੀ ਨੁਮਾਇੰਦਗੀ ਕਰਦਿਆਂ ਰਾਜ ਪੱਧਰੀ ਵਿਕਸਿਤ ਯੂਥ ਪਾਰਲੀਮੈਂਟ ਵਿੱਚ ਭਾਗ ਲੈਣਗੇ।ਕਾਰਜਕ੍ਰਮ ਦੀ ਸੰਯੋਜਨਾ ਡਾ. ਸਿਕੰਦਰ ਸਿੰਘ ਡੀਨ ਵਿਦਿਆਰਥੀ ਭਲਾਈ ਵੱਲੋਂ ਕੀਤੀ ਗਈ, ਜਦਕਿ ਡਾ. ਹਰਨੀਤ ਬਿਲਿੰਗ, ਪ੍ਰੋਗਰਾਮ ਕੋਆਰਡੀਨੇਟਰ ਐੱਨ.ਐੱਸ.ਐੱਸ. ਨੇ ਸਮੂਹ ਕਾਰਜਕ੍ਰਮ ਦੀ ਸੁਚੱਜੀ ਪ੍ਰਬੰਧਨਾ ਯਕੀਨੀ ਬਣਾਈ।ਇਸ ਮੌਕੇ ਕਾਰਤਿਕ ਸਿੰਗਲਾ ਡਿਸਟ੍ਰਿਕਟ ਯੂਥ ਅਫਸਰ ਫਤਿਹਗੜ੍ਹ ਸਾਹਿਬ ਨੇ ਵੀ ਯੂਨੀਵਰਸਿਟੀ ਦੀ ਇਸ ਪਹਿਲ ਦੀ ਪ੍ਰਸ਼ੰਸਾ ਕੀਤੀ ਤੇ ਕਿਹਾ ਕਿ ਅਜਿਹੇ ਪ੍ਰੋਗਰਾਮ ਜ਼ਿੰਮੇਵਾਰ, ਸੁਚੇਤ ਤੇ ਸਰਗਰਮ ਨਾਗਰਿਕ ਤਿਆਰ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।ਵਿਕਸਿਤ ਯੂਥ ਪਾਰਲੀਮੈਂਟ 2026 ਦਾ ਸਮਾਪਨ ਵਿਦਿਆਰਥੀਆਂ ਵਿੱਚ ਲੋਕਤੰਤਰਕ ਮੁੱਲਾਂ, ਸੰਵਿਧਾਨਕ ਨੈਤਿਕਤਾ ਤੇ ਰਾਸ਼ਟਰ ਨਿਰਮਾਣ ਵਿੱਚ ਯੁਵਾ ਭਾਗੀਦਾਰੀ ਪ੍ਰਤੀ ਨਵੀਂ ਪ੍ਰਤੀਬਧਤਾ ਨਾਲ ਹੋਇਆ।

# ਸੁਦੇਸ਼ ਭੰਡਾਰੀ ਚੈਰੀਟੇਬਲ ਟਰੱਸਟ ਵੱਲੋਂ ਸੀ ਪੀ ਆਰ ਸਿਖਲਾਈ ਕੈਂਪ

## ਰਾਜਪਾਲ ਗੁਲਾਬ ਚੰਦ ਕਟਾਰੀਆ ਕੈਂਪ 'ਚ ਮੁੱਖ ਮਹਿਮਾਨ ਵਜੋਂ ਪੁੱਜੇ



**ਮੋਗਾ, (ਇਕਬਾਲ ਸਿੰਘ ਖਹਿਰਾ)**-ਦੇਸ਼ ਭਰ ਵਿੱਚ ਦਿਲ ਦੇ ਦੌਰੇ ਦੇ ਵਧ ਰਹੇ ਮਾਮਲਿਆਂ ਦੇ ਮੱਦੇਨਜ਼ਰ ਹਰਿਆਣਾ ਦੇ ਮੁੱਖ ਮੰਤਰੀ ਦੇ ਰਾਜਨੀਤਕ ਸਲਾਹਕਾਰ ਤਰੁਣ ਭੰਡਾਰੀ ਦੁਆਰਾ ਆਪਣੇ ਸਵਰਗੀ ਪਿਤਾ ਦੀ ਯਾਦ ਵਿੱਚ ਸਥਾਪਤ ਸੁਦੇਸ਼ ਭੰਡਾਰੀ ਚੈਰੀਟੇਬਲ ਟਰੱਸਟ ਨੇ ਮੋਗਾ ਦੇ ਮਾਘੀ ਪੈਲੇਸ ਵਿਖੇ ਇੱਕ ਸੀਪੀਆਰ ਸਿਖਲਾਈ ਕੈਂਪ ਲਗਾਇਆ।ਇਹ ਪੰਜਾਬ ਵਿੱਚ ਪਹਿਲਾ ਸੀਪੀਆਰ ਸਿਖਲਾਈ ਕੈਂਪ ਹੈ।ਇਹ ਹੁਣ ਪੰਜਾਬ ਦੇ ਹਰ ਜ਼ਿਲ੍ਹੇ ਵਿੱਚ ਆਯੋਜਿਤ ਕੀਤਾ ਜਾਵੇਗਾ।ਇਸ ਸਬੰਧ ਵਿੱਚ ਜਾਣਕਾਰੀ ਦਿੰਦੇ ਹੋਏ, ਹਰਿਆਣਾ ਦੇ ਮੁੱਖ ਮੰਤਰੀ ਦੇ ਰਾਜਨੀਤਕ ਸਲਾਹਕਾਰ ਤੇ ਟਰੱਸਟ ਦੇ ਸੰਸਥਾਪਕ ਤਰੁਣ ਭੰਡਾਰੀ ਨੇ ਦੱਸਿਆ ਕਿ ਉਨ੍ਹਾਂ ਦੇ ਪਿਤਾ ਨੂੰ ਇੱਕ ਚੌਕਸੀ ਦੌਰਾਨ ਦਿਲ ਦਾ ਦੌਰਾ ਪਿਆ ਸੀ, ਪਰ ਸੀਪੀਆਰ ਸਹਾਇਤਾ ਦੀ ਘਾਟ ਕਾਰਨ ਉਨ੍ਹਾਂ ਦੀ ਮੌਤ ਹੋ ਗਈ।ਇਸ ਦੇ ਜਵਾਬ ਵਿੱਚ ਉਨ੍ਹਾਂ ਨੇ ਆਪਣੇ ਪਿਤਾ ਦੀ ਯਾਦ ਵਿੱਚ ਸੁਦੇਸ਼ ਭੰਡਾਰੀ ਚੈਰੀਟੇਬਲ ਟਰੱਸਟ ਦੀ ਸਥਾਪਨਾ ਕੀਤੀ ਤਾਂ ਜੋ ਅਜਿਹੀਆਂ ਸਥਿਤੀਆਂ ਦਾ ਸਾਹਮਣਾ ਕਰ ਰਹੇ ਲੋਕਾਂ ਦੀ ਸਹਾਇਤਾ ਕੀਤੀ ਜਾ ਸਕੇ।ਉਨ੍ਹਾਂ ਨੇ ਹਰਿਆਣਾ ਵਿੱਚ 500 ਤੋਂ ਵੱਧ ਸੀਪੀਆਰ ਸਿਖਲਾਈ ਕੈਂਪ ਲਗਾਏ ਹਨ।ਰਾਜ ਦੇ ਰਾਜਪਾਲ ਗੁਲਾਬਚੰਦ ਕਟਾਰੀਆ ਨੇ ਸਿਖਲਾਈ ਕੈਂਪ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਦੀਵਾ ਜਗਾ ਕੇ ਇਸ ਦਾ ਉਦਘਾਟਨ ਕੀਤਾ।ਉਨ੍ਹਾਂ ਨੇ ਦਿਲ ਦੇ ਦੌਰੇ ਤੋਂ ਪੀੜਤ ਮਰੀਜ਼ਾਂ ਨੂੰ ਸੀਪੀਆਰ ਸਿਖਲਾਈ ਪ੍ਰਦਾਨ ਕਰਨ ਤੇ ਉਨ੍ਹਾਂ ਨੂੰ ਮੁੜ ਸੁਰਜੀਤ ਕਰਨ ਵਿੱਚ ਤਰੁਣ ਭੰਡਾਰੀ ਦੇ ਪ੍ਰਭਾਵਸ਼ਾਲੀ ਕੰਮ ਦੀ ਪ੍ਰਸ਼ੰਸਾ ਕੀਤੀ।ਉਨ੍ਹਾਂ ਨੇ ਪੰਜਾਬ ਵਿੱਚ ਨਸ਼ੇ ਦੇ ਆਦੀ ਨੌਜਵਾਨਾਂ ਦੀ ਵੱਧ ਰਹੀ ਗਿਣਤੀ 'ਤੇ ਵੀ ਚਿੰਤਾ ਪ੍ਰਗਟ ਕੀਤੀ।ਕੈਂਪ ਵਿੱਚ ਬੁਲਾਏ ਗਏ 70 ਤੋਂ ਵੱਧ ਸਮਾਜਿਕ ਤੇ ਧਾਰਮਿਕ ਸੰਗਠਨਾਂ ਦੇ ਪ੍ਰਤੀਨਿਧੀਆਂ ਨੂੰ ਵੀ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਸਿਖਲਾਈ ਕੈਂਪ ਦੌਰਾਨ ਪਾਰਸ ਮੈਡੀਕਲ ਟੀਮ ਦੇ ਡਾ. ਚੇਤਨ ਗੋਇਲ ਤੇ ਟੀਮ ਦੇ ਨਿਰਯਾਤ ਮੈਂਬਰਾਂ ਨੇ ਸੀਪੀਆਰ ਸਿਖਲਾਈ ਪ੍ਰਦਾਨ ਕੀਤੀ।ਇਸ ਮੌਕੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਮਿਸ਼ਨਰ ਸਾਗਰ ਸੇਤੀਆ, ਐੱਸ ਐੱਸ ਪੀ ਅਜੇ ਗਾਂਧੀ ਤੇ ਕਾਰਪੋਰੇਸ਼ਨ ਕਮਿਸ਼ਨਰ ਜਸਪਿੰਦਰ ਸਿੰਘ ਮੌਜੂਦ ਸਨ।

# ਬਾਪੂ ਮੁਖਤਿਆਰ ਸਿੰਘ ਨਮਿਤ ਪਾਠ ਦਾ ਭੋਗ ਭਲਕੇ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਮੋਗਾ ਦੇ ਆਗੂ ਤੇ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ ਏਟਕ ਦੇ ਸੂਬਾ ਜਨਰਲ ਸਕੱਤਰ ਜਗਸੀਰ ਖੋਸਾ ਦੇ ਪਿਤਾ ਸ੍ਰ. ਮੁਖਤਿਆਰ ਸਿੰਘ ਦੇ ਵਿਛੋੜੇ 'ਤੇ ਵੱਖ ਵੱਖ ਆਗੂਆਂ ਨੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।ਜਗਸੀਰ ਖੋਸਾ, ਇਸਤਰੀ ਆਗੂ ਸਰਬਜੀਤ ਕੌਰ ਖੋਸਾ ਤੇ ਵਿਦਿਆਰਥੀ ਆਗੂ ਸਵਰਾਜ ਖੋਸਾ ਸਮੇਤ ਸਾਰੇ ਪਰਿਵਾਰ ਨਾਲ ਦੁੱਖ ਪ੍ਰਗਟ ਕਰਦਿਆਂ ਆਗੂਆਂ ਨੇ ਕਿਹਾ ਕਿ ਬਾਪੂ ਮੁਖਤਿਆਰ ਸਿੰਘ ਦੇ ਅਗਾਂਹਵਧੂ, ਤਰਕਸ਼ੀਲ ਤੇ ਲੋਕ ਪੱਖੀ ਵਿਚਾਰਾਂ ਅਤੇ ਪ੍ਰੇਰਨਾ ਕਾਰਨ ਹੀ ਉਨ੍ਹਾਂ ਦਾ ਸਾਰਾ ਪਰਿਵਾਰ ਕਿਰਤ ਕਰਨ ਵਾਲੇ ਲੋਕਾਂ ਲਈ ਕੰਮ ਕਰ ਰਿਹਾ ਹੈ।ਉਨ੍ਹਾਂ ਦੀ ਮੌਤ ਕਾਰਨ ਪਰਿਵਾਰ ਦੇ ਨਾਲ ਨਾਲ, ਭਾਰਤੀ ਕਮਿਊਨਿਸਟ ਪਾਰਟੀ, ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਸਮੇਤ ਅਗਾਂਹਵਧੂ ਹਲਕਿਆਂ ਨੂੰ ਘਾਟਾ ਪਿਆ ਹੈ।ਉਨ੍ਹਾਂ ਦੀ ਘਾਟ ਹਮੇਸ਼ਾ ਸਾਨੂੰ ਰੜਕਦੀ ਰਹੇਗੀ।ਪਰਿਵਾਰ ਨਾਲ ਦੁੱਖ ਦਾ ਪ੍ਰਗਟਾਵਾ ਕਰਨ ਵਾਲਿਆਂ ਵਿੱਚ ਭਾਰਤੀ ਕਮਿਊਨਿਸਟ ਪਾਰਟੀ ਦੇ ਸੀਨੀਅਰ ਆਗੂ ਕਾਮਰੇਡ ਜਗਰੂਪ, ਕਾ. ਹਰਦੇਵ ਅਰਸ਼ੀ, ਟਰੇਡ ਯੂਨੀਅਨ ਆਗੂ ਕਾ. ਜਗਦੀਸ਼ ਸਿੰਘ ਚਾਹਲ, ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ਼ ਯੂਨੀਅਨ ਪੰਜਾਬ ਦੇ ਜਨਰਲ ਸਕੱਤਰ ਗੁਰਜੰਟ ਸਿੰਘ ਕੋਕਰੀ, ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਕਸ਼ਮੀਰ ਸਿੰਘ ਗਦਾਈਆ, ਗੋਰਾ ਪਿੱਪਲੀ, ਪੰਜਾਬ ਇਸਤਰੀ ਸਭਾ ਦੇ ਸੂਬਾ ਆਗੂ ਨਰਿੰਦਰ ਕੌਰ ਸੋਹਲ, ਡਾਕਟਰ ਇੰਦਰਵੀਰ ਗਿੱਲ, ਬੂਟਾ ਸਿੰਘ ਭੱਟੀ, ਭੁਪਿੰਦਰ ਸਿੰਘ ਸੇਖੋਂ, ਵਿਦਿਆਰਥੀ ਆਗੂ ਸੁਖਵਿੰਦਰ ਮਲੋਟ, ਨੌਜਵਾਨ ਆਗੂ ਹਰਮੇਲ ਉੱਭਾ,ਬੋਹੜ ਸਿੰਘ ,ਬੁੱਟਰ ਜਸਪਾਲ ਸਿੰਘ ਤੂਰ ਆਪ ਆਗੂ ਤੇ ਸਾਬਕਾ ਬਲਾਕ ਸੰਮਤੀ ਮੈਂਬਰ, ਕੁਲਵਿੰਦਰ ਸਿੰਘ ਵਿੱਕੀ ਤੂਰ ਆਪ ਆਗੂ, ਤਰਸੇਮ ਸਿੰਘ ਸਾਬਕਾ ਸਰਪੰਚ, ਤਰਸੇਮ ਸਿੰਘ ਲੰਬੜਦਾਰ, ਨਾਇਬ ਸਿੰਘ ਲੰਬੜਦਾਰ, ਰਣਜੀਤ ਸਿੰਘ ਆਗੂ ਪੰਜਾਬ ਡਿਪੂ ਹੋਲਡਰ ਯੂਨੀਅਨ, ਬਲਵਿੰਦਰ ਸਿੰਘ ਬੁੱਧ ਸਿੰਘ ਵਾਲਾ ਆਦਿ ਆਗੂ ਸ਼ਾਮਲ ਹਨ।ਸ੍ਰ. ਮੁਖਤਿਆਰ ਸਿੰਘ ਦੇ ਨਮਿੱਤ ਪਾਠ ਦਾ ਭੋਗ 20 ਜਨਵਰੀ ਨੂੰ ਉਨ੍ਹਾਂ ਦੇ ਜੱਦੀ ਪਿੰਡ ਖੋਸਾ ਪਾਂਡੋ ਦੇ ਗੁਰਦੁਆਰਾ ਸਾਹਿਬ ਦਰੀਆ ਪੱਤੀ ਵਿਖੇ 12 ਤੋਂ 1 ਵਜੇ ਤੱਕ ਪਵੇਗਾ.

# ਕੰਬੋਜ ਭਲਾਈ ਬੋਰਡ ਦੇ ਡਾਇਰੈਕਟਰ ਬਣੇ ਆਪ ਆਗੂ ਥਿੰਦ ਦਾ ਸਨਮਾਨ

## ਆਪ ਸਰਕਾਰ ਸਾਰੇ ਵਰਗਾਂ ਦੀ ਭਲਾਈ ਲਈ ਯਤਨਸ਼ੀਲ : ਵਿਧਾਇਕ ਬਾਜ਼ੀਗਰ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** : ਵਿਧਾਨ ਸਭਾ ਹਲਕਾ ਸ਼ੁਤਰਾਣਾ ਤੋਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਕੁਲਦੀਪ ਸਿੰਘ ਥਿੰਦ ਨੂੰ ਪੰਜਾਬ ਸਰਕਾਰ ਵੱਲੋਂ ਗਠਿਤ ਕੀਤੇ ਗਏ ਕੰਬੋਜ ਭਲਾਈ ਬੋਰਡ ਦਾ ਡਾਇਰੈਕਟਰ ਨਿਯੁਕਤ ਕੀਤਾ ਗਿਆ ਹੈ।ਉਨ੍ਹਾਂ ਦੀ ਇਸ ਨਿਯੁਕਤੀ ਨੂੰ ਲੈ ਕੇ ਹਲਕੇ ਦੇ ਕੰਬੋਜ ਭਾਈਚਾਰੇ ਨਾਲ ਸੰਬੰਧਤ ਲੋਕਾਂ ਵਿੱਚ ਖੁਸ਼ੀ ਪਾਈ ਜਾ ਰਹੀ ਹੈ।ਇਸ ਦੌਰਾਨ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਆਪ ਆਗੂ ਕੁਲਦੀਪ ਸਿੰਘ ਥਿੰਦ ਸਿੰਘ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਮੁਬਾਰਕਬਾਦ ਦਿੱਤੀ ਹੈ।ਆਪ ਆਗੂ ਕੁਲਦੀਪ ਸਿੰਘ ਥਿੰਦ ਨੂੰ ਸਨਮਾਨਤ ਕਰਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹਲਕਾ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸੂਬੇ ਵਿੱਚ ਸਾਰੇ ਵਰਗਾਂ ਨੂੰ ਬਰਾਬਰ ਮਾਣ ਸਨਮਾਨ ਦਿੰਦੇ ਹੋਏ ਹਰ ਵਰਗ ਦੀ ਭਲਾਈ ਲਈ ਬੋਰਡ ਦਾ ਗਠਨ ਕੀਤਾ ਗਿਆ ਹੈ, ਜਿਸ ਦੇ ਤਹਿਤ ਕੰਬੋਜ ਭਾਈਚਾਰੇ ਦੀ ਬਿਹਤਰੀ ਲਈ ਕੰਬੋਜ ਭਾਈਚਾਰੇ ਦਾ ਗਠਨ ਕਰਕੇ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਕੁਲਦੀਪ ਸਿੰਘ ਥਿੰਦ ਜਿੱਥੇ ਆਮ ਆਦਮੀ ਪਾਰਟੀ ਦਾ ਜੁਝਾਰੂ ਯੋਧਾ ਹੈ, ਉਥੇ ਉਹ ਇੱਕ ਮਿਹਨਤੀ ਵਰਕਰ ਹੈ ਤੇ ਉਸ ਦੀ ਮਿਹਨਤ ਨੂੰ ਦੇਖਦਿਆਂ ਪਾਰਟੀ ਵੱਲੋਂ ਉਸ ਨੂੰ ਮਾਣ ਸਨਮਾਨ ਦਿੱਤਾ ਗਿਆ ਹੈ।ਇਸ ਮੌਕੇ ਆਪ ਆਗੂ ਥਿੰਦ ਨੇ ਨਿਯੁਕਤੀ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਹਲਕਾ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਸਮੇਤ ਆਮ ਆਦਮੀ ਪਾਰਟੀ ਦੀ ਸਮੁੱਚੀ ਹਾਈਕਮਾਂਡ ਦਾ ਧੰਨਵਾਦ ਕੀਤਾ।

# ਸੰਗਰੂਰ ਪੁਲਸ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਸਫਲ ਕਾਸੋ ਅਪ੍ਰੇਸ਼ਨ

## ਮੁਹਿੰਮ ਦੌਰਾਨ 3 ਮਾਮਲੇ ਦਰਜ ਕਰਕੇ 4 ਮੁਲਜ਼ਮਾਂ ਨੂੰ ਕੀਤਾ ਕਾਬੂ



**ਸੰਗਰੂਰ, (ਪ੍ਰਵੀਨ ਸਿੰਘ)**-ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚੋਂ ਨਸ਼ੇ ਨੂੰ ਖਤਮ ਕਰਨ ਦੇ ਐਲਾਨ ਦੇ ਚੱਲਦਿਆਂ ਸੰਗਰੂਰ ਪੁਲਸ ਨੇ ਜ਼ਿਲ੍ਹੇ ਵਿੱਚ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਸਥਾਨਕ ਬਨਾਸਰ ਬਾਗ਼ ਤੇ ਹੋਰ ਇਲਾਕਿਆਂ ਵਿਖੇ ਕਾਰਡਨ ਅਤੇ ਸਰਚ ਆਪ੍ਰੇਸ਼ਨ ਕੀਤਾ ਗਿਆ।ਇਸ ਮੁਹਿੰਮ ਦਾ ਮਕਸਦ ਸਮਾਜ ਵਿਰੋਧੀ ਤੱਤਾਂ ਤੇ ਨਸ਼ਾ ਤਸਕਰਾਂ ਖ਼ਿਲਾਫ਼ ਲੜਾਈ ਨੂੰ ਤੇਜ਼ ਕਰਨਾ ਹੈ ਅਤੇ ਨੱਥ ਪਾਉਣਾ ਹੈ।ਇਹ ਆਪ੍ਰੇਸ਼ਨ ਪੁਲਸ ਕਪਤਾਨ (ਸਥਾਨਕ) ਰਾਜੇਸ਼ ਛਿੱਬਰ ਦੀ ਅਗਵਾਈ ਵਿੱਚ ਕੀਤਾ ਗਿਆ।ਇਸ ਕਾਰਵਾਈ ਵਿੱਚ ਬਹੁਤ ਸਾਰੇ ਅਧਿਕਾਰੀ ਤੇ ਕਰਮਚਾਰੀ ਸ਼ਾਮਲ ਸਨ।ਸ੍ਰੀ ਛਿੱਬਰ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇਹ ਮੁਹਿੰਮ ਸੰਗਰੂਰ ਪੁਲਸ ਦੀ ਲੋਕਾਂ ਦੀ ਸੁਰੱਖਿਆ ਤੇ ਸੁਹਿਰਦੀ ਲਈ ਵਚਨਬੱਧਤਾ ਨੂੰ ਦਰਸਾਉਂਦੀ ਹੈ।ਸੰਗਰੂਰ ਪੁਲਸ ਇਸ ਤਰ੍ਹਾਂ ਦੀਆਂ ਮੁਹਿੰਮਾਂ ਨੂੰ ਜਾਰੀ ਰੱਖੇਗੀ ਤਾਂ ਜੋ ਕਾਨੂੰਨ-ਵਿਵਸਥਾ ਨੂੰ ਬਣਾਈ ਰੱਖਿਆ ਜਾ ਸਕੇ ਤੇ ਸਮਾਜ ਨੂੰ ਨਸ਼ਿਆਂ ਤੇ ਅਪਰਾਧਕਰਤਾਵਾਂ ਤੋਂ ਬਚਾਇਆ ਜਾ ਸਕੇ।ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਦੌਰਾਨ 3 ਮੁਕੱਦਮੇ ਦਰਜ ਕਰਕੇ 4 ਕਥਿਤ ਦੋਸ਼ੀਆਂ ਨੂੰ ਕਾਬੂ ਕੀਤਾ ਗਿਆ ਹੈ।ਇਨ੍ਹਾਂ ਕੋਲੋਂ ਪਾਬੰਦੀਸ਼ੁਦਾ ਸਮੱਗਰੀ ਤੇ ਨਗਦ ਡਰੱਗ ਮਨੀ ਬਰਾਮਦ ਕੀਤੇ ਗਏ ਹਨ।ਉਨ੍ਹਾਂ ਕਿਹਾ ਕਿ ਨਸ਼ਾ ਤਸਕਰਾਂ ਖਿਲਾਫ ਸਖ਼ਤ ਕਾਰਵਾਈ ਕੀਤੀ ਜਾਵੇਗੀ।

# ਵਿਕਾਸ ਮਿਸ਼ਨ ਵੱਲੋਂ ਅੰਤਰਰਾਸ਼ਟਰੀ ਸਾਈਕਲਿਸਟ ਜਨਕ ਜੌੜਾ ਸਨਮਾਨਤ



**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰ ਪਾਲ/ਪੂਜਾ)**-ਸਮਾਜ ਦੇ ਭਲੇ ਤੇ ਵਿਕਾਸ ਨੂੰ ਸਮਰਪਤ ਪ੍ਰਮੁੱਖ ਵਰਕਿੰਗ ਗੈਰ-ਸਰਕਾਰੀ ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਦੀ ਵਿਸ਼ੇਸ਼ ਮੀਟਿੰਗ ਮਿਸ਼ਨ ਮੁਖੀ ਪ੍ਰਸਿੱਧ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ ਦੀ ਪ੍ਰਧਾਨਗੀ ਹੇਠ ਸਥਾਨਕ ਸਿਟੀ ਹੋਟਲ ਵਿਖੇ ਹੋਈ।ਮੀਟਿੰਗ ਦੌਰਾਨ ਸ਼ਹਿਰ ਦੇ ਡੀ. ਸੀ. ਆਫਿਸ ਰੋਡ ਸਥਿਤ ਮੁਹੱਲਾ ਬੁੱਧ ਵਿਹਾਰ ਨਿਵਾਸੀ ਅੰਤਰ ਰਾਸ਼ਟਰੀ ਪ੍ਰਸਿੱਧੀ ਪ੍ਰਾਪਤ ਸਾਈਕਲਿਸਟ ਜਨਕ ਰਾਜ ਜੌੜਾ ਨੂੰ ਸ਼ਾਨਦਾਰ ਮੋਮੈਂਟੋ ਭੇਟ ਕਰਕੇ ਸਨਮਾਨਤ ਕੀਤਾ ਗਿਆ।ਸ੍ਰ. ਜੌੜਾ ਨੇ ਇੰਡੀਅਨ ਰੈੱਡ ਕਰਾਸ ਸੁਸਾਇਟੀ ਦੇ ਸਹਿਯੋਗ ਨਾਲ ਦਸੰਬਰ 1986 ਤੋਂ ਲੈ ਕੇ ਅਪ੍ਰੈਲ 1987 ਤੱਕ ਕੰਨਿਆ ਕੁਮਾਰੀ ਤੋਂ ਲੈ ਕੇ ਕਸ਼ਮੀਰ ਤੱਕ ਸਾਈਕਲ 'ਤੇ ਦੌਰਾ ਕੀਤਾ।ਇਸੇ ਤਰ੍ਹਾਂ ਇੰਟਰਨੈਸ਼ਨਲ ਰੋਟਰੀ ਕਲੱਬ ਤੇ ਲਾਇਨਜ਼ ਕਲੱਬ ਦੇ ਸਹਿਯੋਗ ਨਾਲ 1992 ਤੋਂ ਲੈ ਕੇ 1994 ਤੱਕ ਸ੍ਰ. ਜੌੜਾ ਨੇ ਦੁਨੀਆ ਦੇ ਕਰੀਬ ਤੀਹ ਦੇਸ਼ਾਂ ਦਾ ਸਾਈਕਲ 'ਤੇ ਦੌਰਾ ਕੀਤਾ।ਜ਼ਿਕਰਯੋਗ ਹੈ ਕਿ ਸ੍ਰ. ਜੌੜਾ ਦਾ ਪੂਰਾ ਪਰਵਾਰ ਇਸ ਮੌਕੇ ਆਸਟ੍ਰੀਆ ਦਾ ਪੱਕੇ ਤੌਰ 'ਤੇ ਵਸਨੀਕ ਹੈ, ਜੋ ਕਿ ਅੱਜਕੱਲ੍ਹ ਆਪਣੇ ਜੱਦੀ ਸ਼ਹਿਰ ਸ੍ਰੀ ਮੁਕਤਸਰ ਸਾਹਿਬ ਵਿਖੇ ਆਏ ਹੋਏ ਹਨ।ਉਕਤ ਜਾਣਕਾਰੀ ਦਿੰਦੇ ਹੋਏ ਸ੍ਰੀ ਢੋਸੀਵਾਲ ਨੇ ਦੱਸਿਆ ਕਿ ਮੀਟਿੰਗ ਦੌਰਾਨ ਮਿਸ਼ਨ ਗਾਇਡ ਇੰਜ. ਅਸ਼ੋਕ ਕੁਮਾਰ ਭਾਰਤੀ, ਚੇਅਰਮੈਨ ਨਿਰੰਜਣ ਸਿੰਘ ਰੱਖਰਾ, ਪੈਟਰਨ ਡਾ. ਸੁਰਿੰਦਰ ਗਿਰਧਰ, ਉੱਪ ਪ੍ਰਧਾਨ ਚੌ. ਬਲਬੀਰ ਸਿੰਘ, ਲੋਕ ਸੰਪਰਕ ਵਿੰਗ ਦੇ ਡਿਪਟੀ ਡਾਇਰੈਕਟਰ ਸਾਹਿਲ ਕੁਮਾਰ ਹੈਪੀ, ਸਲਾਹਕਾਰ ਪ੍ਰੋ. ਕੁਲਵੰਤ ਸ਼ਰਮਾ, ਸਹਾਇਕ ਸਕੱਤਰ ਬਲਜੀਤ ਸਿੰਘ ਅਰੋੜਾ, ਨਰਿੰਦਰ ਕਾਕਾ ਫੋਟੋਗ੍ਰਾਫਰ, ਸਕੱਤਰ ਵਿਕ੍ਰਾਂਤ ਤੇਰੀਆ ਤੋਂ ਇਲਾਵਾ ਬੁੱਧ ਵਿਹਾਰ ਵਿਕਾਸ ਕਮੇਟੀ ਦੇ ਸੀਨੀਅਰ ਮੈਂਬਰ ਹਰਪਾਲ ਸਿੰਘ ਸਦਿਓੜਾ, ਪਸ਼ੂ ਪ੍ਰੇਮੀ ਡਾ. ਸੰਜੀਵ ਮਲਹੋਤਰਾ ਤੇ ਸਮਾਜ ਸੇਵਕ ਕੁਲਵਿੰਦਰ ਕੁਮਾਰ ਵੀ ਉਚੇਚੇ ਤੌਰ 'ਤੇ ਮੌਜੂਦ ਸਨ।

# ਕੰਗ ਨੇ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੇ ਭਾਜਪਾ ਆਗੂਆਂ ਖ਼ਿਲਾਫ਼ ਸਖ਼ਤ ਕਾਰਵਾਈ ਦੀ ਕੀਤੀ ਮੰਗ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਆਮ ਆਦਮੀ ਪਾਰਟੀ (ਆਪ) ਦੇ ਸ੍ਰੀ ਅਨੰਦਪੁਰ ਸਾਹਿਬ ਤੋਂ ਲੋਕ ਸਭਾ ਮੈਂਬਰ ਮਲਵਿੰਦਰ ਸਿੰਘ ਕੰਗ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਪੱਤਰ ਲਿਖ ਕੇ ਇੱਕ ਫਰਜ਼ੀ ਅਤੇ ਐਡਿਟ ਕੀਤੀ ਹੋਈ ਵੀਡੀਓ ਰਾਹੀਂ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਜਾਣਬੁੱਝ ਕੇ ਠੇਸ ਪਹੁੰਚਾਉਣ ਵਾਲੇ ਜ਼ਿੰਮੇਵਾਰ ਵਿਅਕਤੀਆਂ ਖ਼ਿਲਾਫ਼ ਸਖ਼ਤ ਤੋਂ ਸਖ਼ਤ ਕਾਰਵਾਈ ਕਰਨ ਦੀ ਮੰਗ ਕੀਤੀ ਹੈ।ਕੰਗ ਨੇ ਕਿਹਾ ਕਿ ਪੰਜਾਬ ਅਤੇ ਦਿੱਲੀ ਦੋਵਾਂ ਦੀਆਂ ਫੋਰੈਂਸਿਕ ਸਾਇੰਸ ਲੈਬਾਰਟਰੀਆਂ (ਐਫ.ਐਸ.ਐਲ) ਦੀ ਜਾਂਚ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਸੰਬੰਧਤ ਵੀਡੀਓ ਫਰਜ਼ੀ ਸੀ ਅਤੇ ਦਿੱਲੀ ਦੀ ਸਾਬਕਾ ਮੁੱਖ ਮੰਤਰੀ ਆਤਿਸ਼ੀ 'ਤੇ ਸਿੱਖ ਗੁਰੂਆਂ ਬਾਰੇ ਅਪਮਾਨਜਨਕ ਟਿੱਪਣੀਆਂ ਕਰਨ ਦੇ ਝੂਠੇ ਦੋਸ਼ ਲਗਾਉਣ ਲਈ ਇਸ ਨੂੰ ਬੜੀ ਸ਼ਰਾਰਤ ਨਾਲ ਐਡਿਟ ਕੀਤਾ ਗਿਆ ਸੀ। ਵਿਗਿਆਨਕ ਰਿਪੋਰਟਾਂ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਉਨ੍ਹਾਂ ਵੱਲੋਂ ਅਜਿਹਾ ਕੋਈ ਸ਼ਬਦ ਨਹੀਂ ਸੀ ਬੋਲਿਆ ਗਿਆ ।ਇਸ ਘਟਨਾ ਨੂੰ ਫਿਰਕੂ ਸਦਭਾਵਨਾ ਨੂੰ ਭੜਕਾਉਣ ਦੀ ਜਾਣਬੁੱਝ ਕੇ ਕੀਤੀ ਗਈ ਇੱਕ ਖਤਰਨਾਕ ਕੋਸ਼ਿਸ਼ ਕਰਾਰ ਦਿੰਦਿਆਂ ਕੰਗ ਨੇ ਕਿਹਾ ਕਿ ਇਹ ਫਰਜ਼ੀ ਵੀਡੀਓ ਭਾਜਪਾ ਆਗੂ ਕਪਿਲ ਮਿਸ਼ਰਾ ਵੱਲੋਂ ਸਿੱਖ ਧਾਰਮਿਕ ਭਾਵਨਾਵਾਂ ਨੂੰ ਹਥਿਆਰ ਬਣਾ ਕੇ ਲੋਕਾਂ ਵਿੱਚ ਗੁੱਸਾ ਪੈਦਾ ਕਰਨ ਅਤੇ ਸਿਆਸੀ ਲਾਹਾ ਲੈਣ ਦੀ ਨੀਅਤ ਨਾਲ ਫੈਲਾਈ ਗਈ ਸੀ।ਕੰਗ ਨੇ ਕਿਹਾ ਕਿ ਇਹ ਕੋਈ ਗਲਤੀ ਜਾਂ ਗਲਤਫਹਿਮੀ ਨਹੀਂ। ਇਹ ਧੋਖਾਧੜੀ ਦੀ ਇੱਕ ਅਜਿਹੀ ਕਾਰਵਾਈ ਹੈ ਜੋ ਸਿੱਖ ਧਰਮ ਅਤੇ ਕਦਰਾਂ-ਕੀਮਤਾਂ 'ਤੇ ਸਿੱਧਾ ਹਮਲਾ ਕਰਦੀ ਹੈ।ਉਨ੍ਹਾਂ ਕਿਹਾ ਕਿ ਸਿਆਸੀ ਲਾਹੇ ਲਈ ਝੂਠ ਅਤੇ ਹੇਰਾਫੇਰੀ ਰਾਹੀਂ ਸਿੱਖ ਗੁਰੂਆਂ ਦੀ ਪਵਿੱਤਰਤਾ ਦਾ ਸਹਾਰਾ ਲੈਣਾ ਇੱਕ ਨਾ-ਮਾਫ਼ੀਯੋਗ ਨੈਤਿਕ ਅਪਰਾਧ ਹੈ।'ਆਪ' ਸੰਸਦ ਮੈਂਬਰ ਨੇ ਕਿਹਾ ਕਿ ਇਹ ਬਹੁਤ ਦੁਖਦਾਈ ਹੈ ਕਿ ਅਜਿਹੀ ਘਟਨਾ ਉਸ ਸਮੇਂ ਵਾਪਰੀ ਜਦੋਂ ਸਿੱਖ ਕੌਮ ਗੁਰੂ ਤੇਗ ਬਹਾਦਰ ਜੀ ਦਾ 350ਵਾਂ ਸ਼ਹੀਦੀ ਦਿਹਾੜਾ ਮਨਾ ਰਹੀ ਸੀ, ਜਿਨ੍ਹਾਂ ਨੇ ਧਾਰਮਿਕ ਆਜ਼ਾਦੀ ਦੀ ਰੱਖਿਆ ਲਈ ਆਪਣੀ ਕੁਰਬਾਨੀ ਦਿੱਤੀ ਸੀ। ਉਨ੍ਹਾਂ ਕਿਹਾ ਕਿ ਅਜਿਹੀਆਂ ਕਾਰਵਾਈਆਂ ਨੈਤਿਕ ਉਲੰਘਣਾ ਦਾ ਸਭ ਤੋਂ ਵੱਡਾ ਰੂਪ ਹਨ।ਪ੍ਰਧਾਨ ਮੰਤਰੀ ਦੀ ਜ਼ਮੀਰ ਅਤੇ ਅਗਵਾਈ ਨੂੰ ਸਿੱਧੀ ਅਪੀਲ ਕਰਦਿਆਂ ਕੰਗ ਨੇ ਕਿਹਾ ਕਿ ਅਜਿਹੇ ਮਾਮਲਿਆਂ ਵਿੱਚ ਚੁੱਪ ਜਾਂ ਅਣਗਹਿਲੀ ਨੂੰ ਸਹਿਮਤੀ ਵਜੋਂ ਦੇਖੇ ਜਾਣ ਦਾ ਖਤਰਾ ਹੈ। ਉਨ੍ਹਾਂ ਪ੍ਰਧਾਨ ਮੰਤਰੀ ਨੂੰ ਅਪੀਲ ਕੀਤੀ ਕਿ ਉਹ ਕਪਿਲ ਮਿਸ਼ਰਾ ਵਿਰੁੱਧ ਫੈਸਲਾਕੁੰਨ ਕਾਰਵਾਈ ਕਰਨ, ਜਿਸ ਵਿੱਚ ਉਸ ਨੂੰ ਸਾਰੇ ਅਹੁਦਿਆਂ ਤੋਂ ਹਟਾਉਣਾ ਅਤੇ ਉਸ ਦੀਆਂ ਹਰਕਤਾਂ ਦੀ ਜਨਤਕ ਤੌਰ 'ਤੇ ਨਿੰਦਾ ਕਰਨਾ ਸ਼ਾਮਲ ਹੋਵੇ। ਕੰਗ ਨੇ ਦੁਹਰਾਇਆ ਕਿ ਪੰਜਾਬ ਸਿਆਸੀ ਲਾਹੇ ਲਈ ਸਮਾਜ ਨੂੰ ਵੰਡਣ ਜਾਂ ਧਾਰਮਿਕ ਵਿਸ਼ਵਾਸਾਂ ਦੀ ਤੌਹੀਨ ਕਰਨ ਦੀ ਕਿਸੇ ਵੀ ਕੋਸ਼ਿਸ਼ ਨੂੰ ਬਰਦਾਸ਼ਤ ਨਹੀਂ ਕਰੇਗਾ ਅਤੇ ਸੱਚ, ਸਦਭਾਵਨਾ ਅਤੇ ਨਿਆਂ ਲਈ ਮਜ਼ਬੂਤੀ ਨਾਲ ਖੜ੍ਹਾ ਰਹੇਗਾ।

# ਲੁਧਿਆਣਾ ਪੁਲਸ ਵੱਲੋਂ ਗੋਲਡੀ ਬਰਾੜ ਮਡਿਊਲ ਦਾ ਪਰਦਾ ਫਾਸ਼ : 10 ਮੁਲਜ਼ਮ ਅਸਲੇ ਸਮੇਤ ਗ੍ਰਿਫ਼ਤਾਰ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸੂਬੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਭੰਗ ਕਰਨ ਦੀ ਕੋਸ਼ਿਸ਼ ਕਰਨ ਵਾਲੇ ਸ਼ਰਾਰਤੀ ਅਨਸਰਾਂ ਵਿਰੁੱਧ ਇੱਕ ਵਾਰ ਫਿਰ ਵੱਡੀ ਕਾਰਵਾਈ ਕਰਦਿਆਂ ਸਖ਼ਤ ਸੁਨੇਹਾ ਦਿੱਤਾ ਹੈ। ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਅਤੇ ਅਮਨ ਅਰੋੜਾ ਨੇ ਸਾਂਝੇ ਤੌਰ 'ਤੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੀ ਸ਼ਾਂਤੀ ਅਤੇ ਭਾਈਚਾਰਕ ਸਾਂਝ ਨੂੰ ਕਾਇਮ ਰੱਖਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਉਨ੍ਹਾਂ ਸਪੱਸ਼ਟ ਕੀਤਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਕਿਸੇ ਵੀ ਗੁੰਡਾਗਰਦੀ ਜਾਂ ਦੇਸ਼ ਵਿਰੋਧੀ ਗਤੀਵਿਧੀ ਨੂੰ ਬਰਦਾਸ਼ਤ ਨਹੀਂ ਕਰੇਗੀ ਅਤੇ ਅਜਿਹੇ ਅਨਸਰਾਂ ਵਿਰੁੱਧ ਸਖ਼ਤ ਤੋਂ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ।ਇਸੇ ਮੁਹਿੰਮ ਤਹਿਤ ਲੁਧਿਆਣਾ ਪੁਲਸ ਨੂੰ ਉਸ ਸਮੇਂ ਵੱਡੀ ਸਫਲਤਾ ਮਿਲੀ ਜਦੋਂ ਉਨ੍ਹਾਂ ਨੇ ਖ਼ਤਰਨਾਕ ਗੈਂਗਸਟਰ ਗੋਲਡੀ ਬਰਾੜ ਦੇ ਮਾਡਿਊਲ ਨੂੰ ਬੇਨਕਾਬ ਕਰ ਦਿੱਤਾ। ਪਿਛਲੇ 3 ਹਫ਼ਤਿਆਂ ਤੋਂ ਚਲਾਈ ਗਈ ਇੱਕ ਵਿਸ਼ੇਸ਼ ਅਤੇ ਸਖ਼ਤ ਮੁਹਿੰਮ ਦੌਰਾਨ ਪੁਲਸ ਨੇ ਇਸ ਮਾਡਿਊਲ ਨਾਲ ਸੰਬੰਧਤ 10 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਨ ਵਿੱਚ ਕਾਮਯਾਬੀ ਹਾਸਲ ਕੀਤੀ ਹੈ। ਪੁਲਸ ਵੱਲੋਂ ਇਨ੍ਹਾਂ ਕੋਲੋਂ ਭਾਰੀ ਮਾਤਰਾ ਵਿੱਚ ਨਾਜਾਇਜ਼ ਹਥਿਆਰ ਬਰਾਮਦ ਕੀਤੇ ਗਏ ਹਨ, ਜਿਨ੍ਹਾਂ ਵਿੱਚ 2 ਵਿਦੇਸ਼ੀ ਪਿਸਤੌਲ ਵੀ ਸ਼ਾਮਲ ਹਨ। ਫੜੇ ਗਏ ਮੁਲਜ਼ਮਾਂ ਖ਼ਿਲਾਫ਼ ਆਰਮਜ਼ ਐਕਟ ਅਤੇ ਹੋਰ ਗੰਭੀਰ ਧਾਰਾਵਾਂ ਤਹਿਤ ਮੁਕੱਦਮੇ ਦਰਜ ਕਰਕੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।ਦੋਵਾਂ ਮੰਤਰੀਆਂ ਨੇ ਲੁਧਿਆਣਾ ਪੁਲਸ ਦੀ ਇਸ ਕਾਰਵਾਈ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਸਫਲਤਾ ਪੰਜਾਬ ਪੁਲਸ ਦੀ ਮੁਸਤੈਦੀ ਅਤੇ ਸਰਕਾਰ ਦੀ ਅਪਰਾਧ ਵਿਰੁੱਧ 'ਜ਼ੀਰੋ ਟਾਲਰੈਂਸ' ਨੀਤੀ ਦਾ ਸਬੂਤ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਧਰਤੀ 'ਤੇ ਅਮਨ-ਕਾਨੂੰਨ ਨੂੰ ਕਿਸੇ ਵੀ ਕੀਮਤ 'ਤੇ ਭੰਗ ਨਹੀਂ ਹੋਣ ਦਿੱਤਾ ਜਾਵੇਗਾ। ਮੰਤਰੀਆਂ ਨੇ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਪੰਜਾਬ ਨੂੰ ਮੁੜ 'ਰੰਗਲਾ ਪੰਜਾਬ' ਬਣਾਉਣ ਅਤੇ ਸੂਬੇ ਦੇ ਹਰ ਨਾਗਰਿਕ ਦੀ ਜਾਨ-ਮਾਲ ਦੀ ਰਾਖੀ ਕਰਨ ਲਈ ਸਰਕਾਰ ਹਰ ਕਦਮ ਚੁੱਕ ਰਹੀ ਹੈ।


## COURT NOTICE

(U/o 5 Rule 20 CPC)
In the Court of Ms. Sanjeeta Additional District and Sessions Judge, Sangrur
CNR No. PBSG01-005946-2024
Next Date:- 04-02-2026
Sarbjit Kaur Vs. Kulwinder Singh
Claim petition U/s.166 of the motor vehicle Act for the grant of compensation of Rs.50,00,000/- on account of death of kulwant Singh s/o Gurmail

PUBLICATION ISSUED TO:
2. Preet Kamal Singh
:- S/o Kamaljit Singh R/o Ward No.31 Narinder Nagar PS Sirsod, Distt. Shivpuri, Madya Pardesh (Owner of Combine No. MP-33-AB-9705)

In above titled case, the defendant(s)/ respondent(s) could not be served. It is ordered that defendant(s)/respondent(s) should appear in person or through counsel on 04-02-2026 at 10:00 a.m.

For details logon to https://highcourtchd.gov.in/?mod=district_notice&district=Sangrur

Additional District and Sessions Judge, Sangrur
Dated, this day of 12-01-2026

## CRIMINAL COURTS ZIRA

In the Court of Ms. Gurpreet Kaur-II Judicial Magistrate First Class-2 Zira
Next Date, Purpose of case, Orders and Judgments as well as other case information is available on http://ecourts.gov.in
Case No.:-NACT/148/2025
HDFC Bank Ltd. Vs Gurnam Singh
Police Station/Fir No. Mallanwala/000/0
PBFZA1-001136-2025
NEXT DATE : 24-02-2026
25 of Payment and Settlement Systems Act
Proclamation Requiring the appearance of a person accused
Detail of offence:
Notice To:
Gurnam Singh
Father : Puran Singh
Vill. Rukne Wala, Po. Bandala, Teh. and Distt. Ferozepur

WHEREAS complaint/case has been made before me that Gurnam Singh father : Puran Singh R/o Vill. Rukne Wala. Po Bandala Teh. and Distt. Ferozepur has committed (or is suspected to have committed) the offence punishable under section 25 of Payment and Settlement Systems Act and it has been returned to a warrant of arrest thereupon issued that the said GURNAM SINGH cannot be found, and whereas it has been shown to my satisfaction that the said GURNAM SINGH has absconded (or is concealing himself/herself to avoid the service of the said warrant); Proclamation is hereby made that the said GURNAM SINGH is required to appear before this Court (or before me) on 24/2/2026 to answer the said complaint/case.
Judicial Magistrate First Class-2 Zira
Dated, this day of 07-01-2026.

## ਨਿਲਾਮੀ ਨੋਟਿਸ

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਗ੍ਰਾਮ ਪੰਚਾਇਤ ਗੋਇੰਦਵਾਲ ਸਾਹਿਬ ਵੱਲੋਂ ਪੰਚਾਇਤੀ ਜ਼ਮੀਨ 'ਤੇ ਬਣੀਆਂ ਦੁਕਾਨਾਂ ਜਿਸ ਦੀ ਗਿਣਤੀ (6) ਹੈ। ਗ੍ਰਾਮ ਪੰਚਾਇਤ ਵੱਲੋਂ ਉਸਨੂੰ ਮਿਤੀ 19-1-2026 ਦਿਨ ਸੋਮਵਾਰ ਨੂੰ ਨਿਲਾਮ ਕੀਤਾ ਜਾ ਰਿਹਾ ਹੈ। ਚਾਹਵਾਨ ਸੱਜਣ ਨਿਲਾਮੀ ਮੌਕੇ ਆਉਣ ਦੀ ਕ੍ਰਿਪਾਲਤਾ ਕਰਨ।

ਵੱਲੋਂ- ਸਰਪੰਚ ਨਿਰਮਲ ਸਿੰਘ ਢੋਟੀ
ਗ੍ਰਾਮ ਪੰਚਾਇਤ ਗੋਇੰਦਵਾਲ ਸਾਹਿਬ।

# ਕਲਾਸੀਫਾਈਡ ਇਸ਼ਤਿਹਾਰ

## Change of Name

I Manpreet Singh S/o Baldev Singh Village Kirtowal Khurd , Tehsil Patti District Tarn Taran Have Changed my Name From Manpreet Singh to Surname as Singh and my Givenname is Manpreet plz note it.

I Vinod Kumar S/o Amrik R/o Vill. Wariana ,PO Nagra, Jalandhar have changed my name to Vinod as first name and Kumar as surname.

I Sonia W/o Shamsher Singh, R/o H.No. 234 , Gali No. 4 , Sanjay Gandhi Nagar , Jalandhar , Punjab have changed my name from Sonia Minhas to Sonia. All concerned may note.

I, Narinder alias Komal w/o Parminder kumar R/o H.No 81-C, Street No. 6, Kaki Pind PO Dakoha Jalandhar Punjab have changed my name from Narinder alias Komal to Komal.

I, Harbel Singh Avtar Singh s/o Avtar Singh r/o VPO. Alachaur, Distt. SBS Nagar, 144514, Punjab have changed my name as Harbel Singh. All Please Note.

I, Ragbir Singh Harbel Singh s/o Harbel Singh r/o VPO. Alachaur, Distt. SBS Nagar, 144514, Punjab have changed my name as Ragbir Singh. All Please Note.

I, Bhupinder Kaur Harbel Singh w/o Harbel Singh r/o VPO. Alachaur, Distt.SBS Nagar, 144514, Punjab have changed my name as Bhupinder Kaur. All Please Note.

I, Armaan Kumar s/o Rakesh Kumar r/o 03, Kala Sangha Road, B.T. Colony, Kot Sadeek, Jalandhar have changed my name from Armaan Kumar to Kumar Armaan (Surname as Kumar) All Please Note.

I, Tarlok Nath s/o Kotu Ram r/o 53 GF, HIG Flat, Guru Gobind Singh Avenue, Po. Chogitti, Jalandhar, Punjab have changed my name to Tarlok Nath Bhola (Surname as Bhola) All Please Note.

## ਬੇਦਖਲੀ ਨੋਟਿਸ

ਮੈਂ, ਗਿਆਨ ਪੁੱਤਰ ਉਜਾਗਰ, ਵਾਸੀ ਪਿੰਡ ਕੋਕਲਪੁਰ, ਡਾਕਖਾਨਾ ਕਾਂਜਲੀ, ਤਹਿਸੀਲ ਵਾ ਜ਼ਿਲ੍ਹਾ ਕਪੂਰਥਲਾ, ਬਿਆਨ ਕਰਦਾ ਹਾਂ ਕਿ ਮਨਪ੍ਰੀਤ ਕੌਰ ਪਤਨੀ ਲੇਟ ਸੁਖਵਿੰਦਰ, ਜੋ ਕਿ ਮੇਰੀ ਨੂੰਹ ਹੈ ਅਤੇ ਮੇਰੇ ਕਹਿਣੇਕਾਰ ਵਿੱਚ ਨਹੀਂ ਹੈ। ਇਹ ਕਿ ਮੇਰੀ ਨੂੰਹ ਮਨਪ੍ਰੀਤ ਕੌਰ ਨਾਲ ਕਿਸੇ ਵੀ ਕਿਸਮ ਦਾ ਲੈਣ-ਦੇਣ ਕਰਨ ਵਾਲਾ ਵਿਅਕਤੀ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਾਰੇ ਸਬੰਧਤ ਨੋਟ ਕਰਨ।

ਮੈਂ ਰਾਜੂ ਮਸੀਹ ਪੁੱਤਰ ਅਨੈਤ ਮਸੀਹ, ਵਾਸੀ ਪਿੰਡ ਜਫਰਵਾਲ, ਜ਼ਿਲ੍ਹਾ ਗੁਰਦਾਸਪੁਰ ਆਪਣੇ ਲੜਕੇ ਵਿਸ਼ਾਲ ਮਸੀਹ ਤੇ ਇਸ ਦੀ ਪਤਨੀ ਸਰਬਜੀਤ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਹ ਆਪਣੇ ਕੀਤੇ ਹਰ ਚੰਗੇ-ਮਾੜੇ ਕੰਮ ਦੇ ਖੁਦ ਜ਼ਿੰਮੇਵਾਰ ਹੋਣਗੇ ਅਤੇ ਜੋ ਵੀ ਇਨ੍ਹਾਂ ਨਾਲ ਲੈਣ-ਦੇਣ ਰੱਖੇਗਾ, ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਬਾਕੀ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

## ਆਮ ਸੂਚਨਾ

ਮੈਂ, ਕੁਲਵੰਤ ਸਿੰਘ ਪੁੱਤਰ ਮਲਕੀਤ ਸਿੰਘ, ਵਾਸੀ ਪਿੰਡ ਤੇ ਡਾਕਖਾਨਾ ਸੈਫਲਾਬਾਦ, ਜ਼ਿਲ੍ਹਾ ਕਪੂਰਥਲਾ, ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਮਨਜਿੰਦਰ ਸਿੰਘ ਅਤੇ ਉਸਦੀ ਪਤਨੀ ਕਮਲਜੀਤ ਕੌਰ, ਜੋ ਕਿ ਮੇਰੇ ਕਹਿਣੇ ਵਿੱਚ ਹਨ ਅਤੇ ਮੇਰੀ ਵਾ ਮੇਰੇ ਪਰਿਵਾਰ ਦੀ ਸੇਵਾ ਕਰਦੇ ਹਨ। ਮੈਂ ਆਪਣੇ ਲੜਕੇ ਅਤੇ ਉਸਦੀ ਪਤਨੀ ਦੀ ਬੇਦਖਲੀ ਕੈਂਸਿਲ ਕਰਦਾ ਹਾਂ। ਸਾਰੇ ਸਬੰਧਤ ਨੋਟ ਕਰਨ।

## Lost and Found

I Sudesh Kumari W/o Megh Nath , Lambra , Jalandhar declare that original Registry documents of property situated in Tajpur , Distt. Jalandhar (Vasika no 10697 , dated 02-12-1996 S R Jalandhar-2) has actually been losted. If anybody found the said documents. Kindly contact 9815204473. All concerned may note.

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।


# ਵੀ ਬੀ ਜੀ ਰਾਮ ਜੀ ਹਰ ਕਾਮੀ ਨੂੰ ਕੰਮ ਦੇ ਨਾਲ ਸਨਮਾਨ : ਸੈਣੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਵਿਕਸਿਤ ਭਾਰਤ-ਗਾਰੰਟੀ ਫਾਰ ਰੁਜ਼ਗਾਰ ਐਂਡ ਆਜੀਵਿਕਾ ਮਿਸ਼ਨ ਗ੍ਰਾਮੀਣ ( ਵੀਬੀ ਜੀ ਰਾਮ ਜੀ ) ਨੂੰ ਮਿਹਨਤ ਕਰਨ ਵਾਲੇ ਕਾਮਿਆਂ ਦੇ ਜੀਵਨ ਪੱਧਰ ਨੂੰ ਹੋਰ ਉਚਾ ਚੁੱਕਣ ਲਈ ਇੱਕ ਮਜ਼ਬੂਤ ਨੀਂਹ ਦੱਸਦੇ ਹੋਏ ਕਿਹਾ ਕਿ ਇਹ ਯੋਜਨਾ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਦੇਸ਼ ਦੇ ਹਰ ਕਾਮੀ ਨੂੰ ਕੰਮ ਦੇ ਨਾਲ-ਨਾਲ ਸਨਮਾਨ, ਸਮੇਂ ਸਿਰ ਮਜ਼ਦੂਰੀ ਅਤੇ ਸੁਰੱਖਿਅਤ ਰੋਜ਼ੀ-ਰੋਟੀ ਦੇ ਅਧਿਕਾਰ ਦੀ ਗਾਰੰਟੀ ਹੈ। ਨਾਇਬ ਸਿੰਘ ਸੈਣੀ ਐਤਵਾਰ ਨੂੰ ਪੰਚਕੂਲਾ ਦੇ ਇੰਦਰਧਨੁਸ਼ ਆਡੀਟੋਰੀਅਮ ਵਿੱਚ ਵਿਕਸਿਤ ਭਾਰਤ-ਗਾਰੰਟੀ ਫਾਰ ਰੁਜ਼ਗਾਰ ਐਂਡ ਆਜੀਵਿਕਾ ਮਿਸ਼ਨ ਗ੍ਰਾਮੀਣ ( ਵੀਬੀ ਜੀ ਰਾਮ ਜੀ ) ਰਾਜ ਪੱਧਰੀ ਸਮਾਗਮ ਵਿੱਚ ਮੌਜੂਦ ਕਾਮਿਆਂ ਨੂੰ ਸੰਬੋਧਨ ਕਰ ਰਹੇ ਸਨ। ਇਸ ਮੌਕੇ ਵਿਕਾਸ ਅਤੇ ਪੰਚਾਇਤ ਮੰਤਰੀ ਕ੍ਰਿਸ਼ਨ ਲਾਲ ਪੰਵਾਰ ਅਤੇ ਸਮਾਜਿਕ ਨਿਆਂ ਅਤੇ ਅਧਿਕਾਰਤਾ ਮੰਤਰੀ ਕ੍ਰਿਸ਼ਨ ਬੇਦੀ ਵੀ ਮੌਜੂਦ ਸਨ।ਮੁੱਖ ਮੰਤਰੀ ਨੇ ਕਿਹਾ ਕਿ ਸਾਲ 2047 ਤੱਕ ਭਾਰਤ ਨੂੰ ਇੱਕ ਵਿਕਸਿਤ ਰਾਸ਼ਟਰ ਬਣਾਉਣ ਦਾ ਜੋ ਸੰਕਲਪ ਪ੍ਰਧਾਨ ਮੰਤਰੀ ਨੇ ਲਿਆ ਹੈ, ਉਸ ਨੂੰ ਪਿੰਡਾਂ ਅਤੇ ਕਾਮਿਆਂ ਦੇ ਵਿਕਾਸ ਤੋਂ ਬਿਨਾਂ ਪੂਰਾ ਨਹੀਂ ਕੀਤਾ ਜਾ ਸਕਦਾ। ਵੀਬੀ ਜੀ ਰਾਮ ਜੀ ਸਿਰਫ ਰੁਜ਼ਗਾਰ ਦੇਣ ਦੀ ਯੋਜਨਾ ਨਹੀਂ ਹੈ ਸਗੋਂ ਮਿਹਨਤ ਕਰਨ ਵਾਲੇ ਲੋਕਾਂ ਦੇ ਜੀਵਨ ਨੂੰ ਉੱਚਾ ਚੁੱਕਣ, ਉਨ੍ਹਾਂ ਦਾ ਸਨਮਾਨ ਕਰਨ ਅਤੇ ਉਨ੍ਹਾਂ ਦਾ ਮਾਣ ਬਣਾਏ ਰੱਖਣ ਦੀ ਯੋਜਨਾ ਹੈ।ਇਹ ਸਿਰਫ ਮਨਰੇਗਾ ਦਾ ਨਾਮ ਬਦਲਣਾ ਨਹੀਂ ਹੈ, ਸਗੋਂ ਪੇਂਡੂ ਰੁਜਗਾਰ ਵਿਵਸਥਾ ਦਾ ਸੰਪੂਰਨ ਆਧੁਨਿਕੀਕਰਨ ਹੈ।ਉਨ੍ਹਾਂ ਕਿਹਾ ਕਿ ਇਸ ਨਵੇਂ ਕਾਨੂੰਨ ਤਹਿਤ ਰੁਜਗਾਰ ਦੀ ਵੈਧਾਨਿਕ ਗਾਰੰਟੀ ਨੂੰ 100 ਦਿਨਾਂ ਤੋਂ ਵਧਾ ਕੇ 125 ਦਿਨ ਕੀਤਾ ਗਿਆ ਹੈ।ਹਰਿਆਣਾ ਵਿੱਚ ਹਰ ਕਾਮੀ ਨੂੰ ਘੱਟ ਤੋਂ ਘੱਟ 10 ਹਜ਼ਾਰ ਰੁਪਏ ਵੱਧ ਮਿਲਣਗੇ।ਮੁੱਖ ਮੰਤਰੀ ਨੇ ਕਿਹਾ ਕਿ ਵੀਬੀ ਜੀ ਰਾਮ ਜੀ ਯੋਜਨਾ ਵਿੱਚ ਹੁਣ ਤੱਕ 15 ਦਿਨ ਦੀ ਥਾਂ ਹਫ਼ਤਾਵਰ ਵੇਤਨ ਭੁਗਤਾਨ ਦੀ ਵਿਵਸਥਾ ਕੀਤੀ ਗਈ ਹੈ ਤਾਂ ਜੋ ਮਜ਼ਦੂਰ ਨੂੰ ਸਮੇਂ 'ਤੇ ਉਸ ਦਾ ਪੈਸਾ ਮਿਲ ਸਕੇ। ਉਨ੍ਹਾਂ ਕਿਹਾ ਕਿ ਮਨਰੇਗਾ ਦੇ ਨਾਮ 'ਤੇ ਦੇਸ਼ ਦੇ ਕਈ ਹਿੱਸਿਆਂ ਵਿੱਚ ਭ੍ਰਿਸ਼ਟਾਚਾਰ, ਫਰਜ਼ੀ ਜਾਬ ਕਾਰਡ, ਠੇਕੇਦਾਰਾਂ ਦਾ ਵਰਚਸਵ ਅਤੇ ਮਜ਼ਦੂਰਾਂ ਦੇ ਹੱਕ ਦੀ ਲੁੱਟ ਹੋਈ।

# ਵਿਰਾਸਤ ਸੇਵਾ ਸੰਗਠਨ ਦੇ ਸਟੇਟ ਸੈਕਟਰੀ ਬਣਨ 'ਤੇ ਚੇਅਰਮੈਨ ਜੱਸੀ ਸਨਮਾਨਤ



**ਨਾਭਾ, (ਵਰਿੰਦਰ ਵਰਮਾ)**-ਆਮ ਆਦਮੀ ਪਾਰਟੀ ਵਿਰਾਸਤ ਸੇਵਾ ਸੰਗਠਨ ਦੇ ਐਲਾਨ ਕੀਤੇ ਅਹੁਦੇਦਾਰਾਂ ਵਿੱਚ ਵਿਧਾਨ ਸਭਾ ਹਲਕਾ ਨਾਭਾ ਤੋਂ ਹੋਣਹਾਰ ਨੌਜਵਾਨ ਆਗੂ ਤੇ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੂੰ ਪੰਜਾਬ ਦਾ ਸਟੇਟ ਸੈਕਟਰੀ ਨਿਯੁਕਤ ਹੋਣ 'ਤੇ ਹਲਕੇ ਦੇ ਲੋਕਾਂ ਤੇ ਆਮ ਆਦਮੀ ਪਾਰਟੀ ਦੇ ਵਲੰਟੀਅਰਾਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ।ਇਸ ਨਿਯੁਕਤੀ ਨੂੰ ਲੈ ਕੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਦੇ ਘਰ ਸ੍ਰੀ ਗੁਰੂ ਤੇਗ ਬਹਾਦੁਰ ਨਗਰ ਚੌਧਰੀ ਮਾਜਰਾ ਰੋਡ ਨਾਭਾ ਵਿਖੇ ਵਧਾਈਆਂ ਦੇਣ ਵਾਲਿਆਂ ਦਾ ਤਾਂਤਾ ਲੱਗਿਆ ਰਿਹਾ।ਇਸ ਨਿਯੁਕਤੀ ਨੂੰ ਲੈ ਕੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਪਾਰਟੀ ਹਾਈਕਮਾਂਡ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪਾਰਟੀ ਵੱਲੋਂ ਵਿਰਾਸਤ ਸੇਵਾ ਸੰਗਠਨ ਵਿੰਗ ਦੇ ਸਟੇਟ ਸੈਕਟਰੀ ਵਜੋਂ ਦਿੱਤੀ ਗਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ।ਉਨ੍ਹਾਂ ਨਿਯੁਕਤੀ ਕਰਨ ਲਈ ਪਾਰਟੀ ਸੁਪਰੀਮੋ ਸ੍ਰੀ ਅਰਵਿੰਦ ਕੇਜਰੀਵਾਲ, ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਸੂਬਾ ਪ੍ਰਧਾਨ ਅਮਨ ਅਰੋੜਾ, ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ ਸਮੇਤ ਸਮੁੱਚੀ ਪਾਰਟੀ ਹਾਈਕਮਾਂਡ ਦਾ ਧੰਨਵਾਦ ਕੀਤਾ।ਇਸ ਮੌਕੇ ਹਲਕੇ ਦੇ ਆਗੂਆਂ ਵਿੱਚੋਂ ਇੰਪਰੂਵਮੈਂਟ ਟਰੱਸਟ ਦੇ ਮੈਂਬਰ ਗੁਰਪ੍ਰੀਤ ਸਿੰਘ ਗੋਪੀ ਫੈਜਗੜ੍ਹ, ਟਰੱਕ ਯੂਨੀਅਨ ਦੇ ਸਾਬਕਾ ਪ੍ਰਧਾਨ ਸੁੱਖ ਘੁੰਮਣ ਚਾਸਵਾਲ, ਸੁਖਜੀਤ ਸਿੰਘ ਹਾਂਸ, ਬਲਾਕ ਸੰਮਤੀ ਮੈਂਬਰ ਕੇਵਲ ਸਿੰਘ ਰਣਜੀਤਗੜ੍ਹ, ਧੀਰਜ ਠਾਕੁਰ, ਦਵਿੰਦਰ ਸਿੰਘ ਥੂਹੀ, ਜਤਿੰਦਰ ਸਿੰਘ ਸਰਾਓ, ਨੀਟੂ ਸ਼ਰਮਾ ਜੱਸੋਮਜਾਰਾ, ਜਸਵੰਤ ਸਿੰਘ ਔਲਖ, ਗੀਤਕਾਰ ਮਨਦੀਪ ਸਿੰਘ ਘਣੀਵਾਲ, ਸਤਵੰਤ ਸਿੰਘ ਸੋਹੀ ਸਰਪੰਚ ਰਣਜੀਤਗੜ੍ਹ, ਗੁਰਮੁੱਖ ਸਿੰਘ ਮੋਹਲਗੁਆਰਾ, ਬਾਵਾ ਸਿੰਘ ਕਕਰਾਲੀ ਆਦਿ ਸਮੇਤ ਵੱਡੀ ਗਿਣਤੀ ਵਿੱਚ ਹਲਕੇ ਦੇ ਪੰਚ, ਸਰਪੰਚ ਤੇ ਆਪ ਵਲੰਟੀਅਰਾਂ ਨੇ ਉਨ੍ਹਾਂ ਨੂੰ ਮੁਬਾਰਕਬਾਦ ਦਿੱਤੀ।

19 Jan Page 8.qxd 1/18/2026 9:34 PM Page 1



# ਆਪਣੇ ਗੁਰੂ ਸ਼ਿਵਾਨੀ ਮਹੰਤ ਦਾ ਕਤਲ ਕਰਨ ਵਾਲੀ ਨਿਤਿਕਾ ਕਾਬੂ

**ਗੁਰਾਇਆ (ਬਿੰਦਰ ਸੁਮਨ)**- ਭਾਰਤ ਮਸੀਹ ਲੰਧੜ ਉਪ ਪੁਲਸ ਕਪਤਾਨ ਸਬ-ਡਵੀਜ਼ਨ ਫਿਲੌਰ ਜ਼ਿਲ੍ਹਾ ਜਲੰਧਰ ਦਿਹਾਤੀ ਨੇ ਦੱਸਿਆ ਕਿ 5 ਸਤੰਬਰ 2025 ਨੂੰ ਗਾਰੂ ਰਾਮ ਪੁੱਤਰ ਗੁਰਦਿਆਲ ਵਾਸੀ ਲਸਵਾੜਾ ਥਾਣਾ ਬਿਸ਼ਨਾ ਜ਼ਿਲ੍ਹਾ ਜੰਮੂ ਨੇ ਦੱਸਿਆ ਕਿ ਉਸ ਦਾ ਛੋਟਾ ਭਰਾ ਸ਼ਿਵਾਨੀ ਮਹੰਤ ਪੁੱਤਰ ਗੁਰਦਿਆਲ ਵਾਸੀ ਲਸਵਾੜਾ ਉਮਰ ਕਰੀਬ 50 ਸਾਲ ਜਨਮ ਤੋਂ ਹੀ ਮਹੰਤਾਂ ਦੇ ਵੱਖ ਵੱਖ ਗਰੁੱਪਾਂ ਨਾਲ ਰਹਿੰਦਾ ਸੀ ਅਤੇ ਸਾਲ 2013 ਤੋਂ ਉਸ ਦਾ ਭਰਾ ਸ਼ਿਵਾਨੀ ਮਹੰਤ ਪੱਕੇ ਤੌਰ 'ਤੇ ਭਾਗਵੰਤੀ ਮਹੰਤ ਹਾਜੀ ਪੁੱਤਰੀ ਮਹਿਗਾ ਰਾਮ ਵਾਸੀ ਪੱਤੀ ਨੱਬ ਕੀ ਗੁਰਾਇਆ ਦੇ ਨਾਲ ਮਾਂਗਾ ਪੱਤੀ ਗੁਰਾਇਆ ਵਿਖੇ ਰਹਿੰਦਾ ਸੀ। ਉਸ ਦੇ ਭਰਾ ਸ਼ਿਵਾਨੀ ਮਹੰਤ ਦੇ ਨਾਲ ਹੀ ਨਿਤਿਕਾ ਮਹੰਤ ਪੁੱਤਰੀ ਕਰਨੈਲ ਸਿੰਘ ਵਾਸੀ ਮਕਾਨ ਨੰਬਰ 9256/11 ਚੰਦਰਲੋਕ ਕਲੋਨੀ ਲੁਧਿਆਣਾ ਵੀ ਅਰਸਾ ਕਰੀਬ 5/6 ਸਾਲ ਤੋਂ ਉਸ ਦੀ ਚੇਲੀ ਬਣ ਕੇ ਰਹਿੰਦੀ ਸੀ। ਜੋ 4 ਸਤੰਬਰ 2025 ਨੂੰ ਉਸ ਨੂੰ ਵਕਤ ਕਰੀਬ 9 ਵਜੇ ਸਵੇਰੇ ਮੋਬਾਇਲ ਫੋਨ ਰਾਹੀਂ ਨਿਤਿਕਾ ਮਹੰਤ ਨੇ ਦੱਸਿਆ ਕਿ ਸ਼ਿਵਾਨੀ ਮਹੰਤ ਦੀ ਬਾਥਰੂਮ ਵਿੱਚ ਡਿੱਗਣ ਕਰਕੇ ਮੌਤ ਹੋ ਗਈ। ਜਿਸ 'ਤੇ ਉਹ ਆਪਣੇ ਪਰਵਾਰਕ ਮੈਂਬਰਾਂ ਨਾਲ ਦੇਰ ਸ਼ਾਮ ਗੁਰਾਇਆ ਵਿਖੇ ਪੁੱਜਾ ਤਾਂ ਉਸ ਨੂੰ ਪਤਾ ਲੱਗਾ ਕਿ ਉਸ ਨੇ ਸ਼ਿਵਾਨੀ ਮਹੰਤ ਦੀ ਲਾਸ਼ ਨੂੰ ਚੈਰੀਟੇਬਲ ਹਸਪਤਾਲ ਬਿਲਗਾ ਵਿਖੇ ਰੱਖਿਆ ਹੈ ਤਾਂ ਆਪਣੇ ਪਰਵਾਰਕ ਮੈਂਬਰਾਂ ਨਾਲ ਚੈਰੀਟੇਬਲ ਹਸਪਤਾਲ ਬਿਲਗਾ ਵਿਖੇ ਜਾ ਕੇ ਆਪਣੇ ਭਰਾ ਸ਼ਿਵਾਨੀ ਮਹੰਤ ਦੀ ਲਾਸ਼ ਨੂੰ ਦੇਖਿਆ ਤਾਂ ਉਸ ਦੇ ਗਲੇ ਵਿੱਚ ਕਾਫੀ ਜ਼ਿਆਦਾ ਨਿਸ਼ਾਨ ਪਿਆ ਹੋਇਆ ਸੀ। ਜੋ ਉਸ ਨੂੰ ਪੂਰਾ ਯਕੀਨ ਹੈ ਕਿ 3/4 ਸਤੰਬਰ 2025 ਦੀ ਦਰਮਿਆਨੀ ਰਾਤ ਨੂੰ ਉਸ ਦੇ ਭਰਾ ਸ਼ਿਵਾਨੀ ਮਹੰਤ ਦੀ ਨਿਤਿਕਾ ਮਹੰਤ ਨੇ ਕਿਸੇ ਲਾਲਚ ਵਿੱਚ ਆ ਕੇ ਉਸ ਦਾ ਕਿਸੇ ਕੱਪੜੇ ਨਾਲ ਗਲਾ ਘੁੱਟ ਕੇ ਹੱਤਿਆ ਕੀਤੀ ਹੈ।ਜਿਸ 'ਤੇ ਐਸ ਆਈ ਜਸਵਿੰਦਰ ਪਾਲ ਥਾਣਾ ਗੁਰਾਇਆ ਨੇ ਮੁਕੱਦਮਾ ਥਾਣਾ ਗੁਰਾਇਆ ਦਰਜ ਕਰਕੇ ਮੁਢਲੀ ਤਫਤੀਸ਼ ਅਮਲ ਵਿੱਚ ਲਿਆਦੀ। ਦੌਰਾਨੇ ਤਫਤੀਸ਼ ਮੁਕੱਦਮਾ ਹਜ਼ਾ ਵਿੱਚ ਮੁਦਈ ਮੁਕੱਦਮਾ ਦੇ ਤਰਤਿਮੇ ਬਿਆਨ 'ਤੇ ਦੋਸ਼ੀਆਨ ਹਰਦੀਪ ਸਿੰਘ ਉਰਫ ਦੀਪਾ ਪੁੱਤਰ ਲਛਮਣ ਸਿੰਘ ਵਾਸੀ ਲਹਿਲ ਨੇੜੇ ਰਾੜਾ ਸਾਹਿਬ ਥਾਣਾ ਮਲੌਦ ਜ਼ਿਲ੍ਹਾ ਲੁਧਿਆਣਾ ਅਤੇ ਜਤਿੰਦਰ ਸਿੰਘ ਉਰਫ ਪੱਪੀ ਪੁੱਤਰ ਕਰਨੈਲ ਸਿੰਘ ਵਾਸੀ ਮਜੀਠਾ ਰੋਡ ਅੰਮ੍ਰਿਤਸਰ ਅਤੇ ਇੱਕ ਨਾ-ਮਲੂਮ ਵਿਅਕਤੀ ਨੂੰ ਨਾਮਜ਼ਦ ਕੀਤਾ ਗਿਆ। ਜੋ ਦੌਰਾਨੇ ਤਫਤੀਸ਼ ਮੁਕੱਦਮਾ ਹਜ਼ਾ ਵਿੱਚ



ਦੋਸ਼ੀ ਹਰਦੀਪ ਸਿੰਘ ਉਰਫ ਦੀਪਾ ਪੁੱਤਰ ਲਛਮਣ ਸਿੰਘ ਵਾਸੀ ਲਹਿਲ ਨੇੜੇ ਰਾੜਾ ਸਾਹਿਬ ਥਾਣਾ ਮਲੌਦ ਜ਼ਿਲ੍ਹਾ ਲੁਧਿਆਣਾ ਨੂੰ 7 ਸਤੰਬਰ 2025 ਨੂੰ ਗ੍ਰਿਫਤਾਰ ਕੀਤਾ ਗਿਆ ਅਤੇ ਦੋਸ਼ੀ ਜਤਿੰਦਰ ਸਿੰਘ ਉਰਫ ਪੱਪੀ ਪੁੱਤਰ ਕਰਨੈਲ ਸਿੰਘ ਵਾਸੀ ਇਦਰਾ ਕਲੋਨੀ ਮਜੀਠਾ ਰੋਡ ਅੰਮ੍ਰਿਤਸਰ ਨੂੰ 24 ਦਸੰਬਰ 2025 ਨੂੰ ਗ੍ਰਿਫਤਾਰ ਕੀਤਾ ਗਿਆ। ਜੋ ਉਕਤ ਮੁਕੱਦਮਾ ਦੀ ਮਾਸਟਰ ਮਾਈਂਡ ਦੋਸ਼ਣ ਨਿਕਿਤਾ ਮਹੰਤ ਨੂੰ ਗ੍ਰਿਫਤਾਰ ਕਰਨ ਲਈ ਵੱਖ ਵੱਖ ਪੁਲਸ ਪਾਰਟੀਆਂ ਬਣਾਈਆਂ ਗਈਆਂ ।ਜੋ 12 ਜਨਵਰੀ 2026 ਨੂੰ ਮੁਕੱਦਮਾ ਦੀ ਮੁੱਖ ਦੋਸ਼ਣ ਵਰਿੰਦਰ ਸਿੰਘ ਉਰਫ ਨਿਤਿਕਾ ਮਹੰਤ ਪੁੱਤਰ ਕਰਨੈਲ ਸਿੰਘ ਵਾਸੀ ਚੋੜਾ ਮੰਡ ਥਾਣਾ ਕੂੰਮਕਲਾਂ ਜ਼ਿਲ੍ਹਾ ਲੁਧਿਆਣਾ ਹਾਲ ਵਾਸੀ ਪੱਤੀ ਮਾਂਗਾ ਗੁਰਾਇਆ, ਥਾਣਾ ਗੁਰਾਇਆ ਨੂੰ ਅੰਮ੍ਰਿਤਸਰ ਤੋਂ ਗ੍ਰਿਫਤਾਰ ਕੀਤਾ ਗਿਆ ਅਤੇ ਦੋਸ਼ਣ ਵਰਿੰਦਰ ਸਿੰਘ ਉਰਫ ਨਿਤਿਕਾ ਮਹੰਤ ਨੂੰ ਇਲਾਕਾ ਮੈਜਿਸਟਰੇਟ ਫਿਲੌਰ ਦੀ ਅਦਾਲਤ ਵਿੱਚ ਪੇਸ਼ ਕਰਕੇ ਉਕਤ ਦਾ ਪੁਲਸ ਰਿਮਾਂਡ ਹਾਸਲ ਕੀਤਾ ਗਿਆ ਹੈ। ਵਰਿੰਦਰ ਉਰਫ ਨਿਤਿਕਾ ਮਹੰਤ ਨੇ ਪੁੱਛਗਿੱਛ 'ਤੇ ਦੱਸਿਆ ਕਿ ਉਸ ਨੇ ਆਪਣੇ ਸਾਥੀਆਂ ਨਾਲ ਮਿਲ ਕੇ ਸ਼ਿਵਾਨੀ ਮਹੰਤ ਦਾ ਚੁੰਨੀ ਨਾਲ ਗਲਾ ਘੁੱਟ ਕੇ ਅਤੇ ਸਰਹਾਣੇ ਨਾਲ ਉਸ ਦਾ ਮੂੰਹ ਘੁੱਟ ਕੇ ਉਸ ਨੂੰ ਮਾਰਿਆ ਸੀ ਅਤੇ ਉਸ ਤੋਂ ਬਾਅਦ ਮ੍ਰਿਤਕ ਸ਼ਿਵਾਨੀ ਮਹੰਤ ਦਾ ਸਾਰਾ ਸੋਨਾ ਲੈ ਗਏ ਸੀ । ਜੋ ਬਾਅਦ ਵਿੱਚ ਨਿਤਿਕਾ ਮਹੰਤ ਆਪਣੀ ਭੈਣ ਕੋਲ ਲੁਧਿਆਣਾ ਚਲੇ ਗਈ ਸੀ ਅਤੇ ਉਸ ਤੋਂ ਬਾਅਦ ਫਿਰ ਉਸ ਦੀ ਭੈਣ ਨੇ ਨਿਤਿਕਾ ਮਹੰਤ ਨੂੰ ਕਲਕੱਤੇ ਵਿਖੇ ਭੇਜ ਦਿੱਤਾ ਸੀ। ਜੋ ਉਹ ਕੁੱਝ ਸਮਾਂ ਕਲਕੱਤੇ ਰਹਿਣ ਤੋਂ ਬਾਅਦ ਅੰਮ੍ਰਿਤਸਰ ਵਿਖੇ ਕਿਰਾਏ ਦਾ ਮਕਾਨ ਲੈ ਕੇ ਰਹਿ ਰਹੀ ਸੀ ਅਤੇ ਜੋ ਸੋਨਾ ਉਹ ਲੈ ਕੇ ਗਈ ਸੀ, ਉਸ ਨੇ ਵੇਚ ਦਿੱਤਾ ਸੀ। ਜੋ ਦੌਰਾਨੇ ਪੁਲਸ ਰਿਮਾਂਡ ਵਰਿੰਦਰ ਸਿੰਘ ਉਰਫ ਨਿਤਿਕਾ ਮਹੰਤ ਉਕਤ ਪਾਸੋਂ ਮ੍ਰਿਤਕ ਸ਼ਿਵਾਨੀ ਮਹੰਤ ਦੇ ਕਤਲ ਦੌਰਾਨ ਵਰਤੀ ਗਈ ਚੁੰਨੀ ਅਤੇ ਸਰਾਹਣਾ ਬ੍ਰਾਮਦ ਕੀਤਾ ਗਿਆ।

# ਮਾਨ ਦੇ ਗ੍ਰਹਿ ਵਿਖੇ ਐਕਸਾਈਜ਼ ਐਂਡ ਟੈਕਸੇਸ਼ਨ ਟਰੇਡਰਜ਼ ਕਮਿਸ਼ਨ ਦੀ ਮੀਟਿੰਗ

**ਫਗਵਾੜਾ (ਡਾ. ਰਮਨ)**- ਆਮ ਆਦਮੀ ਪਾਰਟੀ ਦੇ ਐਕਸਾਈਜ਼ ਐਂਡ ਟੈਕਸੇਸ਼ਨ ਟਰੇਡਰਜ਼ ਕਮਿਸ਼ਨ ਦੀ ਮੀਟਿੰਗ ਸੀਨੀਅਰ ਆਪ ਆਗੂ ਜੋਗਿੰਦਰ ਸਿੰਘ ਮਾਨ ਸਾਬਕਾ



ਮੰਤਰੀ ਪੰਜਾਬ ਦੇ ਗ੍ਰਹਿ ਵਿਖੇ ਪਾਰਟੀ ਦੇ ਸੂਬਾ ਸੰਯੁਕਤ ਪਰਸਨ ਅਤੇ ਵਿਧਾਨ ਸਭਾ ਹਲਕਾ ਫਗਵਾੜਾ ਦੇ ਇੰਚਾਰਜ ਹਰਨੂਰ ਸਿੰਘ (ਹਰਜੀ) ਮਾਨ ਦੀ ਅਗਵਾਈ ਹੇਠ ਹੋਈ। ਜਿਸ ਵਿੱਚ ਦੋਆਬਾ ਜ਼ੋਨ ਯੂਥ ਵਿੰਗ ਦੇ ਇੰਚਾਰਜ ਰਵੀ ਕੰਗ ਤੋਂ ਇਲਾਵਾ ਟਰੇਡਰਜ਼ ਕਮਿਸ਼ਨ ਦੇ ਜ਼ਿਲ੍ਹਾ ਚੇਅਰਮੈਨ ਕੰਵਰ ਇਕਬਾਲ ਸਿੰਘ, ਫਗਵਾੜਾ ਚੇਅਰਮੈਨ ਸੁਸ਼ੀਲ ਚੰਮ (ਬੌਬੀ) ਅਤੇ ਸਕੱਤਰ ਰਿੱਕੀ ਮਨੋਚਾ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਮੀਟਿੰਗ ਦੌਰਾਨ ਹਲਕਾ ਇੰਚਾਰਜ ਹਰਜੀ ਮਾਨ ਵਲੋਂ ਬੌਬੀ ਚੰਮ ਸਮੇਤ ਕਮਿਸ਼ਨ ਦੇ ਸਮੂਹ ਅਹੁਦੇਦਾਰਾਂ ਨੂੰ ਸਿਰੋਪੇ ਪਾ ਕੇ ਸਨਮਾਨਤ ਕੀਤਾ ਗਿਆ। ਮੀਟਿੰਗ ਦੌਰਾਨ ਵੈਟ ਆਦਿ ਕਰਾਂ ਦੇ ਭੁਗਤਾਨ ਅਤੇ ਵਿਭਾਗ ਨਾਲ ਸੰਬੰਧਤ ਵਪਾਰੀਆਂ ਨੂੰ ਦਰਪੇਸ਼ ਹੋਣ ਵਾਲੀਆਂ ਮੁਸ਼ਕਲਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਉਪਰੰਤ ਸੂਬਾ ਸੰਯੁਕਤ ਪਰਸਨ ਹਰਜੀ ਮਾਨ ਨੇ ਸੰਬੋਧਨ ਕਰਦਿਆਂ ਕਿਹਾ ਕਿ ਲੰਮੇ ਸਮੇਂ ਤੋਂ ਵਪਾਰੀ ਵਰਗ ਦੀਆਂ ਮੰਗਾਂ, ਟੈਕਸੇਸ਼ਨ ਨਾਲ ਸੰਬੰਧਤ ਮੁਸ਼ਕਲਾਂ ਅਤੇ ਸਥਾਨਕ ਮਸਲਿਆਂ ਨੂੰ ਜਲਦੀ ਦੂਰ ਕਰਵਾਇਆ ਜਾਵੇਗਾ। ਉਹਨਾਂ ਅਪੀਲ ਕੀਤੀ ਕਿ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਅਤੇ ਪੰਜਾਬ ਸਰਕਾਰ ਦੀਆਂ ਲੋਕ-ਪੱਖੀ ਯੋਜਨਾਵਾਂ ਨੂੰ ਵਪਾਰੀਆਂ ਤੱਕ ਪਹੁੰਚਾਉਣ ਦੀ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇ। ਉਹਨਾਂ ਭਰੋਸਾ ਦਿੱਤਾ ਕਿ ਐਕਸਾਈਜ਼ ਤੇ ਟੈਕਸੇਸ਼ਨ ਵਿਭਾਗ ਨਾਲ ਜੁੜੇ ਮਸਲਿਆਂ ਵਿੱਚ ਪਾਰਦਰਸ਼ਤਾ, ਸੰਚਾਰ ਅਤੇ ਸਹੂਲਤਾਂ ਨੂੰ ਯਕੀਨੀ ਬਣਾਇਆ ਜਾਵੇਗਾ। ਟਰੇਡਰਜ਼ ਕਮਿਸ਼ਨ ਦੇ ਸਮੂਹ ਅਹੁਦੇਦਾਰਾਂ ਨੇ ਕਿਹਾ ਕਿ ਉਹ ਵਪਾਰਕ ਭਾਈਚਾਰੇ ਦੀਆਂ ਸਮੱਸਿਆਵਾਂ ਨੂੰ ਤਰਜੀਹ ਦੇ ਆਧਾਰ 'ਤੇ ਹੱਲ ਕਰਵਾਉਣ ਲਈ ਵਚਨਬੱਧ ਹਨ ਅਤੇ ਉਨ੍ਹਾਂ ਦੇ ਹੱਲ ਲਈ ਸਰਕਾਰ ਦੇ ਜ਼ਰੀਏ ਸਬੰਧਤ ਵਿਭਾਗਾਂ ਨਾਲ ਤਾਲਮੇਲ ਬਣਾ ਕੇ ਕੰਮ ਕਰਦੇ ਰਹਿਣਗੇ। ਜ਼ਿਲ੍ਹਾ ਚੇਅਰਮੈਨ ਕੰਵਰ ਇਕਬਾਲ ਸਿੰਘ ਅਤੇ ਫਗਵਾੜਾ ਚੇਅਰਮੈਨ ਬੌਬੀ ਚੰਮ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵਪਾਰੀਆਂ ਦੇ ਹਿੱਤਾਂ ਦੀ ਰੱਖਿਆ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਉਹ ਇਸ ਭਰੋਸੇ 'ਤੇ ਖਰਾ ਉਤਰਨ ਲਈ ਹਰ ਸੰਭਵ ਯਤਨ ਕਰਨਗੇ। ਇਸ ਮੌਕੇ ਰਵਿੰਦਰ ਸਿੰਘ, ਅਮਨਦੀਪ ਸਿੰਘ, ਜਗਮੋਹਨ, ਰਾਕੇਸ਼ ਓਹਰੀ, ਸਤੀਸ਼ ਬੰਟੀ ਵਰੁਣ ਕੁਮਾਰ ਆਦਿ ਵੀ ਹਾਜ਼ਰ ਸਨ।

# ਹੈਰੋਇਨ ਤੇ 26 ਨਸ਼ੀਲੀਆਂ ਗੋਲੀਆਂ ਸਮੇਤ ਨੌਜਵਾਨ ਕਾਬੂ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)** ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਵਿੱਢੀ ਮੁਹਿੰਮ ਤਹਿਤ ਜ਼ਿਲ੍ਹਾ ਪੁਲਸ ਮੁਖੀ ਸੰਦੀਪ ਕੁਮਾਰ ਮਲਿਕ ਦੇ ਦਿਸ਼ਾ ਨਿਰਦੇਸ਼ਾਂ ਤਹਿਤ,



ਡੀ ਐਸ ਪੀ ਪਲਵਿੰਦਰ ਸਿੰਘ ਦੀ ਦੇਖ ਰੇਖ ਵਿਚ ਥਾਣਾ ਮੁੱਖੀ ਰਜਿੰਦਰ ਸਿੰਘ ਦੇ ਯਤਨਾਂ ਸਦਕਾ ਪੁਲਸ ਚੌਂਕੀ ਅਜਨੋਹਾ ਦੇ ਇੰਚਾਰਜ ਏ ਐੱਸ ਆਈ ਕੌਸ਼ਲ ਚੰਦਰ ਦੀ ਅਗਵਾਈ ਵਿੱਚ ਏ ਐਸ ਆਈ ਕੁਲਵਿੰਦਰ ਸਿੰਘ, ਐਚ ਸੀ ਪ੍ਰਭਜੋਤ ਸਮੇਤ ਪੁਲਸ ਪਾਰਟੀ ਨੇ ਅਜਨੋਹਾ ਤੋਂ ਟੋਡਰਪੁਰ ਨੂੰ ਜਾਂਦੇ ਟੀ-ਪੁਆਇੰਟ ਤੇ ਲਗਾਏ ਨਾਕੇ ਦੌਰਾਨ ਟੋਡਰਪੁਰ ਵੱਲੋਂ ਮੋਟਰ ਸਾਈਕਲ 'ਤੇ ਆ ਰਹੇ ਦੋ ਨੌਜਵਾਨ ਜੋ ਪੁਲਸ ਨੂੰ ਦੇਖ ਕੇ ਘਬਰਾ ਕੇ ਵਾਪਸ ਆਪਣੇ ਮੋਟਰਸਾਈਕਲ ਤੇ ਵਾਪਸ ਮੁੜਨ ਲੱਗੇ ਤਾਂ ਪੁਲਸ ਨੇ ਉਕਤ ਨੌਜਵਾਨਾਂ ਨੂੰ ਫੜ ਲਿਆ।ਗੁਰਪ੍ਰੀਤ ਦੀ ਤਲਾਸ਼ੀ ਲੈਣ 'ਤੇ ਉਸ ਦੀ ਜੇਬ 'ਚੋਂ ਮਿਲੇ 3.88 ਗ੍ਰਾਮ ਹੈਰੋਇਨ ਨੁਮਾ ਪਦਾਰਥ ਅਤੇ ਕੂਲ ਲਿਪ ਲਿਫਾਫੇ ਵਿੱਚੋਂ 26 ਖੁੱਲ੍ਹੀਆਂ ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ।ਪੁੱਛਗਿੱਛ ਦੌਰਨ ਉਕਤ ਨੌਜਵਾਨ ਨੇ ਆਪਣਾ ਨਾਂਅ ਗੁਰਪ੍ਰੀਤ ਸਿੰਘ ਵਾਸੀ ਪਿੰਡ ਨਰੂੜ ਥਾਣਾ ਰਾਵਲਪਿੰਡੀ ਹਾਲ ਵਾਸੀ ਟੋਡਰਪੁਰ ਦੱਸਿਆ ਦੂਜੇ ਨੇ ਅਜੇ ਰਾਹੁਲ ਵਾਸੀ ਪਿੰਡ ਪਾਂਸਟਾ ਥਾਣਾ ਰਾਵਲਪਿੰਡੀ ਦੱਸਿਆ ਜਿਸ ਕੋਲੋਂ ਇੱਕ ਦਸ ਦੇ ਰੁਪਏ ਦੀ ਪੰਨੀ ਨਿਕਲੀ।ਪੁਲਸ ਚੌਂਕੀ ਅਜਨੋਹਾ ਦੇ ਚੌਂਕੀ ਇੰਚਾਰਜ ਏ ਐੱਸ ਆਈ ਕੌਸ਼ਲ ਚੰਦਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਕਤ ਨੌਜਵਾਨਾਂ ਨੂੰ ਕਾਬੂ ਕਰਕੇ ਉਨ੍ਹਾਂ ਵਿਰੁੱਧ ਪਰਚਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਵਾਰਡ 21 ਦੀਆਂ ਗਲੀਆਂ 'ਚ ਸਫਾਈ ਲਈ ਰਗਬੋਤਰਾ ਨੇ ਖ਼ੁਦ ਚੁੱਕਿਆ ਝਾੜੂ

**ਫਗਵਾੜਾ (ਡਾ. ਰਮਨ)**- ਪ੍ਰੇਮ ਨਗਰ ਸੇਵਾ ਸੁਸਾਇਟੀ ਦੇ ਪ੍ਰਧਾਨ ਸੁਧੀਰ ਸ਼ਰਮਾ ਅਤੇ ਸਕੱਤਰ ਸੁਰਿੰਦਰਪਾਲ ਨੇ ਦੱਸਿਆ ਕਿ ਨਗਰ ਨਿਗਮ ਫਗਵਾੜਾ ਵੱਲੋਂ ਵਾਰਡ ਨੰਬਰ 21 ਦੀਆਂ ਕਈ ਗਲੀਆਂ ਵਿੱਚ ਲੰਮੇ ਸਮੇਂ ਤੋਂ ਕੋਈ ਵੀ ਸਫਾਈ ਕਰਮਚਾਰੀ ਤਾਇਨਾਤ ਨਹੀਂ ਕੀਤਾ ਗਿਆ।ਉਨ੍ਹਾਂ ਕਿਹਾ ਕਿ ਨਗਰ ਨਿਗਮ ਨੂੰ ਕਈ ਵਾਰ ਮੌਖਿਕ ਅਤੇ ਲਿਖਤੀ ਤੌਰ 'ਤੇ ਸ਼ਿਕਾਇਤਾਂ ਅਤੇ ਬੇਨਤੀਆਂ ਦਿੱਤੀਆਂ ਗਈਆਂ, ਪਰ ਪ੍ਰਸ਼ਾਸਨ ਦੀ ਬੇਪਰਵਾਹੀ ਕਾਰਨ ਸਮੱਸਿਆ ਜਿਉਂ ਦੀ ਤਿਉਂ ਬਣੀ ਹੋਈ ਹੈ। ਨਗਰ ਨਿਗਮ ਦੀ ਲਾਪਰਵਾਹ ਅਤੇ ਗੈਰ-ਜ਼ਿੰਮੇਵਾਰ ਕਾਰਗੁਜ਼ਾਰੀ ਨੂੰ ਲੈ ਕੇ ਵਾਰਡ ਵਾਸੀਆਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਵਾਰਡ ਵਾਸੀਆਂ ਦੀਆਂ ਮੁਸ਼ਕਲਾਂ ਨੂੰ ਗੰਭੀਰਤਾ ਨਾਲ ਲੈਂਦਿਆਂ ਵਾਰਡ ਕੌਂਸਲਰ ਪਰਵਿੰਦਰ ਕੌਰ ਰਗਬੋਤਰਾ ਦੇ ਪਤੀ ਅਤੇ ਨਗਰ ਕੌਂਸਲ ਫਗਵਾੜਾ ਦੇ ਸਾਬਕਾ ਪ੍ਰਧਾਨ ਮਲਕੀਅਤ ਸਿੰਘ ਰਗਬੋਤਰਾ ਨੇ ਖੁਦ ਝਾੜੂ ਚੁੱਕ ਕੇ ਗਲੀਆਂ ਵਿੱਚ ਪਿਆ ਕੂੜਾ ਸਾਫ਼ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਚੋਣਾਂ ਦੌਰਾਨ ਲੋਕਾਂ ਨਾਲ ਕੀਤੇ ਸੇਵਾ ਦੇ ਵਾਅਦੇ ਤੋਂ ਉਹ ਕਦੇ ਵੀ ਪਿੱਛੇ ਨਹੀਂ ਹਟਣਗੇ। ਜੇਕਰ ਨਗਰ ਨਿਗਮ ਆਪਣੀ ਜ਼ਿੰਮੇਵਾਰੀ ਨਹੀਂ ਨਿਭਾਉਂਦਾ, ਤਾਂ ਉਹ



ਲੋਕਾਂ ਦੇ ਨਾਲ ਮਿਲ ਕੇ ਖੁਦ ਸਫਾਈ ਮੁਹਿਮ ਜਾਰੀ ਰੱਖਣਗੇ। ਉਨ੍ਹਾਂ ਵਾਰਡ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਜਿਵੇਂ ਅਸੀਂ ਆਪਣੇ ਘਰਾਂ ਨੂੰ ਸਾਫ਼-ਸੁਥਰਾ ਰੱਖਦੇ ਹਾਂ, ਉਸੇ ਤਰ੍ਹਾਂ ਆਪਣੀਆਂ ਗਲੀਆਂ ਅਤੇ ਵਾਰਡ ਦੀ ਸਫਾਈ ਲਈ ਵੀ ਸਾਂਝੀ ਜ਼ਿੰਮੇਵਾਰੀ ਨਿਭਾਈਏ। ਉਨ੍ਹਾਂ ਨਗਰ ਨਿਗਮ ਦੀ ਕਾਰਗੁਜ਼ਾਰੀ ਪ੍ਰਤੀ ਵੀ ਨਾਰਾਜ਼ਗੀ ਜ਼ਾਹਰ ਕਰਦਿਆਂ ਕਿਹਾ ਕਿ ਲੋਕ ਨਿਗਮ ਨੂੰ ਟੈਕਸ ਭਰਦੇ ਹਨ, ਇਸ ਲਈ ਨਗਰ ਨਿਗਮ ਦਾ ਫ਼ਰਜ਼ ਬਣਦਾ ਹੈ ਕਿ ਲੋਕਾਂ ਨੂੰ ਮੁਢਲੀਆਂ ਸਹੂਲਤਾਂ ਦੇ ਨਾਲ ਸਫਾਈ ਦੀ ਯੋਗ ਵਿਵਸਥਾ ਮੁਹੱਈਆ ਕਰਵਾਈ ਜਾਵੇ। ਉਨ੍ਹਾਂ ਵਾਰਡ ਵਾਸੀਆਂ ਨੂੰ ਭਰੋਸਾ ਦਿਵਾਇਆ ਕਿ ਲੋਕਾਂ ਦੇ ਸਹਿਯੋਗ ਨਾਲ ਸਫਾਈ ਮੁਹਿਮ ਨੂੰ ਲਗਾਤਾਰ ਜਾਰੀ ਰੱਖਿਆ ਜਾਵੇਗਾ ਅਤੇ ਕਿਸੇ ਨੂੰ ਵੀ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ।

# ਪ੍ਰਿੰਸੀਪਲ ਸੈਕਟਰੀ (ਲੇਬਰ) ਵੱਲੋਂ ਆਪਹੁਦਰੇ ਲਏ ਜਾ ਰਹੇ ਫੈਸਲਿਆਂ ਖ਼ਿਲਾਫ਼ ਸੰਘਰਸ਼ ਵਿੱਢਣ ਦਾ ਐਲਾਨ

**ਚੰਡੀਗੜ੍ਹ, (ਨਵਾਂ ਜ਼ਮਾਨਾ ਸਰਵਿਸ)**- ਪੰਜਾਬ ਲੇਬਰ ਵਿਭਾਗ ਦੇ ਪ੍ਰਿੰਸੀਪਲ ਸੈਕਟਰੀ ਅਤੇ ਬਿਲਡਿੰਗ ਐਂਡ ਅੰਦਰ ਕੰਸਟਰੱਕਸ਼ਨ ਵੈੱਲਫੇਅਰ ਬੋਰਡ ਦੇ ਸੈਕਟਰੀ ਵੱਲੋਂ ਬੋਰਡ ਦੇ ਮੈਂਬਰਾਂ ਨਾਲ ਮੀਟਿੰਗ ਕਰਨ



ਤੋਂ ਬਿਨਾਂ ਕਿਰਤੀਆਂ ਦੀ ਭਲਾਈ ਦੀ ਬਜਾਏ, ਉਹਨਾਂ ਖਿਲਾਫ਼ ਆਪਹੁਦਰੇ ਲਏ ਜਾ ਰਹੇ ਫੈਸਲਿਆਂ ਦਾ ਕੰਸਟਰੱਕਸ਼ਨ ਵਰਕਰਜ਼ ਐਂਡ ਲੇਬਰ ਯੂਨੀਅਨ ਏਟਕ ਪੰਜਾਬ ( ਰਜਿ:) ਨੇ ਸਖ਼ਤ ਨੋਟਿਸ ਲੈਂਦਿਆਂ ਪੰਜਾਬ ਦੇ ਲੇਬਰ ਡਿਪਾਰਟਮੈਂਟ ਦੇ ਪ੍ਰਿੰਸੀਪਲ ਸਕੱਤਰ ਖਿਲਾਫ਼ ਸੂਬਾ ਪੱਧਰੀ ਸੰਘਰਸ਼ ਵਿੱਢਣ ਦਾ ਐਲਾਨ ਕੀਤਾ ਹੈ। ਯੂਨੀਅਨ ਦੇ ਸੂਬਾ ਜਨਰਲ ਸਕੱਤਰ ਸਾਥੀ ਸੁਖਦੇਵ ਸ਼ਰਮਾ, ਸਕੱਤਰ ਜੈਪਾਲ, ਮੀਤ ਸਕੱਤਰ ਐਡਵੋਕੇਟ ਪਰਮਜੀਤ ਢਾਬਾਂ, ਸੂਬਾਈ ਮੀਤ ਪ੍ਰਧਾਨ ਭਰਪੂਰ ਸਿੰਘ ਬੁਲਾਪੁਰ, ਖਜ਼ਾਨਚੀ ਪ੍ਰਦੀਪ ਚੀਮਾ ਅਤੇ ਸੂਬਾ ਕਮੇਟੀ ਮੈਂਬਰ ਜੰਮੂ ਰਾਮ ਬਨਵਾਲਾ ਨੇ ਸਾਂਝੇ ਤੌਰ 'ਤੇ ਪ੍ਰੈਸ ਦੇ ਨਾਂ ਜਾਰੀ ਕੀਤੇ ਬਿਆਨ ਰਾਹੀਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਲੇਬਰ ਡਿਪਾਰਟਮੈਂਟ ਦੇ ਪ੍ਰਿੰਸੀਪਲ ਸੈਕਟਰੀ ਵੱਲੋਂ ਬੋਰਡ ਵਿੱਚ ਨਿਯੁਕਤ ਕੀਤੇ ਹੋਏ ਨੁਮਾਇੰਦਿਆਂ ਨਾਲ ਮੀਟਿੰਗ ਕਰਨ ਤੋਂ ਬਿਨਾਂ ਆਪਣੀ ਮਰਜ਼ੀ ਨਾਲ ਨਵੇਂ ਨਿਯਮ ਬਣਾ ਕੇ ਆਪਹੁਦਰਾ ਸ਼ਾਹੀ ਫ਼ਰਮਾਨ ਜਾਰੀ ਕਰਦਿਆਂ ਫੈਸਲੇ ਲਏ ਜਾ ਰਹੇ ਹਨ, ਜੋ ਕਿ ਕਿਸੇ ਵੀ ਤਰ੍ਹਾਂ ਕਿਰਤੀਆਂ ਦੇ ਹੱਕ ਵਿੱਚ ਭੁਗਤਦੇ ਨਜ਼ਰ ਨਹੀਂ ਆ ਰਹੇ। ਜਿਸ ਦਾ ਉਹਨਾਂ ਦੀ ਯੂਨੀਅਨ ਵੱਲੋਂ ਡਟ ਕੇ ਵਿਰੋਧ ਹੀ ਨਹੀਂ ਕੀਤਾ ਜਾਵੇਗਾ ਸਗੋਂ ਸੂਬਾ ਪੱਧਰੀ ਪ੍ਰਿੰਸੀਪਲ ਸੈਕਟਰੀ ਖਿਲਾਫ ਸੰਘਰਸ਼ ਵਿੱਢਣ ਦਾ ਸਖਤ ਫੈਸਲਾ ਲਿਆ ਜਾਵੇਗਾ। ਜਾਰੀ ਬਿਆਨ ਵਿੱਚ ਆਗੂਆਂ ਨੇ ਦੱਸਿਆ ਕਿ ਕਿਰਤ ਵਿਭਾਗ ਵੱਲੋਂ ਐਕਸ ਗਰੇਸ਼ੀਆਆ ਸਕੀਮ ਨੂੰ ਮਨਜ਼ੂਰੀ ਨਾ ਦੇਣਾ, ਐਲ ਟੀ ਸੀ ਨੂੰ ਲਗਭਗ ਖਤਮ ਕਰਨ ਕਿਨਾਰੇ ਲੈ ਕੇ ਆਉਣਾ, ਸਰਜਰੀ ਦੇ ਬਕਾਇਆ ਰਕਮ ਨੂੰ ਸਿਹਤ ਬੀਮਾ ਨਾਲ ਜੋੜ ਕੇ ਕਿਰਤੀਆਂ ਨੂੰ ਨਜਾਇਜ਼ ਤੌਰ ਤੇ ਤੰਗ ਪਰੇਸ਼ਾਨ ਕਰਨਾ, ਦੇਸ਼ ਨੂੰ ਉਸਾਰਨ ਵਿੱਚ ਜ਼ਿੰਦਗੀ ਭਰ ਆਪਣੀਆਂ ਸਵਾਵਾਂ ਦੇਣ ਵਾਲੇ ਕਿਰਤੀਆਂ ਨੂੰ ਪੈਨਸ਼ਨ ਦੇਣ ਲਈ ਵੱਖ-ਵੱਖ ਸਮਾਂ ਸ਼੍ਰੇਣੀਆਂ ਵਿੱਚ ਵੰਡ ਕੇ ਪੈਨਸ਼ਨ ਨੂੰ ਘਟਾ ਕੇ ਦੇਣ ਦਾ ਫੈਸਲਾ ਕਰਨਾ ਕਿਰਤੀਆਂ ਤੇ ਵੱਡਾ ਆਰਥਿਕ ਹਮਲਾ ਹੈ, ਜਿਸ ਨੂੰ ਕਿਸੇ ਵੀ ਕੀਮਤ ਤੇ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਯੂਨੀਅਨ ਦੇ ਜਨਰਲ ਸਕੱਤਰ ਸਾਥੀ ਸੁਖਦੇਵ ਸ਼ਰਮਾ ਨੇ ਪ੍ਰੈਸ ਬਿਆਨ 'ਚ ਅੱਗੇ ਦੱਸਿਆ ਕਿ ਕਿਰਤ ਵਿਭਾਗ ਦੇ ਮੁੱਖ ਸਕੱਤਰ ਵੱਲੋਂ ਆਪਣੇ ਫੈਸਲਿਆਂ ਰਾਹੀਂ ਕਿਰਤੀਆਂ ਦੇ ਹੱਕਾਂ ਤੇ ਡਾਕਾ ਮਾਰਿਆ ਜਾ ਰਿਹਾ ਹੈ ਅਤੇ ਉਹਨਾਂ ਨੂੰ ਨਜਾਇਜ਼ ਤੌਰ ਤੇ ਖੱਜਲ ਖੁਆਰ ਕੀਤਾ ਜਾ ਰਿਹਾ ਹੈ, ਜਿਸ ਦੇ ਖਿਲਾਫ਼ ਯੂਨੀਅਨ ਵੱਲੋਂ 21 ਜਨਵਰੀ ਨੂੰ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਬੱਸ ਸਟੈਂਡ ਮੋਗਾ ਵਿਖੇ ਸੂਬਾ ਪੱਧਰੀ ਇੱਕ ਹੰਗਾਮੀ ਮੀਟਿੰਗ ਕੀਤੀ ਜਾ ਰਹੀ ਹੈ, ਜਿਸ ਵਿੱਚ ਇਹਨਾਂ ਕਿਰਤੀ ਵਿਰੋਧੀ ਫੈਸਲਿਆਂ ਖ਼ਿਲਾਫ਼ ਸੂਬਾ ਪੱਧਰੀ ਸੰਘਰਸ਼ ਵਿੱਢਣ ਦਾ ਐਲਾਨ ਕੀਤਾ ਜਾਵੇਗਾ।

# ਰੌੜੀ ਨੇ ਵੱਖ-ਵੱਖ ਪਿੰਡਾਂ 'ਚ ਕੀਤੀਆਂ ਮੀਟਿੰਗਾਂ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਹਲਕਾ ਗੜ੍ਹਸ਼ੰਕਰ ਵਿੱਚ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਅਤੇ ਵਿਕਾਸ ਕਾਰਜਾਂ ਨੂੰ ਹੋਰ ਤੇਜ਼ੀ ਨਾਲ ਅੱਗੇ ਵਧਾਉਣ



ਲਈ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਵੱਲੋਂ ਲਗਾਤਾਰ ਮੀਟਿੰਗਾਂ ਦਾ ਸਿਲਸਿਲਾ ਜਾਰੀ ਹੈ। ਇਨ੍ਹਾਂ ਮੀਟਿੰਗਾਂ ਦੌਰਾਨ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ, ਆਮ ਆਦਮੀ ਪਾਰਟੀ ਦੇ ਅਹੁਦੇਦਾਰਾਂ, ਬਲਾਕ ਸੰਮਤੀ ਮੈਂਬਰਾਂ ਅਤੇ ਸਥਾਨਕ ਨੁਮਾਇੰਦਿਆਂ ਨਾਲ ਵਿਚਾਰ-ਵਟਾਂਦਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਨੂੰ ਪਾਰਦਰਸ਼ੀ, ਇਮਾਨਦਾਰ ਅਤੇ ਜਵਾਬਦੇਹ ਪ੍ਰਸ਼ਾਸਨ ਦੇਣ ਲਈ ਵਚਨਬੱਧ ਹੈ। ਇਸੇ ਉਦੇਸ਼ ਤਹਿਤ ਹਲਕੇ ਵਿੱਚ ਨਿਰੰਤਰ ਮੀਟਿੰਗਾਂ ਕਰਕੇ ਵਿਕਾਸ ਕਾਰਜਾਂ ਦੀ ਪ੍ਰਗਤੀ ਦੀ ਸਮੀਖਿਆ ਕੀਤੀ ਜਾ ਰਹੀ ਹੈ, ਤਾਂ ਜੋ ਕਿਸੇ ਵੀ ਤਰ੍ਹਾਂ ਦੀ ਕਮੀ ਨੂੰ ਸਮੇਂ ਸਿਰ ਦੂਰ ਕੀਤਾ ਜਾ ਸਕੇ।ਮੀਟਿੰਗਾਂ ਦੌਰਾਨ ਸੜਕਾਂ, ਪੀਣ ਵਾਲੇ ਪਾਣੀ, ਸਿਹਤ ਸਹੂਲਤਾਂ, ਸਿੱਖਿਆ, ਬਿਜਲੀ ਸਪਲਾਈ, ਸਫਾਈ ਪ੍ਰਬੰਧ ਅਤੇ ਹੋਰ ਬੁਨਿਆਦੀ ਢਾਂਚਾਗਤ ਸੁਵਿਧਾਵਾਂ ਬਾਰੇ ਖ਼ਾਸ ਤੌਰ 'ਤੇ ਚਰਚਾ ਕੀਤੀ ਗਈ। ਡਿਪਟੀ ਸਪੀਕਰ ਨੇ ਅਧਿਕਾਰੀਆਂ ਨੂੰ ਸਪਸ਼ਟ ਨਿਰਦੇਸ਼ ਦਿੱਤੇ ਕਿ ਲੋਕ-ਹਿੱਤ ਨਾਲ ਜੁੜੇ ਹਰ ਕੰਮ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾਵੇ ਅਤੇ ਕੰਮਾਂ ਵਿੱਚ ਕਿਸੇ ਵੀ ਕਿਸਮ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਸਰਕਾਰੀ ਯੋਜਨਾਵਾਂ ਦਾ ਲਾਭ ਹਰ ਯੋਗ ਵਿਅਕਤੀ ਤੱਕ ਪਹੁੰਚਣਾ ਚਾਹੀਦਾ ਹੈ। ਇਸ ਲਈ ਅਧਿਕਾਰੀ ਅਤੇ ਕਰਮਚਾਰੀ ਲੋਕਾਂ ਨਾਲ ਸਿੱਧਾ ਸੰਪਰਕ ਬਣਾਈ ਰੱਖਣ। ਉਨ੍ਹਾਂ ਇਹ ਵੀ ਦੱਸਿਆ ਕਿ ਮੀਟਿੰਗਾਂ ਦੌਰਾਨ ਲੋਕਾਂ ਵੱਲੋਂ ਰੱਖੀਆਂ ਗਈਆਂ ਮੰਗਾਂ ਅਤੇ ਸ਼ਿਕਾਇਤਾਂ ਨੂੰ ਗੰਭੀਰਤਾ ਨਾਲ ਸੁਣਿਆ ਗਿਆ ਹੈ ਅਤੇ ਸੰਬੰਧਤ ਵਿਭਾਗਾਂ ਨੂੰ ਤੁਰੰਤ ਕਾਰਵਾਈ ਕਰਨ ਲਈ ਕਿਹਾ ਗਿਆ ਹੈ। ਪਾਰਟੀ ਅਹੁਦੇਦਾਰਾਂ ਅਤੇ ਸਥਾਨਕ ਨੁਮਾਇੰਦਿਆਂ ਨੇ ਵੀ ਮੀਟਿੰਗਾਂ ਦੌਰਾਨ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਕਿ ਡਿਪਟੀ ਸਪੀਕਰ ਰੌੜੀ ਹਮੇਸ਼ਾ ਲੋਕਾਂ ਦੇ ਦੁੱਖ-ਸੁੱਖ ਵਿੱਚ ਸ਼ਾਮਲ ਹੁੰਦੇ ਹਨ ਅਤੇ ਹਲਕੇ ਦੇ ਵਿਕਾਸ ਲਈ ਨਿਰੰਤਰ ਯਤਨਸ਼ੀਲ ਹਨ। ਡਿਪਟੀ ਸਪੀਕਰ ਨੇ ਸਾਰੇ ਅਧਿਕਾਰੀਆਂ ਅਤੇ ਅਹੁਦੇਦਾਰਾਂ ਨੂੰ ਟੀਮ ਵਰਕ ਨਾਲ ਕੰਮ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਸਾਂਝੇ ਯਤਨਾਂ ਨਾਲ ਹੀ ਲੋਕਾਂ ਦੀਆਂ ਉਮੀਦਾਂ 'ਤੇ ਖਰੇ ਉਤਰਿਆ ਜਾ ਸਕਦਾ ਹੈ।

# ਕੱਲਰ ਖਾਲਸਾ ਸਕੂਲ ਵਿਖੇ ਦੁਕਾਨਾਂ ਬਣਾਉਣ ਸੰਬੰਧੀ ਪੈਦਾ ਹੋਏ ਵਿਵਾਦ 'ਤੇ ਮੀਟਿੰਗ



**ਹੁਸ਼ਿਆਰਪੁਰ (ਬੀ ਐਸ ਸੈਣੀ)**- ਕੱਲਰ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਹਰਿਆਣਾ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਦੇ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ ਦੀ ਪ੍ਰਧਾਨਗੀ ਹੇਠ ਸਕੂਲ ਵਿੱਚ ਬਣਾਈਆਂ ਜਾ ਰਹੀਆਂ ਦੁਕਾਨਾਂ ਦੇ ਪੈਦਾ ਹੋਏ ਵਿਵਾਦ ਸਬੰਧੀ ਮੀਟਿੰਗ ਕੀਤੀ ਗਈ । ਮੀਟਿੰਗ ਵਿੱਚ ਵਾਰਿਸ ਬਾਬਾ ਬਘੇਲ ਸਿੰਘ ਵੈਲਫੇਅਰ ਸੋਸਾਇਟੀ ਹਰਿਆਣਾ ਜ਼ਿਲ੍ਹਾ ਹੁਸ਼ਿਆਰਪੁਰ ਅਤੇ ਇਲਾਕੇ ਦੀਆਂ ਸੰਗਤਾਂ ਨੇ ਹਿੱਸਾ ਲਿਆ। ਇਸ ਮੀਟਿੰਗ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਦੇ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ ਨੇ ਭਰੋਸਾ ਦਿਵਾਇਆ ਕਿ ਇਸ ਗਰਾਊਂਡ ਸਬੰਧੀ ਇਲਾਕੇ ਦੀ ਮੁੱਖ ਮੰਗ ਨੂੰ ਮੱਦੇਨਜ਼ਰ ਰੱਖਦੇ ਹੋਏ ਉਹ ਛੇਤੀ ਹੀ ਇਸ ਸਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨਾਲ ਗੱਲਬਾਤ ਕਰਨਗੇ ਅਤੇ ਇਸ ਦਾ ਜਲਦ ਹੀ ਹੱਲ ਕਰ ਦਿੱਤਾ ਜਾਵੇਗਾ। ਇਸ ਮੌਕੇ ਕਮੇਟੀ ਪ੍ਰਧਾਨ ਰੇਸ਼ਮ ਸਿੰਘ ਅਤੇ ਵਾਰਿਸ ਬਾਬਾ ਬਘੇਲ ਸਿੰਘ ਕਮੇਟੀ ਦੇ ਮੈਂਬਰਾਂ ਵੱਲੋਂ ਉਹਨਾਂ ਨੂੰ ਸਿਰਪਾਓ ਦੇ ਕੇ ਸਨਮਾਨਤ ਕੀਤਾ ਗਿਆ। ਮੀਟਿੰਗ ਦੌਰਾਨ ਪ੍ਰਧਾਨ ਰੇਸ਼ਮ ਸਿੰਘ, ਜਸਵੀਰ ਸਿੰਘ ਚੇਅਰਮੈਨ, ਤੇਜਪਾਲ ਸਿੰਘ ਪ੍ਰਧਾਨ, ਸਰਬਜੋਤ ਸਿੰਘ ਉਪ ਪ੍ਰਧਾਨ, ਮਨਜੀਤ ਸਿੰਘ ਮੱਖਣ ਖਜ਼ਾਨਚੀ, ਅਵਤਾਰ ਸਿੰਘ ਸਕੱਤਰ, ਸ਼ੰਕਰ ਸਿੰਘ, ਇੰਦਰਪਾਲ ਸਿੰਘ, ਰਤਨ ਸਿੰਘ, ਬਿੱਕਰ ਸਿੰਘ, ਇਕਬਾਲ ਸਿੰਘ ਸਾਬਕਾ ਪ੍ਰਧਾਨ, ਰਣਵੀਰ ਸਿੰਘ ਬੈਂਸਤਾਨੀ, ਗੁਰਜੀਤ ਸਿੰਘ ਨੀਲਾ ਨਲੋਆ ਆਦਿ ਹਾਜ਼ਰ ਸਨ।

# ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੀ 32ਵੀਂ ਸੂਬਾਈ ਕਾਨਫਰੰਸ 27, 28 ਫਰਵਰੀ ਨੂੰ ਨੂਰਮਹਿਲ ਵਿਖੇ : ਨੂਰਪੁਰੀ, ਗੁਰਮੇਸ਼

**ਬੰਗਾ (ਅਵਤਾਰ ਕਲੇਰ)**- ਇੱਥੇ ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਸੂਬਾਈ ਅਹੁਦੇਦਾਰਾਂ ਦੀ ਮੀਟਿੰਗ ਸੂਬਾ ਪ੍ਰਧਾਨ ਰਾਮ ਸਿੰਘ ਨੂਰਪੁਰੀ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਵਿੱਛੜ ਗਏ ਸਾਥੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਮੀਟਿੰਗ ਦੇ ਫੈਸਲੇ ਪ੍ਰੈੱਸ ਨੂੰ ਜਾਰੀ ਕਰਦਿਆਂ ਸੂਬਾ ਜਨਰਲ ਸਕੱਤਰ ਗੁਰਮੇਸ਼ ਸਿੰਘ ਨੇ ਦੱਸਿਆ ਕਿ ਯੂਨੀਅਨ ਦੀ 32 ਵੀਂ ਸੂਬਾਈ ਕਾਨਫਰੰਸ 27-28 ਫਰਵਰੀ ਨੂੰ ਇਤਿਹਾਸਕ ਕਸਬਾ ਨੂਰਮਹਿਲ ਵਿਖੇ ਦੇਸ਼ ਭਗਤ ਬਾਬਾ ਭਾਗ ਸਿੰਘ ਕੈਨੇਡੀਅਨ ਹਾਲ ਵਿਚ ਹੋਵੇਗੀ। ਜਿਸ ਵਿਚ ਚੁਣੇ ਹੋਏ 200 ਦੇ ਕਰੀਬ ਡੈਲੀਗੇਟ ਭਾਗ ਲੈਣਗੇ।ਜਿਸ ਦੀ ਤਿਆਰੀ ਲਈ ਤਹਿਸੀਲ ਅਤੇ ਜ਼ਿਲ੍ਹਾ ਪੱਧਰੀ ਕਾਨਫਰੰਸਾਂ ਹੋ ਚੁੱਕੀਆਂ ਹਨ । ਉਨ੍ਹਾਂ ਕਿਹਾ ਕਿ ਕਾਨਫਰੰਸ ਵਿੱਚ ਪੰਜਾਬ ਦੇ ਖੇਤ ਮਜ਼ਦੂਰਾਂ ਦੀਆਂ ਮੰਗਾਂ 'ਤੇ ਵਿਚਾਰ ਕਰਕੇ ਆਉਣ ਵਾਲੇ ਸਮੇਂ ਵਿੱਚ ਤਿੱਖੇ ਸੰਘਰਸ਼ ਦਾ ਬਿਗੁਲ ਵਜਾਇਆ ਜਾਵੇਗਾ। ਕਾਨਫਰੰਸ ਵਿੱਚ ਵਿਸ਼ੇਸ਼ ਤੌਰ 'ਤੇ ਕੇਂਦਰੀ ਲੀਡਰਸ਼ਿਪ ਦੋਵੇਂ ਦਿਨ ਹਾਜ਼ਰ ਰਹੇਗੀ। ਕਾਨਫਰੰਸ ਦੀ ਤਿਆਰੀ ਲਈ 28 ਜਨਵਰੀ ਨੂੰ ਜਲੰਧਰ ਜ਼ਿਲ੍ਹੇ ਦੀ ਜਨਰਲ ਬਾਡੀ ਮੀਟਿੰਗ ਨੂਰਮਹਿਲ ਦਫ਼ਤਰ ਵਿਖੇ ਕੀਤੀ ਜਾਵੇਗੀ। ਜਿਸ



ਵਿਚ ਸਵਾਗਤੀ ਕਮੇਟੀ ਦਾ ਗਠਨ ਕੀਤਾ ਜਾਵੇਗਾ। ਮੀਟਿੰਗ ਵਿੱਚ 26-27 ਦੀ ਮੈਂਬਰਸ਼ਿਪ 40 ਹਜ਼ਾਰ ਜਮ੍ਹਾਂ ਹੋ ਗਈ ਹੈ, ਬਾਕੀ ਸੂਬਾ ਵਰਕਿੰਗ ਕਮੇਟੀ ਦੀ ਮੀਟਿੰਗ ਵਿੱਚ ਹੋਰ ਮੈਂਬਰਸ਼ਿਪ ਲਿਆਉਣ ਲਈ ਅਪੀਲ ਕੀਤੀ ਹੈ। ਇਸੇ ਤਰ੍ਹਾਂ ਦਿੱਲੀ ਦਫ਼ਤਰ ਵਾਸਤੇ ਫੰਡ ਇਕੱਠਾ ਕਰਕੇ ਭੇਜਿਆ ਜਾਵੇਗਾ। ਉਨ੍ਹਾਂ ਕਿਹਾ ਕਿ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਮਗਨਰੇਗਾ ਦੇ ਭਖਦੇ ਮਸਲੇ ਨੂੰ ਲੈ ਕੇ ਆਜ਼ਾਦਾਨਾ ਤੇ ਸਾਂਝੇ ਸੰਘਰਸ਼ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ।

# ਸਰਕਾਰੀ ਹਾਈ ਤੇ ਪ੍ਰਾਇਮਰੀ ਸਕੂਲ ਸਾਹਨੀ ਦੇ ਵਿਦਿਆਰਥੀਆਂ ਨੂੰ ਸਟੇਸ਼ਨਰੀ ਵੰਡੀ

**ਫਗਵਾੜਾ (ਡਾ. ਰਮਨ)**- ਐਨ.ਆਰ.ਆਈ. ਰੋਹਣੀ ਸ਼ਰਮਾ ਪਤਨੀ ਕੈਲਾਸ਼ ਸ਼ਰਮਾ ਯੂ.ਐਸ.ਏ. ਵਲੋਂ ਭੇਜੀ ਆਰਥਕ ਸਹਾਇਤਾ ਰਾਸ਼ੀ ਨਾਲ ਸਮਾਜ ਸੇਵਕ ਜਥੇਦਾਰ ਰਣਜੀਤ ਸਿੰਘ ਰਾਣਾ



ਪਿੰਡ ਸਾਹਨੀ ਨੇ ਸਰਕਾਰੀ ਹਾਈ ਅਤੇ ਪ੍ਰਾਇਮਰੀ ਸਕੂਲ ਸਾਹਨੀ ਵਿਚ ਪੜ੍ਹਦੇ ਵਿਦਿਆਰਥੀਆਂ ਨੂੰ ਸਟੇਸ਼ਨਰੀ ਦੀ ਵੰਡ ਕੀਤੀ। ਇਸ ਦੌਰਾਨ ਹਾਈ ਸਕੂਲ ਦੇ ਮੁੱਖ ਅਧਿਆਪਕ ਕੇਵਲ ਲਾਲ ਅਤੇ ਪ੍ਰਾਇਮਰੀ ਸਕੂਲ ਦੇ ਮੁੱਖ ਅਧਿਆਪਕ ਪਰਮਜੀਤ ਕੌਰ ਨੇ ਜਥੇਦਾਰ ਰਣਜੀਤ ਸਿੰਘ ਰਾਣਾ ਅਤੇ ਐਨ.ਆਰ.ਆਈ. ਪਰਵਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਉਹਨਾਂ ਦੱਸਿਆ ਕਿ ਜਥੇਦਾਰ ਰਾਣਾ ਦੇ ਉਪਰਾਲੇ ਸਦਕਾ ਬਹੁਤ ਸਾਰੇ ਐਨ.ਆਰ.ਆਈ. ਪਰਵਾਰਾਂ ਵਲੋਂ ਸਕੂਲਾਂ ਦੇ ਵਿਕਾਸ ਅਤੇ ਵਿਦਿਆਰਥੀਆਂ ਦੀ ਬਿਹਤਰੀ ਲਈ ਉਪਰਾਲੇ ਕਰਦੇ ਰਹੇ ਹਨ। ਜਥੇਦਾਰ ਰਾਣਾ ਨੇ ਸਕੂਲੀ ਵਿਦਿਆਰਥੀਆਂ ਨੂੰ ਸਿੱਖਿਆ ਦੇ ਮਹੱਤਵ ਨਾਲ ਜਾਣੂ ਕਰਵਾਉਂਦੇ ਹੋਏ ਸਲਾਨਾ ਪ੍ਰੀਖਿਆ ਦੀ ਤਿਆਰੀ ਪੂਰੀ ਤਨਦੇਹੀ ਨਾਲ ਕਰਨ ਲਈ ਪ੍ਰੇਰਿਆ। ਉਹਨਾਂ ਦੋਵੇਂ ਸਕੂਲਾਂ ਦੇ ਸਟਾਫ ਨੂੰ ਭਰੋਸਾ ਦਿੱਤਾ ਕਿ ਭਵਿੱਖ ਵਿੱਚ ਹਰ ਸੰਭਵ ਸਹਾਇਤਾ ਦਾ ਉਪਰਾਲਾ ਕਰਦੇ ਰਹਿਣਗੇ। ਸਟੇਜ ਦੀ ਸੇਵਾ ਮਾਸਟਰ ਰਵਿੰਦਰ ਪਾਲ ਨੇ ਨਿਭਾਈ। ਸਕੂਲਾਂ ਦੇ ਸਟਾਫ ਵਲੋਂ ਜਥੇਦਾਰ ਰਣਜੀਤ ਸਿੰਘ ਰਾਣਾ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਸਕੂਲ ਸਟਾਫ ਗੁਰਮਿੰਦਰ ਸਿੰਘ, ਰਾਜਿੰਦਰ ਸਿੰਘ, ਹਰਦੀਪ ਕੁਮਾਰ, ਅਮਨਦੀਪ ਕੌਰ, ਸਰਬਜੀਤ ਕੌਰ, ਗੁਰਮੇਲ ਸਿੰਘ, ਗੁਰਪ੍ਰੀਤ ਸਿੰਘ, ਮਾਸਟਰ ਸੁਖਦੇਵ, ਕੁਲਵਿੰਦਰ ਕੌਰ ਆਦਿ ਹਾਜ਼ਰ ਸਨ।

# 'ਖਣਨ ਮਾਫੀਏ ਦੇ ਟਰਾਲੇ ਨਾਲ ਦੋਵੇਂ ਲੱਤਾਂ ਗੁਆ ਬੈਠੀ ਪੀੜਤ ਲਖਵਿੰਦਰ ਕੌਰ ਨੂੰ ਸਰਕਾਰ ਨੌਕਰੀ ਦੇਵੇ'

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਬੀਤੀ ਦਿਨ ਖਣਨ ਮਾਫੀਏ ਦੇ ਓਵਰਲੋਡਡ ਟਰਾਲੇ ਦੀ ਲਪੇਟ 'ਚ ਆਉਣ ਵਾਲੀ ਗਰੀਬ ਘਰ ਦੀ ਧੀ ਲਖਵਿੰਦਰ ਕੌਰ



ਪੁੱਤਰੀ ਜਸਵੀਰ ਕੌਰ ਦੀ ਜਾਨ ਤਾਂ ਹਾਲ ਦੀ ਘੜੀ ਭਾਵੇਂ ਬਚ ਗਈ ਪਰ ਹਰ ਸੰਭਵ ਕੋਸ਼ਿਸ਼ ਕਰਨ ਦੇ ਬਾਵਜੂਦ ਪੀ. ਜੀ.ਆਈ.ਦੇ ਮਾਹਰ ਡਾਕਟਰ ਵੀ ਬੁਰੀ ਤਰ੍ਹਾਂ ਚਕਨਾਚੂਰ ਹੋਈਆਂ ਲੱਤਾਂ ਨੂੰ ਬਚਾ ਨਾ ਸਕੇ ਤੇ ਦੋਵੇਂ ਲੱਤਾਂ ਕੱਟਣੀਆਂ ਪਈਆਂ। ਸਾਰੀ ਉਮਰ ਲਈ ਅਪਾਹਜ ਹੋਈ ਧੀ ਅਜੇ ਵੀ ਜ਼ਿੰਦਗੀ ਮੌਤ ਦੀ ਲੜਾਈ ਲੜ ਰਹੀ ਹੈ ਤੇ ਸਾਰੀ ਜ਼ਿੰਦਗੀ ਦੂਜਿਆਂ ਦੇ ਸਹਾਰੇ ਕੱਟਣ ਲਈ ਮਜਬੂਰ ਹੋ ਗਈ ਹੈ। ਟਰਾਲਾ ਮਾਲਕਾਂ ਤੇ ਕਰੱਸ਼ਰਾਂ ਦੇ ਮਾਲਕਾਂ ਵਲੋਂ ਪੀੜਤ ਧੀ ਦੇ ਪਰਵਾਰ ਨਾਲ ਦੁੱਖ ਵੀ ਸਾਂਝਾ ਨਹੀਂ ਕੀਤਾ ਗਿਆ ਨਾ ਹੀ ਇਲਾਕੇ ਦੇ ਕਿਸੇ ਮੋਹਤਬਰ ਨਾਲ ਰਾਬਤਾ ਕੀਤਾ ਗਿਆ। ਇਲਾਕੇ ਦੇ ਇਨਸਾਫ਼ਪਸੰਦ ਲੋਕਾਂ ਵਲੋਂ ਪੀੜਤ ਧੀ ਨੂੰ ਇਨਸਾਫ਼ ਦਿਵਾਉਣ ਲਈ ਭਾਰੀ ਇਕੱਠ ਕੀਤਾ ਗਿਆ ਅਤੇ ਡੀ. ਐਸ. ਪੀ. ਗੜ੍ਹਸ਼ੰਕਰ ਦਲਜੀਤ ਸਿੰਘ ਖੱਖ ਰਾਹੀਂ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ, ਆਰ ਟੀ ਏ, ਖਣਨ ਵਿਭਾਗ ਤੇ ਪੰਜਾਬ ਸਰਕਾਰ ਨੂੰ ਮੰਗ ਪੱਤਰ ਸੌਂਪਿਆ ਗਿਆ। ਜਿਨ੍ਹਾਂ ਨੇ ਪੂਰੀ ਪਬਲਿਕ ਦੇ ਸਾਹਮਣੇ ਕਰੱਸ਼ਰਾਂ ਦੇ ਮਾਲਕਾਂ ਤੇ ਟਰਾਲਾ ਮਾਲਕਾਂ ਤੇ ਚਾਲਕਾਂ ਵਿਰੁੱਧ ਸਖ਼ਤ ਤੋਂ ਸਖ਼ਤ ਕਾਰਵਾਈ ਕਰਨ ਅਤੇ ਸਵੇਰ 7 ਵਜੇ ਤੋਂ ਰਾਤ 8 ਵਜੇ ਤੱਕ ਖਣਨ ਮਾਫੀਏ ਦੇ ਟਰਾਲੇ ਚੱਲਣ 'ਤੇ ਮੁਕੰਮਲ ਰੋਕ ਲਾਉਣ ਲਈ ਮਾਹਿਲਪੁਰ ਦੇ ਚਾਰੇ ਪਾਸੇ ਡਿਪਟੀ ਕਮਿਸ਼ਨਰ ਦੇ ਹੁਕਮਾਂ ਅਧੀਨ ਟਰਾਲਿਆਂ 'ਤੇ ਰੋਕ ਲਾਉਣ ਵਾਲੇ ਵੱਡੇ ਬੋਰਡ ਲਾਉਣ ਦਾ ਭਰੋਸਾ ਦਿਵਾਇਆ। ਉਨਾਂ ਆਰ.ਟੀ. ਏ. ਹੁਸ਼ਿਆਰਪੁਰ ਨੂੰ ਹਰਜੀਆਣਾ ਪਿੰਡ ਵਿਖੇ ਲੱਗੇ ਕੰਡੇ ਜਿਸ 'ਤੇ ਕੋਈ ਵੀ ਓਵਰਲੋਡਡ ਟਰਾਲਾ ਵਜ਼ਨ ਨਹੀਂ ਕਰਾਉਂਦਾ, ਉਸ ਦੀ ਜਾਣਕਾਰੀ ਸਾਂਝੀ ਕਰਕੇ ਓਵਰਲੋਡਡ ਟਰਾਲਿਆਂ ਨੂੰ 80 ਹਜ਼ਾਰ ਪ੍ਰਤੀ ਟਰਾਲਾ ਜੁਰਮਾਨਾ ਕਰਵਾਉਣ ਦੀ ਗੱਲ ਵੀ ਕਹੀ। ਐਸ. ਐਚ ਓ ਮਾਹਿਲਪੁਰ ਨੂੰ ਸਪੀਡ ਚੈੱਕ ਕਰਕੇ ਚਲਾਨ ਕਰਨ ਲਈ ਵੀ ਕਿਹਾ।ਅੱਜ ਇਲਾਕਾ ਨਿਵਾਸੀਆਂ ਨੇ ਪੀੜਤਾ ਲਖਵਿੰਦਰ ਕੌਰ ਨੂੰ ਇਨਸਾਫ਼ ਦਿਵਾਉਣ ਲਈ ਪਿੰਡ ਤੇ ਇਲਾਕੇ ਦੇ ਮੋਹਤਬਰਾਂ ਦੀ ਐਕਸ਼ਨ ਕਮੇਟੀ ਬਣਾਈ ਜੋ ਪ੍ਰਸ਼ਾਸਨ ਵਲੋਂ ਦਿੱਤੇ ਭਰੋਸੇ ਤੇ ਦਿੱਤੇ ਸਮੇਂ ਮੁਤਾਬਿਕ ਪੂਰਾ ਨਾ ਉਤਰਨ ਤੇ ਇਨਸਾਫ਼ ਖ਼ਾਤਰ ਜਲਦ ਤੋਂ ਜਲਦ ਵੱਡੇ ਐਕਸ਼ਨ ਦੀ ਯੋਜਨਾਬੰਦੀ ਕਰੇਗੀ। ਇਸ ਮੌਕੇ ਤੇ ਪੀੜਤਾ ਦੇ ਪਿੰਡ ਦੇ ਸਾਬਕਾ ਸਰਪੰਚ ਨਿਰੰਜਣ ਸਿੰਘ, ਅਮਰਜੀਤ ਸਿੰਘ, ਬਲਜਿੰਦਰ ਮਾਨ, ਗੁਰਦੀਪ ਚੰਦ, ਹਰਚਰਨ ਸਿੰਘ ਚੰਨੀ, ਹਰਜਿੰਦਰ ਸਿੰਘ, ਮਨਜਿੰਦਰ ਸਿੰਘ ਹੱਲੂਵਾਲ, ਕਿਸਾਨ ਆਗੂ ਤਲਵਿੰਦਰ ਸਿੰਘ ਹੀਰ ਨੰਗਲ ਖਿਲਾੜੀਆਂ, ਪਰਮਿੰਦਰ ਸਿੰਘ ਬੂੜੋ ਬਾੜੀ, ਸੁਖਪ੍ਰੀਤ ਸਿੰਘ, ਮਲਕੀਤ ਸਿੰਘ ਬਾਹੋਵਾਲ, ਅਮਰਜੀਤ ਕੁਮਾਰ, ਮੱਖਣ ਸਿੰਘ ਲੰਗੇਰੀ, ਭੁਪਿੰਦਰ ਸਿੰਘ ਰਾਮਪੁਰ, ਗੁਰਦਾਸ ਲੰਗੇਰੀ, ਚਮਨ ਲਾਲ,ਬਲਵੀਰ ਸਿੰਘ, ਗੁਰਬਖਸ਼ੀਸ਼ ਸਿੰਘ, ਹਰਨੇਕ ਸਿੰਘ, ਸੁਮੀਤ ਗੌਤਮ, ਤਰਲੋਚਨ ਲਲਵਾਨ, ਰਾਜੀਵ ਕੁਮਾਰ, ਗੁਰਨਾਮ ਸਿੰਘ, ਕੁਲਦੀਪ ਸਿੰਘ ਸਿੱਧੂ, ਸੰਦੀਪ ਕੁਮਾਰ, ਸੰਜੀਵ ਕੁਮਾਰ ਸਮੇਤ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।

# ਬੀਬਾ ਜੈ ਇੰਦਰ ਕੌਰ ਨਰੇਗਾ ਵਰਕਰਾਂ ਨਾਲ ਹੋਏ ਰੂਬਰੂ

**ਬਲਾਚੌਰ (ਜਸਵਿੰਦਰ ਬੈਂਸ)** ਭਾਰਤੀ ਜਨਤਾ ਪਾਰਟੀ ਮਹਿਲਾ ਮੋਰਚਾ ਪੰਜਾਬ ਦੀ ਪ੍ਰਧਾਨ ਬੀਬਾ ਜੈ ਇੰਦਰ ਕੌਰ ਵੱਲੋਂ ਜ਼ਿਲ੍ਹੇ ਦਾ ਦੌਰਾ ਕੀਤਾ ਗਿਆ।ਇਸ ਦੌਰਾਨ ਉਨ੍ਹਾਂ ਨੇ ਮਨਰੇਗਾ ਵਰਕਰਾਂ ਨਾਲ ਰੂਬਰੂ ਹੋ ਕੇ ਕੇਂਦਰ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਜਨ-ਹਿਤਕਾਰੀ ਸਕੀਮਾਂ, ਖ਼ਾਸ ਕਰਕੇ 'ਜੀ ਰਾਮ ਜੀ'



ਸਕੀਮ ਦੀਆਂ ਵਿਸ਼ੇਸ਼ਤਾਵਾਂ ਅਤੇ ਲਾਭਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਬੀਬਾ ਜੈ ਇੰਦਰ ਕੌਰ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਕੇਂਦਰ ਸਰਕਾਰ ਦਾ ਮੁੱਖ ਉਦੇਸ਼ ਗਰੀਬ, ਮਜ਼ਦੂਰ ਅਤੇ ਮਿਹਨਤੀ ਵਰਗ ਨੂੰ ਆਰਥਿਕ ਅਤੇ ਸਮਾਜਿਕ ਤੌਰ 'ਤੇ ਮਜ਼ਬੂਤ ਕਰਨਾ ਹੈ।ਉਨ੍ਹਾਂ ਦੱਸਿਆ ਕਿ ਜੀ ਰਾਮ ਜੀ ਸਕੀਮ ਨਾਲ ਮਜ਼ਦੂਰਾਂ ਨੂੰ 100 ਦਿਨ ਦੀ ਜਗ੍ਹਾ 125 ਦਿਨ ਦਾ ਰੋਜ਼ਗਾਰ ਦੀ ਗਾਰੰਟੀ ਦਿੱਤੀ ਜਾ ਰਹੀ ਹੈ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਰਾਜਵਿੰਦਰ ਸਿੰਘ ਲੱਕੀ ਵੀ ਉਨ੍ਹਾਂ ਦੇ ਨਾਲ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼੍ਰੀ ਰਾਮ ਚੌਧਰੀ ਸਰਕਲ ਪ੍ਰਧਾਨ ਕਾਠਗੜ੍ਹ, ਉਪ ਪ੍ਰਧਾਨ ਨੰਦ ਕਿਸ਼ੋਰ, ਜਸਵੰਤ ਸਿੰਘ ਕੰਗਣਾ, ਨਰਿੰਦਰ ਸੂਦਨ, ਸ਼ਿਵ ਸ਼ਰਮਾ, ਕਮਲ ਸ਼ਰਮਾ ਆਦਿ ਹਾਜ਼ਰ ਸਨ।

# ਹੋਣਹਾਰ ਵਿਦਿਆਰਥੀ ਤੇ ਸ਼ਾਨਦਾਰ ਖਿਡਾਰੀ ਸਨਮਾਨ ਸਮਾਰੋਹ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਵਿਧਾਨ ਸਭਾ ਸਪੀਕਰ ਹਰਵਿੰਦਰ ਕਲਿਆਣ ਨੇ ਕਿਹਾ ਕਿ ਅੱਜ ਏ ਆਈ ਦਾ ਯੁੱਗ ਹੈ। ਨੌਜੁਆਨਾਂ ਨੂੰ ਤਕਨਾਲੋਜੀ ਨਾਲ ਅੱਗੇ ਵਧਣਾ ਹੈ। ਵੱਡਿਆਂ ਦਾ ਸਨਮਾਨ ਕਰਨਾ ਹੈ, ਸਭਿਆਚਾਰ ਨਾਲ ਜੁੜ ਕੇ ਅਤੇ ਸੰਸਕਾਰਾਂ ਨਾਲ ਟੀਚਾ ਨਿਰਧਾਰਤ ਕਰ ਜੀਵਨ ਵਿੱਚ ਤਰੱਕੀ ਕਰ ਸ਼੍ਰੇਸ਼ਠ ਨਾਗਰਿਕ ਬਣਨਾ ਹੈ। ਖੁਦ ਦੀ ਤਰੱਕੀ ਦੇ ਨਾਲ ਨਾਲ ਸਮਾਜ ਅਤੇ ਰਾਸ਼ਟਰ ਲਈ ਵੀ ਯੋਗਦਾਨ ਕਰਨਾ ਹੈ। ਹਰਵਿੰਦਰ ਕਲਿਆਣ ਕਰਨਾਲ ਵਿੱਚ ਆਯੋਜਿਤ ਹੋਣਹਾਰ ਵਿਦਿਆਰਥੀ ਅਤੇ ਸ਼ਾਨਦਾਰ ਖਿਡਾਰੀ ਸਨਮਾਨ ਸਮਾਰੋਹ ਵਿੱਚ ਬਤੌਰ ਮੁੱਖ ਮਹਿਮਾਨ ਬੋਲ ਰਹੇ ਸਨ। ਸਮਾਰੋਹ ਵਿੱਚ 52 ਖਿਡਾਰੀਆਂ ਸਮੇਤ 10ਵੀਂ ਅਤੇ 12ਵੀਂ ਵਿੱਚ 90 ਫੀਸਦੀ ਤੋਂ ਵੱਧ ਨੰਬਰ ਲੈਣ ਵਾਲੇ 330 ਵਿਦਿਆਰਥੀਆਂ ਨੂੰ ਸ਼ੀਲਡ ਅਤੇ ਸਰਟੀਫਿਕੇਟਾਂ ਨਾਲ ਸਨਮਾਨਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਨੀਰਜ ਚੋਪੜਾ ਸਮਾਜ ਦਾ ਮਾਣ ਹੈ ਜਿਨ੍ਹਾਂ ਨੇ ਦੁਨੀਆ ਵਿੱਚ ਭਾਰਤ ਦਾ ਨਾਂਅ ਰੋਸ਼ਨ ਕੀਤਾ ਹੈ। ਉਨ੍ਹਾਂ ਨੇ ਨੌਜੁਆਨਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕਰਦੇ ਹੋਏ ਸਮਾਜ ਨਾਲ ਇੱਕਜੁਟ ਹੋ ਕੇ ਖੇਤਰ, ਸਮਾਜ, ਸੂਬੇ ਅਤੇ ਦੇਸ਼ ਲਈ ਕੰਮ ਕਰਨ ਦੀ ਅਪੀਲ ਕੀਤੀ।

# ਮਿਆਣੀ ਵਿਖੇ ਕਤਲ ਹੋਏ ਬਲਵਿੰਦਰ ਸਿੰਘ ਦੇ ਪਰਵਾਰ ਨਾਲ ਰੰਧਾਵਾ ਤੇ ਗਿਲਜੀਆਂ ਨੇ ਕੀਤਾ ਦੁੱਖ ਸਾਂਝਾ

**ਅੱਡਾ ਸਰਾਂ /ਟਾਂਡਾ ਉੜਮੁੜ (ਜਸਵੀਰ ਕਾਜਲ, ਉਂਕਾਰ ਸਿੰਘ)**- ਕਤਲ ਹੋਏ ਬਲਵਿੰਦਰ ਸਿੰਘ ਦੇ ਪਿਤਾ ਕਰਤਾਰ ਸਿੰਘ ਅਤੇ ਭਰਾ ਪ੍ਰਿੰਸੀਪਲ ਸਤਵਿੰਦਰ ਸਿੰਘ ਨਾਲ



ਹਮਦਰਦੀ ਪ੍ਰਗਟ ਕਰਦੇ ਹੋਏ ਸਾਬਕਾ ਡਿਪਟੀ ਮੁੱਖ ਮੰਤਰੀ ਸੁਖਜਿੰਦਰ ਸਿੰਘ ਰੰਧਾਵਾ ਤੇ ਸਾਬਕਾ ਮੰਤਰੀ ਸੰਗਤ ਸਿੰਘ ਗਿਲਜੀਆਂ ਨੇ ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਦੁੱਖ ਦੀ ਘੜੀ ਵਿੱਚ ਉਹਨਾਂ ਦੇ ਨਾਲ ਹੈ ਅਤੇ ਘਟਨਾ ਵਿੱਚ ਸ਼ਾਮਲ ਦੋਸ਼ੀਆਂ ਨੂੰ ਸਖਤ ਤੋਂ ਸਖਤ ਸਜ਼ਾ ਦਿਵਾਉਣ ਲਈ ਉਹ ਪਰਵਾਰ ਦੀ ਹਰ ਤਰ੍ਹਾਂ ਦੀ ਮਦਦ ਕਰਨ ਲਈ ਤਿਆਰ ਹਨ। ਉਹਨਾਂ ਕਿਹਾ ਕਿ ਧਾਰਮਿਕ ਅਤੇ ਸਮਾਜਿਕ ਖੇਤਰ ਵਿੱਚ ਆਪਣੀਆਂ ਸੇਵਾਵਾਂ ਦੇ ਰਹੇ ਬਲਵਿੰਦਰ ਸਿੰਘ ਆਪਣੀ ਦਸਾਂ ਨੌਂਹਾਂ ਦੀ ਕਿਰਤ ਕਮਾਈ ਕਰ ਰਹੇ ਸਨ, ਪਰ ਦਿਨ ਦਿਹਾੜੇ ਹੋਈ ਇਸ ਬੇਹੱਦ ਮੰਦਭਾਗੀ ਘਟਨਾ ਨੇ ਪਰਵਾਰ ਦੇ ਨਾਲ ਨਾਲ ਪੂਰੇ ਇਲਾਕੇ ਨੂੰ ਝੰਜੋੜ ਕੇ ਰੱਖ ਦਿੱਤਾ ਹੈ। ਹਮਲਾਵਰ ਦਿਨ ਦਿਹਾੜੇ ਜਿਸ ਨੂੰ ਮਰਜ਼ੀ ਸ਼ੂਟ ਕਰਕੇ ਸ਼ਰੇਆਮ ਫਰਾਰ ਹੋ ਜਾਂਦੇ ਹਨ।ਮਿਆਣੀ, ਗਿਲਜੀਆਂ, ਬੇਗੋਵਾਲ, ਨਡਾਲਾ, ਸੁਭਾਨਪੁਰ ਅਤੇ ਮੁਕੇਰੀਆਂ ਆਦਿ ਇਲਾਕਾ ਐਨ.ਆਰ.ਆਈ.ਵੀਰਾਂ ਦੀ ਬਦੌਲਤ ਹੀ ਅੱਜ ਪੰਜਾਬ ਅਤੇ ਦੇਸ਼ ਵਿੱਚ ਨਹੀਂ ਪੂਰੇ ਸੰਸਾਰ ਵਿੱਚ ਆਪਣੀ ਵੱਖਰੀ ਪਹਿਚਾਣ ਬਣਾ ਚੁੱਕਿਆ ਹੈ।ਪਰ ਦੇਸ਼ ਵਿਦੇਸ਼ ਵਿੱਚ ਰੋਜ਼ਗਾਰ ਲਈ ਆਪਣੀ ਕਿਰਤ ਕਮਾਈ ਕਰਨ ਆਏ ਇਹਨਾਂ ਪ੍ਰਵਾਸੀ ਭਾਰਤੀਆਂ ਦੀ ਚਿੰਤਾ ਆਪਣੇ ਪਰਵਾਰਾਂ ਦੀ ਸੁਰੱਖਿਆ ਸਬੰਧੀ ਹੀ ਹੈ। ਸਾਬਕਾ ਮੰਤਰੀ ਸੰਗਤ ਗਿਲਜੀਆਂ ਅਤੇ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਦਲਜੀਤ ਸਿੰਘ ਗਿਲਜੀਆਂ ਨੇ ਕਿਹਾ ਕਿ ਇਸ ਘਟਨਾ ਦੀ ਨਿਰਪੱਖ ਜਾਂਚ ਕਰਕੇ ਦੋਸ਼ੀਆਂ ਨੂੰ ਜਲਦ ਤੋਂ ਜਲਦ ਗ੍ਰਿਫਤਾਰ ਕੀਤਾ ਜਾਣਾ ਚਾਹੀਦਾ ਹੈ, ਤਾਂ ਜੋ ਪਰਵਾਰ ਨੂੰ ਇਨਸਾਫ ਮਿਲ ਸਕੇ।ਇਸ ਮੌਕੇ ਬਲਜੀਤ ਸਿੰਘ ਮਿਆਣੀ, ਪਰਵਿੰਦਰ ਲਾਡੀ ਪੰਚਾਇਤ ਸੰਮਤੀ ਮੈਂਬਰ ਮਿਆਣੀ, ਸਨੀ ਮਿਆਣੀ, ਗੁਲਸ਼ਨ ਭਗਤ, ਜਗਜੀਤ ਸਿੰਘ ਮਿਆਣੀ ਸਾਬਕਾ ਚੇਅਰਮੈਨ, ਸੁਰਿੰਦਰ ਸਿੰਘ ਯਾਦਵਿੰਦਰ ਸਿੰਘ ਹੈਪੀ, ਜਗਜੀਤ ਸਿੰਘ, ਸਰਵਣ ਕੁਮਾਰ, ਸਨੀ ਕੁਮਾਰ, ਨਰਿੰਦਰ ਸਿੰਘ, ਮੈਨੇਜਰ ਭੁਪਿੰਦਰ ਸਿੰਘ, ਰਾਜ ਕੁਮਾਰ ਰਾਜੂ ਆਦਿ ਹਾਜ਼ਰ ਸਨ।

# ਨਗਰ ਨਿਗਮ ਵੱਲੋਂ ਅੱਜ ਤੋਂ ਗੈਰ-ਕਾਨੂੰਨੀ ਕਬਜ਼ਿਆਂ ਨੂੰ ਹਟਾਉਣ ਲਈ ਮੁਹਿੰਮ

**ਮੋਹਾਲੀ (ਗੁਰਜੀਤ ਬਿੱਲਾ)** ਕਮਿਸ਼ਨਰ, ਨਗਰ ਨਿਗਮ, ਪਰਮਿੰਦਰਪਾਲ ਸਿੰਘ ਵੱਲੋਂ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਮੋਹਾਲੀ ਸ਼ਹਿਰ ਦੇ ਵੱਖ-ਵੱਖ ਸਥਾਨਾਂ 'ਤੇ ਰਿਹਾਇਸ਼ੀ, ਕਮਰਸ਼ੀਅਲ, ਇੰਡਸਟਰੀਅਲ ਖੇਤਰਾਂ, ਪਾਰਕਾਂ ਜਾਂ ਕਿਸੇ ਵੀ ਕਿਸਮ ਦੀ ਸਰਕਾਰੀ ਜ਼ਮੀਨ ਉੱਤੇ ਕੀਤੀਆਂ ਗਈਆਂ ਗੈਰ-ਕਾਨੂੰਨੀ ਇੰਨਕਰੋਚਮੈਂਟਾਂ ਨੂੰ ਹਟਾਉਣ ਸੰਬੰਧੀ ਜਾਰੀ ਹੁਕਮਾਂ ਦੀ ਪਾਲਣਾ ਵਿੱਚ ਲੋਕਾਂ ਨੂੰ 19 ਜਨਵਰੀ ਤੋਂ ਪਹਿਲਾਂ ਪਹਿਲਾਂ ਆਪਣੇ ਕਬਜ਼ੇ ਤੁਰੰਤ ਹਟਾਉਣ ਦੀ ਅਪੀਲ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਇਸ ਸੰਬੰਧੀ ਮਾਨਯੋਗ ਹਾਈ ਕੋਰਟ ਦੀ ਹਦਾਇਤਾਂ ਬਾਰੇ ਨਗਰ ਨਿਗਮ ਦੇ ਹਾਊਸ ਨੂੰ ਵੀ ਸੂਚਿਤ ਕੀਤਾ ਗਿਆ ਸੀ।ਉਨ੍ਹਾਂ ਦੱਸਿਆ ਕਿ ਮਾਨਯੋਗ ਹਾਈ ਕੋਰਟ ਵੱਲੋਂ ਮਿਤੀ 13-01-2026 ਨੂੰ ਹੁਕਮ ਜਾਰੀ ਕੀਤੇ ਗਏ ਹਨ ਕਿ ਸਾਰੀਆਂ ਗੈਰ-ਕਾਨੂੰਨੀ ਇੰਨਕਰੋਚਮੈਂਟਾਂ ਨੂੰ ਹਟਾ ਕੇ ਅਦਾਲਤ ਨੂੰ ਸੂਚਿਤ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਨਗਰ ਨਿਗਮ ਵੱਲੋਂ 19 ਜਨਵਰੀ ਤੋਂ ਸ਼ਹਿਰ ਵਿੱਚ ਗੈਰ-ਕਾਨੂੰਨੀ ਕਬਜ਼ਿਆਂ ਨੂੰ ਹਟਾਉਣ ਲਈ ਲਗਾਤਾਰ ਮੁਹਿੰਮ ਚਲਾਈ ਜਾਵੇਗੀ।ਇਸ ਕਾਰਵਾਈ ਦੌਰਾਨ ਜੇਕਰ ਕਿਸੇ ਕਬਜ਼ਾਧਾਰਕ ਦੀ ਸੰਪਤੀ ਨੂੰ ਕੋਈ ਨੁਕਸਾਨ ਪਹੁੰਚਦਾ ਹੈ ਤਾਂ ਉਸ ਦੀ ਪੂਰੀ ਜ਼ਿੰਮੇਵਾਰੀ ਸਬੰਧਤ ਮਾਲਕ ਦੀ ਹੋਵੇਗੀ।

# ਹਕੂਮਤਪੁਰ ਦੀਆਂ ਗਲੀਆਂ ਸੀਵਰੇਜ ਪਾਣੀ ਨਾਲ ਭਰੀਆਂ : ਧੀਮਾਨ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਹਕੂਮਤਪੁਰ ਪਿੰਡ ਦੀਆਂ ਗਲੀਆਂ ਵਿਚ ਬਦਬੂ ਮਾਰਦੇ 1 ਮਹੀਨੇ ਤੋਂ ਲਗਾਤਾਰ ਫੈਲੇ ਸੀਵਰੇਜ ਵਾਟਰ ਅਤੇ ਪੀਣ ਵਾਲੇ ਪਾਣੀ ਦੀ ਸਪਲਾਈ ਵਿਚੋਂ ਦੂਸ਼ਿਤ ਪਾਣੀ ਦੀ ਮਿਲਾਵਟ ਨੂੰ ਲੈ ਕੇ ਲੇਬਰ ਪਾਰਟੀ ਦੇ ਪ੍ਰਧਾਨ ਜੈ ਗੋਪਾਲ ਧੀਮਾਨ ਅਤੇ ਸਾਬਕਾ ਸਰਪੰਚ ਪਲਵਿੰਦਰ ਸਿੰਘ ਦੀ ਅਗਵਾਈ ਵਿਚ ਪੰਜਾਬ ਸਰਕਾਰ ਵਿਰੁੱਧ ਮੁਜ਼ਾਹਰਾ ਕੀਤਾ ਗਿਆ। ਧੀਮਾਨ ਨੇ ਦੱਸਿਆ ਕਿ ਸਿਰਫ ਇੱਕ ਕਿਲੋਮੀਟਰ ਦੀ ਦੂਰੀ ਉਤੇ ਸਿਹਤ



ਵਿਭਾਗ ਦਾ ਪ੍ਰਾਇਮਰੀ ਹੈਲਥ ਸੈਂਟਰ ਮੌਜੂਦ ਹੈ ਤੇ ਉਸ ਦਾ ਸਟਾਫ ਹਰ ਰੋਜ਼ ਉਥੋਂ ਲੰਘ ਕੇ ਜਾਂਦਾ ਹੈ ਅਤੇ ਸਕੂਲ ਦੇ ਬੱਚੇ ਵੀ ਹਰ ਰੋਜ਼ ਇਸੇ ਗੰਦੇ ਪਾਣੀ ਵਿਚੋਂ ਲੰਘ ਕੇ ਸਕੂਲਾਂ ਨੂੰ ਜਾਂਦੇ ਹਨ ਪਰ ਸਿਹਤ ਵਿਭਾਗ ਉਤੇ ਕੋਈ ਅਸਰ ਨਹੀਂ ।ਅਸਲ ਕਾਰਨ ਪਿੰਡ ਦੀ ਅਬਾਦੀ ਦੇ ਘੇਰੇ ਅੰਦਰ ਦੇ ਛੱਪੜ ਪੂਰੀ ਤਰ੍ਹਾਂ ਗੰਦੇ ਪਾਣੀ ਨਾਲ ਭਰੇ ਪਏ ਹਨ। ਪਿੰਡ ਦੇ ਲੋਕ ਸਰਕਾਰ ਦੇ ਅਨੇਕਾਂ ਵਾਰ ਧਿਆਨ ਵਿਚ ਲਿਆ ਚੁੱਕੇ ਹਨ ਪਰ ਬਲਾਕ ਵਿਕਾਸ ਅਤੇ ਪੰਚਾਇਤ ਅਫਸਰ ਨੇ ਕਦੇ ਵੀ ਲੋਕਾਂ ਦੀ ਮੁਸ਼ਕਲ ਨੂੰ ਪੂਰੀ ਗੰਭੀਰਤਾ ਨਾਲ ਨਹੀਂ ਲਿਆ।ਧੀਮਾਨ ਨੇ ਦੱਸਿਆ ਕਿ ਸੀਵਰੇਜ ਪਾਣੀ ਦਾ ਲਗਾਤਾਰ ਗਲੀ ਵਿਚ ਖੜ੍ਹਾ ਰਹਿਣ ਕਾਰਨ ਘਰਾਂ ਦੀਆਂ ਕੰਧਾਂ ਅਤੇ ਘਰਾਂ ਦਾ ਭਾਰੀ ਨੁਕਸਾਨ ਹੋ ਰਿਹਾ ਹੈ। ਇਸ ਮੌਕੇ ਕੁਲਦੀਪ ਸਿੰਘ, ਰਾਮ ਲਾਲ, ਸੇਮਾ ਸਿੰਘ, ਰਛਪਾਲ ਬੰਗਾ, ਗੁਰਮੇਲ ਸਿੰਘ, ਗਿਆਨ ਸਿੰਘ ਬੰਗਾ, ਹੰਸ ਰਾਜ, ਨਰੇਸ਼ ਕੁਮਾਰ, ਅਮਨਦੀਪ ਸਿੰਘ, ਕਵਿਤਾ ਰਾਣੀ, ਗੁਰਬਖਸ਼ ਸਿੰਘ, ਬਲਵੀਰ ਕੌਰ, ਸੁਨੀਤਾ ਦੇਵੀ, ਕਸ਼ਮੀਰ ਕੌਰ, ਅਜੀਤ ਪਾਲ, ਚਮਨਲਾਲ, ਗੁਰਦੀਪ ਸਿੰਘ ਆਦਿ ਹਾਜ਼ਰ ਸਨ।

## ਲੁੱਟ-ਖੋਹ ਕਰਨ ਵਾਲੇ ਗਰੋਹ ਦੇ 3 ਮੈਂਬਰ ਕਾਬੂ

**ਬਲਾਚੌਰ (ਜਸਵਿੰਦਰ ਬੈਂਸ)**- ਪੰਜਾਬ ਪੁਲਸ ਵੱਲੋਂ ਸ਼ਰਾਰਤੀ ਅਨਸਰਾਂ ਅਤੇ ਲੁੱਟ-ਖੋਹ ਕਰਨ ਵਾਲਿਆਂ ਵਿਰੁੱਧ ਵਿੱਢੀ ਮੁਹਿੰਮ ਤਹਿਤ ਥਾਣਾ ਸਦਰ ਬਲਾਚੌਰ ਦੀ ਪੁਲਸ ਨੇ ਇੱਕ ਵੱਡੀ ਸਫਲਤਾ ਹਾਸਲ ਕੀਤੀ ਹੈ। ਸੀਨੀਅਰ ਕਪਤਾਨ ਪੁਲਸ ਤੁਸ਼ਾਰ ਗੁਪਤਾ ਅਤੇ ਉਪ ਕਪਤਾਨ ਪੁਲਸ ਸਬ-ਡਵੀਜ਼ਨ ਬਲਾਚੌਰ ਹੇਮੰਤ ਮਲਹੋਤਰਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਮੁੱਖ ਅਫਸਰ ਥਾਣਾ ਬਲਾਚੌਰ ਸਬ-ਇੰਸਪੈਕਟਰ ਬਿਕਰਮ ਸਿੰਘ ਦੀ ਯੋਗ ਅਗਵਾਈ ਹੇਠ ਪੁਲਸ ਨੇ ਔਰਤ ਪਾਸੋਂ ਗਹਿਣੇ ਖੋਹਣ ਵਾਲੇ ਗਰੋਹ ਦੇ 3 ਮੈਂਬਰਾਂ ਨੂੰ ਗ੍ਰਿਫਤਾਰ ਕਰਨ ਵਿੱਚ ਸਫਲਤਾ ਪ੍ਰਾਪਤ ਕੀਤੀ ਹੈ।ਇਹ ਮਾਮਲਾ ਮਹਿੰਦਰ ਲਾਲ ਪੁੱਤਰ ਆਸਾ ਰਾਮ, ਵਾਸੀ ਪਿੰਡ ਸੰਡਰੇਵਾਲ ਥਾਣਾ ਪੋਜੇਵਾਲ ਦੇ ਬਿਆਨਾਂ 'ਤੇ ਦਰਜ ਕੀਤਾ ਗਿਆ ਹੈ। ਸ਼ਿਕਾਇਤਕਰਤਾ ਅਨੁਸਾਰ, ਮੁਲਜ਼ਮਾਂ ਨੇ ਉਸ ਦੀ ਨੂੰਹ ਡਿੰਪਲ ਪਾਸੋਂ ਜ਼ੋਰ-ਜ਼ਬਰਦਸਤੀ ਨਾਲ ਸੋਨੇ ਦੀ ਚੈਨ ਸਮੇਤ ਸਿੰਗੀ ਅਤੇ ਸੋਨੇ ਦੀ ਅੰਗੂਠੀ ਖੋਹ ਲਈ ਸੀ। ਏ ਐਸ ਆਈ ਧਰਮ ਚੰਦ ਵੱਲੋਂ ਤੁਰੰਤ ਕਾਰਵਾਈ ਕਰਦਿਆਂ ਇਸ ਸਬੰਧੀ ਮੁਕੱਦਮਾ ਦਰਜ ਕਰਕੇ ਤਫਤੀਸ਼ ਸ਼ੁਰੂ ਕੀਤੀ ਗਈ।ਪੁਲਸ ਵੱਲੋਂ ਇਸ ਵਾਰਦਾਤ ਵਿੱਚ ਸ਼ਾਮਲ ਤਿੰਨ ਮੁਲਜ਼ਮਾਂ ਸੋਨੂੰ ਪੁੱਤਰ ਅਸ਼ੋਕ ਕੁਮਾਰ, ਕਮਲ ਕੁਮਾਰ ਪੁੱਤਰ ਅਸ਼ੋਕ ਕੁਮਾਰ, ਰੂਪ ਚੰਦ ਪੁੱਤਰ ਕ੍ਰਿਸ਼ਨ, ਸਾਰੇ ਵਾਸੀ ਮੇਹਿਨਾ, ਥਾਣਾ ਚੱਬੇਵਾਲ, ਜ਼ਿਲ੍ਹਾ ਹੁਸ਼ਿਆਰਪੁਰ ਨੂੰ ਕਾਬੂ ਕੀਤਾ ਗਿਆ। ਇਨ੍ਹਾਂ ਦਾ ਚੌਥਾ ਸਾਥੀ ਸੁਭਾਸ਼ ਪੁੱਤਰ ਰੋਮੀ ਅਜੇ ਫਰਾਰ ਹੈ, ਜਿਸ ਦੀ ਭਾਲ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।ਪੁਲਸ ਨੇ ਮੁਲਜ਼ਮਾਂ ਦੇ ਕਬਜ਼ੇ ਵਿੱਚੋਂ ਖੋਹੀ ਗਈ ਸੋਨੇ ਦੀ ਚੈਨ ਸਮੇਤ ਸਿੰਗੀ ਅਤੇ ਸੋਨੇ ਦੀ ਅੰਗੂਠੀ ਬਰਾਮਦ ਕਰ ਲਈ ਹੈ। ਇਸ ਤੋਂ ਇਲਾਵਾ, ਵਾਰਦਾਤ ਸਮੇਂ ਵਰਤੇ ਗਏ ਮੋਟਰਸਾਈਕਲ ਵੀ ਪੁਲਸ ਨੇ ਬਰਾਮਦ ਕੀਤੇ ਹਨ। ਪੁਲਸ ਵੱਲੋਂ ਮੁਲਜ਼ਮਾਂ ਨੂੰ ਅਦਾਲਤ ਵਿੱਚ ਪੇਸ਼ ਕਰਕੇ 2 ਦਿਨ ਦਾ ਪੁਲਸ ਰਿਮਾਂਡ ਹਾਸਲ ਕੀਤਾ ਗਿਆ ਹੈ।



## ਬਾਲ ਭਿੱਖਿਆ ਰੋਕਣ ਲਈ ਜ਼ਿਲ੍ਹਾ ਟਾਸਕ ਫੋਰਸ ਵੱਲੋਂ ਸਖ਼ਤ ਕਾਰਵਾਈ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਮੰਤਰੀ ਪੰਜਾਬ ਡਾ. ਬਲਜੀਤ ਕੌਰ ਦੇ ਦਿਸ਼ਾ-ਨਿਰਦੇਸ਼ਾਂ ਅਤੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੀ ਅਗਵਾਈ ਹੇਠ ਪ੍ਰੋਜੈਕਟ ਜੀਵਨਜੋਤ-2 ਤਹਿਤ ਜ਼ਿਲ੍ਹੇ ਵਿੱਚ ਬਾਲ ਭਿੱਖਿਆ ਵਿਰੁੱਧ ਸਖ਼ਤ ਮੁਹਿੰਮ ਲਗਾਤਾਰ ਚਲਾਈ ਜਾ ਰਹੀ ਹੈ। ਇਸ ਸਬੰਧ ਵਿੱਚ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਗਗਨਦੀਪ ਸਿੰਘ ਦੀ ਅਗਵਾਈ ਵਾਲੀ ਇਕ ਟੀਮ ਨੇ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਹਰਪ੍ਰੀਤ ਕੌਰ ਦੇ ਨਾਲ ਬਾਲ ਭਿੱਖਿਆ ਨੂੰ ਰੋਕਣ ਲਈ ਜ਼ਿਲ੍ਹਾ ਟਾਸਕ ਫੋਰਸ ਦੇ ਸਹਿਯੋਗ ਨਾਲ 17 ਅਤੇ 18 ਜਨਵਰੀ ਨੂੰ ਜ਼ਿਲ੍ਹੇ ਦੇ ਵੱਖ-ਵੱਖ ਖੇਤਰਾਂ ਵਿੱਚ ਵਿਸ਼ੇਸ਼ ਜਾਂਚ ਕੀਤੀ। ਇਸ ਦੌਰਾਨ ਸ਼ਿਮਲਾ ਪਹਾੜੀ, ਫੂਡ ਸਟਰੀਟ, ਸਬਜ਼ੀ ਮੰਡੀ, ਰੇਲਵੇ ਸਟੇਸ਼ਨ, ਰੇਲਵੇ ਰੋਡ, ਬੱਸ ਸਟੈਂਡ, ਫਗਵਾੜਾ ਚੌਕ ਅਤੇ ਸ਼ਨੀ ਮੰਦਰ ਸਮੇਤ ਹੋਰ ਜਨਤਕ ਥਾਵਾਂ 'ਤੇ ਛਾਪੇਮਾਰੀ ਕੀਤੀ ਅਤੇ ਜਨਤਾ ਨੂੰ ਬੱਚਿਆਂ ਦੀ ਭੀਖ ਮੰਗਣ ਦੇ ਮਾੜੇ ਪ੍ਰਭਾਵਾਂ ਬਾਰੇ ਵੀ ਜਾਗਰੂਕ ਕੀਤਾ ਗਿਆ।ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਹਰਪ੍ਰੀਤ ਕੌਰ ਨੇ ਜਨਤਾ ਨੂੰ ਅਪੀਲ ਕੀਤੀ ਕਿ ਜੇਕਰ ਉਹ ਕਿਸੇ ਬੱਚੇ ਨੂੰ ਕਿਤੇ ਵੀ ਭੀਖ ਮੰਗਦੇ ਦੇਖਦੇ ਹਨ, ਤਾਂ ਉਹ ਤੁਰੰਤ ਚਾਈਲਡ ਹੈਲਪਲਾਈਨ 1098 'ਤੇ ਇਸ ਦੀ ਸੂਚਨਾ ਦੇਣ, ਤਾਂ ਜੋ ਬੱਚੇ ਨੂੰ ਸਮੇਂ ਸਿਰ ਸੁਰੱਖਿਅਤ ਜੀਵਨ ਪ੍ਰਦਾਨ ਕੀਤਾ ਜਾ ਸਕੇ। ਉਨ੍ਹਾਂ ਦੱਸਿਆ ਕਿ 0 ਤੋਂ 18 ਸਾਲ ਦੀ ਉਮਰ ਦੇ ਬੱਚਿਆਂ ਲਈ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਸਕੀਮਾਂ ਬਾਰੇ ਜਾਣਕਾਰੀ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ, ਹੁਸ਼ਿਆਰਪੁਰ, ਜਾਂ ਚਾਈਲਡ ਹੈਲਪਲਾਈਨ 1098 ਰਾਹੀਂ ਪ੍ਰਾਪਤ ਕੀਤੀ ਜਾ ਸਕਦੀ ਹੈ। ਉਨ੍ਹਾਂ ਦੱਸਿਆ ਕਿ ਜਨਵਰੀ ਮਹੀਨੇ ਦੌਰਾਨ ਜ਼ਿਲ੍ਹਾ ਪੱਧਰੀ ਟਾਸਕ ਫੋਰਸ ਵੱਲੋਂ ਚਾਰ ਬੱਚਿਆਂ ਨੂੰ ਬਚਾਇਆ ਗਿਆ ਹੈ ਅਤੇ ਬਾਲ ਭਲਾਈ ਕਮੇਟੀ ਹੁਸ਼ਿਆਰਪੁਰ ਦੇ ਸਾਹਮਣੇ ਪੇਸ਼ ਕੀਤਾ ਗਿਆ ਹੈ। ਕੌਂਸਲਿੰਗ ਤੋਂ ਬਾਅਦ ਬੱਚਿਆਂ ਨੂੰ ਬਾਲ ਗ੍ਰਹਿ ਵਿੱਚ ਦਾਖ਼ਲ ਕਰਵਾਇਆ ਗਿਆ ਅਤੇ ਦਸਤਾਵੇਜ਼ ਦੀ ਤਸਦੀਕ ਤੋਂ ਬਾਅਦ ਦੋ ਬੱਚਿਆਂ ਨੂੰ ਉਨ੍ਹਾਂ ਦੇ ਮਾਪਿਆਂ ਨੂੰ ਸੌਂਪ ਦਿੱਤਾ ਗਿਆ।ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਗਗਨਦੀਪ ਸਿੰਘ ਨੇ ਦੱਸਿਆ ਕਿ ਵਿਭਾਗੀ ਹਦਾਇਤਾਂ ਅਨੁਸਾਰ ਜੇਕਰ ਕੋਈ ਮਾਪੇ ਬੱਚਿਆਂ ਨੂੰ ਭੀਖ ਮੰਗਣ ਲਈ ਮਜਬੂਰ ਕਰਦੇ ਪਾਏ ਜਾਂਦੇ ਹਨ, ਤਾਂ ਉਨ੍ਹਾਂ ਦੇ ਡੀ.ਐਨ.ਏ ਟੈਸਟ ਕੀਤੇ ਜਾਣਗੇ ਅਤੇ ਜੇਕਰ ਨਤੀਜੇ ਮੇਲ ਨਹੀਂ ਖਾਂਦੇ ਤਾਂ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਸਪੱਸ਼ਟ ਕੀਤਾ ਕਿ ਅਜਿਹੇ ਛਾਪੇ ਪਹਿਲਾਂ ਵੀ ਮਾਰੇ ਗਏ ਹਨ ਅਤੇ ਭਵਿੱਖ ਵਿੱਚ ਵੀ ਜਾਰੀ ਰਹਿਣਗੇ। ਇਸ ਮੁਹਿੰਮ ਵਿੱਚ ਸਿੱਖਿਆ ਅਤੇ ਸਿਹਤ ਵਿਭਾਗਾਂ ਦੇ ਨੁਮਾਇੰਦਿਆਂ, ਜਿਨ੍ਹਾਂ ਵਿੱਚ ਸੁਖਜਿੰਦਰ ਸਿੰਘ, ਅੰਜਲੀ ਅਗਰਵਾਲ, ਕਿਰਨ ਸੈਣੀ ਅਤੇ ਦੀਕਸ਼ਾ ਸ਼ਰਮਾ ਸ਼ਾਮਲ ਸਨ, ਨੇ ਵੀ ਹਿੱਸਾ ਲਿਆ। ਜ਼ਿਲ੍ਹਾ ਪ੍ਰਸ਼ਾਸਨ ਨੇ ਦੁਹਰਾਇਆ ਕਿ ਬੱਚਿਆਂ ਦੀ ਸੁਰੱਖਿਆ ਅਤੇ ਭਵਿੱਖ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ।





## ਸਰਬੱਤ ਦੇ ਭਲੇ ਲਈ ਸੁਖਮਨੀ ਸਾਹਿਬ ਦਾ ਪਾਠ

**ਬਲਾਚੌਰ, (ਜਸਵਿੰਦਰ ਬੈਂਸ)**- ਸ਼ਹੀਦ ਭਗਤ ਸਿੰਘ ਨਗਰ ਦੀ ਸਬ ਡਵੀਜ਼ਨ ਬਲਾਚੌਰ ਵਿੱਚ ਇਸ ਵਾਰ ਵੀ ਜੈ ਮਾਂ ਬਾਲਾ ਸੁੰਦਰੀ ਕੈਂਟਰ ਯੂਨੀਅਨ ਬਲਾਚੌਰ ਵਿਖੇ ਸਰਬੱਤ ਦੇ ਭਲੇ ਹਿੱਤ ਸਾਲਾਨਾ ਧਾਰਮਿਕ ਸਮਾਗਮ ਸ਼ਰਧਾ ਅਤੇ ਸਤਿਕਾਰ ਸਹਿਤ ਕਰਵਾਇਆ ਗਿਆ। ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦਾ ਭੋਗ ਪਾਉਣ ਉਪਰੰਤ ਵੱਖ-ਵੱਖ ਕੀਰਤਨੀ ਜਥਿਆਂ ਵੱਲੋਂ ਹਾਜ਼ਰ ਸੰਗਤਾਂ ਨੂੰ ਗੁਰੂਆਂ ਦੇ ਦੱਸੇ ਮਾਰਗ 'ਤੇ ਚੱਲਣ ਦੀ ਪ੍ਰੇਰਣਾ ਦਿੱਤੀ ਗਈ। ਪ੍ਰਧਾਨ ਚੌਧਰੀ ਕੇਵਲ ਕ੍ਰਿਸ਼ਨ ਜੋਗੇਵਾਲ ਵੱਲੋਂ ਸਮੁੱਚੇ ਪਤਵੰਤਿਆਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਗਿਆ। ਇਸ ਮੌਕੇ ਸੀਨੀਅਰ ਆਪ ਆਗੂ ਚੌਧਰੀ ਅਸ਼ੋਕ ਕਟਾਰੀਆ, ਚੌਧਰੀ ਅਜੇ ਮੰਗੂਪੁਰ ਕਾਂਗਰਸ ਪ੍ਰਧਾਨ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ, ਭਾਜਪਾ ਆਗੂ ਚੌਧਰੀ ਵਿਜੇ ਭਾਟੀਆ ਸੰਡਰੇਵਾਲ, ਨਵੀਨ ਭਾਟੀਆ ਆਦੋਆਣਾ, ਰਵੀਇੰਦਰ ਭਾਟੀਆ ਆਦੋਆਣਾ, ਹਰਕਮਲ ਸਿੰਘ ਕੌਲਗੜ੍ਹ, ਜਸਵਿੰਦਰ ਬੈਂਸ, ਸਮਰਦੀਪ ਸਿੰਘ, ਰਾਮ ਲਾਲ, ਬਬਲੂ ਰਾਣਾ, ਨਰਿੰਦਰ ਰਾਣਾ, ਰੋਹਿਤ ਬਾਦਲ, ਭੁਪਿੰਦਰ ਸਿੰਘ ਸੋਨੂੰ ਰੋਪੜ, ਸਾਗਰ ਰਾਣਾ, ਸੁੱਚਾ ਸਿੰਘ ਥੋਪੀਆ, ਬਿੰਦਰ ਸੰਡਰੇਵਾਲ, ਧਰਮ ਪਾਲ ਜੀਤਪੁਰ, ਰਿੰਕਾ ਰਾਣਾ, ਨਿੱਕੂ ਚੰਨਿਆਣੀ, ਮੋਹਣ ਲਾਲ ਕੁੱਕੜਸੂਹਾ, ਕ੍ਰਿਸ਼ਨ ਰਾਣਾ, ਲੱਕੀ ਥੋਪੀਆ, ਸੋਹਲ ਸਪੇਅਰ ਪਾਰਟਸ ਅਤੇ ਹੋਰ ਵੱਖ-ਵੱਖ ਸ਼ਖਸੀਅਤਾਂ ਹਾਜ਼ਰ ਸਨ।



## ਮਾਤਾ ਦੀ ਯਾਦ 'ਚ 11 ਬੂਟੇ ਲਗਾ ਕੇ ਵਾਤਾਵਰਣ ਬਚਾਉਣ ਦਾ ਦਿੱਤਾ ਸੁਨੇਹਾ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਪੰਜਾਬ ਪੁਲਸ ਦੇ ਸੇਵਾਮੁਕਤ ਇੰਸਪੈਕਟਰ ਜਸਵੀਰ ਸਿੰਘ ਭੱਟੀ ਅਤੇ ਉਨ੍ਹਾਂ ਦੇ ਛੋਟੇ ਭਰਾ ਜਸਵਿੰਦਰ ਸਿੰਘ ਭੱਟੀ ਦੀ ਸਵਰਗਵਾਸੀ ਮਾਤਾ ਸੁਰਿੰਦਰ ਕੌਰ ਦੀ ਅੰਤਿਮ ਅਰਦਾਸ ਮੌਕੇ ਪਿੰਡ ਸਾਹਲੋਂ ਦੇ ਗੁਰੂ ਘਰ ਵਿਖੇ ਪਾਠ ਦੇ ਭੋਗ ਪਾਏ ਗਏ। ਇਸ ਮੌਕੇ ਵਾਤਾਵਰਣ ਸੰਭਾਲ ਸੁਸਾਇਟੀ ਦੇ ਪ੍ਰਧਾਨ ਜਸਵੰਤ ਸਿੰਘ ਭੱਟੀ ਨੇ ਦੱਸਿਆ ਕਿ ਮਾਤਾ ਸੁਰਿੰਦਰ ਕੌਰ ਆਪਣੇ ਸਾਦਗੀ ਭਰੇ ਸੁਭਾਅ ਸਦਕਾ 98 ਸਾਲ ਦੀ ਲੰਬੀ ਉਮਰ ਭੋਗ ਕੇ ਪਿਛਲੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ। ਉਹਨਾਂ ਦੇ ਦੋਹਾਂ ਪੁੱਤਰਾਂ ਨੇ ਵਾਤਾਵਰਣ ਪ੍ਰੇਮੀ ਵਾਤਾਵਰਣ ਸੰਭਾਲ ਸੁਸਾਇਟੀ ਦੇ ਪ੍ਰਧਾਨ ਜਸਵੰਤ ਸਿੰਘ ਭੱਟੀ ਦੀ ਪ੍ਰੇਰਨਾ ਸਦਕਾ ਵੱਖ-ਵੱਖ ਕਿਸਮਾਂ ਦੇ 11 ਬੂਟੇ ਆਪਣੀ ਸਵਰਗਵਾਸੀ ਮਾਤਾ ਦੀ ਯਾਦ ਵਿੱਚ ਲਗਾਏ। ਇਸ ਮੌਕੇ ਉਨ੍ਹਾਂ ਕਿਹਾ ਇਨਸਾਨ ਦੀ ਹੋਂਦ ਮਾਂ ਤੋਂ ਸ਼ੁਰੂ ਹੁੰਦੀ ਹੈ ਅਤੇ ਮਾਂ ਦੀ ਪਾਲਣਾ ਅਤੇ ਸੰਸਕਾਰ ਸਦਕਾ ਹੀ ਇਨਸਾਨ ਦੀ ਕਾਬਲੀਅਤ ਸਿੱਧ ਹੁੰਦੀ ਹੈ। ਮਾਂ ਦਾ ਵਿਛੋੜਾ ਅਸਹਿ ਅਤੇ ਅਕਹਿ ਹੈ। ਇਸ ਮੌਕੇ ਤੇ ਸਾਹਲੋਂ ਪਿੰਡ ਦੀ ਸਾਬਕਾ ਸਰਪੰਚ ਸੁਰਿੰਦਰ ਕੌਰ, ਚਰਨ ਸਿੰਘ, ਸੁਰਜੀਤ ਸਿੰਘ, ਮੋਹਣ ਸਿੰਘ, ਪਰਮਜੀਤ ਸਿੰਘ ਅਤੇ ਵੱਡੀ ਗਿਣਤੀ ਵਿੱਚ ਹੋਰ ਰਿਸ਼ਤੇਦਾਰ ਅਤੇ ਪਿੰਡ ਵਾਸੀ ਵੀ ਹਾਜ਼ਰ ਸਨ।



## ਕਤਲ ਕੇਸ 'ਚ ਲੋੜੀਂਦਾ ਮੁਲਜ਼ਮ ਗ੍ਰਿਫਤਾਰ

**ਫਗਵਾੜਾ (ਡਾ. ਰਮਨ)**- ਗੌਰਵ ਤੂਰ ਸੀਨੀਅਰ ਪੁਲਸ ਕਪਤਾਨ ਕਪੂਰਥਲਾ ਦੇ ਦਿਸ਼ਾ ਨਿਰਦੇਸ਼ ਹੇਠ ਕਪੂਰਥਲਾ ਪੁਲਸ ਵੱਲੋਂ 3 ਦਸੰਬਰ 2025 ਨੂੰ ਹਦੀਆਬਾਦ ਵਿਖੇ ਹੋਏ ਕਤਲ ਦੇ ਸਬੰਧ ਵਿੱਚ ਲੋੜੀਂਦਾ 1 ਦੋਸ਼ੀ ਗ੍ਰਿਫਤਾਰ ਕੀਤਾ ਗਿਆ। ਮਾਧਵੀ ਸ਼ਰਮਾ ਪੁਲਸ ਕਪਤਾਨ ਫਗਵਾੜਾ ਨੇ ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ 3 ਦਸੰਬਰ 2025 ਨੂੰ ਰਾਤ ਵਕਤ 10.30 ਵਜੇ ਜਸਪ੍ਰੀਤ ਉਰਫ ਜੱਸੀ ਪੁੱਤਰ ਜਸਵਿੰਦਰ ਕੁਮਾਰ ਵਾਸੀ ਖਜੂਰਲਾ ਥਾਣਾ ਸਦਰ ਫਗਵਾੜਾ ਜ਼ਿਲ੍ਹਾ ਕਪੂਰਥਲਾ, ਰਾਜ ਕਰਨ ਉਰਫ ਗੋਲੂ ਪੁੱਤਰ ਜਰਨੈਲ ਸਿੰਘ ਵਾਸੀ ਮਾਨਕਪੁਰ ਸ਼ਾਹਕੋਟ ਜ਼ਿਲ੍ਹਾ ਜਲੰਧਰ ਦਿਹਾਤੀ ਸਮੇਤ 1/2 ਨਾਮਲੂਮ ਵਿਅਕਤੀ ਖਾ ਪੀ ਰਹੇ ਸਨ ਜਿੱਥੇ ਕਿ ਅਵਿਨਾਸ਼ ਉਰਫ ਗੋਲੂ ਪੁੱਤਰ ਨੰਦ ਲਾਲ ਵਾਸੀ ਹਦੀਆਬਾਦ ਵਾਲਮੀਕ ਮੁਹੱਲਾ ਥਾਣਾ ਸਤਨਾਮਪੁਰਾ ਜ਼ਿਲ੍ਹਾ ਕਪੂਰਥਲਾ ਵੀ ਆਪਣੇ ਘਰ ਤੋਂ ਜੰਜਘਰ ਹਦੀਆਬਾਦ ਚਲਾ ਗਿਆ ਜੋ ਕਿ ਪਹਿਲਾਂ ਤੋਂ ਹੀ ਅਵਿਨਾਸ਼ ਉਰਫ ਗੋਲੂ ਦੇ ਜਾਣਕਾਰ ਸਨ। ਜਸਪ੍ਰੀਤ ਉਰਫ ਜੱਸੀ ਉਕਤ ਅਵਿਨਾਸ਼ ਉਰਫ ਗੋਲੂ ਦੀ ਆਪਸ ਵਿੱਚ ਕਿਸੇ ਗੱਲ ਨੂੰ ਲੈ ਕੇ ਬਹਿਸ ਹੋ ਗਈ ਸੀ ਤਾਂ ਜਸਪ੍ਰੀਤ ਉਰਫ ਜੱਸੀ ਨੇ ਆਪਣੇ ਡੱਬ ਵਿੱਚੋਂ ਪਿਸਟਲ ਕੱਢ ਕੇ ਅਵਿਨਾਸ਼ ਉਰਫ ਗੋਲੂ ਦੇ ਗੋਲੀ ਮਾਰ ਦਿੱਤੀ, ਜੋ ਉਸ ਦੀ ਗਰਦਨ ਵਿੱਚ ਲੱਗੀ, ਜਿਸ ਨੂੰ ਇਲਾਜ ਲਈ ਸਿਵਲ ਹਸਪਤਾਲ ਫਗਵਾੜਾ ਲਿਜਾਇਆ ਗਿਆ, ਜਿੱਥੇ ਡਾਕਟਰ ਵੱਲੋਂ ਉਸ ਨੂੰ ਮ੍ਰਿਤਕ ਕਰਾਰ ਦੇ ਦਿੱਤਾ ਗਿਆ। ਜਿਸ 'ਤੇ ਮ੍ਰਿਤਕ ਦੇ ਭਰਾ ਮਨੀਸ਼ ਘਈ ਪੁੱਤਰ ਨੰਦ ਲਾਲ ਵਾਸੀ ਹਦੀਆਬਾਦ ਵਾਲਮੀਕ ਮੁਹੱਲਾ ਥਾਣਾ ਸਤਨਾਮਪੁਰਾ ਜ਼ਿਲ੍ਹਾ ਕਪੂਰਥਲਾ ਦੇ ਬਿਆਨ 'ਤੇ ਮੁਕੱਦਮਾ ਅਸਲਾ ਐਕਟ ਥਾਣਾ ਸਤਨਾਮਪੁਰਾ ਜ਼ਿਲ੍ਹਾ ਕਪੂਰਥਲਾ ਬਰਖਿਲਾਫ ਜਸਪ੍ਰੀਤ ਉਰਫ ਜੱਸੀ ਪੁੱਤਰ ਜਸਵਿੰਦਰ ਕੁਮਾਰ ਵਾਸੀ ਖਜੂਰਲਾ ਥਾਣਾ ਸਦਰ ਫਗਵਾੜਾ ਜ਼ਿਲ੍ਹਾ ਕਪੂਰਥਲਾ, ਰਾਜ ਕਰਨ ਉਰਫ ਗੋਲੂ ਪੁੱਤਰ ਜਰਨੈਲ ਸਿੰਘ ਵਾਸੀ ਮਾਨਕਪੁਰ ਸ਼ਾਹਕੋਟ ਜ਼ਿਲ੍ਹਾ ਜਲੰਧਰ ਦਿਹਾਤੀ ਸਮੇਤ ਨਾਮਲੂਮ ਵਿਅਕਤੀ ਦੇ ਦਰਜ ਰਜਿਸਟਰ ਕਰਕੇ ਤਫਤੀਸ਼ ਅਮਲ ਵਿੱਚ ਲਿਆਂਦੀ ਗਈ। ਇਸ ਮੁਕੱਦਮਾ ਨੂੰ ਵੱਖ-ਵੱਖ ਐਂਗਲਾਂ ਤੋਂ ਟਰੇਸ ਕਰਨ ਲਈ ਭਾਰਤ ਭੂਸ਼ਣ ਉਪ ਪੁਲਸ ਕਪਤਾਨ ਸਬ ਡਵੀਜ਼ਨ ਫਗਵਾੜਾ ਦੀ ਅਗਵਾਈ ਹੇਠ ਇੰਸਪੈਕਟਰ ਹਰਦੀਪ ਸਿੰਘ ਮੁੱਖ ਅਫਸਰ ਥਾਣਾ ਸਤਨਾਮਪੁਰਾ ਦੀ ਟੀਮ ਦਾ ਗਠਨ ਕੀਤਾ ਗਿਆ ਸੀ। ਪੁਲਸ ਨੂੰ ਉਸ ਸਮੇਂ ਸਫਲਤਾ ਪ੍ਰਾਪਤ ਹੋਈ ਜਦੋਂ ਮੁਕੱਦਮਾ ਵਿੱਚ ਗ੍ਰਿਫਤਾਰੀ ਤੋਂ ਰਹਿੰਦੇ ਲੋੜੀਂਦੇ ਦੋਸ਼ੀ ਜਸਪ੍ਰੀਤ ਉਰਫ ਜੱਸੀ ਪੁੱਤਰ ਜਸਵਿੰਦਰ ਕੁਮਾਰ ਵਾਸੀ ਖਜੂਰਲਾ ਥਾਣਾ ਸਦਰ ਫਗਵਾੜਾ ਨੂੰ ਹਸਬ ਜ਼ਾਬਤਾ ਅਨੁਸਾਰ ਗ੍ਰਿਫਤਾਰ ਕੀਤਾ ਗਿਆ, ਜਿਸ ਦੇ ਕਬਜ਼ੇ ਵਿੱਚੋਂ ਵਾਰਦਾਤ ਸਮੇਂ ਵਰਤਿਆ ਇੱਕ ਪਿਸਟਲ 7.65 ਐਮ ਐਮ ਸਮੇਤ 2 ਰੌਂਦ ਬ੍ਰਾਮਦ ਕੀਤੇ ਗਏ, ਜਿਸ ਨੂੰ ਪੇਸ਼ ਅਦਾਲਤ ਕਰਕੇ ਪੁਲਸ ਰਿਮਾਂਡ ਹਾਸਿਲ ਕੀਤਾ ਜਾ ਰਿਹਾ ਹੈ।



## ਪੰਜਾਬ ਸਰਕਾਰ ਵੱਲੋਂ ਬਾਲ ਭੀਖ ਮੰਗਵਾਉਣ 'ਤੇ ਸਖ਼ਤ ਕਾਰਵਾਈ; 1023 ਬੱਚੇ ਬਚਾਏ : ਡਾ. ਬਲਜੀਤ ਕੌਰ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਵਿੱਚੋਂ ਬਾਲ ਭਿੱਖਿਆ ਦੀ ਸਮਾਜਿਕ ਕੁਰੀਤੀ ਨੂੰ ਜੜ੍ਹੋਂ ਖ਼ਤਮ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਸ ਮਕਸਦ ਦੀ ਪ੍ਰਾਪਤੀ ਲਈ ਸਰਕਾਰ ਵੱਲੋਂ ਬਾਲ ਭੀਖ ਮੰਗਵਾਉਣ ਖ਼ਿਲਾਫ਼ ਸਖ਼ਤ ਅਤੇ ਨਤੀਜਾ ਕੇਂਦਰਿਤ ਕਾਰਵਾਈ ਕੀਤੀ ਜਾ ਰਹੀ ਹੈ। ਇਹ ਪ੍ਰਗਟਾਵਾ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕੀਤਾ। ਡਾ.ਬਲਜੀਤ ਕੌਰ ਨੇ ਕਿਹਾ ਕਿ ਸੂਬੇ ਭਰ ਵਿੱਚ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਦੌਰਾਨ ਬੀਤੇ ਦੋ ਦਿਨਾਂ ਵਿੱਚ ਸਾਰੇ ਜ਼ਿਲ੍ਹਿਆਂ ਦੇ ਹਾਟਸਪਾਟਾਂ 'ਤੇ ਕੀਤੀਆਂ ਗਈਆਂ ਛਾਪੇਮਾਰੀਆਂ ਦੌਰਾਨ ਕੁੱਲ 31 ਭੀਖ ਮੰਗਦਿਆਂ ਬੱਚਿਆਂ ਨੂੰ ਰੈਸਕਿਊ ਕੀਤਾ ਗਿਆ। ਇਨ੍ਹਾਂ ਵਿੱਚੋਂ 4 ਬੱਚਿਆਂ ਨੂੰ ਦਸਤਾਵੇਜ਼ੀ ਪੁਸ਼ਟੀ ਉਪਰੰਤ ਬਾਲ ਭਲਾਈ ਕਮੇਟੀ ਵੱਲੋਂ ਮੌਕੇ 'ਤੇ ਹੀ ਮਾਪਿਆਂ ਦੇ ਸਪੁਰਦ ਕਰ ਦਿੱਤਾ ਗਿਆ, ਜਦਕਿ 27 ਬੱਚਿਆਂ ਨੂੰ ਆਰਜ਼ੀ ਤੌਰ 'ਤੇ ਬਾਲ ਘਰਾਂ ਵਿੱਚ ਭੇਜਿਆ ਗਿਆ, ਜਿੱਥੇ ਪੁਸ਼ਟੀ ਉਪਰੰਤ ਅਗਲੀ ਕਾਰਵਾਈ ਕੀਤੀ ਜਾਵੇਗੀ।ਕੈਬਨਿਟ ਮੰਤਰੀ ਡਾ ਬਲਜੀਤ ਕੌਰ ਨੇ ਕਿਹਾ ਕਿ ਪ੍ਰੋਜੈਕਟ ਜੀਵਨਜਯੋਤ 2.0 ਅਧੀਨ ਹੁਣ ਤੱਕ ਕੁੱਲ 1023 ਬੱਚਿਆਂ ਨੂੰ ਬਾਲ ਭੀਖ ਮੰਗਵਾਉਣ ਤੋਂ ਬਚਾਇਆ ਜਾ ਚੁੱਕਾ ਹੈ। ਇਨ੍ਹਾਂ ਵਿੱਚੋਂ 38 ਬੱਚਿਆਂ ਨੂੰ ਸਪਾਂਸਰਸ਼ਿਪ ਸਕੀਮ ਦਾ ਲਾਭ, 349 ਬੱਚਿਆਂ ਦੇ ਸਕੂਲਾਂ ਵਿੱਚ ਦਾਖਲੇ, 9 ਬੱਚਿਆਂ ਨੂੰ ਆਂਗਨਵਾੜੀ ਕੇਂਦਰਾਂ ਨਾਲ ਜੋੜਿਆ ਗਿਆ, ਜਦਕਿ 13 ਬੱਚਿਆਂ ਨੂੰ ਆਯੁਸ਼ਮਾਨ ਭਾਰਤ ਸਕੀਮ ਅਧੀਨ ਸਿਹਤ ਸਹੂਲਤਾਂ ਪ੍ਰਦਾਨ ਕੀਤੀਆਂ ਗਈਆਂ ਹਨ। ਬਾਲ ਘਰਾਂ ਵਿੱਚ ਰਹਿ ਰਹੇ ਬੱਚਿਆਂ ਨੂੰ ਸਿੱਖਿਆ, ਪੋਸ਼ਣ, ਸਿਹਤ ਸਹੂਲਤਾਂ ਅਤੇ ਹੋਰ ਜ਼ਰੂਰੀ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ, ਤਾਂ ਜੋ ਉਨ੍ਹਾਂ ਨੂੰ ਸਨਮਾਨਜਨਕ ਅਤੇ ਸੁਰੱਖਿਅਤ ਭਵਿੱਖ ਵੱਲ ਲਿਜਾਇਆ ਜਾ ਸਕੇ।ਇਸ ਮੁਹਿੰਮ ਦੇ ਸਕਾਰਾਤਮਕ ਨਤੀਜਿਆਂ ਵੱਜੋਂ ਸੂਬੇ ਵਿੱਚ ਬਾਲ ਭੀਖ ਮੰਗਵਾਉਣ ਦੀ ਪ੍ਰਵਿਰਤੀ ਵਿੱਚ ਲਗਾਤਾਰ ਘਾਟ ਦਰਜ ਕੀਤੀ ਜਾ ਰਹੀ ਹੈ। ਪੰਜਾਬ ਸਰਕਾਰ ਬਾਲ ਭੀਖ ਮੰਗਵਾਉਣ ਖ਼ਿਲਾਫ਼ ਜ਼ੀਰੋ ਟੋਲਰੈਂਸ ਨੀਤੀ ਅਪਣਾਈ ਹੋਈ ਹੈ ਅਤੇ ਇਹ ਕਾਰਵਾਈਆਂ ਹੋਰ ਤੇਜ਼ ਕੀਤੀਆਂ ਜਾਣਗੀਆਂ।ਡਾ. ਬਲਜੀਤ ਕੌਰ ਨੇ ਸਪਸ਼ਟ ਕੀਤਾ ਕਿ ਜੇਕਰ ਕੋਈ ਵੀ ਵਿਅਕਤੀ ਬੱਚਿਆਂ ਨੂੰ ਭੀਖ ਮੰਗਣ ਲਈ ਮਜਬੂਰ ਕਰਦਾ ਪਾਇਆ ਗਿਆ ਤਾਂ ਉਸ ਖ਼ਿਲਾਫ਼ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਬੱਚਿਆਂ ਨੂੰ ਦਾਨ ਦੇਣ ਤੋਂ ਗੁਰੇਜ਼ ਕੀਤਾ ਜਾਵੇ ਅਤੇ ਜੇਕਰ ਕੋਈ ਬੱਚਾ ਸੜਕਾਂ 'ਤੇ ਭੀਖ ਮੰਗਦਾ ਦਿਖਾਈ ਦੇਵੇ ਤਾਂ ਤੁਰੰਤ ਚਾਈਲਡ ਹੈਲਪਲਾਈਨ ਨੰਬਰ 1098, ਆਪਣੇ ਜ਼ਿਲ੍ਹੇ ਦੀ ਬਾਲ ਭਲਾਈ ਕਮੇਟੀ ਜਾਂ ਸੰਬੰਧਤ ਅਧਿਕਾਰੀਆਂ ਨੂੰ ਸੂਚਿਤ ਕੀਤਾ ਜਾਵੇ, ਤਾਂ ਜੋ ਹਰ ਬੱਚੇ ਲਈ ਸੁਰੱਖਿਅਤ ਅਤੇ ਸਨਮਾਨਜਨਕ ਭਵਿੱਖ ਯਕੀਨੀ ਬਣਾਇਆ ਜਾ ਸਕੇ।



## ਚਾਈਨਾ ਡੋਰ 'ਤੇ ਲੱਗੇ ਪੂਰਨ ਪਾਬੰਦੀ : ਸਰਪੰਚ ਰਿੰਪਲ ਕੁਮਾਰ

**ਫਗਵਾੜਾ (ਡਾ. ਰਮਨ)**- ਪੰਜਾਬ ਵਿੱਚ ਬੇਰੋਕ-ਟੋਕ ਵਿਕ ਰਹੀ ਚਾਈਨਾ ਡੋਰ ਹੁਣ ਸਿੱਧੀ ਤਰ੍ਹਾਂ ਇਨਸਾਨਾਂ, ਪਸ਼ੂਆਂ ਅਤੇ ਪੰਛੀਆਂ ਦੀ ਜਾਨ ਦੀ ਦੁਸ਼ਮਣ ਬਣ ਚੁੱਕੀ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਪਿੰਡ ਵਜੀਦੋਵਾਲ ਦੇ ਸਰਪੰਚ ਰਿੰਪਲ ਕੁਮਾਰ ਨੇ ਅੱਜ ਇੱਥੇ ਗੱਲਬਾਤ ਦੌਰਾਨ ਕੀਤਾ। ਉਹਨਾਂ ਕਿਹਾ ਕਿ ਬੜੇ ਅਫਸੋਸ ਦੀ ਗੱਲ ਹੈ ਕਿ ਸਰਕਾਰੀ ਪਾਬੰਦੀਆਂ ਦੇ ਬਾਵਜੂਦ ਸ਼ਹਿਰਾਂ ਅਤੇ ਪਿੰਡਾਂ ਵਿੱਚ ਇਹ ਮੌਤ ਦੀ ਡੋਰ ਖੁੱਲ੍ਹੇਆਮ ਵਿਕ ਰਹੀ ਹੈ। ਪਿਛਲੇ ਸਾਲਾਂ ਦੌਰਾਨ ਚਾਈਨਾ ਡੋਰ ਕਾਰਨ ਕਈ ਲੋਕਾਂ ਦੀਆਂ ਗਰਦਨਾਂ ਕੱਟਣ, ਮੋਟਰਸਾਈਕਲ ਸਵਾਰਾਂ ਦੇ ਗੰਭੀਰ ਜ਼ਖ਼ਮੀ ਹੋਣ ਅਤੇ ਬੇਜ਼ੁਬਾਨ ਪਸ਼ੂਆਂ ਤੇ ਪੰਛੀਆਂ ਦੀ ਮੌਤ ਦੇ ਮਾਮਲੇ ਸਾਹਮਣੇ ਆ ਚੁੱਕੇ ਹਨ। ਸ਼ਹਿਰਾਂ ਦੀਆਂ ਸੜਕਾਂ, ਖੇਤਾਂ, ਬਿਜਲੀ ਦੀਆਂ ਤਾਰਾਂ 'ਤੇ ਲਟਕਦੀ ਇਹ ਡੋਰ ਹਰ ਲੰਘਦੇ ਇਨਸਾਨ ਲਈ ਮੌਤ ਦਾ ਫੰਦਾ ਬਣੀ ਹੋਈ ਹੈ।ਉਹਨਾਂ ਕਿਹਾ ਕਿ ਸਥਾਨਕ ਲੋਕਾਂ, ਸਮਾਜਸੇਵੀਆਂ ਅਤੇ ਪਸ਼ੂ ਪ੍ਰੇਮੀਆਂ ਵਿੱਚ ਇਸ ਮਸਲੇ ਨੂੰ ਲੈ ਕੇ ਭਾਰੀ ਰੋਸ ਪਾਇਆ ਜਾ ਰਿਹਾ ਹੈ। ਜੇਕਰ ਸਮੇਂ ਸਿਰ ਸਖ਼ਤ ਕਾਰਵਾਈ ਕੀਤੀ ਜਾਵੇ, ਤਾਂ ਹੋਰ ਅਨੇਕਾਂ ਕੀਮਤੀ ਜਾਨਾਂ ਬਚਾਈਆਂ ਜਾ ਸਕਦੀਆਂ ਸਨ। ਚਾਈਨਾ ਡੋਰ ਵੇਚਣ ਵਾਲਿਆਂ ਖ਼ਿਲਾਫ਼ ਸਿਰਫ਼ ਚਲਾਨ ਨਹੀਂ, ਸਗੋਂ ਸਖ਼ਤ ਕਾਨੂੰਨੀ ਕਾਰਵਾਈ ਅਤੇ ਜੇਲ੍ਹ ਦੀ ਸਜ਼ਾ ਯਕੀਨੀ ਹੋਣੀ ਚਾਹੀਦੀ ਹੈ। ਉਹਨਾਂ ਮੰਗ ਕੀਤੀ ਕਿ ਜ਼ਿਲ੍ਹਾ ਕਪੂਰਥਲਾ 'ਚ ਚਾਈਨਾ ਡੋਰ 'ਤੇ ਪੂਰਨ ਤੇ ਸਖ਼ਤ ਪਾਬੰਦੀ ਲਗਾਈ ਜਾਵੇ। ਸਪਲਾਇਰਾਂ ਅਤੇ ਥੋਕ ਵਿਕ੍ਰੇਤਾਵਾਂ ਦੀ ਪਛਾਣ ਕਰਕੇ ਕੇਸ ਦਰਜ ਕੀਤੇ ਜਾਣ। ਸਕੂਲਾਂ ਅਤੇ ਪਿੰਡਾਂ 'ਚ ਨਸ਼ੇ ਵਿਰੋਧੀ ਮੁਹਿੰਮ ਵਾਂਗ ਜਾਗਰੂਕਤਾ ਮੁਹਿੰਮ ਚਲਾਈ ਜਾਵੇ ਤਾਂ ਸ਼ਾਇਦ ਇਸ ਦੇ ਸਾਰਥਕ ਨਤੀਜੇ ਮਿਲ ਸਕਦੇ ਹਨ। ਸਿਰਫ਼ ਤਿਉਹਾਰਾਂ ਨਹੀਂ, ਸਗੋਂ ਸਾਲ ਭਰ ਨਿਗਰਾਨੀ ਕੀਤੀ ਜਾਣੀ ਚਾਹੀਦੀ ਹੈ। ਉਹਨਾਂ ਦੁਕਾਨਦਾਰਾਂ ਨੂੰ ਵੀ ਅਪੀਲ ਕੀਤੀ ਕਿ ਉਹ ਚੰਦ ਸਿੱਕਿਆਂ ਲਈ ਆਪਣਾ ਜਮੀਰ ਨਾ ਵੇਚਣ, ਕਿਉਂਕਿ ਉਹ ਖੁਦ ਵੀ ਇਸੇ ਸਮਾਜ ਦਾ ਹਿੱਸਾ ਹਨ ਅਤੇ ਇਹ ਚਾਈਨਾ ਡੋਰ ਉਹਨਾਂ ਦੇ ਲਈ ਵੀ ਜਾਨਲੇਵਾ ਹੋ ਸਕਦੀ ਹੈ।



## ਨਸ਼ਾ ਕਰਨ ਦੇ ਆਦੀ 2 ਨੌਜਵਾਨਾਂ ਖਿਲਾਫ ਮਾਮਲਾ ਦਰਜ

**ਸ੍ਰੀ ਚਮਕੌਰ ਸਾਹਿਬ (ਗੁਰਵਿੰਦਰਪਾਲ ਸਿੰਘ ਬੌਬੀ)**- ਸ੍ਰੀ ਚਮਕੌਰ ਸਾਹਿਬ ਪੁਲਸ ਵੱਲੋਂ ਨਸ਼ਾ ਕਰਨ ਦੇ ਆਦੀ 2 ਨੌਜਵਾਨਾਂ ਖਿਲਾਫ ਐਨ ਡੀ ਪੀ ਐਸ ਐਕਟ ਦੀਆਂ ਵੱਖ ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕਰਕੇ ਗ੍ਰਿਫਤਾਰ ਕਰਕੇ ਡੋਪ ਟੈਸਟ ਰਿਪੋਰਟ ਪਾਜ਼ੇਟਿਵ ਆਉਣ ਉਪਰੰਤ ਰੋਪੜ ਦੇ ਨਸ਼ਾ ਮੁਕਤੀ ਕੇਂਦਰ ਵਿੱਚ ਦਾਖਲ ਕਰਵਾਇਆ ਗਿਆ । ਸਬ ਇੰਸਪੈਕਟਰ ਰਜਿੰਦਰ ਕੁਮਾਰ ਨੇ ਦੱਸਿਆ ਕਿ ਏ ਐਸ ਆਈ ਸੁਦੇਸ਼ ਕੁਮਾਰ ਪੁਲਸ ਪਾਰਟੀ ਸਮੇਤ ਸਮਾਜ ਵਿਰੋਧੀ ਅਨਸਰਾਂ ਤੇ ਨਸ਼ਾ ਤਸਕਰਾਂ ਨੂੰ ਕਾਬੂ ਕਰਨ ਲਈ ਸਥਾਨਕ ਨਹਿਰੀ ਪੁਲ 'ਤੇ ਗਸ਼ਤ ਕਰ ਰਹੇ ਸਨ ਕਿ ਭੂਰੜੇ ਚੌਂਕ 'ਚ ਖੜ੍ਹਾ ਨੌਜਵਾਨ ਪੁਲਸ ਨੂੰ ਵੇਖ ਉਥੋਂ ਖਿਸਕਣ ਲੱਗਾ, ਜਿਸ ਨੂੰ ਪੁਲਸ ਪਾਰਟੀ ਵੱਲੋਂ ਗ੍ਰਿਫਤਾਰ ਕਰਨ ਉਪਰੰਤ ਏ ਐਸ ਆਈ ਸੁਦੇਸ਼ ਕੁਮਾਰ ਵੱਲੋਂ ਸਰਕਾਰੀ ਸਿਵਲ ਹਸਪਤਾਲ ਮੋਰਿੰਡਾ ਵਿਖੇ ਉਸ ਦਾ ਡੋਪ ਟੈਸਟ ਕਰਵਾਇਆ ਗਿਆ, ਜਿੱਥੇ ਦਵਿੰਦਰ ਸਿੰਘ ਦੀ ਰਿਪੋਰਟ ਪੋਜ਼ੀਟਿਵ ਆਈ । ਸਬ ਇੰਸਪੈਕਟਰ ਰਜਿੰਦਰ ਕੁਮਾਰ ਨੇ ਦੱਸਿਆ ਕਿ ਦਵਿੰਦਰ ਸਿੰਘ ਪੁੱਤਰ ਮੇਜਰ ਸਿੰਘ ਖਿਲਾਫ ਐਨ ਡੀ ਪੀ ਐਸ ਐਕਟ ਦੀਆਂ ਧਰਾਵਾਂ 27/61/85 ਅਧੀਨ ਮਾਮਲਾ ਦਰਜ ਕਰਕੇ ਉਸ ਨੂੰ ਇਲਾਜ ਲਈ ਸਰਕਾਰੀ ਸਿਵਲ ਹਸਪਤਾਲ ਰੂਪਨਗਰ ਵਿਖੇ ਬਣੇ ਨਸ਼ਾ ਮੁਕਤੀ ਕੇਂਦਰ ਵਿਖੇ ਦਾਖਲ ਕਰਵਾਇਆ ਗਿਆ ਹੈ।ਸਬ ਇੰਸਪੈਕਟਰ ਰਜਿੰਦਰ ਕੁਮਾਰ ਨੇ ਦੱਸਿਆ ਕਿ ਇਸੇ ਤਰ੍ਹਾਂ ਏ ਐਸ ਆਈ ਸੁਖਵਿੰਦਰ ਸਿੰਘ ਵੱਲੋਂ ਵੀ ਪਿੰਡ ਫਤਿਹਪੁਰ ਦੇ ਨਸ਼ੇ ਦੇ ਆਦੀ ਦੇਸ ਰਾਜ ਪੁੱਤਰ ਪਰਮ ਲਾਲ ਵਾਸੀ ਪਿੰਡ ਸੱਲੋਮਾਜਰਾ ਨੂੰ ਨਸ਼ੇ ਦੀ ਹਾਲਤ ਵਿਚ ਗ੍ਰਿਫਤਾਰ ਕਰਕੇ ਸਬ ਡਵੀਜ਼ਨਲ ਹਸਪਤਾਲ ਵਿਚ ਡੋਪ ਟੈਸਟ ਕਰਵਾਉਣ ਉਪਰੰਤ ਨਸ਼ਾ ਮੁਕਤੀ ਕੇਂਦਰ ਭਰਤੀ ਕਰਵਾਇਆ ਗਿਆ ਹੈ।ਸਬ ਇੰਸਪੈਕਟਰ ਰਜਿੰਦਰ ਕੁਮਾਰ ਅਨੁਸਾਰ ਸ੍ਰੀ ਚਮਕੌਰ ਸਾਹਿਬ ਪੁਲਸ ਦੇ ਏ ਐਸ ਆਈ ਸੁਦੇਸ਼ ਕੁਮਾਰ ਵੱਲੋਂ ਜਨਵਰੀ 2019 ਵਿੱਚ ਐਕਸਾਈਜ਼ ਐਕਟ ਅਧੀਨ ਦਰਜ ਐਫ ਆਈ ਆਰ ਨੰਬਰ ਪੰਜ ਵਿੱਚ ਜੁਲਾਈ 2022 ਵਿੱਚ ਅਦਾਲਤ ਵੱਲੋਂ ਭਗੌੜਾ ਕਰਾਰ ਦਿੱਤੇ ਗਏ ਸੱਜਣ ਸਿੰਘ ਪੁੱਤਰ ਨੰਦ ਲਾਲ ਵਾਸੀ ਵਾਰਡ ਨੰਬਰ ਛੇ ਇੰਦਰਾ ਕਲੋਨੀ ਸ੍ਰੀ ਚਮਕੌਰ ਸਾਹਿਬ ਨੂੰ ਗ੍ਰਿਫਤਾਰ ਕਰਕੇ ਅਗਲੇਰੀ ਅਦਾਲਤੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।



## ਮੀਰੀ ਪੀਰੀ ਚੈਰੀਟੇਬਲ ਹਸਪਤਾਲ ਵਿਖੇ ਲੋੜੀਂਦੀਆਂ ਦਵਾਈਆਂ ਮੁਹੱਈਆ ਕਰਵਾਈਆਂ



**ਕਾਲਾ ਸੰਘਿਆਂ (ਮਨਜੀਤ ਮਾਨ)**- ਮੀਰੀ ਪੀਰੀ ਚੈਰੀਟੇਬਲ ਹਸਪਤਾਲ ਪਿੰਡ ਕਾਲਾ ਸੰਘਿਆ ਜ਼ਿਲ੍ਹਾ ਕਪੂਰਥਲਾ ਵਿਖੇ ਐਨ ਆਰ ਆਈਜ਼ ਸਪੇਨ ਦੀ ਸਮੂਹ ਸਾਧ ਸੰਗਤ ਤੇ ਪ੍ਰਧਾਨ ਤੀਰਥ ਸਿੰਘ ਗੁਰਦੁਆਰਾ ਬਾਰਸੀਲੋਨਾ ਤੇ ਪ੍ਰਧਾਨ ਸੁਰਿੰਦਰ ਸਿੰਘ ਧਨੋਆ ਗੁਰਦੁਆਰਾ ਪੁਰਾਣਾ ਸਿੱਖ ਸੰਗਤ ਵਲੈਨਸੀਆ ਦੇ ਸਹਿਯੋਗ ਸਦਕਾ ਭਾਈ ਘਨ੍ਹਈਆ ਜੀ ਸੇਵਾ ਸੁਸਾਇਟੀ ਦੇ ਮੀਰੀ ਪੀਰੀ ਚੈਰੀਟੇਬਲ ਹਸਪਤਾਲ ਵਿਖੇ ਲੋੜੀਂਦੀਆਂ ਦਵਾਈਆ ਮੁਹੱਈਆ ਕਰਵਾਈਆਂ ਗਈਆਂ। ਇਸ ਮੌਕੇ ਪ੍ਰਧਾਨ ਨਿਰਮਲ ਸਿੰਘ ਸੰਘਾ, ਡਾ: ਜਗਦੀਸ਼ ਸਿੰਘ, ਭਾਈ ਘਨ੍ਹਈਆ ਸੇਵਾ ਸੁਸਾਇਟੀ ਦੇ ਮੁੱਖ ਸੇਵਾਦਾਰ ਭਾਈ ਅਵਤਾਰ ਸਿੰਘ, ਸਰਵਣ ਸਿੰਘ ਸਿੱਧੂ ਤੇ ਗਿਆਨੀ ਜੋਗਾ ਸਿੰਘ ਸਿੱਧਵਾਂ ਦੋਨਾ ਦੀ ਮੌਜੂਦਗੀ ਵਿੱਚ ਦਵਾਈਆਂ ਮੀਰੀ ਪੀਰੀ ਚੈਰੀਟੇਬਲ ਹਸਪਤਾਲ ਦੇ ਪ੍ਰਧਾਨ ਨਿਰਮਲ ਸਿੰਘ ਸੰਘਾ ਦੇ ਸਪੁਰਦ ਕੀਤੀਆਂ। ਇਸ ਮੌਕੇ ਭਾਈ ਘਨ੍ਹਈਆ ਜੀ ਸੇਵਾ ਸੁਸਾਇਟੀ ਦੇ ਮੁੱਖ ਸੇਵਾਦਾਰ ਭਾਈ ਅਵਤਾਰ ਸਿੰਘ ਸਿੱਧਵਾਂ ਦੋਨਾਂ ਵਾਲਿਆਂ ਨੂੰ ਵਿਸ਼ੇਸ਼ ਤੌਰ ਤੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।

## 23 ਤੱਕ ਮਨਾਇਆ ਜਾਵੇਗਾ ਸਰਸਵਤੀ ਮਹੋਤਸਵ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਸਰਕਾਰ ਵੱਲੋਂ ਬਸੰਤ ਪੰਚਮੀ ਦੇ ਪਵਿੱਤਰ ਤਿਉਹਾਰ ਨੂੰ ਸਮਰਪਤ ਸਰਸਵਤੀ ਮਹੋਤਸਵ ਨਾ ਸਿਰਫ਼ ਸਾਡੀ ਧਾਰਮਿਕ ਆਸਥਾ ਦਾ ਪ੍ਰਤੀਕ ਹੈ ਸਗੋਂ ਇਹ ਸਾਡੀ ਪ੍ਰਾਚੀਨ ਸਭਿਆਚਾਰ ਅਤੇ ਜਲ ਸਰੰਖਣ ਪ੍ਰਤੀ ਜਾਗਰੂਕਤਾ ਲਿਆਉਣ ਦਾ ਇੱਕ ਸਸ਼ਕਤ ਮੀਡੀਅਮ ਵੀ ਹੈ। ਇਸੇ ਲੜੀ ਵਿੱਚ ਸੂਬੇ ਦੇ ਕਈ ਜ਼ਿਲ੍ਹਿਆਂ ਵਿੱਚ ਕਲਾ ਅਤੇ ਸਭਿਆਚਾਰ ਦਾ ਅਨੋਖਾ ਸੰਗਮ ਵੇਖਣ ਨੂੰ ਮਿਲੇਗਾ।ਹਰਿਆਣਾ ਸਰਸਵਤੀ ਵਿਰਾਸਤ ਵਿਕਾਸ ਬੋਰਡ ਦੇ ਬੁਲਾਰੇ ਨੇ ਇਸ ਸਬੰਧ ਵਿੱਚ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ 19 ਜਨਵਰੀ ਨੂੰ ਯਮੁਨਾਨਗਰ ਦੇ ਆਦਿਬਦਰੀ ਤੋਂ ਮਹੋਤਸਵ ਦਾ ਸ਼ੁਭ ਆਰੰਭ ਕੀਤਾ ਜਾਵੇਗਾ। ਇਸੇ ਤਰ੍ਹਾਂ 20 ਤੋਂ 21 ਜਨਵਰੀ ਤੱਕ ਕੁਰੂਕਸ਼ੇਤਰ ਯੂਨਿਵਰਸਿਟੀ ਵਿੱਚ ਸਰਸਵਤੀ ਨਦੀ 'ਤੇ ਕੌਮਾਂਤਰੀ ਸੰਗੋਸ਼ਠੀ ਦਾ ਆਯੋਜਨ ਕੀਤਾ ਜਾਵੇਗਾ।ਉਨ੍ਹਾਂ ਨੇ ਦੱਸਿਆ ਕਿ ਹਰਿਆਣਾ ਸਰਸਵਤੀ ਵਿਰਾਸਤ ਵਿਕਾਸ ਬੋਰਡ ਅਤੇ ਪੁਰਾਤੱਤਵ ਵਿਭਾਗ ਦੇ ਸੰਯੁਕਤ ਤੱਤਵਾਧਾਨ ਵੱਲੋਂ 22 ਜਨਵਰੀ ਨੂੰ ਰਾਖੀ ਗੜ੍ਹੀ ਅਤੇ ਕੁਨਾਲ ਵਿੱਚ ਸਰਸਵਤੀ 'ਤੇ ਪ੍ਰਦਰਸ਼ਨੀ ਦਾ ਆਯੋਜਨ ਕੀਤਾ ਜਾਵੇਗਾ।ਬੁਲਾਰੇ ਨੇ ਦੱਸਿਆ ਕਿ 23 ਜਨਵਰੀ ਨੂੰ ਪੇਹਵਾ ਤੀਰਥ, ਸਰਸਵਤੀ ਨਗਰ, ਯਮੁਨਾਨਗਰ ਅਤੇ ਪੋਲੜ ਅਤੇ ਪਿਸੋਲ ਤੀਰਥ, ਕੈਥਲ, ਹੰਸਡਹਿਰ ਤੀਰਥ ਜੀਂਦ ਵਿੱਚ ਸਰਸਵਤੀ ਮਹੋਤਸਵ ਦੇ ਸਮਾਪਨ ਸਮਾਰੋਹ ਦਾ ਆਯੋਜਨ ਕੀਤਾ ਜਾਵੇਗਾ। ਇਸੇ ਤਰ੍ਹਾਂ ਬਸੰਤ ਪੰਚਮੀ ਦੇ ਉਪਲੱਖ ਵਿੱਚ ਸਰਸਵਤੀ ਨਦੀ ਦੇ ਕੰਢੇ ਸਥਿਤ ਦੀਪ ਦਾਨ ਅਤੇ ਭੰਡਾਰੇ ਦਾ ਆਯੋਜਨ ਵੀ ਕੀਤਾ ਜਾਵੇਗਾ।ਉਨ੍ਹਾਂ ਨੇ ਦੱਸਿਆ ਕਿ ਇਸ ਮਹੋਤਸਵ ਨੂੰ ਵਿਸ਼ੇਸ਼ ਪਛਾਣ ਦਿਵਾਉਣ ਲਈ 19 ਜਨਵਰੀ ਤੋਂ 25 ਜਨਵਰੀ ਤੱਕ ਪੇਹਵਾ ਵਿੱਚ ਸਰਸ ਮੇਲਾ ਵੀ ਆਯੋਜਿਤ ਕੀਤਾ ਜਾਵੇਗਾ।

## ਐੱਸ ਸੀ ਕਮਿਸ਼ਨ ਵੱਲੋਂ ਐੱਸ ਪੀ (ਡੀ) ਸ਼ਹੀਦ ਭਗਤ ਸਿੰਘ ਨਗਰ ਤਲਬ

**ਚੰਡੀਗੜ੍ਹ (ਗੁਰਜੀਤ ਬਿੱਲਾ)** ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਨੇ ਇਕ ਮਾਮਲੇ ਵਿੱਚ ਕਾਰਵਾਈ ਨਾ ਕਰਨ 'ਤੇ ਸ਼ਹੀਦ ਭਗਤ ਸਿੰਘ ਨਗਰ ਐਸ ਪੀ (ਡੀ) ਨੂੰ ਕਮਿਸ਼ਨ ਅੱਗੇ ਪੇਸ਼ ਹੋਣ ਲਈ ਤਲਬ ਕੀਤਾ ਹੈ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਦੱਸਿਆ ਕਿ ਕਮਿਸ਼ਨ ਨੂੰ ਧਰਮ ਚੰਦ ਪੁੱਤਰ ਕਰਤਾ ਰਾਮ ਪਿੰਡ ਝੂੰਗੀਆਂ ਤਹਿ. ਬਲਾਚੌਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਤੋਂ ਸ਼ਿਕਾਇਤ ਪ੍ਰਾਪਤ ਹੋਈ ਸੀ।ਜਿਸ ਸੰਬੰਧੀ ਜ਼ਿਲ੍ਹਾ ਪੁਲਸ ਸ਼ਹੀਦ ਭਗਤ ਸਿੰਘ ਨਗਰ ਤੋਂ ਪੜਤਾਲ ਕਰਵਾਕੇ ਰਿਪੋਰਟ ਮਿਤੀ 14 ਜਨਵਰੀ ਨੂੰ ਕਮਿਸ਼ਨ ਕੋਲ ਭੇਜੀ ਪੇਸ਼ ਕਰਨ ਲਈ ਕਿਹਾ ਗਿਆ ਸੀ ਪ੍ਰੰਤੂ ਇਸ ਨਿਸ਼ਚਿਤ ਮਿਤੀ ਤੇ ਪੁਲਸ ਵਿਭਾਗ ਦਾ ਕੋਈ ਵੀ ਨੁਮਾਇੰਦਾ ਹਾਜਰ ਨਹੀਂ ਹੋਇਆ, ਇਸ ਲਈ ਕਮਿਸ਼ਨ ਨੇ ਚਾਹਿਆ ਹੈ ਕਿ ਇਸ ਸ਼ਿਕਾਇਤ ਸੰਬੰਧੀ ਤੱਥ ਅਤੇ ਸੂਚਨਾ ਦੀ ਰਿਪੋਰਟ ਦੋ ਪੜਤਾਂ (ਇੱਕ ਅਸਲ ਅਤੇ ਇੱਕ ਫੋਟੋ ਕਾਪੀ) ਨਿਸਚਿਤ ਮਿਤੀ 20-01-2026 ਨੂੰ ਇਕਬਾਲ ਸਿੰਘ (ਐਸ ਪੀ (ਡੀ)) ਵੱਲੋਂ ਸਾਲ 2024 ਤੋਂ ਸਾਲ 2026 ਤੱਕ ਇਸ ਮਸਲੇ ਵਿੱਚ ਕੋਈ ਕਾਨੂੰਨੀ ਕਾਰਵਾਈ ਨਾ ਹੋਣ ਕਾਰਨ ਕਮਿਸ਼ਨ ਦਫਤਰ ਵਿਖੇ ਨਿੱਜੀ ਪੱਧਰ 'ਤੇ ਹਾਜਰ ਹੋਣ ਲਈ ਤਲਬ ਕੀਤਾ ਗਿਆ ਹੈ।

## ਐਂਬੂਲੈਂਸ ਸੇਵਾਵਾਂ ਲਈ ਪ੍ਰਧਾਨ ਸੁਰਜੀਤ ਸਿੰਘ ਭੁੰਗਰਨੀ ਨੂੰ ਸਨਮਾਨਤ ਕੀਤਾ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਜੀ, ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਅਜਨੋਹਾ ਦਾ ਜੱਦੀ ਪਿੰਡ ਅਜਨੋਹਾ ਇਹਨਾਂ ਮਹਾਂਪੁਰਖਾਂ ਦੇ ਇਲਾਕੇ ਵਿੱਚ ਸਿਰਮੌਰ ਸੰਸਥਾ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਰਜਿ ਅਜਨੋਹਾ ਪਿਛਲੇ ਕਈ ਸਾਲਾਂ ਤੋਂ ਲੋਕ ਭਲਾਈ ਦੇ ਕਾਰਜ ਕਰ ਰਹੀ ਹੈ। ਸੰਸਥਾ ਵਲੋਂ ਇਲਾਕਾ ਨਿਵਾਸੀ ਅਤੇ ਐਨ ਆਰ ਆਈ ਸੰਗਤਾਂ ਦੇ ਸਹਿਯੋਗ ਨਾਲ ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿ ਰਾਇ ਜੀ ਵੱਲੋਂ ਵਰਸਾਏ ਬਾਬਾ ਯੱਖ ਜੀ ਦੇ ਜੱਦੀ ਪਿੰਡ ਨਰੂੜ ਵਿਖੇ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਚਲਾਈ ਜਾ ਰਹੀ ਹੈ। ਗੁਰੂ ਨਾਨਕ ਡਿਸਪੈਂਸਰੀ ਅਤੇ ਲੈਬੋਰਟਰੀ ਪਿੰਡ ਨਰੂੜ ਦੇ ਸਹਿਯੋਗ ਨਾਲ ਗਰੀਬ ਦਾ ਮੂੰਹ,ਗੁਰੂ ਦੀ ਗੋਲਕ ਸੰਸਥਾ (ਰਜਿ.) ਅਜਨੋਹਾ ਵਲੋਂ , ਐਨ ਆਰ ਆਈ ਵੀਰਾਂ ਦੀ ਮਦਦ ਨਾਲ ਹੜ੍ਹ ਪੀੜਤ ਇਲਾਕਿਆਂ ਵਿੱਚ 104 ਪਿੰਡਾਂ ਵਿੱਚ ਮੈਡੀਕਲ ਕੈਂਪ ਲਗਾਏ ਗਏ। ਇਤਿਹਾਸਕ ਗੁਰਦੁਆਰਾ ਸਾਹਿਬ ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿ ਰਾਇ ਮਹਾਰਾਜ ਪਿੰਡ ਭੁੰਗਰਨੀ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸੁਰਜੀਤ ਸਿੰਘ ਭੁੰਗਰਨੀ ਦਾ ਸੰਸਥਾ ਦੀ ਟੀਮ ਵੱਲੋਂ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਗੁਰੂ ਘਰ ਵਲੋਂ ਇਹਨਾਂ ਮੈਡੀਕਲ ਕੈਂਪ ਲਈ ਐਂਬੂਲੈਂਸ ਦੀ ਸੇਵਾਵਾਂ ਦਿੱਤੀਆਂ ਗਈਆਂ। ਇਸ ਮੌਕੇ ਹਾਜ਼ਰ ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ, ਪ੍ਰਧਾਨ ਸੁਰਜੀਤ ਸਿੰਘ ਭੁੰਗਰਨੀ, ਬਲਜੀਤ ਸਿੰਘ ਬਿੱਲਾ ਅਜਨੋਹਾ, ਜਤਿੰਦਰ ਸਿੰਘ ਰਾਣਾ ਖਾਲਸਾ ਮੁੱਖਲਿਆਣਾ, ਡਾਕਟਰ ਤਰਸੇਮ ਸਿੰਘ, ਉਂਕਾਰ ਸਿੰਘ ਨਰੂੜ, ਸੁਖਦੇਵ ਸਿੰਘ ਮੁਖਲਿਆਣਾ, ਲੈਬ ਟੈਕਨੀਸ਼ੀਅਨ ਗੁਰਪ੍ਰੀਤ ਸਿੰਘ, ਹਰਦੀਪ ਸਿੰਘ ਨਸੀਰਾਬਾਦ, ਬਲਵੀਰ ਸਿੰਘ ਤੰਬੜ ਭੁੰਗਰਨੀ, ਨਿਰਮਲ ਸਿੰਘ ਨਰੂੜ, ਮਨੀ ਭੁੰਗਰਨੀ ਮਨਪ੍ਰੀਤ ਸਿੰਘ ਅਜਨੋਹਾ, ਸੁਮੀਤ ਨਾਲ ਸਿੰਘ ਅਜਨੋਹਾ ਆਦਿ ਹਾਜ਼ਰ ਸਨ।



## ਮੁਲਾਜ਼ਮ ਆਗੂ ਸਰਿੰਦਰਪਾਲ ਲਹੌਰੀਆ ਨੂੰ ਸਦਮਾ, ਪਿਤਾ ਦਾ ਦੇਹਾਂਤ

**ਮੁਹਾਲੀ (ਗੁਰਜੀਤ ਬਿੱਲਾ)**- ਬਿਜਲੀ ਕਾਮਿਆਂ ਦੀ ਸਿਰਮੌਰ ਜਥੇਬੰਦੀ ਪੀ ਐਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਪੰਜਾਬ ਰਜਿ: 41 ਦੇ ਸੂਬਾ ਜਨਰਲ ਸਕੱਤਰ, ਪੰਜਾਬ ਏਟਕ ਅਤੇ ਕੁੱਲ ਹਿੰਦ ਬਿਜਲੀ ਫੈਡਰੇਸ਼ਨ (ਐਫ ਈ) ਦੇ ਸਹਾਇਕ ਸਕੱਤਰ ਸਰਿੰਦਰਪਾਲ ਸਿੰਘ ਲਹੌਰੀਆ ਦੇ ਪਿਤਾ ਕਾਮਰੇਡ ਕਸ਼ਮੀਰ ਸਿੰਘ (85) ਜੋ ਕੁੱਝ ਦਿਨਾਂ ਤੋਂ ਮੁਹਾਲੀ ਦੇ ਨਿੱਜੀ ਹਸਪਤਾਲ ਵਿੱਚ ਜ਼ੇਰੇ ਇਲਾਜ ਦਾਖਲ ਸਨ, ਦਾ ਐਤਵਾਰ ਦੀ ਸਵੇਰ ਦੇਹਾਂਤ ਹੋ ਜਾਣ 'ਤੇ ਜਥੇਬੰਦੀ ਦੇ ਸੂਬਾ ਪ੍ਰਧਾਨ ਗੁਰਪ੍ਰੀਤ ਸਿੰਘ ਗੰਡੀਵਿੰਡ, ਵਰਕਿੰਗ ਪ੍ਰਧਾਨ ਗੁਰਵਿੰਦਰ ਸਿੰਘ, ਡਿਪਟੀ ਜਨਰਲ ਸਕੱਤਰ ਰਛਪਾਲ ਸਿੰਘ ਪਾਲੀ, ਖਜ਼ਾਨਚੀ ਬਲਜੀਤ ਕੁਮਾਰ ਅਤੇ ਪਾਵਰਕਾਮ ਐਂਡ ਟ੍ਰਾਂਸਕੋ ਪੈਨਸ਼ਨਰਜ਼ ਯੂਨੀਅਨ (ਸੰਬੰਧਤ ਏਟਕ) ਦੇ ਸੂਬਾ ਪ੍ਰਧਾਨ ਰਾਧੇਸ਼ਿਆਮ, ਵਰਕਿੰਗ ਪ੍ਰਧਾਨ ਚਮਕੌਰ ਸਿੰਘ ਬੀਰਮੀ, ਜਨਰਲ ਸਕੱਤਰ ਅਮਰੀਕ ਸਿੰਘ ਮਸੀਤਾਂ, ਵਰਕਿੰਗ ਜਨਰਲ ਸਕੱਤਰ ਨਰਿੰਦਰ ਕੁਮਾਰ ਬੱਲ, ਮੀਤ ਪ੍ਰਧਾਨ ਤਾਰਾ ਸਿੰਘ ਖਹਿਰਾ ਅਤੇ ਪੰਜਾਬ ਏਟਕ ਦੇ ਪ੍ਰਧਾਨ ਬੰਤ ਸਿੰਘ ਬਰਾੜ, ਜਨਰਲ ਸਕੱਤਰ ਨਿਰਮਲ ਸਿੰਘ ਧਾਲੀਵਾਲ, ਵਰਕਿੰਗ ਪ੍ਰਧਾਨ ਸੁਖਦੇਵ ਸ਼ਰਮਾ, ਵਰਕਿੰਗ ਜਨਰਲ ਸਕੱਤਰ ਅਮਰਜੀਤ ਸਿੰਘ ਆਸਲ ਨੇ ਕਾਮਰੇਡ ਕਸ਼ਮੀਰ ਸਿੰਘ ਦੇ ਵਿਛੋੜੇ ਨੂੰ ਪਰਵਾਰ ਅਤੇ ਖੱਬੀ ਵਿਚਾਰਧਾਰਾ ਲਈ ਨਾ ਪੂਰਾ ਹੋਣ ਵਾਲਾ ਘਾਟਾ ਦੱਸਦਿਆਂ ਸਰਿੰਦਰਪਾਲ ਲਹੌਰੀਆ ਦੇ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ।



## ਸਰਬੱਤ ਦਾ ਭਲਾ ਫਾਊਂਡੇਸ਼ਨ ਵੱਲੋਂ ਮਾਸਿਕ ਰਾਸ਼ਨ ਵੰਡ ਸਮਾਰੋਹ

**ਫਗਵਾੜਾ (ਡਾ. ਰਮਨ)**- ਸਰਬੱਤ ਦਾ ਭਲਾ ਫਾਊਂਡੇਸ਼ਨ ਫਗਵਾੜਾ ਨੇ ਆਪਣਾ 61ਵਾਂ ਮਾਸਿਕ ਰਾਸ਼ਨ ਵੰਡ ਪ੍ਰੋਗਰਾਮ ਫਾਊਂਡੇਸ਼ਨ ਦੇ ਪ੍ਰਧਾਨ ਕਰਮਵੀਰ ਅਰੋੜਾ ਦੀ ਅਗਵਾਈ ਹੇਠ ਆਯੋਜਿਤ ਕੀਤਾ।ਫਾਊਂਡੇਸ਼ਨ ਦੇ ਚੇਅਰਮੈਨ, ਵੀ ਪੀ ਸਿੰਘ ਅਰੋੜਾ ਨੇ ਇਸ ਸਮਾਗਮ ਵਿੱਚ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ ਜਦੋਂ ਕਿ ਆਮ ਆਦਮੀ ਪਾਰਟੀ ਦੇ ਨਸ਼ਿਆਂ ਵਿਰੁੱਧ ਜੰਗ ਦੇ ਕੋਆਰਡੀਨੇਟਰ ਅਮਨ ਸੋਢੀ ਨੇ ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਕੱਠ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਮਦਦ ਦਾ ਹੱਥ ਵਧਾਉਣਾ ਕੋਈ ਆਸਾਨ ਕੰਮ ਨਹੀਂ ਹੈ ਅਤੇ ਸਰਬੱਤ ਦਾ ਭਲਾ ਫਾਊਂਡੇਸ਼ਨ ਪ੍ਰਸੰਸਾ ਦਾ ਹੱਕਦਾਰ ਹੈ ਜੋ ਨਾ ਸਿਰਫ਼ ਗਰੀਬਾਂ ਨੂੰ ਰਾਸ਼ਨ ਵੰਡ ਕੇ ਓਹਨਾਂ ਦਾ ਢਿੱਡ ਭਰਦੀ ਹੈ, ਸਗੋਂ ਹੋਰ ਲੋੜਵੰਦ ਵਿਅਕਤੀਆਂ ਦੀ ਸਹਾਇਤਾ ਵੀ ਕਰਦੀ ਹੈ। ਲੋੜਵੰਦਾਂ ਨੂੰ ਰਾਸ਼ਨ ਵੰਡਦੇ ਹੋਏ ਵਿਪਨ ਅਰੋੜਾ ਨੇ ਦੱਸਿਆ ਕਿ ਸੰਸਥਾ ਹਰ ਮਹੀਨੇ ਲੋੜਵੰਦਾਂ ਨੂੰ ਰਾਸ਼ਨ ਵੰਡਦੀ ਹੈ ਅਤੇ ਲੋੜਵੰਦ ਪਰਵਾਰਾਂ ਦੀਆਂ ਧੀਆਂ ਦੇ ਵਿਆਹ ਲਈ ਹਰ ਸੰਭਵ ਸਹਾਇਤਾ ਪ੍ਰਦਾਨ ਕਰਦੀ ਹੈ ਅਤੇ ਲੋੜਵੰਦ ਪਰਵਾਰਾਂ ਦੇ ਪ੍ਰਤਿਭਾਸ਼ਾਲੀ ਵਿਦਿਆਰਥੀਆਂ ਦੀ ਸਿੱਖਿਆ ਲਈ ਵਿੱਤੀ ਸਹਾਇਤਾ ਪ੍ਰਦਾਨ ਕਰਦੀ ਹੈ। ਸਮਾਰੋਹ ਨੂੰ ਸੰਬੋਧਨ ਕਰਦੇ ਹੋਏ, ਵੀ ਪੀ ਸਿੰਘ ਅਰੋੜਾ ਨੇ ਅਤੁਲ ਜੋਸ਼ੀ, ਪ੍ਰਮੋਦ ਜੋਸ਼ੀ, ਰਣਜੀਤ ਸਿੰਘ ਕਿੰਨੜਾ ਅਤੇ ਕੁਲਵਿੰਦਰ ਸੈਂਭੀ ਦਾ ਫਾਊਂਡੇਸ਼ਨ ਨੂੰ ਸਮਰਥਨ ਦੇਣ ਲਈ ਧੰਨਵਾਦ ਕੀਤਾ।ਹਾਜ਼ਰ ਵੱਖ-ਵੱਖ ਪਤਵੰਤਿਆਂ ਨੇ ਸਰਬੱਤ ਦਾ ਭਲਾ ਫਾਊਂਡੇਸ਼ਨ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਸਮਾਜ ਦੇ ਯੋਗ ਮੈਂਬਰਾਂ ਨੂੰ ਭੋਜਨ ਦਾਨ ਵਰਗੇ ਦਾਨੀ ਕਾਰਜ ਕਰਨੇ ਚਾਹੀਦੇ ਹਨ। ਲੋੜਵੰਦਾਂ ਦੀ ਮਦਦ ਕਰਨਾ ਇੱਕ ਪੁੰਨ ਦਾ ਕੰਮ ਹੈ। ਪਤਵੰਤਿਆਂ ਨੇ ਸਰਬੱਤ ਦਾ ਭਲਾ ਫਾਊਂਡੇਸ਼ਨ ਦੇ ਯਤਨਾਂ ਦੀ ਸ਼ਲਾਘਾ ਕੀਤੀ। ਇਸ ਮੌਕੇ ਸਮਾਜ ਸੇਵਕ ਰਮਨ ਨਹਿਰਾ, ਗੁਰਦੀਪ ਸਿੰਘ ਕੰਗ, ਮੈਡਮ ਸੁਧਾ, ਪ੍ਰਮੋਦ ਜੋਸ਼ੀ, ਅਤੁਲ ਜੋਸ਼ੀ, ਰਣਜੀਤ ਸਿੰਘ ਕਿੰਦਾ, ਕੁਲਵਿੰਦਰ ਸੈਂਭੀ, ਨਰਿੰਦਰ ਸੈਣੀ, ਮੋਹਨ ਲਾਲ ਤਨੇਜਾ ਅਤੇ ਹੋਰ ਵੀ ਮੌਜੂਦ ਸਨ।



## ਬੀਬੀ ਸੁਰਿੰਦਰ ਕੌਰ ਨਮਿਤ ਅੰਤਮ ਅਰਦਾਸ 'ਤੇ ਸ਼ਰਧਾਂਜਲੀ ਸਮਾਗਮ

**ਫਗਵਾੜਾ (ਡਾ. ਰਮਨ)**- ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੀ ਕੌਮੀ ਕਾਰਜਕਾਰਨੀ ਕਮੇਟੀ ਦੇ ਮੈਂਬਰ ਅਤੇ ਕੌਮੀ ਸੀਨੀਅਰ ਮੀਤ ਪ੍ਰਧਾਨ ਕਿਸਾਨ ਵਿੰਗ ਪੰਜਾਬ ਜਥੇਦਾਰ ਰਜਿੰਦਰ ਸਿੰਘ ਫੌਜੀ ਨੇ ਆਪਣੀ ਧਰਮਪਤਨੀ ਬੀਬੀ ਸੁਰਿੰਦਰ ਕੌਰ ਨਮਿੱਤ ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ ਪਿੰਡ ਨੌਰੰਗਸ਼ਾਹਪੁਰ ਦੇ ਗੁਰਦੁਆਰਾ ਸਾਹਿਬ ਵਿਖੇ ਕਰਵਾਇਆ। ਇਸ ਮੌਕੇ ਅਰੰਭ ਕੀਤੇ ਗਏ ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ ਪਾਏ ਗਏ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਹਜ਼ੂਰੀ ਵਿੱਚ ਦੀਵਾਨ ਸਜਾਏ ਗਏ, ਜਿਸ ਵਿੱਚ ਪੰਥ ਪ੍ਰਸਿੱਧ ਰਾਗੀ ਜਥਾ ਬੀਬੀ ਰਘਬੀਰ ਕੌਰ ਖਾਲਸਾ ਦੇ ਰਾਗੀ ਜੱਥੇ ਨੇ ਗੁਰਬਾਣੀ ਦੇ ਵੈਰਾਗਮਈ ਕੀਰਤਨ ਨਾਲ ਜਿੱਥੇ ਵਿਛੜੀ ਰੂਹ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਉੱਥੇ ਹੀ ਉਨ੍ਹਾਂ ਨੇ ਸਮੂਹ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ, ਅਤੇ ਅੰਤ ਵਿੱਚ ਭਾਈ ਸਾਹਿਬ ਜੀ ਨੇ ਵਿਛੜੀ ਆਤਮਾ ਦੀ ਸ਼ਾਂਤੀ ਲਈ ਗੁਰੂ ਗ੍ਰੰਥ ਸਾਹਿਬ ਜੀ ਦੇ ਚਰਨਾਂ ਵਿੱਚ ਅਰਦਾਸ ਬੇਨਤੀ ਕੀਤੀ ਅਤੇ ਸੰਗਤਾਂ ਨੂੰ ਹੁਕਮਨਾਮਾ ਸਾਹਿਬ ਸਰਵਣ ਕਰਵਾਇਆ। ਸਮਾਗਮ ਦੌਰਾਨ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਕੌਮੀ ਪ੍ਰਧਾਨ, ਪੰਥਕ ਜਰਨੈਲ ਸਿਮਰਨਜੀਤ ਸਿੰਘ ਮਾਨ ਸਾਬ ਦੇ ਸਪੁੱਤਰ ਅਤੇ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਇਮਾਨ ਸਿੰਘ ਮਾਨ, ਪਾਰਟੀ ਦੇ ਮੁੱਖ ਬੁਲਾਰੇ ਡਾਕਟਰ ਹਰਜਿੰਦਰ ਸਿੰਘ ਜੱਖੂ ਤੋਂ ਇਲਾਵਾ ਜਲੰਧਰ ਤੋਂ ਗੁਰਮੁਖ ਸਿੰਘ ਬਾਜਵਾ, ਮਨਜੀਤ ਸਿੰਘ ਰੇਰੂ, ਸੁਖਜੀਤ ਸਿੰਘ ਡਰੋਲੀ, ਕੁਲਵੰਤ ਸਿੰਘ ਗਿੱਲ, ਬਾਬਾ ਬਲਦੇਵ ਸਿੰਘ, ਹੁਸ਼ਿਆਰਪੁਰ ਤੋਂ ਗੁਰਨਾਮ ਸਿੰਘ ਸਿੰਗੜੀਵਾਲ, ਮਾਸਟਰ ਕੁਲਦੀਪ ਸਿੰਘ ਮਸੀਤੀ, ਗੁਰਦੀਪ ਸਿੰਘ ਖੁਣਖੁਣ, ਜਸਵੰਤ ਸਿੰਘ ਫੌਜੀ, ਨਵਾਂਸ਼ਹਿਰ ਹਰਬੰਸ ਸਿੰਘ ਪੈਲੀ, ਬਲਵੀਰ ਸਿੰਘ ਬਸਰਾ, ਗਿਆਨ ਸਿੰਘ ਕੁਲਥਮ, ਕਪੂਰਥਲਾ ਤੋਂ ਨਰਿੰਦਰ ਸਿੰਘ ਖੁਸਰੋਪੁਰ, ਸੁਰਜੀਤ ਸਿੰਘ ਟੋਨੀ ਬੇਗੋਵਾਲ, ਤਰਲੋਕ ਸਿੰਘ ਖਾਲਿਸਤਾਨੀ, ਅਵਤਾਰ ਸਿੰਘ ਉੱਚਾਪਿੰਡ, ਨੰਬਰਦਾਰ ਅਮਨਦੀਪ ਸਿੰਘ ਉੱਚਾਪਿੰਡ, ਜੈ ਭੀਮ ਟੀਮ ਤੋਂ ਹੈਪੀ ਕੌਲ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਫਗਵਾੜਾ ਹਲਕੇ ਤੋਂ ਦਵਿੰਦਰ ਸਿੰਘ ਖਾਲਸਾ, ਰੇਸ਼ਮ ਸਿੰਘ ਪੱਪੀ, ਜਥੇਦਾਰ ਸੁੱਚਾ ਸਿੰਘ ਬਿਸ਼ਨਪੁਰ, ਕੁਲਦੀਪ ਸਿੰਘ ਨੂਰ, ਗੁਰਦਿਆਲ ਸਿੰਘ ਮਾਨਾਂਵਾਲੀ, ਕਮਲਪ੍ਰੀਤ ਸਿੰਘ ਨੂਰ, ਗੁਰਪ੍ਰੀਤ ਸਿੰਘ ਗੋਪੀ, ਕਮਲਪ੍ਰੀਤ ਸਿੰਘ ਕਮਲ, ਹਰਮਨਦੀਪ ਸਿੰਘ ਮੱਲੀ, ਸਰਵਪ੍ਰੀਤ ਸਿੰਘ ਪ੍ਰਿੰਸ, ਚਾਚਾ ਰਾਮ ਸਿੰਘ, ਚਾਚਾ ਸੁਰਜਨ ਸਿੰਘ, ਚਾਚਾ ਜਗਤਾਰ ਸਿੰਘ, ਚਾਚਾ ਕਰਨੈਲ ਸਿੰਘ, ਕਾਂਗਰਸ ਦੇ ਜ਼ਿਲ੍ਹਾ ਜਨਰਲ ਸਕੱਤਰ ਤੁਲਸੀ ਰਾਮ ਖੋਸਲਾ, ਆਦਿ ਨੇ ਵਿਸ਼ੇਸ਼ ਤੌਰ ਹਾਜ਼ਰੀ ਭਰਕੇ ਬੀਬੀ ਸੁਰਿੰਦਰ ਕੌਰ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ। ਇਸ ਮੌਕੇ ਇਮਾਨ ਸਿੰਘ ਮਾਨ ਨੇ ਕਿਹਾ ਕਿ ਬੀਬੀ ਸੁਰਿੰਦਰ ਕੌਰ ਦਾ ਬੇਵਕਤ ਵਿਛੋੜਾ ਅਸਹਿਣਯੋਗ ਹੈ। ਮਾਨ ਨੇ ਕਿਹਾ ਕਿ ਜਥੇਦਾਰ ਰਜਿੰਦਰ ਸਿੰਘ ਫੌਜੀ ਪਾਰਟੀ ਦੀਆਂ ਜ਼ਿੰਮੇਵਾਰੀਆਂ ਨੂੰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਅ ਰਹੇ ਹਨ। ਉਹਨਾਂ ਨਾਲ ਹੀ ਬੀਬੀ ਸੁਰਿੰਦਰ ਕੌਰ ਨੇ ਵੀ ਪਾਰਟੀ ਦੇ ਨਾਲ-ਨਾਲ ਸਮਾਜਿਕ ਅਤੇ ਪਰਵਾਰਕ ਜ਼ਿੰਮੇਵਾਰੀਆਂ ਨੂੰ ਪੂਰੀ ਬੇਬਾਕੀ ਅਤੇ ਸੁਖਮਤਾ ਤਰੀਕੇ ਨਿਭਾਈਆਂ ਹਨ ਜਿਨ੍ਹਾਂ ਨੂੰ ਪਾਰਟੀ ਹਮੇਸ਼ਾ-ਹਮੇਸ਼ਾ ਲਈ ਯਾਦ ਰੱਖੇਗੀ ਅਤੇ ਸਾਡੀ ਪਾਰਟੀ ਸਦਾ ਹੀ ਜੱਥੇਦਾਰ ਰਜਿੰਦਰ ਸਿੰਘ ਫੌਜੀ ਅਤੇ ਉਹਨਾਂ ਦੇ ਪਰਿਵਾਰ ਨਾਲ ਹਰ ਦੁੱਖ-ਸੁੱਖ ਵਿੱਚ ਖੜ੍ਹੀ ਰਹੇਗੀ। ਸ਼ਰਧਾਂਜਲੀ ਸਮਾਗਮ ਦੇ ਅਖੀਰ ਜਥੇਦਾਰ ਰਜਿੰਦਰ ਸਿੰਘ ਫੌਜੀ, ਜਗਦੀਪ ਸਿੰਘ ਜੱਗੀ, ਬੀਬੀ ਇੰਦਰਜੀਤ ਕੌਰ ਅਤੇ ਸਮੂਹ ਪਰਵਾਰ ਨੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਆਏ ਅਹੁਦੇਦਾਰਾਂ, ਹੋਰਨਾਂ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ, ਸਮਾਜਿਕ, ਧਾਰਮਿਕ ਜਥੇਬੰਦੀਆਂ ਦੇ ਆਗੂਆਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਹੁੰਚੀ ਸਮੁੱਚੀ ਸੰਗਤ ਅਤੇ ਸ਼ਰੀਕੇ ਭਾਈਚਾਰੇ ਦਾ ਧੰਨਵਾਦ ਕੀਤਾ। ਇਸ ਮੌਕੇ ਗੁਰੂ ਦਾ ਲੰਗਰ ਅਤੁੱਟ ਵਰਤਾਇਆ ਗਿਆ।



## ਕਾਮਰੇਡ ਸੁਰਿੰਦਰ ਸਿੰਘ ਗਿੱਲ ਨੂੰ ਭਰਪੂਰ ਸ਼ਰਧਾਂਜਲੀਆਂ

**ਸ਼ਾਹਕੋਟ (ਗਿਆਨ ਸੈਦਪੁਰੀ)** ਬਲਵਿੰਦਰ ਸਿੰਘ ਗਿੱਲ, ਸੁਖਵਿੰਦਰ ਸਿੰਘ ਗਿੱਲ ਤੇ ਗੁਰਪ੍ਰੀਤ ਸਿੰਘ ਗਿੱਲ ਦੇ ਪਿਤਾ ਕਾਮਰੇਡ ਸੁਰਿੰਦਰ ਸਿੰਘ ਗਿੱਲ ਨੂੰ ਵੱਖ-ਵੱਖ ਆਗੂਆਂ ਨੇ ਭਰਪੂਰ ਸ਼ਰਧਾਂਜਲੀਆਂ ਭੇਟ ਕੀਤੀਆਂ।ਸ਼ਰਧਾਂਜਲੀ ਸਮਾਗਮ ਤੋਂ ਪਹਿਲਾਂ 108 ਸ੍ਰੀ ਗੁਰੂ ਗਿਆਨ ਨਾਥ ਵੱਲੋਂ ਰਚਾਏ ਗਏ ਗ੍ਰੰਥ ਸ੍ਰੀ ਗੁਰੂ ਗਿਆਨ ਪ੍ਰਕਾਸ਼ ਦੇ ਪਵਿੱਤਰ ਗ੍ਰੰਥ ਦੇ ਪਾਠ ਦੇ ਭੋਗ ਉਨਾਂ ਦੇ ਗ੍ਰਹਿ ਵਿਖੇ ਪਾਏ ਗਏ।ਉਪਰੰਤ ਗੁਰਦੁਆਰਾ ਭਗਵਾਨ ਵਾਲਮੀਕ ਪਿੰਡ ਸੈਦਪੁਰ ਝਿੜੀ ਵਿਖੇ ਕਥਾ ਕੀਰਤਨ ਤੋਂ ਬਾਅਦ ਸ਼ਰਧਾਂਜਲੀ ਸਮਾਗਮ ਕਰਵਾਇਆ ਗਿਆ।ਇਸ ਮੌਕੇ ਸਟੇਜ ਸਕੱਤਰ ਦੇ ਫਰਜ਼ ਨਿਭਾਉਂਦਿਆਂ ਕਾਮਰੇਡ ਵਰਿੰਦਰ ਪਾਲ ਸਿੰਘ ਕਾਲਾ ਨੇ ਕਾਮਰੇਡ ਸੁਰਿੰਦਰ ਸਿੰਘ ਗਿੱਲ ਵੱਲੋਂ ਸੀ ਪੀ ਆਈ( ਐਮ) ਅਤੇ ਖੇਤ ਮਜ਼ਦੂਰ ਯੂਨੀਅਨ ਲਈ ਕੀਤੇ ਕਾਰਜਾਂ ਦਾ ਵਿਸਥਾਰ ਨਾਲ ਚਾਨਣਾ ਪਾਇਆ।ਸ਼ਰਧਾਂਜਲੀ ਸਮਾਗਮ ਦੌਰਾਨ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਪਰਵਾਰ ਦੇ ਨਾਲ ਦੁੱਖ ਦਾ ਪ੍ਰਗਟਾਵਾ ਕਰਨ ਲਈ ਉਚੇਚੇ ਤੌਰ 'ਤੇ ਪਹੁੰਚੇ ਸਨ।ਕਾਮਰੇਡ ਸੁਰਿੰਦਰ ਸਿੰਘ ਗਿੱਲ ਨੂੰ ਸ਼ਰਧਾਂਜਲੀ ਭੇਟ ਕਰਨ ਵਾਲਿਆਂ ਵਿੱਚ ਕਾਮਰੇਡ ਕੇਵਲ ਸਿੰਘ ਦਾਨੇਵਾਲ, ਕਾਮਰੇਡ ਨਰਿੰਦਰ ਸਿੰਘ ਜੌਹਲ, ਕਾਮਰੇਡ ਸਰਬਣ ਕੁਮਾਰ ਬਿੱਲਾ, ਕਾਮਰੇਡ ਚਰਨਜੀਤ ਸਿੰਘ ਥੰਮੂਵਾਲ ਅਤੇ ਕਾਮਰੇਡ ਤਾਰਾ ਸਿੰਘ ਥੰਮੂਵਾਲ ਮੌਜੂਦ ਸਨ। ਅਮਨਦੀਪ ਸੈਦਪੁਰੀ ਨੇ ਪਰਿਵਾਰ ਵੱਲੋਂ ਸਭ ਦਾ ਧੰਨਵਾਦ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਤਰਸੇਮ ਸਿੰਘ ਧੰਜੂ ਸਰਪੰਚ, ਰਣਬੀਰ ਸਿੰਘ ਰਾਣਾ ਸਾਬਕਾ ਸਰਪੰਚ, ਕਾਮਰੇਡ ਜਸਕਰਨ ਸਿੰਘ ਕੰਗ, ਕਾਮਰੇਡ ਪ੍ਰਕਾਸ਼ ਕਲੇਰ, ਧਰਮਿੰਦਰ ਸਿੰਘ ਨੰਬਰਦਾਰ, ਵੀਰ ਕੁਲਵੰਤ ਸਿੰਘ ਕੰਤਾ ਪ੍ਰਧਾਨ ਡਾ. ਬੀ ਆਰ ਅੰਬੇਡਕਰ ਆਰਮੀ, ਐਡਵੋਕੇਟ ਅਰੁਣ ਹੰਸ, ਜਸਵੀਰ ਸਿੰਘ ਜੱਸਾ ਬਾਬਾ, ਬਲਦੇਵ ਰਾਜ ਪੋਕਾ, ਰਸ਼ਪਾਲ ਸਿੰਘ ਸੋਨੀ ਢੋਟ ਬਲਾਕ ਸੰਮਤੀ ਮੈਂਬਰ, ਸਟੀਫਨ, ਐਡਵਨ ਆਦਿ ਮੌਜੂਦ ਸਨ।



## ਹੋਲੀ ਹਾਰਟ ਸਕੂਲ ਵਿਖੇ ਛੁੱਟੀਆਂ ਤੋਂ ਬਾਅਦ ਪਰਤੇ ਬੱਚਿਆਂ ਦਾ ਕੀਤਾ ਸਵਾਗਤ



ਅਜੀਤਵਾਲ (ਨਛੱਤਰ ਸੰਧੂ)-ਇਲਾਕੇ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਸਰਦੀਆਂ ਦੀਆਂ ਲੰਬੀਆਂ ਛੁੱਟੀਆਂ ਤੋਂ ਬਾਅਦ ਸਕੂਲ ਖੁੱਲ੍ਹਣ 'ਤੇ ਵਿਦਿਆਰਥੀਆਂ ਦਾ ਬਹੁਤ ਹੀ ਉਤਸ਼ਾਹ ਤੇ ਖੁਸ਼ੀ ਭਰੇ ਮਾਹੌਲ ਵਿੱਚ ਸਵਾਗਤ ਕੀਤਾ ਗਿਆ।ਸਕੂਲ ਪ੍ਰਬੰਧਨ ਤੇ ਅਧਿਆਪਕਾਂ ਵੱਲੋਂ ਬੱਚਿਆਂ ਦਾ ਸਵਾਗਤ ਮੁਸਕਰਾਹਟਾਂ, ਸਨੇਹੀ ਸ਼ਬਦਾਂ ਤੇ ਪ੍ਰੇਰਣਾਦਾਇਕ ਗਤੀਵਿਧੀਆਂ ਰਾਹੀਂ ਕੀਤਾ ਗਿਆ।ਛੁੱਟੀਆਂ ਤੋਂ ਬਾਅਦ ਬੱਚਿਆਂ ਨੂੰ ਮੁੜ ਸਕੂਲੀ ਵਾਤਾਵਰਣ ਨਾਲ ਜੋੜਨ ਲਈ ਵਿਸ਼ੇਸ਼ ਤੌਰ 'ਤੇ ਸਵੇਰ ਦੀ ਸਭਾ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਬੱਚਿਆਂ ਨੇ ਭਰਪੂਰ ਉਤਸ਼ਾਹ ਨਾਲ ਭਾਗ ਲਿਆ।ਇਸ ਮੌਕੇ ਅਧਿਆਪਕਾਂ ਨੇ ਬੱਚਿਆਂ ਨਾਲ ਛੁੱਟੀਆਂ ਦੌਰਾਨ ਬਿਤਾਏ ਅਨੁਭਵ ਸਾਂਝੇ ਕਰਨ ਲਈ ਗੱਲਬਾਤ ਕੀਤੀ ਤੇ ਉਨ੍ਹਾਂ ਨੂੰ ਨਵੇਂ ਸੈਸ਼ਨ ਲਈ ਮਿਹਨਤ, ਅਨੁਸ਼ਾਸਨ ਤੇ ਨਿਯਮਤ ਪੜ੍ਹਾਈ ਦੀ ਮਹੱਤਤਾ ਬਾਰੇ ਪ੍ਰੇਰਿਤ ਕੀਤਾ।ਕਲਾਸਰੂਮਾਂ ਨੂੰ ਰੰਗੀਨ ਚਾਰਟਾਂ ਤੇ ਸੁਨੇਹਿਆਂ ਨਾਲ ਸਜਾਇਆ ਗਿਆ, ਜਿਸ ਨਾਲ ਬੱਚਿਆਂ ਵਿੱਚ ਖੁਸ਼ੀ ਤੇ ਨਵੀਂ ਊਰਜਾ ਦਾ ਸੰਚਾਰ ਹੋਇਆ।ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਵੱਲੋਂ ਵੀ ਵਿਦਿਆਰਥੀਆਂ ਨੂੰ ਸੰਦੇਸ਼ ਦਿੱਤਾ ਗਿਆ ਕਿ ਨਵਾਂ ਅਧਿਆਇ ਨਵੀਂ ਆਸਾਂ ਤੇ ਮੌਕਿਆਂ ਨਾਲ ਭਰਪੂਰ ਹੈ ਤੇ ਹਰ ਬੱਚਾ ਆਪਣੀ ਮਿਹਨਤ ਨਾਲ ਸਫਲਤਾ ਹਾਸਲ ਕਰ ਸਕਦਾ ਹੈ।ਇਸ ਮੌਕੇ ਸਕੂਲ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ੍ਰੇਆ ਪਲਤਾ ਆਦਿ ਹਾਜ਼ਰ ਸਨ।

## ਪ੍ਰਸਿੱਧ ਢਾਡੀ ਸਾਧੂ ਸਿੰਘ ਠੁੱਲੀਵਾਲ ਨੂੰ ਨਮ ਅੱਖਾਂ ਨਾਲ ਅੰਤਿਮ ਵਿਦਾਇਗੀ



ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਪ੍ਰਸਿੱਧ ਢਾਡੀ ਇਤਿਹਾਸਕਾਰ ਜਥੇਦਾਰ ਸਾਧੂ ਸਿੰਘ ਠੁੱਲੀਵਾਲ ਕੁਝ ਸਮਾਂ ਬਿਮਾਰ ਰਹਿਣ ਉਪਰੰਤ ਸਦੀਵੀ ਵਿਛੋੜਾ ਦੇ ਗਏ ਹਨ।ਉਨ੍ਹਾਂ ਦੇ ਅੰਤਿਮ ਸੰਸਕਾਰ ਸਮੇਂ ਵੱਖ ਵੱਖ ਆਗੂਆਂ, ਢਾਡੀ ਜਥਿਆਂ ਨੇ ਨਮ ਅੱਖਾਂ ਨਾਲ ਅੰਤਿਮ ਵਿਦਾਇਗੀ ਦਿੱਤੀ। ਇਸ ਮੌਕੇ ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ, ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਪਰਮਜੀਤ ਸਿੰਘ ਖ਼ਾਲਸਾ, ਜ਼ਿਲ੍ਹਾ ਪ੍ਰਧਾਨ ਜਥੇ: ਦਰਸ਼ਨ ਸਿੰਘ ਮੰਡੇਰ, ਜਥੇ: ਨਾਥ ਸਿੰਘ ਹਮੀਦੀ, ਲਾਭ ਸਿੰਘ ਠੀਕਰੀਵਾਲ, ਜੀਤ ਸਿੰਘ ਮਾਂਗੇਵਾਲ, ਜਸਵੀਰ ਸਿੰਘ ਸੰਘੇੜਾ, ਪ੍ਰਧਾਨ ਗੁਰਸੇਵਕ ਸਿੰਘ, ਹਰਤੇਜ ਸਿੰਘ ਸਿੱਧੂ, ਢਾਡੀ ਸੁਰਿੰਦਰ ਸਿੰਘ ਸਹੌਰ, ਢਾਡੀ ਪਰਵਿੰਦਰ ਸਿੰਘ ਗਰੇਵਾਲ, ਢਾਡੀ ਖੜਕਾ ਬਾਦਲ ਗੁਰਮਾਂ, ਜਥੇ: ਸੁਖਵਿੰਦਰ ਸਿੰਘ ਸੁੱਖਾ, ਬੇਅੰਤ ਸਿੰਘ ਧਾਲੀਵਾਲ, ਢਾਡੀ ਬਲਜਿੰਦਰ ਸਿੰਘ ਰੰਗੀਆਂ, ਢਾਡੀ ਮਲਕੀਤ ਸਿੰਘ ਸਹੌਰ, ਢਾਡੀ ਜਸਵਿੰਦਰ ਸਿੰਘ ਹਮੀਦੀ, ਸਹੌਰ ਵਾਲੀਆਂ ਬੀਬੀਆਂ ਦਾ ਢਾਡੀ ਜਥਾ, ਪ੍ਰਧਾਨ ਹਰਬੰਸ ਸਿੰਘ, ਜਰਨੈਲ ਸਿੰਘ ਭੋਲਾ, ਰਣਜੀਤ ਸਿੰਘ ਮਾਂਗਟ, ਗੁਰਵੀਰ ਸਿੰਘ ਠੁੱਲੀਵਾਲ, ਪ੍ਰਧਾਨ ਮੇਵਾ ਸਿੰਘ ਆਦਿ ਆਗੂਆਂ ਨੇ ਜਥੇਦਾਰ ਸਾਧੂ ਸਿੰਘ ਠੁੱਲੀਵਾਲ ਦੀ ਦੇਹ ਉਪਰ ਦੁਸ਼ਾਲੇ ਭੇਟ ਕਰਕੇ ਉਨ੍ਹਾਂ ਵੱਲੋਂ ਢਾਡੀ ਕਲਾ ਤੇ ਪਰਮ ਪ੍ਰਚਾਰ ਅਤੇ ਪ੍ਰਸਾਰ ਲਈ ਨਿਭਾਈਆਂ ਅਣਥੱਕ ਸੇਵਾਵਾਂ ਨੂੰ ਯਾਦ ਕੀਤਾ।ਇਸ ਸਮੇਂ ਨਗਰ ਪੰਚਾਇਤਾਂ, ਗੁਰਦੁਆਰਾ ਕਮੇਟੀਆਂ, ਯੂਥ ਕਲੱਬਾਂ, ਮੁਹਤਬਰ, ਪਿੰਡ ਵਾਸੀ ਹਾਜ਼ਰ ਸਨ।

## ਗ੍ਰੇਟ ਡਿਸਕਵਰੀਅਨਜ਼ ਓਲੰਪੀਅਡ ਪ੍ਰਤੀਯੋਗਤਾਵਾਂ 'ਚ ਸ਼ਾਨਦਾਰ ਪ੍ਰਦਰਸ਼ਨ



ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਸੀ.ਬੀ.ਐੱਸ.ਈ. ਤੋਂ ਮਾਨਤਾ ਪ੍ਰਾਪਤ ਸਰਾਫ਼ ਐਜੂਕੇਸ਼ਨਜ਼ ਗਲੋਬਲ ਡਿਸਕਵਰੀ ਸਕੂਲ ਰਾਮਪੁਰਾ ਫੂਲ ਦੇ ਵਿਦਿਆਰਥੀਆਂ ਨੇ ਸਾਲ 2025 ਦੌਰਾਨ ਵੱਖ-ਵੱਖ ਵਿਸ਼ਿਆਂ ਦੀਆਂ ਓਲੰਪੀਅਡ ਪ੍ਰਤੀਯੋਗਤਾਵਾਂ ਵਿੱਚ ਉਤਸ਼ਾਹ ਨਾਲ ਭਾਗ ਲੈ ਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ।ਖ਼ਾਸ ਕਰਕੇ ਅੰਗਰੇਜ਼ੀ ਵਿਸ਼ੇ ਦੀ ਓਲੰਪੀਅਡ ਵਿੱਚ ਸਕੂਲ ਦੇ ਵਿਦਿਆਰਥੀਆਂ ਨੇ ਬੇਹੱਦ ਉੱਤਮ ਨਤੀਜੇ ਪ੍ਰਦਰਸ਼ਤ ਕਰਦੇ ਹੋਏ ਸਕੂਲ ਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ।ਸਕੂਲ ਦਾ ਕੁੱਲ ਨਤੀਜਾ ਸੌ ਫ਼ੀਸਦੀ ਸ਼ਲਾਘਾਯੋਗ ਰਿਹਾ, ਜਿਸ ਵਿੱਚ ਜ਼ਿਆਦਾਤਰ ਵਿਦਿਆਰਥੀਆਂ ਨੇ ਪਹਿਲੀ ਪੁਜ਼ੀਸ਼ਨ ਵਿੱਚ ਸਫਲਤਾ ਹਾਸਲ ਕੀਤੀ।ਇਸ ਪ੍ਰਕਾਸ਼ਕੇ ਵਿੱਚ ਅੱਠਵੀਂ ਜਮਾਤ ਦੇ ਦੋ ਵਿਦਿਆਰਥੀ ਹਰਦੀਪ ਸਿੰਘ ਤੇ ਗੁਰਨੂਰਜੋਤ ਕੌਰ ਨੇ ਉੱਚ ਉਪਲਬਧੀ ਹਾਸਲ ਕਰਕੇ ਇਤਿਹਾਸ ਰਚ ਦਿੱਤਾ।ਦੋਵੇਂ ਵਿਦਿਆਰਥੀਆਂ ਨੇ ਨਾ ਸਿਰਫ਼ ਸਕੂਲ ਰੈਂਕ-1, ਬਲਕਿ ਰੀਜਨਲ ਰੈਂਕ-1, ਜ਼ੋਨਲ ਰੈਂਕ-1 ਤੇ ਇੰਟਰਨੈਸ਼ਨਲ ਰੈਂਕ-1ਵੀ ਹਾਸਲ ਕਰਕੇ ਸਕੂਲ ਨੂੰ ਅੰਤਰਰਾਸ਼ਟਰੀ ਪੱਧਰ 'ਤੇ ਮਾਣ ਦਿਵਾਇਆ।ਇਸ ਸ਼ਾਨਦਾਰ ਪ੍ਰਦਰਸ਼ਨ ਲਈ ਉਨ੍ਹਾਂ ਨੂੰ ਗੋਲਡ ਮੈਡਲ ਆਫ਼ ਡਿਸਟਿੰਕਸ਼ਨ ਤੇ ਸਰਟੀਫਿਕੇਟ ਆਫ਼ ਡਿਸਟਿੰਕਸ਼ਨ ਨਾਲ ਸਨਮਾਨਤ ਕੀਤਾ ਗਿਆ।ਇਸ ਮੌਕੇ ਸਕੂਲ ਦੇ ਉਪ-ਚੇਅਰਮੈਨ ਸ੍ਰੀ ਅਮਿਤ ਸਰਾਫ਼ ਨੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਤੇ ਅਧਿਆਪਕਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਵਿਦਿਆਰਥੀਆਂ ਦੀ ਇਹ ਅੰਤਰਰਾਸ਼ਟਰੀ ਉਪਲਬਧੀ ਪੂਰੇ ਸਕੂਲ ਲਈ ਮਾਣ ਦੀ ਗੱਲ ਹੈ।ਉਨ੍ਹਾਂ ਕਿਹਾ ਕਿ ਸਾਡਾ ਉਦੇਸ਼ ਵਿਦਿਆਰਥੀਆਂ ਨੂੰ ਸਿਰਫ਼ ਅਕਾਦਮਿਕ ਤੌਰ 'ਤੇ ਹੀ ਨਹੀਂ, ਸਗੋਂ ਗਲੋਬਲ ਪੱਧਰ 'ਤੇ ਮੁਕਾਬਲੇ ਲਈ ਵੀ ਤਿਆਰ ਕਰਨਾ ਹੈ।

## ਛੱਤਿਆਣਾ ਦੀਆਂ ਧੀਆਂ ਨੇ ਨੈਸ਼ਨਲ ਖੇਡਾਂ 'ਚ ਚਾਂਦੀ ਦਾ ਤਮਗਾ ਜਿੱਤ ਕੇ ਵਧਾਇਆ ਮਾਣ



ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)-ਸੀਨੀਅਰ ਨੈੱਟਬਾਲ ਖੇਡਾਂ ਵਿੱਚ ਪਿੰਡ ਛੱਤਿਆਣਾ ਦੀਆਂ ਮਾਣਮੱਤੀਆਂ ਧੀਆਂ ਨੇ ਚਾਂਦੀ ਦਾ ਤਮਗਾ ਜਿੱਤ ਕੇ ਬਾਬਾ ਫਰੀਦ ਸੀਨੀਅਰ ਸੈਕੰਡਰੀ ਸਕੂਲ ਤੇ ਪਿੰਡ ਛੱਤਿਆਣਾ ਦਾ ਮਾਣ ਵਧਾਇਆ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਹਰਜੀਤ ਸਿੰਘ ਬਰਾੜ ਨੇ ਦੱਸਿਆ ਕਿ ਬੀਤੇ ਦਿਨੀਂ 43ਵੀਂ ਸੀਨੀਅਰ ਨੈੱਟਬਾਲ ਖੇਡਾਂ ਜੋ ਹੈਦਰਾਬਾਦ ਤਿਲੰਗਾਨਾ ਵਿੱਚ ਹੋਈਆਂ ਇਨ੍ਹਾਂ ਖੇਡਾਂ ਵਿੱਚ ਪੰਜਾਬ ਦੀ ਟੀਮ ਲਈ ਬਾਬਾ ਫਰੀਦ ਸੀਨੀਅਰ ਸੈਕੰਡਰੀ ਸਕੂਲ ਛੱਤਿਆਣਾ ਦੇ ਨੈੱਟਬਾਲ ਗਰਾਊਂਡ ਦੀਆਂ ਖਿਡਾਰਨਾਂ ਲਵਪ੍ਰੀਤ ਕੌਰ ਪੁੱਤਰੀ ਅਵਤਾਰ ਸਿੰਘ ਤੇ ਜਸਮੀਤ ਕੌਰ ਪੁੱਤਰੀ ਗੁਰਸੇਵਕ ਸਿੰਘ ਨੇ ਭਾਗ ਲਿਆ।ਉਨ੍ਹਾਂ ਦੱਸਿਆ ਕਿ ਪੰਜਾਬ ਦੀ ਟੀਮ ਨੇ ਆਪਣਾ ਵਧੀਆ ਖੇਡ ਪ੍ਰਦਰਸ਼ਨ ਕਰਦੇ ਹੋਏ ਦੂਸਰਾ ਸਥਾਨ ਹਾਸਲ ਕਰਕੇ ਚਾਂਦੀ ਦਾ ਤਮਗਾ ਜਿੱਤਿਆ।ਉਨ੍ਹਾਂ ਦੱਸਿਆ ਕਿ ਇਨ੍ਹਾਂ ਖਿਡਾਰਨਾਂ ਦੀ ਸਫਲਤਾ ਲਈ ਨੈੱਟਬਾਲ ਕੋਚ ਮਨਪ੍ਰੀਤ ਸਿੰਘ ਤੇ ਗੁਰਮੇਲ ਸਿੰਘ ਲੁਹਾਰਾ ਡੀਪੀਈ ਵੱਲੋਂ ਕਰਵਾਈ ਗਈ ਮਿਹਨਤ ਦਾ ਵੱਡਾ ਯੋਗਦਾਨ ਹੈ।ਖਿਡਾਰਨਾਂ ਦਾ ਸਕੂਲ ਪੁੱਜਣ 'ਤੇ ਸਕੂਲ ਦੀ ਪ੍ਰਿੰਸੀਪਲ ਪਰਮਜੀਤ ਕੌਰ ਬਰਾੜ ਨੇ ਹਾਰ ਪਾ ਕੇ ਨਿੱਘਾ ਸਵਾਗਤ ਕੀਤਾ ਤੇ ਯਾਦਗਾਰੀ ਚਿੰਨ੍ਹ ਦੇ ਕੇ ਖਿਡਾਰਨਾਂ ਨੂੰ ਸਨਮਾਨਤ ਕੀਤਾ।ਇਸ ਮੌਕੇ ਐਂਟੀਗੀ ਬਲਕਰਨ ਸਿੰਘ, ਅਮਨਦੀਪ ਕੌਰ, ਮਨਦੀਪ ਕੌਰ, ਗੁਰਪ੍ਰੀਤ ਕੌਰ, ਬਲਕਰਨ ਸਿੰਘ, ਗੁਰਜੋਤ ਸਿੰਘ ਆਦਿ ਤੋਂ ਇਲਾਵਾ ਸਕੂਲ ਸਟਾਫ ਹਾਜ਼ਰ ਸੀ।

## ਬਜ਼ੁਰਗਾਂ ਨੂੰ ਆਪਣੇ ਵਾਅਦੇ ਮੁਤਾਬਕ ਪੈਨਸ਼ਨ ਦੇਵੇ ਸਰਕਾਰ : ਡਾ. ਮੱਟੂ



ਪਾਤੜਾਂ (ਨਿਸ਼ਾਨ ਸਿੰਘ ਬਟਵਾਲਾ)-ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਸਰਗਰਮ ਨੌਜਵਾਨ ਆਗੂ ਡਾ. ਜਤਿੰਦਰ ਸਿੰਘ ਮੱਟੂ ਵੱਲੋਂ ਹਲਕੇ ਦੇ ਪਿੰਡ ਪਿੰਡ ਚ ਵਸਿੰਦੇ ਤੱਕ ਪਹੁੰਚ ਕੇ ਲੋਕਾਂ ਦੀਆਂ ਸਮੱਸਿਆਵਾਂ ਸੁਣਨ ਦੀ ਚਲਾਈ ਮੁਹਿੰਮ ਤਹਿਤ ਉਨ੍ਹਾਂ ਪਿੰਡ ਚੁਨਾਗਰਾ ਵਿਖੇ ਪਹੁੰਚ ਕੇ ਛੋਟੇ ਦੁਕਾਨਦਾਰਾਂ ਤੇ ਬਜ਼ੁਰਗਾਂ ਦੀਆਂ ਸਮੱਸਿਆਵਾਂ ਸੁਣੀਆਂ। ਲੋਕ ਮਿਲਣੀ ਉਪਰੰਤ ਡਾ. ਮੱਟੂ ਨੇ ਕਿਹਾ ਕਿ ਸੱਤਾ ਵਿੱਚ ਆਉਣ ਤੋਂ ਪਹਿਲਾਂ ਆਮ ਆਦਮੀ ਪਾਰਟੀ ਦੇ ਆਗੂਆਂ ਨੇ ਬੁਢਾਪਾ ਪੈਨਸ਼ਨ 2500 ਕੀਤੇ ਜਾਣ ਦਾ ਵਾਅਦਾ ਕੀਤਾ ਸੀ, ਪਰ ਚਾਰ ਸਾਲ ਬੀਤ ਜਾਣ ਦੇ ਬਾਅਦ ਵੀ ਬਜ਼ੁਰਗਾਂ ਦੀ ਬੁਢਾਪਾ ਪੈਨਸ਼ਨ ਵਿੱਚ ਕੋਈ ਵਾਧਾ ਨਹੀਂ ਕੀਤਾ ਗਿਆ, ਜੋ ਪੰਜਾਬ ਦੇ ਲੋਕਾਂ ਨਾਲ ਕੋਝਾ ਮਜ਼ਾਕ ਹੈ।ਪੰਜਾਬ ਦੇ ਲੋਕਾਂ ਨੂੰ ਜੋ ਆਸ ਮੌਜੂਦਾ ਸਰਕਾਰ 'ਤੇ ਸੀ, ਉਹ ਬੁਰੀ ਤਰ੍ਹਾਂ ਟੁੱਟ ਚੁੱਕੀ ਹੈ।ਉਨ੍ਹਾਂ ਕਿਹਾ ਕਿ ਸਰਕਾਰ ਨੇ ਲੋਕਾਂ ਨਾਲ ਵੱਡੇ ਵੱਡੇ ਵਾਅਦੇ ਕੀਤੇ ਸਨ, ਜੋ ਚਾਰ ਸਾਲ ਬੀਤ ਜਾਣ ਬਾਅਦ ਵੀ ਵਫ਼ਾ ਨਹੀਂ ਹੋਏ।ਇਸ ਮੌਕੇ ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਅਜਿਹੇ ਝੂਠੇ ਛੱਡਣ ਵਾਲੇ ਨੇਤਾਵਾਂ ਤੋਂ ਕਿਨਾਰਾ ਕਰਕੇ ਲੋਕਾਂ ਦੀਆਂ ਦੁੱਖ ਤਕਲੀਫ਼ਾਂ 'ਚ ਖੜਨ ਵਾਲੇ ਆਗੂਆਂ ਦਾ ਸਾਥ ਦੇਣਗੇ। ਮੱਟੂ ਨੇ ਕਿਹਾ ਕਿ ਹਲਕਾ ਸ਼ੁਤਰਾਣਾ ਵਿੱਚ ਸਮੱਸਿਆਵਾਂ ਦੇ ਢੇਰ ਲੱਗੇ ਹੋਏ ਹਨ, ਪਰ ਲੋਕਾਂ ਦੀ ਕਿਧਰੇ ਵੀ ਸੁਣਵਾਈ ਨਹੀਂ ਹੋ ਰਹੀ।

# ਪੈਨਸ਼ਨਰਜ਼ ਐਸੋਸੀਏਸ਼ਨ ਮੋਗਾ ਨੇ ਪੈਨਸ਼ਨਰ ਦਿਵਸ ਦਾ ਕੀਤਾ ਲੇਖਾ-ਜੋਖਾ



ਮੋਗਾ (ਇਕਬਾਲ ਸਿੰਘ ਖਹਿਰਾ)-ਫਰੀਡਮ ਫਾਈਟਰ ਯਾਦਗਰੀ ਭਵਨ ਮੋਗਾ ਵਿਖੇ ਹੋਈ ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਮੋਗਾ ਦੀ ਮੀਟਿੰਗ ਦੀ ਕਾਰਵਾਈ ਪ੍ਰੈੱਸ ਲਈ ਰਿਲੀਜ਼ ਕਰਦਿਆਂ ਜ਼ਿਲ੍ਹਾ ਸਕੱਤਰ ਸਰਬਜੀਤ ਦੌਧਰ ਨੇ ਜਾਣਕਾਰੀ ਦਿੱਤੀ ਕਿ ਮੀਟਿੰਗ ਦੇ ਸ਼ੁਰੂ ਵਿੱਚ ਸਦੀਵੀ ਵਿਛੋੜਾ ਦੇ ਗਏ ਸੁਰਿੰਦਰ ਕੌਰ, ਸ਼ੀਲਾ ਰਾਣੀ, ਜ਼ਿਲ੍ਹਾ ਪ੍ਰੀਸ਼ਦ ਚੋਣਾਂ 'ਚ ਪ੍ਰਸ਼ਾਸਨ ਦੇ ਮਾੜੇ ਪ੍ਰਬੰਧਾਂ ਦੀ ਭੇਟ ਚੜ੍ਹ ਗਈ ਅਧਿਆਪਕ ਜੋੜੀ ਜਸਕਰਨ ਭੁੱਲਰ ਤੇ ਕਮਲਜੀਤ ਕੌਰ, ਪ੍ਰੈੱਸ ਸਕੱਤਰ ਗਿਆਨ ਸਿੰਘ ਦੀ ਭੈਣ ਚਰਨਜੀਤ ਕੌਰ, ਪੰਜਾਬ ਕੋ-ਐਜੂਕੇਸ਼ਨ ਵਿੱਚ ਕੰਮ ਕਰ ਰਹੀ ਹਰਜੀਤ ਕੌਰ ਤੇ ਉਸ ਦੇ ਭਾਈ ਅਤੇ ਸ਼ਾਮ ਸੁੰਦਰ ਡਰੋਲੀ ਭਾਈ ਦੇ ਜਵਾਈ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।

ਜ਼ਿਲ੍ਹਾ ਪ੍ਰਧਾਨ ਸੁਖਮੰਦਰ ਸਿੰਘ ਨੇ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਬਿਜਲੀ ਬਿੱਲ 2025 ਨੂੰ ਲਾਗੂ ਕਰਨ ਦੇ ਸਰਕਾਰ ਦੇ ਮਨਸੂਬੇ ਦੀ ਕਰੜੇ ਸ਼ਬਦਾਂ ਵਿੱਚ ਨਿਖੇਧੀ ਕੀਤੀ ਤੇ ਪੰਜਾਬ ਸਰਕਾਰ ਵੱਲੋਂ ਪੈਨਸ਼ਨਰਾਂ ਦੀਆਂ ਮੰਗਾਂ ਡੀ ਏ ਦੀਆਂ ਕਿਸ਼ਤਾਂ ਜਾਮ ਕਰਨ, ਛੇਵੇਂ ਪੇ ਕਮਿਸ਼ਨ ਦੀਆਂ ਸਿਫਾਰਸ਼ਾਂ ਬਾਰੇ ਨਾ-ਪੱਖੀ ਰਵੱਈਏ ਨੂੰ ਪੈਨਸ਼ਨਰਾਂ ਦੇ ਹੱਕਾਂ 'ਤੇ ਹਮਲਾ ਕਰਾਰ ਦਿੱਤਾ। ਸੂਬਾ ਪ੍ਰਧਾਨ ਭਜਨ ਸਿੰਘ ਗਿੱਲ ਨੇ ਮੁਲਾਜ਼ਮ ਪੈਨਸ਼ਨਰ ਸਾਂਝਾ ਫਰੰਟ ਦੀਆਂ 23 ਦਸੰਬਰ 25 ਦੀ ਮੀਟਿੰਗ ਤੋਂ ਹੁਣ ਤੱਕ ਦੀਆਂ ਸਰਗਰਮੀਆਂ ਦੀ ਰਿਪੋਰਟਿੰਗ ਕੀਤੀ ਤੇ ਵਿਰੋਧੀ ਪਾਰਟੀਆਂ ਦੇ ਵਿਧਾਨ ਸਭਾ ਵਿੱਚ ਆਗੂਆਂ ਨੂੰ ਮੰਤਰੀ ਮੰਗ ਪੱਤਰ ਸੌਂਪਣ ਬਾਰੇ ਚਾਨਣਾ ਪਾਇਆ। ਪ੍ਰੇਮ ਕੁਮਾਰ ਵਿੱਤ ਸਕੱਤਰ ਨੇ 18 ਦਸੰਬਰ ਨੂੰ ਮਨਾਏ ਗਏ ਪੈਨਸ਼ਨਰਜ਼ ਡੇ ਦੇ ਆਮਦਨ ਖਰਚ ਦਾ ਵੇਰਵਾ ਪੇਸ਼ ਕੀਤਾ।ਸੀਨੀਅਰ ਮੀਤ ਪ੍ਰਧਾਨ ਚਮਕੌਰ ਸਿੰਘ ਸਰਾਂ ਨੇ ਸਰਕਾਰੀ ਹਸਪਤਾਲ ਸੇਲ 'ਤੇ ਲਾ ਕੇ ਲੋਕਾਂ ਤੋਂ ਸਸਤੀਆਂ ਸਿਹਤ ਸਹੂਲਤਾਂ ਖੋਹਣ ਤੇ ਨਿੱਜੀਕਰਨ ਵੱਲ ਕਦਮ ਵਧਾਉਣ ਦੀ ਕਰੜੇ ਸ਼ਬਦਾਂ ਵਿੱਚ ਨਿਖੇਧੀ ਕੀਤੀ।ਸੂਬਾ ਜਨਰਲ ਸਕੱਤਰ ਸੁਰਿੰਦਰ ਰਾਮ ਕੁੱਸਾ ਨੇ ਕੇਂਦਰ ਸਰਕਾਰ ਦੀ ਲੋਕ ਵਿਰੋਧੀ ਨੀਤੀਆਂ ਤੇ ਕਾਰਪੋਰੇਟ ਪੱਖੀ ਨੀਤੀਆਂ ਲਾਗੂ ਕਰਨ ਅਤੇ ਪੰਜਾਬ ਸਰਕਾਰ ਦਆਰਾ ਬਿਜਲੀ ਬੋਰਡ ਤੇ ਹੋਰ ਮਹਿਕਮਿਆਂ ਦੀਆਂ ਕੀਮਤੀ ਜਾਇਦਾਦਾ ਕੌਡੀਆਂ ਦੇ ਭਾਅ ਵੇਚਣ ਬਾਰੇ ਦੱਸਦਿਆਂ ਲੋਕ ਏਕਤਾ ਜ਼ੋਰ ਦਿੰਦਿਆਂ ਦੂਜੀਆਂ ਕਿਸਾਨ ਮਜ਼ਦੂਰ ਮੁਲਾਜਮ ਜਥੇਬੰਦੀਆਂ ਨਾਲ ਏਕਤਾ 'ਤੇ ਜ਼ੋਰ ਦਿੱਤਾ।ਜ਼ਿਲ੍ਹਾ ਪ੍ਰੈੱਸ ਸਕੱਤਰ ਗਿਆਨ ਸਿੰਘ ਸਾਬਕਾ ਡੀ ਪੀ ਆਰ ਓ ਨੇ ਦੱਸਿਆ ਕਿ ਮੀਟਿੰਗ ਤੋਂ ਬਾਅਦ ਕਾਫ਼ਲੇ ਦੇ ਰੂਪ ਵਿੱਚ ਪੈਨਸ਼ਨਰਾਂ ਨੇ ਡੀ. ਸੀ. ਦਫ਼ਤਰ ਅੱਗੇ ਲੱਗੇ ਐੱਸ ਕੇ ਐੱਮ ਤੇ ਸਹਿਯੋਗੀ ਜਥੇਬੰਦੀਆਂ ਦੇ ਧਰਨੇ 'ਚ ਭਰਵੀਂ ਸ਼ਮੂਲੀਅਤ ਕੀਤੀ। ਸੂਬਾ ਪ੍ਰਧਾਨ ਭਜਨ ਸਿੰਘ ਗਿੱਲ ਨੇ ਇਸ ਧਰਨੇ ਚ ਆਪਣੇ ਵਿਚਾਰ ਪਰਗਟ ਕਰਦਿਆਂ ਕੇਂਦਰ ਤੇ ਪੰਜਾਬ ਸਰਕਾਰ ਦੀਆਂ ਸਾਮਰਾਜੀ ਪੱਖੀ ਕਾਰਪੋਰੇਟ ਹਿੱਤਾਂ ਲਈ ਲੋਕਾਂ ਦੇ ਹੱਕ ਖੋਹਣ ਦੀ ਕਰੜੇ ਸ਼ਬਦਾਂ ਵਿੱਚ ਨਿਖੇਧੀ ਕੀਤੀ।ਮੀਟਿੰਗ ਵਿੱਚ ਗੁਰਜੰਟ ਸਿੰਘ ਸੰਘਾ, ਜਸਵੰਤ ਸਿੰਘ ਕੋਟਲਾ, ਓਮਾਂ ਕਾਂਤ ਸੁਸ਼ਤਰੀ, ਬਲਵੀਰ ਸਿੰਘ, ਭੁਪਿੰਦਰ ਸਿੰਘ, ਜਗਜੀਤ ਸਿੰਘ ਰਖਰਾ, ਨਾਇਬ ਸਿੰਘ, ਮਨਜੀਤ ਸਿੰਘ, ਕੇਹਰ ਸਿੰਘ, ਅਮਰਜੀਤ ਸਿੰਘ ਮਾਨੂਕੇ, ਇੰਦਰਜੀਤ ਸਿੰਘ ਮੋਗਾ, ਜਸਵੰਤ ਸਿੰਘ ਬਿਲਾਸਪੁਰ, ਬਿੱਕਰ ਸਿੰਘ ਮਾਛੀਕੇ, ਤੋਤਾ ਸਿੰਘ ਗੁਰਮੇਲ ਸਿੰਘ ਜਵਾਹਰ ਸਿੰਘ ਵਾਲਾ, ਪ੍ਰਤਾਪ ਸਿੰਘ ਧੂੜਕੋਟ ਤੇ ਹੋਰ ਜ਼ਿਲ੍ਹਾ ਆਗੂ ਸ਼ਾਮਲ ਹੋਏ।

## ਸਰਬ-ਧਰਮ ਗਊਸ਼ਾਲਾ ਦੇ ਵਿਸਥਾਰ ਲਈ ਰਾਮ ਨਰਾਇਣ ਗਿਰ ਵੱਲੋਂ ਵੱਡਾ ਯੋਗਦਾਨ

### 5 ਵਿਸਵੇ ਥਾਂ ਖਰੀਦ ਕੇ ਗਊਸ਼ਾਲਾ ਨੂੰ ਕੀਤੀ ਦਾਨ



ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)-ਸਥਾਨਕ ਕਸਬੇ ਅੰਦਰ ਗਊਆਂ ਦੀ ਸਾਂਭ-ਸੰਭਾਲ ਲਈ ਲਗਾਤਾਰ ਸੇਵਾਵਾਂ ਨਿਭਾਅ ਰਹੀ ਸਰਬ-ਧਰਮ ਗਊਸ਼ਾਲਾ ਦੇ ਵਿਸਥਾਰ ਲਈ ਅੱਜ ਉਸ ਵੇਲੇ ਵੱਡਾ ਹੁੰਗਾਰਾ ਮਿਲਿਆ, ਜਦੋਂ ਸ੍ਰੀ ਉਦਾਸੀਨ ਗੋਬਿੰਦ ਗਊ ਧਾਮ ਦੇ ਪੰਡਿਤ ਕ੍ਰਿਸ਼ਨ ਕੁਮਾਰ ਜੋਸ਼ੀ (ਸੁਖਾਣੇ ਵਾਲੇ) ਦੀ ਪ੍ਰੇਰਣਾ ਸਦਕਾ ਸ੍ਰੀ ਰਾਮ ਨਰਾਇਣ ਗਿਰ ਰਾਮਪੁਰਾ ਫੂਲ ਵਾਲਿਆਂ ਵੱਲੋਂ ਗਊਸ਼ਾਲਾ ਦੇ ਨਾਲ ਲਗਦੀ 5 ਵਿਸਵੇ ਜਗ੍ਹਾ ਖਰੀਦ ਕੇ ਸੰਸਥਾ ਨੂੰ ਦਾਨ ਵਜੋਂ ਭੇਟ ਕੀਤੀ ਗਈ।ਇਸ ਮੌਕੇ ਸ੍ਰੀ ਰਾਮ ਨਰਾਇਣ ਗਿਰ ਆਪਣੇ ਜਥੇ ਸਮੇਤ ਵਿਸ਼ੇਸ਼ ਤੌਰ 'ਤੇ ਗਊਸ਼ਾਲਾ ਵਿਖੇ ਪੁੱਜੇ, ਜਿੱਥੇ ਉਨ੍ਹਾਂ ਨੇ ਇਸ ਨੇਕ ਕਾਰਜ ਨੂੰ ਅੱਗੇ ਵਧਾਉਣ ਲਈ 5 ਲੱਖ ਰੁਪਏ ਦੀ ਵਿੱਤੀ ਸਹਾਇਤਾ ਰਾਸ਼ੀ ਪ੍ਰਬੰਧਕੀ ਕਮੇਟੀ ਨੂੰ ਸੌਂਪੀ।ਸਮਾਗਮ ਦੌਰਾਨ ਸੰਬੋਧਨ ਕਰਦਿਆਂ ਸੰਗਮ ਮਾਲਵਾ ਮੰਡਲ ਦੇ ਪ੍ਰਧਾਨ ਸ੍ਰੀ ਰਾਮ ਨਰਾਇਣ ਗਿਰ ਨੇ ਪ੍ਰਬੰਧਕਾਂ ਵੱਲੋਂ ਮਹਿਲ ਕਲਾਂ ਵਿਖੇ ਚਲਾਈ ਜਾ ਰਹੀ ਇਸ ਸਰਬ-ਧਰਮ ਗਊਸ਼ਾਲਾ ਦੇ ਕੰਮਾਂ ਦੀ ਜ਼ੋਰਦਾਰ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਗਊ ਸੇਵਾ ਸਭ ਤੋਂ ਉੱਤਮ ਸੇਵਾ ਹੈ ਤੇ ਉਹ ਭਵਿੱਖ ਵਿੱਚ ਵੀ ਇਸ ਗਊਸ਼ਾਲਾ ਲਈ ਹਰ ਸੰਭਵ ਸਹਿਯੋਗ ਦੇਣ ਲਈ ਵਚਨਬੱਧ ਰਹਿਣਗੇ।ਉਨ੍ਹਾਂ ਸਮੂਹ ਦਾਨੀ ਸੱਜਣਾਂ, ਪ੍ਰਵਾਸੀ ਭਾਰਤੀਆਂ ਤੇ ਇਲਾਕੇ ਦੀਆਂ ਗ੍ਰਾਮ ਪੰਚਾਇਤਾਂ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਉਹ ਗਊਆਂ ਦੀ ਬਿਹਤਰ ਸਾਂਭ-ਸੰਭਾਲ ਤੇ ਗਊਸ਼ਾਲਾ ਦੇ ਵਿਕਾਸ ਲਈ ਵੱਧ-ਚੜ੍ਹ ਕੇ ਅੱਗੇ ਆਉਣ ਤੇ ਆਪਣਾ ਬਣਦਾ ਯੋਗਦਾਨ ਪਾਉਣ। ਇਸ ਮੌਕੇ ਕਈ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੇ ਵੀ ਗਊ ਸੇਵਾ ਵਿੱਚ ਆਪਣਾ ਸਹਿਯੋਗ ਦੇਣ ਦਾ ਭਰੋਸਾ ਦਿਵਾਇਆ।

ਸਮਾਗਮ ਦੇ ਅੰਤ ਵਿੱਚ ਗਊਸ਼ਾਲਾ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਵਿਜੈ ਕੁਮਾਰ ਬਾਂਸਲ, ਨਰਿੰਦਰ ਸ਼ਰਮਾ, ਰਾਜੇਸ਼ ਕੁਮਾਰ ਟੋਨੀ ਤੇ ਰਮਨ ਕੁਮਾਰ ਰਿੰਕੂ ਵੱਲੋਂ ਮੁੱਖ ਮਹਿਮਾਨ ਸ੍ਰੀ ਰਾਮ ਨਰਾਇਣ ਗਿਰ ਤੇ ਹੋਰ ਦਾਨੀ ਸੱਜਣਾਂ ਦਾ ਧੰਨਵਾਦ ਕਰਦਿਆਂ ਉਨ੍ਹਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।

## ਸਾਬਕਾ ਚੇਅਰਮੈਨ ਕੁਲਭੂਸ਼ਣ ਰਾਏ ਬਾਂਸਲ ਦਾ ਦੇਹਾਂਤ



ਫਰੀਦਕੋਟ (ਐਲਿਗਜੈਂਡਰ ਡਿਸੂਜਾ)-ਫਰੀਦਕੋਟ ਦੇ ਸਮਾਜਿਕ, ਧਾਰਮਿਕ ਤੇ ਵਪਾਰਕ ਖੇਤਰਾਂ ਵਿੱਚ ਇੱਕ ਚਮਕਦੇ ਸਿਤਾਰੇ ਤੇ ਮਾਰਕੀਟ ਕਮੇਟੀ ਫਰੀਦਕੋਟ ਦੇ ਸਾਬਕਾ ਚੇਅਰਮੈਨ ਤੇ ਰਾਅ ਆੜ੍ਹਤੀਆ ਐਸੋਸੀਏਸ਼ਨ ਦੇ ਪ੍ਰਧਾਨ ਸ੍ਰੀ ਕੁਲਭੂਸ਼ਣ ਰਾਏ ਬਾਂਸਲ (ਭੂਸ਼ੀ) ਦਾ 12 ਜਨਵਰੀ ਨੂੰ ਅਚਾਨਕ ਦਿਲ ਦਾ ਦੌਰਾ ਪੈਣ ਕਾਰਨ ਦੇਹਾਂਤ ਹੋ ਗਿਆ।ਜਿਵੇਂ ਹੀ ਉਨ੍ਹਾਂ ਦੇ ਦੇਹਾਂਤ ਦੀ ਖ਼ਬਰ ਫੈਲੀ, ਪੂਰੇ ਇਲਾਕੇ ਵਿੱਚ ਸੋਗ ਦੀ ਲਹਿਰ ਫੈਲ ਗਈ।ਫਰੀਦਕੋਟ ਅਨਾਜ ਮੰਡੀ ਤੇ ਰਾਇਸ ਮਿੱਲ ਐਸੋਸੀਏਸ਼ਨ ਦੇ ਕਾਰੋਬਾਰੀਆਂ ਨੇ ਉਨ੍ਹਾਂ ਦੇ ਦੇਹਾਂਤ 'ਤੇ ਡੂੰਘਾ ਦੁੱਖ ਪ੍ਰਗਟ ਕੀਤਾ।ਪਰਿਵਾਰਕ ਸੂਤਰਾਂ ਅਨੁਸਾਰ ਸਵ. ਕੁਲਭੂਸ਼ਣ ਰਾਏ ਬਾਂਸਲ ਨਮਿੱਤ ਸ਼੍ਰੀ ਗਰੁੜ ਪੁਰਾਣ ਜੀ ਦਾ ਭੋਗ ਤੇ ਰਸਮ ਪਗੜੀ ਸਮਾਰੋਹ 23 ਜਨਵਰੀ 2026 ਨੂੰ ਦੁਪਹਿਰ 1:00 ਵਜੇ ਤੋਂ 2:00 ਵਜੇ ਤੱਕ ਸ਼੍ਰੀ ਰਾਧਾ ਕ੍ਰਿਸ਼ਨ ਧਾਮ ਵੀਰੇ ਵਾਲਾ ਰੋਡ ਫਰੀਦਕੋਟ ਹੋਵੇਗਾ।

## ਭਿੰਦਾ ਵਿਰਕ ਬਣੇ ਤੀਰਥ ਯਾਤਰਾ ਦੇ ਹਲਕਾ ਧੂਰੀ ਦੇ ਕੋਆਰਡੀਨੇਟਰ

ਸੰਗਾਲਾ (ਰਣਜੀਤ ਸਿੰਘ ਪੇਧਨੀ)



ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਭੁਪਿੰਦਰ ਸਿੰਘ ਛਿੰਦਾ ਵਿਰਕ ਨੂੰ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਤੀਰਥ ਯਾਤਰਾ ਦਾ ਹਲਕਾ ਧੂਰੀ ਦਾ ਕੋਆਰਡੀਨੇਟਰ ਨਿਯੁਕਤ ਕੀਤਾ ਗਿਆ ਹੈ।ਤੀਰਥ ਯਾਤਰਾ ਦਾ ਹਲਕਾ ਧੂਰੀ ਦਾ ਕੋਆਰਡੀਨੇਟਰ ਨਿਯੁਕਤ ਹੋਣ 'ਤੇ ਭੁਪਿੰਦਰ ਸਿੰਘ ਭਿੰਦਾ ਵਿਰਕ ਨੇ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਮੁੱਖ ਮੰਤਰੀ ਦਫ਼ਤਰ ਧੂਰੀ ਦੇ ਇੰਚਾਰਜ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਤੇ ਮੁੱਖ ਮੰਤਰੀ ਦਫ਼ਤਰ ਧੂਰੀ ਦੇ ਇੰਚਾਰਜ ਚੇਅਰਮੈਨ ਸਿੰਘ ਦਲਵੀਰ ਢਿੱਲੋਂ ਸਮੇਤ ਸਮੁੱਚੀ ਹਾਈਕਮਾਂਡ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪਾਰਟੀ ਵੱਲੋਂ ਦਿੱਤੀ ਗਈ ਜ਼ਿੰਮੇਵਾਰੀ ਨੂੰ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ।

## ਯੁੱਧ ਨਸ਼ਿਆਂ ਵਿਰੁੱਧ ਤਹਿਤ ਪੈਦਲ ਯਾਤਰਾ ਜਾਗਰੂਕਤਾ ਰੈਲੀ

### ਵਿਧਾਇਕ ਗਿਆਸਪੁਰਾ ਤੇ ਪ੍ਰਧਾਨ ਸੁਦਰਸ਼ਨ ਪੱਪੂ ਨੇ ਕੀਤੀ ਰੈਲੀ ਦੀ ਅਗਵਾਈ



ਦੋਰਾਹਾ (ਹਰਮਿੰਦਰ ਸੇਠ)-ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਸੂਬੇ ਭਰ ਵਿੱਚ ਨਸ਼ਿਆਂ ਖ਼ਿਲਾਫ਼ ਵੱਡੇ ਪੱਧਰ 'ਤੇ ਜਾਗਰੂਕਤਾ ਅਭਿਆਨ ਚਲਾਇਆ ਜਾ ਰਿਹਾ ਹੈ।ਇਸੇ ਕੜੀ ਹੇਠ ਵਿਧਾਨ ਸਭਾ ਹਲਕਾ ਪਾਇਲ ਦੇ ਕਸਬਾ ਦੋਰਾਹਾ ਵਿੱਚ ਪੈਦਲ ਯਾਤਰਾ ਅਭਿਆਨ ਤਹਿਤ ਜਾਗਰੂਕਤਾ ਰੈਲੀ ਕੱਢੀ ਗਈ।ਇਹ ਰੈਲੀ ਦੋਰਾਹਾ ਰੇਲਵੇ ਸਟੇਸ਼ਨ ਤੋਂ ਸ਼ੁਰੂ ਹੋ ਕੇ ਦੋਰਾਹਾ ਮੇਨ ਬਾਜ਼ਾਰ ਰਾਹੀਂ ਦੋਰਾਹਾ ਪੁੱਲ ਤੱਕ ਪਹੁੰਚੀ।ਰੈਲੀ ਦੀ ਅਗਵਾਈ ਹਲਕਾ ਪਾਇਲ ਦੇ ਵਿਧਾਇਕ ਸ. ਮਨਵਿੰਦਰ ਸਿੰਘ ਗਿਆਸਪੁਰਾ, ਪ੍ਰਧਾਨ ਸੁਦਰਸ਼ਨ ਸ਼ਰਮਾ ਪੱਪੂ ਤੇ ਗੁਰਵਿੰਦਰ ਸਿੰਘ ਰਾਣਾ ਕੂੰਨਰ ਵੱਲੋਂ ਕੀਤੀ ਗਈ।ਰੈਲੀ ਦੌਰਾਨ ਲੋਕਾਂ ਨੂੰ ਨਸ਼ਿਆਂ ਦੇ ਮਾਰੂ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਗਿਆ ਤੇ ਨਸ਼ਾ ਮੁਕਤ ਪੰਜਾਬ ਬਣਾਉਣ ਦਾ ਸੰਕਲਪ ਦੁਹਰਾਇਆ ਗਿਆ।ਇਸ ਮੌਕੇ ਰੈਲੀ ਨੂੰ ਸੰਬੋਧਨ ਕਰਦਿਆਂ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਚੱਲ ਰਹੀ ਜੰਗ ਨੂੰ ਲੋਕ ਲਹਿਰ ਬਣਾਉਣ ਲਈ ਸਮਾਜ ਦੇ ਹਰ ਵਰਗ ਦਾ ਸਹਿਯੋਗ ਬਹੁਤ ਜ਼ਰੂਰੀ ਹੈ।ਉਨ੍ਹਾਂ ਸ਼ਹਿਰ ਤੇ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਪੱਧਰ 'ਤੇ ਨਸ਼ਿਆਂ ਖ਼ਿਲਾਫ਼ ਜਨ ਜਾਗਰੂਕਤਾ ਅੰਦੋਲਨ ਵਿੱਚ ਸਰਗਰਮ ਭੂਮਿਕਾ ਨਿਭਾਉਣ ਤੇ ਨਸ਼ਿਆਂ ਨੂੰ ਉਤਸ਼ਾਹਤ ਕਰਨ ਵਾਲੇ ਕਿਸੇ ਵੀ ਵਿਅਕਤੀ ਨਾਲ ਮਿਲਵਰਤਨ ਤੋਂ ਪਰਹੇਜ਼ ਕਰਨ।ਉਨ੍ਹਾਂ ਕਿਹਾ ਕਿ ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰਨ ਵਿੱਚ ਨੌਜਵਾਨ ਵਰਗ ਦੀ ਭੂਮਿਕਾ ਸਭ ਤੋਂ ਅਹਿਮ ਹੈ।ਹਰ ਵਿਅਕਤੀ ਨੂੰ ਘਰ, ਸਮਾਜ ਤੇ ਇਲਾਕੇ ਨੂੰ ਨਸ਼ਾ ਮੁਕਤ ਬਣਾਉਣ ਦਾ ਪ੍ਰਣ ਲੈਣਾ ਚਾਹੀਦਾ ਹੈ।ਇਸ ਮੌਕੇ ਪ੍ਰਧਾਨ ਸੁਦਰਸ਼ਨ ਸ਼ਰਮਾ ਪੱਪੂ, ਗੁਰਵਿੰਦਰ ਸਿੰਘ ਰਾਣਾ, ਮੰਗਾ ਜਰਮਨ, ਕਮਲਜੀਤ ਬਿੱਟੂ, ਕਾਕਾ ਬਾਜਵਾ, ਬੌਬੀ ਤਿਵਾੜੀ, ਬੌਬੀ ਕਪਿਲਾ, ਹਰਨੇਕ ਸਿੰਘ ਨੇਕੀ, ਇੰਦਰਜੀਤ ਸਿੰਘ ਫੌਜੀ, ਮਨੀ ਅਰੋੜਾ, ਸੁਖਵੀਰ ਤਲਵਾੜਾ, ਕਰਮਵੀਰ ਸਿੰਘ ਟੋਨਾ ਸਮੇਤ ਆਮ ਆਦਮੀ ਪਾਰਟੀ ਦੇ ਕਈ ਆਗੂ ਤੇ ਵਰਕਰ ਹਾਜ਼ਰ ਸਨ।

## ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੀ ਮਹੀਨਾਵਾਰ ਮੀਟਿੰਗ

### ਐੱਨ ਆਰ ਆਈ ਮੰਡਵਾਲਾ ਦਾ ਕੀਤਾ ਸਨਮਾਨ



ਫਰੀਦਕੋਟ (ਐਲਿਗਜੈਂਡਰ ਡਿਸੂਜਾ)

ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਰਜਿ. 295, ਬਲਾਕ ਫਰੀਦਕੋਟ ਦੀ ਮਹੀਨਾਵਾਰ ਮੀਟਿੰਗ ਏ-1 ਡਾਇਗਨੋਸਟਿਕ ਸੈਂਟਰ/ਹੋਪ ਇਮੇਜਿੰਗ ਸੈਂਟਰ ਵਿਖੇ ਬਲਾਕ ਪ੍ਰਧਾਨ ਡਾਕਟਰ ਅੰਮ੍ਰਿਤ ਪਾਲ ਸਿੰਘ ਟਹਿਣਾ ਦੀ ਪ੍ਰਧਾਨਗੀ ਹੇਠ ਸੰਪੰਨ ਹੋਈ।ਮੀਟਿੰਗ ਦੀ ਸ਼ੁਰੂਆਤ ਜਥੇਬੰਦੀ ਦੇ ਵਿਛੜੇ ਸਾਥੀ ਡਾਕਟਰ ਰਾਮ ਸਿੰਘ ਡੱਗੋ ਰੋਮਾਣਾ ਦੀ ਆਤਮਾ ਦੀ ਸ਼ਾਂਤੀ ਲਈ ਦੋ ਮਿੰਟ ਦਾ ਮੌਨ ਧਾਰ ਕੇ ਕੀਤੀ ਗਈ।ਮੀਟਿੰਗ ਦੌਰਾਨ ਵਿਸ਼ੇਸ਼ ਤੌਰ 'ਤੇ ਪਹੁੰਚੇ ਐੱਨ.ਆਰ.ਆਈ. ਸ੍. ਬਲਜੀਤ ਸਿੰਘ ਮੰਡਵਾਲਾ ਨੂੰ ਬਲਾਕ ਦੀ ਐਗਜ਼ਿਕਿਊਟਿਵ ਕਮੇਟੀ ਵੱਲੋਂ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਦੱਸਣਯੋਗ ਹੈ ਕਿ ਸ੍. ਮੰਡਵਾਲਾ ਵੱਲੋਂ ਧੰਨ ਧੰਨ ਬਾਬਾ ਬੁੱਢਾ ਸਾਹਿਬ ਜੀ ਦੇ ਜੋੜ ਮੇਲੇ ਨੂੰ ਸਮਰਪਤ ਚੰਦ ਬਾਜਾਂ ਵਿਖੇ ਲਗਾਏ ਗਏ ਦਵਾਈਆਂ ਦੇ ਲੰਗਰ ਲਈ ਵੱਡਾ ਮਾਲੀ ਸਹਿਯੋਗ ਦਿੱਤਾ ਗਿਆ ਸੀ।ਬਲਾਕ ਪ੍ਰਧਾਨ ਡਾਕਟਰ ਅੰਮ੍ਰਿਤਪਾਲ ਸਿੰਘ ਨੇ ਪਿਛਲੇ ਦਿਨੀਂ ਜ਼ਿਲ੍ਹਾ ਡੈਲੀਗੇਟ ਇਜਲਾਸ ਵਿੱਚ ਤੀਜੀ ਵਾਰ ਸਰਬਸੰਮਤੀ ਨਾਲ ਚੁਣੇ ਗਏ ਜ਼ਿਲ੍ਹਾ ਪ੍ਰਧਾਨ ਡਾਕਟਰ ਰਸ਼ਪਾਲ ਸਿੰਘ ਸੰਧੂ, ਜ਼ਿਲ੍ਹਾ ਕੈਸ਼ੀਅਰ ਡਾਕਟਰ ਪ੍ਰੇਮ ਨਾਥ ਢੁੱਡੀ, ਪ੍ਰੈੱਸ ਸਕੱਤਰ ਡਾਕਟਰ ਵਿਜੇਪਾਲ ਕੰਮੇਆਣਾ ਤੇ ਸਹਾਇਕ ਜਨਰਲ ਸਕੱਤਰ ਡਾਕਟਰ ਗੁਰਤੇਜ ਸਿੰਘ ਦਾਨਾ ਰੋਮਾਣਾ ਨੂੰ ਨਿਯੁਕਤੀ 'ਤੇ ਵਧਾਈ ਦਿੱਤੀ।ਸਟੇਜ ਦੀ ਕਾਰਵਾਈ ਸਹਾਇਕ ਮੀਤ ਪ੍ਰਧਾਨ ਡਾਕਟਰ ਸੇਵਕ ਸਿੰਘ ਬਰਾੜ ਵੱਲੋਂ ਬਾਖ਼ੂਬੀ ਨਿਭਾਈ ਗਈ।ਇਸ ਮੌਕੇ ਡਾ. ਸਿਕੰਦਰ ਸਿੰਘ ਪੱਕਾ, ਡਾ. ਗੁਰਵਿੰਦਰ ਸਿੰਘ, ਜਨਰਲ ਸਕੱਤਰ ਡਾ. ਕੁਲਵੰਤ ਸਿੰਘ, ਡਾ. ਗੁਰਮੀਤ ਸਿੰਘ, ਡਾ. ਪੂਨਮ ਬਾਲਾ, ਡਾ. ਸ਼ਰਨਜੀਤ ਕੌਰ, ਡਾ. ਗੁਰਪ੍ਰੀਤ ਸਿੰਘ, ਡਾ. ਹਰਭਜਨ ਸਿੰਘ ਖਾਲਸਾ, ਡਾ. ਬੂਟਾ ਸਿੰਘ ਧੂਰਕੋਟ ਤੇ ਡਾ. ਰਿੰਪੀ ਬੁਗਰਾ ਸਮੇਤ ਲਗਭਗ 80 ਡਾਕਟਰ ਸਾਥੀ ਮੌਜੂਦ ਸਨ।ਪ੍ਰੈੱਸ ਸਕੱਤਰ ਡਾਕਟਰ ਯਸ਼ਪਾਲ ਗੁਲਾਟੀ ਨੇ ਸਮੂਹ ਹਾਜ਼ਰੀਨ ਦਾ ਧੰਨਵਾਦ ਕੀਤਾ।

## ਅਣਪਛਾਤੇ ਮੋਬਾਇਲ ਟਾਵਰ ਤੋਂ ਸਾਮਾਨ ਚੋਰੀ ਕਰਕੇ ਫ਼ਰਾਰ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)

ਥਾਣਾ ਛਾਉਣੀ ਫ਼ਿਰੋਜ਼ਪੁਰ ਦੀ ਪੁਲਸ ਨੇ ਮੋਬਾਈਲ ਕੰਪਨੀ ਦੇ ਟਾਵਰਾਂ ਤੋਂ ਕੀਮਤੀ ਸਾਮਾਨ ਚੋਰੀ ਕਰਕੇ ਲੈ ਜਾਣ ਵਾਲੇ ਅਣਪਛਾਤੇ ਲੋਕਾਂ ਖ਼ਿਲਾਫ਼ ਚੋਰੀ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਥਾਣਾ ਫ਼ਿਰੋਜ਼ਪੁਰ ਛਾਉਣੀ ਦੇ ਏਐੱਸਆਈ ਰਮਨ ਕੁਮਾਰ ਨੇ ਦੱਸਿਆ ਕਿ ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਸ਼ਿਕਾਇਤਕਰਤਾ ਗੁਰਪ੍ਰੀਤ ਸਿੰਘ, ਸੁਪਰਵਾਈਜ਼ਰ ਇੰਡਸ ਪ੍ਰਾਈਵੇਟ ਲਿਮਟਿਡ ਕੰਪਨੀ ਨੇ ਦੱਸਿਆ ਕਿ ਉਸ ਦੇ ਅਧੀਨ ਆਉਂਦੇ ਟਾਵਰ, ਜਿਸ ਦਾ ਨੰਬਰ 1350327 ਹੈ ਤੇ ਜੋ ਕਿ ਦੁਸਹਿਰਾ ਗਰਾਊਂਡ ਘੁਮਿਆਰ ਮੰਡੀ ਫ਼ਿਰੋਜ਼ਪੁਰ ਛਾਉਣੀ ਵਿੱਚ ਲੱਗਾ ਹੋਇਆ ਹੈ, ਵਿੱਚੋਂ ਬੀਤੀ ਰਾਤ ਅਣਪਛਾਤੇ ਚੋਰ ਏਅਰਟੈੱਲ ਕੰਪਨੀ ਦੇ 2 ਸੈਮਸੰਗ ਕਾਰਡ ਸਮੇਤ ਅਸੈਸਰੀ ਚੋਰੀ ਕਰਕੇ ਲੈ ਗਏ ਹਨ। ਮਾਮਲੇ ਦੀ ਜਾਂਚ ਕਰ ਰਹੇ ਰਮਨ ਕੁਮਾਰ ਨੇ ਦੱਸਿਆ ਕਿ ਪੁਲਸ ਨੇ ਉਕਤ ਮਾਮਲੇ ਵਿੱਚ ਅਣਪਛਾਤੇ ਲੋਕਾਂ ਖ਼ਿਲਾਫ਼ ਕੇਸ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## 420 ਨਸ਼ੀਲੀਆਂ ਗੋਲੀਆਂ ਤੇ ਹੈਰੋਇਨ ਸਮੇਤ 2 ਗ੍ਰਿਫ਼ਤਾਰ, 1 ਫ਼ਰਾਰ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)-ਥਾਣਾ ਲੱਖੋਕੇ ਬਹਿਰਾਮ ਤੇ ਥਾਣਾ ਗੁਰੂ ਹਰਸਹਾਏ ਦੀ ਪੁਲਸ ਨੇ ਡੀਐੱਸਪੀ ਜਸਵੀਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਨਸ਼ਾ ਵੇਚਣ ਵਾਲੇ ਲੋਕਾਂ ਨੂੰ ਗ੍ਰਿਫ਼ਤਾਰ ਕਰਨ ਲਈ ਚਲਾਈ ਮੁਹਿੰਮ ਤਹਿਤ ਦੋ ਲੋਕਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 420 ਨਸ਼ੀਲੀਆਂ ਗੋਲੀਆਂ ਤੇ 4 ਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ, ਜਦਕਿ ਇੱਕ ਦੋਸ਼ੀ ਮੌਕੇ ਤੋਂ ਫ਼ਰਾਰ ਹੋ ਗਿਆ। ਜਾਣਕਾਰੀ ਅਨੁਸਾਰ ਥਾਣਾ ਗੁਰੂ ਹਰਸਹਾਏ ਦੇ ਏਐੱਸਆਈ ਭੁਪਿੰਦਰ ਸਿੰਘ ਨੇ ਪੁਲਸ ਪਾਰਟੀ ਸਮੇਤ ਗਸ਼ਤ ਤੇ ਚੈਕਿੰਗ ਦੌਰਾਨ ਮਿਲੀ ਸੂਚਨਾ ਦੇ ਆਧਾਰ 'ਤੇ ਐੱਫ ਐੱਫ ਰੋਡ ਫ਼ਿਰੋਜ਼ਪੁਰ ਤੋਂ ਫ਼ਾਜ਼ਿਲਕਾ ਰੋਡ ਤੋਂ ਹਾਜੀ ਬੇਟੂ ਨੂੰ ਜਾਂਦੀ ਲਿੰਕ ਸੜਕ 'ਤੇ ਛਾਪੇਮਾਰੀ ਕਰਕੇ ਨੇਹਾ ਪਤਨੀ ਦਲਵਿੰਦਰ ਸਿੰਘ ਵਾਸੀ ਘਾਂਗਾ ਹਾਲ ਵਾਸੀ ਪੰਜੇ ਕੇ ਉਤਾੜ ਨੂੰ ਗ੍ਰਿਫ਼ਤਾਰ ਕਰਕੇ ਉਸ ਦੇ ਕਬਜ਼ੇ ਵਿੱਚੋਂ 420 ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ ਹਨ, ਜਦਕਿ ਉਕਤ ਮਾਮਲੇ ਵਿੱਚ ਮੰਗਤ ਸਿੰਘ ਪੁੱਤਰ ਦਰਸ਼ਨ ਸਿੰਘ ਵਾਸੀ ਪੰਜੇ ਕੇ ਉਤਾੜ ਫ਼ਰਾਰ ਹੈ।

ਮਾਮਲੇ ਦੀ ਜਾਂਚ ਕਰ ਰਹੇ ਭੁਪਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਨੇ ਦੋਵਾਂ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕਰਕੇ ਫ਼ਰਾਰ ਮੰਗਤ ਸਿੰਘ ਦੀ ਭਾਲ ਸ਼ੁਰੂ ਕਰ ਦਿੱਤੀ ਹੈ। ਦੂਜੇ ਮਾਮਲੇ ਵਿੱਚ ਥਾਣਾ ਲੱਖੋਕੇ ਬਹਿਰਾਮ ਦੇ ਏ ਐੱਸ ਆਈ ਮਹਿੰਦਰ ਸਿੰਘ ਨੇ ਪੁਲਸ ਪਾਰਟੀ ਸਮੇਤ ਗਸ਼ਤ ਤੇ ਚੈਕਿੰਗ ਦੌਰਾਨ ਸ਼ੱਕ ਦੇ ਆਧਾਰ 'ਤੇ ਲਖਵਿੰਦਰ ਸਿੰਘ ਉਰਫ਼ ਲੱਖੂ ਪੁੱਤਰ ਗੁਰਬਚਨ ਸਿੰਘ ਵਾਸੀ ਲੋਧਰਾਂ ਨੂੰ ਗ੍ਰਿਫ਼ਤਾਰ ਕਰਕੇ ਉਸ ਦੇ ਕਬਜ਼ੇ ਵਿੱਚੋਂ 4 ਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ। ਮਾਮਲੇ ਦੀ ਜਾਂਚ ਕਰ ਰਹੇ ਮਹਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਨੇ ਉਕਤ ਮਾਮਲੇ ਵਿੱਚ ਲਖਵਿੰਦਰ 'ਤੇ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਤਖਤੂਪੁਰਾ ਕਾਨਫਰੰਸ ਨੇ 2027 'ਚ ਅਕਾਲੀ ਦਲ ਦੀ ਜਿੱਤ 'ਤੇ ਲਗਾਈ ਮੋਹਰ : ਢਿੱਲੋਂ



ਬਾਘਾ ਪੁਰਾਣਾ (ਮਨੀ ਸਿੰਗਲਾ)-ਮੋਗਾ ਜ਼ਿਲ੍ਹੇ ਦੇ ਇਤਿਹਾਸਕ ਤੇ ਧਾਰਮਿਕ ਮਹੱਤਤਾ ਵਾਲੇ ਸਥਾਨ ਤਖਤੂਪੁਰਾ ਸਾਹਿਬ ਵਿਖੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਕੀਤੀ ਗਈ ਵਿਸ਼ਾਲ ਸਿਆਸੀ ਕਾਨਫਰੰਸ 'ਤੇ ਹੋਇਆ ਭਰਵਾਂ ਇਕੱਠ ਸੂਬੇ ਦੀ ਸਿਆਸਤ ਵਿੱਚ ਅਕਾਲੀ ਦਲ ਦੀ ਮਜ਼ਬੂਤ ਵਾਪਸੀ ਦਾ ਸੰਕੇਤ ਹੈ।ਇਸ ਗੱਲ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੀ ਵਿਦਿਆਰਥੀ ਇਕਾਈ ਐੱਸ.ਓ.ਆਈ. ਦੇ ਪ੍ਰਧਾਨ ਗੁਰਦਿੱਤ ਸਿੰਘ ਢਿੱਲੋਂ ਨੇ ਕਰਦਿਆਂ ਕਿਹਾ ਕਿ ਤਖਤੂਪੁਰਾ ਦੀ ਇਸ ਕਾਨਫਰੰਸ ਨੇ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਅਕਾਲੀ ਦਲ ਦੀ ਜਿੱਤ 'ਤੇ ਮੋਹਰ ਲਗਾ ਦਿੱਤੀ ਹੈ।ਗੁਰਦਿੱਤ ਸਿੰਘ ਢਿੱਲੋਂ ਨੇ ਕਿਹਾ ਕਿ ਇਸ ਰੈਲੀ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਤੇ ਹਲਕਾ ਬਾਘਾ ਪੁਰਾਣਾ ਦੇ ਇੰਚਾਰਜ ਜਥੇਦਾਰ ਤੀਰਥ ਸਿੰਘ ਮਾਹਲਾ ਤੇ ਨੌਜਵਾਨ ਆਗੂ ਸੁਖਜੀਤ ਸਿੰਘ ਮਾਹਲਾ ਦੀ ਅਗਵਾਈ ਹੇਠ ਜ਼ਿਲ੍ਹੇ ਦੇ ਵੱਖ-ਵੱਖ ਹਿੱਸਿਆਂ ਤੋਂ ਵੱਡੀ ਗਿਣਤੀ ਵਿੱਚ ਨੌਜਵਾਨਾਂ ਨੇ ਸ਼ਮੂਲੀਅਤ ਕੀਤੀ। ਨੌਜਵਾਨਾਂ ਵਿੱਚ ਦੇਖਿਆ ਗਿਆ ਉਤਸ਼ਾਹ ਇਹ ਸਾਬਿਤ ਕਰਦਾ ਹੈ ਕਿ ਪੰਜਾਬ ਦਾ ਯੂਥ ਅਕਾਲੀ ਦਲ ਨਾਲ ਮਜ਼ਬੂਤੀ ਨਾਲ ਜੁੜ ਰਿਹਾ ਹੈ।ਉਨ੍ਹਾਂ ਕਿਹਾ ਕਿ ਤਖਤੂਪੁਰਾ ਦੀ ਕਾਨਫਰੰਸ ਦੌਰਾਨ ਨੌਜਵਾਨਾਂ, ਕਿਸਾਨਾਂ, ਮਜ਼ਦੂਰਾਂ ਤੇ ਹਰ ਵਰਗ ਦੇ ਲੋਕਾਂ ਦੀ ਹਾਜ਼ਰੀ ਨੇ ਇਹ ਸਾਫ ਕਰ ਦਿੱਤਾ ਹੈ ਕਿ ਮੌਜੂਦਾ ਸਰਕਾਰ ਦੀਆਂ ਨਾਕਾਮ ਨੀਤੀਆਂ ਤੋਂ ਲੋਕ ਪੂਰੀ ਤਰ੍ਹਾਂ ਨਾਰਾਜ਼ ਹਨ।ਅਕਾਲੀ ਦਲ ਹੀ ਉਹ ਪਾਰਟੀ ਹੈ, ਜੋ ਪੰਜਾਬ ਦੇ ਹੱਕਾਂ, ਪੰਥਕ ਮਰਿਆਦਾਵਾਂ ਤੇ ਕਿਸਾਨੀ ਮੁੱਦਿਆਂ ਦੀ ਸਦਾ ਆਵਾਜ਼ ਬਣਦੀ ਆਈ ਹੈ। ਐੱਸ.ਓ.ਆਈ. ਪ੍ਰਧਾਨ ਨੇ ਜ਼ੋਰ ਦਿੰਦਿਆਂ ਕਿਹਾ ਕਿ 2027 ਦੀਆਂ ਚੋਣਾਂ ਵਿੱਚ ਨੌਜਵਾਨਾਂ ਦੀ ਭੂਮਿਕਾ ਸਭ ਤੋਂ ਅਹਿਮ ਰਹੇਗੀ।ਉਨ੍ਹਾਂ ਆਖਿਆ ਕਿ ਅੱਜ ਦਾ ਨੌਜਵਾਨ ਰੋਜ਼ਗਾਰ, ਸਿੱਖਿਆ ਤੇ ਪੰਜਾਬ ਦੀ ਬਚਾਵੀ ਸਿਆਸਤ ਨੂੰ ਲੈ ਕੇ ਸਚੇਤ ਹੈ ਤੇ ਇਸੇ ਲਈ ਉਹ ਸ਼੍ਰੋਮਣੀ ਅਕਾਲੀ ਦਲ ਨੂੰ ਆਪਣੀ ਆਵਾਜ਼ ਮੰਨ ਰਿਹਾ ਹੈ।ਗੁਰਦਿੱਤ ਸਿੰਘ ਢਿੱਲੋਂ ਨੇ ਕਿਹਾ ਕਿ ਪੰਜਾਬ ਦੇ ਲੋਕ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਮੁੜ ਸੂਬੇ ਦਾ ਮੁੱਖ ਮੰਤਰੀ ਦੇਖਣਾ ਚਾਹੁੰਦੇ ਹਨ।ਉਨ੍ਹਾਂ ਦਾਅਵਾ ਕੀਤਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਅਕਾਲੀ ਦਲ ਵੱਡੀ ਜਿੱਤ ਹਾਸਲ ਕਰਕੇ ਪੰਜਾਬ ਵਿੱਚ ਮਜ਼ਬੂਤ ਤੇ ਲੋਕਪੱਖੀ ਸਰਕਾਰ ਬਣਾਏਗਾ।

## ਚਾਰ ਰੋਜ਼ਾ 'ਮੇਲਾ ਜਾਗਦੇ ਜੁਗਨੂੰਆਂ ਦਾ' ਯਾਦਗਾਰੀ ਹੋ ਨਿੱਬੜਿਆ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-40 ਮੁਕਤਿਆਂ ਦੀ ਯਾਦ ਨੂੰ ਸਮਰਪਤ ਜ਼ਿਲ੍ਹਾ ਪ੍ਰਸ਼ਾਸਨ ਸ੍ਰੀ ਮੁਕਤਸਰ ਸਾਹਿਬ ਵੱਲੋਂ ਜ਼ਿਲ੍ਹਾ ਕਲਚਰਲ ਤੇ ਹੈਰੀਟੇਜ ਸੁਸਾਇਟੀ ਸ਼੍ਰੀ ਮੁਕਤਸਰ ਸਾਹਿਬ ਦੀ ਅਗਵਾਈ ਹੇਠ ਮੇਲਾ ਜਾਗਦੇ ਜੁਗਨੂੰਆਂ ਦਾ ਵੈੱਲਫੇਅਰ ਸੁਸਾਇਟੀ (ਰਜਿ.) ਪੰਜਾਬ ਦੇ ਸਹਿਯੋਗ ਨਾਲ ਗੁਰੂ ਗੋਬਿੰਦ ਸਿੰਘ ਪਾਰਕ ਸ੍ਰੀ ਮੁਕਤਸਰ ਸਾਹਿਬ ਵਿਖੇ ਲਗਾਇਆ ਗਿਆ ਚਾਰ ਰੋਜ਼ਾ 'ਮੇਲਾ ਜਾਗਦੇ ਜੁਗਨੂੰਆਂ ਦਾ' ਹਵਾ, ਪਾਣੀ, ਧਰਤੀ ਬਚਾਉਣ ਦਾ ਹੋਕਾ ਦਿੰਦਾ ਯਾਦਗਾਰੀ ਹੋ ਨਿੱਬੜਿਆ।ਮੇਲੇ 'ਚ ਲੱਗੀਆਂ ਕਿਤਾਬਾਂ ਦੇ ਸਟਾਲਾਂ ਤੇ ਪਾਠਕਾਂ ਦੀਆਂ ਭੀੜਾਂ ਦਰਸਾ ਰਹੀਆਂ ਸਨ ਕਿ ਸੋਸ਼ਲ ਮੀਡੀਆ ਦੇ ਹੁੰਦਿਆਂ ਵੀ ਪਾਠਕ ਪੁਸਤਕਾਂ ਨਾਲੋਂ ਨਹੀਂ ਟੁੱਟੇ, ਦੇਸੀ ਖਾਣੇ ਮੱਕੀ ਦੀ ਰੋਟੀ, ਸਰੋਂ ਦਾ ਸਾਗ, ਮਖਣੀ, ਚਾਟੀ ਦੀ ਖੱਟੀ ਮਿੱਠੀ ਲੱਸੀ, ਕਾੜ੍ਹਨੀ ਦਾ ਦੁੱਧ, ਗੁੜ ਦੀਆਂ ਸੇਵੀਆਂ, ਮਾਲ੍ਹ ਪੂੜੇ, ਗੁਲਗਲੇ, ਭੂਤ ਪਿੰਨੇ, ਪੰਜਾਬੀ ਸੱਭਿਆਚਾਰ ਨੂੰ ਦਰਸਾਉਂਦਾ ਪਹਿਰਾਵਾ, ਕਸ਼ਮੀਰੀ ਸੁੱਕੇ ਮੇਵੇ, ਕਸ਼ਮੀਰੀ ਕਾਹਵਾ, ਸ਼ਹਿਦ ਨਾਲ ਬਣੀਆਂ ਵਸਤਾਂ ਘੁਲਾੜੇ ਦੇ ਗੁੜ ਤੋਂ ਬਣੀਆਂ ਵੱਖ-ਵੱਖ ਵਸਤਾਂ, ਭੱਠੀ 'ਤੇ ਦਾਣੇ ਭੁੰਨ ਰਹੀ ਭਠਿਆਰਨ, ਵਿਰਾਸਤੀ ਰੁੱਖਾਂ ਦਾ ਲੰਗਰ, ਖਿੱਚ ਦਾ ਕੇਂਦਰ ਰਹੀਆਂ। ਜ਼ਿਲ੍ਹਾ ਕਲਚਰਲ ਤੇ ਹੈਰੀਟੇਜ ਸੁਸਾਇਟੀ ਦੇ ਅਫ਼ਸਰ ਜਗਮੋਹਨ ਸਿੰਘ ਮਾਨ ਤੇ ਉਨ੍ਹਾਂ ਦੀ ਟੀਮ ਵੱਲੋਂ ਵੀ ਮੇਲੇ ਨੂੰ ਸਫਲ ਬਣਾਉਣ ਵਿੱਚ ਵਡਮੁੱਲਾ ਯੋਗਦਾਨ ਪਾਇਆ ਗਿਆ।ਮੇਲੇ ਦੇ ਆਖਰੀ ਦਿਨ ਰੋਗਿਆਂ ਵਾਲੇ ਕਵੀਸ਼ਰੀ ਜਥੇ, ਬਾਲ ਕਲਾਕਾਰ ਰਿਸ਼ਵਦੀਪ ਨੇ ਬੜੀ ਹੀ ਸੁਰੀਲੀ ਆਵਾਜ਼ ਵਿੱਚ, ਗੀਤ, ਹਵਾ ਪਾਣੀ ਮਿੱਟੀ ਨੂੰ ਬਚਾਓ ਦੋਸਤੋ, ਰਾਹੀਂ 'ਮੇਲਾ ਜਾਗਦੇ ਜੁਗਨੂੰਆਂ ਦਾ' ਮੁੱਖ ਮਕਸਦ ਆਪਣੇ ਗੀਤ ਰਾਹੀਂ ਸਾਂਝਾ ਕੀਤਾ। ਮੰਚ ਦਾ ਸੰਚਾਲਨ ਗਾਇਕਾ ਕਿਰਨ ਸਾਬੋ ਨੇ ਕੀਤਾ।ਮੇਲੇ 'ਚ ਸੁਰਿੰਦਰਪਾਲ ਸਿੰਘ ਢਿੱਲੋਂ ਏਡੀਸੀ ਵਿਕਾਸ ਵਿਸ਼ੇਸ਼ ਤੌਰ 'ਤੇ ਪਹੁੰਚੇ।ਉਨ੍ਹਾਂ ਜਿੱਥੇ ਮੇਲੇ ਦੀ ਸਮੁੱਚੀ ਟੀਮ ਨੂੰ ਵਧਾਈ ਦਿੱਤੀ, ਉੱਥੇ ਦੱਸਿਆ ਕਿ ਐਸੇ ਮੇਲੇ ਹਰ ਜ਼ਿਲ੍ਹੇ ਵਿੱਚ ਲੱਗਣੇ ਚਾਹੀਦੇ ਹਨ।ਉਨ੍ਹਾਂ 'ਮੇਲਾ ਜਾਗਦੇ ਜੁਗਨੂੰਆਂ ਦਾ' ਦੀ ਸਮੁੱਚੀ ਟੀਮ, ਮੇਲੇ ਨੂੰ ਸਫਲ ਬਣਾਉਣ ਵਾਲੇ ਮੁਲਾਜ਼ਮਾਂ, ਸਮਾਜ ਸੇਵੀ ਸੰਸਥਾਵਾਂ ਦਾ ਵੀ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨ ਕੀਤਾ।

## ਮੁਫ਼ਤ ਸਿਹਤ ਬੀਮਾ ਯੋਜਨਾ ਸਰਕਾਰ ਦਾ ਇਤਿਹਾਸਕ ਕਦਮ : ਆਪ ਆਗੂ



ਸੰਗਾਲਾ (ਰਣਜੀਤ ਸਿੰਘ ਪੇਧਨੀ)-ਪੰਜਾਬ ਸਰਕਾਰ ਵੱਲੋਂ ਰਾਜ ਦੇ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਸਿਹਤ ਬੀਮਾ ਸਹੂਲਤ ਸੰਬੰਧੀ ਕਾਰਡ ਮੁਹੱਈਆ ਕਰਵਾਉਣ ਦੀ ਯੋਜਨਾ ਹਰ ਵਰਗ ਲਈ ਬੇਹੱਦ ਲਾਹੇਵੰਦ ਸਾਬਿਤ ਹੋਵੇਗੀ ਤੇ ਸਰਕਾਰ ਵੱਲੋਂ ਇਸ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਪ ਆਗੂ ਭੁਪਿੰਦਰ ਸਿੰਘ ਐੱਮ ਸੀ, ਵਿੱਕੀ ਚੱਠਾ ਉਮੀਦਵਾਰ ਵਾਰਡ ਨੰਬਰ 10, ਵਾਰਡ ਨੰਬਰ 11 ਤੇ 12 ਤੋਂ ਆਪ ਦੇ ਉਮੀਦਵਾਰ ਜਸਵੀਰ ਸਿੰਘ ਜੱਜ, ਵਾਰਡ ਨੰਬਰ 20 ਤੋਂ ਆਪ ਉਮੀਦਵਾਰ ਅਜੈਬ ਸਿੰਘ ਹੈਪੀ, ਰਾਜ ਟਰੇਡਰਜ਼ ਕਮਿਸ਼ਨ ਦੇ ਮੈਂਬਰ ਕੁਲਦੀਪ ਸਿੰਘ ਬੁੱਟਰ ਤੇ ਐੱਮ ਸੀ ਉਮੀਦਵਾਰ ਨਵਜੋਤ ਕੌਰ ਨੇ ਕੀਤਾ।ਉਨ੍ਹਾਂ ਕਿਹਾ ਕਿ ਇਹ ਸਿਹਤ ਬੀਮਾ ਕਾਰਡ ਬਣਾਉਣ ਦੀ ਜ਼ਿੰਮੇਵਾਰੀ ਪਾਰਟੀ ਵੱਲੋਂ ਨਿਯੁਕਤ ਵਲੰਟੀਅਰਾਂ ਨੂੰ ਸੌਂਪੀ ਗਈ ਹੈ।ਹਰ ਵਲੰਟੀਅਰ ਨੂੰ ਇਕ ਵਿਸ਼ੇਸ਼ ਮਸ਼ੀਨ ਦਿੱਤੀ ਜਾਵੇਗੀ, ਜਿਸ ਦੇ ਜ਼ਰੀਏ ਘਰ-ਘਰ ਜਾ ਕੇ ਲੋਕਾਂ ਦੇ ਕਾਰਡ ਬਣਾਏ ਜਾਣਗੇ ਤਾਂ ਜੋ ਆਮ ਲੋਕਾਂ ਨੂੰ ਕਿਸੇ ਦਫ਼ਤਰ ਦੇ ਚੱਕਰ ਨਾ ਲਗਾਉਣੇ ਪੈਣ ਅਤੇ ਕਿਸੇ ਵੀ ਤਰ੍ਹਾਂ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਸਾਲ 2022 ਤੋਂ ਬਾਅਦ ਲੋਕਹਿਤ ਵਿੱਚ ਕਈ ਇਤਿਹਾਸਕ ਫੈਸਲੇ ਲਏ ਹਨ।ਸਰਕਾਰ ਲਗਭਗ 19 ਟੋਲ ਪਲਾਜ਼ੇ ਬੰਦ ਕਰਕੇ ਆਮ ਲੋਕਾਂ ਨੂੰ ਵੱਡੀ ਆਰਥਿਕ ਰਾਹਤ ਦੇ ਚੁੱਕੀ ਹੈ।ਇਸ ਦੇ ਨਾਲ ਹੀ 80 ਫੀਸਦੀ ਘਰੇਲੂ ਖਪਤਕਾਰਾਂ ਨੂੰ ਮੁਫ਼ਤ ਬਿਜਲੀ ਦਾ ਲਾਭ ਦੇਣ ਵਿੱਚ ਸਰਕਾਰ ਸਫਲ ਰਹੀ ਹੈ।ਉਨ੍ਹਾਂ ਦੱਸਿਆ ਕਿ ਪੰਜਾਬ ਭਰ ਵਿੱਚ ਮੁਫ਼ਤ ਦਵਾਈਆਂ ਦੀ ਸਹੂਲਤ, ਆਮ ਆਦਮੀ ਕਲੀਨਿਕਾਂ ਦੀ ਸਥਾਪਨਾ ਰਾਹੀਂ ਗਰੀਬ ਤੇ ਮੱਧ ਵਰਗ ਨੂੰ ਸਿਹਤ ਸੇਵਾਵਾਂ ਘਰ ਦੇ ਨੇੜੇ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।ਇਸ ਦੇ ਨਾਲ ਹੀ ਖੇਤੀਬਾੜੀ ਸੈਕਟਰ ਨੂੰ 8 ਘੰਟੇ ਦਿਨ ਦੇ ਸਮੇਂ ਨਿਰਵਿਘਨ ਬਿਜਲੀ ਸਪਲਾਈ ਦਿੱਤੀ ਜਾ ਰਹੀ ਹੈ, ਜਿਸ ਨਾਲ ਕਿਸਾਨਾਂ ਨੂੰ ਵੱਡਾ ਲਾਭ ਮਿਲ ਰਿਹਾ ਹੈ।

## ਅਕਾਲੀ ਦਲ ਦੀ ਕਾਨਫਰੰਸ 'ਚ ਰਿਕਾਰਡਤੋੜ ਇਕੱਠ ਸੂਬੇ ਦੀ ਸਿਆਸਤ 'ਚ ਇਕ ਨਵਾਂ ਅਧਿਆਇ ਜੋੜ ਗਿਆ : ਅਕਾਲੀ ਆਗੂ



ਬਾਘਾ ਪੁਰਾਣਾ (ਮਨੀ ਸਿੰਗਲਾ)-ਸ਼੍ਰੋਮਣੀ ਅਕਾਲੀ ਦਲ ਵੱਲੋਂ ਇਤਿਹਾਸਕ ਧਾਰਮਿਕ ਸਥਾਨ ਤਖਤੂਪੁਰਾ ਸਾਹਿਬ ਵਿਖੇ ਕੀਤੀ ਗਈ ਵਿਸ਼ਾਲ ਸਿਆਸੀ ਕਾਨਫਰੰਸ ਦੌਰਾਨ ਹੋਇਆ ਰਿਕਾਰਡਤੋੜ ਇਕੱਠ ਸੂਬੇ ਦੀ ਸਿਆਸਤ ਵਿੱਚ ਇਕ ਨਵਾਂ ਅਧਿਆਇ ਜੋੜ ਗਿਆ ਹੈ।ਕਾਨਫਰੰਸ ਵਿੱਚ ਪਾਰਟੀ ਵਰਕਰਾਂ, ਨੌਜਵਾਨਾਂ, ਕਿਸਾਨਾਂ ਤੇ ਹਰ ਵਰਗ ਦੇ ਲੋਕਾਂ ਦੀ ਭਾਰੀ ਸ਼ਮੂਲੀਅਤ ਨੇ ਇਹ ਸਾਬਿਤ ਕਰ ਦਿੱਤਾ ਹੈ ਕਿ ਸ਼੍ਰੋਮਣੀ ਅਕਾਲੀ ਦਲ ਦੀ ਨੀਂਹ ਅੱਜ ਪਹਿਲਾਂ ਨਾਲੋਂ ਕਾਫੀ ਮਜ਼ਬੂਤ ਹੋ ਚੁੱਕੀ ਹੈ ਅਤੇ 2027 ਵਿੱਚ ਬਣਨ ਵਾਲੀ ਸਰਕਾਰ ਅਕਾਲੀ ਦਲ ਦੀ ਹੀ ਹੋਵੇਗੀ।ਇਹ ਪ੍ਰਗਟਾਵਾ ਸ਼ਹਿਰੀ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਰਾਮ ਬਾਂਸਲ, ਸੁਖਬੀਰ ਬਰਾੜ ਸੁੱਖਾ ਬਾਘਾ ਪੁਰਾਣਾ, ਪਵਨਦੀਪ ਸਿੰਘ ਬਰਾੜ ਚੰਨੂ ਵਾਲਾ, ਗੋਰਾ ਸੰਗਤਪੁਰਾ, ਬਲਬੀਰ ਸਿੰਘ ਭੰਗੂ ਜੈਮਲਵਾਲਾ ਤੇ ਹਰਿੰਦਰਪਾਲ ਸਿੰਘ ਪਾਲੀ ਬਾਘਾ ਪੁਰਾਣਾ ਵੱਲੋਂ ਮੀਡੀਆ ਨਾਲ ਗੱਲਬਾਤ ਕਰਦਿਆਂ ਕੀਤਾ ਗਿਆ।ਉਨ੍ਹਾਂ ਸਾਂਝੇ ਤੌਰ 'ਤੇ ਕਿਹਾ ਕਿ ਤਖਤੂਪੁਰਾ ਵਿਖੇ ਹੋਈ ਕਾਨਫਰੰਸ ਸਿਰਫ਼ ਇਕ ਸਿਆਸੀ ਇਕੱਠ ਨਹੀਂ ਸੀ, ਸਗੋਂ ਇਹ ਪੰਜਾਬ ਦੇ ਭਵਿੱਖ ਦੀ ਦਿਸ਼ਾ ਦਰਸਾਉਣ ਵਾਲਾ ਇਤਿਹਾਸਕ ਮੰਚ ਸਾਬਿਤ ਹੋਇਆ ਹੈ।ਆਗੂਆਂ ਨੇ ਕਿਹਾ ਕਿ ਇਸ ਕਾਨਫਰੰਸ ਵਿਚ ਹੋਏ ਵੱਡੇ ਇਕੱਠ ਨੇ ਸਾਬਿਤ ਕਰ ਦਿੱਤਾ ਹੈ ਕਿ ਪੰਜਾਬ ਦੇ ਲੋਕ ਮੌਜੂਦਾ ਸਰਕਾਰ ਦੀਆਂ ਨਾਕਾਮ ਨੀਤੀਆਂ ਤੋਂ ਪੂਰੀ ਤਰ੍ਹਾਂ ਨਿਰਾਸ਼ ਹੋ ਚੁੱਕੇ ਹਨ ਅਤੇ ਮੁੜ ਸ਼੍ਰੋਮਣੀ ਅਕਾਲੀ ਦਲ ਨੂੰ ਸੱਤਾ ਵਿੱਚ ਦੇਖਣਾ ਚਾਹੁੰਦੇ ਹਨ।ਉਨ੍ਹਾਂ ਆਖਿਆ ਕਿ ਤਖਤੂਪੁਰਾ ਦੀ ਕਾਨਫਰੰਸ ਦੌਰਾਨ ਨੌਜਵਾਨਾਂ ਦੀ ਵੱਡੀ ਭਾਗੀਦਾਰੀ ਨੇ ਪਾਰਟੀ ਨੂੰ ਨਵਾਂ ਹੌਸਲਾ ਦਿੱਤਾ ਹੈ।ਨੌਜਵਾਨ ਵਰਗ ਅਕਾਲੀ ਦਲ ਨਾਲ ਮਜ਼ਬੂਤੀ ਨਾਲ ਜੁੜ ਰਿਹਾ ਹੈ ਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਇਹੀ ਵਰਗ ਨਿਰਣਾਇਕ ਭੂਮਿਕਾ ਨਿਭਾਏਗਾ।ਅੰਤ ਵਿੱਚ ਆਗੂਆਂ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਸਦਾ ਪੰਜਾਬ, ਪੰਥ ਤੇ ਪੰਜਾਬੀਆਂ ਦੇ ਹਿੱਤਾਂ ਦੀ ਰਾਖੀ ਕਰਦਾ ਆਇਆ ਹੈ ਤੇ 2027 ਵਿੱਚ ਲੋਕਾਂ ਦੇ ਅਸ਼ੀਰਵਾਦ ਨਾਲ ਮੁੜ ਸੂਬੇ ਦੀ ਕਮਾਂਡ ਸੂਬਾ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਹੱਥ ਵਿੱਚ ਆਵੇਗੀ।

## ਸਰਕਾਰ ਨੇ ਨਸ਼ਿਆਂ ਵਿਰੁੱਧ ਜੰਗ ਨੂੰ ਹੋਰ ਤੇਜ਼ ਕੀਤਾ : ਕਟਾਰੀਆ



ਮੱਖੂ (ਰਛਪਾਲ ਸਿੰਘ ਸੰਧੂ)-ਪੰਜਾਬ ਸਰਕਾਰ ਵੱਲੋਂ ਪੰਜਾਬ ਵਿੱਚੋਂ ਨਸ਼ਿਆਂ ਦਾ ਮੁਕੰਮਲ ਖਾਤਮਾ ਕਰਨ ਲਈ ਚਲਾਈ ਹੋਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਗਰ ਪੰਚਾਇਤ ਮੱਖੂ ਦੇ ਪ੍ਰਧਾਨ ਨਰਿੰਦਰ ਕਟਾਰੀਆ ਵੱਲੋਂ 10 ਜਨਵਰੀ ਤੋਂ ਸ਼ਹਿਰ ਦੀਆਂ ਵੱਖ ਵੱਖ ਵਾਰਡਾਂ ਵਿੱਚ ਪੈਦਲ ਯਾਤਰਾਂ ਕੱਢੀਆਂ ਜਾ ਰਹੀਆਂ ਹਨ।ਅੱਜ ਦੀ ਪੈਦਲ ਯਾਤਰਾ ਦੀ ਅਗਵਾਈ ਵਿਧਾਨ ਸਭਾ ਹਲਕਾ ਜ਼ੀਰਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਨਰੇਸ਼ ਕਟਾਰੀਆ ਵੱਲੋਂ ਕੀਤੀ ਗਈ, ਜਿਸ ਵਿੱਚ ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕੀਤਾ ਗਿਆ।ਇਸ ਮੌਕੇ ਵਿਧਾਇਕ ਨਰੇਸ਼ ਕਟਾਰੀਆ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਜੰਗ ਨੂੰ ਹੋਰ ਤੇਜ਼ ਕੀਤਾ ਹੋਇਆ ਹੈ।ਇਸ ਜੰਗ ਵਿੱਚ ਸਾਰਿਆਂ ਨੂੰ ਵੱਧ ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ ਤਾਂ ਜੋ ਪੰਜਾਬ ਨੂੰ ਨਸ਼ਾ ਮੁਕਤ ਕੀਤਾ ਜਾ ਸਕੇ।ਉਨ੍ਹਾਂ ਦੱਸਿਆ ਕਿ 'ਯੁੱਧ ਨਸ਼ਿਆਂ ਵਿਰੁੱਧ' ਦੂਜਾ ਪੜਾਅ ਜੋ ਕਿ 10 ਜਨਵਰੀ ਤੋਂ ਸ਼ੁਰੂ ਹੋਇਆ ਹੈ।'ਯੁੱਧ ਨਸ਼ਿਆਂ ਵਿਰੁੱਧ' ਜਾਗਰੂਕਤਾ ਪੈਦਲ ਯਾਤਰਾ 25 ਜਨਵਰੀ ਤੱਕ ਸ਼ਹਿਰਾਂ ਤੇ ਪਿੰਡਾਂ ਵਿੱਚ ਕੱਢੀਆਂ ਜਾਣਗੀਆਂ, ਜਿਸ ਦਾ ਮੁੱਖ ਮਕਸਦ ਨਸ਼ੇ ਰੂਪੀ ਕੋਹੜ ਖਿਲਾਫ ਇੱਕ ਲੋਕ ਲਹਿਰ ਪੈਦਾ ਕਰਨਾ ਹੈ ਤਾਂ ਜੋ ਨਸ਼ੇ ਨੂੰ ਜੜ੍ਹ ਤੋਂ ਖਤਮ ਕੀਤਾ ਜਾ ਸਕੇ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਵਿੱਚ ਵੱਧ ਚੜ੍ਹ ਕੇ ਭਾਗ ਲੈਣ ਤਾਂ ਜੋ ਪੰਜਾਬ ਦੀ ਜਵਾਨੀ ਨੂੰ ਬਚਾਇਆ ਜਾ ਸਕੇ।ਇਸ ਮੌਕੇ ਨਗਰ ਪੰਚਾਇਤ ਮੱਖੂ ਦੇ ਪ੍ਰਧਾਨ ਨਰਿੰਦਰ ਕਟਾਰੀਆ, ਸੀਨੀਅਰ ਮੀਤ ਪ੍ਰਧਾਨ ਅਨਿਲ ਧਵਨ ਡੀਸੀ, ਨਗਰ ਪੰਚਾਇਤ ਮੱਖੂ ਦੇ ਸਾਬਕਾ ਪ੍ਰਧਾਨ ਵਰਿੰਦਰ ਠੁਕਰਾਲ, ਦਵਿੰਦਰ ਸਿੰਘ ਬੱਬੂ ਐਮਸੀ, 'ਆਪ' ਆਗੂ ਵੀਨੂੰ ਸ਼ਾਹ, ਮਨਮੋਹਨ ਗਰੋਵਰ, ਮਨਜਿੰਦਰ ਸਿੰਘ, ਸਤੀਸ਼ ਕਟਾਰੀਆ, ਨਰੇਸ਼ ਮੋਂਗਾ, ਸੋਨੂੰ ਸੂਦ, ਜੱਜ ਮੋਂਗਾ, ਆੜ੍ਹਤੀਆ ਐਸੋਸੀਏਸ਼ਨ ਮੱਖੂ ਦੇ ਪ੍ਰਧਾਨ ਰਿਸ਼ੂ ਖੁਰਾਣਾ, ਪ੍ਰਦੀਪ ਕੱਕੜ ਤੋਂ ਇਲਾਵਾ ਹੋਰ ਬਹੁਤ ਸਾਰੇ ਇਲਾਕਾ ਤੇ ਸ਼ਹਿਰ ਵਾਸੀ ਹਾਜ਼ਰ ਸਨ।

## ਡੀ ਏ ਵੀ ਵਿਦਿਆਰਥਣਾਂ ਨੇ ਰਾਸ਼ਟਰੀ ਖੇਡਾਂ 'ਚ ਮਾਰੀਆਂ ਮੱਲਾਂ



ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)-ਡੀਏਵੀ ਪਬਲਿਕ ਸਕੂਲ ਪਾਤੜਾਂ ਦੀਆਂ ਪ੍ਰਤਿਭਾਸ਼ਾਲੀ ਵਿਦਿਆਰਥਣਾਂ ਨੇ ਨੈਸ਼ਨਲ ਪੱਧਰੀ ਕੁਸ਼ਤੀ ਤੇ ਜੂਡੋ ਮੁਕਾਬਿਲਆਂ ਵਿੱਚ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ ਹੈ।ਸਕੂਲ ਪ੍ਰਿੰਸੀਪਲ ਨਵਦੀਪ ਵਸ਼ਿਸ਼ਟ ਨੇ ਦੱਸਿਆ ਕਿ 9 ਤੋਂ 12 ਜਨਵਰੀ 2026 ਦਰਮਿਆਨ ਨੋਇਡਾ ਦੇ ਇੰਨਡੋਰ ਸਟੇਡੀਅਮ ਵਿਖੇ ਡੀਏਵੀ ਨੈਸ਼ਨਲ ਪੱਧਰੀ ਖੇਡ ਮੁਕਾਬਲੇ ਕਰਵਾਏ ਗਏ।ਦੇਸ਼ ਭਰ ਦੇ 28 ਰਾਜਾਂ ਦੇ 900 ਸਕੂਲਾਂ ਵਿੱਚੋਂ ਆਏ 9 ਹਜ਼ਾਰ ਦੇ ਕਰੀਬ ਪ੍ਰਤੀਯੋਗੀਆਂ ਦੇ ਇਨ੍ਹਾਂ ਸਖ਼ਤ ਮੁਕਾਬਲਿਆਂ ਵਿੱਚ ਡੀਏਵੀ ਪਾਤੜਾਂ ਦੀਆਂ ਵਿਦਿਆਥਣਾਂ ਨੇ 14,17, 19 ਉਮਰ ਤੇ ਵੱਖ-ਵੱਖ ਭਾਰ ਵਰਗ ਤਹਿਤ ਹਿੱਸਾ ਲੈ ਕੇ ਸੋਨੇ, ਚਾਂਦੀ ਤੇ ਕਾਂਸੇ ਦੇ 13 ਤਮਗੇ ਜਿੱਤੇ, ਜਦਕਿ ਕੁਸ਼ਤੀ ਮੁਕਾਬਲਿਆਂ ਵਿੱਚ ਸਮੁੱਚੀ ਟਰਾਫੀ ਜਿੱਤ ਕੇ ਸ਼ਾਨਦਾਰ ਸਫਲਤਾ ਪ੍ਰਾਪਤ ਕੀਤੀ।ਪ੍ਰਿੰਸੀਪਲ ਨਵਦੀਪ ਵਸ਼ਿਸ਼ਟ ਨੇ ਜੇਤੂ ਵਿਦਿਆਥਣਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ ਤੇ ਕਿਹਾ ਕਿ ਇਹ ਇਨ੍ਹਾਂ ਵਿਦਿਆਥਣਾਂ ਤੇ ਇਨ੍ਹਾਂ ਦੇ ਸਰੀਰਕ ਸਿੱਖਿਆ ਅਧਿਆਪਕ ਜੀਵਨ ਸਿੰਘ ਦੀ ਸਖ਼ਤ ਮਿਹਨਤ ਦਾ ਨਤੀਜਾ ਹੈ।ਉਨ੍ਹਾਂ ਸਾਰੀਆਂ ਜੇਤੂ ਵਿਦਿਆਥਣਾਂ ਨੂੰ ਅੱਗੇ ਤੋਂ ਹੋਰ ਵੀ ਮਿਹਨਤ ਕਰਦੇ ਰਹਿਣ ਲਈ ਉਤਸ਼ਾਹਤ ਕੀਤਾ।

# ਵਿਧਾਨ ਸਭਾ ਹਲਕਾ ਪੱਟੀ ਦੇ ਵਿਕਾਸ 'ਚ ਕੋਈ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ: ਲਾਲਜੀਤ ਸਿੰਘ ਭੁੱਲਰ

ਪੱਟੀ (ਬਲਦੇਵ ਸਿੰਘ ਸੰਧੂ)-ਸੂਬੇ ਦੇ ਟਰਾਂਸਪੋਰਟ ਅਤੇ ਜੇਲਾਂ ਬਾਰੇ ਮੰਤਰੀ ਲਾਲਜੀਤ ਸਿੰਘ ਭੁੱਲਰ ਵੱਲੋਂ ਪੱਟੀ ਵਿਖੇ ਆਪਣੇ ਕੈਂਪ ਦਫ਼ਤਰ ਵਿਖੇ ਹਲਕਾ ਵਾਸੀਆਂ ਦੀਆਂ ਮੁਸ਼ਕਲਾਂ ਸੁਣ ਕੇ ਉਨ੍ਹਾਂ ਦਾ ਹੱਲ ਕੀਤਾ ਗਿਆ।ਇਸ ਮੌਕੇ ਉਨ੍ਹਾਂ ਹਲਕਾ ਨਿਵਾਸੀਆਂ ਨੂੰ ਭਰੋਸਾ ਦਿੱਤਾ ਕਿ ਉਹ ਆਪਣੇ ਹਲਕਾ ਵਾਸੀਆਂ ਦੇ ਹਰ ਸੁੱਖ-ਦੁੱਖ ਵਿੱਚ ਉਨ੍ਹਾਂ ਨਾਲ ਹਨ ਅਤੇ ਹਲਕੇ ਦੇ ਸਰਬਪੱਖੀ ਵਿਕਾਸ ਕਰਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।ਕੈਬਨਿਟ ਮੰਤਰੀ ਭੁੱਲਰ ਨੇ ਕਿਹਾ ਕਿ ਉਨ੍ਹਾਂ ਦੇ ਘਰ ਦੇ ਦਰਵਾਜ਼ੇ ਹਮੇਸ਼ਾ ਆਪਣੇ ਹਲਕਾ ਵਾਸੀਆਂ ਲਈ ਖੁੱਲ੍ਹੇ ਹਨ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਪੂਰੀ ਸੁਹਿਰਦਤਾ ਨਾਲ ਇਹ ਯਤਨ ਕੀਤੇ ਜਾ ਰਹੇ ਹਨ ਕਿ ਸਮਾਜ ਦੇ ਹਰ ਵਰਗ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਿਆ ਜਾਵੇ ਅਤੇ ਲੋਕਾਂ ਨੂੰ ਸਾਰੀਆਂ ਬੁਨਿਆਦੀ ਸਹੂਲਤਾਂ ਪਹਿਲ ਦੇ ਅਧਾਰ 'ਤੇ ਮੁਹੱਈਆ ਕਰਵਾਈਆਂ ਜਾਣ।ਪੰਜਾਬ ਸਰਕਾਰ ਦੀਆਂ ਉਪਲਬਧੀਆਂ ਦਾ ਜ਼ਿਕਰ ਕਰਦਿਆਂ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਕਿਹਾ ਕਿ ਦੇਸ਼ ਵਿੱਚ ਪੰਜਾਬ ਪਹਿਲਾ ਸੂਬਾ ਹੋਵੇਗਾ ਜੋ ਹਰੇਕ ਪਰਿਵਾਰ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਰਾਹੀਂ 10 ਲੱਖ ਰੁਪਏ ਤੱਕ ਮੁਫ਼ਤ ਇਲਾਜ ਦੀ ਸਹੂਲਤ ਦੇਵੇਗਾ।ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਦੇ ਮੈਨੀਫੈਸਟੋ ਵਿੱਚ ਸਿਹਤ ਖੇਤਰ ਦਾ ਜ਼ਿਕਰ ਤੱਕ



ਨਹੀਂ ਹੁੰਦਾ ਸੀ ਜਿਸ ਕਰਕੇ ਲੋਕਾਂ ਨੂੰ ਉਨ੍ਹਾਂ ਦੇ ਰਹਿਮੋ-ਕਰਮ ਉੱਤੇ ਛੱਡ ਦਿੱਤਾ ਜਾਂਦਾ ਸੀ।ਉਨ੍ਹਾਂ ਕਿਹਾ ਕਿ ਹਾਲਾਤ ਇੱਥੋਂ ਤੱਕ ਪਹੁੰਚ ਗਏ ਸਨ ਕਿ ਪਿੰਡਾਂ ਵਿੱਚ ਗੰਭੀਰ ਬਿਮਾਰੀਆਂ ਤੋਂ ਪੀੜਤ ਮਰੀਜ਼ ਇਲਾਜ ਕਰਵਾਉਣਾ ਹੀ ਨਹੀਂ ਚਾਹੁੰਦੇ ਸਨ ਕਿਉਂਕਿ ਇਲਾਜ ਮਹਿੰਗਾ ਹੋਣ ਕਰਕੇ ਉਹ ਆਪਣੇ ਪਰਿਵਾਰਾਂ ਨੂੰ ਕਰਜ਼ਾਈ ਨਹੀਂ ਦੇਖਣਾ ਚਾਹੁੰਦੇ ਸਨ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਮਿਆਰੀ ਸਿਹਤ ਸੇਵਾਵਾਂ ਮੁਫ਼ਤ ਦੇਣਾ ਸਰਕਾਰਾਂ ਦਾ ਫ਼ਰਜ਼ ਹੁੰਦਾ ਹੈ ਅਤੇ ਮਾਨ ਸਰਕਾਰ ਸਮਰਪਣ ਭਾਵਨਾ ਨਾਲ ਇਹ ਫ਼ਰਜ਼ ਨਿਭਾ ਰਹੀ ਹੈ।ਮੁਫ਼ਤ ਘਰੇਲੂ ਬਿਜਲੀ ਦੀ ਸਹੂਲਤ ਨੂੰ ਆਮ ਲੋਕਾਂ ਦੇ ਜੀਵਨ ਵਿੱਚ ਵੱਡਾ ਪਰਿਵਰਤਨ ਦੱਸਦਿਆਂ ਕੈਬਨਿਟ ਮੰਤਰੀ ਸ. ਲਾਲਜੀਤ ਸਿੰਘ ਭੁੱਲਰ ਨੇ ਕਿਹਾ ਕਿ ਪੰਜਾਬ ਵਿੱਚ 90 ਫ਼ੀਸਦੀ ਤੋਂ ਵੱਧ ਘਰਾਂ ਦਾ ਬਿਜਲੀ ਬਿੱਲ ਜ਼ੀਰੋ ਆ ਰਿਹਾ ਹੈ, ਜਿਸ ਨਾਲ ਲੋਕਾਂ ਨੂੰ ਆਰਥਿਕ ਰਾਹਤ ਮਿਲ ਰਹੀ ਹੈ।ਉਨ੍ਹਾਂ ਕਿਹਾ ਕਿ ਲੋਕਾਂ ਦਾ ਸਰਕਾਰੀ ਸੰਸਥਾਵਾਂ ਵਿੱਚ ਵਿਸ਼ਵਾਸ ਵਧ ਰਿਹਾ ਹੈ। ਉਨ੍ਹਾਂ ਕਿਹਾ ਕਿ ਸਕੂਲ ਆਫ਼ ਐਮੀਨੈਂਸ ਵਿੱਚ ਬਹੁਤ ਸਾਰੇ ਬੱਚੇ ਪ੍ਰਾਈਵੇਟ ਸਕੂਲਾਂ ਵਿੱਚੋਂ ਹਟ ਕੇ ਆਏ ਹਨ। ਉਨ੍ਹਾਂ ਕਿਹਾ ਕਿ ਹੁਣ ਸਰਕਾਰੀ ਸਕੂਲ ਪੜ੍ਹਾਈ ਤੇ ਸਹੂਲਤਾਂ ਦੇ ਪੱਖ ਤੋਂ ਨਿੱਜੀ ਸਕੂਲਾਂ ਨਾਲੋਂ ਵੀ ਅੱਗੇ ਹਨ।ਉਨ੍ਹਾਂ ਕਿਹਾ ਕਿ ਆਵਾਮ ਦੀ ਬਿਹਤਰੀ ਲਈ ਕੀਤੇ ਜਾ ਰਹੇ ਕੰਮਾਂ ਦੀ ਬਦੌਲਤ ਸੂਬਾ ਪੰਜਾਬ ਦੇ ਵਾਸੀ ਸਾਲ 2027 ਵਿੱਚ ਇੱਕ ਵਾਰ ਫਿਰ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਣਗੇ।

## ਈ ਟੀ ਓ ਤੇ ਪਾਰਟੀ ਹਾਈ ਕਮਾਂਡ ਦਾ ਧੰਨਵਾਦ

ਜੰਡਿਆਲਾ ਗੁਰੂ (ਹਰਿੰਦਰਪਾਲ ਸਿੰਘ)-ਮੈਡਮ ਸਰਬਜੀਤ ਕੌਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਦੱਸਿਆ ਕਿ ਉਨ੍ਹਾਂ ਨੂੰ ਆਮ ਆਦਮੀ ਪਾਰਟੀ ਪ੍ਰਤੀ ਮਿਹਨਤ ਤੇ ਲਗਨ ਨਾਲ ਕੰਮ ਨੂੰ ਵੇਖਦੇ ਹੋਏ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਤੇ ਪਾਰਟੀ ਹਾਈਕਮਾਂਡ ਨੇ ਜੋ ਮੈਨੂੰ ਸੋਸ਼ਲ ਮੀਡੀਆ ਕੋਆਰਡੀਨੇਟਰ ਬਲਾਕ ਜੰਡਿਆਲਾ ਗੁਰੂ ਨਿਯੁਕਤ ਕੀਤਾ ਮੈਂ ਇਸ ਨਿਯੁਕਤੀ ਲਈ ਮੰਤਰੀ ਹਰਭਜਨ ਸਿੰਘ ਈਟੀਓ ਤੇ ਆਮ ਆਦਮੀ ਪਾਰਟੀ ਦੀ ਸਮੁੱਚੀ ਹਾਈ ਕਮਾਂਡ ਦਾ ਧੰਨਵਾਦ ਕਰਦੀ ਹਾਂ।ਮੈਡਮ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਵਿੱਚ ਹੀ ਅਜਿਹਾ ਹੋਣਾ ਸੰਭਵ ਹੈ ਜਿਸ ਵਿੱਚ ਆਮ ਘਰਾਂ ਦੇ ਪਾਰਟੀ ਪ੍ਰਤੀ ਮਿਹਨਤ ਕਰਨ ਵਾਲੇ ਵਰਕਰਾਂ ਨੂੰ ਉੱਚ ਅਹੁਦਿਆਂ ਨਾਲ ਨਿਵਾਜਿਆ ਜਾਂਦਾ ਹੈ।ਉਨ੍ਹਾਂ ਦੱਸਿਆ ਕਿ 2027 ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਨਾ ਤੈਅ ਹੈ ਤੇ ਕੈਬਨਿਟ ਮੰਤਰੀ ਈਟੀਓ ਜੰਡਿਆਲਾ ਗੁਰੂ ਹਲਕੇ ਤੋਂ ਵੱਡੀ ਲੀਡ ਨਾਲ ਜਿੱਤ ਹਾਸਲ ਕਰਨਗੇ।



# ਕੇਂਦਰ ਸਰਕਾਰ ਨੂੰ ਕਿਸਾਨ-ਮਜ਼ਦੂਰ ਵਿਰੋਧੀ ਕਾਨੂੰਨ ਵਾਪਸ ਲੈਣੇ ਪੈਣਗੇ: ਸੁਰਿੰਦਰ ਸਹਿਗਲ

ਪਠਾਨਕੋਟ (ਦਵਿੰਦਰ ਸਿੰਘ)-ਲੋਕਾਂ ਨਾਲ ਸੰਪਰਕ ਕਰਨ ਦੀ ਮੁਹਿੰਮ ਤਹਿਤ ਪਠਾਨਕੋਟ ਜ਼ਿਲ੍ਹੇ ਦੇ ਪਿੰਡ ਮਲਕਪੁਰ ਵਿਖੇ ਕਾਮਰੇਡ ਬਾਲ ਮੁਕੰਦ ਦੀ ਪ੍ਰਧਾਨਗੀ ਹੇਠ ਮੀਟਿੰਗ ਹੋਈ ਜਿਸ ਵਿੱਚ ਸੰਬੋਧਨ ਕਰਨ ਲਈ ਜ਼ਿਲ੍ਹਾ ਸਕੱਤਰ ਸੁਰਿੰਦਰ ਸਹਿਗਲ, ਕਾਮਰੇਡ ਦੇਵੀ ਸੈਣੀ ਅਤੇ ਕਾਮਰੇਡ ਸਤ ਪ੍ਰਕਾਸ਼ ਪਹੁੰਚੇ।ਇਸ ਵੇਲੇ ਇਸਤਰੀ ਆਗੂ ਅਰਪਨਾ, ਬਲਦੇਵ ਸਿੰਘ, ਪ੍ਰੇਮ ਸਿੰਘ, ਓਮ ਪ੍ਰਕਾਸ਼ ਹਾਜ਼ਰ ਸਨ।ਮੀਟਿੰਗ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਬਿਜਲੀ ਸੋਧ ਬਿੱਲ-2025, ਮਨਰੇਗਾ ਵਿੱਚ ਤਬਦੀਲੀ, ਲੇਬਰ ਕੋਡ ਬਿਲ, ਬੀਜ ਬਿੱਲ ਮਜ਼ਦੂਰ, ਕਿਸਾਨ ਅਤੇ ਲੋਕ ਵਿਰੋਧੀ ਹਨ।ਸਰਕਾਰ ਨੂੰ ਇਹ ਬਿੱਲ ਵਾਪਸ ਲੈਣੇ ਪੈਣਗੇ।ਜਿੰਨਾ ਚਿਰ ਇਹ ਬਿੱਲ ਵਾਪਸ ਨਹੀਂ ਹੁੰਦੇ ਇਨ੍ਹਾਂ ਵਿਰੁੱਧ ਸੰਘਰਸ਼ ਜਾਰੀ ਰਹੇਗਾ ਅਤੇ ਲੋਕਾਂ ਨੂੰ ਇਨ੍ਹਾਂ ਪ੍ਰਤੀ ਜਾਗਰੂਕ ਕਰਨਾ ਜਾਰੀ ਰੱਖਿਆ ਜਾਵੇਗਾ। ਕਾ. ਸਹਿਗਲ ਨੇ ਕਿਹਾ ਕਿ ਬਿਜਲੀ ਸੋਧ ਬਿੱਲ -2025 ਨਿੱਜੀਕਰਨ ਨੂੰ ਬੜ੍ਹਾਵਾ ਦਿੰਦਾ ਹੈ।



ਨਿੱਜੀਕਰਨ ਕਾਰਪੋਰੇਟ ਘਰਾਣਿਆਂ ਨੂੰ ਲਾਭ ਦਿੰਦਾ ਹੈ ਅਤੇ ਗਰੀਬ ਲੋਕਾਂ ਨੂੰ ਮਿਲ ਰਹੀਆਂ ਸਹੂਲਤਾਂ ਤੇ ਸਬਸਿਡੀਆਂ ਨੂੰ ਖਤਮ ਕਰ ਦੇਵੇਗਾ।ਲੇਬਰ ਲਾਅ ਮਜ਼ਦੂਰਾਂ ਦੇ ਰੁਜ਼ਗਾਰ ਦੀ ਰੱਖਿਆ ਕਰਦਾ ਸੀ।ਕੰਮ ਕਰਨ ਦਾ ਸਮਾਂ ਵੀ 8 ਘੰਟੇ ਦੀ ਗਰੰਟੀ ਦਿੰਦਾ ਸੀ।ਹੁਣ ਕੰਮ ਦਾ ਸਮਾਂ 12 ਘੰਟੇ ਕੀਤਾ ਜਾ ਰਿਹਾ ਹੈ।ਮਨਰੇਗਾ ਦਾ ਨਾਂਅ ਬਦਲ ਕੇ ਮਜ਼ਦੂਰਾਂ ਦਾ ਰੁਜ਼ਗਾਰ ਖੋਹਿਆ ਜਾ ਰਿਹਾ ਹੈ।ਕੰਮ ਦੀ ਗਰੰਟੀ ਖਤਮ ਕੀਤੀ ਜਾ ਰਹੀ ਹੈ।ਇਸ ਵਿੱਚ ਕੇਂਦਰ ਸਰਕਾਰ ਦਾ ਹਿੱਸਾ ਸੀਮਤ ਕਰ ਦਿੱਤਾ ਗਿਆ ਹੈ ਜਿਸ ਨਾਲ ਮਜ਼ਦੂਰਾਂ ਦਾ ਰੁਜ਼ਗਾਰ ਖਤਮ ਕੀਤਾ ਜਾ ਰਿਹਾ ਹੈ।ਆਗੂਆਂ ਨੇ ਮੰਗ ਕੀਤੀ ਕਿ ਇਹ ਲੋਕ ਵਿਰੋਧੀ ਕਾਨੂੰਨ ਵਾਪਸ ਲਏ ਜਾਣ।

# ਕਰਮਚਾਰੀ ਦਲ ਵੱਲੋਂ ਜਥੇਬੰਦੀ ਦੀ ਚੜ੍ਹਦੀ ਕਲਾ ਲਈ ਸ੍ਰੀ ਸੁਖਮਨੀ ਸਾਹਿਬ ਦਾ ਪਾਠ

ਧਾਰੀਵਾਲ, (ਮਨਦੀਪ ਸਿੰਘ ਵਿੱਕੀ)-ਪੰਜਾਬ ਰਾਜ ਬਿਜਲੀ ਬੋਰਡ ਕਰਮਚਾਰੀ ਦਲ ਵੱਲੋਂ ਇਸ ਨਵੇਂ ਸਾਲ ਦੀ ਆਮਦ ਤੇ ਜਥੇਬੰਦੀ ਦੀ ਚੜ੍ਹਦੀ ਕਲਾ ਅਤੇ ਸਰਬੱਤ ਦੇ ਭਲੇ ਲਈ ਇਥੇ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਇਤਿਹਾਸਿਕ ਗੁਰਦੁਆਰਾ ਸ੍ਰੀ ਬੁਰਜ ਸਾਹਿਬ ਧਾਰੀਵਾਲ ਵਿਖੇ ਸ੍ਰੀ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ ਗਿਆ। ਇਸ ਮੌਕੇ ਕਰਮਚਾਰੀ ਦਲ ਦੇ ਸੂਬਾ ਪ੍ਰਧਾਨ ਰਵੇਲ ਸਿੰਘ ਸਹਾਏਪੁਰ ਨੇ ਉਚੇਚੇ ਤੌਰ ਤੇ ਸ਼ਮੂਲੀਅਤ ਕੀਤੀ।



ਗੁਰਦੁਆਰਾ ਸਾਹਿਬ ਵਿਖੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਉਪਰੰਤ ਜਥੇਬੰਦੀ ਦੀ ਚੜ੍ਹਦੀ ਕਲਾ ਅਤੇ ਸੰਬੰਧ ਦੇ ਭਲੇ ਦੀ ਅਰਦਾਸ ਕੀਤੀ ਗਈ।

ਇਸ ਦੇ ਬਾਅਦ ਕਰਮਚਾਰੀ ਦਲ ਵੱਲੋਂ ਜਥੇਬੰਦੀ ਦੀ ਮਹੀਨਾਵਾਰ ਮੀਟਿੰਗ ਜਥੇਬੰਦੀ ਦੇ ਸੂਬਾ ਪ੍ਰਧਾਨ ਰਵੇਲ ਸਿੰਘ ਸਹਾਏਪੁਰ ਦੀ ਅਗਵਾਈ ਵਿੱਚ ਅਤੇ ਦਿਲਬਾਗ ਸਿੰਘ ਬੁੱਟਰ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੌਰਾਨ ਬੁਲਾਰਿਆਂ ਨੇ ਬਿਜਲੀ ਸੋਧ ਬਿੱਲ-2025 ਦੇ ਵਿਰੋਧ, ਡੀਏ ਦੀਆਂ ਬਕਾਇਆ ਕਿਸਤਾਂ ਅਤੇ ਹੋਰ ਮੰਨੀਆਂ ਮੰਗਾਂ ਲਾਗੂ ਕਰਵਾਉਣ ਬਾਰੇ ਵਿਚਾਰਾਂ ਕੀਤੀਆਂ। ਮੀਟਿੰਗ ਵਿੱਚ ਉਪਰੁਕਤ ਆਗੂਆਂ ਤੋਂ ਇਲਾਵਾ ਦਰਬਾਰਾ ਸਿੰਘ ਛੀਨਾ, ਦਲਬੀਰ ਸਿੰਘ ਉਸਾਹਨ, ਸੁਖਵਿੰਦਰ ਸਿੰਘ ਗਿੱਲ, ਮਨਜੀਤ ਸਿੰਘ ਬਟਾਲਾ, ਰਾਜਵਿੰਦਰ ਸਿੰਘ ਟਰਪੋਲ, ਅਰਜਨ ਸਿੰਘ ਪਰਮਾਰ, ਤਰਲੋਕ ਸਿੰਘ ਖੁੰਡੀ, ਜਸਵਿੰਦਰ ਸਿੰਘ ਗਿੱਲ, ਅਨਮੋਲ ਸਿੰਘ ਗਿੱਲ, ਹੀਰਾ ਲਾਲ, ਸੁਰਜੀਤ ਸਿੰਘ ਅਮਰਗੜ੍ਹ, ਹਰਜਿੰਦਰ ਸਿੰਘ ਚਾਹਲ, ਮੁਖਵਿੰਦਰ ਸਿੰਘ ਖਾਲਸਾ, ਹਰਵਿੰਦਰ ਸਿੰਘ ਕਲੇਰ, ਬਿਕਰਮਜੀਤ ਸਿੰਘ, ਕਸ਼ਮੀਰ ਸਿੰਘ, ਦਵਿੰਦਰ ਸਿੰਘ ਵੜੈਚ, ਜਗਦੀਪ ਸਿੰਘ ਆਗੂ ਹਾਜ਼ਰ ਸਨ।

# ਬੇਰੁਜ਼ਗਾਰ ਸਾਂਝਾ ਮੋਰਚਾ ਤਰਨਤਾਰਨ ਵੱਲੋਂ ਅਹਿਮ ਇਕੱਤਰਤਾ

## * ਸਰਕਾਰ ਤੋਂ ਵੱਖ-ਵੱਖ ਅਸਾਮੀਆਂ ਲਈ ਨਵੀਂ ਭਰਤੀ ਦਾ ਇਸ਼ਤਿਹਾਰ ਜਾਰੀ ਕਰਨ ਦੀ ਕੀਤੀ ਮੰਗ

ਵਲਟੋਹਾ (ਰਣਜੀਤ ਸਿੰਘ ਵਲਟੋਹਾ)-ਬੇਰੁਜ਼ਗਾਰ ਸਾਂਝਾ ਮੋਰਚਾ ਤਰਨਤਾਰਨ ਦੀ ਇਕੱਤਰਤਾ ਬਲਾਕ ਭਿੱਖੀਵਿੰਡ ਵਿਖੇ ਜ਼ਿਲ੍ਹਾ ਪ੍ਰਧਾਨ ਹਰਨੰਦ ਸਿੰਘ ਬੱਲ੍ਹਿਆਂਵਾਲਾ ਦੀ ਅਗਵਾਈ ਹੇਠ ਹੋਈ।ਬੇਰੁਜ਼ਗਾਰ ਸਾਂਝਾ ਮੋਰਚਾ ਦੇ ਆਗੂਆਂ ਨੇ ਦੱਸਿਆ ਕਿ ਪੰਜਾਬ ਦੀ ਮੌਜੂਦਾ ਸਰਕਾਰ ਨੇ ਆਪਣੇ ਕਾਰਜਕਾਲ ਦੌਰਾਨ ਲਗਭਗ ਪਿਛਲੇ ਚਾਰ ਸਾਲਾਂ ਦੌਰਾਨ ਸਿੱਖਿਆ ਵਿਭਾਗ ਵਿੱਚ ਇੱਕ ਵੀ ਨਵੀਂ ਭਰਤੀ ਦਾ ਇਸ਼ਤਿਹਾਰ ਜਾਰੀ ਨਹੀਂ ਕੀਤਾ, ਪਰ ਸਰਕਾਰ ਸਿੱਖਿਆ ਕ੍ਰਾਂਤੀ ਦੇ ਦਮਗਜੇ ਮਾਰ ਰਹੀ ਹੈ।ਇਸ ਲਈ ਬੇਰੁਜ਼ਗਾਰਾਂ ਨੇ ਆਪਣੀਆਂ ਮੰਗਾਂ ਤੋਂ ਆਮ ਜਨਤਾ ਨੂੰ ਜਾਣੂ ਕਰਵਾਉਣ ਅਤੇ ਪੰਜਾਬ ਸਰਕਾਰ ਦੇ ਫੋਕੇ ਦਾਅਵਿਆਂ ਦੀ ਫੂਕ ਕੱਢਣ ਲਈ ਜਿੱਥੇ 25 ਦਸੰਬਰ ਤੋਂ ਸੰਗਰੂਰ ਵਿਖੇ ਡੀ. ਸੀ. ਦਫਤਰ ਅੱਗੇ ਪੱਕਾ ਮੋਰਚਾ ਸ਼ੁਰੂ ਕੀਤਾ ਹੋਇਆ ਹੈ ਉੱਥੇ ਪੰਜਾਬ ਅੰਦਰ ਕੰਧਾਂ ਉੱਤੇ ਨਾਅਰੇ ਲਿਖਣ ਦੀ ਮੁਹਿੰਮ ਵੀ ਚੱਲ ਰਹੀ ਹੈ।ਇਸੇ ਲੜੀ ਤਹਿਤ 26 ਜਨਵਰੀ ਨੂੰ ਸਾਰੇ ਮੰਤਰੀਆਂ ਦਾ ਕਾਲੀਆਂ ਝੰਡੀਆਂ ਨਾਲ ਵਿਰੋਧ ਕੀਤਾ ਜਾਵੇਗਾ।ਬੇਰੁਜ਼ਗਾਰ ਸਾਂਝੇ ਮੋਰਚੇ ਦੇ ਜ਼ਿਲ੍ਹਾ ਪ੍ਰਧਾਨ ਹਰਨੰਦ ਸਿੰਘ ਬੱਲ੍ਹਿਆਂਵਾਲਾ, ਸੂਬਾ ਕਮੇਟੀ ਮੈਂਬਰ ਬਖਸ਼ੀਸ਼ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਆਪਣੇ ਪਿਛਲੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਸਿੱਖਿਆ ਵਿਭਾਗ ਅੰਦਰ ਨਰਸਰੀ, ਪ੍ਰਾਇਮਰੀ, ਮਾਸਟਰ ਕੇਡਰ, ਲੈਕਚਰਾਰ ਅਤੇ ਸਹਾਇਕ




ਪ੍ਰੋਫੈਸਰ ਪੱਧਰ ਤੱਕ ਦੀ ਇੱਕ ਵੀ ਨਵੀਂ ਅਸਾਮੀ ਜਾਰੀ ਨਹੀਂ ਕੀਤੀ।ਉਲਟਾ ਪਿਛਲੀ ਸਰਕਾਰ ਮੌਕੇ ਦੀਆਂ ਜਾਰੀ ਅਸਾਮੀਆਂ ਜਿਨ੍ਹਾਂ ਵਿੱਚ ਲੈਕਚਰਾਰ 343 ਪੋਸਟਾਂ, ਪੀਟੀਆਈ ਅਧਿਆਪਕ 646 ਅਤੇ 2000 ਪੀਟੀਆਈ ਅਧਿਆਪਕ ਪੋਸਟਾਂ ਨੂੰ ਰੱਦ ਜ਼ਰੂਰ ਕੀਤਾ ਹੈ।ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅਨੇਕਾਂ ਥਾਵਾਂ ਤੋਂ ਐਲਾਨ ਕੀਤਾ ਸੀ ਅਤੇ ਅਜੇ ਵੀ ਐਲਾਨ ਕਰ ਰਹੇ ਹਨ ਕਿ ਪਿਛਲੀਆਂ ਸਰਕਾਰਾਂ ਮੌਕੇ ਰੁਜ਼ਗਾਰ ਮੰਗਦੇ, ਧਰਨੇ ਲਾਉਂਦੇ ਅਨੇਕਾਂ ਬੇਰੁਜ਼ਗਾਰ ਓਵਰਏਜ ਹੋ ਚੁੱਕੇ ਹਨ।ਪੰਜਾਬ ਸਰਕਾਰ ਕਾਨੂੰਨ ਵਿੱਚ ਸੋਧ ਕਰਕੇ ਰੁਜ਼ਗਾਰ ਪ੍ਰਾਪਤੀ ਲਈ ਉਪਰਲੀ ਉਮਰ ਸੀਮਾ ਵਿੱਚ ਛੋਟ ਦੇਵੇਗੀ ਜਦਕਿ ਅਜਿਹਾ ਅਮਲੀ ਰੂਪ ਵਿੱਚ ਨਹੀਂ ਕੀਤਾ ਗਿਆ।

ਬੇਰੁਜ਼ਗਾਰਾਂ ਦੀਆਂ ਸਮੁੱਚੀਆਂ ਮੰਗਾਂ ਜਿਨਾਂ ਵਿੱਚ ਮਾਸਟਰ ਕੇਡਰ, ਲੈਕਚਰਾਰ, ਸਹਾਇਕ ਪ੍ਰੋਫੈਸਰ, ਮਲਟੀ ਪਰਪਜ ਹੈਲਥ ਵਰਕਰ (ਪੁਰਸ਼) ਦੀਆਂ ਪੋਸਟਾਂ ਉਮਰ ਹੱਦ ਛੋਟ ਦੇ ਕੇ, ਮਾਸਟਰ ਕੇਡਰ ਵਿੱਚ ਥੋਪੀ ਬੇਤੁਕੀ ਸ਼ਰਤ 55 ਫੀਸਦੀ ਲਾਜ਼ਮੀ ਅੰਕਾਂ ਨੂੰ ਰੱਦ ਕਰਵਾਉਣ ਅਤੇ ਆਰਟ ਐਂਡ ਕਰਾਫਟ ਦੀ 250 ਭਰਤੀ ਪੂਰੀ ਕਰਵਾਉਣ ਲਈ ਬੇਰੁਜ਼ਗਾਰ ਸਾਂਝਾ ਮੋਰਚਾ ਪੱਕੇ ਮੋਰਚੇ ਤੇ ਸੰਗਰੂਰ ਡਟਿਆ ਹੋਇਆ ਹੈ ਅਤੇ ਜਦ ਤੱਕ ਪੰਜਾਬ ਸਰਕਾਰ ਮੰਗਾਂ ਮੰਨ ਕੇ ਵੱਡੀ ਭਰਤੀ ਦਾ ਇਸ਼ਤਿਹਾਰ ਜਾਰੀ ਨਹੀਂ ਕਰਦੀ ਤਦ ਤੱਕ ਮੋਰਚਾ ਜਾਰੀ ਰਹੇਗਾ।

ਖਜ਼ਾਨਚੀ ਕਰਨਬੀਰ ਸਿੰਘ ਨੇ ਦੱਸਿਆ ਕਿ ਉਮੀਦ ਹੈ ਕਿ ਸਰਕਾਰ ਮੋਰਚੇ ਦੀਆਂ ਜਾਇਜ਼ ਮੰਗਾਂ ਵੱਲ ਜਲਦ ਧਿਆਨ ਦੇ ਕੇ ਹੱਲ ਕਰੇਗੀ।ਇਸ ਮੌਕੇ ਜਸਗੁਰਪ੍ਰੀਤ ਸਿੰਘ, ਗੁਰਲਾਲ ਸਿੰਘ, ਜਗਰੂਪ ਸਿੰਘ ਅਤੇ ਦਲਜੀਤ ਸਿੰਘ ਹਾਜ਼ਰ ਸਨ।

# ਬਾਵਾ ਲਾਲ ਦਿਆਲ ਦੇ ਜਨਮ ਦਿਹਾੜੇ 'ਤੇ ਸ਼ੋਭਾ ਯਾਤਰਾ ਸਜਾਈ



ਛੇਹਰਟਾ, (ਮਨੋਜ ਕੁਮਾਰ)-ਬਾਵਾ ਲਾਲ ਦਿਆਲ ਜੀ ਦੇ 671ਵੇਂ ਜਨਮ ਦਿਹਾੜੇ 'ਤੇ ਸ਼ੋਭਾ ਯਾਤਰਾ ਸਜਾਈ ਗਈ। ਸਮਾਜ ਸੇਵਕ ਅਨੁਜ ਖੇਮਕਾ ਤੇ ਉਨ੍ਹਾਂ ਦੀ ਟੀਮ ਨੇ ਹਾਲ ਬਾਜ਼ਾਰ ਦੇ ਬਾਹਰ ਇਸ ਸ਼ੋਭਾ ਯਾਤਰਾ ਦਾ ਸਵਾਗਤ ਕੀਤਾ। ਸ਼ੋਭਾ ਯਾਤਰਾ ਵਿਚ ਸ਼ਾਮਿਲ ਵਿਧਾਇਕ ਕੁੰਵਰ ਵਿਜੈ ਪ੍ਰਤਾਪ ਸਿੰਘ ਨੇ ਅਨੁਜ ਖੇਮਕਾ ਤੇ ਉਨ੍ਹਾਂ ਦੀ ਟੀਮ ਦੇ ਮੈਂਬਰਾਂ ਨੂੰ ਹਾਰ ਪਹਿਨਾ ਕੇ ਸਨਮਾਨਿਤ ਕੀਤਾ। ਰੱਥ ਯਾਤਰਾ ਕਰਮੋ ਡਿਓਢੀ, ਕਟੜਾ ਜੈਮਲ ਸਿੰਘ, ਫਰੀਦ ਦਾ ਚੌਕ, ਰਿਜੈਂਟ ਸਿਨੇਮਾ ਚੌਕ, ਸੁਭਾਸ਼ ਜੂਸ ਬਾਰ, ਗੋਲ ਹੱਟੀ ਚੌਕ, ਰਾਮਬਾਗ, ਕਟੜਾ ਬੱਘੀਆਂ ਤੋਂ ਹੁੰਦੀ ਹੋਈ ਬਾਵਾ ਲਾਲ ਜੀ ਮੰਦਰ ਪੁੱਜ ਕੇ ਸਮਾਪਤ ਹੋਈ। ਅਨੁਜ ਖੇਮਕਾ ਨੇ ਦੱਸਿਆ ਕਿ ਬਾਵਾ ਲਾਲ ਦਿਆਲ ਜੀ ਦਾ ਜਨਮ ਦਿਹਾੜਾ 20 ਜਨਵਰੀ ਨੂੰ ਬਾਵਾ ਲਾਲ ਦਿਆਲ ਮੰਦਰ ਵਿਖੇ ਮਨਾਇਆ ਜਾਵੇਗਾ। ਇਸ ਮੌਕੇ ਵੱਖ-ਵੱਖ ਥਾਵਾਂ 'ਤੇ ਲੰਗਰ ਵੀ ਲਗਾਏ ਜਾਣਗੇ।

# ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਗੁਰਦਾਸਪੁਰ ਵੱਲੋਂ ਰੋਜ਼ਗਾਰ ਕੈਂਪ ਅੱਜ

ਬਟਾਲਾ, (ਡਾ. ਮਲਵਿੰਦਰ ਸਿੰਘ)-ਪ੍ਰਸ਼ੋਤਮ ਸਿੰਘ ਜ਼ਿਲ੍ਹਾ ਰੋਜ਼ਗਾਰ ਅਫਸਰ ਗੁਰਦਾਸਪੁਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ, ਗੁਰਦਾਸਪੁਰ ਵੱਲੋਂ ਕੱਲ 19 ਜਨਵਰੀ ਨੂੰ ਇੱਕ ਰੋਜ਼ਗਾਰ ਕੈਂਪ ਲਗਾਇਆ ਜਾ ਰਿਹਾ ਹੈ।ਇਹ ਕੈਂਪ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ, ਡੀਸੀ ਦਫਤਰ ਕੰਪਲੈਕਸ ਗੁਰਦਾਸਪੁਰ ਦੇ ਕਮਰਾ ਨੰ: 217 ਬਲਾਕ-ਬੀ ਵਿੱਚ ਸਵੇਰੇ 10 ਵਜੇ ਤੋਂ ਲੈ ਕੇ ਦੁਪਹਿਰ ਦੇ 2:30 ਵਜੇ ਤੱਕ ਲੱਗੇਗਾ।ਉਨ੍ਹਾਂ ਦੱਸਿਆ ਕਿ ਇਸ ਕੈਂਪ ਵਿਚ ਸ੍ਰੀ ਗੁਰੂ ਹਰਕ੍ਰਿਸ਼ਨ ਇੰਟਰਨੈਸ਼ਨਲ ਸਕੂਲ ਗੁਰਦਾਸਪੁਰ, ਸ੍ਰੀ ਨੰਗਲੀ ਪਬਲਿਕ ਸਕੂਲ ਰੇਲਵੇ ਰੋਡ ਗੁਰਦਾਸਪੁਰ, ਵਿੰਨਫੋਰਡ ਵਰਲਡ ਸਕੂਲ ਬਟਾਲਾ, ਹੋਲੀ ਵਰਲਡ ਪਬਲਿਕ ਸਕੂਲ ਬਟਾਲਾ ਅਤੇ ਸਪੋਰਟਸ ਸਕੂਲ ਬਟਾਲਾ ਵੱਲੋਂ ਪੀਜੀਟੀ, ਪੀਆਰਟੀ, ਟੀਜੀਟੀ, ਐੱਨਟੀਟੀ, ਈਟੀਟੀ, ਕਿੰਡਰਗਾਰਟਨ, ਆਰਟ ਐਂਡ ਕਰਾਫਟ, ਪ੍ਰੀ-ਪ੍ਰਾਇਮਰੀ, ਸਪੋਰਟਸ ਟੀਚਰਜ਼ ਫਿਜ਼ੀਕਲ ਇਨਸਟਰੱਕਟਰ, ਰਿਸੈਪਸ਼ਨਿਸਟ ਅਤੇ ਕੰਪਿਊਟਰ ਟੀਚਰ ਲਈ ਇੰਟਰਵਿਊ ਲਈ ਜਾਵੇਗੀ।ਇਸ ਤੋਂ ਇਲਾਵਾ ਜ਼ੂਡੀਓ ਗੁਰਦਾਸਪੁਰ ਅਤੇ ਬਟਾਲਾ ਲਈ ਲੜਕੀਆਂ ਅਤੇ ਲੜਕੇ, ਡਿਲਵਰੀ ਕੰਪਨੀ ਵਿਚ ਲੜਕੀਆਂ ਅਤੇ ਲੜਕੇ, ਲੋਕਲ ਇਮੀਗਰੇਸ਼ਨ ਆਫਿਸ ਲਈ ਟੈਲੀਕਾਲਰਜ਼, ਰਿਸੈਪਸ਼ਨਿਸ਼ਟ, ਲੋਕਲ ਗਾਰਮੈਂਟਸ ਸਟੋਰ ਲਈ ਸੇਲਜ਼ ਬੁਆਇਜ਼ ਅਤੇ ਗਰਲਜ਼ ਦੀ ਭਰਤੀ ਕੀਤੀ ਜਾਵੇਗੀ।ਵੱਖ-ਵੱਖ ਸਕੂਲਾਂ ਦੀਆਂ ਪੋਸਟਾਂ ਲਈ ਅਪਲਾਈ ਕਰਨ ਲਈ ਘੱਟੋ-ਘੱਟ ਯੋਗਤਾ ਗ੍ਰੈਜੂਏਸ਼ਨ, ਪੋਸਟ ਗ੍ਰੈਜੂਏਸ਼ਨ, ਬੀ.ਐੱਡ ਅਤੇ ਬਾਕੀ ਲਾਜ਼ਮੀ ਯੋਗਤਾ ਹੋਵੇਗੀ। ਇਸ ਦੇ ਨਾਲ ਹੀ ਜ਼ੂਡੀਓ, ਲੋਕਲ ਇਮੀਗ੍ਰੇਸ਼ਨ ਦਫਤਰ, ਲੋਕਲ ਗਾਰਮੈਂਟਸ ਸਟੋਰ ਦੀਆਂ ਆਸਾਮੀਆਂ ਵਾਸਤੇ ਅਪਲਾਈ ਕਰਨ ਲਈ ਯੋਗਤਾਂ ਘੱਟੋ-ਘੱਟ ਬਾਰਵੀਂ ਹੋਣੀ ਲਾਜ਼ਮੀ ਹੈ।ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਰੋਜ਼ਗਾਰ ਕੈਂਪ ਵਿੱਚ ਹਿੱਸਾ ਲੈਣ ਅਤੇ ਆਪਣਾ ਰੋਜ਼ਗਾਰ ਸੁਨਿਸ਼ਚਿਤ ਕਰਨ ਲਈ ਆਪਣੇ ਸਾਰੇ ਅਸਲੀ ਦਸਤਾਵੇਜ਼ (ਸਰਟੀਫਿਕੇਟ, ਆਧਾਰ ਕਾਰਡ, ਰੈਜ਼ਿਊਮ ਆਦਿ) ਨਾਲ ਸਮੇਂ ਸਿਰ ਪਹੁੰਚਣ।



# ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ 'ਚ ਕਰਵਾਈ ਅਧਿਆਪਕ-ਮਾਪੇ ਮਿਲਣੀ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਵਿਖੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ ਸਕੱਤਰ ਪਰਮਿੰਦਰ ਕੌਰ ਚਾਹਲ ਅਤੇ ਪ੍ਰਿੰਸੀਪਲ ਕਿਰਨ ਕੇਸਰ ਦੀ ਯੋਗ ਅਗਵਾਈ ਹੇਠ ਸਕੂਲ ਵਿੱਚ ਅਧਿਆਪਕ ਮਾਪੇ ਮਿਲਣੀ ਕਰਵਾਈ ਗਈ, ਜਿਸ ਵਿੱਚ ਵਿਦਿਆਰਥੀਆਂ ਦੀ ਕਾਰਗੁਜ਼ਾਰੀ ਉਨ੍ਹਾਂ ਦੇ ਮਾਪਿਆਂ ਨਾਲ ਸਾਂਝੀ ਕੀਤੀ ਗਈ।



ਸਕੂਲ ਪ੍ਰਿੰਸੀਪਲ ਕਿਰਨ ਕੇਸਰ ਨੇ ਦੱਸਿਆ ਕਿ ਸਕੂਲ ਵਿੱਚ ਰਵਾਇਤੀ ਤੌਰ 'ਤੇ ਹਰ ਮਹੀਨੇ ਇਹ ਮੀਟਿੰਗ ਕਰਵਾਈ ਜਾਂਦੀ ਹੈ ਜਿਸ ਵਿੱਚ ਅਧਿਆਪਕਾਂ ਦੁਆਰਾ ਮਾਪਿਆਂ ਨਾਲ ਵਿਦਿਆਰਥੀਆਂ ਦੇ ਸਿੱਖਿਆਤਮਕ ਅਤੇ ਵਿਵਹਾਰਿਕ ਵਿਕਾਸ ਲਈ ਵਾਰਤਾਲਾਪ ਕੀਤੀ ਜਾਂਦੀ ਹੈ।ਇਸ ਵਾਰਤਾਲਾਪ ਵਿੱਚ ਅਧਿਆਪਕਾਂ ਦੁਆਰਾ ਪੋਸਟ ਮਿਡ ਟਰਮ ਦੀਆਂ ਪ੍ਰੀਖਿਆਵਾਂ ਦੇ ਨਤੀਜੇ ਐਲਾਨ ਕੀਤੇ ਗਏ ਅਤੇ ਸਿਲੇਬਸ ਬਾਰੇ ਜਾਣਕਾਰੀ ਦਿੱਤੀ ਗਈ।ਲਿਟਲ ਸਪਰਾਊਟਸ ਦੀ ਦੂਜੀ ਟਰਮ ਦੀਆਂ ਪ੍ਰੀਖਿਆਵਾਂ ਦੇ ਨਤੀਜੇ ਵੀ ਐਲਾਨ ਕੀਤੇ ਗਏ।ਅਧਿਆਪਕਾਂ ਦੁਆਰਾ ਮਾਪਿਆਂ ਅਤੇ ਵਿਦਿਆਰਥੀਆਂ ਦੀਆਂ ਸਿਲੇਬਸ ਨਾਲ ਸੰਬੰਧਿਤ ਆਉਣ ਵਾਲੀਆਂ ਮੁਸ਼ਕਿਲਾਂ ਦਾ ਹੱਲ ਕੀਤਾ ਗਿਆ।ਇਸ ਮੀਟਿੰਗ ਵਿੱਚ ਵਿਦਿਆਰਥੀਆਂ ਦੇ ਮਾਪਿਆਂ ਨੇ ਬਹੁਤ ਹੀ ਉਤਸ਼ਾਹ ਪੂਰਵਕ ਹਿੱਸਾ ਲਿਆ ਅਤੇ ਅਧਿਆਪਕਾਂ ਦੁਆਰਾ ਦਿੱਤੀ ਜਾਣਕਾਰੀ ਨੂੰ ਧਿਆਨ ਨਾਲ ਸੁਣਦੇ ਹੋਏ ਦਿਲਚਸਪੀ ਦਿਖਾਈ ਅਤੇ ਵਧੀਆ ਮਾਤਾ ਪਿਤਾ ਹੋਣ ਦਾ ਸਬੂਤ ਦਿੱਤਾ ।ਸਕੂਲ ਦੇ ਪ੍ਰਿੰਸੀਪਲ ਕਿਰਨ ਕੇਸਰ ਦੁਆਰਾ ਮਾਪਿਆਂ ਦਾ ਸਕੂਲ ਵਿੱਚ ਆਉਣ ਅਤੇ ਇਸ ਵਾਰਤਾਲਾਪ ਨੂੰ ਪੂਰਨ ਤੌਰ 'ਤੇ ਸਫਲ ਬਣਾਉਣ ਲਈ ਧੰਨਵਾਦ ਕੀਤਾ ਗਿਆ ਅਤੇ ਅੱਗੋਂ ਵੀ ਇਸੇ ਤਰ੍ਹਾਂ ਹੀ ਅਧਿਆਪਕ ਮਾਪੇ ਮਿਲਣੀ ਨੂੰ ਸਾਰਥਕ ਕਰਨ ਦੀ ਅਪੀਲ ਕੀਤੀ ਗਈ।ਉਨ੍ਹਾਂ ਨੇ ਕਿਹਾ ਕਿ ਮਾਪਿਆਂ ਨੂੰ ਆਪਣੇ ਰੁਝੇਵੇਂ ਭਰੀ ਜ਼ਿੰਦਗੀ ਵਿੱਚੋਂ ਕੁੱਝ ਪਲ ਆਪਣੇ ਬੱਚਿਆਂ ਦੇ ਵਿਕਾਸ ਲਈ ਜ਼ਰੂਰ ਕੱਢਣੇ ਚਾਹੀਦੇ ਹਨ ਅਤੇ ਸਕੂਲ ਦੀ ਹਰ ਮੀਟਿੰਗ ਵਿੱਚ ਜ਼ਰੂਰ ਸ਼ਾਮਿਲ ਹੋਣਾ ਚਾਹੀਦਾ ਹੈ।

# ਸ. ਗੁਰਦੇਵ ਸਿੰਘ ਰੰਧਾਵਾ ਨਮਿਤ ਸ਼ਰਧਾਂਜਲੀ ਸਮਾਗਮ ਅੱਜ

ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਪਿੰਡ ਛਿਛਰੇਵਾਲ ਡਾਕਖਾਨਾ ਤੇਜਾ ਕਲਾਂ ਤਹਿਸੀਲ ਬਟਾਲਾ ਜ਼ਿਲ੍ਹਾ ਗੁਰਦਾਸਪੁਰ ਦੇ ਸਰਦਾਰ ਗੁਰਦੇਵ ਸਿੰਘ ਰੰਧਾਵਾ 10 ਜਨਵਰੀ ਨੂੰ ਇਸ ਸੰਸਾਰ ਨੂੰ ਅਲਵਿਦਾ ਆਖ ਗਏ। ਬਹੁਤ ਹੀ ਮਿਹਨਤੀ ਤੇ ਮਿਲਾਪੜੇ ਸੁਭਾਅ ਦੇ ਮਾਲਕ ਰੰਧਾਵਾ ਨੇ ਕਿੱਤੇ ਵਜੋਂ ਪੰਜਾਬ ਰੋਡਵੇਜ਼ ਬਟਾਲਾ ਡੀਪੂ ਵਿਖੇ ਆਪਣੀਆਂ ਸ਼ਾਨਦਾਰ ਸੇਵਾਵਾਂ ਨਿਭਾਈਆਂ। ਸੱਚੀ-ਸੁੱਚੀ ਕਿਰਤ ਕਰਦਿਆਂ ਉਨ੍ਹਾਂ ਆਪਣੇ ਸੇਵਾ ਕਾਲ ਦੌਰਾਨ ਸਮੁੱਚੇ ਸਟਾਫ ਨੂੰ ਬਹੁਤ ਪ੍ਰਵਾਭਿਤ ਕੀਤਾ। ਸੇਵਾ ਮੁਕਤੀ ਤੋਂ ਬਾਅਦ ਵੀ ਉਨ੍ਹਾਂ ਸਾਰਾ ਜੀਵਨ ਘਰ ਵਿੱਚ ਹੀ ਸੱਚੀ ਕਿਰਤ ਕਮਾਈ ਕਰਕੇ ਨਿਭਾਇਆ।ਜੀਵਨ ਸਾਥਣ ਮਹਿੰਦਰ ਕੌਰ ਨਾਲ ਸ. ਰੰਧਾਵਾ ਨੇ ਆਪਣੇ ਜੀਵਨ ਸਫਰ ਦੌਰਾਨ ਇਕ ਪੁੱਤਰ ਅਤੇ 3 ਧੀਆਂ ਦੇ ਚੰਗੇਰੇ ਭਵਿੱਖ ਦਾ ਨਿਰਮਾਣ ਕੀਤਾ ਜੋ ਅਜਕਲ ਆਪੋ-ਆਪਣੇ ਘਰੀਂ ਸੁੱਖੀਂ ਸਾਂਦੀ ਰਹਿ ਰਹੇ ਹਨ। ਸਰਦਾਰ ਗੁਰਦੇਵ ਸਿੰਘ ਨਮਿਤ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਅਤੇ ਅੰਤਿਮ ਅਰਦਾਸ ਤੇ ਸ਼ਰਧਾਂਜਲੀ ਸਮਾਗਮ ਅੱਜ 19 ਜਨਵਰੀ ਦਿਨ ਸੋਮਵਾਰ ਨੂੰ 12 ਤੋਂ 1 ਵਜੇ ਤੱਕ ਪਿੰਡ ਛਿਛਰੇਵਾਲ ਵਿਖੇ ਹੋਵੇਗੀ ਜਿਥੇ ਉਨ੍ਹਾਂ ਦੇ ਪਰਿਵਾਰਕ ਮੈਂਬਰ, ਰਿਸ਼ਤੇਦਾਰ ਅਤੇ ਵੱਖ-ਵੱਖ ਸਿਆਸੀ, ਸਮਾਜਸੇਵੀ ਸੰਸਥਾਵਾਂ ਅਤੇ ਧਾਰਮਿਕ ਜਥੇਬੰਦੀਆਂ ਦੇ ਆਗੂ ਸ਼ਰਧਾ ਦੇ ਫੁੱਲ ਭੇਟ ਕਰਨਗੇ।



# ਕਰਮਜੀਤ ਸਿੰਘ ਰਿੰਟੂ ਵੱਲੋਂ ਭਵਾਨੀ ਨਗਰ 'ਚ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ

ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ)—ਇੰਪਰੂਵਮੈਂਟ ਟਰੱਸਟ ਅੰਮ੍ਰਿਤਸਰ ਦੇ ਚੇਅਰਮੈਨ ਅਤੇ ਉੱਤਰੀ ਵਿਧਾਨ ਸਭਾ ਹਲਕੇ ਦੇ ਆਮ ਆਦਮੀ ਪਾਰਟੀ ਇੰਚਾਰਜ ਕਰਮਜੀਤ ਸਿੰਘ ਰਿੰਟੂ ਨੇ ਵਾਰਡ ਨੰਬਰ 9 ਦੇ ਖੇਤਰ ਭਵਾਨੀ ਨਗਰ ਵਿੱਚ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਅਤੇ ਉਸਾਰੀ ਦੀ ਸ਼ੁਰੂਆਤ ਕੀਤੀ।ਰਿੰਟੂ ਨੇ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਸਾਰੇ ਵਿਕਾਸ ਪ੍ਰੋਜੈਕਟ ਤੇਜ਼ੀ ਨਾਲ ਪੂਰੇ ਕੀਤੇ ਜਾਣਗੇ।ਉਨ੍ਹਾਂ ਕਿਹਾ ਕਿ ਇਸ ਖੇਤਰ ਦੇ ਵਸਨੀਕਾਂ ਨੂੰ ਦਰਪੇਸ਼ ਸਮੱਸਿਆਵਾਂ ਹੁਣ ਹੱਲ ਹੋ ਜਾਣਗੀਆਂ।ਉਨ੍ਹਾਂ ਕਿਹਾ ਕਿ ਇਸ ਖੇਤਰ ਵਿੱਚ ਸੀਵਰੇਜ ਦੀ ਸਮੱਸਿਆ ਪਹਿਲਾਂ ਹੱਲ ਕੀਤੀ ਗਈ ਸੀ, ਅਤੇ ਹੁਣ ਗਲੀਆਂ ਦੀ ਉਸਾਰੀ ਸ਼ੁਰੂ ਹੋ ਗਈ ਹੈ। ਕਰਮਜੀਤ ਸਿੰਘ ਰਿੰਟੂ ਨੇ ਕਿਹਾ ਕਿ ਉੱਤਰੀ ਵਿਧਾਨ ਸਭਾ ਹਲਕੇ ਦੀਆਂ ਸਾਰੀਆਂ ਸੜਕਾਂ ਦੇ ਨਵੀਨੀਕਰਨ ਲਈ ਪਹਿਲਾਂ ਹੀ ਪ੍ਰਵਾਨਗੀ ਮਿਲ ਚੁੱਕੀ ਹੈ।ਉਨ੍ਹਾਂ ਕਿਹਾ ਕਿ ਖਰਾਬ ਹੋਈਆਂ ਸੜਕਾਂ ਦੀ ਮੁਰੰਮਤ ਪਹਿਲਾਂ ਹੀ ਕਰ ਦਿੱਤੀ ਗਈ ਸੀ। ਹੁਣ, ਸਰਦੀਆਂ ਦਾ ਮੌਸਮ ਆਉਣ ਦੇ ਨਾਲ, ਸੜਕ ਨਿਰਮਾਣ ਲਈ ਪ੍ਰੀਮਿਕਸ ਪਲਾਂਟ ਬੰਦ ਹਨ।ਉਨ੍ਹਾਂ ਕਿਹਾ ਕਿ ਫਰਵਰੀ ਦੇ ਅੰਤ ਵਿੱਚ ਪ੍ਰੀਮਿਕਸ ਪਲਾਂਟ ਸ਼ੁਰੂ ਹੋਣ ਤੋਂ ਬਾਅਦ ਬਾਕੀ ਸੜਕਾਂ 'ਤੇ ਕੰਮ ਸ਼ੁਰੂ ਹੋ ਜਾਵੇਗਾ।ਉਨ੍ਹਾਂ ਅੱਗੇ ਕਿਹਾ ਕਿ ਉਹ ਲੋਕਾਂ ਦੀਆਂ ਸਮੱਸਿਆਵਾਂ ਸੁਣਨ ਅਤੇ ਹੱਲ ਲੱਭਣ ਲਈ ਰੋਜ਼ਾਨਾ ਉਨ੍ਹਾਂ ਨੂੰ ਮਿਲ ਰਹੇ ਹਨ।ਕਰਮਜੀਤ ਸਿੰਘ ਰਿੰਟੂ ਨੇ ਕਿਹਾ ਕਿ ਉੱਤਰੀ ਵਿਧਾਨ ਸਭਾ ਹਲਕੇ ਦੀ ਜ਼ਿੰਮੇਵਾਰੀ ਸੰਭਾਲਣ ਤੋਂ



ਬਾਅਦ, ਉੱਤਰੀ ਵਿਧਾਨ ਸਭਾ ਹਲਕੇ ਵਿੱਚ ਹਰ ਤਰ੍ਹਾਂ ਦੇ ਵਿਕਾਸ ਕਾਰਜ ਚੱਲ ਰਹੇ ਹਨ।ਉਨ੍ਹਾਂ ਕਿਹਾ ਕਿ ਵਿਕਾਸ ਪ੍ਰੋਜੈਕਟਾਂ ਲਈ ਪੰਜਾਬ ਸਰਕਾਰ ਵੱਲੋਂ ਫੰਡਾਂ ਦੀ ਕੋਈ ਕਮੀ ਨਹੀਂ ਆਈ ਹੈ।ਉਨ੍ਹਾਂ ਅੱਗੇ ਕਿਹਾ ਕਿ ਆਮ ਆਦਮੀ ਪਾਰਟੀ ਪੰਜਾਬ ਸਰਕਾਰ ਦੀਆਂ ਲਾਭਦਾਇਕ ਯੋਜਨਾਵਾਂ ਨੂੰ ਲੋਕਾਂ ਤੱਕ ਪਹੁੰਚਾ ਰਹੀ ਹੈ।ਨਤੀਜੇ ਵਜੋਂ, ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਲੋਕ ਰੋਜ਼ਾਨਾ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ।ਇਸ ਮੌਕੇ ਆਮ ਆਦਮੀ ਪਾਰਟੀ ਦੇ ਵਾਰਡ ਇੰਚਾਰਜ ਸ਼ਿਵਾਨੀ ਅਤੇ ਸਾਹਿਲ ਸਾਗਰ ਦੇ ਨਾਲ-ਨਾਲ ਵਾਰਡ ਦੇ ਵੱਡੀ ਗਿਣਤੀ ਵਿੱਚ ਪ੍ਰਮੁੱਖ ਲੋਕ ਮੌਜੂਦ ਸਨ।

# ਪੰਜਵਾਂ ਸਾਲਾਨਾ ਗੁਰਮਤਿ ਸਮਾਗਮ ਕਰਵਾਇਆ

ਮਜੀਠਾ (ਸੋਇਮ ਆਨੰਦ)-ਮੁਕਤਸਰ ਦੀ ਪਵਿੱਤਰ ਧਰਤੀ 'ਤੇ ਸ਼ਹੀਦ ਹੋਏ ਚਾਲੀ ਮੁਕਤਿਆਂ ਦੀ ਸ਼ਹੀਦੀ ਦੇ ਸਬੰਧ ਵਿਚ ਮਾਘੀ ਮੇਲੇ ਮੌਕੇ ਗੁਰਦੁਆਰਾ ਬਾਬਾ ਕਾਹਨ ਸਿੰਘ ਮਜੀਠਾ ਵਿਖੇ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਗਰੰਥ ਸਾਹਿਬ ਦੀ ਹਜ਼ੂਰੀ ਵਿਚ ਸ਼ਾਮ ਵਕਤ ਪੰਜਵਾਂ ਸਾਲਾਨਾ ਗੁਰਮਤਿ ਸਮਾਗਮ ਕਰਾਇਆ ਗਿਆ, ਜਿਸ ਵਿਚ ਰਹਿਰਾਸ ਸਾਹਿਬ ਦੇ ਪਾਠ ਤੋ ਬਾਅਦ ਬੇਟੀ ਗੁਰਪ੍ਰੀਤ ਕੌਰ ਮਜੀਠਾ ਦੇ ਰਾਗੀ ਜਥੇ ਵੱਲੋਂ ਮਨੋਹਰ ਗੁਰਬਾਣੀ ਕੀਰਤਨ ਕਰਕੇ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ ਗਿਆ। ਉਪਰੰਤ ਕਥਾਵਾਚਕ ਗਿਆਨੀ ਸਰਬਜੀਤ ਸਿੰਘ ਧੂੰਦਾ ਨੇ ਸੰਗਤਾਂ ਨੂੰ ਮੁਕਤਸਰ ਵਿਖੇ ਸ਼ਹੀਦ ਹੋਏ ਸ਼ਹੀਦਾਂ ਦੀ ਸ਼ਹਾਦਤ ਤੋਂ ਗੁਰਮਤਿ ਵਿਚਾਰਾਂ ਰਾਹੀ ਸੰਗਤਾਂ ਨੂੰ ਜਾਣੂੰ ਕਰਾਇਆ।ਅਖੀਰ ਵਿਚ ਗਿਆਨੀ ਕੁਲਬੀਰ ਸਿੰਘ ਕਾਮਲ ਮੱਦੂਛਾਂਗੀਆ ਦੇ ਢਾਡੀ ਜਥੇ ਵੱਲੋਂ ਸ਼ਹੀਦ ਹੋਏ ਸਿੰਘ ਸਿੰਘਣੀਆਂ ਦੀ ਸ਼ਹਾਦਤ ਦਾ ਪ੍ਰਸੰਗ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ।

ਇਸ ਸਮਾਗਮ ਵਿਚ ਇਲਾਕੇ ਦੀਆਂ ਵੱਡੀ ਗਿਣਤੀ ਵਿਚ ਸੰਗਤਾਂ ਨੇ ਹਾਜ਼ਰੀ ਭਰੀ ਅਤੇ ਗੁਰਬਾਣੀ ਦਾ ਆਨੰਦ ਮਾਣਿਆ।ਸੰਗਤਾਂ ਵਾਸਤੇ ਗੁਰੂ ਦੇ ਅਤੁੱਟ ਲੰਗਰ ਲਗਾਏ ਗਏ।



# ਗੁਮਟਾਲਾ ਵਾਸੀਆਂ ਨੂੰ ਸੱਤਰ ਸਾਲਾਂ 'ਚ ਪਹਿਲੀ ਵਾਰ ਨਸੀਬ ਹੋਵੇਗਾ ਪੀਣ ਵਾਲਾ ਸਰਕਾਰੀ ਪਾਣੀ: ਜਸਬੀਰ ਸਿੰਘ ਸੰਧੂ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਆਮ ਆਦਮੀ ਪਾਰਟੀ ਦੇ ਅੰਮ੍ਰਿਤਸਰ ਪੱਛਮੀ ਹਲਕੇ ਤੋਂ ਵਿਧਾਇਕ ਡਾ. ਜਸਬੀਰ ਸਿੰਘ ਸੰਧੂ ਅਤੇ ਨਗਰ ਨਿਗਮ ਅੰਮ੍ਰਿਤਸਰ ਦੇ ਮੇਅਰ ਜਤਿੰਦਰ ਸਿੰਘ ਭਾਟੀਆ ਵੱਲੋਂ ਵਾਰਡ ਨੰਬਰ 2 ਅਧੀਨ ਪੈਂਦੇ ਪਿੰਡ ਗੁਮਟਾਲਾ ਵਿੱਚ ਪੀਣ ਵਾਲੇ ਪਾਣੀ ਦੀਆਂ ਪਾਈਪਾਂ ਪਾਉਣ ਦੇ ਕੰਮ ਦਾ ਉਦਘਾਟਨ ਕੀਤਾ ਗਿਆ।ਇਸ ਮੌਕੇ ਵਾਰਡ ਕੌਂਸਲਰ ਅਮਰਜੀਤ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।

ਇਸ ਮੌਕੇ ਵਿਧਾਇਕ ਡਾ. ਜਸਬੀਰ ਸਿੰਘ ਸੰਧੂ ਨੇ ਕਿਹਾ ਕਿ ਭਾਰਤ ਨੂੰ ਆਜ਼ਾਦ ਹੋਏ 70 ਸਾਲ ਹੋ ਗਏ ਹਨ ਪਰ ਪਿੰਡ ਗੁਮਟਾਲਾ ਵਰਗਾ ਇਲਾਕਾ ਅਜੇ ਤੱਕ ਸਰਕਾਰੀ ਪੀਣ ਵਾਲੇ ਪਾਣੀ ਦੀ ਸਹੂਲਤ ਤੋਂ ਵਾਂਝਾ ਰਿਹਾ।ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਕਦੇ ਵੀ ਇਸ ਬੁਨਿਆਦੀ ਮੁੱਦੇ ਵੱਲ ਧਿਆਨ ਨਹੀਂ ਦਿੱਤਾ ਪਰ ਆਪ ਸਰਕਾਰ ਨੇ ਸੱਤਾ ਵਿੱਚ ਆਉਂਦੇ ਹੀ ਲੋਕਾਂ ਦੀਆਂ ਮੁੱਢਲੀਆਂ ਲੋੜਾਂ ਨੂੰ ਤਰਜੀਹ ਦਿੱਤੀ ਹੈ।ਉਨ੍ਹਾਂ ਦੱਸਿਆ ਕਿ 70 ਸਾਲਾਂ ਬਾਅਦ ਪਹਿਲੀ ਵਾਰ ਪਿੰਡ ਵਿੱਚ ਪਾਣੀ ਦੀਆਂ ਪਾਈਪਾਂ ਪਾਈਆਂ ਗਈਆਂ ਹਨ ਅਤੇ ਜਲਦ ਹੀ ਇਨ੍ਹਾਂ ਨੂੰ ਟਿਊਬਵੈੱਲ ਨਾਲ ਜੋੜ ਕੇ ਸਰਕਾਰੀ ਪਾਣੀ ਦੀ ਸਪਲਾਈ ਸ਼ੁਰੂ ਕਰ ਦਿੱਤੀ ਜਾਵੇਗੀ।ਮੇਅਰ ਜਤਿੰਦਰ ਸਿੰਘ ਭਾਟੀਆ ਨੇ ਕਿਹਾ ਕਿ ਪਿੰਡ ਗੁਮਟਾਲਾ ਦੇ ਲੋਕਾਂ ਦੀ ਇਹ ਬਹੁਤ ਪੁਰਾਣੀ ਮੰਗ ਸੀ, ਜਿਸਨੂੰ ਹੁਣ ਆਪ ਸਰਕਾਰ ਨੇ ਪੂਰਾ ਕਰਕੇ ਇਤਿਹਾਸਕ ਕਦਮ ਚੁੱਕਿਆ ਹੈ।ਉਨ੍ਹਾਂ ਕਿਹਾ ਕਿ ਸਾਫ਼ ਤੇ ਸ਼ੁੱਧ ਪੀਣ ਵਾਲਾ ਪਾਣੀ ਹਰ ਨਾਗਰਿਕ ਦਾ ਅਧਿਕਾਰ ਹੈ ਅਤੇ ਨਗਰ ਨਿਗਮ ਵੱਲੋਂ ਇਸ ਪ੍ਰਾਜੈਕਟ ਨੂੰ ਨਿਰਧਾਰਿਤ ਸਮੇਂ ਅੰਦਰ ਪੂਰਾ ਕਰਨ ਲਈ ਪੂਰੀ ਗੰਭੀਰਤਾ ਨਾਲ ਕੰਮ ਕੀਤਾ ਜਾ ਰਿਹਾ ਹੈ।ਟਿਊਬਵੈੱਲ ਨਾਲ ਜੋੜਨ ਤੋਂ ਬਾਅਦ ਪਿੰਡ ਦੇ ਹਰ ਘਰ ਤੱਕ ਨਿਯਮਿਤ ਪਾਣੀ ਦੀ ਸਪਲਾਈ ਯਕੀਨੀ ਬਣਾਈ ਜਾਵੇਗੀ।ਅੰਤ ਵਿੱਚ ਵਿਧਾਇਕ ਡਾ. ਜਸਬੀਰ ਸਿੰਘ ਸੰਧੂ ਨੇ ਕਿਹਾ ਕਿ ਆਪ ਸਰਕਾਰ ਦਾ ਮੁੱਖ ਮਕਸਦ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਉਨ੍ਹਾਂ ਦੇ ਦਰਵਾਜ਼ੇ ਤੱਕ ਪਹੁੰਚਾਉਣਾ ਹੈ।ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਪੱਛਮੀ ਹਲਕੇ ਦੇ ਹਰ ਵਾਰਡ ਅਤੇ ਪਿੰਡ ਵਿੱਚ ਵਿਕਾਸ ਕਾਰਜ ਤੇਜ਼ੀ ਨਾਲ ਕਰਵਾਏ ਜਾ ਰਹੇ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਪਾਣੀ, ਸੜਕਾਂ, ਸਿਵਰੇਜ ਅਤੇ ਸਫ਼ਾਈ ਵਰਗੇ ਮਸਲਿਆਂ ਨੂੰ ਹੋਰ ਵੀ ਪ੍ਰਾਥਮਿਕਤਾ ਦਿੱਤੀ ਜਾਵੇਗੀ।ਉਨ੍ਹਾਂ ਇਲਾਕਾ ਨਿਵਾਸੀਆਂ ਨੂੰ ਭਰੋਸਾ ਦਿਵਾਇਆ ਕਿ ਆਪ ਸਰਕਾਰ ਲੋਕਾਂ ਨਾਲ ਕੀਤਾ ਹਰ ਵਾਅਦਾ ਪੂਰੀ ਇਮਾਨਦਾਰੀ ਨਾਲ ਪੂਰਾ ਕਰੇਗੀ।ਇਸ ਮੌਕੇ ਹਲਕਾ ਪੱਛਮੀ ਦੇ ਸੰਗਠਨ ਇੰਚਾਰਜ ਹਰਪ੍ਰੀਤ ਸਿੰਘ ਬੇਦੀ, ਬਲਾਕ ਪ੍ਰਧਾਨ ਜਨਕ ਰਾਜ ਜੋਸ਼ੀ, ਤਰਸੇਮ ਕਲਿਆਣ, ਲਾਡੀ ਸਹੋਤਾ, ਪੀ ਏ ਮਾਧਵ ਸ਼ਰਮਾ ਆਦਿ ਹਾਜ਼ਰ ਸਨ ।



# ਪੰਜਾਬ ਸਰਕਾਰ ਨੇ ਅਨੁਸੂਚਿਤ ਜਾਤੀਆਂ ਲਈ 31.78 ਕਰੋੜ ਰੁਪਏ ਜਾਰੀ ਕੀਤੇ : ਹਰਮੀਤ ਸਿੰਘ ਸੰਧੂ

ਤਰਨ ਤਾਰਨ, (ਪ੍ਰਿਤਪਾਲ ਸਿੰਘ)-ਪੰਜਾਬ ਸਰਕਾਰ ਵੱਲੋਂ ਅਸ਼ੀਰਵਾਦ ਸਕੀਮ ਤਹਿਤ ਚਾਲੂ ਵਿੱਤੀ ਸਾਲ 2025-26 ਦੌਰਾਨ ਅਨੁਸੂਚਿਤ ਜਾਤੀਆਂ ਦੇ 6231 ਲਾਭਪਾਤਰੀਆਂ ਨੂੰ 31.78 ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਹੈ, ਜਿਸ ਨਾਲ ਸੂਬੇ ਭਰ ਦੇ ਹਜ਼ਾਰਾਂ ਗਰੀਬ ਪਰਿਵਾਰਾਂ ਨੂੰ ਸਿੱਧਾ ਆਰਥਿਕ ਸਹਾਰਾ ਮਿਲਿਆ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਧਾਨ ਸਭਾ ਹਲਕਾ ਤਰਨ ਤਾਰਨ ਦੇ ਵਿਧਾਇਕ ਸ. ਹਰਮੀਤ ਸਿੰਘ ਸੰਧੂ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਮਾਜ ਦੇ ਹਰ ਵਰਗ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਬਣਾਉਣ ਲਈ ਵਚਨਬੱਧ ਹੈ ਅਤੇ ਅਸ਼ੀਰਵਾਦ ਸਕੀਮ ਇਸ ਵਚਨਬੱਧਤਾ ਦਾ ਸਪਸ਼ਟ ਪ੍ਰਤੀਕ ਹੈ, ਜੋ ਗਰੀਬ ਪਰਿਵਾਰਾਂ ਦੀਆਂ ਧੀਆਂ ਦੇ ਵਿਆਹ ਸਮੇਂ ਆਰਥਿਕ ਬੋਝ ਘਟਾਉਣ ਵਿੱਚ ਅਹਿਮ ਭੂਮਿਕਾ ਨਿਭਾ ਰਹੀ ਹੈ।ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਵਿਧਾਇਕ ਸ. ਹਰਮੀਤ ਸਿੰਘ ਸੰਧੂ ਨੇ ਦੱਸਿਆ ਕਿ ਚਾਲੂ ਵਿੱਤੀ ਸਾਲ ਦੌਰਾਨ ਤਰਨ ਤਾਰਨ, ਫਰੀਦਕੋਟ, ਫਿਰੋਜ਼ਪੁਰ, ਸ੍ਰੀ ਫਤਿਹਗੜ੍ਹ ਸਾਹਿਬ, ਫਾਜ਼ਿਲਕਾ, ਗੁਰਦਾਸਪੁਰ, ਜਲੰਧਰ, ਕਪੂਰਥਲਾ, ਲੁਧਿਆਣਾ, ਪਟਿਆਲਾ, ਐੱਸ. ਬੀ. ਐੱਸ. ਨਗਰ ਅਤੇ ਸੰਗਰੂਰ ਜ਼ਿਲ੍ਹਿਆਂ ਤੋਂ ਅਸ਼ੀਰਵਾਦ ਪੋਰਟਲ 'ਤੇ 6231 ਦਰਖ਼ਾਸਤਾਂ ਪ੍ਰਾਪਤ ਹੋਈਆਂ ਸਨ, ਜਿਨ੍ਹਾਂ ਨੂੰ ਕਵਰ ਕਰਨ ਲਈ 31.78 ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਇਸ ਰਾਸ਼ੀ ਨਾਲ ਤਰਨਤਾਰਨ ਦੇ 207 ਲਾਭਪਾਤਰੀਆਂ, ਫਰੀਦਕੋਟ ਦੇ 155, ਫਿਰੋਜ਼ਪੁਰ ਦੇ 242, ਸ੍ਰੀ ਫਤਿਹਗੜ੍ਹ ਸਾਹਿਬ ਦੇ 124, ਫਾਜ਼ਿਲਕਾ ਦੇ 1647, ਗੁਰਦਾਸਪੁਰ ਦੇ 226 ਅਤੇ ਜਲੰਧਰ ਦੇ 70 ਲਾਭਪਾਤਰੀਆਂ ਨੂੰ ਵਿੱਤੀ ਸਹਾਇਤਾ ਦਿੱਤੀ ਗਈ ਹੈ।ਇਸੇ ਤਰ੍ਹਾਂ ਕਪੂਰਥਲਾ ਦੇ 615, ਲੁਧਿਆਣਾ ਦੇ 2498, ਪਟਿਆਲਾ ਦੇ 178, ਅੱਸ.ਬੀ.ਐੱਸ. ਨਗਰ ਦੇ 152 ਅਤੇ ਸੰਗਰੂਰ ਦੇ 117 ਨੂੰ ਵੀ ਇਸ ਸਕੀਮ ਅਧੀਨ ਲਾਭ ਪਹੁੰਚਾਇਆ ਗਿਆ ਹੈ।ਵਿਧਾਇਕ ਸੰਧੂ ਨੇ ਦੱਸਿਆ ਕਿ ਅਸ਼ੀਰਵਾਦ ਸਕੀਮ ਤਹਿਤ ਸੂਬਾ ਸਰਕਾਰ ਵੱਲੋਂ ਘੱਟ ਆਮਦਨੀ ਵਾਲੇ ਪਰਿਵਾਰਾਂ ਨਾਲ ਸਬੰਧਤ ਲੜਕੀਆਂ ਦੇ ਵਿਆਹ ਲਈ 51,000 ਰੁਪਏ ਦੀ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾਂਦੀ ਹੈ, ਤਾਂ ਜੋ ਉਨ੍ਹਾਂ ਦੇ ਪਰਿਵਾਰਾਂ ਨੂੰ ਵਿਆਹ ਸਮੇਂ ਆਰਥਿਕ ਤੌਰ 'ਤੇ ਸਹਾਰਾ ਮਿਲ ਸਕੇ।



ਉਨ੍ਹਾਂ ਦੱਸਿਆ ਕਿ ਇਸ ਸਕੀਮ ਦਾ ਲਾਭ ਲੈਣ ਲਈ ਬਿਨੈਕਾਰ ਪੰਜਾਬ ਰਾਜ ਦਾ ਸਥਾਈ ਨਾਗਰਿਕ ਹੋਵੇ, ਪਰਿਵਾਰ ਗਰੀਬੀ ਰੇਖਾ ਤੋਂ ਹੇਠਾਂ ਦਾ ਹੋਵੇ ਅਤੇ ਪਰਿਵਾਰ ਦੀ ਸਾਰੇ ਸਾਧਨਾਂ ਤੋਂ ਸਾਲਾਨਾ ਆਮਦਨ 32,790 ਰੁਪਏ ਤੋਂ ਘੱਟ ਹੋਵੇ। ਯੋਗ ਪਰਿਵਾਰਾਂ ਦੀਆਂ ਦੋ ਧੀਆਂ ਇਸ ਸਕੀਮ ਦਾ ਲਾਭ ਲੈਣ ਦੀ ਹੱਕਦਾਰ ਹਨ।ਵਿੱਤੀ ਸਹਾਇਤਾ ਦੀ ਅਦਾਇਗੀ ਡੀਬੀਟੀ (ਡਾਇਰੈਕਟ ਬੈਨੀਫਿਟ ਟਰਾਂਸਫਰ) ਰਾਹੀਂ ਸਿੱਧੀ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਕੀਤੀ ਜਾਂਦੀ ਹੈ ਤਾਂ ਜੋ ਪਾਰਦਰਸ਼ਤਾ ਅਤੇ ਤੇਜ਼ੀ ਯਕੀਨੀ ਬਣਾਈ ਜਾ ਸਕੇ।

# ਡਿਜੀਟਲ ਇਲੈਕਟ੍ਰਾਨਿਕ ਟਿਕਟਿੰਗ ਮਸ਼ੀਨਾਂ ਦੀ ਸ਼ੁਰੂਆਤ ਪੰਜਾਬ ਸਰਕਾਰ ਦਾ ਫੈਸਲਾਕੁੰਨ ਕਦਮ: ਭੁੱਲਰ

ਪੱਟੀ (ਬਲਦੇਵ ਸਿੰਘ ਸੰਧੂ)-ਆਧੁਨਿਕ, ਨਾਗਰਿਕ ਪੱਖੀ ਪ੍ਰਸ਼ਾਸਨ ਵੱਲ ਆਪਣੇ ਨਿਰਣਾਇਕ ਕਦਮ ਜਾਰੀ ਰੱਖਦਿਆਂ, ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸਰਕਾਰੀ ਬੱਸ ਸੇਵਾਵਾਂ ਵਿੱਚ ਡਿਜੀਟਲ ਇਲੈਕਟ੍ਰਾਨਿਕ ਟਿਕਟਿੰਗ ਮਸ਼ੀਨਾਂ ਦੀ ਖਰੀਦ ਨੂੰ ਮਨਜ਼ੂਰੀ ਦੇ ਕੇ ਜਨਤਕ ਆਵਾਜਾਈ ਦੀ ਨੁਹਾਰ ਨੂੰ ਬਦਲਣ ਲਈ ਦੀ ਦਿਸ਼ਾ ਵਿੱਚ ਇੱਕ ਹੋਰ ਫੈਸਲਾਕੁੰਨ ਕਦਮ ਚੁੱਕਿਆ ਹੈ।ਇਹ ਪਹਿਲਕਦਮੀ ਨਾਗਰਿਕਾਂ ਲਈ ਰੋਜ਼ਾਨਾ ਜਨਤਕ ਸੇਵਾਵਾਂ ਨੂੰ ਵਧੇਰੇ ਕੁਸ਼ਲ, ਪਾਰਦਰਸ਼ੀ ਅਤੇ ਸੁਵਿਧਾਜਨਕ ਬਣਾਉਣ ਲਈ ਤਕਨਾਲੋਜੀ ਦੀ ਵਰਤੋਂ ਕਰਨ ਸੰਬੰਧੀ ਸਰਕਾਰ ਦੀ ਤਰਜੀਹ ਨੂੰ ਦਰਸਾਉਂਦੀ ਹੈ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸੂਬੇ ਦੇ ਟਰਾਂਸਪੋਰਟ ਮੰਤਰੀ ਸ. ਲਾਲਜੀਤ ਸਿੰਘ ਭੁੱਲਰ ਨੇ ਦੱਸਿਆ ਕਿ ਡਿਜੀਟਲ ਇਲੈਕਟ੍ਰਾਨਿਕ ਟਿਕਟਿੰਗ ਮਸ਼ੀਨਾਂ ਦੀ ਸ਼ੁਰੂਆਤ ਪੰਜਾਬ ਵਿੱਚ ਯਾਤਰੀਆਂ ਦੀ ਬੱਸ ਸੇਵਾਵਾਂ ਤੱਕ ਆਸਾਨ ਪਹੁੰਚ ਦੇ ਤਰੀਕਿਆਂ ਵਿੱਚ ਇੱਕ ਅਹਿਮ ਸੁਧਾਰ ਹੈ। ਇਸ ਸੁਧਾਰ ਸਦਕਾ, ਯਾਤਰੀ ਵੱਖ-ਵੱਖ ਡਿਜੀਟਲ ਭੁਗਤਾਨ ਵਿਕਲਪਾਂ ਦੀ ਵਰਤੋਂ ਕਰਕੇ ਟਿਕਟਾਂ ਖਰੀਦ ਸਕਣਗੇ, ਜਿਸ ਵਿੱਚ ਕਿਊ.ਆਰ. ਕੋਡ ਅਧਾਰਤ ਭੁਗਤਾਨ, ਯੂ.ਪੀ.ਆਈ. ਅਤੇ ਕਾਰਡ ਅਧਾਰਤ ਲੈਣ-ਦੇਣ, ਆਫਲਾਈਨ ਮੋਡ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਇਸ ਸਿਸਟਮ ਨੂੰ ਉਡੀਕ ਸਮੇਂ ਨੂੰ ਘੱਟ ਕਰਨ, ਨਕਦੀ 'ਤੇ ਨਿਰਭਰਤਾ ਘਟਾਉਣ ਅਤੇ ਸ਼ਹਿਰੀ ਤੇ ਪੇਂਡੂ ਰੂਟਾਂ 'ਤੇ ਯਾਤਰੀਆਂ ਲਈ ਇੱਕ ਸੁਚਾਰੂ ਯਾਤਰਾ ਅਨੁਭਵ ਨੂੰ ਯਕੀਨੀ ਬਣਾਉਣ ਲਈ ਤਿਆਰ ਕੀਤਾ ਗਿਆ ਹੈ।ਟਰਾਂਸਪੋਰਟ ਮੰਤਰੀ ਸ. ਲਾਲਜੀਤ ਸਿੰਘ ਭੁੱਲਰ ਨੇ ਕਿਹਾ



ਕਿ ਨਵੀਂ ਟਿਕਟਿੰਗ ਪ੍ਰਣਾਲੀ ਰਾਹੀਂ ਸਰਕਾਰ ਯਾਤਰੀਆਂ ਦੀ ਸਹੂਲਤ ਅਤੇ ਯਾਤਰਾ ਸਬੰਧੀ ਯੋਜਨਾਬੰਦੀ 'ਤੇ ਧਿਆਨ ਕੇਂਦਰਿਤ ਕਰ ਰਹੀ ਹੈ। ਇਹ ਮਸ਼ੀਨਾਂ ਜੀ.ਪੀ.ਐੱਸ. ਸਮਰੱਥ ਹੋਣਗੀਆਂ, ਜਿਸ ਨਾਲ ਬੱਸਾਂ ਦੀ ਲਾਈਵ ਟਰੈਕਿੰਗ, ਨੇੜਲੇ ਬੱਸ ਸਟਾਪਾਂ ਦੀ ਜਾਣਕਾਰੀ ਅਤੇ ਵੱਖ-ਵੱਖ ਰੂਟਾਂ 'ਤੇ ਉਪਲਬਧ ਸੇਵਾਵਾਂ ਬਾਰੇ ਅਸਲ-ਸਮੇਂ ਦੀ ਜਾਣਕਾਰੀ ਪ੍ਰਦਾਨ ਕੀਤੀ ਜਾਵੇਗੀ। ਸੀਟਾਂ ਦੀ ਉਪਲਬਧਤਾ ਦਾ ਪਤਾ ਲਗਾਉਣ ਅਤੇ ਸਫਰ ਨੂੰ ਵਧੇਰੇ ਕੁਸ਼ਲ ਬਣਾਉਣ ਦੀ ਸਹੂਲਤ ਨਾਲ ਸਰਕਾਰੀ ਬੱਸ ਸੇਵਾਵਾਂ ਦੀ ਭਰੋਸੇਯੋਗਤਾ ਵਿੱਚ ਹੋਰ ਵਾਧਾ ਹੋਵੇਗਾ।ਉਨ੍ਹਾਂ ਕਿਹਾ ਕਿ ਮਹੱਤਵਪੂਰਨ ਗੱਲ ਇਹ ਹੈ ਕਿ ਭਗਵੰਤ ਮਾਨ ਸਰਕਾਰ ਨੇ ਇਹ ਯਕੀਨੀ ਬਣਾਇਆ ਹੈ ਕਿ ਇਸ ਦੀਆਂ ਪ੍ਰਮੁੱਖ ਭਲਾਈ ਤਰਜੀਹਾਂ ਨਵੀਂ ਪ੍ਰਣਾਲੀ ਤਹਿਤ ਪੂਰੀ ਤਰ੍ਹਾਂ ਸੁਰੱਖਿਅਤ ਰਹਿਣ।ਸਰਕਾਰ ਦੀ ਨੀਤੀ ਅਨੁਸਾਰ, ਔਰਤਾਂ ਲਈ ਮੁਫ਼ਤ ਬੱਸ ਯਾਤਰਾ ਨਿਰਵਿਘਨ ਜਾਰੀ ਰਹੇਗੀ।ਮਹਿਲਾ ਯਾਤਰੀਆਂ ਨੂੰ ਮੁਫ਼ਤ ਯਾਤਰਾ ਦਾ ਲਾਭ ਲੈਣ ਲਈ ਸਮਾਰਟ ਕਾਰਡ ਜਾਰੀ ਕੀਤੇ ਜਾਣਗੇ, ਜੋ ਕਿ ਔਰਤਾਂ ਲਈ ਮਾਣ, ਸੁਰੱਖਿਆ ਅਤੇ ਆਉਣ-ਜਾਣ ਵਿੱਚ ਸੌਖ ਪ੍ਰਤੀ ਸਰਕਾਰ ਦੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕਰਦੇ ਹਨ। ਵਿਦਿਆਰਥੀਆਂ ਨੂੰ ਵੀ ਸਮਾਰਟ ਕਾਰਡ ਪ੍ਰਦਾਨ ਕੀਤੇ ਜਾਣਗੇ ਅਤੇ ਇਨ੍ਹਾਂ ਕਾਰਡਾਂ ਨੂੰ ਮੋਬਾਈਲ ਐਪਲੀਕੇਸ਼ਨ ਰਾਹੀਂ ਆਨਲਾਈਨ ਰੀਚਾਰਜ ਕੀਤਾ ਜਾ ਸਕਦਾ ਹੈ, ਜਿਸ ਨਾਲ ਨੌਜਵਾਨਾਂ ਲਈ ਆਉਣ-ਜਾਣ ਵਧੇਰੇ ਪਹੁੰਚਯੋਗ ਅਤੇ ਕਿਫਾਇਤੀ ਬਣ ਜਾਵੇਗਾ।ਇਸ ਪਹਿਲਕਦਮੀ ਤਹਿਤ ਪੇਸ਼ ਕੀਤਾ ਗਿਆ ਸਮਾਰਟ ਕਾਰਡ ਈਕੋਸਿਸਟਮ ਨਾਗਰਿਕਾਂ ਅਤੇ ਸੈਲਾਨੀਆਂ ਨੂੰ ਪੰਜਾਬ ਸਰਕਾਰ ਦੀਆਂ ਬੱਸਾਂ ਵਿੱਚ ਆਸਾਨ ਯਾਤਰਾ ਪ੍ਰਦਾਨ ਕਰਨ ਵਿੱਚ ਮਦਦ ਕਰੇਗਾ।

ਸਮਾਰਟ ਕਾਰਡਾਂ ਨੂੰ ਮੋਬਾਈਲ ਐਪ ਰਾਹੀਂ ਡਿਜੀਟਲ ਰੂਪ ਵਿੱਚ ਰੀਚਾਰਜ ਕੀਤਾ ਜਾ ਸਕਦਾ ਹੈ, ਜੋ ਕਿ ਜਨਤਕ ਆਵਾਜਾਈ ਨੂੰ ਆਧੁਨਿਕ ਡਿਜੀਟਲ ਬੁਨਿਆਦੀ ਢਾਂਚੇ ਨਾਲ ਜੋੜਨ ਅਤੇ ਯਾਤਰੀਆਂ ਨੂੰ ਬਿਹਤਰ ਅਨੁਭਵ ਪ੍ਰਦਾਨ ਕਰਨ ਪ੍ਰਤੀ ਸਰਕਾਰ ਦੇ ਯਤਨਾਂ ਨੂੰ ਦਰਸਾਉਂਦਾ ਹੈ।

## ਜਨਮ ਦਿਨ ਮੁਬਾਰਕ



ਪ੍ਰਭਜੀਤ ਸਿੰਘ ਗੁਰਦਾਸਪੁਰ

## ਵਰ੍ਹੇਗੰਢ ਮੁਬਾਰਕ



ਗੁਰਜੀਤ ਸਿੰਘ ਤੇ ਸ਼ਰਨਜੀਤ ਕੌਰ ਵਾਸੀ ਨੱਥੂ ਖਹਿਰਾ ਨੇ ਆਪਣੇ ਵਿਆਹ ਦੀ 13ਵੀਂ ਵਰ੍ਹੇਗੰਢ ਮਨਾਈ।

# ਕਾਸੋ ਅਪ੍ਰੇਸ਼ਨ ਤਹਿਤ ਪਿੰਡਾਂ 'ਚ ਸਰਚ ਅਭਿਆਨ ਚਲਾਇਆ

**ਕਪੂਰਥਲਾ (ਪ੍ਰੀਤ ਸੰਗੋਜਲਾ, ਮਨਜੀਤ ਮਾਨ)** ਪੁਲਸ ਵੱਲੋਂ ਪਿੰਡ ਹਮੀਰਾ ਅਤੇ ਆਸ ਪਾਸ ਦੇ ਪਿੰਡਾਂ ਵਿੱਚ ਨਸ਼ੇ ਨੂੰ ਲੈ ਕੇ ਕਾਸੋ ਅਪ੍ਰੇਸ਼ਨ ਚਲਾਇਆ ਗਿਆ ਐਸ ਐਸ ਪੀ ਕਪੂਰਥਲਾ ਗੌਰਵ ਤੂਰਾ ਦੀ ਅਗਵਾਈ ਵਿੱਚ ਭਾਰੀ ਪੁਲਸ ਫੋਰਸ ਨੇ ਘਰਾਂ ਦੀ ਤਲਾਸ਼ੀ ਕੀਤੀ।ਇਸ ਇਲਾਕੇ ਵਿੱਚ ਬੀਰਾਨ ਪਏ, ਖਾਲੀ ਪਲਾਟਾਂ ਅਤੇ ਲੁਕਣ ਗਾਹਾਂ ਜਿੱਥੇ ਨਸ਼ਾ ਕਰਨ ਵਾਲੇ ਲੁਕ ਛੁਪ ਕੇ ਨਸ਼ਾ ਕਰਦੇ ਹਨ ਉਹਨਾਂ ਜਗ੍ਹਾ ਦੀ ਵੀ ਡੂੰਘਾਈ ਨਾਲ ਜਾਂਚ ਕੀਤੀ ਗਈ।ਇਸ ਮੌਕੇ ਡੀ ਆਈ ਜੀ ਜਲੰਧਰ ਰੇਂਜ ਨਵੀਨ ਸਿੰਗਲਾ ਨੇ ਮੌਕੇ 'ਤੇ ਪਹੁੰਚ ਕੇ ਪੁਲਸ ਫੋਰਸ ਨੂੰ ਦਿਸ਼ਾ ਨਿਰਦੇਸ਼ ਦਿੱਤੇ ਅਤੇ ਕਿਹਾ ਕਿ ਕਪੂਰਥਲਾ ਪੁਲਸ ਵੱਲੋਂ ਹੁਣ ਤੱਕ ਕਾਫੀ ਵੱਡੀ ਮਾਤਰਾ ਵਿਚ ਨਸ਼ਾ ਅਤੇ ਡਰੱਗ ਮਨੀ ਪ੍ਰਾਪਤ ਕੀਤੀ ਹੈ ਨਾਲ ਹੀ ਜੋ ਲੋਕ ਨਸ਼ਿਆਂ ਦਾ ਕਾਰੋਬਾਰ ਕਰਦੇ ਹਨ ਉਹਨਾਂ ਨੂੰ ਕਾਨੂੰਨ ਮੁਤਾਬਿਕ ਪਰਚੇ ਦਰਜ ਕਰਕੇ ਸਲਾਖਾਂ ਪਿੱਛੇ ਸੁੱਟਿਆ ਹੈ ਤੇ ਜੋ ਲੋਕ ਨਸ਼ਾ ਕਰਦੇ ਹਨ ਉਹਨਾਂ ਨੂੰ ਪੰਜਾਬ ਸਰਕਾਰ ਵੱਲੋਂ ਜੋ ਨਸ਼ਾ ਛੁਡਾਊ ਕੇਂਦਰ ਹਨ ਉਹਨਾਂ ਵਿੱਚ ਭਰਤੀ ਵੀ ਕਰਵਾਇਆ ਗਿਆ ਹੈ ਇਸ ਮੌਕੇ 'ਤੇ ਐਸ ਐਸ ਪੀ ਕਪੂਰਥਲਾ ਗੌਰਵ ਤੂਰਾਂ ਨੇ ਕਿਹਾ ਕਿ ਜਿਥੇ ਲੋਕਾਂ ਨਸ਼ਾ ਕਰਦੇ ਹਨ ਉਹਨਾਂ ਜਗ੍ਹਾ ਦੇ ਜੋ ਮਾਲਕ ਹਨ [illegible] ਕਿਹਾ ਕਿ ਜਿਨ੍ਹਾਂ ਲੋਕਾਂ ਦੀ ਮਾਲਕੀ ਜਗ੍ਹਾ ਹਨ ਉਨ੍ਹਾਂ ਨੂੰ ਕਿਹਾ ਜਾਵੇਗਾ ਕਿ ਆਪਣੇ ਖ਼ਾਲੀ ਪਲਾਟ 'ਤੇ ਗੇਟ ਲਗਾਏ ਜਾਣ ਅਤੇ ਨਿਗਰਾਨੀ ਰੱਖੀ ਜਾਵੇ ਅਤੇ ਨਾਲ ਹੀ ਕਿਹਾ ਕਿ ਪ੍ਰਸ਼ਾਸਨ ਵਲੋਂ ਉਨ੍ਹਾਂ ਜਗ੍ਹਾ ਤੇ ਸੀ ਸੀ ਕੈਮਰੇ ਵੀ ਲਗਾਏ ਜਾਣਗੇ।ਇਸ ਮੌਕੇ ਐਸ ਪੀ ਹੈਡ ਕੁਆਰਟਰ ਗੁਰਪ੍ਰੀਤ ਸਿੰਘ, ਡੀ ਐਸ ਪੀ ਭੁਲੱਥ ਕਰਨੈਲ ਸਿੰਘ, ਐਸ ਐਚ ਓ ਸੁਭਾਨਪੁਰ ਬਿਕਰਮਜੀਤ ਸਿੰਘ ਚੌਹਾਨ ਮੌਜੂਦ ਸਨ।



# ਹਮੀਰਾ ਤੇ ਆਸਪਾਸ ਦੇ ਪਿੰਡਾਂ 'ਚ ਸਰਚ ਅਭਿਆਨ ਚਲਾਇਆ

**ਕਪੂਰਥਲਾ (ਮਨਜੀਤ ਮਾਨ)**- ਕਪੂਰਥਲਾ ਪੁਲਸ ਵੱਲੋਂ ਹਮੀਰਾ ਅਤੇ ਆਸ ਪਾਸ ਦੇ ਪਿੰਡਾਂ ਵਿੱਚ ਨਸ਼ੇ ਨੂੰ ਲੈ ਕੇ ਕਾਸੋ ਅਪ੍ਰੇਸ਼ਨ ਚਲਾਇਆ ਗਿਆ ਐਸ ਐਸ ਪੀ ਕਪੂਰਥਲਾ ਸ੍ਰੀ ਗੌਰਵ ਤੂਰਾ ਦੀ ਅਗਵਾਈ ਵਿੱਚ ਭਾਰੀ ਪੁਲਿਸ ਬਲ ਨੇ ਘਰਾਂ ਦੀ ਤਲਾਸ਼ੀ ਕੀਤੀ। ਇਸ ਇਲਾਕੇ ਵਿੱਚ ਵੀਰਾਨ ਪਏ ਖਾਲੀ ਪਲਾਟਾਂ ਅਤੇ ਲੁਕਣਗਾਹਾਂ ਜਿੱਥੇ ਨਸ਼ਾ ਕਰਨ ਵਾਲੇ ਲੁਕ ਛੁਪ ਕੇ ਨਸ਼ਾ ਕਰਦੇ ਹਨ ਉਹਨਾਂ ਜਗ੍ਹਾ ਦੀ ਵੀ ਡੂੰਘਾਈ ਨਾਲ ਜਾਂਚ ਕੀਤੀ ਗਈ। ਇਸ ਮੌਕੇ ਡੀ ਆਈ ਜੀ ਜਲੰਧਰ ਰੇਂਜ ਨਵੀਨ ਸਿੰਗਲਾ ਨੇ ਮੌਕੇ 'ਤੇ ਪਹੁੰਚ ਕੇ ਪੁਲਸ ਫੋਰਸ ਨੂੰ ਦਿਸ਼ਾ ਨਿਰਦੇਸ਼ ਦਿੱਤੇ ਅਤੇ ਕਿਹਾ ਕਿ ਕਪੂਰਥਲਾ ਪੁਲਸ ਵਲੋਂ ਹੁਣ ਤੱਕ ਕਾਫੀ ਵੱਡੀ ਮਾਤਰਾ ਵਿਚ ਨਸ਼ਾ ਅਤੇ ਡਰੱਗ ਮਨੀ ਪ੍ਰਾਪਤ ਕੀਤੀ ਗਈ ਹੈ, ਨਾਲ ਹੀ ਜੋ ਲੋਕ ਨਸ਼ਿਆਂ ਦਾ ਕਾਰੋਬਾਰ ਕਰਦੇ ਹਨ ਉਹਨਾਂ ਨੂੰ ਕਾਨੂੰਨ ਮੁਤਾਬਿਕ ਪਰਚੇ ਦਰਜ ਕਰਕੇ ਸਲਾਖਾਂ ਪਿੱਛੇ ਸੁੱਟਿਆ ਹੈ ਤੇ ਜੋ ਲੋਕ ਨਸ਼ਾ ਕਰਦੇ ਹਨ ਉਹਨਾਂ ਨੂੰ ਪੰਜਾਬ ਸਰਕਾਰ ਵੱਲੋਂ ਜੋ ਨਸ਼ਾ ਛੁਡਾਊ ਕੇਂਦਰ ਹਨ ਉਹਨਾਂ ਵਿੱਚ ਭਰਤੀ ਵੀ ਕਰਵਾਇਆ ਗਿਆ ਹੈ। ਇਸ ਮੌਕੇ ਐਸ ਐਸ ਪੀ ਕਪੂਰਥਲਾ ਗੌਰਵ ਤੂਰਾਂ ਨੇ ਕਿਹਾ ਕਿ ਜਿਹਨਾਂ ਲੋਕਾਂ ਦੀ ਮਾਲਕੀ ਜਗ੍ਹਾ ਹੈ ਉਹਨਾਂ ਨੂੰ ਕਿਹਾ ਜਾਵੇਗਾ ਕਿ ਆਪਣੇ ਖ਼ਾਲੀ ਪਲਾਟ 'ਤੇ ਗੇਟ ਲਗਾਏ ਜਾਣ ਅਤੇ ਨਿਗਰਾਨੀ ਰੱਖੀ ਜਾਵੇ। ਪ੍ਰਸ਼ਾਸਨ ਵਲੋਂ ਉਨ੍ਹਾਂ ਜਗ੍ਹਾ 'ਤੇ ਸੀ ਸੀ ਕੈਮਰੇ ਵੀ ਲਗਾਏ ਜਾਣਗੇ।



# ਬੰਗੜ ਬ੍ਰਦਰਜ਼ ਨੇ ਵਿਦਿਆਰਥੀਆਂ ਨੂੰ ਬੂਟ ਵੰਡੇ

**ਫਗਵਾੜਾ (ਡਾ. ਰਮਨ)**- ਐਨ.ਆਰ.ਆਈ. ਡਾ. ਸਤਨਾਮ ਸਿੰਘ ਬੰਗੜ ਅਤੇ ਮੋਹਨ ਲਾਲ ਬੰਗੜ ਯੂ.ਐਸ.ਏ. ਦੇ ਉਪਰਾਲੇ ਸਦਕਾ ਪਿੰਡ ਬੇਗਮਪੁਰਾ ਦੇ ਸਰਕਾਰੀ ਪ੍ਰਾਇਮਰੀ ਸਕੂਲ ਵਿਚ ਪੜ੍ਹਦੇ ਵਿਦਿਆਰਥੀਆਂ ਨੂੰ ਬੂਟਾਂ ਦੀ ਵੰਡ ਕੀਤੀ ਗਈ। ਵਿਦਿਆਰਥੀਆਂ ਨੂੰ ਬੂਟਾਂ ਦੀ ਵੰਡ ਕਰਦੇ ਹੋਏ ਸਮਾਜ ਸੇਵਕ ਜਸਵਿੰਦਰ ਸਿੰਘ ਬੰਗੜ ਰਿਟਾ. ਪ੍ਰਿੰਸੀਪਲ ਲੱਖਪੁਰ ਨੇ ਦੱਸਿਆ ਕਿ ਉਕਤ ਬੰਗੜ ਭਰਾਵਾਂ ਵਲੋਂ ਇਲਾਕੇ ਦੇ ਸਕੂਲਾਂ ਦੇ ਵਿਕਾਸ ਅਤੇ ਵਿਦਿਆਰਥੀਆਂ ਦੀ ਭਲਾਈ ਲਈ ਲਗਾਤਾਰ ਉਪਰਾਲੇ ਜਾਰੀ ਹਨ। ਜਿਸ ਦੇ ਲਈ ਉਹ ਵਧਾਈ ਦੇ ਪਾਤਰ ਹਨ, ਕਿਉਂਕਿ ਅਜਿਹੇ ਸੇਵਾ ਕਾਰਜ ਕਰਨ ਦਾ ਸੁਭਾਗ ਨਸੀਬਾਂ ਨਾਲ ਹੀ ਪ੍ਰਾਪਤ ਹੁੰਦਾ ਹੈ। ਉਹਨਾਂ ਕਿਹਾ ਕਿ ਇਸ ਵਾਰ ਬਹੁਤ ਜ਼ਿਆਦਾ ਠੰਡ ਪੈ ਰਹੀ ਹੈ ਜਿਸ ਨੂੰ ਦੇਖਦੇ ਹੋਏ ਵਿਦਿਆਰਥੀਆਂ ਦੇ ਹਿੱਤ 'ਚ ਕੀਤਾ ਗਿਆ ਇਹ ਉਪਰਾਲਾ ਬਹੁਤ ਹੀ ਸ਼ਲਾਘਾਯੋਗ ਹੈ। ਇਸ ਮੌਕੇ ਸਕੂਲ ਇੰਚਾਰਜ ਮਨੀਸ਼ [illegible] ਅਤੇ ਸਰਪੰਚ ਬੀਬੀ ਪਰਮਜੀਤ ਕੌਰ ਨੇ ਵੀ ਐਨ.ਆਰ.ਆਈ. ਬੰਗੜ ਭਰਾਵਾਂ ਅਤੇ ਖਾਸ ਤੌਰ ਤੇ ਰਿਟਾ. ਪ੍ਰਿੰਸੀਪਲ ਜਸਵਿੰਦਰ ਸਿੰਘ ਬੰਗੜ ਵਲੋਂ ਕੀਤੇ ਜਾ ਰਹੇ ਸਮਾਜ ਭਲਾਈ ਕਾਰਜਾਂ ਦੀ ਭਰਪੂਰ ਸ਼ਲਾਘਾ ਕੀਤੀ। ਉਹਨਾਂ ਆਸ ਪ੍ਰਗਟਾਈ ਕਿ ਇਸ ਤਰ੍ਹਾਂ ਦੇ ਉਪਰਾਲੇ ਅੱਗੇ ਵੀ ਜਾਰੀ ਰਹਿਣਗੇ। ਇਸ ਮੌਕੇ ਸਕੂਲ ਸਟਾਫ ਮੈਡਮ ਕਰਿਤਿਕਾ, ਮੀਨਾ ਰਾਣੀ, ਮਾਨਸੀ, ਨਰਿੰਦਰ ਕੌਰ, ਸੁਖਵਿੰਦਰ ਕੌਰ, ਸਤਵਿੰਦਰ ਕੌਰ, ਮਨਪ੍ਰੀਤ ਕੌਰ, ਗੁਰਪਾਲ ਕੌਰ, ਗੀਨਾ, ਮਨਦੀਪ ਕੌਰ, ਪਰਮਜੀਤ ਕੌਰ, ਰਾਣੋ, ਅੰਜਲੀ, ਸਾਬਕਾ ਸਰਪੰਚ ਬਲਵੰਤ ਸਿੰਘ, ਪਰਮਜੀਤ ਸਿੰਘ ਪੰਚ, ਦਵਿੰਦਰ ਕੁਮਾਰ ਪੰਚ ਆਦਿ ਹਾਜ਼ਰ ਸਨ।



# ਸੇਵਾ-ਮੁਕਤ ਕਰਮਚਾਰੀ ਯੂਨੀਅਨ ਦੀ ਮਹੀਨਾਵਾਰ ਮੀਟਿੰਗ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਸੇਵਾ ਮੁਕਤ ਕਰਮਚਾਰੀ ਯੂਨੀਅਨ ਦੀ ਮਹੀਨਾਵਾਰ ਮੀਟਿੰਗ ਨਗਰ ਨਿਗਮ ਹੁਸ਼ਿਆਰਪੁਰ ਦੇ ਮੀਟਿੰਗ ਹਾਲ ਵਿਚ ਲਾਲ ਸਿੰਘ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੀ ਕਾਰਵਾਈ ਸੰਜੀਵ ਅਰੋੜਾ ਸਰਪ੍ਰਸਤ ਵੱਲੋਂ ਕੀਤੀ ਗਈ। ਇਸ ਮੀਟਿੰਗ ਵਿਚ ਸੰਦੀਪ ਤਿਵਾੜੀ ਸੰਯੁਕਤ ਕਮਿਸ਼ਨਰ ਨੂੰ ਉਹਨਾਂ ਦੀ ਸੇਵਾ ਮੁਕਤੀ ਤੇ ਵਿਦਾਇਗੀ ਪਾਰਟੀ ਦਿੱਤੀ ਗਈ। ਮੀਟਿੰਗ 'ਚ ਚੇਅਰਮੈਨ ਕੁਲਵੰਤ ਸਿੰਘ ਸੈਣੀ ਵਲੋਂ ਤਿਵਾੜੀ ਸਾਹਿਬ ਦਾ ਸੇਵਾ ਮੁਕਤ ਹੋਣ ਕਾਰਨ ਯੂਨੀਅਨ ਦਾ ਲੀਗਲ ਅਡਵਾਈਜਰ ਲਗਾਇਆ ਗਿਆ, ਜਿਸ ਵਿਚ ਸਾਰੇ ਸੇਵਾ ਮੁਕਤ ਕਰਮਚਾਰੀਆਂ ਵੱਲੋਂ ਤਾੜੀਆਂ ਦੀ ਗੂੰਜ ਵਿਚ ਸਮੱਰਥਨ ਦਿੱਤਾ।ਇਸ ਉਪਰੰਤ ਵੱਖ ਵੱਖ ਬੁਲਾਰਿਆ ਵਲੋਂ ਸੰਦੀਪ ਤਿਵਾੜੀ ਵਲੋਂ ਮੁਲਾਜਮਾਂ ਦੇ ਕੀਤੇ ਕੰਮਾਂ ਦੀ ਸ਼ਲਾਘਾ ਕੀਤੀ ਗਈ।ਇਸ ਉਪਰੰਤ ਉਹਨਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਮੀਟਿੰਗ ਵਿਚ ਕੇਵਲ ਲਾਲ ਹੀਰ, ਦਸ਼ਰਤ ਲਾਲ, ਅਸ਼ੋਕ ਕੁਮਾਰ, ਰਾਮ ਕੁਮਾਰ, ਰਵਿੰਦਰ ਕਾਕਾ, ਨਰੇਸ਼ ਕੁਮਾਰ ਡਰਾਈਵਰ, ਜੋਗਿੰਦਰ ਪਾਲ ਆਦੀਆ, ਹਰੀਸ਼ ਕੁਮਾਰ ਜੇ.ਈ, ਨਛੱਤਰ ਲਾਲ, ਤਰਲੋਚਨ ਸਿੰਘ, ਵਿਨੋਦ ਕੁਮਾਰ ਐਸ.ਐਫ.ਓ, ਦਰਸ਼ਨ ਸਿੰਘ, ਰਮੇਸ਼ ਕੁਮਾਰ ਫਾਇਰਮੈਨ, ਸੰਜੀਵ ਕੁਮਾਰ ਸੈਨਟਰੀ ਇੰਸਪੈਕਟਰ, ਬਲਵਿੰਦਰ ਸਿੰਘ, ਸੁਰਜੀਤ ਸਿੰਘ, ਨਰੇਸ਼ ਕੁਮਾਰ, ਵਿਜੇ ਕੁਮਾਰ, ਹਰਜਿੰਦਰ ਸਿੰਘ, ਸੀਤਾ ਰਾਮ, ਮਦਨ ਲਾਲ, ਸੁਰਜੀਤ ਬਹਿਲ, ਸੁਰਿੰਦਰ ਕੁਮਾਰ, ਅਵਤਾਰ ਸਿੰਘ, ਏ.ਡੀ.ਐਫ.ਓ, ਅਸ਼ਵਨੀ ਐਸ.ਡੀ.ਓ ਆਦਿ ਸ਼ਾਮਲ ਸਨ।

# ਪੰਮਾ ਡੂਮੇਵਾਲ ਤੇ ਪਾਲਾ ਮੱਲਪੁਰ 'ਰੂਹ ਪੰਜਾਬ ਦੀ' ਅਵਾਰਡ ਨਾਲ ਸਨਮਾਨਤ

**ਬਲਾਚੌਰ, (ਜਸਵਿੰਦਰ ਬੈਂਸ)**- ਪਿੰਡ ਧੌਲ ਵਿਖੇ ਹੁੰਦੇ ਪੁਰਾਤਨ ਸਲਾਨਾ ਮਾਘੀ ਮੇਲੇ 'ਤੇ ਲੋਕ ਗਾਇਕ ਪੰਮਾ ਡੂਮੇਵਾਲ ਤੇ ਗੀਤਕਾਰ ਪਾਲਾ ਮੱਲਪੁਰ ਦਾ ਰੂਹ ਪੰਜਾਬ ਦੀ ਅਵਾਰਡ ਨਾਲ ਸਨਮਾਨ ਕੀਤਾ ਗਿਆ।ਪੰਮਾ ਡੂਮੇਵਾਲ ਲਗਾਤਾਰ 14 ਸਾਲ ਤੋਂ ਇਸ ਮੇਲੇ ਦਾ ਸ਼ਿੰਗਾਰ ਬਣੇ ਹੋਏ ਹਨ ਜਿਹੜਾ ਕਿ ਆਪਣੇ ਆਪ ਵਿੱਚ ਇੱਕ ਵੱਡਾ ਰਿਕਾਰਡ ਹੈ। ਲੋਕ ਤੱਥਾਂ ਦੇ ਮਹਾਂਰਥੀ ਸਾਬਤ-ਸੂਰਤ ਲੋਕ ਗਾਇਕ ਪੰਮਾ ਡੂਮੇਵਾਲ ਨੇ ਆਪਣੀ ਸਾਫ਼-ਸੁਥਰੀ ਗਾਇਕੀ ਨਾਲ ਲੋਕ ਮਨਾਂ ਵਿਚ ਆਪਣੀ ਕਲਾ ਦਾ ਲੋਹਾ ਮਨਵਾਇਆ ਹੈ। ਅੱਜ ਦੇ ਸਮੇਂ ਪੰਮਾ ਡੂਮੇਵਾਲ ਪੰਜਾਬ ਦੇ ਸਭ ਤੋਂ ਵੱਧ ਅਖਾੜੇ ਲਾਣ ਵਾਲੇ ਗਾਇਕਾਂ ਵਿੱਚੋਂ ਇੱਕ ਹੈ। ਉਸ ਦੇ ਪੰਜਾਬ, ਪੰਜਾਬੀ ਤੇ ਪੰਜਾਬੀਅਤ ਪ੍ਰਤੀ ਨਿਭਾਏ ਫਰਜ਼ ਕਰਕੇ ਉਸ ਨੂੰ 'ਰੂਹ ਪੰਜਾਬ ਦੀ' ਅਵਾਰਡ ਨਾਲ ਸਨਮਾਨਤ ਕੀਤਾ ਗਿਆ ਨਾਲ ਹੀ ਉਸ ਦੇ ਜ਼ਿਆਦਾਤਰ ਧਾਰਮਿਕ ਤੇ ਸਮਾਜਿਕ ਗੀਤਾਂ ਦੇ ਗੀਤਕਾਰ ਪਾਲਾ ਕੰਗ ਮੱਲਪੁਰ ਨੂੰ ਵੀ ਸਨਮਾਨਤ ਕੀਤਾ ਗਿਆ। ਇਹ ਸਨਮਾਨ ਹਰਨੇਕ ਸਿੰਘ ਫ਼ੌਜੀ ਵਲੋਂ ਮੇਲਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਮਾਘੀ ਦੇ ਪਵਿੱਤਰ ਦਿਹਾੜੇ 'ਤੇ ਦਿੱਤਾ ਗਿਆ। ਇਸ ਸਮੇਂ ਪ੍ਰਧਾਨ ਹਰਨੇਕ ਸਿੰਘ, ਕੇਹਰ ਸਿੰਘ ਫ਼ੌਜੀ, ਹਰਨੇਕ ਸਿੰਘ ਚਾਹਲ, ਬਗੀਚਾ ਸਿੰਘ ਚਾਹਲ, ਇੰਸਪੈਕਟਰ ਲਖਵੀਰ ਸਿੰਘ, ਇੰਸਪੈਕਟਰ ਕੁਲਦੀਪ ਸਿੰਘ, ਬਲਵੀਰ ਸਿੰਘ ਢਿੱਲੋਂ, ਬਲਵੀਰ ਸਿੰਘ ਸਰਪੰਚ, ਮਲਕੀਤ ਸਿੰਘ ਧੌਲ ਸਾਬਕਾ ਸਰਪੰਚ, ਸੁਰਿੰਦਰ ਸਿੰਘ ਨੰਬਰਦਾਰ, ਸ਼ਹੀਦ ਊਧਮ ਸਿੰਘ ਪ੍ਰੈਸ ਕਲੱਬ ਦੇ ਪ੍ਰਧਾਨ ਨਰੇਸ਼ ਧੌਲ, ਹਰਦੀਪ ਸਿੰਘ ਕਲਮ ਗਹੂੰਣ, ਤਲਵੀਰ ਸਿੰਘ ਫ਼ੌਜੀ, ਸੁਖਜਿੰਦਰ ਸਿੰਘ ਜਮੀਤਗੜ੍ਹ, ਲਵਪ੍ਰੀਤ ਸਿੰਘ ਕਿਸ਼ਨਪੁਰ, ਮਨਦੀਪ ਸਿੰਘ ਸਾਧੜਾ, ਕਸ਼ਮੀਰ ਸਿੰਘ ਸਾਧੜਾ, ਉਂਕਾਰ ਸਿੰਘ ਕਾਰੀ ਸਰਪੰਚ, ਹਰਦੀਪ ਸਿੰਘ ਅਟਵਾਲ ਅਟਾਲ ਮਜਾਰਾ ਤੇ ਸਟੇਜ ਸੰਚਾਲਕ ਅਵਤਾਰ ਸਿੰਘ ਰਾਏ ਫਿਰਨੀ ਮਜਾਰਾ ਅਤੇ ਹੋਰ ਬਹੁ ਗਿਣਤੀ ਸ਼ਖਸੀਅਤਾਂ ਹਾਜ਼ਰ ਸਨ।




# ਸੇਂਟ ਸੋਲਜਰ ਡਿਵਾਈਨ ਪਬਲਿਕ ਸਕੂਲ 'ਚ ਸਾਇੰਸ ਗਤੀਵਿਧੀ

**ਜਲੰਧਰ (ਇਕਬਾਲ ਸਿੰਘ ਉਭੀ)**- ਸੇਂਟ ਸੋਲਜਰ ਡਿਵਾਈਨ ਪਬਲਿਕ ਸਕੂਲ ਅਰਜੁਨ ਨਗਰ ਨੇ 'ਲਾਈਫ ਆਫ ਡ੍ਰੌਪ' ਨਾਮਕ ਇੱਕ ਸਾਇੰਸ ਗਤੀਵਿਧੀ ਦਾ ਆਯੋਜਨ ਕੀਤਾ। ਆਪਣੇ ਸਾਇੰਸ ਅਧਿਆਪਕ ਦੀ ਮਾਹਰ ਅਗਵਾਈ ਹੇਠ ਵਿਦਿਆਰਥੀ ਅਨਿਕਾ ਅਤੇ ਜਪਜੀਤ ਕੌਰ ਨੇ ਇੱਕ ਵਿਆਪਕ ਡਿਜੀਟਲ ਪੇਸ਼ਕਾਰੀ ਵਿਕਸਤ ਕੀਤੀ ਅਤੇ ਪੇਸ਼ ਕੀਤੀ। ਉਨ੍ਹਾਂ ਪਾਣੀ ਦੀ ਗੁੰਝਲਦਾਰ ਯਾਤਰਾ ਨੂੰ ਬਹੁਤ ਸਪੱਸ਼ਟਤਾ ਅਤੇ ਵਿਸ਼ਵਾਸ ਨਾਲ ਸਮਝਾਇਆ, ਜਿਸ ਨਾਲ ਸੈਸ਼ਨ ਆਪਣੇ ਸਾਥੀਆਂ ਲਈ ਦਿਲਚਸਪ ਅਤੇ ਬਹੁਤ ਜਾਣਕਾਰੀ ਭਰਪੂਰ ਬਣ ਗਿਆ। ਇਸ ਗਤੀਵਿਧੀ ਨੂੰ ਸਾਰਿਆਂ ਦੁਆਰਾ ਚੰਗੀ ਤਰ੍ਹਾਂ ਪ੍ਰਾਪਤ ਕੀਤਾ ਗਿਆ ਅਤੇ ਲੀਡਰਸ਼ਿਪ ਅਤੇ ਜਨਤਕ ਬੋਲਣ ਦੇ ਹੁਨਰਾਂ ਨੂੰ ਬਣਾਉਣ ਲਈ ਇੱਕ ਸ਼ਾਨਦਾਰ ਪਲੇਟਫਾਰਮ ਵਜੋਂ ਕੰਮ ਕੀਤਾ।

# ਮਹਿੰਦਰਾ ਪਿਕਅੱਪ ਗੱਡੀ ਸੜਕ ਵਿਚਕਾਰ ਪਲਟੀ, ਜਾਨੀ ਨੁਕਸਾਨ ਹੋਣ ਤੋਂ ਬਚਾਅ

**ਕਾਲਾ ਸੰਘਿਆਂ (ਮਨਜੀਤ ਮਾਨ)**- ਜ਼ਿਲ੍ਹਾ ਕਪੂਰਥਲਾ ਅਧੀਨ ਪੈਂਦੇ ਕਸਬਾ ਕਾਲਾ ਸੰਘਿਆਂ ਵਿਖੇ ਸੰਘਣੀ ਧੁੰਦ ਕਾਰਨ ਅਣਪਛਾਤੇ ਵੱਡੇ ਘੋੜੇ ਦੀ ਫੇਟ ਵੱਜਣ ਕਾਰਨ ਅਬੋਹਰ ਫਾਜ਼ਿਲਕਾ ਤੋਂ ਕਿੰਨੂਆਂ ਨਾਲ ਲੱਦੀ ਮਹਿੰਦਰਾ ਪਿਕਅੱਪ ਗੱਡੀ ਚੌਂਕ ਦੇ ਵਿਚਕਾਰ ਪਲਟ ਗਈ। ਗੱਡੀ ਦੇ ਡਰਾਈਵਰ ਪਰਮਪਾਲ ਨੇ ਮੀਡੀਆ ਨੂੰ ਦੱਸਿਆ ਕਿ ਉਹ ਅਬੋਹਰ ਫਾਜ਼ਿਲਕਾ ਤੋਂ ਕਿੰਨੂਆਂ ਨਾਲ ਲੱਦ ਕੇ ਆਪਣੀ ਮਹਿੰਦਰਾ ਪਿਕਅੱਪ ਗੱਡੀ 'ਤੇ ਕਸਬਾ ਲੋਹੀਆਂ ਖਾਸ ਤੋਂ ਵਾਇਆ ਕਾਲਾ ਸੰਘਿਆਂ ਤੋਂ ਜਲੰਧਰ ਵੱਲ ਨੂੰ ਜਾ ਰਹੇ ਸਨ, ਜਦੋਂ ਉਹ ਕਸਬਾ ਕਾਲਾ ਸੰਘਿਆਂ ਵਿਖੇ ਪਹੁੰਚੇ ਤਾਂ ਕਪੂਰਥਲਾ ਵੱਲੋਂ ਨਕੋਦਰ ਵੱਲ ਨੂੰ ਆ ਰਹੇ ਅਣਪਛਾਤੇ ਵਾਹਨ ਘੋੜੇ ਨੇ ਟੱਕਰ ਮਾਰੀ ਤੇ ਨਕੋਦਰ ਸਾਈਡ ਵੱਲ ਨੂੰ ਫ਼ਰਾਰ ਹੋ ਗਿਆ ਤੇ ਉਨ੍ਹਾਂ ਦੀ ਮਹਿੰਦਰਾ ਗੱਡੀ ਸੜਕ ਵਿਚਕਾਰ ਮੇਨ ਚੌਂਕ ਵਿੱਚ ਪਲਟ ਗਈ। ਜਾਨੀ ਮਾਲੀ ਨੁਕਸਾਨ ਹੋਣ ਤੋਂ ਬਚਾਅ ਹੋ ਗਿਆ ।



# ਲਗਾਹ ਪਰਵਾਰ ਨੇ ਮਨਾਈ ਪਹਿਲੀ ਲੋਹੜੀ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਪਿੰਡ ਸੁੰਨੜ ਕਲਾਂ ਦੇ ਓਮ ਪ੍ਰਕਾਸ਼ ਲਗਾਹ ਨੇ ਆਪਣੇ ਪੋਤੇ ਸਰਬਜੋਤ ਸਿੰਘ ਪੁੱਤਰ ਬੂਟਾ ਸਿੰਘ ਦੀ ਪਹਿਲੀ ਲੋਹੜੀ ਬੜੀ ਧੂਮਧਾਮ ਨਾਲ ਮਨਾਈ। ਮੁਹੱਲੇ ਦੇ ਵਿਚ ਲੱਕੜਾਂ ਤੇ ਪਾਥੀਆਂ ਦੀ ਧੂਣੀ ਲਾ ਕੇ ਇਸ ਪਵਿੱਤਰ ਤਿਉਹਾਰ ਨੂੰ ਮਨਾਇਆ। ਓਮ ਪ੍ਰਕਾਸ਼ ਨੇ ਕਿਹਾ ਕਿ ਧੀਆਂ ਪੁੱਤ ਘਰ ਦੀਆਂ ਰੌਣਕਾਂ ਹੁੰਦੀਆਂ ਹਨ। ਮੁਹੱਲਾ ਨਿਵਾਸੀਆਂ ਤੇ ਸਕੇ ਸੰਬੰਧੀਆਂ ਨਾਲ ਪੋਤੇ ਦਾ ਲੋਹੜੀ ਦਾ ਤਿਉਹਾਰ ਮਨਾਉਣ ਮੌਕੇ ਇੱਕ ਦੂਜੇ ਦਾ ਮੂੰਹ ਮਿੱਠਾ ਕਰਾ ਕੇ ਸਾਰਿਆਂ ਨੂੰ ਇਸ ਪਵਿੱਤਰ ਤਿਉਹਾਰ ਦੀਆਂ ਵਧਾਈਆਂ ਦਿੱਤੀਆਂ ਅਤੇ ਸੁਨੇਹਾ ਦਿੱਤਾ ਕਿ ਧੀਆਂ ਪੁੱਤਾਂ ਨੂੰ ਇੱਕੋ ਬਰਾਬਰ ਸਮਝ ਕੇ ਸਾਰੇ ਤਿਉਹਾਰ ਮਨਾਉਣੇ ਚਾਹੀਦੇ ਹਨ।



# ਵੋਟਰਾਂ ਦਾ ਪਿਆਰ ਤੇ ਭਰੋਸਾ ਮੇਰੀ ਸਭ ਤੋਂ ਵੱਡੀ ਪੂੰਜੀ : ਕਰਨਵੀਰ ਕਟਾਰੀਆ



**ਬਲਾਚੌਰ (ਜਸਵਿੰਦਰ ਬੈਂਸ)** ਹਲਕਾ ਯੂਥ ਪ੍ਰਧਾਨ ਅਤੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਕਰਨਵੀਰ ਕਟਾਰੀਆ ਵੱਲੋਂ ਪੋਜੇਵਾਲ ਜੋਨ ਦੇ ਪਿੰਡ ਕਰੀਮਪੁਰ ਚਾਹਵਾਲਾ, ਕਰੀਮਪੁਰ ਧਿਆਨੀ, ਕਟਵਾਰਾ ਕਲਾਂ, ਕਟਵਾਰਾ ਖੁਰਦ, ਸੰਡਰੇਵਾਲ, ਟੱਪਰੀਆ ਰਾਣੇਵਾਲ, ਨਵਗਰਾ, ਕੌਲਗੜ੍ਹ, ਕੁਲਪੁਰ ਅਤੇ ਮੁੱਖੂਪੁਰ ਦਾ ਦੌਰਾ ਕੀਤਾ ਗਿਆ।ਇਸ ਦੌਰਾਨ ਉਨ੍ਹਾਂ ਨੇ ਪਿੰਡ ਵਾਸੀਆਂ ਨਾਲ ਮੁਲਾਕਾਤ ਕੀਤੀ ਅਤੇ ਚੋਣਾਂ ਵਿੱਚ ਦਿੱਤੇ ਗਏ ਭਰਪੂਰ ਸਹਿਯੋਗ ਅਤੇ ਕੀਮਤੀ ਵੋਟਾਂ ਪਾਉਣ ਲਈ ਸਮੁੱਚੇ ਨਗਰਾ ਦਾ ਤਹਿ ਦਿਲੋਂ ਧੰਨਵਾਦ ਕੀਤਾ।ਇਸ ਮੌਕੇ ਪਿੰਡ ਵਾਸੀਆਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਕਰਨਵੀਰ ਕਟਾਰੀਆ ਨੇ ਕਿਹਾ ਕਿ ਲੋਕਾਂ ਵੱਲੋਂ ਮਿਲਿਆ ਇਹ ਪਿਆਰ ਅਤੇ ਭਰੋਸਾ ਉਨ੍ਹਾਂ ਲਈ ਬਹੁਤ ਵੱਡੀ ਪੂੰਜੀ ਹੈ।ਉਨ੍ਹਾਂ ਕਿਹਾ, 'ਪਿੰਡ ਵਾਸੀਆਂ ਦਾ ਇਹ ਸਾਥ ਸਾਨੂੰ ਇਲਾਕੇ ਦੇ ਵਿਕਾਸ ਅਤੇ ਲੋਕਾਂ ਦੀ ਸੇਵਾ ਕਰਨ ਲਈ ਹੋਰ ਵੀ ਦ੍ਰਿੜਤਾ ਨਾਲ ਕੰਮ ਕਰਨ ਦੀ ਪ੍ਰੇਰਣਾ ਦਿੰਦਾ ਹੈ।' ਉਨ੍ਹਾਂ ਅੱਗੇ ਵਿਸ਼ਵਾਸ ਦਿਵਾਇਆ ਕਿ ਉਹ ਇਲਾਕੇ ਦੀਆਂ ਮੁਸ਼ਕਲਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਵਾਉਣਗੇ ਅਤੇ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਦਿਨ-ਰਾਤ ਇੱਕ ਕਰ ਦੇਣਗੇ।ਪਿੰਡ ਵਾਸੀਆਂ ਨੇ ਵੀ ਕਟਾਰੀਆ ਦਾ ਨਿੱਘਾ ਸਵਾਗਤ ਕੀਤਾ ਅਤੇ ਆਉਣ ਵਾਲੇ ਸਮੇਂ ਵਿੱਚ ਹਰ ਸੰਭਵ ਸਾਥ ਦੇਣ ਦਾ ਭਰੋਸਾ ਦਿੱਤਾ।

# ਨਾਇਬ ਸਿੰਘ ਸੈਣੀ ਨਾਲ ਬ੍ਰਿਟਿਸ਼ ਕੋਲੰਬੀਆ ਵਫਦ ਨੇ ਕੀਤੀ ਮੁਲਾਕਾਤ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਅਤੇ ਕੈਨੇਡਾ ਦਾ ਬ੍ਰਿਟਿਸ਼ ਕੋਲੰਬਿਆ ਸੂਬਾ ਹੁਣ ਸਾਂਝਾ ਵਿਕਾਸ ਦੇ ਸਾਝੇਦਾਰ ਬਨਣਗੇ।ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨਾਲ ਕਨੇਡਾ ਦੇ ਬ੍ਰਿਟਿਸ਼ ਕੋਲੰਬਿਆ ਸੂਬੇ ਦੇ ਪ੍ਰੀਮੀਅਰ ਡੇਵਿਡ ਏ ਬੀ ਦੀ ਅਗਵਾਈ ਵਿੱਚ ਆਏ ਉੱਚ ਪੱਧਰੀ ਵਫਦ ਨੇ ਸ਼ਿਸ਼ਟਾਚਾਰ ਮੁਲਾਕਾਤ ਕਰ ਵੱਖ-ਵੱਖ ਖੇਤਰਾਂ ਵਿੱਚ ਸਹਿਯੋਗ ਕਰਨ ਨੂੰ ਲੈ ਕੇ ਚਰਚਾ ਕੀਤੀ।ਇਸ ਮੌਕੇ ਦੋਨੋਂ ਸੂਬਿਆਂ ਦੇ ਵਿੱਚ ਆਰਥਕ, ਉਦਯੋਗਿਕ ਅਤੇ ਤਕਨੀਕੀ ਸਹਿਯੋਗ ਨੂੰ ਨਵੀਂ ਦਿਸ਼ਾ ਦੇਣ ਲਈ ਕਲੀਨ ਐਨਰਜੀ, ਤਕਨਾਲੋਜੀ, ਲਾਜਿਸਟਿਕਸ, ਏਗਰੀ-ਫੂਡ ਪ੍ਰੋਸੈਸਿੰਗ, ਸਕਿੱਲ ਡਿਵੇਲਪਮੈਂਟ ਅਤੇ ਸਿੱਖਿਆ ਵਰਗੇ ਪ੍ਰਮੁੱਖ ਖੇਤਰਾਂ ਵਿੱਚ ਸਾਂਝੇਦਾਰੀ ਨੂੰ ਮਜ਼ਬੂਤ ਕਰਨ 'ਤੇ ਸਹਿਮਤੀ ਬਣੀ।ਇਸ ਮੌਕੇ ਮੁੱਖ ਮੰਤਰੀ ਦੇ ਮੁੱਖ ਪ੍ਰਧਾਨ ਸਕੱਤਰ ਰਾਜੇਸ਼ ਖੁੱਲਰ, ਵਿਦੇਸ਼ ਸਹਿਯੋਗ ਵਿਭਾਗ ਦੀ ਕਮਿਸ਼ਨਰ ਅਤੇ ਸਕੱਤਰ ਸ੍ਰੀਮਤੀ ਅਮਨੀਤ ਪੀ ਕੁਮਾਰ ਵੀ ਮੌਜੂਦ ਸਨ।ਮੁੱਖ ਮੰਤਰੀ ਨੇ ਵਫਦ ਦਾ ਸਵਾਗਤ ਕਰਦੇ ਹੋਏ ਕਿਹਾ ਕਿ ਰਾਜ-ਪ੍ਰਾਂਤ ਪੱਧਰ ਦਾ ਸਹਿਯੋਗ ਭਾਰਤ-ਕਨੇਡਾ ਸਬੰਧਾਂ ਨੂੰ ਮਜਬੂਤ ਬਨਾਉਣ ਦਾ ਪ੍ਰਭਾਵੀ ਸਰੋਤ ਹੈ। ਬ੍ਰਿਟਿਸ਼ ਕੋਲੰਬਿਆ ਕਲੀਨ ਤਕਨਾਲੋਜੀ, ਵਾਤਾਵਰਣ-ਅਨੁਕੂਲ ਨੀਤੀਆਂ ਅਤੇ ਨਵਾਚਾਰ ਦੇ ਖੇਤਰ ਵਿੱਚ ਮੋਹਰੀ ਹੈ, ਉੱਥੇ ਹੀ ਹਰਿਆਣਾ ਵੀ ਭਾਰਤ ਦੇ ਪ੍ਰਮੁੱਖ ਉਦਯੋਗਿਕ ਸੂਬਿਆਂ ਵਿੱਚ ਸ਼ਾਮਲ ਹੈ।ਮੁੱਖ ਮੰਤਰੀ ਨੇ ਕਲੀਨ ਏਨਰਜੀ ਅਤੇ ਕਲਾਈਮੇਟ ਐਕਸ਼ਨ ਨੂੰ ਲੈ ਕੇ ਹਰਿਆਣਾ ਦੀ ਪ੍ਰਤੀਬੱਧਤਾ ਦੋਹਰਾਉਂਦੇ ਹੋਏ ਰਿਨਯੂਏਬਲ ਏਨਰਜੀ, ਗ੍ਰੀਨ ਹਾਈਡ੍ਰੋਜਨ, ਏਨਰਜੀ ਸਟੋਰੇਜ ਅਤੇ ਊਰਜਾ-ਕੁਸ਼ਲ ਉਦਯੋਗਿਕ ਪ੍ਰਕ੍ਰਿਆਵਾਂ ਵਿੱਚ ਸਹਿਯੋਗ ਦੀ ਅਪੀਲ ਕੀਤੀ।ਇਸ ਤੋਂ ਇਲਾਵਾ, ਡਿਜੀਟਲ ਅਤੇ ਆਈਟੀ ਖੇਤਰ ਵਿੱਚ ਏਆਈ ਅਧਾਰਿਤ ਹੱਲ, ਡਿਜੀਟਲ ਪਲੇਟਫਾਰਮਸ ਅਤੇ ਤਕਨੀਕੀ ਨਵਾਚਾਰਾਂ 'ਤੇ ਸੰਯੁਕਤ ਰੂਪ ਨਾਲ ਕੰਮ ਕਰਨ ਦੀ ਸੰਭਾਵਨਾਵਾਂ 'ਤੇ ਵੀ ਸਹਿਯੋਗ 'ਤੇ ਚਰਚਾ ਕੀਤੀ ਗਈ।ਉਨ੍ਹਾਂ ਨੇ ਕਿਹਾ ਕਿ ਕਈ ਪ੍ਰਮੁੱਖ ਕਨਾਡਾਈ ਕੰਪਨੀਆਂ ਨੇ ਭਾਰਤ ਅਤੇ ਵਿਸ਼ੇਸ਼ ਰੂਪ ਨਾਲ ਹਰਿਆਣਾ ਵਿੱਚ ਆਪਣੀ ਮਜਬੂਤ ਮੌਜੂਦਗੀ ਦਰਜ ਕਰਾਈ ਹੈ। ਗੁਰੂਗ੍ਰਾਮ ਵਿੱਚ ਸਨ ਲਾਇਫ ਗਲੋਬਲ ਸਾਲੀਯੂਸ਼ਨ, ਬੁੱਕਫੀਲਡ ਇੰਡੀਆ ਰੀਟ ਅਤੇ ਹੋਰ ਕਨੇਡਾ-ਲਿੰਕਡ ਕੰਪਨੀਆਂ ਰਾਹੀਂ ਹਰਿਆਣਾ ਕਨਾਡਾਈ ਵਪਾਰ ਲਈ ਇੱਕ ਮਹਤੱਵਪੂਰਣ ਕੇਂਦਰ ਬਣ ਰਿਹਾ ਹੈ।ਮੁੱਖ ਮੰਤਰੀ ਨੇ ਉਮੀਦ ਜਤਾਈ ਕਿ ਇਸ ਮੀਟਿੰਗ ਦੇ ਬਾਅਦ ਪ੍ਰਾਥਮਿਕ ਖੇਤਰਾਂ ਦੀ ਪਹਿਚਾਣ ਕਰ ਹਰਿਆਣਾ ਅਤੇ ਬ੍ਰਿਟਿਸ਼ ਕੋਲੰਬਿਆ ਦੇ ਵਿੱਚ ਐਮਓਯੂ ਜਾਂ ਲੇਟਰਸ ਇੰਟੇਂਟ ਵਰਗੇ ਰਸਮੀ ਸਾਝੇਦਾਰੀ ਦੀ ਦਿਸ਼ਾ ਵਿੱਚ ਕਦਮ ਵਧਾਏ ਜਾਣਗੇ। ਉਨ੍ਹਾਂ ਨੇ ਕਿਹਾ ਕਿ ਹਰਿਆਣਾ ਸਰਕਾਰ ਬ੍ਰਿਟਿਸ਼ ਕੋਲੰਬਿਆ ਦੇ ਨਾਲ ਲੰਬੇ ਸਮੇਂ ਦੀ ਸਾਝੇਦਾਰੀ ਲਈ ਪ੍ਰਤੀਬੱਧ ਹੈ, ਜਿਸ ਨਾਲ ਦੋਨੋਂ ਪ੍ਰਾਂਤਾ ਨੂੰ ਆਰਥਕ ਵਿਕਾਸ, ਵਾਤਾਵਰਣ ਸਰੰਖਣ ਅਤੇ ਸਾਂਝੀ ਸਮਰਿੱਧੀ ਦਾ ਲਾਭ ਮਿਲ ਸਕੇ।

# 52ਵਾਂ ਸਵੈ-ਇੱਛੁਕ ਖ਼ੂਨਦਾਨ ਕੈਂਪ 23 ਨੂੰ

**ਆਦਮਪੁਰ (ਪਰਮਜੀਤ ਸਿੰਘ)**- ਸ਼ਹੀਦ ਸਿੰਘਾਂ ਦੀ ਪਾਵਨ ਪਵਿੱਤਰ ਧਰਤੀ ਪਿੰਡ ਡਰੋਲੀ ਕਲਾਂ ਆਦਮਪੁਰ ਦੁਆਬਾ ਵਿੱਚ ਸ਼ਹੀਦ ਬਾਬਾ ਮੱਤੀਂ ਸਾਹਿਬ ਦੀ ਨਿੱਘੀ ਅਤੇ ਮਿੱਠੀ ਯਾਦ ਨੂੰ ਮਨਾਉਂਦਿਆਂ ਦੁਆਬੇ ਇਲਾਕੇ ਦੀ ਸਿਰਮੌਰ ਸੰਸਥਾ ਦਸਵੰਧ ਗਰੀਬਾਂ ਲਈ ਵੈਲਫੇਅਰ ਸੁਸਾਇਟੀ ਰਜਿ ਪੰਜਾਬ ਪਿੰਡ ਡਰੋਲੀ ਕਲਾਂ ਵੱਲੋਂ ਪ੍ਰਧਾਨ ਜਥੇਦਾਰ ਮਨੋਹਰ ਸਿੰਘ ਅਤੇ ਮੁੱਖ ਸੇਵਾਦਾਰ ਭਾਈ ਸੁਖਜੀਤ ਸਿੰਘ ਵੱਲੋਂ ਸਾਂਝੇ ਤੌਰ 'ਤੇ 52ਵਾਂ ਸਵੈ ਇੱਛੁਕ ਖੂਨਦਾਨ ਕੈਂਪ ਗੁਰਦੁਆਰਾ ਸ਼ਹੀਦ ਬਾਬਾ ਮੱਤੀਂ ਸਾਹਿਬ ਮੁੱਖ ਗੇਟ ਨਜ਼ਦੀਕ 23 ਜਨਵਰੀ ਨੂੰ ਇਲਾਕਾ ਨਿਵਾਸਿਆਂ, ਨਗਰ ਨਿਵਾਸੀਆਂ ਅਤੇ ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵੱਡੇ ਸਹਿਯੋਗ ਨਾਲ ਲਗਵਾਇਆ ਜਾ ਰਿਹਾ ਹੈ। ਇਸ ਦੌਰਾਨ ਮੁੱਖ ਸੇਵਾਦਾਰ ਭਾਈ ਸੁਖਜੀਤ ਸਿੰਘ ਮਿਨਹਾਸ ਡਰੋਲੀ ਨੇ ਪੱਤਰਕਾਰ ਭਾਈਚਾਰੇ ਨਾਲ ਗੱਲਬਾਤ ਦੌਰਾਨ ਸਮੂਹ ਸਾਧ ਸੰਗਤ ਨੂੰ ਜਿਥੇ ਸ਼ਹੀਦੀ ਸਮਾਗਮਾਂ ਵਿੱਚ ਵੱਧ ਚੜ੍ਹ ਕੇ ਆਉਣ ਦੀ ਪੁਰਜ਼ੋਰ ਅਪੀਲ ਕੀਤੀ ਉਥੇ ਹੀ ਉਨ੍ਹਾਂ ਨੇ ਸਮੂਹ ਨੌਜਵਾਨ ਵੀਰਾਂ ਭੈਣਾਂ ਨੂੰ ਵੱਧ ਤੋਂ ਵੱਧ ਖੂਨਦਾਨ ਕਰਨ ਦੀ ਬੇਨਤੀ ਵੀ ਕੀਤੀ।



# ਅੱਜ ਬਿਜਲੀ ਬੰਦ ਰਿਹੇਗੀ

**ਅੱਡਾ ਸਰਾਂ (ਜਸਵੀਰ ਕਾਜਲ)**- ਕੰਧਾਲਾ ਜੱਟਾਂ ਸਹਾਇਕ ਇੰਜੀਨੀਅਰ ਇੰਦਰਜੀਤ ਸਿੰਘ ਨੇ ਪ੍ਰੈਸ ਨੂੰ ਜਾਣਕਾਰੀ ਦਿੱਤੀ ਕਿ 19 ਜਨਵਰੀ ਨੂੰ 66 ਕੇਵੀ ਸਬ ਸਟੇਸ਼ਨ ਕੰਧਾਲਾ ਜੱਟਾਂ ਦੀ ਜ਼ਰੂਰੀ ਮੇਨਟੀਨੈਂਸ ਕਰਨ ਕਰਕੇ ਇਸ ਤੋਂ ਚਲਦੇ ਸਾਰੇ ਘਰਾਂ ਅਤੇ ਮੋਟਰਾਂ ਦੇ ਫੀਡਰ ਬੰਦ ਰਹਿਣਗੇ। ਸਮਾਂ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਹੈ। ਖਪਤਕਾਂ ਨੂੰ ਸਹਿਯੋਗ ਦੇਣ ਦੀ ਅਪੀਲ ਕੀਤੀ ਗਈ ਹੈ।

# ਅਜੈ ਵਾਲਮੀਕੀ ਦਲਿਤ ਵਿਕਾਸ ਬੋਰਡ ਦਾ ਉਪ ਚੇਅਰਮੈਨ ਨਿਯੁਕਤ

**ਬਸਤੀ ਸ਼ੇਖ ਜਲੰਧਰ (ਲਖਵਿੰਦਰ ਸਿੰਘ)**- ਜਲੰਧਰ ਸ਼ਹਿਰ ਦੇ ਬਸਤੀਆਂ ਖੇਤਰ ਵਿੱਚ ਰਹਿੰਦੇ ਗਰੀਬ ਪਰਵਾਰ ਨਾਲ ਸੰਬੰਧਤ ਅਜੈ ਵਾਲਮੀਕੀ ਨੂੰ ਪੰਜਾਬ ਸਰਕਾਰ ਵੱਲੋਂ ਦਲਿਤ ਵਿਕਾਸ ਬੋਰਡ ਦਾ ਉਪ-ਚੇਅਰਮੈਨ ਨਿਯੁਕਤ ਕੀਤਾ ਗਿਆ। ਨਿਯੁਕਤੀ ਦੀ ਖ਼ਬਰ ਮਿਲਦੇ ਹੀ ਸਮਾਜਿਕ ਅਤੇ ਧਾਰਮਿਕ ਲੋਕਾਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ। ਐਂਟੀ ਕਰਾਈਮ ਸਮਾਜ ਸੁਰੱਖਿਆ ਸੈਲ ਰਜਿ. ਪੰਜਾਬ ਦੇ ਚੇਅਰਮੈਨ ਸੁਭਾਸ਼ ਗੋਰੀਆ, ਸੰਤ ਸਮਾਜ ਵੈਲਫੇਅਰ ਸੋਸਾਇਟੀ ਦੇ ਜ਼ਿਲ੍ਹਾ ਪ੍ਰਧਾਨ ਸੰਤ ਦੇਵ ਰਾਜ ਪੱਪੂ ਸਾਈ, ਭਗਵਾਨ ਵਾਲਮੀਕੀ ਸਤਿਗੁਰੂ ਕਬੀਰ ਪ੍ਰਕਾਸ਼ੋਤਸਵ ਕਮੇਟੀ ਪੰਜਾਬ ਦੇ ਮਹਾਂ ਸਕੱਤਰ ਵਿਕਾਸ ਭਗਤ ਨੇ ਅੱਜ ਅਜੈ ਵਾਲਮੀਕੀ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਅਤੇ ਉਨ੍ਹਾਂ ਨੂੰ ਫੁੱਲਾਂ ਦੇ ਗੁਲਦਸਤਿਆਂ ਅਤੇ ਨੋਟਾਂ ਦੇ ਹਾਰ ਪਾ ਕੇ ਸਨਮਾਨਤ ਕੀਤਾ।ਚੇਅਰਮੈਨ ਸੁਭਾਸ਼ ਗੋਰੀਆ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਬਸਤੀਆ ਖੇਤਰ ਦੇ ਇੱਕ ਗਰੀਬ ਪਰਵਾਰ ਦੇ ਨੌਜਵਾਨ ਨੂੰ ਦਲਿਤ ਵਿਕਾਸ ਬੋਰਡ ਵਿੱਚ ਉਪ-ਚੇਅਰਮੈਨ ਨਿਯੁਕਤ ਕਰਕੇ ਬਸਤੀਆਂ ਖੇਤਰ ਨੂੰ ਮਾਣ ਦਿੱਤਾ ਹੈ। ਉਨ੍ਹਾਂ ਨੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ ਦਾ ਧੰਨਵਾਦ ਕੀਤਾ। ਇਸ ਮੌਕੇ ਅਜੈ ਵਾਲਮੀਕੀ ਦਾ ਉਨ੍ਹਾਂ ਦੇ ਮੁਹੱਲੇ ਦੇ ਨਿਵਾਸੀਆਂ ਵੱਲੋਂ ਫੁੱਲਾਂ ਦੀ ਵਰਖਾ ਨਾਲ ਸਵਾਗਤ ਕੀਤਾ ਗਿਆ ਅਤੇ ਖੁਸ਼ੀ ਦੇ ਮੌਕੇ 'ਤੇ ਲੱਡੂ ਵੀ ਵੰਡੇ ਗਏ। ਇਸ ਮੌਕੇ 'ਤੇ ਆਪ ਨੇਤਾ ਰਵੀ ਵਾਲਮੀਕੀ, ਸੂਰਜ ਵਾਲਮੀਕੀ, ਰਵੀ ਥਾਪਰ, ਅਜੈ ਥਾਪਰ, ਭੂਸ਼ਣ ਭਗਤ, ਅਨਿਲ ਡਾਲੀਆ, ਸ਼ਾਹ ਅਲੀ, ਮਾਨਵ ਪਾਲ, ਹਰਸ਼ਿਤ ਗੋਰੀਆ ਆਦਿ ਹੋਰ ਵੀ ਬਹੁਤ ਸਾਰੇ ਆਪ ਆਗੂ ਤੇ ਵਰਕਰ ਹਾਜ਼ਰ ਸਨ।



# ਸ਼ੇਰਗੜ੍ਹ ਸਕੂਲ 'ਚ ਜ਼ਿਲ੍ਹਾ ਪੱਧਰੀ ਗਣਿਤ ਮੇਲਾ ਕਰਵਾਇਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਰਾਸ਼ਟਰੀ ਅਵਿਸ਼ਕਾਰ ਅਭਿਆਨ ਅਧੀਨ 15 ਜਨਵਰੀ ਨੂੰ ਸ ਸ ਸ ਸ ਸ਼ੇਰਗੜ੍ਹ ਸਕੂਲ ਵਿਖੇ ਜ਼ਿਲ੍ਹਾ ਪੱਧਰੀ ਗਣਿਤ ਮੇਲਾ ਕਰਵਾਇਆ ਗਿਆ ਜਿਸ ਵਿੱਚ ਹੁਸ਼ਿਆਰਪੁਰ ਜ਼ਿਲ੍ਹੇ ਦੇ ਵੱਖ-ਵੱਖ ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਦੇ ਨੌਵੀਂ ਤੋਂ ਬਾਰ੍ਹਵੀਂ ਜਮਾਤ ਦੇ ਬਲਾਕ ਪੱਧਰ ਦੇ ਜੇਤੂ ਵਿਦਿਆਰਥੀਆਂ ਨੇ ਭਾਗ ਲਿਆ। ਇਸ ਜ਼ਿਲ੍ਹਾ ਪੱਧਰੀ ਗਣਿਤ ਮੇਲੇ ਵਿੱਚ ਵਿਦਿਆਰਥੀਆਂ ਨੇ ਪੰਜ ਅਲੱਗ-ਅਲੱਗ ਥੀਮਾਂ ਵਿੱਚ ਭਾਗ ਲਿਆ। ਸਰਕਾਰੀ ਕੰਨਿਆ ਸੈਕੰਡਰੀ ਸਮਾਰਟ ਸਕੂਲ ਰੇਲਵੇ ਮੰਡੀ ਹੁਸ਼ਿਆਰਪੁਰ ਦੀ ਦਸਵੀਂ ਜਮਾਤ ਦੀ ਵਿਦਿਆਰਥਣ ਕਨਿਕਾ ਵਰਮਾ ਨੇ ਰੀਕ੍ਰੀਏਸ਼ਨਲ ਮੈਥਮੈਟਿਕ ਥੀਮ ਵਿੱਚ ਪੂਰੇ ਹੁਸ਼ਿਆਰਪੁਰ ਜ਼ਿਲ੍ਹੇ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ। ਸਕੂਲ ਦੇ ਪ੍ਰਿੰਸੀਪਲ ਰਾਜਨ ਅਰੋੜਾ ਵੱਲੋਂ ਵਿਦਿਆਰਥਣ ਕਨਿਕਾ ਵਰਮਾ ਅਤੇ ਉਸ ਦੇ ਗਾਈਡ ਅਧਿਆਪਕ ਜਸਪ੍ਰੀਤ ਕੌਰ ਨੂੰ ਉਹਨਾਂ ਦੀ ਇਸ ਉਪਲਬਧੀ ਲਈ ਅਤੇ ਪੂਰੇ ਜ਼ਿਲ੍ਹੇ ਵਿੱਚ ਰੇਲਵੇ ਮੰਡੀ ਸਕੂਲ ਦਾ ਨਾਂਅ ਰੋਸ਼ਨ ਕਰਨ 'ਤੇ ਵਧਾਈ ਦਿੱਤੀ।




# ਰੰਧਾਵਾ ਵੱਲੋਂ 1.25 ਕਰੋੜ ਦੀ ਲਾਗਤ ਦੇ ਵਿਕਾਸ ਕਾਰਜ ਲੋਕਾਂ ਨੂੰ ਸਮਰਪਤ

**ਜ਼ੀਰਕਪੁਰ (ਵਿਨੈ ਕੁਮਾਰ ਜੈਨ)**- ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਵੱਲੋਂ ਜ਼ੀਰਕਪੁਰ ਨਗਰ ਕੌਂਸਲ ਦੇ ਵਾਰਡ ਨੰਬਰ 9 (ਢਕੋਲੀ) ਅਧੀਨ ਗੁਰਜੀਵਨ ਵਿਹਾਰ ਵਿਖੇ ਲਗਭਗ 1 ਕਰੋੜ 25 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਬਰਸਾਤੀ ਪਾਣੀ ਦੀ ਨਿਕਾਸੀ ਪ੍ਰਣਾਲੀ ਅਤੇ ਇਲਾਕੇ ਦੀਆਂ ਸਾਰੀਆਂ ਸੜਕਾਂ ਦੇ ਨਿਰਮਾਣ ਕਾਰਜਾਂ ਦਾ ਉਦਘਾਟਨ ਕਰਕੇ ਇਨ੍ਹਾਂ ਨੂੰ ਲੋਕਾਂ ਨੂੰ ਸਮਰਪਤ ਕੀਤਾ ਗਿਆ।ਇਸ ਮੌਕੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਗੁਰਜੀਵਨ ਵਿਹਾਰ ਅਤੇ ਆਲੇ-ਦੁਆਲੇ ਦੇ ਇਲਾਕਿਆਂ ਵਿੱਚ ਬਰਸਾਤ ਦੇ ਦਿਨਾਂ ਦੌਰਾਨ ਪਾਣੀ ਖੜ੍ਹਾ ਰਹਿਣ ਕਾਰਨ ਲੋਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਇਸ ਸਮੱਸਿਆ ਦੇ ਸਥਾਈ ਹੱਲ ਲਈ ਆਧੁਨਿਕ ਤਰੀਕੇ ਨਾਲ ਬਰਸਾਤੀ ਪਾਣੀ ਦੀ ਨਿਕਾਸੀ ਪ੍ਰਣਾਲੀ ਤਿਆਰ ਕੀਤੀ ਗਈ ਹੈ, ਜਿਸ ਨਾਲ ਹੁਣ ਇਲਾਕਾ ਪਾਣੀ ਖੜਨ ਦੀ ਸਮੱਸਿਆ ਤੋਂ ਮੁਕਤ ਰਹੇਗਾ।ਉਨ੍ਹਾਂ ਕਿਹਾ ਕਿ ਨਾਲ ਹੀ ਇਲਾਕੇ ਦੀਆਂ ਸਾਰੀਆਂ ਅੰਦਰੂਨੀ ਸੜਕਾਂ ਨੂੰ ਨਵਾਂ ਰੂਪ ਦੇ ਕੇ ਲੋਕਾਂ ਦੀ ਆਵਾਜਾਈ ਨੂੰ ਸੁਖਾਲਾ ਬਣਾਇਆ ਗਿਆ ਹੈ। ਇਹ ਵਿਕਾਸ ਕਾਰਜ ਨਗਰ ਵਾਸੀਆਂ ਦੀਆਂ ਲੰਬੇ ਸਮੇਂ ਤੋਂ ਚੱਲ ਰਹੀਆਂ ਮੰਗਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਪੂਰੇ ਕੀਤੇ ਗਏ ਹਨ।ਇਸ ਮੌਕੇ ਸਥਾਨਕ ਨਿਵਾਸੀਆਂ ਵੱਲੋਂ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ। ਵਿਧਾਇਕ ਨੇ ਕਿਹਾ ਕਿ ਹਲਕੇ ਦੀ ਸੰਪੂਰਨ ਤਰੱਕੀ ਅਤੇ ਲੋਕਾਂ ਦੀ ਭਲਾਈ ਹੀ ਉਨ੍ਹਾਂ ਦੀ ਪਹਿਲ ਹੈ।



# ਮਨੋਚਾ ਖੱਤਰੀ-ਅਰੋੜਾ ਵੈੱਲਫੇਅਰ ਬੋਰਡ ਦਾ ਮੈਂਬਰ ਨਿਯੁਕਤ

**ਜਲੰਧਰ (ਇਕਬਾਲ ਸਿੰਘ ਉਭੀ)**- ਪੰਜਾਬ ਸਰਕਾਰ ਵੱਲੋਂ ਹਰਿੰਦਰ ਪਾਲ ਸਿੰਘ ਮਨੋਚਾ ਨੂੰ ਮਹੱਤਵਪੂਰਨ ਜ਼ਿੰਮੇਵਾਰੀ ਸੌਂਪਦੇ ਹੋਏ ਖੱਤਰੀ-ਅਰੋੜਾ ਵੈਲਫੇਅਰ ਬੋਰਡ ਦਾ ਮੈਂਬਰ ਨਿਯੁਕਤ ਕੀਤਾ ਗਿਆ ਹੈ। ਉਨ੍ਹਾਂ ਦੀ ਨਿਯੁਕਤੀ ਨਾਲ ਸਮਾਜਿਕ ਭਲਾਈ, ਵੈਲਫੇਅਰ ਤੇ ਵਿਕਾਸ ਕਾਰਜਾਂ ਨੂੰ ਹੋਰ ਮਜ਼ਬੂਤੀ ਮਿਲੇਗੀ। ਸਰਕਾਰੀ ਹਲਕਿਆਂ ਦਾ ਕਹਿਣਾ ਹੈ ਕਿ ਮਨੋਚਾ ਨੂੰ ਦਿੱਤੀ ਗਈ ਇਹ ਜ਼ਿੰਮੇਵਾਰੀ ਵੈਲਫੇਅਰ ਸਕੀਮਾਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨ, ਜਨਤਾ ਦੀ ਭਲਾਈ ਅਤੇ ਵੱਖ-ਵੱਖ ਵਰਗਾਂ ਦੇ ਹਿੱਤਾਂ ਨੂੰ ਤਰਜੀਹ ਦੇਣ ਵੱਲ ਇੱਕ ਮਹੱਤਵਪੂਰਨ ਕਦਮ ਹੈ। ਮਨੋਚਾ ਨੇ ਪੰਜਾਬ ਸਰਕਾਰ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਹ ਇਸ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਨਾਲ ਨਿਭਾਉਣਗੇ ਅਤੇ ਖੱਤਰੀ-ਅਰੋੜਾ ਭਾਈਚਾਰੇ ਸਮੇਤ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਯਤਨਸ਼ੀਲ ਰਹਿਣਗੇ।



# ਵਿਰਾਸਤੀ ਤਿਓਹਾਰ ਮਨਾਉਣ ਨਾਲ ਨੌਜਵਾਨ ਵਿਰਸੇ ਨਾਲ ਜੁੜੇ ਰਹਿਣਗੇ : ਗੁਰਸਿਮਰਨਜੀਤ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਆਸ਼ਿਕਾ ਜੈਨ ਡਿਪਟੀ ਕਮਿਸ਼ਨਰ ਕਮ ਚੇਅਰਪਰਸਨ ਜਿਲ੍ਹਾ ਨਸ਼ਾ ਮੁਕਤੀ ਮੁੜ ਵਸੇਬਾ ਸੁਸਾਇਟੀ ਹੁਸ਼ਿਆਰਪੁਰ ਦੇ ਹੁਕਮਾਂ ਅਨੁਸਾਰ ਡਾ. ਸਵਾਤੀ ਸ਼ਿਮਾਰ ਡਿਪਟੀ ਮੈਡੀਕਲ ਕਮਿਸ਼ਨਰ ਦੀ ਪ੍ਰਧਾਨਗੀ ਹੇਠ ਡਾ. ਰਾਜ ਕੁਮਾਰ ਨੋਡਲ ਸਾਇਕੈਟ੍ਰਿਸਟ, ਡਾ. ਜਸਲੀਨ ਕੌਰ ਮੈਡੀਕਲ ਅਫ਼ਸਰ ਇੰ:, ਡਾ. ਸਿਮਰਨ ਸੈਣੀ ਮਨੋਰੋਗ ਮਾਹਿਰ ਦੀ ਹਾਜ਼ਰੀ ਵਿੱਚ ਜ਼ਿਲ੍ਹਾ ਨਸ਼ਾ ਮੁਕਤੀ ਮੁੜ ਵਸੇਬਾ ਕੇਂਦਰ ਹੁਸ਼ਿਆਰਪੁਰ ਵਿਖੇ ਲੋਹੜੀ ਦਾ ਜਸ਼ਨ ਮਨਾਇਆ ਗਿਆ।ਇਸ ਮੌਕੇ ਸ਼੍ਰੀਮਤੀ ਗੁਰਸਿਮਰਨਜੀਤ ਕੌਰ ਉਪ ਮੰਡਲ ਮੈਜਿਸਟ੍ਰੇਟ ਹੁਸ਼ਿਆਰਪੁਰ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਇਸ ਮੌਕੇ ਉਨ੍ਹਾਂ ਨੇ ਕਿਹਾ ਕਿ ਵਿਰਾਸਤੀ ਮੇਲੇ, ਤਿਉਹਾਰ ਨੌਜਵਾਨਾਂ ਨੂੰ ਵਿਰਸੇ ਅਤੇ ਵਿਰਾਸਤ ਨਾਲ ਜੋੜੀ ਰੱਖਦੇ ਹਨ। ਉਨ੍ਹਾਂ ਨੇ ਸਟਾਫ਼ ਤੇ ਮਰੀਜਾਂ ਨੂੰ ਲੋਹੜੀ ਦੇ ਤਿਉਹਾਰ ਦੀਆਂ ਮੁਬਾਰਕਾਂ ਦਿੱਤੀਆਂ ਤੇ ਉਨ੍ਹਾਂ ਨੂੰ ਇਥੋਂ ਜਾ ਕੇ ਚੰਗੀ ਚੰਗੀਆਈ ਦੇ ਰਾਹ 'ਤੇ ਚੱਲਣ ਕਈ ਪ੍ਰੇਰਿਤ ਵੀ ਕੀਤਾ।ਇਸ ਮੌਕੇ ਡਾ. ਸਵਾਤੀ ਡੀ.ਐਮ.ਸੀ. ਨੇ ਕਿਹਾ ਕਿ ਪੰਜਾਬ ਆਪਣੀ ਵਿਰਾਸਤ, ਸ਼ਾਨ, ਦੁੱਧ ਮੱਖਣ, ਘਿਓ, ਸ਼ੇਰਾ ਦੀ ਕੌਮ, ਗੱਬਰੂਆਂ ਦੀ ਕੌਮ ਨਾਲ ਜਾਣਿਆ ਜਾਂਦਾ ਹੈ, ਇਹ ਜਸ਼ਨ ਤੇ ਤਿਉਹਾਰ ਸਾਨੂੰ ਸਾਡੀ ਵਿਰਾਸਤ ਦੇ ਜੋੜਦਾ ਹੈ ਨਾਲ ਹੀ ਨਾਲ ਇਥੋ ਸਾਨੂੰ ਸੰਦੇਸ਼ ਤੇ ਸਬਕ ਦਿੰਦਾ ਕਿ ਪੰਜਾਬ ਪੰਜਾਬੀਅਤ ਨੂੰ ਬਚਾਉਣ ਲਈ ਹੁਣ ਹਮਲਾ ਮਾਰਿਏ ਤੇ ਮੁੜ ਪੰਜਾਬ ਨੂੰ ਰੰਗਲਾ ਪੰਜਾਬ ਬਣਾਈਏ। ਇਸ ਮੌਕੇ ਡਾ. ਰਾਜ ਕੁਮਾਰ, ਡਾ. ਜਸਲੀਨ ਕੌਰ ਅਤੇ ਡਾ. ਸਿਮਰਨ ਸੈਣੀ ਨੇ ਸਟਾਫ਼ ਤੇ ਮਰੀਜਾਂ ਨੂੰ ਲੋਹੜੀ ਦੀਆਂ ਮੁਬਾਰਕਾਂ ਦਿੱਤੀਆਂ।ਇਸ ਮੌਕੇ ਮੈਨੇਜਰ ਨਿਸ਼ਾ ਰਾਣੀ, ਕਾਉਸਲਰ ਸੰਦੀਪ ਕੁਮਾਰੀ, ਪ੍ਰਸ਼ਾਂਤ ਆਦੀਆਂ ਕਾਉਂਸਲਰ, ਪਰਮਿੰਦਰ ਕੌਰ ਕਾਉਸਲਰ, ਰਾਜਵਿੰਦਰ ਕੌਰ ਕਾਉਸਲਰ, ਅਮਨਦੀਪ ਕੌਰ ਸਟਾਫ਼ ਨਰਸ, ਪ੍ਰਿੰਸ ਗਿੱਲ ਸਟਾਫ਼ , ਰਾਜਵਿੰਦਰ ਕੌਰ, ਸੰਦੀਪ ਪਾਲ ਵਾਰਡ ਅਟੈਂਡੈਂਟ, ਹਰੀਸ਼ , ਅਲਕਾ ਵਾਰਡ ਅਟੈਂਡੈਂਟ, ਗੋਪਾਲ ਸ਼ਰਮਾ ਆਦਿ ਹਾਜ਼ਰ ਸੀ।



# 'ਨਸ਼ਾ ਮੁਕਤ ਪੰਜਾਬ' ਤੇ 'ਨਸ਼ਿਆਂ ਵਿਰੁੱਧ ਨੌਜਵਾਨ' ਮੁਹਿੰਮ ਦੀ ਸਫਲਤਾਪੂਰਵਕ ਸਮਾਪਤੀ

**ਜਲੰਧਰ**- ਨਾਲਸਾ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਮੋਹਾਲੀ ਦੇ ਦਿਸ਼ਾ-ਨਿਰਦੇਸ਼ਾਂ ਹੇਠ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਜਲੰਧਰ ਵੱਲੋਂ ਨਿਰਭਉ ਸਿੰਘ ਗਿੱਲ, ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ ਦੀ ਅਗਵਾਈ ਵਿੱਚ ਚਲਾਈ ਗਈ ਮਹੀਨਾ ਭਰ ਦੀ ਵਿਆਪਕ ਜਾਗਰੂਕਤਾ ਮੁਹਿੰਮ 'ਨਸ਼ਾ ਮੁਕਤ ਪੰਜਾਬ' ਅਤੇ 'ਨਸ਼ਿਆਂ ਵਿਰੁੱਧ ਨੌਜਵਾਨ' ਅੱਜ ਸਫਲਤਾਪੂਰਵਕ ਸਮਾਪਤ ਹੋ ਗਈ। ਇਹ ਮੁਹਿੰਮ 6 ਦਸੰਬਰ 2025 ਤੋਂ 6 ਜਨਵਰੀ 2026 ਤੱਕ ਚਲਾਈ ਗਈ ਸੀ।ਨਿਰਭਉ ਸਿੰਘ ਗਿੱਲ ਅਤੇ ਰਾਹੁਲ ਕੁਮਾਰ, ਸੀ.ਜੇ.ਐਮ-ਕਮ-ਸਕੱਤਰ, ਡੀ.ਐਲ.ਐਸ.ਏ. ਜਲੰਧਰ ਨੇ ਦੱਸਿਆ ਕਿ ਇਸ ਪਹਿਲਕਦਮੀ ਦਾ ਉਦੇਸ਼ ਸਮਾਜ ਨੂੰ ਨਸ਼ਾਖੋਰੀ ਦੀ ਲਾਹਨਤ ਵਿਰੁੱਧ ਲਾਮਬੰਦ ਕਰਨਾ ਅਤੇ ਕਾਨੂੰਨੀ ਸਹਾਇਤਾ, ਮੁੜ ਵਸੇਬਾ ਸੇਵਾਵਾਂ ਅਤੇ ਆਮ ਜਨਤਾ ਵਿਚਕਾਰ ਇੱਕ ਪੁਲ ਵਜੋਂ ਕੰਮ ਕਰਨਾ ਹੈ। ਇਹ ਮੁਹਿੰਮ ਜ਼ਿਲ੍ਹੇ ਦੇ ਪੇਂਡੂ ਅਤੇ ਸ਼ਹਿਰੀ, ਦੋਵਾਂ ਖੇਤਰਾਂ ਦੇ ਹਰ ਕੋਨੇ ਤੱਕ ਪਹੁੰਚਣ ਲਈ ਉਲੀਕੀ ਗਈ ਸੀ। ਇਸ ਮੁਹਿੰਮ ਦਾ ਮੁੱਖ ਉਦੇਸ਼ ਨੌਜਵਾਨਾਂ ਅਤੇ ਵਿਦਿਆਰਥੀਆਂ ਨੂੰ ਨਸ਼ਾਖੋਰੀ ਦੇ ਸਰੀਰਕ, ਸਮਾਜਿਕ ਅਤੇ ਕਾਨੂੰਨੀ ਨਤੀਜਿਆਂ ਬਾਰੇ ਜਾਗਰੂਕ ਕਰਨਾ। ਜਨਤਾ ਨੂੰ ਐਨ ਡੀ ਪੀ ਐਸ ਐਕਟ ਅਤੇ ਮੁੜ ਵਸੇਬੇ ਦੀ ਮੰਗ ਕਰਨ ਵਾਲਿਆਂ ਦੇ ਕਾਨੂੰਨੀ ਅਧਿਕਾਰਾਂ ਬਾਰੇ ਜਾਣਕਾਰੀ ਦੇਣਾ, ਨਸ਼ੇ ਦੇ ਪ੍ਰਭਾਵ ਹੇਠ ਆਏ ਵਿਅਕਤੀਆਂ ਦੀ ਪਛਾਣ ਕਰਨਾ ਅਤੇ ਮਦਦ ਲਈ ਸਰਪੰਚਾਂ, ਐਨ.ਜੀ.ਓਜ਼ ਅਤੇ ਸਥਾਨਕ ਪ੍ਰਭਾਵਸ਼ਾਲੀ ਲੋਕਾਂ ਨੂੰ ਸ਼ਾਮਲ ਕਰਨਾ ਸੀ।ਨਸ਼ਾ ਛੁਡਾਊ ਕੇਂਦਰਾਂ ਨਾਲ ਤਾਲਮੇਲ ਕਰਨਾ ਵੀ ਸੀ ਤਾਂ ਜੋ ਪੀੜਤ ਵਿਅਕਤੀ ਬਿਨਾਂ ਕਿਸੇ ਸਮਾਜਿਕ ਡਰ ਦੇ ਰਿਕਵਰੀ ਵੱਲ ਵਧ ਸਕਣ।ਉਨ੍ਹਾਂ ਦੱਸਿਆ ਕਿ ਮੁਹਿੰਮ ਦੌਰਾਨ ਪੈਨਲ ਵਕੀਲਾਂ, ਪੀ.ਐਲ.ਵੀਜ਼ ਅਤੇ ਐਲ.ਏ.ਡੀ.ਸੀਜ਼ ਵੱਲੋਂ ਲਗਭਗ 100 ਸਕੂਲਾਂ ਦਾ ਦੌਰਾ ਕੀਤਾ ਗਿਆ ਅਤੇ 100 ਪਿੰਡਾਂ ਵਿੱਚ ਜਾਗਰੂਕਤਾ ਪੈਦਾ ਕੀਤੀ ਗਈ। ਇਸ ਤੋਂ ਇਲਾਵਾ ਕਮਿਊਨਿਟੀ ਸੈਂਟਰਾਂ, ਕੇਂਦਰੀ ਜੇਲ੍ਹ ਕਪੂਰਥਲਾ ਅਤੇ ਜਲੰਧਰ ਦੇ 24 ਨਸ਼ਾ ਛੁਡਾਊ ਕੇਂਦਰਾਂ ਵਿੱਚ ਜਾਗਰੂਕਤਾ ਪ੍ਰੋਗਰਾਮ ਆਯੋਜਿਤ ਕੀਤੇ ਗਏ। ਕਈ ਨਸ਼ਾ ਛੁਡਾਊ ਕੇਂਦਰਾਂ ਦਾ ਨਿਰੀਖਣ ਨਿਆਇਕ ਅਧਿਕਾਰੀਆਂ ਵੱਲੋਂ ਵੀ ਕੀਤਾ ਗਿਆ। ਇਸ ਦੌਰਾਨ ਖੂਨਦਾਨ ਅਤੇ ਮੈਡੀਕਲ ਕੈਂਪ ਵੀ ਲਗਾਏ ਗਏ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਸਿੱਖਿਆ ਦਫ਼ਤਰ ਦੇ ਸਹਿਯੋਗ ਨਾਲ, ਮਸ਼ਹੂਰ ਕਲਾਕਾਰਾਂ ਗੁਰਪ੍ਰੀਤ ਘੁੱਗੀ, ਬਿੰਨੂ ਢਿੱਲੋਂ ਵੱਲੋਂ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਰਿਕਾਰਡ ਕੀਤੇ ਗਏ ਆਡੀਓ ਸੰਦੇਸ਼ ਜਲੰਧਰ ਦੇ ਲਗਭਗ 330 ਸਰਕਾਰੀ ਸੀਨੀਅਰ ਸੈਕੰਡਰੀ, ਹਾਈ ਅਤੇ ਸਹਾਇਤਾ ਪ੍ਰਾਪਤ ਸਕੂਲਾਂ ਦੀਆਂ ਸਵੇਰ ਦੀਆਂ ਸਭਾਵਾਂ ਵਿੱਚ ਸੁਣਾਏ ਗਏ। ਨਿਰਭਉ ਸਿੰਘ ਗਿੱਲ ਨੇ ਜ਼ੋਰ ਦਿੱਤਾ ਕਿ ਨਸ਼ਿਆਂ ਵਿਰੁੱਧ ਲੜਾਈ ਸਿਰਫ਼ ਕਾਨੂੰਨ ਲਾਗੂ ਕਰਨ ਦਾ ਮੁੱਦਾ ਨਹੀਂ, ਸਗੋਂ ਇੱਕ ਸਮਾਜਿਕ-ਕਾਨੂੰਨੀ ਚੁਣੌਤੀ ਹੈ। ਉਨ੍ਹਾਂ ਕਿਹਾ ਕਿ ਡੀ.ਐਲ.ਐਸ.ਏ. ਨੇ ਪਿੰਡਾਂ ਅਤੇ ਕਮਿਊਨਿਟੀ ਸੈਂਟਰਾਂ ਵਿੱਚ ਨਸ਼ਾ ਮੁਕਤ ਜੀਵਨ ਦਾ ਸੰਦੇਸ਼ ਪਹੁੰਚਾਉਣ ਲਈ ਆਪਣੀ ਪੂਰੀ ਟੀਮ ਨੂੰ ਤਾਇਨਾਤ ਕੀਤਾ। ਇਸ ਦੌਰਾਨ ਕਾਨੂੰਨੀ ਸਾਖਰਤਾ ਕੈਂਪ ਲਗਾਏ ਗਏ ਅਤੇ ਸੈਮੀਨਾਰਾਂ ਵਿੱਚ ਮੈਡੀਕਲ ਮਾਹਿਰਾਂ ਅਤੇ ਨਸ਼ਾ ਛੱਡ ਚੁੱਕੇ ਵਿਅਕਤੀਆਂ ਨੇ ਆਪਣੀਆਂ ਸਫਲਤਾ ਦੀਆਂ ਕਹਾਣੀਆਂ ਸਾਂਝੀਆਂ ਕੀਤੀਆਂ।ਨਸ਼ਾ ਛੁਡਾਊ ਸਹੂਲਤਾਂ ਅਤੇ ਮੁਫ਼ਤ ਕਾਨੂੰਨੀ ਸਹਾਇਤਾ ਲਈ ਨੈਸ਼ਨਲ ਟੋਲ-ਫ੍ਰੀ ਹੈਲਪਲਾਈਨ 15100 'ਤੇ ਸੰਪਰਕ ਕੀਤਾ ਜਾ ਸਕਦਾ ਹੈ।ਇਸ ਮੌਕੇ ਨਿਰਭਉ ਸਿੰਘ ਗਿੱਲ ਅਤੇ ਰਾਹੁਲ ਕੁਮਾਰ ਵੱਲੋਂ ਲਗਭਗ 50 ਪੈਨਲ ਵਕੀਲਾਂ, ਐਲ.ਏ.ਡੀ.ਸੀ., ਪੀ.ਐਲ.ਵੀਜ਼ ਅਤੇ ਸਟਾਫ ਮੈਂਬਰਾਂ ਨੂੰ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਤ ਕੀਤਾ ਗਿਆ। ਸਮਾਗਮ ਵਿੱਚ ਅਰਜਨ ਸਿੰਘ ਸੰਧੂ ਅਤੇ ਮਾਨਿਕ ਕੌੜਾ (ਸਿਵਲ ਜੱਜ), ਹਰਨੇਕ ਸਿੰਘ (ਮੁੱਖ ਐਲ.ਏ.ਡੀ.ਸੀ.), ਰਾਜੀਵ ਜੋਸ਼ੀ (ਡਿਪਟੀ ਡੀ.ਈ.ਓ.), ਜਸਵਿੰਦਰ ਸਿੰਘ (ਡਿਪਟੀ ਮੈਡੀਕਲ ਕਮਿਸ਼ਨਰ), ਜਗਨ ਨਾਥ (ਸੀਨੀਅਰ ਸਹਾਇਕ) ਅਤੇ ਪੈਰਾ ਲੀਗਲ ਵਲੰਟੀਅਰ ਹਾਜ਼ਰ ਸਨ।




# ਸੰਘਣੀ ਧੁੰਦ ਦਾ ਕਹਿਰ, ਟਰੱਕ ਦੀ ਟਰੈਕਟਰ-ਟਰਾਲੀ ਨਾਲ ਭਿਆਨਕ ਟੱਕਰ, ਦੋ ਦੀ ਮੌਤ

**ਕਿਸ਼ਨਗੜ੍ਹ, ਅਲਾਵਲਪੁਰ, (ਸੁਖਜੀਤ ਕੁਮਾਰ, ਬੰਗੜ)**- ਸੰਘਣੀ ਧੁੰਦ ਕਾਰਨ ਅੱਡਾ ਕਿਸ਼ਨਗੜ੍ਹ ਵਿਖੇ ਐਤਵਾਰ ਸਵੇਰੇ 5.30 ਵਜੇ ਟਰੱਕ ਅਤੇ ਟਰੈਕਟਰ ਟਰਾਲੀ ਦੀ ਟੱਕਰ ਦੌਰਾਨ ਦੋ ਵਿਅਕਤੀਆਂ ਦੀ ਮੌਤ ਹੋਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਇੱਕ ਟਰੱਕ ਜੋ ਕਿ ਜਲੰਧਰ ਤੋਂ ਭੋਗਪੁਰ ਵੱਲ ਜਾ ਰਿਹਾ ਸੀ। ਅੱਡਾ ਕਿਸ਼ਨਗੜ੍ਹ ਚੌਂਕ ਵਿੱਚ ਉਸ ਦੀ ਟੱਕਰ ਇੱਕ ਟਰੈਕਟਰ ਟਰਾਲੀ ਨਾਲ ਹੋ ਗਈ, ਜਿਸ ਵਿੱਚ ਸੰਗਤ ਬੈਠੀ ਸੀ। ਟਰੈਕਟਰ ਟਰਾਲੀ ਅਲਾਵਲਪੁਰ ਸਾਈਡ ਤੋਂ ਕਰਤਾਰਪੁਰ ਵਾਲੀ ਨੂੰ ਸਾਈਡ ਜਾ ਰਿਹਾ ਸੀ ਨਾਲ ਹੋ ਗਈ। ਇਸ ਕਾਰਨ ਟਰੱਕ ਆਪਣੇ ਆਪ ਨੂੰ ਬਚਾਉਂਦਾ ਹੋਇਆ ਪਲਟ ਗਿਆ ਅਤੇ ਉਸ ਦੀ ਲਪੇਟ ਵਿੱਚ ਇੱਕ ਅਣਪਛਾਤਾ ਜੁਗਾੜੂ ਰੇਹੜੀ ਵਾਲਾ ਆ ਗਿਆ। ਜੋ ਸਵੇਰੇ ਸਵੇਰੇ ਕਿਸ਼ਨਗੜ੍ਹ ਵਿੱਚ ਦੁਕਾਨਾਂ ਦੇ ਅੱਗਿਓਂ ਬਚਿਆ ਕਵਾੜ ਚੁੱਕ ਰਿਹਾ ਸੀ ਜਿਸ ਦੀ ਮੌਕੇ 'ਤੇ ਮੌਤ ਹੋ ਗਈ। ਜੁਗਾੜੂ ਰੇਹੜੇ ਵਾਲੀ ਵਿਅਕਤੀ ਦੀ ਲਾਸ਼ ਦੇ ਕਈ ਟੁਕੜੇ ਹੋ ਗਏ। ਇਸ ਦੌਰਾਨ ਟਰਾਲੀ ਵਿੱਚੋਂ ਇੱਕ ਵਿਅਕਤੀ ਪਰਵਿੰਦਰ ਪਾਲ ਨਿਵਾਸੀ ਅਰਜਨਵਾਲ (ਆਦਮਪੁਰ) ਜੋ ਟਰਾਲੀ ਦੇ ਪਿਛਲੇ ਪਾਸੇ ਡਾਲੇ ਉੱਪਰ ਬੈਠਾ ਸੀ, ਟੱਕਰ ਲੱਗਣ ਨਾਲ ਉਹ ਸੜਕ ਤੇ ਡਿੱਗ ਗਿਆ । ਜਿਸ ਦੇ ਸਿਰ ਵਿੱਚ ਸੱਟ ਲੱਗ ਗਈ ਅਤੇ ਮੌਕੇ 'ਤੇ ਮੌਤ ਹੋ ਗਈ । ਮੌਕੇ 'ਤੇ ਪਹੁੰਚੀ ਰੋਡ ਸੇਫਟੀ ਟੀਮ ਨੇ ਪਹਿਲਾਂ ਰੋਡ ਨੂੰ ਸੇਫ ਕੀਤਾ ਅਤੇ ਨੈਸ਼ਨਲ ਹਾਈਵੇ ਦੀ ਟੀਮ ਦੀ ਮਦਦ ਨਾਲ ਇੱਕ ਲਾਸ਼ ਜੋ ਜੁਗਾੜੂ ਰੇਹੜੇ ਵਾਲੇ ਦੀ ਸੀ ਨੂੰ ਟਰੱਕ ਦੇ ਹੇਠੋਂ ਬਾਹਰ ਕੱਢਿਆ ਅਤੇ ਮੌਕੇ 'ਤੇ ਪਹੁੰਚੀ ਚੌਂਕੀ ਅਲਾਵਲਪੁਰ ਦੀ ਪੁਲਸ ਪਾਰਟੀ ਦੀ ਮਦਦ ਨਾਲ ਦੋਵੇਂ ਲਾਸ਼ਾਂ ਨੂੰ ਐਂਬੂਲੈਂਸ ਰਾਹੀਂ ਪੋਸਟ ਮਾਰਟਮ ਲਈ ਸਿਵਲ ਹਸਪਤਾਲ ਜਲੰਧਰ ਭੇਜਣ ਤੋਂ ਬਾਅਦ ਅਗਲੀ ਕਾਰਵਾਈ ਪੁਲਸ ਵਲੋਂ ਕੀਤੀ ਜਾ ਰਹੀ ਹੈ।

